12-FEB-PAGE-1.qxd 2/11/2026 10:32 PM Page 1

ਵੀਰਵਾਰ, 12 ਫਰਵਰੀ, 2026
1 ਫ਼ੱਗਣ { ਨਾਨਕਸ਼ਾਹੀ 557 / ਬਿਕਰਮੀ 2082 }
ਜਿਲਦ/VOL. : 74
ਅੰਕ/NO. : 253

ਰੋਜ਼ਾਨਾ
# ਨਵਾਂ ਜ਼ਮਾਨਾ

DAILY NAWAN ZAMANA • THURSDAY, 12 FEBRUARY, 2026 ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ

| | |
|---|---|
| ਪੁੱਛ-ਗਿੱਛ (ਰਿਸੈਪਸ਼ਨ) | 0181-5097300 |
| ਇਸ਼ਤਿਹਾਰ ਵਿਭਾਗ | 0181-5097302 |
| ਸਾਹਿਤ ਸੰਪਾਦਕ (ਐਤਵਾਰਤਾ) | 0181-5097305 |
| ਕੰਪਿਊਟਰ ਰੂਮ | 0181-5097310 |
| ਵੈੱਬ ਟੀ ਵੀ | 0181-5133160 |

You Tube nawan zamana TV

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12

## ਅੱਜ ਦੇਸ਼-ਵਿਆਪੀ ਹੜਤਾਲ

### 30 ਕਰੋੜ ਮੁਲਾਜ਼ਮ-ਮਜ਼ਦੂਰ, ਕਿਸਾਨ ਤੇ ਨੌਜਵਾਨ ਸ਼ਾਮਲ ਹੋਣਗੇ : ਅਮਰਜੀਤ ਕੌਰ



**ਨਵੀਂ ਦਿੱਲੀ** : ਕੇਂਦਰ ਸਰਕਾਰ ਦੀਆਂ ਨੀਤੀਆਂ ਦੇ ਵਿਰੋਧ 'ਚ ਟਰੇਡ ਯੂਨੀਅਨਾਂ ਅਤੇ ਕਿਸਾਨ ਜਥੇਬੰਦੀਆਂ ਦੇ ਸੱਦੇ 'ਤੇ ਅੱਜ ਦੇਸ਼-ਵਿਆਪੀ ਹੜਤਾਲ ਰਹੇਗੀ। ਦਸ ਕੇਂਦਰੀ ਟਰੇਡ ਯੂਨੀਅਨਾਂ ਦੇ ਸਾਂਝੇ ਮੰਚ ਨੇ ਕਿਹਾ ਕਿ ਇਸ ਹੜਤਾਲ 'ਚ ਕਰੀਬ 30 ਕਰੋੜ ਮਜ਼ਦੂਰ ਹਿੱਸਾ ਲੈਣਗੇ।

ਆਲ ਇੰਡੀਆ ਟਰੇਡ ਯੂਨੀਅਨ ਕਾਂਗਰਸ (ਏਟਕ) ਦੀ ਜਨਰਲ ਸਕੱਤਰ ਅਮਰਜੀਤ ਕੌਰ ਨੇ ਇਕ ਪ੍ਰੈੱਸ ਕਾਨਫਰੰਸ 'ਚ ਕਿਹਾ ਕਿ ਇਸ ਵਾਰ ਸ਼ਮੂਲੀਅਤ ਦਾ ਪੱਧਰ ਪਹਿਲਾਂ ਨਾਲੋਂ ਕਿਤੇ ਜ਼ਿਆਦਾ ਹੋਵੇਗਾ। ਉਨ੍ਹਾ ਦੱਸਿਆ, '12 ਫਰਵਰੀ ਨੂੰ ਹੋਣ ਵਾਲੀ ਹੜਤਾਲ 'ਚ ਘੱਟੋ-ਘੱਟ 30 ਕਰੋੜ ਵਰਕਰ ਸ਼ਾਮਲ ਹੋਣਗੇ। 9 ਜੁਲਾਈ, 2025 ਦੇ ਵਿਰੋਧ ਪ੍ਰਦਰਸ਼ਨ ਦੌਰਾਨ ਲਗਭਗ 25 ਕਰੋੜ ਵਰਕਰਾਂ ਨੇ ਹਿੱਸਾ ਲਿਆ ਸੀ।' ਯੂਨੀਅਨਾਂ ਅਨੁਸਾਰ ਇਹ ਹੜਤਾਲ 600 ਤੋਂ ਵੱਧ ਜ਼ਿਲ੍ਹਿਆਂ 'ਚ ਕੰਮਕਾਜ ਨੂੰ ਪ੍ਰਭਾਵਤ ਕਰੇਗੀ, ਜਦੋਂਕਿ ਪਿਛਲੇ ਸਾਲ ਦੇ ਅੰਦੋਲਨ 'ਚ ਲਗਭਗ 550 ਜ਼ਿਲ੍ਹੇ ਸ਼ਾਮਲ ਸਨ। ਇਹ ਵਿਰੋਧ ਕੇਂਦਰ ਦੀ ਮਜ਼ਦੂਰ-ਵਿਰੋਧੀ, ਕਿਸਾਨ-ਵਿਰੋਧੀ ਤੇ ਕਾਰਪੋਰੇਟ-ਪੱਖੀ ਨੀਤੀਆਂ ਦੇ ਖਿਲਾਫ ਹੈ। ਸਾਂਝੇ ਮੰਚ ਨੇ ਕਿਹਾ ਕਿ ਕਿਸਾਨ ਸਮੂਹਾਂ, ਖੇਤ ਮਜ਼ਦੂਰ ਯੂਨੀਅਨਾਂ, ਵਿਦਿਆਰਥੀਆਂ, ਨੌਜਵਾਨ ਜਥੇਬੰਦੀਆਂ ਅਤੇ ਹੋਰ ਫੈਡਰੇਸ਼ਨਾਂ ਨੇ ਇਸ ਨੂੰ ਆਪਣਾ ਸਮਰਥਨ ਦਿੱਤਾ ਹੈ। ਅਮਰਜੀਤ ਕੌਰ ਨੇ ਦਾਅਵਾ ਕੀਤਾ ਕਿ ਭਾਜਪਾ ਸ਼ਾਸਤ ਸੂਬਿਆਂ 'ਚ ਵੀ ਹੜਤਾਲ ਦਾ ਅਸਰ ਪਵੇਗਾ। ਉਨ੍ਹਾ ਕਿਹਾ ਕਿ ਓਡੀਸ਼ਾ ਅਤੇ ਅਸਾਮ ਦੇ ਪੂਰੀ ਤਰ੍ਹਾਂ ਬੰਦ ਰਹਿਣ ਦੀ ਉਮੀਦ ਹੈ ਅਤੇ ਦੂਜੇ ਸੂਬਿਆਂ 'ਚ ਵੀ ਵੱਡੇ ਪੱਧਰ 'ਤੇ ਲੋਕ ਇਸ 'ਚ ਸ਼ਾਮਲ ਹੋਣਗੇ। ਸਰਕਾਰੀ ਵਿਭਾਗਾਂ, ਜਨਤਕ ਖੇਤਰ ਦੀਆਂ ਕੰਪਨੀਆਂ, ਉਦਯੋਗਿਕ ਕਲੱਸਟਰਾਂ ਤੇ ਨਿੱਜੀ ਅਦਾਰਿਆਂ ਸਮੇਤ ਸਾਰੇ ਸੈਕਟਰਾਂ 'ਚ ਹੜਤਾਲ ਦੇ ਨੋਟਿਸ ਜਾਰੀ ਕੀਤੇ ਗਏ ਹਨ। ਪੇਂਡੂ ਅਤੇ ਸ਼ਹਿਰੀ ਦੋਵਾਂ ਖੇਤਰਾਂ ਵਿੱਚ ਜ਼ਿਲ੍ਹਾ ਅਤੇ ਬਲਾਕ ਪੱਧਰ 'ਤੇ ਮੁਹਿੰਮਾਂ ਚਲਾਈਆਂ ਗਈਆਂ ਹਨ।

## ਦਾਲ 'ਚ ਕਾਲਾ

**ਵਾਸ਼ਿੰਗਟਨ** : ਵ੍ਹਾਈਟ ਹਾਊਸ ਨੇ ਭਾਰਤ ਨਾਲ ਅੰਤਰਮ ਵਪਾਰਕ ਸਮਝੌਤੇ 'ਤੇ ਜਾਰੀ ਕੀਤੀ ਇੱਕ ਸੋਧੀ ਹੋਈ ਜਾਣਕਾਰੀ ਸੂਚੀ (ਫੈਕਟ ਸ਼ੀਟ) ਵਿੱਚੋਂ ਉਨ੍ਹਾਂ ਅਮਰੀਕੀ ਉਤਪਾਦਾਂ ਦੀ ਸੂਚੀ ਵਿੱਚੋਂ ਦਾਲਾਂ ਨੂੰ ਹਟਾ ਦਿੱਤਾ ਹੈ, ਜਿਨ੍ਹਾਂ 'ਤੇ ਭਾਰਤ ਨੇ ਟੈਰਿਫ ਖਤਮ ਕਰਨ ਜਾਂ ਘਟਾਉਣ ਦੀ ਗੱਲ ਕਹੀ ਸੀ। ਸੋਮਵਾਰ ਨੂੰ ਵ੍ਹਾਈਟ ਹਾਊਸ ਨੇ ਇਤਿਹਾਸਕ ਵਪਾਰਕ ਸੌਦੇ (ਅੰਤਰਮ ਸਮਝੌਤਾ) ਬਾਰੇ ਜਾਣਕਾਰੀ ਸੂਚੀ ਜਾਰੀ ਕੀਤੀ ਸੀ, ਜੋ ਕਿ ਭਾਰਤ ਅਤੇ ਅਮਰੀਕਾ ਦੁਆਰਾ ਆਪਸੀ ਅਤੇ ਲਾਭਕਾਰੀ ਵਪਾਰ ਦੇ ਢਾਂਚੇ ਬਾਰੇ ਦਿੱਤੇ ਗਏ ਸਾਂਝੇ ਬਿਆਨ ਤੋਂ ਕੁਝ ਦਿਨ ਬਾਅਦ ਆਈ ਸੀ। ਜਾਣਕਾਰੀ ਸੂਚੀ ਦੇ ਸ਼ੁਰੂਆਤੀ ਸੰਸਕਰਣ ਵਿੱਚ ਸਮਝੌਤੇ ਦੀਆਂ ਮੁੱਖ ਸ਼ਰਤਾਂ 'ਤੇ ਜ਼ੋਰ ਦਿੱਤਾ ਗਿਆ ਸੀ, ਜਿਸ ਵਿੱਚ ਕਿਹਾ ਗਿਆ ਸੀ ਕਿ ਭਾਰਤ ਸਾਰੀਆਂ ਅਮਰੀਕੀ ਉਦਯੋਗਕ ਵਸਤੂਆਂ ਅਤੇ ਭੋਜਨ ਤੇ ਖੇਤੀਬਾੜੀ ਉਤਪਾਦਾਂ ਦੀ ਇੱਕ ਵਿਸ਼ਾਲ ਸ਼੍ਰੇਣੀ 'ਤੇ ਟੈਰਿਫ ਖਤਮ ਜਾਂ ਘਟਾ ਦੇਵੇਗਾ, ਜਿਸ ਵਿੱਚ ਡਾਈਡ ਡਿਸਟਿਲਰ ਗ੍ਰੇਨਜ਼, ਲਾਲ ਜਵਾਰ, ਡਰਾਈ ਫਰੂਟਸ, ਤਾਜ਼ੇ ਅਤੇ ਪ੍ਰੋਸੈੱਸ ਕੀਤੇ ਫਲ, ਕੁਝ ਦਾਲਾਂ, ਸੋਇਆਬੀਨ ਤੇਲ, ਵਾਈਨ ਤੇ ਸਪਿਰਟ ਅਤੇ ਹੋਰ ਉਤਪਾਦ ਸ਼ਾਮਲ ਸਨ। ਫੈਕਟ ਸ਼ੀਟ ਵਿੱਚ ਇਹ ਵੀ ਕਿਹਾ ਗਿਆ ਸੀ ਕਿ ਭਾਰਤ ਨੇ ਹੋਰ ਅਮਰੀਕੀ ਉਤਪਾਦ ਖਰੀਦਣ ਅਤੇ 500 ਅਰਬ ਡਾਲਰ ਤੋਂ ਵੱਧ ਦੀ ਅਮਰੀਕੀ ਊਰਜਾ, ਸੂਚਨਾ ਅਤੇ ਸੰਚਾਰ ਤਕਨਾਲੋਜੀ, ਖੇਤੀਬਾੜੀ, ਕੋਲਾ ਅਤੇ ਹੋਰ ਉਤਪਾਦ ਖਰੀਦਣ ਦਾ 'ਵਚਨ' ਦਿੱਤਾ ਹੈ। ਮੰਗਲਵਾਰ ਨੂੰ ਜਾਰੀ ਕੀਤੀ ਗਈ ਸੋਧੀ ਹੋਈ ਜਾਣਕਾਰੀ ਸੂਚੀ ਵਿੱਚੋਂ ਦਾਲਾਂ ਦਾ ਹਵਾਲਾ ਹਟਾ ਦਿੱਤਾ ਗਿਆ ਅਤੇ ਭਾਰਤ ਲਈ ਵਰਤੇ ਗਏ ਸ਼ਬਦ 'ਵਚਨਬੱਧ' ਨੂੰ ਬਦਲ ਕੇ 'ਇਰਾਦਾ' ਕਰ ਦਿੱਤਾ ਗਿਆ। ਸੋਧੀ ਹੋਈ ਫੈਕਟ ਸ਼ੀਟ ਅਨੁਸਾਰ, ਭਾਰਤ ਸਾਰੀਆਂ ਅਮਰੀਕੀ ਉਦਯੋਗਕ ਵਸਤੂਆਂ ਅਤੇ ਖੇਤੀਬਾੜੀ ਉਤਪਾਦਾਂ 'ਤੇ ਟੈਰਿਫ ਘਟਾਏਗਾ... ਭਾਰਤ ਦਾ ਇਰਾਦਾ ਅਗਲੇ 5 ਸਾਲਾਂ ਵਿੱਚ 500 ਅਰਬ ਡਾਲਰ ਦੀ ਅਮਰੀਕੀ ਊਰਜਾ, ਤਕਨਾਲੋਜੀ ਅਤੇ ਕੋਲਾ ਖਰੀਦਣ ਦਾ ਹੈ।

## ਅਮਰੀਕਾ ਨੂੰ ਭਾਰਤ ਮਾਤਾ ਵੇਚ'ਤੀ : ਰਾਹੁਲ



**ਨਵੀਂ ਦਿੱਲੀ** : ਲੋਕ ਸਭਾ ਵਿੱਚ ਵਿਰੋਧੀ ਧਿਰ ਦੇ ਆਗੂ ਰਾਹੁਲ ਗਾਂਧੀ ਨੇ ਬੁੱਧਵਾਰ ਦੋਸ਼ ਲਾਇਆ ਕਿ ਸਰਕਾਰ ਨੇ ਭਾਰਤ-ਅਮਰੀਕਾ ਅੰਤਰਮ ਵਪਾਰ ਸਮਝੌਤੇ ਰਾਹੀਂ ਭਾਰਤ ਮਾਤਾ ਨੂੰ ਵੇਚ ਦਿੱਤਾ ਹੈ ਤੇ ਇਹ ਇੱਕ ਥੋਕ ਆਤਮ-ਸਮਰਪਣ ਸੀ, ਜਿਸ ਵਿੱਚ ਭਾਰਤ ਦੀ ਊਰਜਾ ਸੁਰੱਖਿਆ ਅਮਰੀਕਾ ਨੂੰ ਸੌਂਪ ਦਿੱਤੀ ਗਈ ਹੈ ਅਤੇ ਕਿਸਾਨਾਂ ਦੇ ਹਿੱਤਾਂ ਨਾਲ ਸਮਝੌਤਾ ਕੀਤਾ ਗਿਆ ਹੈ। ਕੇਂਦਰੀ ਬਜਟ 'ਤੇ ਬਹਿਸ ਦੌਰਾਨ ਉਨ੍ਹਾ ਕਿਹਾ ਕਿ ਜੇ 'ਇੰਡੀਆ' ਗੱਠਜੋੜ ਦੀ ਸਰਕਾਰ ਨੇ ਅਮਰੀਕਾ ਨਾਲ ਵਪਾਰਕ ਸਮਝੌਤੇ ਲਈ ਗੱਲਬਾਤ ਕੀਤੀ ਹੁੰਦੀ ਤਾਂ ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਨੂੰ ਭਾਰਤ ਨਾਲ ਬਰਾਬਰ ਵਿਹਾਰ ਕਰਨ ਲਈ ਕਿਹਾ ਜਾਂਦਾ। ਵਪਾਰਕ ਸਮਝੌਤੇ ਦਾ ਹਵਾਲਾ ਦਿੰਦੇ ਹੋਏ ਉਨ੍ਹਾ ਕਿਹਾ, 'ਤੁਸੀਂ ਭਾਰਤ ਨੂੰ ਵੇਚ ਦਿੱਤਾ ਹੈ। ਕੀ ਤੁਹਾਨੂੰ ਭਾਰਤ ਵੇਚਣ 'ਤੇ ਸ਼ਰਮ ਨਹੀਂ ਆਉਂਦੀ? ਤੁਸੀਂ ਸਾਡੀ ਮਾਂ, ਭਾਰਤ ਮਾਤਾ ਨੂੰ ਵੇਚ ਦਿੱਤਾ ਹੈ।'

ਰਾਹੁਲ ਨੇ ਕਿਹਾ ਕਿ ਭਾਰਤ-ਅਮਰੀਕਾ ਵਪਾਰ ਸਮਝੌਤੇ ਤਹਿਤ ਊਰਜਾ ਸੁਰੱਖਿਆ ਚਲੇ ਗਈ ਹੈ ਅਤੇ ਹੁਣ ਅਮਰੀਕਾ ਫੈਸਲਾ ਕਰੇਗਾ ਕਿ 'ਅਸੀਂ ਕਿਸ ਤੋਂ ਤੇਲ ਖਰੀਦਣਾ ਹੈ।'

ਉਨ੍ਹਾ ਕਿਹਾ ਕਿ ਕਿਸਾਨਾਂ ਦੇ ਹਿੱਤਾਂ ਨਾਲ ਵੀ ਸਮਝੌਤਾ ਕੀਤਾ ਗਿਆ ਹੈ, ਕਿਉਂਕਿ ਅਮਰੀਕਾ ਦੇ ਖੇਤੀਬਾੜੀ ਉਤਪਾਦ ਭਾਰਤੀ ਬਾਜ਼ਾਰਾਂ ਵਿੱਚ ਹੜ੍ਹ ਵਾਂਗ ਆ ਜਾਣਗੇ। ਉਨ੍ਹਾ ਇਹ ਵੀ ਦੋਸ਼ ਲਾਇਆ ਕਿ ਭਾਰਤੀ ਟੈਕਸਟਾਈਲ (ਕੱਪੜਾ) ਉਦਯੋਗ ਖਤਮ ਹੋ ਗਿਆ ਹੈ।

ਰਾਹੁਲ ਨੇ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਅਤੇ ਕੌਮੀ ਸੁਰੱਖਿਆ ਸਲਾਹਕਾਰ ਅਜੀਤ ਡੋਵਾਲ ਨੇ ਕਿਹਾ ਸੀ ਕਿ ਜੰਗ ਦਾ ਯੁੱਗ ਖਤਮ ਹੋ ਗਿਆ ਹੈ, ਪਰ ਅਸਲੀਅਤ ਇਹ ਹੈ ਕਿ ਅਸੀਂ ਜੰਗ ਦੇ ਯੁੱਗ ਵਿੱਚ ਜਾ ਰਹੇ ਹਾਂ।

ਉਨ੍ਹਾ ਕਿਹਾ, 'ਇੱਕ ਖਤਰਨਾਕ ਸੰਸਾਰ ਵਿੱਚ ਕਦਮ ਰੱਖਦੇ ਹੋਏ ਸਾਨੂੰ ਆਪਣੀਆਂ ਸ਼ਕਤੀਆਂ ਨੂੰ ਸਮਝਣਾ ਹੋਵੇਗਾ ਅਤੇ ਸਾਡੇ ਦੇਸ਼ ਦੀ ਮੁੱਖ ਸ਼ਕਤੀ ਸਾਡੇ ਲੋਕ ਹਨ।' ਉਨ੍ਹਾ ਦੇਸ਼ ਦੇ ਲੋਕਾਂ, ਡਾਟਾ, ਭੋਜਨ ਦੀ ਸਪਲਾਈ ਅਤੇ ਊਰਜਾ ਪ੍ਰਣਾਲੀ ਦੀ ਰੱਖਿਆ ਕਰਨ ਦੀ ਲੋੜ 'ਤੇ ਜ਼ੋਰ ਦਿੱਤਾ।

## ਸੁਪਰੀਮ ਕੋਰਟ ਨੇ ਮੁਆਵਜ਼ਾ 2 ਕਰੋੜ ਤੋਂ ਘਟਾ ਕੇ 25 ਲੱਖ ਕੀਤਾ

**ਨਵੀਂ ਦਿੱਲੀ** : ਲਗਜ਼ਰੀ ਹੋਟਲ ਵਿੱਚ ਗਲਤ ਤਰੀਕੇ ਨਾਲ ਮਹਿਲਾ ਦੇ ਵਾਲ ਕੱਟਣ ਦੇ 2018 ਦੇ ਮਾਮਲੇ ਵਿੱਚ 2 ਕਰੋੜ ਰੁਪਏ ਦਾ ਮੁਆਵਜ਼ਾ ਦੇਣ ਦੇ ਕੌਮੀ ਖਪਤਕਾਰ ਵਿਵਾਦ ਨਿਵਾਰਨ ਕਮਿਸ਼ਨ ਦੇ ਹੁਕਮ ਨੂੰ ਸੋਧ ਕੇ ਸੁਪਰੀਮ ਕੋਰਟ ਨੇ ਮੁਆਵਜ਼ੇ ਦੀ ਰਕਮ 25 ਲੱਖ ਰੁਪਏ ਕਰ ਦਿੱਤੀ ਹੈ।

ਜਸਟਿਸ ਰਾਜੇਸ਼ ਬਿੰਦਲ ਅਤੇ ਜਸਟਿਸ ਮਨਮੋਹਨ ਦੀ ਬੈਂਚ ਨੇ 6 ਫਰਵਰੀ ਨੂੰ ਸੁਣਾਏ ਗਏ ਫੈਸਲੇ ਵਿੱਚ ਕਿਹਾ ਕਿ ਭਾਵੇਂ 'ਸੇਵਾਵਾਂ ਵਿੱਚ ਘਾਟ' ਸਾਬਤ ਹੋ ਗਈ ਸੀ, ਪਰ ਖਪਤਕਾਰ ਵਿਵਾਦਾਂ ਵਿੱਚ ਮੁਆਵਜ਼ਾ ਪਦਾਰਥਕ ਸਬੂਤਾਂ 'ਤੇ ਅਧਾਰਿਤ ਹੋਣਾ ਚਾਹੀਦਾ ਹੈ, ਨਾ ਕਿ ਸ਼ਿਕਾਇਤਕਰਤਾ ਦੀ ਮੰਗ ਜਾਂ ਮਨਮਾਨੀਆਂ ਅਤੇ ਕਲਪਨਾਵਾਂ ਦੇ ਆਧਾਰ 'ਤੇ। 34 ਪੰਨਿਆਂ ਦਾ ਫੈਸਲਾ ਲਿਖਣ ਵਾਲੇ ਜਸਟਿਸ ਬਿੰਦਲ ਨੇ ਕਿਹਾ, 'ਹਰਜਾਨਾ ਸਿਰਫ ਸ਼ਿਕਾਇਤਕਰਤਾ ਦੇ ਅੰਦਾਜ਼ਿਆਂ ਜਾਂ ਮਨਮਾਨੀਆਂ ਅਤੇ ਕਲਪਨਾਵਾਂ 'ਤੇ ਨਹੀਂ ਦਿੱਤਾ ਜਾ ਸਕਦਾ। ਹਰਜਾਨੇ ਦਾ ਕੇਸ ਬਣਾਉਣ ਲਈ, ਖਾਸ ਕਰਕੇ ਜਦੋਂ ਦਾਅਵਾ ਕਰੋੜਾਂ ਰੁਪਏ ਦਾ ਹੋਵੇ, ਕੁਝ ਭਰੋਸੇਯੋਗ ਅਤੇ ਪੁਖਤਾ ਸਬੂਤ ਪੇਸ਼ ਕਰਨੇ ਪੈਂਦੇ ਹਨ।' ਬੈਂਚ ਨੇ ਕਿਹਾ ਕਿ ਦਸਤਾਵੇਜ਼ਾਂ ਦੀਆਂ ਫੋਟੋ ਕਾਪੀਆਂ ਦਾ ਮੁਲਾਂਕਣ ਕਰਦੇ ਸਮੇਂ ਕਮਿਸ਼ਨ ਨੇ 2 ਕਰੋੜ ਰੁਪਏ ਦਾ ਮੁਆਵਜ਼ਾ ਦੇਣ ਵਿੱਚ ਗਲਤੀ ਕੀਤੀ। ਫੈਸਲੇ ਵਿੱਚ ਕਿਹਾ ਗਿਆ, 'ਕਮਿਸ਼ਨ ਵੱਲੋਂ ਕੀਤੀ ਗਈ

• ਬਾਕੀ ਸਫ਼ਾ 2 'ਤੇ

## ਅਮਰੀਕਾ ਨੇ ਪਾਕਿਸਤਾਨ ਨੂੰ ਟਾਇਲਟ ਪੇਪਰ ਵਾਂਗ ਵਰਤਿਆ : ਆਸਿਫ਼



**ਇਸਲਾਮਾਬਾਦ** : ਪਾਕਿਸਤਾਨ ਦੇ ਰੱਖਿਆ ਮੰਤਰੀ ਖਵਾਜਾ ਆਸਿਫ਼ ਨੇ ਸਵੀਕਾਰ ਕੀਤਾ ਹੈ ਕਿ ਦੇਸ਼ ਨੇ ਅਤੀਤ ਵਿੱਚ, ਖਾਸ ਕਰਕੇ ਅਫਗਾਨ ਜੰਗਾਂ ਦੌਰਾਨ ਅਮਰੀਕਾ ਦੇ ਨਾਲ ਖੜ੍ਹੇ ਹੋ ਕੇ ਗੰਭੀਰ ਗਲਤੀਆਂ ਕੀਤੀਆਂ ਸਨ। ਪਾਕਿਸਤਾਨ ਦੀ ਨੈਸ਼ਨਲ ਅਸੈਂਬਲੀ ਵਿੱਚ ਬੋਲਦਿਆਂ ਆਸਿਫ਼ ਨੇ ਕਿਹਾ ਕਿ ਅਮਰੀਕਾ ਨੇ ਪਾਕਿਸਤਾਨ ਨੂੰ ਆਪਣੀਆਂ ਰਣਨੀਤਕ ਲੋੜਾਂ ਲਈ ਵਰਤਿਆ ਅਤੇ ਆਪਣੇ ਟੀਚੇ ਹਾਸਲ ਕਰਨ ਤੋਂ ਬਾਅਦ ਉਸ ਨੂੰ ਬੇਸਹਾਰਾ ਛੱਡ ਦਿੱਤਾ। ਉਨ੍ਹਾ ਕਿਹਾ ਕਿ ਪਾਕਿਸਤਾਨ ਨਾਲ ਟਾਇਲਟ ਪੇਪਰ ਦੇ ਟੁਕੜੇ ਨਾਲੋਂ ਵੀ ਮਾੜਾ ਸਲੂਕ ਕੀਤਾ ਗਿਆ। ਆਸਿਫ਼ ਨੇ ਮੰਨਿਆ ਕਿ ਪਾਕਿਸਤਾਨ ਅਕਸਰ ਦਹਿਸ਼ਤਗਰਦੀ ਦਾ ਸਮਰਥਨ ਕਰਨ ਵਿੱਚ ਆਪਣੀ ਪੁਰਾਣੀ ਭੂਮਿਕਾ ਤੋਂ ਇਨਕਾਰ ਕਰਦਾ ਹੈ ਅਤੇ ਕਿਹਾ ਕਿ ਇਸ ਇਨਕਾਰ ਨੇ ਲੰਮੇ ਸਮੇਂ ਦਾ ਨੁਕਸਾਨ ਪਹੁੰਚਾਇਆ ਹੈ। ਉਨ੍ਹਾ ਕਿਹਾ ਕਿ ਅੱਜ ਪਾਕਿਸਤਾਨ ਵਿੱਚ ਦਹਿਸ਼ਤਗਰਦੀ ਪਿਛਲੇ ਫੌਜੀ ਸ਼ਾਸਕਾਂ ਵੱਲੋਂ ਕੀਤੀਆਂ ਗਈਆਂ ਗਲਤੀਆਂ ਦਾ ਨਤੀਜਾ ਹੈ।

ਉਨ੍ਹਾ ਦੋ ਅਫਗਾਨ ਜੰਗਾਂ ਵਿੱਚ ਪਾਕਿਸਤਾਨ ਦੀ ਸ਼ਮੂਲੀਅਤ ਨੂੰ ਇੱਕ ਗਲਤੀ ਦੱਸਿਆ, ਖਾਸ ਤੌਰ 'ਤੇ 9/11 ਦੇ ਹਮਲਿਆਂ ਤੋਂ ਬਾਅਦ, ਜਦੋਂ ਇਸਲਾਮਾਬਾਦ ਨੇ ਅਮਰੀਕਾ ਦਾ ਸਾਥ ਦਿੱਤਾ ਅਤੇ ਤਾਲਿਬਾਨ ਦੇ ਵਿਰੁੱਧ ਹੋ ਗਿਆ, ਜਦੋਂ ਕਿ ਅਮਰੀਕਾ ਬਾਅਦ ਵਿੱਚ ਅਫਗਾਨਿਸਤਾਨ ਤੋਂ ਬਾਹਰ ਨਿਕਲ ਗਿਆ ਅਤੇ ਪਾਕਿਸਤਾਨ ਹਿੰਸਾ, ਕੱਟੜਵਾਦ ਅਤੇ ਆਰਥਕ ਸਮੱਸਿਆਵਾਂ ਦਾ ਸਾਹਮਣਾ ਕਰਨ ਲਈ ਰਹਿ ਗਿਆ। ਮੰਤਰੀ ਨੇ ਉਨ੍ਹਾਂ ਦਾਅਵਿਆਂ ਨੂੰ ਰੱਦ ਕਰ ਦਿੱਤਾ ਕਿ ਪਾਕਿਸਤਾਨ ਧਾਰਮਕ ਕਾਰਨਾਂ ਕਰਕੇ ਅਫਗਾਨ ਜੰਗਾਂ ਵਿੱਚ ਸ਼ਾਮਲ ਹੋਇਆ ਸੀ। ਉਨ੍ਹਾ ਕਿਹਾ ਕਿ ਲੋਕਾਂ ਨੂੰ ਜਿਹਾਦ ਦੇ ਨਾਂਅ 'ਤੇ ਲੜਨ ਲਈ ਭੇਜਿਆ ਗਿਆ ਸੀ, ਜਿਸ ਨੂੰ ਉਨ੍ਹਾ ਗੁੰਮਰਾਹਕੁੰਨ ਅਤੇ ਨੁਕਸਾਨਦੇਹ ਦੱਸਿਆ। ਆਸਿਫ਼ ਨੇ ਸਾਬਕਾ ਫੌਜੀ ਤਾਨਾਸ਼ਾਹਾਂ ਜ਼ਿਆ-ਉਲ-ਹੱਕ ਅਤੇ ਪਰਵੇਜ਼ ਮੁਸ਼ੱਰਫ ਨੂੰ ਦੋਸ਼ੀ ਠਹਿਰਾਉਂਦੇ ਹੋਏ ਕਿਹਾ ਕਿ ਉਹ ਇਸਲਾਮ ਦੀ ਸੇਵਾ ਕਰਨ ਲਈ ਨਹੀਂ, ਸਗੋਂ ਇੱਕ ਮਹਾਂਸ਼ਕਤੀ ਨੂੰ ਖੁਸ਼ ਕਰਨ ਲਈ ਅਫਗਾਨ ਜੰਗਾਂ ਵਿੱਚ ਸ਼ਾਮਲ ਹੋਏ। ਉਨ੍ਹਾ ਇਹ ਵੀ ਕਿਹਾ ਕਿ ਇਨ੍ਹਾਂ ਜੰਗਾਂ ਨੂੰ ਜਾਇਜ਼ ਠਹਿਰਾਉਣ ਲਈ ਪਾਕਿਸਤਾਨ ਦੀ ਸਿੱਖਿਆ ਪ੍ਰਣਾਲੀ ਨੂੰ ਬਦਲ ਦਿੱਤਾ ਗਿਆ ਸੀ ਅਤੇ ਉਹ ਵਿਚਾਰਧਾਰਕ ਤਬਦੀਲੀਆਂ ਅੱਜ ਵੀ ਮੌਜੂਦ ਹਨ। ਨੁਕਸਾਨ ਨੂੰ ਨਾ ਪੂਰਿਆ ਜਾਣ ਵਾਲਾ ਦੱਸਦਿਆਂ ਆਸਿਫ਼ ਨੇ ਕਿਹਾ ਕਿ ਪਾਕਿਸਤਾਨ ਨੂੰ ਹੋਏ ਨੁਕਸਾਨ ਦੀ ਕਦੇ ਵੀ ਪੂਰੀ ਤਰ੍ਹਾਂ ਭਰਪਾਈ ਨਹੀਂ ਕੀਤੀ ਜਾ ਸਕਦੀ।

## ਕੈਨੇਡਾ ਦੇ ਸਕੂਲ 'ਚ ਗੋਲੀਬਾਰੀ, 9 ਮੌਤਾਂ

**ਟੰਬਲਰ ਰਿਜ** : ਕੈਨੇਡਾ ਦੇ ਪੱਛਮੀ ਤੱਟੀ ਸੂਬੇ ਬ੍ਰਿਟਿਸ਼ ਕੋਲੰਬੀਆ ਦੇ ਉਤਰੀ ਪਾਸੇ ਸ਼ਾਂਤ ਖੇਤਰ ਵਜੋਂ ਜਾਣੇ ਜਾਂਦੇ ਇਲਾਕੇ ਦੇ ਹਾਇਰ ਸੈਕੰਡਰੀ ਸਕੂਲ 'ਚ ਬੰਦੂਕਧਾਰੀ ਵੱਲੋਂ ਕੀਤੀ ਗੋਲੀਬਾਰੀ ਕਾਰਨ 9 ਜਣਿਆਂ ਦੀ ਮੌਤ ਹੋ ਗਈ। ਪੁਲਸ ਅਧਿਕਾਰੀਆਂ ਅਨੁਸਾਰ ਹਮਲਾਵਰ ਬੰਦੂਕਧਾਰੀ ਔਰਤ ਦੀ ਵੀ ਮੌਤ ਹੋ ਗਈ। ਕਰੀਬ 25 ਹੋਰਨਾਂ ਦੇ ਜ਼ਖ਼ਮੀ ਹੋਣ ਦੀ ਸੂਚਨਾ ਹੈ। ਬੀ ਸੀ ਰਾਇਲ ਕੈਨੇਡੀਅਨ ਮਾਊਂਟਿਡ ਪੁਲਸ ਅਨੁਸਾਰ ਪੁਲਸ ਨੂੰ ਮੰਗਲਵਾਰ ਦੁਪਹਿਰ ਡੇਢ ਵਜੇ ਟੰਬਲਰ ਰਿੱਜ ਸਕੂਲ ਵਿੱਚ ਕਿਸੇ ਬੰਦੂਕਧਾਰੀ ਦੇ ਬਾਰੇ ਸੂਚਨਾ ਮਿਲੀ ਸੀ, ਮੌਕੇ 'ਤੇ ਪਹੁੰਚਣ ਤੱਕ 7ਵੀਂ ਤੋਂ 12 ਤੱਕ ਦੇ ਕਈ ਵਿਦਿਆਰਥੀਆਂ ਨੂੰ ਗੋਲੀਆਂ ਲੱਗੀਆਂ ਹੋਈਆਂ ਸਨ, ਜਿਨਾਂ 'ਚੋਂ 6 ਦੀ ਮੌਤ ਹੋ ਚੁੱਕੀ ਸੀ, ਇੱਕ ਜ਼ਖ਼ਮੀ ਮੁਢਲੀ ਡਾਕਟਰੀ ਮਦਦ ਦੌਰਾਨ ਦਮ ਤੋੜ ਗਿਆ।

ਇਸ ਦੌਰਾਨ ਆਲੇ-ਦੁਆਲੇ ਦੇ ਘਰਾਂ 'ਚੋਂ ਦੋ ਵਿਅਕਤੀਆਂ ਦੀਆਂ ਲਾਸ਼ਾਂ ਮਿਲੀਆਂ। ਅਜੇ ਹੋਰ ਘਰਾਂ ਬਾਰੇ ਜਾਣਕਾਰੀ ਇਕੱਤਰ ਕੀਤੀ ਜਾ ਰਹੀ ਹੈ। ਇਹ ਪਤਾ ਨਹੀਂ ਲੱਗ ਸਕਿਆ ਕਿ ਬੰਦੂਕਧਾਰੀ ਨੇ ਖੁਦਕੁਸ਼ੀ ਕੀਤੀ ਜਾਂ ਕਿਸੇ ਹੋਰ ਨੇ ਉਸ ਨੂੰ ਮਾਰਿਆ ਹੈ।

ਟੰਬਲਰ ਰਿਜ ਵੈਨਕੂਵਰ ਤੋਂ ਕਰੀਬ 1,000 ਕਿਲੋਮੀਟਰ ਉੱਤਰ ਵਿੱਚ ਅਲਬਰਟਾ ਦੀ ਸਰਹੱਦ ਦੇ ਨੇੜੇ ਸਥਿਤ ਹੈ। ਸਕੂਲ ਵਿੱਚ 7ਵੀਂ ਤੋਂ 12ਵੀਂ ਜਮਾਤ ਤੱਕ 175 ਵਿਦਿਆਰਥੀ ਪੜ੍ਹਦੇ ਸਨ।

## ਸਰਕਾਰ ਵੱਲੋਂ ਵਾਂਗਚੁੱਕ ਦੀ ਰਿਹਾਈ ਦਾ ਵਿਰੋਧ



**ਨਵੀਂ ਦਿੱਲੀ** : ਕੇਂਦਰ ਸਰਕਾਰ ਨੇ ਬੁੱਧਵਾਰ ਸੁਪਰੀਮ ਕੋਰਟ ਵਿੱਚ ਸਪੱਸ਼ਟ ਕੀਤਾ ਕਿ ਲੱਦਾਖ ਦੇ ਵਾਤਾਵਰਨ ਕਾਰਕੁਨ ਸੋਨਮ ਵਾਂਗਚੁਕ ਦੀ ਸਿਹਤ ਸੰਬੰਧੀ ਕੋਈ ਚਿੰਤਾ ਵਾਲੀ ਗੱਲ ਨਹੀਂ, ਇਸ ਲਈ ਉਨ੍ਹਾ ਨੂੰ ਸਿਹਤ ਦੇ ਆਧਾਰ 'ਤੇ ਰਿਹਾਅ ਨਹੀਂ ਕੀਤਾ ਜਾ ਸਕਦਾ। ਸਾਲਿਸਟਰ ਜਨਰਲ ਤੁਸ਼ਾਰ ਮਹਿਤਾ ਨੇ ਅਦਾਲਤ ਨੂੰ ਦੱਸਿਆ ਕਿ ਹਿਰਾਸਤ ਦੌਰਾਨ ਵਾਂਗਚੁਕ ਦੀ 24 ਵਾਰ ਡਾਕਟਰੀ ਜਾਂਚ ਕੀਤੀ ਗਈ ਹੈ ਅਤੇ ਉਹ ਪੂਰੀ ਤਰ੍ਹਾਂ ਤੰਦਰੁਸਤ ਹਨ। ਸਰਕਾਰ ਨੇ ਦਲੀਲ ਦਿੱਤੀ ਕਿ ਜਿਨ੍ਹਾਂ ਕਾਰਨਾਂ ਕਰਕੇ ਵਾਂਗਚੁਕ ਨੂੰ ਕੌਮੀ ਸੁਰੱਖਿਆ ਐਕਟ ਦੇ ਤਹਿਤ ਹਿਰਾਸਤ ਵਿੱਚ ਲਿਆ ਗਿਆ ਸੀ, ਉਹ ਅਜੇ ਵੀ ਕਾਇਮ ਹਨ ਅਤੇ ਅਜਿਹੀ ਸਥਿਤੀ ਵਿੱਚ ਕਿਸੇ ਵੀ ਤਰ੍ਹਾਂ ਦੀ ਛੋਟ ਦੇਣਾ ਉਚਿਤ ਨਹੀਂ ਹੋਵੇਗਾ।

## ਬਾਜਵਾ ਦੀ ਥਾਂ ਵਕੀਲ ਪੇਸ਼

**ਚੰਡੀਗੜ੍ਹ** : ਪੰਜਾਬ ਰਾਜ ਅਨੁਸੂਚਿਤ ਜਾਤੀਆਂ ਕਮਿਸ਼ਨ ਦੇ ਚੇਅਰਮੈਨ ਜਸਵੀਰ ਸਿੰਘ ਗੜ੍ਹੀ ਵੱਲੋਂ ਕਾਂਗਰਸ ਪਾਰਟੀ ਦੇ ਸੀਨੀਅਰ ਆਗੂ ਪ੍ਰਤਾਪ ਸਿੰਘ ਬਾਜਵਾ ਨੂੰ ਭੇਜੇ ਨੋਟਿਸ ਸੰਬੰਧੀ ਬੁੱਧਵਾਰ ਉਨ੍ਹਾ ਦੇ ਵਕੀਲ ਅਰਵਿੰਦ ਸਿੰਘ ਸਚਦੇਵਾ ਪੇਸ਼ ਹੋਏ। ਸਚਦੇਵਾ ਨੇ ਕਿਹਾ ਕਿ ਬਾਜਵਾ ਕਿਤੇ ਵਿਅਸਤ ਹੋਣ ਕਰਕੇ ਖੁਦ ਨਹੀਂ ਆ ਸਕੇ, ਪਰ ਉਨ੍ਹਾ ਕਮਿਸ਼ਨ ਕੋਲ ਆਪਣਾ ਜਵਾਬ ਦੇ ਦਿੱਤਾ ਹੈ ਅਤੇ ਹੋਰ ਲੋੜੀਂਦੇ ਜਵਾਬ ਲਈ 15 ਦਿਨਾਂ ਦਾ ਸਮਾਂ ਮੰਗਿਆ ਹੈ। ਕਮਿਸ਼ਨ ਨੇ ਅਗਲੀ ਤਰੀਕ 26 ਫਰਵਰੀ ਪਾ ਦਿੱਤੀ ਹੈ।

## ਮੁਹਾਲੀ ਦੇ ਕਈ ਸਕੂਲਾਂ ਨੂੰ ਧਮਕੀ

**ਮੁਹਾਲੀ (ਗੁਰਜੀਤ ਬਿੱਲਾ)**

ਬੁੱਧਵਾਰ ਸਵੇਰੇ ਮੁਹਾਲੀ ਸ਼ਹਿਰ ਦੇ 16 ਸਕੂਲਾਂ ਅਤੇ ਜ਼ੀਰਕਪੁਰ ਤੇ ਖਰੜ ਦੇ ਇੱਕ-ਇੱਕ ਸਕੂਲ ਨੂੰ ਭੇਜੇ ਗਏ ਬੰਬ ਹੋਣ ਦੀ ਧਮਕੀ ਭਰੇ ਈਮੇਲ ਮਿਲਣ ਤੋਂ ਬਾਅਦ ਪੁਲਸ ਤੁਰੰਤ ਹਰਕਤ ਵਿੱਚ ਆ ਗਈ। ਲਰਨਿੰਗ ਪਾਥਸ ਸਕੂਲ, ਸੈਕਟਰ-67 ਦੇ ਬਾਹਰ ਜਾਣਕਾਰੀ ਦਿੰਦਿਆਂ ਐੱਸ ਐੱਸ ਪੀ ਹਰਮਨਦੀਪ ਸਿੰਘ ਹਾਂਸ ਨੇ ਦੱਸਿਆ ਕਿ ਇਹ ਧਮਕੀ ਭਰੇ ਈਮੇਲ ਸਵੇਰੇ ਲਗਭਗ 7:30 ਤੋਂ 8:00 ਵਜੇ ਦਰਮਿਆਨ ਨਿੱਜੀ ਸਕੂਲਾਂ ਨੂੰ ਮਿਲੇ। ਜਾਣਕਾਰੀ ਮਿਲਦੇ ਹੀ ਪੁਲਸ ਟੀਮਾਂ, ਐਂਟੀ-ਸਾਬੋਟਾਜ ਟੀਮਾਂ ਅਤੇ ਬੰਬ ਨਿਰੋਧਕ ਦਸਤਿਆਂ ਸਮੇਤ ਤੁਰੰਤ ਸਕੂਲਾਂ ਵਿੱਚ ਪਹੁੰਚ ਗਈਆਂ।

ਉਨ੍ਹਾ ਕਿਹਾ ਕਿ ਵਾਧੂ ਫੋਰਸ ਅਤੇ ਗੁਆਂਢੀ ਜ਼ਿਲ੍ਹਿਆਂ ਤੇ ਚੰਡੀਗੜ੍ਹ ਮੁੱਖ ਦਫ਼ਤਰ ਤੋਂ ਆਈਆਂ ਵਿਸ਼ੇਸ਼ ਟੀਮਾਂ ਦੇ ਸਹਿਯੋਗ ਨਾਲ ਲਗਭਗ ਢਾਈ ਘੰਟਿਆਂ ਵਿੱਚ ਸਾਰੇ ਸਕੂਲਾਂ ਦੀ ਚੈਕਿੰਗ ਮੁਕੰਮਲ ਕਰ ਲਈ ਗਈ। ਤਲਾਸ਼ੀ ਕਾਰਵਾਈ ਸ਼ੁਰੂ ਕਰਨ ਤੋਂ ਪਹਿਲਾਂ ਹੀ ਸਾਰੇ ਸਕੂਲਾਂ ਨੂੰ ਵਿਦਿਆਰਥੀਆਂ ਅਤੇ ਸਟਾਫ ਲਈ ਖਾਲੀ ਕਰਵਾ ਕੇ ਬੰਦ ਕਰ ਦਿੱਤਾ ਗਿਆ ਸੀ। ਹਾਂਸ ਨੇ ਕਿਹਾ, 'ਪ੍ਰਮਾਤਮਾ ਦੀ ਕਿਰਪਾ ਨਾਲ ਕਿਸੇ ਵੀ ਥਾਂ ਤੋਂ ਕੋਈ ਵੀ ਧਮਾਕਾਖੇਜ਼ ਸਮਗਰੀ ਨਹੀਂ ਮਿਲੀ।'

ਜਿਨ੍ਹਾਂ ਸਕੂਲਾਂ ਵਿੱਚ ਚੈਕਿੰਗ ਕੀਤੀ ਗਈ, ਉਨ੍ਹਾਂ ਵਿੱਚ ਐਮਿਟੀ ਸਕੂਲ, ਦੂਨ ਸਕੂਲ, ਲਰਨਿੰਗ ਪਾਥਸ, ਗੁਰੂਕੁਲ ਸਕੂਲ, ਵਿਵੇਕ ਹਾਈ ਸਕੂਲ, ਪੈਰਾਗਨ ਸਕੂਲ, ਵਾਈ ਪੀ ਐੱਸ, ਸੇਂਟ ਮੇਰੀਜ਼ ਸਕੂਲ, ਮਾਨਵ ਰਚਨਾ ਸਕੂਲ, ਲਾਰੈਂਸ ਸਕੂਲ, ਜੈਮ ਪਬਲਿਕ ਸਕੂਲ, ਰਾਮ ਤੀਰਥ ਸਕੂਲ, ਸ਼ਿਵਾਲਿਕ ਪਬਲਿਕ ਸਕੂਲ ਅਤੇ ਸੰਤ ਈਸ਼ਰ ਸਿੰਘ ਸਕੂਲ ਸਮੇਤ ਹੋਰ ਸਕੂਲ ਸ਼ਾਮਲ ਸਨ।

ਜ਼ਿਲ੍ਹਾ ਸਿੱਖਿਆ ਅਫਸਰ ਡਾਕਟਰ ਗਿੰਨੀ ਦੁੱਗਲ ਨੇ ਦੱਸਿਆ ਕਿ ਕੁਝ ਈਮੇਲ ਉੱਤੇ 11 ਫਰਵਰੀ ਦਾ ਸਮਾਂ ਪਾਇਆ ਹੋਇਆ ਹੈ ਅਤੇ ਕੁਝ ਈਮੇਲ ਉੱਤੇ 13 ਫਰਵਰੀ ਦੀ ਵੀ ਮਿਤੀ ਦਰਜ ਕੀਤੀ ਹੋਈ ਹੈ। ਜ਼ਿਆਦਾਤਰ ਸਕੂਲ ਖੁੱਲ੍ਹਣ ਤੋਂ ਪਹਿਲਾਂ ਹੀ ਮਾਪਿਆਂ ਨੂੰ ਸਕੂਲ ਪ੍ਰਬੰਧਕਾਂ ਵੱਲੋਂ ਸੁਨੇਹੇ ਭੇਜ ਦਿੱਤੇ ਗਏ ਸਨ, ਜਿਸ ਕਰਕੇ ਬੱਚੇ ਸਕੂਲਾਂ ਵਿੱਚ ਨਹੀਂ ਆਏ।

## ਜਾਖੜ ਰੋਜ਼ਾਨਾ ਪ੍ਰੈੱਸ ਕਾਨਫਰੰਸਾਂ ਕਰਨ ਦੀ ਥਾਂ ਵਪਾਰ ਸਮਝੌਤਾ ਜਨਤਕ ਕਰਨ : ਬਲਤੇਜ ਪੰਨੂ



**ਚੰਡੀਗੜ੍ਹ (ਗੁਰਜੀਤ ਬਿੱਲਾ)**

ਆਮ ਆਦਮੀ ਪਾਰਟੀ ਪੰਜਾਬ ਦੇ ਮੀਡੀਆ ਇੰਚਾਰਜ ਬਲਤੇਜ ਪੰਨੂ ਨੇ ਪੰਜਾਬ ਭਾਜਪਾ ਦੇ ਪ੍ਰਧਾਨ ਸੁਨੀਲ ਜਾਖੜ ਨੂੰ ਸਿੱਧੀ ਚੁਣੌਤੀ ਦਿੰਦਿਆਂ ਕਿਹਾ ਕਿ ਜੇਕਰ ਅਮਰੀਕਾ ਨਾਲ ਹੋਇਆ ਸਮਝੌਤਾ ਸੱਚਮੁੱਚ ਕਿਸਾਨਾਂ ਦੇ ਹੱਕ ਵਿੱਚ ਹੈ ਤਾਂ ਰੋਜ਼ਾਨਾ ਪ੍ਰੈੱਸ ਕਾਨਫਰੰਸਾਂ ਕਰਨ ਦੀ ਥਾਂ ਭਾਜਪਾ ਹਾਈ ਕਮਾਂਡ ਨੂੰ ਕਹਿ ਕੇ ਉਸ ਸਮਝੌਤੇ ਦੀ ਪੂਰੀ ਡਿਟੇਲ ਅਤੇ ਕਾਪੀਆਂ ਜਨਤਕ ਕਿਉਂ ਨਹੀਂ ਕਰ ਦਿੰਦੇ।

ਪੰਨੂ ਨੇ ਕਿਹਾ ਕਿ ਜਾਖੜ ਸਾਹਿਬ ਲਗਭਗ ਹਰ ਰੋਜ਼ ਪ੍ਰੈੱਸ ਕਾਨਫਰੰਸਾਂ ਕਰ ਕੇ ਅਮਰੀਕਾ ਨਾਲ ਹੋਏ ਸਮਝੌਤੇ ਨੂੰ ਭਾਰਤ ਅਤੇ ਖਾਸ ਤੌਰ ਤੇ ਕਿਸਾਨਾਂ ਲਈ ਲਾਹੇਵੰਦ ਦੱਸ ਰਹੇ ਹਨ, ਪਰ ਅਜੇ ਤੱਕ ਉਸ ਸਮਝੌਤੇ ਦੀ ਕੋਈ ਅਧਿਕਾਰਤ ਕਾਪੀ ਜਾਂ ਡਿਟੇਲ ਜਨਤਕ ਨਹੀਂ ਕੀਤੀ ਗਈ।

ਉਹਨਾ ਸਵਾਲ ਚੁੱਕਿਆ ਕਿ ਜੇਕਰ ਜਾਖੜ ਕੋਲ ਇਸ ਸਮਝੌਤੇ ਦੀ ਪੂਰੀ ਜਾਣਕਾਰੀ ਅਤੇ ਕਾਪੀਆਂ ਮੌਜੂਦ ਹਨ ਤਾਂ ਉਹ ਭਾਜਪਾ ਹਾਈ ਕਮਾਂਡ ਨੂੰ ਕਹਿ ਕੇ ਇਹ ਸਮਝੌਤਾ ਜਨਤਕ ਕਿਉਂ ਨਹੀਂ ਕਰਵਾ ਦਿੰਦੇ? ਉਨ੍ਹਾ ਇਹ ਵੀ ਪੁੱਛਿਆ ਕਿ ਇਸ ਸਮਝੌਤੇ 'ਤੇ ਸਾਈਨ ਪ੍ਰਧਾਨ ਮੰਤਰੀ ਨੇ ਕੀਤੇ ਹਨ, ਗ੍ਰਹਿ ਮੰਤਰੀ ਨੇ ਕੀਤੇ ਹਨ ਜਾਂ ਕਿਸੇ ਹੋਰ ਮੰਤਰੀ ਨੇ? ਲੋਕਾਂ ਨੂੰ ਇਸ ਬਾਰੇ ਜਾਣਨ ਦਾ ਪੂਰਾ ਹੱਕ ਹੈ। ਪੰਨੂ ਨੇ ਜਾਖੜ ਨੂੰ ਤਿੰਨ ਖੇਤੀ ਕਾਨੂੰਨਾਂ ਦਾ ਹਵਾਲਾ ਦਿੰਦਿਆਂ ਯਾਦ ਕਰਵਾਇਆ ਕਿ ਜਦੋਂ ਕੇਂਦਰ ਸਰਕਾਰ ਨੇ ਤਿੰਨ ਖੇਤੀ ਕਾਨੂੰਨ ਲਿਆਂਦੇ ਸਨ ਤਾਂ ਉਸ ਵੇਲੇ ਬਾਦਲ ਪਰਵਾਰ, ਜੋ ਕਿ ਭਾਜਪਾ ਦੇ ਸਹਿਯੋਗੀ ਸਨ, ਨੇ ਕਿਹਾ ਕਿ ਇਹਨਾਂ ਖੇਤੀ ਕਾਨੂੰਨਾਂ ਵਰਗਾ ਕੋਈ ਕਾਨੂੰਨ ਨਹੀਂ, ਪਰ ਜਦੋਂ ਲੋਕਾਂ ਦੇ ਵਿਰੋਧ ਦਾ ਸਾਹਮਣਾ ਕਰਨਾ ਪਿਆ ਤਾਂ ਉਨ੍ਹਾਂ ਯੂ-ਟਰਨ ਮਾਰ ਲਈ। 'ਆਪ' ਆਗੂ ਨੇ ਤਨਜ਼ ਕੱਸਦਿਆਂ ਜਾਖੜ ਨੂੰ ਕਿਹਾ ਕਿ ਹੁਣ ਕਿਤੇ ਤੁਸੀਂ ਵੀ ਯੂ-ਟਰਨ ਨਾ ਮਾਰ ਜਾਇਓ। ਜੇ ਤੁਹਾਡੇ ਕੋਲ ਇਸ ਸਮਝੌਤੇ ਦੀ ਪੂਰੀ ਜਾਣਕਾਰੀ ਹੈ ਤਾਂ ਉਸ ਨੂੰ ਜਨਤਕ ਕਰੋ, ਤਾਂ ਕਿ ਲੋਕਾਂ ਨੂੰ ਅਸਲੀਅਤ ਪਤਾ ਲੱਗ ਸਕੇ।

## 13 ਖੇਤੀਬਾੜੀ ਸਬ-ਇੰਸਪੈਕਟਰਾਂ ਨੂੰ ਨਿਯੁਕਤੀ ਪੱਤਰ ਸੌਂਪੇ



**ਚੰਡੀਗੜ੍ਹ (ਗੁਰਜੀਤ ਬਿੱਲਾ/ਕ੍ਰਿਸ਼ਨ ਗਰਗ)**-ਪੰਜਾਬ ਦੇ ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੇ ਬੁੱਧਵਾਰ ਇੱਥੇ ਆਪਣੇ ਦਫ਼ਤਰ ਵਿਖੇ 13 ਨਵ-ਨਿਯੁਕਤ ਖੇਤੀਬਾੜੀ ਸਬ-ਇੰਸਪੈਕਟਰਾਂ ਨੂੰ ਨਿਯੁਕਤੀ ਪੱਤਰ ਸੌਂਪੇ। ਖੁੱਡੀਆਂ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਦੇ ਸੱਤਾ ਸੰਭਾਲਣ ਤੋਂ ਲੈ ਕੇ ਹੁਣ ਤੱਕ ਖੇਤੀਬਾੜੀ ਵਿਭਾਗ ਵਿੱਚ 133 ਖੇਤੀਬਾੜੀ ਸਬ-ਇੰਸਪੈਕਟਰਾਂ ਅਤੇ 200 ਖੇਤੀਬਾੜੀ ਵਿਕਾਸ ਅਫਸਰਾਂ (ਏ ਡੀ ਓਜ਼) ਦੀ ਭਰਤੀ ਕੀਤੀ ਗਈ ਹੈ।

## ਨੀਨਾ ਟਿਵਾਣਾ 'ਪੰਜਾਬ ਗੌਰਵ ਐਵਾਰਡ' ਨਾਲ ਸਨਮਾਨਤ



**ਪਟਿਆਲਾ** : ਪੰਜਾਬੀ ਰੰਗਮੰਚ ਦੀ ਮਾਹਰ ਨੀਨਾ ਟਿਵਾਣਾ ਨੂੰ ਪੰਜਾਬ ਆਰਟ ਕੌਂਸਲ, ਪੰਜਾਬ ਸਰਕਾਰ ਵੱਲੋਂ ਰੰਗਮੰਚ ਵਿੱਚ ਜੀਵਨ ਭਰ ਦੇ ਯੋਗਦਾਨ ਲਈ 'ਪੰਜਾਬ ਗੌਰਵ ਐਵਾਰਡ' ਨਾਲ ਸਨਮਾਨਤ ਕੀਤਾ ਗਿਆ ਹੈ। ਇਹ ਐਵਾਰਡ ਉਨ੍ਹਾ ਨੂੰ ਪਦਮਸ੍ਰੀ ਨਿਰਮਲ ਰਿਸ਼ੀ ਵੱਲੋਂ ਭੇਟ ਕੀਤਾ ਗਿਆ, ਜੋ ਟਿਵਾਣਾ ਨੂੰ ਆਪਣਾ ਅਧਿਆਪਕ ਅਤੇ ਮਾਰਗ-ਦਰਸ਼ਕ ਮੰਨਦੇ ਹਨ।

ਨੀਨਾ ਟਿਵਾਣਾ ਆਪਣੇ ਮਰਹੂਮ ਪਤੀ ਹਰਪਾਲ ਟਿਵਾਣਾ ਦੇ ਨਾਲ 1965 ਵਿੱਚ ਇਬਰਾਹਿਮ ਅਲਕਾਜ਼ੀ ਦੀ ਅਗਵਾਈ ਵਿੱਚ ਨੈਸ਼ਨਲ ਸਕੂਲ ਆਫ ਡਰਾਮਾ ਤੋਂ ਗਰੈਜੂਏਟ ਹੋਣ ਵਾਲੀ ਪਹਿਲੀ ਪੰਜਾਬਣ ਹੈ। ਛੇ ਦਹਾਕਿਆਂ ਤੋਂ ਵੱਧ ਦੇ ਕੈਰੀਅਰ ਵਿੱਚ ਉਨ੍ਹਾ ਨੇ ਆਪਣੇ ਪਤੀ ਦੇ ਨਿਰਦੇਸ਼ਨ ਹੇਠ ਕਈ ਸਫਲ ਨਾਟਕਾਂ ਜਿਵੇਂ ਕਣਕ ਦੀ ਬੱਲੀ, ਲੋਹਾ ਕੁੱਟ, ਚਮਕੌਰ ਦੀ ਗੜ੍ਹੀ, ਐਂਟੀਗੋਨ, ਨਸ਼ਾ ਕੁਰਸੀ ਦਾ, ਮੇਲਾ ਮੁੰਡੇ0ਕੁੜੀਆਂ ਦਾ, ਗਰਮ ਬਾਜ਼ਾਰ, ਲੌਂਗ ਦਾ ਲਿਸ਼ਕਾਰਾ ਅਤੇ ਦੀਵਾ ਬਲੇ ਸਾਰੀ ਰਾਤ ਵਿੱਚ ਮੁੱਖ ਭੂਮਿਕਾਵਾਂ ਨਿਭਾਈਆਂ, ਜਿਨ੍ਹਾਂ ਵਿੱਚੋਂ ਕੁਝ 'ਤੇ ਬਾਅਦ ਵਿੱਚ ਫਿਲਮਾਂ ਵੀ ਬਣੀਆਂ।

ਉਨ੍ਹਾ ਅਤੇ ਉਨ੍ਹਾ ਦੇ ਮਰਹੂਮ ਪਤੀ ਨੂੰ ਪੰਜਾਬ ਵਿੱਚ ਟਿਕਟ ਲਗਾ ਕੇ ਨਾਟਕ ਦੇਖਣ ਵਾਲੇ ਦਰਸ਼ਕਾਂ ਲਈ ਪੇਸ਼ੇਵਰ ਪੰਜਾਬੀ ਰੰਗਮੰਚ ਲਹਿਰ ਸਥਾਪਤ ਕਰਨ ਦਾ ਸਿਹਰਾ ਜਾਂਦਾ ਹੈ, ਜਦੋਂ

• ਬਾਕੀ ਸਫ਼ਾ 2 'ਤੇ

## ਸੀ ਪੀ ਆਈ ਨੇ ਹਿਮੰਤ ਬਿਸਵਾ ਖ਼ਿਲਾਫ਼ ਸੁਪਰੀਮ ਕੋਰਟ ਦਾ ਦਰਵਾਜ਼ਾ ਖਟਖਟਾਇਆ

**ਲੁਧਿਆਣਾ (ਐੱਮ ਐੱਸ ਭਾਟੀਆ)**

ਕਮਿਊਨਿਸਟ ਪਾਰਟੀ ਆਫ਼ ਇੰਡੀਆ (ਸੀ ਪੀ ਆਈ) ਦੇ ਕੌਮੀ ਸਕੱਤਰੇਤ ਨੇ ਬਿਆਨ ਜਾਰੀ ਕਰਕੇ ਕਿਹਾ ਹੈ ਕਿ ਪਾਰਟੀ ਨੇ ਆਪਣੀ ਕੌਮੀ ਸਕੱਤਰ ਐਨੀ ਰਾਜਾ ਰਾਹੀਂ ਅਸਾਮ ਦੇ ਮੁੱਖ ਮੰਤਰੀ ਹਿਮੰਤ ਬਿਸਵਾ ਸਰਮਾ ਦੇ ਮੁੜ-ਮੁੜ ਕੀਤੇ ਜਾ ਰਹੇ ਨਫ਼ਰਤੀ ਭਾਸ਼ਣਾਂ ਅਤੇ ਵਰਤਾਰੇ ਦੇ ਖ਼ਿਲਾਫ਼ ਤੁਰੰਤ ਨਿਆਂਇਕ ਦਖ਼ਲ ਦੀ ਮੰਗ ਕਰਦਿਆਂ ਭਾਰਤ ਦੀ ਸੁਪਰੀਮ ਕੋਰਟ ਵਿੱਚ ਅਰਜ਼ੀ ਦਾਇਰ ਕੀਤੀ ਹੈ। ਸੀ ਪੀ ਆਈ ਦਾ ਕਹਿਣਾ ਹੈ ਕਿ ਮੁੱਖ ਮੰਤਰੀ ਆਪਣੇ ਬਿਆਨਾਂ ਅਤੇ ਕਾਰਵਾਈਆਂ ਨਾਲ ਅਸਾਮ ਦੇ ਜਨਤਕ ਮਾਹੌਲ ਨੂੰ ਵਿਗਾੜ ਰਿਹਾ ਹੈ, ਫਿਰਕੂ ਤਣਾਅ ਨੂੰ ਵਧਾ ਰਿਹਾ ਹੈ ਅਤੇ ਬਰਾਬਰੀ, ਭਾਈਚਾਰੇ ਅਤੇ ਧਰਮ ਨਿਰਪੱਖਤਾ ਵਰਗੀਆਂ ਸੰਵਿਧਾਨਕ ਕਦਰਾਂ-ਕੀਮਤਾਂ ਨੂੰ ਖੋਖਲਾ ਕਰ ਰਿਹਾ ਹੈ। ਇਸ ਪਟੀਸ਼ਨ ਵਿੱਚ ਅਦਾਲਤ ਅੱਗੇ ਉਹ ਮਾਮਲੇ ਰੱਖੇ ਗਏ ਹਨ, ਜੋ ਇਹ ਦਰਸਾਉਂਦੇ ਹਨ ਕਿ ਸਰਕਾਰੀ ਅਹੁਦੇ ਦੀ ਗੰਭੀਰ ਦੁਰਵਰਤੋਂ ਕਰਕੇ ਪੱਖਪਾਤ ਅਤੇ ਘੱਟ ਗਿਣਤੀਆਂ, ਖ਼ਾਸ ਕਰਕੇ ਮੁਸਲਮਾਨਾਂ ਖ਼ਿਲਾਫ਼ ਵੈਰ-ਭਾਵ ਨੂੰ ਜਾਇਜ਼ ਠਹਿਰਾਇਆ ਜਾ ਰਿਹਾ ਹੈ। ਇਨ੍ਹਾਂ ਵਿੱਚ ਅਜਿਹੇ ਜਨਤਕ ਬਿਆਨ ਅਤੇ ਅਧਿਕਾਰਕ ਰਾਜਨੀਤਕ ਸੁਨੇਹੇ ਸ਼ਾਮਲ ਹਨ, ਜੋ ਘੱਟ ਗਿਣਤੀ ਭਾਈਚਾਰਿਆਂ ਨੂੰ ਨਿਸ਼ਾਨਾ ਬਣਾਉਂਦੇ ਹਨ, ਉਨ੍ਹਾਂ ਨੂੰ ਖ਼ਤਰੇ ਵਜੋਂ ਪੇਸ਼ ਕਰਦੇ ਹਨ। ਬਹੁਤ ਹੀ ਗੰਭੀਰ ਚਿੰਤਾ ਦਾ ਵਿਸ਼ਾ ਇੱਕ ਮਿਟਾਇਆ ਗਿਆ ਵੀਡੀਓ ਹੈ, ਜੋ ਅਧਿਕਾਰਕ ਰਾਜਨੀਤਕ ਪਲੇਟਫ਼ਾਰਮਾਂ ਤੋਂ ਫੈਲਾਇਆ ਗਿਆ ਸੀ ਅਤੇ ਜਿਸ ਨੇ ਨਫ਼ਰਤ ਫੈਲਾਉਣ ਅਤੇ ਹਿੰਸਾ ਭੜਕਾਉਣ ਦਾ ਇੱਕ ਖ਼ਤਰਨਾਕ ਨਵਾਂ ਸਾਧਨ ਪੇਸ਼ ਕੀਤਾ। ਸੂਬੇ ਦੇ ਸਭ ਤੋਂ ਉੱਚੇ ਕਾਰਜਕਾਰੀ ਅਧਿਕਾਰੀ ਵੱਲੋਂ ਕੀਤੇ ਜਾ ਰਹੇ ਅਜਿਹੇ ਕਾਰਨਾਮਿਆਂ ਨੇ ਸਮਾਜਿਕ ਸਾਂਝੀਵਾਲਤਾ ਵਿੱਚ ਫ਼ਿਰਕੂ ਜ਼ਹਿਰ ਘੋਲਣ ਨੂੰ ਬੜਾਵਾ ਦਿੱਤਾ ਹੈ ਅਤੇ ਅਜਿਹੀਆਂ ਸੰਸਥਾਗਤ ਪ੍ਰਥਾਵਾਂ ਨੂੰ ਉਤਸ਼ਾਹਤ ਕੀਤਾ ਹੈ, ਜੋ ਘੱਟ

• ਬਾਕੀ ਸਫ਼ਾ 2 'ਤੇ

## ਪੱਤਰਕਾਰਾਂ ਲਈ ਸੂਚਨਾ

'ਨਵਾਂ ਜ਼ਮਾਨਾ' ਦੇ ਜਿਨ੍ਹਾਂ ਪ੍ਰਤੀਨਿਧਾਂ ਦੇ ਸ਼ਨਾਖਤੀ ਕਾਰਡ ਦੀ ਮਿਆਦ 31 ਮਾਰਚ 2026 ਨੂੰ ਲੰਘ ਰਹੀ ਹੈ, ਉਨ੍ਹਾਂ ਨੂੰ ਅਪੀਲ ਕੀਤੀ ਜਾਂਦੀ ਹੈ ਕਿ ਉਹ ਆਪਣੇ ਕਾਰਡ 'ਨਵਾਂ ਜ਼ਮਾਨਾ' ਦਫਤਰ ਆ ਕੇ 31 ਮਾਰਚ ਤੋਂ ਪਹਿਲਾਂ-ਪਹਿਲਾਂ ਬਾਅਦ ਦੁਪਹਿਰ ਰੀਨਿਊ ਕਰਵਾਉਣ। ਪਿਛਲੇ ਸਾਲ ਦੀ ਅਧਿਕਾਰਤ ਪੱਤਰ ਦੀ ਕਾਪੀ ਨਾਲ ਲਿਆਉਣ।

-ਮੈਨੇਜਰ

## ਅੱਜ-ਨਾਮਾ

ਰਹਿ'ਗੀ ਸਾਲ ਕੁ ਦੂਰ ਜਦ ਚੋਣ ਅਗਲੀ,
ਹੋਈ ਪਈ ਜੰਗ ਬਿਆਨਾਂ ਦੀ ਤੇਜ਼ ਬੇਲੀ।
ਚਿੱਕੜ ਸੁੱਟਣ ਜਾਂ ਗਾਲ੍ਹਾਂ ਵੀ ਜਾਣ ਕੱਢੀ,
ਕਿਸੇ ਨਹੀਂ ਬਾਤ ਦਾ ਕੋਈ ਪ੍ਰਹੇਜ਼ ਬੇਲੀ।
ਇੱਕ ਬਿਆਨ ਵਿੱਚ ਤਿੱਖੇ ਆ ਦੋਸ਼ ਹੁੰਦੇ,
ਦੂਜਾ ਆਣ ਲਾਉਂਦਾ ਸਨਸਨੀਖੇਜ਼ ਬੇਲੀ।
ਭਾਸ਼ਾ ਨੀਵੀਂ ਤੋਂ ਜਾਂਦੀ ਫਿਰ ਹੋਈ ਨੀਵੀਂ,
ਰਿਹਾ ਨਾ ਬੋਲਣ ਦਾ ਸ਼ਬਦ ਬੰਧੇਜ ਬੇਲੀ।
ਅਗੇਤੀ ਜਿਹੋ ਜਿਹੀ ਜੰਗ ਆ ਸ਼ੁਰੂ ਹੋਈ,
ਸਿਆਸਤ ਹੋਈ ਹੈ ਬੁਰੀ ਬਦਨਾਮ ਬੇਲੀ।
ਪਿੱਛੋਂ ਤੋਲਣ ਦੇ ਬੋਲਣ ਅੱਜ ਕੌਣ ਜਾਣੇ,
ਸਭ ਦੀ ਲੱਥੀ ਜਿਉਂ ਪਈ ਲਗਾਮ ਬੇਲੀ।

-ਤੀਸ ਮਾਰ ਖਾਂ

## 'ਪ੍ਰਗਤੀਸ਼ੀਲ ਪੰਜਾਬ ਨਿਵੇਸ਼ ਸੰਮੇਲਨ' ਰੋਜ਼ਗਾਰ ਦੇ ਵੱਡੇ ਮੌਕੇ ਸਿਰਜੇਗਾ : ਮਾਨ



**ਚੰਡੀਗੜ੍ਹ (ਗੁਰਜੀਤ ਬਿੱਲਾ, ਕ੍ਰਿਸ਼ਨ ਗਰਗ)**

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਮੁਹਾਲੀ ਵਿਖੇ 13 ਤੋਂ 15 ਮਾਰਚ ਨੂੰ ਹੋ ਰਹੇ 'ਪ੍ਰਗਤੀਸ਼ੀਲ ਪੰਜਾਬ ਨਿਵੇਸ਼ ਸੰਮੇਲਨ' ਲਈ ਪ੍ਰਬੰਧਾਂ ਦਾ ਜਾਇਜ਼ਾ ਲੈਂਦਿਆਂ ਇਸ ਨੂੰ ਫੈਸਲਾਕੁੰਨ ਕਦਮ ਦੱਸਿਆ, ਜੋ ਸੂਬੇ ਵਿੱਚ ਉਦਯੋਗਿਕ ਵਿਕਾਸ ਨੂੰ ਬੁਲੰਦੀਆਂ 'ਤੇ ਪਹੁੰਚਾਏਗਾ।

ਉੱਚ ਪੱਧਰੀ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਪ੍ਰਗਤੀਸ਼ੀਲ ਪੰਜਾਬ ਨਿਵੇਸ਼ ਸੰਮੇਲਨ ਸੂਬੇ ਵਿੱਚ ਉਦਯੋਗਿਕ ਤਰੱਕੀ ਨੂੰ ਵੱਡਾ ਹੁਲਾਰਾ ਦੇਵੇਗਾ। ਪੰਜਾਬ ਪਹਿਲਾਂ ਹੀ ਆਲਮੀ ਪੱਧਰ 'ਤੇ ਨਿਵੇਸ਼ ਲਈ ਸਭ ਤੋਂ ਪਸੰਦੀਦਾ ਸਥਾਨ ਵਜੋਂ ਉੱਭਰਿਆ ਹੈ। ਉਨ੍ਹਾ ਕਿਹਾ, ਇਹ ਇਤਿਹਾਸਕ ਸੰਮੇਲਨ ਉਦਯੋਗਿਕ ਤਰੱਕੀ ਨੂੰ ਵੱਡਾ ਹੁਲਾਰਾ ਦੇਣ ਲਈ ਸੂਬੇ ਦੀ ਤਕਦੀਰ ਘੜਨ ਵਿੱਚ ਸਿਹਤਮੰਦ ਮੰਚ ਮੁਹੱਈਆ ਕਰਵਾਏਗਾ। ਮੁੱਖ ਮੰਤਰੀ ਨੇ ਕਿਹਾ, 'ਅੰਤਰਰਾਸ਼ਟਰੀ ਉਦਯੋਗਿਕ ਦਿੱਗਜ਼ਾਂ ਨਾਲ ਲੰਮੀ ਵਿਚਾਰ-ਚਰਚਾ ਤੋਂ ਬਾਅਦ ਸੂਬੇ ਦੀ ਸਨਅਤ ਲਈ ਉਦਯੋਗ-ਪੱਖੀ ਕਾਰਜ ਯੋਜਨਾ ਤਿਆਰ ਕਰਨ ਲਈ ਆਪਸੀ ਸਹਿਮਤੀ ਵਿਕਸਤ ਕੀਤੀ ਜਾਵੇਗੀ।' ਪੰਜਾਬੀਆਂ ਦੇ ਮੋਹਰੀ ਰਹਿਣ ਦੇ ਗੁਣਾਂ ਅਤੇ ਉੱਦਮੀ ਭਾਵਨਾ ਦੀ ਭਰਵੀਂ ਸ਼ਲਾਘਾ ਕਰਦਿਆਂ ਉਨ੍ਹਾ ਕਿਹਾ, 'ਪੰਜਾਬੀ ਆਪਣੀ ਹਿੰਮਤ ਅਤੇ ਕਾਬਲੀਅਤ ਨਾਲ ਦੁਨੀਆ ਵਿੱਚ ਕਿਤੇ ਵੀ ਅਚੰਭਾ ਕਰ ਸਕਦੇ ਹਨ।'

ਮਾਨ ਨੇ ਕਿਹਾ, 'ਇਹ ਸੰਮੇਲਨ 'ਪੰਜਾਬ ਮੀਨਜ਼ ਬਿਜ਼ਨਸ-ਪਾਲਿਸੀ-ਟੂ-ਪ੍ਰੈਕਟਿਸ' (ਪੰਜਾਬ ਮਤਲਬ ਕਾਰੋਬਾਰ-ਨੀਤੀ ਤੋਂ ਅਮਲ) ਦੇ ਵਿਸ਼ੇ 'ਤੇ ਆਧਾਰਤ ਹੋਵੇਗਾ। ਉਨ੍ਹਾ ਦੱਸਿਆ ਕਿ ਸੂਬਾ ਸਰਕਾਰ ਵੱਲੋਂ ਪਹਿਲਾਂ ਹੀ ਗੁਰੂਗ੍ਰਾਮ, ਨਵੀਂ ਦਿੱਲੀ, ਬੇਂਗਲੁਰੂ, ਹੈਦਰਾਬਾਦ, ਚੇਨਈ, ਮੁੰਬਈ ਅਤੇ ਜਾਪਾਨ, ਦੱਖਣੀ ਕੋਰੀਆ ਆਦਿ ਦੇਸ਼ਾਂ ਵਿੱਚ ਰੋਡ ਸ਼ੋਅ ਕੀਤੇ ਜਾ ਚੁੱਕੇ ਹਨ। ਉਨ੍ਹਾ ਅੱਗੇ ਕਿਹਾ, 'ਸੰਮੇਲਨ ਦੌਰਾਨ ਮੁੱਖ ਸੈਸ਼ਨਾਂ ਵਿੱਚ ਉਦਘਾਟਨ, ਸਮਾਪਤੀ, ਕੰਟਰੀ ਸੈਸ਼ਨ, ਪਲੇਨਰੀ, ਸੈਕਟਰਲ ਸੈਸ਼ਨ ਅਤੇ ਹੋਰ ਸ਼ਾਮਲ ਹੋਣਗੇ।' ਮਾਨ ਨੇ ਕਿਹਾ ਕਿ ਨਿਵੇਸ਼ਕ ਸੰਮੇਲਨ ਦੇਸ਼ ਭਰ ਵਿੱਚ ਵੱਧ ਤੋਂ ਵੱਧ ਰਿਆਇਤਾਂ ਦੀ ਪੇਸ਼ਕਸ਼ ਕਰਦੇ ਹੋਏ ਸੂਬੇ ਵਿੱਚ ਨਿਵੇਸ਼ ਦੇ ਮੌਕਿਆਂ ਲਈ ਮੰਚ ਪ੍ਰਦਾਨ ਕਰੇਗਾ। ਉਨ੍ਹਾਂ ਅੱਗੇ ਕਿਹਾ, 'ਪੰਜਾਬ ਸਰਕਾਰ ਨੂੰ ਇਸ ਵਿਆਪਕ ਸਮਾਗਮ ਵਿੱਚ ਹਿੱਸਾ ਲੈਣ ਲਈ ਨਾ ਸਿਰਫ਼ ਭਾਰਤ ਸਗੋਂ ਦੁਨੀਆ ਭਰ ਦੇ ਉਦਯੋਗਿਕ ਦਿੱਗਜ਼ਾਂ ਵੱਲੋਂ ਭਰਵਾਂ ਹੁੰਗਾਰਾ ਮਿਲਿਆ ਹੈ।' ਆਪਣੀ ਵਚਨਬੱਧਤਾ ਨੂੰ ਦੁਹਰਾਉਂਦੇ ਹੋਏ ਉਨ੍ਹਾਂ ਕਿਹਾ, 'ਸੂਬੇ ਦਾ ਮੁੱਖ ਆਧਾਰ ਖੇਤੀਬਾੜੀ ਖੇਤਰ ਪਹਿਲਾਂ ਹੀ ਚੁਣੌਤੀਆਂ ਨਾਲ ਜੂਝ ਰਿਹਾ ਹੈ ਅਤੇ ਕਮਜ਼ੋਰ ਹੋਈ ਆਰਥਿਕਤਾ ਨੂੰ ਮੁੜ ਸੁਰਜੀਤ ਕਰਨ ਲਈ ਵਿਆਪਕ ਉਦਯੋਗੀਕਰਨ ਹੀ ਇੱਕੋ-ਇੱਕ ਹੱਲ ਹੈ।'

ਉਨ੍ਹਾ ਕਿਹਾ, 'ਸੂਬਾ ਸਰਕਾਰ ਪੰਜਾਬ ਵਿੱਚ ਨਿਵੇਸ਼ ਅਤੇ ਉਦਯੋਗਿਕ ਬੁਨਿਆਦੀ ਢਾਂਚੇ ਨੂੰ ਹੁਲਾਰਾ ਦੇਣ ਲਈ ਵਚਨਬੱਧ ਹੈ ਅਤੇ ਸੂਬਾ ਸਰਕਾਰ ਦੇ ਯਤਨਾਂ ਸਦਕਾ ਹੁਣ ਤੱਕ 1.50 ਲੱਖ ਕਰੋੜ ਰੁਪਏ ਦੇ ਨਿਵੇਸ਼ ਪ੍ਰਸਤਾਵ ਪ੍ਰਾਪਤ ਹੋਏ ਹਨ, ਜਿਸ ਨਾਲ ਨੌਜਵਾਨਾਂ ਲਈ 5.20 ਲੱਖ ਨੌਕਰੀਆਂ ਦੇ ਮੌਕੇ ਪੈਦਾ ਹੋਣਗੇ।' ਉਨ੍ਹਾ ਕਿਹਾ ਕਿ ਦੇਸ਼ ਅਤੇ ਦੁਨੀਆ ਭਰ ਦੀਆਂ ਪ੍ਰਮੁੱਖ ਕੰਪਨੀਆਂ ਦੇ ਨੁਮਾਇੰਦੇ ਨਿਵੇਸ਼ ਨੂੰ ਮਜ਼ਬੂਤ ਕਰਨ ਲਈ ਸੂਬੇ ਵਿੱਚ ਕਰਵਾਏ ਜਾਣ ਵਾਲੇ ਇਸ ਮੈਗਾ ਈਵੈਂਟ ਵਿੱਚ ਸੰਭਾਵੀ ਤੌਰ 'ਤੇ ਸ਼ਾਮਲ ਹੋਣਗੇ। ਇਸ ਤੋਂ ਪਹਿਲਾਂ ਮੁੱਖ ਮੰਤਰੀ ਮਾਨ ਨੇ ਸੰਮੇਲਨ ਦਾ ਲੋਗੋ ਵੀ ਜਾਰੀ ਕੀਤਾ।

ਅੰਤਮ ਅਰਦਾਸ ਤੇ ਸ਼ਰਧਾਂਜਲੀ ਸਮਾਰੋਹ




ਜੇਹਾ ਚੀਰੀ ਲਿਖਿਆ ਤੇਹਾ ਹੁਕਮੁ ਕਮਾਹਿ॥
ਆਪ ਜੀ ਨੂੰ ਬਹੁਤ ਹੀ ਦੁਖੀ ਹਿਰਦੇ ਨਾਲ ਸੂਚਿਤ ਕੀਤਾ ਜਾਂਦਾ ਹੈ ਕਿ ਸਾਡੇ ਸਤਿਕਾਰਯੋਗ
ਮਾਸਟਰ ਜਸਬੀਰ ਸਿੰਘ
ਜੋ ਮਿਤੀ 04-02-2026 ਦਿਨ ਬੁੱਧਵਾਰ ਨੂੰ ਆਪਣੀ ਸੰਸਾਰਕ ਯਾਤਰਾ ਪੂਰੀ ਕਰਦੇ ਹੋਏ ਅਕਾਲ ਪੁਰਖ ਦੇ ਚਰਨਾਂ 'ਚ ਜਾ ਬਿਰਾਜੇ ਹਨ। ਉਹਨਾ ਦੀ ਆਤਮਿਕ ਸ਼ਾਂਤੀ ਲਈ ਰੱਖੇ ਅਖੰਡ ਪਾਠ ਦਾ ਭੋਗ ਤੇ ਅੰਤਿਮ ਅਰਦਾਸ **ਮਿਤੀ 13-02-2026 (ਸ਼ੁੱਕਰਵਾਰ) ਨੂੰ ਗੁਰਦੁਆਰਾ ਬਾਬਾ ਸ਼ੇਰ ਸਿੰਘ ਜੀ, ਨਿਜ਼ਾਮਪੁਰਾ (ਅੰਮ੍ਰਿਤਸਰ) ਵਿਖੇ ਦੁਪਹਿਰ 12 ਤੋਂ 1 ਵਜੇ ਤੱਕ ਹੋਵੇਗੀ।** ਆਪ ਜੀ ਨੂੰ ਬੇਨਤੀ ਹੈ ਕਿ ਇਸ ਦੁੱਖ ਦੀ ਘੜੀ ਵਿੱਚ ਸ਼ਾਮਲ ਹੋ ਕੇ ਵਿੱਛੜੀ ਰੂਹ ਨੂੰ ਸ਼ਰਧਾ ਦੇ ਫੁੱਲ ਭੇਟ ਕਰਨ ਦੀ ਕ੍ਰਿਪਾਲਤਾ ਕਰਨੀ।
ਵਾਹਿਗੁਰੂ ਜੀ ਦਾ ਭਾਣਾ ਮੰਨਦੇ ਹੋਏ
ਕਾਮਰੇਡ ਲਖਬੀਰ ਸਿੰਘ ਅਤੇ ਸਮੂਹ ਜੋਸਨ ਪਰਵਾਰ, 94179-56105

## ਡੇਰਾ ਬਿਆਸ ਦੇ ਮੁਖੀ ਨੇ ਰਾਣਾ ਗੁਰਮੀਤ ਸਿੰਘ ਸੋਢੀ ਨਾਲ ਕੀਤੀ ਮੁਲਾਕਾਤ



**ਫਿਰੋਜ਼ਪੁਰ (ਗੁਰਚਰਨ ਸਿੰਘ)**-ਡੇਰਾ ਬਿਆਸ ਦੇ ਮੁਖੀ ਅਤੇ ਸਮਾਜ ਸੁਧਾਰਕ ਗੁਰਿੰਦਰ ਸਿੰਘ ਢਿੱਲੋਂ ਨੇ ਮੰਗਲਵਾਰ ਨੂੰ ਭਾਜਪਾ ਦੇ ਰਾਸ਼ਟਰੀ ਕਾਰਜਕਾਰੀ ਮੈਂਬਰ ਅਤੇ ਸਾਬਕਾ ਕੈਬਨਿਟ ਮੰਤਰੀ ਰਾਣਾ ਗੁਰਮੀਤ ਸਿੰਘ ਸੋਢੀ ਦੇ ਨਿਵਾਸ ਸਥਾਨ 'ਤੇ ਪਹੁੰਚ ਕੇ ਸ਼ਿਸ਼ਟਾਚਾਰ ਮੁਲਾਕਾਤ ਕੀਤੀ।ਇਸ ਦੌਰਾਨ ਦੋਵਾਂ ਵਿਚਕਾਰ ਲਗਭਗ ਇੱਕ ਘੰਟੇ ਤੱਕ ਸਮਾਜਿਕ, ਧਾਰਮਿਕ ਮੁੱਦਿਆਂ 'ਤੇ ਵਿਚਾਰ-ਵਟਾਂਦਰਾ ਹੋਇਆ।ਰਾਣਾ ਗੁਰਮੀਤ ਸਿੰਘ ਸੋਢੀ ਨੇ ਆਪਣੇ ਨਿਵਾਸ 'ਤੇ ਪਹੁੰਚਣ 'ਤੇ ਗੁਰਿੰਦਰ ਸਿੰਘ ਢਿੱਲੋਂ ਦਾ ਸਵਾਗਤ ਕੀਤਾ।ਮੁਲਾਕਾਤ ਦੌਰਾਨ ਖ਼ਾਸ ਤੌਰ 'ਤੇ ਸੂਬੇ ਵਿਚ ਨਸ਼ੇ ਦੇ ਵਧਦੇ ਖ਼ਤਰੇ ਅਤੇ ਇਸ ਨਾਲ ਨਜਿੱਠਣ ਲਈ ਸਮਾਜ ਦੀ ਭੂਮਿਕਾ 'ਤੇ ਚਰਚਾ ਹੋਈ।ਰਾਣਾ ਸੋਢੀ ਨੇ ਕਿਹਾ ਕਿ ਗੁਰਿੰਦਰ ਸਿੰਘ ਢਿੱਲੋਂ ਵੱਲੋਂ ਰਾਜਪਾਲ ਦੀ ਅਗਵਾਈ ਵਿਚ ਕੱਢੀ ਗਈ ਪਦਯਾਤਰਾ ਵਿਚ ਸ਼ਾਮਲ ਹੋਣਾ ਇਕ ਇਤਿਹਾਸਕ ਪਹਿਲ ਹੈ, ਜਿਸ ਨਾਲ ਫਿਰੋਜ਼ਪੁਰ ਸਮੇਤ ਪੂਰੇ ਪੰਜਾਬ ਦੇ ਲੋਕਾਂ ਦਾ ਮਨੋਬਲ ਵਧਿਆ ਹੈ।ਉਨ੍ਹਾਂ ਕਿਹਾ ਕਿ ਬਾਬਾ ਗੁਰਿੰਦਰ ਸਿੰਘ ਢਿੱਲੋਂ ਪੈਦਲ ਚੱਲ ਕੇ ਆਪਣੀ ਸੰਗਤ ਅਤੇ ਆਮ ਜਨਤਾ ਨੂੰ ਨਸ਼ੇ ਦੇ ਖ਼ਿਲਾਫ਼ ਜਾਗਰੂਕ ਕਰਨ ਦਾ ਸੰਦੇਸ਼ ਬਹੁਤ ਹੀ ਪ੍ਰੇਰਣਾਦਾਇਕ ਹੈ। ਇਸ ਨਾਲ ਇਹ ਸਪਸ਼ਟ ਹੁੰਦਾ ਹੈ ਕਿ ਨਸ਼ੇ ਵਰਗੀ ਸਮਾਜਿਕ ਬੁਰਾਈ ਦੇ ਖ਼ਿਲਾਫ਼ ਹੁਣ ਪੂਰਾ ਸਮਾਜ ਇਕਜੁੱਟ ਹੋ ਰਿਹਾ ਹੈ।ਰਾਣਾ ਸੋਢੀ ਨੇ ਵਿਸ਼ਵਾਸ ਜਤਾਇਆ ਕਿ ਅਜਿਹੀਆਂ ਕੋਸ਼ਿਸ਼ਾਂ ਨਾਲ ਪੰਜਾਬ ਨੂੰ ਨਸ਼ਾ-ਮੁਕਤ ਬਣਾਉਣ ਵੱਲ ਠੋਸ ਕਦਮ ਚੁੱਕੇ ਜਾਣਗੇ।ਉਨ੍ਹਾਂ ਕਿਹਾ ਕਿ ਜਦੋਂ ਸਮਾਜ ਅਤੇ ਪ੍ਰਸ਼ਾਸਨ ਮਿਲ ਕੇ ਕਿਸੇ ਬੁਰਾਈ ਦੇ ਵਿਰੁੱਧ ਖੜ੍ਹੇ ਹੁੰਦੇ ਹਨ ਤਾਂ ਬਦਲਾਅ ਨਿਸ਼ਚਿਤ ਹੁੰਦਾ ਹੈ।

## ਉਮੰਗ ਵੈੱਲਫੇਅਰ ਫਾਊਂਡੇਸ਼ਨ ਵੱਲੋਂ ਸਰਕਾਰੀ ਸਕੂਲਾਂ ਦੇ ਵਿਦਿਆਰਥੀਆਂ ਲਈ ਮੁਫ਼ਤ ਆਨਲਾਈਨ ਸਿੱਖਿਆ ਦਾ ਉਪਰਾਲਾ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਪਟਿਆਲਾ ਸ਼ਹਿਰ ਵਿੱਚ ਸਮਾਜਿਕ ਭਲਾਈ ਦੇ ਖੇਤਰ ਵਿੱਚ ਸਰਗਰਮ ਉਮੰਗ ਵੈੱਲਫੇਅਰ ਫਾਊਂਡੇਸ਼ਨ ਵੱਲੋਂ ਸਰਕਾਰੀ ਸਕੂਲਾਂ ਵਿੱਚ ਪੜ੍ਹ ਰਹੇ ਵਿਦਿਆਰਥੀਆਂ ਲਈ ਮੁਫ਼ਤ ਆਨਲਾਈਨ ਸਿੱਖਿਆ ਦਾ ਇੱਕ ਮਹੱਤਵਪੂਰਨ ਤੇ ਸ਼ਲਾਘਾਯੋਗ ਉਪਰਾਲਾ ਸ਼ੁਰੂ ਕੀਤਾ ਗਿਆ ਹੈ।ਇਸ ਯੋਜਨਾ ਦਾ ਮੁੱਖ ਉਦੇਸ਼ ਆਰਥਿਕ ਤੌਰ 'ਤੇ ਕਮਜ਼ੋਰ ਅਤੇ ਪੜ੍ਹਾਈ ਵਿੱਚ ਪਿੱਛੇ ਰਹਿ ਗਏ ਵਿਦਿਆਰਥੀਆਂ ਨੂੰ ਸਹੀ ਮਾਰਗਦਰਸ਼ਨ ਦੇ ਕੇ ਉਨ੍ਹਾਂ ਨੂੰ ਸਿੱਖਿਆ ਦੇ ਖੇਤਰ ਵਿੱਚ ਅੱਗੇ ਵਧਣ ਲਈ ਪ੍ਰੇਰਿਤ ਕਰਨਾ ਹੈ, ਤਾਂ ਜੁ ਉਹ ਆਪਣੀ ਯੋਗਤਾ ਅਨੁਸਾਰ ਚੰਗਾ ਪ੍ਰਦਰਸ਼ਨ ਕਰ ਸਕਣ।ਉਮੰਗ ਫਾਊਂਡੇਸ਼ਨ ਦੇ ਪ੍ਰਧਾਨ ਅਰਵਿੰਦਰ ਸਿੰਘ ਨੇ ਦੱਸਿਆ ਕਿ ਉਮੰਗ ਵੈਲਫੇਅਰ ਫਾਊਂਡੇਸ਼ਨ ਪਿਛਲੇ ਕਈ ਸਾਲਾਂ ਤੋਂ ਸਮਾਜਿਕ ਸੇਵਾ, ਸਿੱਖਿਆ, ਸਾਈਬਰ ਸਕਿਊਰਟੀ ਸੈਮੀਨਾਰ, ਰੁੱਖ ਲਾਉਣ ਅਤੇ ਜਾਗਰੂਕਤਾ ਮੁਹਿੰਮਾਂ ਵਰਗੇ ਕਈ ਲੋਕ-ਹਿਤੈਸ਼ੀ ਕਾਰਜ ਸਫਲਤਾਪੂਰਵਕ ਕਰ ਰਹੀ ਹੈ।ਉਨ੍ਹਾਂ ਕਿਹਾ ਕਿ ਸੰਸਥਾ ਹਮੇਸ਼ਾ ਸਮਾਜ ਦੇ ਕਮਜ਼ੋਰ ਵਰਗ ਦੀ ਮਦਦ ਲਈ ਅੱਗੇ ਆਉਂਦੀ ਰਹੀ ਹੈ। ਇਸੇ ਸੋਚ ਦੇ ਤਹਿਤ ਹੁਣ ਇਹ ਮੁਫ਼ਤ ਆਨਲਾਈਨ ਕੋਚਿੰਗ ਸ਼ੁਰੂ ਕੀਤੀ ਗਈ ਹੈ।ਉਨ੍ਹਾਂ ਦੱਸਿਆ ਕਿ ਅੱਜ ਦੇ ਸਮੇਂ ਵਿੱਚ ਬਹੁਤ ਸਾਰੇ ਵਿਦਿਆਰਥੀ ਅਜਿਹੇ ਹਨ, ਜੋ ਸਹੀ ਮਾਰਗਦਰਸ਼ਨ, ਵਾਧੂ ਸਹਾਇਤਾ ਅਤੇ ਕੋਚਿੰਗ ਦੀ ਘਾਟ ਕਾਰਨ ਪੜ੍ਹਾਈ ਵਿੱਚ ਪਿੱਛੇ ਰਹਿ ਜਾਂਦੇ ਹਨ।ਇਹ ਉਪਰਾਲਾ ਉਨ੍ਹਾਂ ਲਈ ਇੱਕ ਨਵੀਂ ਆਸ ਦੀ ਕਿਰਨ ਸਾਬਤ ਹੋ ਰਿਹਾ ਹੈ।

ਇਸ ਯੋਜਨਾ ਤਹਿਤ ਸੰਸਥਾ ਦੇ ਕੋਆਰਡੀਨੇਟਰ ਡਾ. ਗਗਨਪ੍ਰੀਤ ਕੌਰ ਵੱਲੋਂ ਗਣਿਤ ਤੇ ਸਾਇੰਸ ਵਰਗੇ ਮਹੱਤਵਪੂਰਨ ਵਿਸ਼ਿਆਂ ਵਿੱਚ ਵਿਦਿਆਰਥੀਆਂ ਨੂੰ ਆਨਲਾਈਨ ਮਾਧਿਅਮ ਰਾਹੀਂ ਵਿਸ਼ੇਸ਼ ਤਿਆਰੀ ਕਰਵਾਈ ਜਾ ਰਹੀ ਹੈ।ਉਨ੍ਹਾਂ ਵੱਲੋਂ ਵਿਦਿਆਰਥੀਆਂ ਨੂੰ ਸੌਖੀ ਅਤੇ ਸਮਝਣਯੋਗ ਭਾਸ਼ਾ ਵਿੱਚ ਪਾਠ ਪੜ੍ਹਾਇਆ ਜਾਂਦਾ ਹੈ, ਤਾਂ ਜੁ ਹਰ ਬੱਚਾ ਵਿਸ਼ੇ ਨੂੰ ਅਸਾਨੀ ਨਾਲ ਸਮਝ ਸਕੇ।ਡਾ. ਗਗਨਪ੍ਰੀਤ ਕੌਰ ਨੇ ਦੱਸਿਆ ਕਿ ਆਨਲਾਈਨ ਕਲਾਸਾਂ ਦੌਰਾਨ ਵਿਦਿਆਰਥੀਆਂ ਦੀਆਂ ਬੁਨਿਆਦੀ ਸਮੱਸਿਆਵਾਂ 'ਤੇ ਖ਼ਾਸ ਧਿਆਨ ਦਿੱਤਾ ਜਾਂਦਾ ਹੈ।ਉਨ੍ਹਾਂ ਦੀਆਂ ਗਲਤੀਆਂ ਨੂੰ ਸਮਝਾ ਕੇ ਠੀਕ ਕਰਾਇਆ ਜਾਂਦਾ ਹੈ ਤੇ ਨਿਯਮਤ ਅਭਿਆਸ ਰਾਹੀਂ ਉਨ੍ਹਾਂ ਦੀ ਤਿਆਰੀ ਨੂੰ ਮਜ਼ਬੂਤ ਕੀਤਾ ਜਾਂਦਾ ਹੈ।ਇਸ ਨਾਲ ਵਿਦਿਆਰਥੀਆਂ ਦਾ ਆਤਮ-ਵਿਸ਼ਵਾਸ ਵਧ ਰਿਹਾ ਹੈ ਤੇ ਉਹ ਪੜ੍ਹਾਈ ਪ੍ਰਤੀ ਹੋਰ ਰੁਚੀ ਲੈ ਰਹੇ ਹਨ।ਅੰਤ ਫਾਊਂਡੇਸ਼ਨ ਦੇ ਪ੍ਰਧਾਨ ਅਰਵਿੰਦਰ ਸਿੰਘ ਨੇ ਦੱਸਿਆ ਕਿ ਆਉਣ ਵਾਲੇ ਸਮੇਂ ਵਿੱਚ ਇਸ ਉਪਰਾਲੇ ਨੂੰ ਹੋਰ ਵੱਡੇ ਪੱਧਰ 'ਤੇ ਫੈਲਾਇਆ ਜਾਵੇਗਾ, ਤਾਂ ਜੁ ਵੱਧ ਤੋਂ ਵੱਧ ਲੋੜਵੰਦ ਵਿਦਿਆਰਥੀ ਮੁਫ਼ਤ ਆਨਲਾਈਨ ਸਿੱਖਿਆ ਦਾ ਲਾਭ ਲੈ ਸਕਣ ਤੇ ਭਵਿੱਖ ਸੰਵਾਰ ਸਕਣ।

## ਅਪ੍ਰੇਸ਼ਨ ਪ੍ਰਹਾਰ ਤਹਿਤ 60 ਤੋਂ ਵੱਧ ਅਪਰਾਧੀ ਕਾਬੂ

**ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਸੂਬੇ 'ਚੋਂ ਨਸ਼ਿਆਂ ਤੇ ਗੈਂਗਸਟਰਾਂ ਦਾ ਖ਼ਾਤਮਾ ਕਰਨ ਦੇ ਮੰਤਵ ਨਾਲ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਤੇ ਡਾਇਰੈਕਟਰ ਜਨਰਲ ਪੰਜਾਬ ਪੁਲਿਸ ਗੌਰਵ ਯਾਦਵ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਜ਼ਿਲ੍ਹਾ ਪੁਲਿਸ ਵੱਲੋਂ ਸ਼ੁਰੂ ਕੀਤੇ ਗਏ ਅਪ੍ਰੇਸ਼ਨ ਪ੍ਰਹਾਰ 2.0 ਦੇ ਦੂਜੇ ਦਿਨ ਪੁਲਿਸ ਟੀਮਾਂ ਵੱਲੋਂ ਵੱਖ-ਵੱਖ ਥਾਵਾਂ 'ਤੇ ਛਾਪੇਮਾਰੀ ਕਰਕੇ ਅਪਰਾਧਿਕ ਮਾਮਲਿਆਂ ਵਿੱਚ ਲੋੜੀਂਦੇ ਅਤੇ ਸ਼ੱਕੀ 60 ਤੋਂ ਵੱਧ ਦੋਸ਼ੀਆਂ ਨੂੰ ਕਾਬੂ ਕੀਤਾ ਗਿਆ ਹੈ।ਇਹ ਜਾਣਕਾਰੀ ਜ਼ਿਲ੍ਹਾ ਪੁਲਿਸ ਮੁਖੀ ਸ੍ਰੀ ਸ਼ੁਭਮ ਅਗਰਵਾਲ ਨੇ ਦਿੱਤੀ।ਜ਼ਿਲ੍ਹਾ ਪੁਲਿਸ ਮੁਖੀ ਨੇ ਕਿਹਾ ਹੈ ਕਿ ਜੋ ਨੌਜਵਾਨ ਗਲਤ ਰਸਤੇ 'ਤੇ ਹਨ, ਉਨ੍ਹਾਂ ਨੂੰ ਆਤਮ-ਸਮਰਪਣ ਕਰਨ ਦਾ ਮੌਕਾ ਦਿੱਤਾ ਜਾਵੇਗਾ, ਪਰ ਅਪਰਾਧੀਆਂ ਨੂੰ ਬਖ਼ਸ਼ਿਆ ਨਹੀਂ ਜਾਵੇਗਾ।ਉਨ੍ਹਾਂ ਕਿਹਾ ਕਿ ਪੁਲਿਸ ਵੱਲੋਂ ਅਪਰਾਧੀਆਂ ਦੇ ਨਾਲ-ਨਾਲ ਉਨ੍ਹਾਂ ਦੇ ਮਦਦਗਾਰਾਂ ਤੇ ਕਰੀਬੀਆਂ ਦੀਆਂ ਸੂਚੀਆਂ ਵੀ ਤਿਆਰ ਕੀਤੀਆਂ ਗਈਆਂ ਹਨ।ਸ਼ਹਿਰ ਦੇ ਅਜਿਹੇ 'ਹੌਟ ਸਪਾਟ' ਇਲਾਕਿਆਂ ਦੀ ਨਿਸ਼ਾਨਦੇਹੀ ਕਰਕੇ ਛਾਪੇਮਾਰੀ ਕੀਤੀ ਜਾ ਰਹੀ ਹੈ।ਉਨ੍ਹਾਂ ਕਿਹਾ ਕਿ ਸੋਸ਼ਲ ਮੀਡੀਆ ਰਾਹੀਂ ਅਪਰਾਧ ਨੂੰ ਉਤਸ਼ਾਹਤ ਕਰਨ ਵਾਲਿਆਂ 'ਤੇ ਵੀ ਤਿੱਖੀ ਨਜ਼ਰ ਰੱਖੀ ਜਾ ਰਹੀ ਹੈ ਤਾਂ ਜੁ ਕੋਈ ਵੀ ਗੁੰਮਰਾਹਕੁੰਨ ਜਾਣਕਾਰੀ ਨਾ ਫੈਲਾ ਸਕੇ।


## ਰਿਜਨਲ ਸੈਂਟਰ ਸਰਹਾਲੀ ਵੱਲੋਂ ਨਸ਼ਾ ਵਿਰੋਧੀ ਜਾਗਰੂਕਤਾ ਮਾਰਚ





**ਸਮਾਣਾ (ਗੁਰਪਿਆਰ ਸਿੰਘ ਬੱਲ)**-ਜਗਤ ਗੁਰੂ ਨਾਨਕ ਦੇਵ ਪੰਜਾਬ ਸਟੇਟ ਓਪਨ ਯੂਨੀਵਰਸਿਟੀ ਪਟਿਆਲਾ ਵੱਲੋਂ ਨੌਜਵਾਨਾਂ ਵਿੱਚ ਸਿਹਤਮੰਦ ਅਤੇ ਸਕਾਰਾਤਮਕ ਜੀਵਨ ਸ਼ੈਲੀ ਨੂੰ ਉਤਸ਼ਾਹਤ ਕਰਨ ਲਈ ਗੁਰੂ ਗੋਬਿੰਦ ਸਿੰਘ ਖ਼ਾਲਸਾ ਕਾਲਜ ਸਰਹਾਲੀ ਸਥਿਤ ਯੂਨੀਵਰਸਿਟੀ ਦੇ ਰੀਜਨਲ ਸੈਂਟਰ ਵਿਖੇ ਨਸ਼ਿਆਂ ਵਿਰੁੱਧ ਇੱਕ ਪ੍ਰਭਾਵਸ਼ਾਲੀ ਜਾਗਰੂਕਤਾ ਮਾਰਚ ਕੱਢਿਆ ਗਿਆ।ਇਹ ਸਮਾਗਮ ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਅਤੇ ਵਾਈਸ-ਚਾਂਸਲਰ ਪ੍ਰੋ. (ਡਾ.) ਰਤਨ ਸਿੰਘ ਦੀ ਅਗਵਾਈ ਹੇਠ ਕਰਵਾਇਆ ਗਿਆ।ਇਸ ਮਾਰਚ ਵਿੱਚ ਯੂਨੀਵਰਸਿਟੀ ਅਤੇ ਰੀਜਨਲ ਸੈਂਟਰ ਦੇ 200 ਤੋਂ ਵੱਧ ਵਿਦਿਆਰਥੀਆਂ ਨੇ ਪੂਰੇ ਉਤਸ਼ਾਹ ਨਾਲ ਹਿੱਸਾ ਲਿਆ।ਆਪਣੇ ਸੰਬੋਧਨ ਵਿੱਚ ਗੁਲਾਬ ਚੰਦ ਕਟਾਰੀਆ ਨੇ ਨੌਜਵਾਨਾਂ ਦੇ ਭਵਿੱਖ ਨੂੰ ਸੁਰੱਖਿਅਤ ਰੱਖਣ ਲਈ ਸੂਬਾ ਸਰਕਾਰ ਅਤੇ ਯੂਨੀਵਰਸਿਟੀ ਦੀ ਵਚਨਬੱਧਤਾ 'ਤੇ ਜ਼ੋਰ ਦਿੱਤਾ।ਉਨ੍ਹਾਂ ਕਿਹਾ, ਪੰਜਾਬ ਦੇ ਸਰਵਪੱਖੀ ਵਿਕਾਸ ਅਤੇ ਤਰੱਕੀ ਲਈ ਨਸ਼ਾ ਮੁਕਤ ਵਾਤਾਵਰਣ ਬਹੁਤ ਜ਼ਰੂਰੀ ਹੈ।ਵਾਈਸ-ਚਾਂਸਲਰ ਪ੍ਰੋ. (ਡਾ.) ਰਤਨ ਸਿੰਘ ਨੇ ਕਿਹਾ ਕਿ ਯੂਨੀਵਰਸਿਟੀ ਦਾ ਉਦੇਸ਼ ਸਿਰਫ਼ ਸਿੱਖਿਆ ਤੱਕ ਸੀਮਤ ਨਹੀਂ ਹੈ, ਸਗੋਂ ਨਸ਼ਿਆਂ ਦਾ ਮੁਕੰਮਲ ਖ਼ਾਤਮਾ ਕਰਨਾ ਵੀ ਹੈ।ਇਸ ਮੌਕੇ ਯੂਨੀਵਰਸਿਟੀ ਦੇ ਨੁਮਾਇੰਦਿਆਂ ਡਾ. ਅਮਰਜੀਤ ਸਿੰਘ ਤੇ ਡਾ. ਰਵਿੰਦਰ ਸਿੰਘ ਅਤੇ ਰੀਜਨਲ ਸੈਂਟਰ ਸਰਹਾਲੀ ਦੇ ਫੈਕਲਟੀ ਮੈਂਬਰਾਂ ਨੇ ਵਿਦਿਆਰਥੀਆਂ ਦੇ ਨਾਲ ਮਿਲ ਕੇ ਇੱਕ ਸੁਰੱਖਿਅਤ ਅਤੇ ਨਸ਼ਾ ਮੁਕਤ ਅਕਾਦਮਿਕ ਅਤੇ ਸਮਾਜਿਕ ਵਾਤਾਵਰਣ ਬਣਾਉਣ ਦਾ ਪ੍ਰਣ ਲਿਆ।ਜੀ.ਜੀ.ਐੱਸ. ਖ਼ਾਲਸਾ ਕਾਲਜ ਦੇ ਪ੍ਰਿੰਸੀਪਲ ਡਾ. ਜਸਬੀਰ ਸਿੰਘ ਨੇ ਮਾਰਚ ਦੇ ਉਦੇਸ਼ਾਂ 'ਤੇ ਚਾਨਣਾ ਪਾਇਆ ਅਤੇ ਇੱਕ ਜ਼ਿੰਮੇਵਾਰ ਤੇ ਨਸ਼ਾ ਮੁਕਤ ਸਮਾਜ ਦੀ ਲੋੜ 'ਤੇ ਜ਼ੋਰ ਦਿੱਤਾ।

## ਤੇਲ ਬੀਜ ਫ਼ਸਲਾਂ ਬਾਰੇ ਕਿਸਾਨ ਜਾਗਰੂਕਤਾ ਕੈਂਪ ਲਾਇਆ



**ਮਹਿਲ ਕਲਾਂ (ਬਲਵਿੰਦਰ ਵਜੀਦਕੇ, ਪ੍ਰਦੀਪ ਲੋਹਗੜ੍ਹ)**-ਖੇਤੀਬਾੜੀ ਤੇ ਕਿਸਾਨ ਭਲਾਈ ਵਿਭਾਗ ਵੱਲੋਂ ਮੁੱਖ ਖੇਤੀਬਾੜੀ ਅਫ਼ਸਰ ਬਰਨਾਲਾ ਡਾ. ਅੰਮ੍ਰਿਤਪਾਲ ਸਿੰਘ ਦੇ ਦਿਸ਼ਾ-ਨਿਰਦੇਸ਼ਾਂ ਹੇਠ ਤੇ ਬਲਾਕ ਖੇਤੀਬਾੜੀ ਅਫ਼ਸਰ ਡਾ. ਹਰਮਨਦੀਪ ਸਿੰਘ ਦੀ ਅਗਵਾਈ ਹੇਠ ਪਿੰਡ ਛਾਪਾ ਵਿਖੇ ਐਨ.ਐਲ.ਐਮ.ਈ.ਓ-ਆਇਲਸੀਡਜ਼ ਸਕੀਮ ਤਹਿਤ ਤੇਲ ਬੀਜ ਫ਼ਸਲਾਂ ਬਾਰੇ ਕਿਸਾਨ ਸਿਖਲਾਈ ਕੈਂਪ ਲਾਇਆ ਗਿਆ।ਕੈਂਪ ਦੌਰਾਨ ਕਿਸਾਨਾਂ ਨੂੰ ਸਰੋਂ ਸਮੇਤ ਹੋਰ ਤੇਲ ਬੀਜ ਫ਼ਸਲਾਂ ਦੀ ਉੱਚ ਪੈਦਾਵਾਰ ਲਈ ਵਿਗਿਆਨਕ ਤਰੀਕਿਆਂ ਤੇ ਬਿਮਾਰੀਆਂ ਦੇ ਪ੍ਰਭਾਵਸ਼ਾਲੀ ਨਿਯੰਤਰਣ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ ਗਈ।ਬਲਾਕ ਤਕਨੀਕੀ ਮੈਨੇਜਰ ਸਨਵਿੰਦਰਪਾਲ ਸਿੰਘ ਬਰਾੜ ਨੇ ਕਿਸਾਨਾਂ ਨੂੰ ਕੀੜੇ-ਮਕੌੜਿਆਂ ਅਤੇ ਬਿਮਾਰੀਆਂ ਦੀ ਪਛਾਣ ਤੇ ਰੋਕਥਾਮ ਦੇ ਢੰਗ ਸਮਝਾਉਂਦੇ ਹੋਏ ਜ਼ਮੀਨ ਦੀ ਉਪਜਾਊ ਸ਼ਕਤੀ ਵਧਾਉਣ ਲਈ ਰੂੜੀ ਖਾਦ, ਹਰੀ ਖਾਦ ਤੇ ਪਰਾਲੀ ਨੂੰ ਖੇਤ ਵਿੱਚ ਹੀ ਸੰਭਾਲਣ 'ਤੇ ਜ਼ੋਰ ਦਿੱਤਾ।ਸਹਿਕਾਰੀ ਸਭਾ ਦੇ ਸੈਕਟਰੀ ਨਰਿੰਦਰ ਸਿੰਘ ਨੇ ਸਰੋਂ ਦੀ ਪ੍ਰੋਸੈਸਿੰਗ ਤੇ ਘਰੇਲੂ ਵਰਤੋਂ ਵਾਲੀਆਂ ਖਾਣ ਪਦਾਰਥਾਂ ਨੂੰ ਆਪਣੇ ਖੇਤਾਂ ਵਿੱਚ ਜੈਵਿਕ ਤਰੀਕੇ ਨਾਲ ਉਗਾਉਣ ਲਈ ਪ੍ਰੇਰਿਤ ਕੀਤਾ।ਖੇਤੀ ਉਪ ਨਿਰੀਖਕ ਹਰਪਾਲ ਸਿੰਘ ਨੇ ਨੌਜਵਾਨ ਵਰਗ ਨੂੰ ਖੇਤੀਬਾੜੀ ਸਹਾਇਕ ਧੰਦੇ ਜਿਵੇਂ ਬੱਕਰੀ ਪਾਲਨ ਤੇ ਡੇਅਰੀ ਪਾਲਣ ਅਪਣਾਉਣ ਦੀ ਸਲਾਹ ਦਿੱਤੀ।ਏ.ਟੀ.ਐੱਮ. ਕੁਲਵੀਰ ਸਿੰਘ ਨੇ ਮਸ਼ੀਨਰੀ ਦੀ ਸੁਚੱਜੀ ਵਰਤੋਂ ਤੇ ਖੇਤੀ ਮਾਹਿਰਾਂ ਦੀਆਂ ਸਿਫ਼ਾਰਸ਼ਾਂ ਅਨੁਸਾਰ ਖੇਤੀ ਕਰਨ ਲਈ ਉਤਸ਼ਾਹਤ ਕਰਦਿਆਂ ਬਲਾਕ ਵਿੱਚ ਉਪਲਬਧ ਮਸ਼ੀਨਰੀ ਬਾਰੇ ਜਾਣਕਾਰੀ ਸਾਂਝੀ ਕੀਤੀ।ਉੱਦਮੀ ਸਰਪੰਚ ਗੁਰਦੀਪ ਸਿੰਘ ਬਾਬਾ ਨੇ ਆਪਣੇ ਤਜਰਬੇ ਸਾਂਝੇ ਕਰਦੇ ਹੋਏ ਖੇਤੀਬਾੜੀ ਵਿਭਾਗ ਦਾ ਧੰਨਵਾਦ ਕਰਦਿਆ ਕਿਸਾਨਾਂ ਨੂੰ ਨਵੀਂ ਤਕਨਾਲੋਜੀ ਅਪਣਾਉਣ ਦੀ ਅਪੀਲ ਕੀਤੀ।

## ਬਾਬਾ ਫਰੀਦ ਲਾਅ ਕਾਲਜ ਦੇ ਵਿਦਿਆਰਥੀਆਂ ਦੀ ਯੂਥ ਪਾਰਲੀਮੈਂਟ 'ਚ ਝੰਡੀ



**ਫ਼ਰੀਦਕੋਟ (ਗੁਰਪ੍ਰੀਤ ਸਿੰਘ ਬੇਦੀ)**-ਬਾਬਾ ਫ਼ਰੀਦ ਲਾਅ ਕਾਲਜ ਵਿੱਚ ਸਵ. ਸ. ਇੰਦਰਜੀਤ ਸਿੰਘ ਖ਼ਾਲਸਾ ਦੀ ਅਗਾਂਹਵਧੂ ਸੋਚ ਨੂੰ ਅੱਗੇ ਵਧਾਉਂਦੇ ਹੋਏ ਸਿਮਰਜੀਤ ਸਿੰਘ ਸੇਖੋਂ ਜੀ ਦੀ ਰਹਿਨੁਮਾਈ ਤੇ ਪ੍ਰਿੰਸੀਪਲ ਡਾ. ਪੰਕਜ ਕੁਮਾਰ ਗਰਗ ਦੀ ਅਗਵਾਈ ਹੇਠ ਕਾਲਜ ਦੇ ਵਿਦਿਆਰਥੀਆਂ ਨੇ ਸੀ.ਜੀ.ਸੀ. ਮੋਹਾਲੀ ਵਿੱਚ ਕਰਾਏ ਗਏ ਯੂਥ ਪਾਰਲੀਮੈਂਟ ਵਿੱਚ ਭਾਗ ਲਿਆ।ਇਸ ਦੌਰਾਨ ਕਾਲਜ ਦੇ ਵਿਦਿਆਰਥੀ ਦਿਲਜੀਤ ਸਿੰਘ (ਬੀ.ਏ.ਐਲ.ਐਲ.ਬੀ ਭਾਗ-ਤੀਜਾ) ਨੇ ਬੈੱਸਟ ਪਾਰਲੀਮੈਂਟੇਰੀਅਨ ਵਜੋਂ ਪਹਿਲਾ ਸਥਾਨ ਹਾਸਲ ਕੀਤਾ।ਇਸ ਤਰ੍ਹਾਂ ਗੁਰਕਮਲ ਸਿੰਘ ਤੇ ਸਿਮਰਨਜੋਤ ਸਿੰਘ ਨੇ ਵੀ ਭਾਗ ਲਿਆ। ਵਿਦਿਆਰਥੀਆਂ ਦੇ ਕਾਲਜ ਵਿਖੇ ਪਹੁੰਚਣ 'ਤੇ ਕਾਲਜ ਦੇ ਪ੍ਰਿੰਸੀਪਲ ਡਾ. ਪੰਕਜ ਕੁਮਾਰ ਗਰਗ ਨੇ ਜੇਤੂ ਵਿਦਿਆਰਥੀਆਂ ਨੂੰ ਵਧਾਈਆਂ ਦਿੱਤੀਆਂ।ਉਨ੍ਹਾਂ ਕਿਹਾ ਕਿ ਇਸ ਤਰ੍ਹਾਂ ਦੇ ਕੰਪੀਟੀਸ਼ਨਾਂ ਨਾਲ ਵਿਦਿਆਰਥੀਆਂ ਵਿੱਚ ਆਤਮ ਵਿਸ਼ਵਾਸ ਵਧਦਾ ਹੈ ਅਤੇ ਅੱਗੇ ਵਧਣ ਲਈ ਹੌਸਲਾ ਮਿਲਦਾ ਹੈ।

## ਐੱਸ ਐੱਚ ਓ ਵੱਲੋਂ ਮੈਡੀਕਲ ਐਸਸੀਏਸ਼ਨ ਦੇ ਅਹੁਦੇਦਾਰਾਂ ਤੇ ਪੀ ਸੀ ਆਰ ਮੁਲਾਜ਼ਮਾਂ ਨਾਲ ਮੀਟਿੰਗ



**ਗਿੱਦੜਬਾਹਾ (ਜਸਵੰਤ ਗਿੱਲ ਛੱਤਿਆਣਾ)**-ਐਸਐਚਓ ਹਰਗੋਬਿੰਦ ਸਿੰਘ ਮਾਨ ਵੱਲੋਂ ਗਿੱਦੜਬਾਹਾ ਮੈਡੀਕਲ ਐਸਸੀਏਸ਼ਨ ਦੇ ਅਹੁਦੇਦਾਰਾਂ ਤੇ ਪੀਸੀਆਰ ਮੁਲਾਜ਼ਮਾਂ ਨਾਲ ਮੀਟਿੰਗ ਕੀਤੀ ਗਈ। ਐਸਐਚਓ ਹਰਗੋਬਿੰਦ ਸਿੰਘ ਮਾਨ ਨੇ ਦੱਸਿਆ ਕਿ ਇਸ ਸਮੇਂ ਸ਼ਹਿਰ ਅੰਦਰ ਪੀਸੀਆਰ ਦੀਆਂ 6 ਟੀਮਾਂ ਅਤੇ 19 ਮੁਲਾਜ਼ਮ ਤੈਨਾਤ ਹਨ।ਉਨ੍ਹਾਂ ਦੱਸਿਆ ਕਿ ਸ਼ਹਿਰ ਨੂੰ ਤਿੰਨ ਜ਼ੋਨਾਂ ਵਿੱਚ ਵੰਡਿਆ ਗਿਆ ਹੈ ਤੇ ਇਨ੍ਹਾਂ ਵਿੱਚ ਤਿੰਨ ਟੀਮਾਂ ਦਿਨ ਵੇਲੇ ਤੇ ਤਿੰਨ ਟੀਮਾਂ ਰਾਤ ਵੇਲੇ ਨਿਗਰਾਨੀ ਕਰਦੀਆਂ ਹਨ।ਉਨ੍ਹਾਂ ਦੱਸਿਆ ਕਿ ਕੋਈ ਵੀ ਅਣਸੁਖਾਵੀਂ ਘਟਨਾ ਨੂੰ ਰੋਕਣ ਲਈ ਪੀਸੀਆਰ ਮੁਲਾਜ਼ਮ ਦਿਨ-ਰਾਤ ਮਿਹਨਤ ਕਰ ਰਹੇ ਹਨ।ਨਾਲ ਹੀ ਉਨ੍ਹਾਂ ਦੱਸਿਆ ਕਿ ਸ਼ਹਿਰ ਅੰਦਰ ਲੱਗੇ ਕੈਮਰੇ, ਜੋ ਪਿਛਲੇ ਕੁਝ ਸਮੇਂ ਤੋਂ ਬੰਦ ਸਨ ਨੂੰ ਕੱਲ੍ਹ ਤੱਕ ਚਾਲੂ ਕਰ ਦਿੱਤਾ ਜਾਵੇਗਾ, ਜਿਸ ਨਾਲ ਸ਼ਹਿਰ ਦੀ ਨਿਗਰਾਨੀ ਥਾਣੇ ਅੰਦਰ ਵੀ ਕੀਤੀ ਜਾ ਸਕੇਗੀ ਅਤੇ ਇਨ੍ਹਾਂ ਕੈਮਰਿਆਂ 'ਤੇ ਪੁਲਸ ਮੁਲਾਜ਼ਮਾਂ ਦੀ 24 ਘੰਟੇ ਨਜ਼ਰ ਰਹੇਗੀ।ਮੈਡੀਕਲ ਐਸੋਸੀਏਸ਼ਨ ਦੇ ਅਹੁਦੇਦਾਰਾਂ ਨਾਲ ਮੀਟਿੰਗ ਸਬੰਧੀ ਉਨ੍ਹਾਂ ਦੱਸਿਆ ਕਿ ਦਵਾਈ ਵਿਕਰੇਤਾਵਾਂ ਨੂੰ ਅਪੀਲ ਕੀਤੀ ਗਈ ਹੈ ਕਿ ਉਹ ਬਿਨਾਂ ਪਰਚੀ ਕੋਈ ਵੀ ਦਵਾਈ ਨਾ ਵੇਚਣ।ਉਨ੍ਹਾਂ ਕਿਹਾ ਕਿ ਲੋਕਾਂ ਦੇ ਸਹਿਯੋਗ ਨਾਲ ਹੀ ਨਸ਼ਿਆਂ ਤੇ ਗੈਰ ਕਾਨੂੰਨੀ ਗਤੀਵਿਧੀਆਂ 'ਤੇ ਕਾਬੂ ਪਾਇਆ ਜਾ ਸਕਦਾ ਹੈ।

## ਧਾਰਮਿਕ ਸਥਾਨਾਂ ਦੇ ਦਰਸ਼ਨਾਂ ਲਈ ਜਥਾ ਰਵਾਨਾ



**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਪੰਜਾਬ ਸਰਕਾਰ ਦੀ ਤੀਰਥ ਯੋਜਨਾ ਤਹਿਤ ਸ਼ਰਧਾਲੂਆਂ ਦਾ ਇੱਕ ਜੱਥਾ ਨੇੜਲੇ ਪਿੰਡ ਲੱਖੋਵਾਲ ਕਲਾਂ ਤੋਂ ਧਾਰਮਿਕ ਸਥਾਨਾਂ ਦੇ ਦਰਸ਼ਨਾਂ ਲਈ ਰਵਾਨਾ ਹੋਇਆ। ਬੀ.ਸੀ. ਵਿੰਗ ਦੇ ਜ਼ਿਲ੍ਹਾ ਪ੍ਰਧਾਨ ਭੁਪਿੰਦਰ ਸਿੰਘ ਰਾਠੌਰ ਵਲੋਂ ਬੱਸ ਨੂੰ ਝੰਡੀ ਦਿਖਾ ਕੇ ਰਵਾਨਾ ਕੀਤਾ। ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਉਨ੍ਹਾਂ ਕਿਹਾ ਕਿ ਸਰਕਾਰ ਦੀ ਇਸ ਯੋਜਨਾ ਨਾਲ ਲੋਕ ਮੁਫ਼ਤ ਤੀਰਥ ਸਥਾਨਾਂ ਦੇ ਦਰਸ਼ਨ ਕਰ ਰਹੇ ਹਨ। ਲੱਖੋਵਾਲ ਤੋਂ ਸ਼ਰਧਾਲੂ ਦਰਬਾਰ ਸਾਹਿਬ, ਦੁਰਗਿਆਣਾ ਮੰਦਰ ਦੇ ਦਰਸ਼ਨ ਕਰਨਗੇ ਅਤੇ ਵਾਹਗਾ ਬਾਰਡਰ 'ਤੇ ਪਰੇਡ ਦੇਖਣਗੇ। ਭੁਪਿੰਦਰ ਰਾਠੌਰ ਨੇ ਕਿਹਾ ਕਿ ਸ਼ਰਧਾਲੂਆਂ ਲਈ ਖਾਣ-ਪੀਣ ਅਤੇ ਰਹਿਣ ਦਾ ਮੁਫ਼ਤ ਪ੍ਰਬੰਧ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਬੇਟ ਖੇਤਰ 'ਚੋਂ ਇਹ ਚੌਥੀ ਬੱਸ ਜਾ ਰਹੀ ਹੈ। ਇਸ ਮੌਕੇ ਅਭਿਸ਼ੇਕ ਧਵਨ ਵੀ ਮੌਜੂਦ ਸਨ।

## ਪੁਜ਼ੀਸ਼ਨਾਂ ਪ੍ਰਾਪਤ ਕਰਨ ਵਾਲੇ ਬੱਚੇ ਸਨਮਾਨਤ



**ਅਜੀਤਵਾਲ (ਲਵਲੀ ਕੁਮਾਰ)**-ਡਿਪਟੀ ਕਮਿਸ਼ਨਰ ਮੋਗਾ ਦੀ ਅਗਵਾਈ ਵਿੱਚ ਪੰਜਾਬ ਦੇ ਸੱਭਿਆਚਾਰ ਅਤੇ ਵਿਰਸੇ ਨੂੰ ਪ੍ਰਫ਼ੁੱਲਿਤ ਕਰਨ ਲਈ ਜ਼ਿਲ੍ਹਾ ਪੱਧਰ ਤੇ ਪ੍ਰਤਿਭਾ ਖੋਜ ਮੁਕਾਬਲੇ ਲਰਨਿੰਗ ਫੀਲਡ ਗਲੋਬਲ ਸਕੂਲ ਘੱਲ ਕਲਾਂ (ਮੋਗਾ) ਵਿਖੇ ਕਰਾਏ ਗਏ, ਜਿਸ ਵਿੱਚ ਮੀਰੀ ਪੀਰੀ ਸਿੱਖਿਆ ਸੰਸਥਾ ਦੇ ਬੱਚਿਆਂ ਨੇ ਵਧ-ਚੜ੍ਹ ਕੇ ਹਿੱਸਾ ਲਿਆ ਅਤੇ ਸ਼ਬਦ ਗਾਇਨ ਵਰਗ ਇੱਕ ਵਿੱਚੋਂ ਦੂਜਾ ਸਥਾਨ ਹਾਸਲ ਕਰਕੇ ਮੀਰੀ-ਪੀਰੀ ਸਿੱਖਿਆ ਸੰਸਥਾ ਦਾ ਮਾਣ ਵਧਾਇਆ।ਸੰਸਥਾ ਦੇ ਮੈਨੇਜਿੰਗ ਡਾਇਰੈਕਟਰ ਕਸ਼ਮੀਰ ਸਿੰਘ, ਪ੍ਰਿੰਸੀਪਲ ਪਰਮਜੀਤ ਕੌਰ ਮੱਲ੍ਹਾ, ਵਾਇਸ ਪ੍ਰਿੰਸੀਪਲ ਹਰਦੀਪ ਸਿੰਘ ਚਕਰ, ਧਾਰਮਿਕ ਵਿਭਾਗ ਦੇ ਹੈੱਡ ਨਿਰਮਲ ਸਿੰਘ ਨੇ ਬੱਚਿਆਂ ਤੇ ਉਨ੍ਹਾਂ ਦੇ ਮਾਪਿਆਂ ਨੂੰ ਵਧਾਈ ਦਿੰਦੇ ਹੋਏ ਬੱਚਿਆਂ 'ਚ ਨੈਤਿਕ ਕਦਰਾਂ ਦਾ ਜ਼ਿਕਰ ਕੀਤਾ।ਉਨ੍ਹਾਂ ਬੱਚਿਆਂ ਨੂੰ ਆਪਣੇ ਧਰਮ ਤੇ ਸੱਭਿਆਚਾਰ ਦੇ ਨਾਲ ਜੁੜੇ ਰਹਿਣ ਦੀ ਪ੍ਰੇਰਨਾ ਦਿੱਤੀ।ਮੈਡਮ ਚੇਅਰਪਰਸਨ ਸੁਖਦੀਪ ਕੌਰ ਤੇ ਚੇਅਰਮੈਨ ਜਗਜੀਤ ਸਿੰਘ ਨੇ ਵੀ ਬੱਚਿਆਂ ਨੂੰ ਆਸ਼ੀਰਵਾਦ ਦੇਣ ਦੇ ਨਾਲ ਨਾਲ ਵਧਾਈ ਵੀ ਦਿੱਤੀ।

## ਰਣਜੀਤ ਲਹਿਰਾ ਤੇ ਵਿਧੂ ਸ਼ੇਖਰ ਭਾਰਦਵਾਜ ਦੇ ਜਾਣ ਨਾਲ ਨਾ ਪੂਰਾ ਹੋਣ ਵਾਲਾ ਘਾਟਾ

**ਲਹਿਰਾਗਾਗਾ (ਪਵਨ ਸ਼ਰਮਾ)**-ਪੰਜਾਬ ਦੀ ਇਨਕਲਾਬੀ ਜਮਹੂਰੀ ਲਹਿਰ ਦੀ ਜਾਣੀ-ਪਛਾਣੀ ਆਗੂ ਸ਼ਖ਼ਸੀਅਤਾਂ ਸਾਥੀ ਰਣਜੀਤ ਲਹਿਰਾ ਤੇ ਵਿਧੂ ਸ਼ੇਖਰ ਭਾਰਦਵਾਜ ਇਨਕਲਾਬੀ ਕਾਫ਼ਲੇ ਨੂੰ ਅਲਵਿਦਾ ਕਹਿ ਗਏ, ਉਸ ਵਕਤ ਜਦੋਂ ਉਨ੍ਹਾਂ ਵਰਗੇ ਦ੍ਰਿੜ ਨਿਹਚਾਵਾਨ ਸਾਥੀਆਂ ਦੀ ਬੇਹੱਦ ਲੋੜ ਹੈ।ਦੋਵੇਂ ਸਾਥੀਆਂ ਨੇ ਵਿਦਿਆਰਥੀ ਜੀਵਨ ਤੋਂ ਹੀ ਲੋਕਾਂ ਦੇ ਹੱਕਾਂ ਤੇ ਸਮਾਜ ਦੀ ਕਾਣੀ ਵੰਡ ਖਤਮ ਕਰਕੇ ਸਭ ਲਈ ਬਰਾਬਰ ਦਾ ਸਮਾਜ ਸਿਰਜਣ ਲਈ ਯੋਗਦਾਨ ਪਾਇਆ।ਵਿਧੂ ਸ਼ੇਖਰ ਸੰਖੇਪ ਬਿਮਾਰੀ ਤੋਂ ਬਾਅਦ ਅਚਾਨਕ ਰੁਖ਼ਸਤ ਹੋ ਗਏ ਤੇ ਰਣਜੀਤ ਲਹਿਰਾ ਨੇ ਬਹੁਤ ਹੀ ਗੰਭੀਰ ਬੀਮਾਰੀ ਦੇ ਬਾਵਜੂਦ ਮਿਸਾਲੀ ਜ਼ਿੰਦਗੀ ਜਿਉਂਈ ਤੇ ਸਿਰੜ ਤੇ ਦ੍ਰਿੜਤਾ ਨਾਲ ਕਲਮ ਤੇ ਸੰਘਰਸ਼ ਦੇ ਮੋਰਚਿਆਂ ਤੋਂ ਇਨਕਲਾਬੀ ਜਮਹੂਰੀ ਲਹਿਰ ਵਿਚ ਯੋਗਦਾਨ ਪਾਉਂਦੇ ਰਹੇ।ਸਭਾ ਦੇ ਪ੍ਰਧਾਨ ਜਗਜੀਤ ਭੁਟਾਲ, ਸਕੱਤਰ ਕੁਲਦੀਪ ਸਿੰਘ, ਪ੍ਰੈਸ ਸੱਕਤਰ ਜੁਝਾਰ ਲੌਂਗੋਵਾਲ,ਮੀਤ ਪ੍ਰਧਾਨ ਬਸ਼ੇਸ਼ਰ ਰਾਮ, ਸੂਬਾ ਕਮੇਟੀ ਮੈਂਬਰ ਮਨਧੀਰ ਰਾਜੋਮਾਜਰਾ, ਵਿਸਾਖਾ ਸਿੰਘ, ਸਵਰਨਜੀਤ ਸਿੰਘ, ਸਹਾਇਕ ਸਕੱਤਰ ਕੁਲਵਿੰਦਰ ਬੰਟੀ, ਅਮਰੀਕ ਸਿੰਘ ਖੋਖਰ, ਇਕਬਾਲ ਕੌਰ, ਡਾ. ਕਿਰਨ ਪਾਲ ਕੌਰ, ਹਰਪ੍ਰੀਤ ਕੌਰ ਮਾਸਟਰ ਪਰਮਵੇਦ ਤੇ ਦਰਸ਼ਨ ਕੁਨਰਾਂ ਦੋਵਾਂ ਸਾਥੀਆਂ ਦੇ ਜਾਣ ਨਾਲ ਸਮੁੱਚੀ ਖੱਬੀ ਲਹਿਰ ਨਾ ਪੂਰਾ ਹੋਣ ਵਾਲਾ ਘਾਟਾ ਪਿਆ ਹੈ।

## ਪੰਜਾਬ ਪੈਨਸ਼ਨਰਜ਼ ਯੂਨੀਅਨ (ਏਟਕ) ਬ੍ਰਾਂਚ ਮੋਗਾ ਦੀ ਮੀਟਿੰਗ



**ਮੋਗਾ (ਇਕਬਾਲ ਸਿੰਘ ਖਹਿਰਾ)**

ਪੰਜਾਬ ਪੈਨਸ਼ਨਰਜ਼ ਯੂਨੀਅਨ (ਏਟਕ) ਬ੍ਰਾਂਚ ਮੋਗਾ ਦੀ ਮਹੀਨਾਵਾਰ ਮੀਟਿੰਗ ਯੂਨੀਅਨ ਦੇ ਐਕਟਿੰਗ ਪ੍ਰਧਾਨ ਅਜਮੇਰ ਸਿੰਘ ਅਖਾੜਾ ਦੀ ਪ੍ਰਧਾਨਗੀ ਹੇਠ ਸ਼ਹੀਦ ਨਛੱਤਰ ਸਿੰਘ ਧਾਲੀਵਾਲ ਭਵਨ ਵਿੱਚ ਹੋਈ।ਮੀਟਿੰਗ ਸ਼ੁਰੂ ਕਰਨ ਤੋਂ ਪਹਿਲਾਂ ਵਿੱਛੜੇ ਸਾਥੀਆਂ ਚਮਕੌਰ ਸਿੰਘ ਡਗਰੂ, ਚਰਨਜੀਤ ਸਿੰਘ ਮੋਗਾ, ਕਰਮ ਸਿੰਘ ਗੱਜਣਵਾਲਾ, ਸੁਖਵਿੰਦਰ ਸਿੰਘ ਮਾਣੂੰਕੇ, ਇੰਦਰ ਸਿੰਘ ਡੀਪੀਏ ਨੂੰ ਯਾਦ ਕਰਦਿਆਂ ਉਨ੍ਹਾਂ ਦੀ ਯਾਦ ਵਿੱਚ ਦੋ ਮਿੰਟ ਦਾ ਮੌਨ ਧਾਰਨ ਕੀਤਾ ਗਿਆ।

ਮੀਟਿੰਗ ਦੀ ਕਾਰਵਾਈ ਸ਼ੁਰੂ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਨੇ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਨੂੰ ਅੱਖੋਂ ਪਰੋਖੇ ਕਰਦਿਆਂ ਉਹਨਾਂ ਦੇ ਹੱਕ ਦੇਣ ਤੋਂ ਪਾਸਾ ਵੱਟ ਲਿਆ ਹੈ।ਮੁਲਾਜ਼ਮ ਤੇ ਪੈਨਸ਼ਨਰ ਆਪਣੇ ਹੱਕਾਂ ਲਈ ਲਗਾਤਾਰ ਸੰਘਰਸ਼ ਕਰ ਰਹੇ ਹਨ, ਪਰ ਸਰਕਾਰ ਚੁੱਪ ਵੱਟੀ ਬੈਠੀ ਹੈ।ਉਨ੍ਹਾਂ ਕਿਹਾ ਕਿ ਕੇਂਦਰ ਸਰਕਾਰ ਦੀ ਤਰ੍ਹਾਂ ਪੰਜਾਬ ਸਰਕਾਰ ਵੀ ਨਿੱਜੀਕਰਨ ਦੇ ਰਾਹ ਪਈ ਹੋਈ।ਪੰਜਾਬ ਸਰਕਾਰ ਦੇ ਹੈਲਥ ਕਾਰਡ ਬਾਰੇ ਪ੍ਰਚਾਰ ਦੇ ਸਬੰਧ ਵਿੱਚ ਕਿਹਾ ਕਿ ਇਨ੍ਹਾਂ ਕਾਰਡਾਂ ਨਾਲ ਕੁੱਝ ਸਮੇਂ ਲਈ ਤਾਂ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਨੂੰ ਫ਼ਾਇਦਾ ਹੋ ਸਕਦਾ ਹੈ, ਪਰ ਸਰਕਾਰੀ ਹੈਲਥ ਸਿਸਟਮ ਤਬਾਹ ਕਰਨ ਲਈ ਇਹ ਸ਼ੁਰੂਆਤ ਹੈ।ਜਦੋਂ ਸਰਕਾਰੀ ਸਿਸਟਮ ਬਿਲਕੁਲ ਤਬਾਹ ਹੋ ਗਿਆ ਤਾਂ ਇਹ ਸਾਰੀਆਂ ਸਕੀਮਾਂ ਵੀ ਬੰਦ ਹੋ ਜਾਣਗੀਆਂ।ਉਨ੍ਹਾਂ ਕਿਹਾ ਇਸ ਸਕੀਮ ਅਧੀਨ ਹਸਪਤਾਲਾਂ ਵੱਲੋਂ ਲੁੱਟ ਅਤੇ ਸਸਤੀਆਂ ਦਵਾਈਆਂ ਨਾਲ ਇਲਾਜ ਕਰਨ ਤੋਂ ਵੀ ਇਨਕਾਰ ਨਹੀਂ ਕੀਤਾ ਜਾ ਸਕਦਾ।ਇਸ ਉਪਰੰਤ ਸਤਪਾਲ ਸਹਿਗਲ ਨੇ ਪੈਨਸ਼ਨਾਂ ਤੇ ਹੋਰ ਕਾਨੂੰਨੀ ਮਸਲਿਆਂ ਬਾਰੇ ਜਾਣਕਾਰੀ ਦਿੱਤੀ।ਪੋਹਲਾ ਸਿੰਘ ਬਰਾੜ ਨੇ ਕਿਹਾ ਕਿ 12 ਫਰਵਰੀ ਦੀ ਦੇਸ਼ ਵਿਆਪੀ ਹੜਤਾਲ ਵਿੱਚ ਹਿੱਸਾ ਪਾਉਣ ਲਈ ਸਵੇਰ 11 ਵਜੇ ਸ਼ਹੀਦ ਨਛੱਤਰ ਸਿੰਘ ਭਵਨ ਵਿੱਚ ਇਕੱਤਰ ਹੋ ਕੇ ਮੋਗਾ ਦੇ ਮੇਨ ਚੌਕ ਵਿੱਚ ਜਾਣਾ ਹੈ।ਸਾਰੇ ਪੈਨਸ਼ਨਰ ਸਾਥੀ ਇਸ ਪ੍ਰਦਰਸ਼ਨ ਵਿੱਚ ਹਿੱਸਾ ਲੈਣ।23 ਫਰਵਰੀ ਨੂੰ ਫ਼ਿਰੋਜ਼ਪੁਰ ਵਿਖੇ ਕਾ. ਜਰਨੈਲ ਸਿੰਘ ਦੀ ਬਰਸੀ ਮਨਾਈ ਜਾ ਰਹੀ ਹੈ ਅਤੇ 27 ਫਰਵਰੀ ਜਲੰਧਰ ਵਿਖੇ ਕਾ. ਜਸਵੰਤ ਸਿੰਘ ਸਮਰਾ ਦੀ ਬਰਸੀ ਮਨਾਈ ਜਾ ਰਹੀ ਹੈ।7 ਮਾਰਚ ਨੂੰ ਪੱਟੀ ਵਿਖੇ ਟਰਾਂਸਪੋਰਟ ਮੰਤਰੀ ਦਾ ਘਿਰਾਓ ਕੀਤਾ ਜਾਵੇਗਾ।

## ਸਿੱਖਿਆ ਮੰਤਰੀ ਬੈਂਸ ਵੱਲੋਂ ਸਕੂਲ ਆਫ਼ ਐਮੀਨੈਂਸ ਦਾ ਅਚਨਚੇਤ ਦੌਰਾ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਪੰਜਾਬ ਦੇ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੇ ਸਵੇਰੇ ਪਟਿਆਲਾ ਜ਼ਿਲ੍ਹੇ ਦੇ ਭਾਦਸੋਂ ਵਿਖੇ ਸਥਿਤ ਸਕੂਲ ਆਫ਼ ਐਮੀਨੈਂਸ ਦਾ ਅਚਨਚੇਤ ਦੌਰਾ ਕੀਤਾ। ਇਸ ਦੌਰੇ ਦੌਰਾਨ ਸਿੱਖਿਆ ਮੰਤਰੀ ਨੇ ਚੱਲ ਰਹੇ ਬੁਨਿਆਦੀ ਢਾਂਚੇ ਦੇ ਵਿਕਾਸ ਕਾਰਜਾਂ ਦਾ ਜਾਇਜ਼ਾ ਲਿਆ ਅਤੇ ਸਿੱਖਿਆ ਦੀ ਗੁਣਵੱਤਾ ਅਤੇ ਪ੍ਰਦਾਨ ਕੀਤੀਆਂ ਜਾ ਰਹੀਆਂ ਸਹੂਲਤਾਂ ਦਾ ਮੁਲਾਂਕਣ ਕਰਨ ਲਈ ਵਿਦਿਆਰਥੀਆਂ ਨਾਲ ਸਿੱਧੇ ਤੌਰ 'ਤੇ ਗੱਲਬਾਤ ਕੀਤੀ।ਸਕੂਲ ਦਾ ਵਿਆਪਕ ਦੌਰਾ ਕਰਦਿਆਂ ਬੈਂਸ ਨੇ ਬੁਨਿਆਦੀ ਢਾਂਚੇ ਨੂੰ ਅੱਪਗ੍ਰੇਡ ਕਰਨ ਸਬੰਧੀ ਕੰਮਾਂ ਦੀ ਪ੍ਰਗਤੀ ਦਾ ਬਾਰੀਕੀ ਨਾਲ ਜਾਇਜ਼ਾ ਲਿਆ। ਉਨ੍ਹਾਂ ਨੇ ਸਕੂਲਾਂ ਵਿੱਚ ਸਿੱਖਿਆ ਦੀ ਗੁਣਵੱਤਾ ਅਤੇ ਸਹੂਲਤਾਂ ਬਾਰੇ ਫੀਡਬੈਕ ਲੈਣ ਲਈ ਵਿਦਿਆਰਥੀਆਂ ਨਾਲ ਗੱਲਬਾਤ ਵੀ ਕੀਤੀ।ਬੈਂਸ ਨੇ ਇਸ ਸਕੂਲ ਵਿੱਚ 90 ਲੱਖ ਰੁਪਏ ਦੀ ਲਾਗਤ ਨਾਲ ਉਸਾਰੇ ਜਾ ਰਹੇ ਅਤਿ-ਆਧੁਨਿਕ ਇਨਡੋਰ ਸਪੋਰਟਸ ਕੰਪਲੈਕਸ ਦੇ ਨਿਰਮਾਣ ਦਾ ਵੀ ਜਾਇਜ਼ਾ ਲਿਆ, ਜਿਸ ਵਿੱਚ ਦੋ ਕਬੱਡੀ ਮੈਟ ਅਤੇ ਇੱਕ ਕੁਸ਼ਤੀ ਮੈਟ ਸਮੇਤ 2,000 ਲੋਕਾਂ ਦੇ ਬੈਠਣ ਦੀ ਸਮਰੱਥਾ ਹੈ।ਉਨ੍ਹਾ ਕਿਹਾ ਕਿ ਸਿੱਖਿਆ ਭਗਵੰਤ ਮਾਨ ਸਰਕਾਰ ਦੀ ਪ੍ਰਮੁੱਖ ਤਰਜੀਹ ਹੈ। ਸਾਡੇ ਸਕੂਲ ਆਫ਼ ਐਮੀਨੈਂਸ ਸਿਰਫ਼ ਇਮਾਰਤਾਂ ਨਹੀਂ ਹਨ; ਇਹ ਭਵਿੱਖ ਦੇ ਨੇਤਾਵਾਂ ਅਤੇ ਪੇਸ਼ੇਵਰਾਂ ਦਾ ਆਧਾਰ ਹਨ।ਪ੍ਰਾਈਵੇਟ ਸਕੂਲਾਂ ਦੇ ਵਿਦਿਆਰਥੀਆਂ ਵੱਲੋਂ ਸਰਕਾਰੀ ਸਕੂਲਾਂ ਵਿੱਚ ਦਾਖਲਾ ਲੈਣਾ ਸਾਡੀਆਂ ਨੀਤੀਆਂ ਅਤੇ ਪ੍ਰਦਾਨ ਕੀਤੀ ਜਾ ਰਹੀ ਮਿਆਰੀ ਸਿੱਖਿਆ ਦਾ ਪ੍ਰਤੱਖ ਪ੍ਰਮਾਣ ਹੈ।ਸਿੱਖਿਆ ਮੰਤਰੀ ਨੇ ਕਿਹਾ, ਸਿੱਖਿਆ ਲਈ ਫੰਡਾਂ ਦੀ ਕੋਈ ਕਮੀ ਨਹੀਂ ਹੈ। ਸਕੂਲ ਪ੍ਰਿੰਸੀਪਲ ਪ੍ਰੀਤਇੰਦਰ ਘਈ ਨੇ ਸਿੱਖਿਆ ਮੰਤਰੀ ਨੂੰ ਦੱਸਿਆ ਕਿ ਇਸ ਅਕਾਦਮਿਕ ਸਾਲ ਇਸ ਸਕੂਲ ਦੇ ਦਾਖਲਿਆਂ ਵਿੱਚ 11 ਫ਼ੀਸਦੀ ਵਾਧਾ ਹੋਇਆ ਹੈ ਅਤੇ 200 ਤੋਂ ਵੱਧ ਵਿਦਿਆਰਥੀ ਪ੍ਰਾਈਵੇਟ ਸਕੂਲਾਂ ਤੋਂ ਆਏ ਹਨ। ਉਨ੍ਹਾਂ ਦੱਸਿਆ ਕਿ 400 ਤੋਂ ਵੱਧ ਵਿਦਿਆਰਥੀ ਛੇ ਸਕੂਲ ਬੱਸਾਂ ਰਾਹੀਂ ਆਵਾਜਾਈ ਸਹੂਲਤਾਂ ਦਾ ਲਾਭ ਲੈ ਰਹੇ ਹਨ।

## ਅੱਖਾਂ ਦਾ ਮੁਫ਼ਤ ਕੈਂਪ ਭਲਕੇ

**ਦੋਰਾਹਾ (ਹਰਮਿੰਦਰ ਸੇਠ)**-ਸੀਨੀਅਰ ਸਿਟੀਜ਼ਨ ਵੈਲਫੇਅਰ ਐਸੋਸੀਏਸ਼ਨ ਨੇੜੇ ਡ੍ਰੀਮ ਪਾਰਕ ਸਾਹਨੇਵਾਲ ਵਿਖੇ 13 ਫਰਵਰੀ ਨੂੰ ਅੱਖਾਂ ਦਾ ਮੁਫ਼ਤ ਚੈੱਕਅਪ ਕੈਂਪ ਲਗਾਇਆ ਜਾਵੇਗਾ।ਇਹ ਜਾਣਕਾਰੀ ਨਗਰ ਕੌਂਸਲ ਸਾਹਨੇਵਾਲ ਦੇ ਸਾਬਕਾ ਪ੍ਰਧਾਨ ਕੈਪਟਨ ਸੁਖਜੀਤ ਸਿੰਘ ਹਰਾ ਵੱਲੋਂ ਦਿੱਤੀ ਗਈ। ਉਨ੍ਹਾਂ ਦੱਸਿਆ ਕਿ ਲਾਈਨਜ਼ ਕਲੱਬ ਲੁਧਿਆਣਾ ਵੈਜੀਟੇਰੀਅਲ ਵੱਲੋਂ ਸ਼ੰਕਰਾ ਹਸਪਤਾਲ ਲੁਧਿਆਣਾ ਦੇ ਮਾਹਿਰ ਡਾਕਟਰਾਂ ਦੇ ਸਹਿਯੋਗ ਨਾਲ 13 ਫਰਵਰੀ ਸਵੇਰੇ 9 ਵਜੇ ਤੋਂ ਲੈ ਕੇ ਬਾਅਦ ਦੁਪਹਿਰ 1 ਵਜੇ ਤੱਕ ਅੱਖਾਂ ਦਾ ਮੁਫ਼ਤ ਚੈੱਕਅਪ ਕੈਂਪ ਲਗਾਇਆ ਜਾ ਰਿਹਾ ਹੈ ਅਤੇ ਕੈਂਪ ਦੌਰਾਨ ਲੋੜਵੰਦ ਮਰੀਜ਼ਾਂ ਨੂੰ ਐਨਕਾਂ ਅਤੇ ਦਵਾਈਆਂ ਵੀ ਮੁਫ਼ਤ ਦਿੱਤੀਆਂ ਜਾਣਗੀਆਂ। ਜਿਨ੍ਹਾਂ ਮਰੀਜ਼ਾਂ ਦੇ ਚਿੱਟੇ ਮੋਤੀਏ ਦੇ ਅਪਰੇਸ਼ਨ ਹੋਣਗੇ ਉਨ੍ਹਾਂ ਮਰੀਜ਼ਾਂ ਦੇ ਅਪਰੇਸ਼ਨ ਵੀ ਫ਼੍ਰੀ ਕੀਤੇ ਜਾਣਗੇ। ਉਨ੍ਹਾਂ ਦੱਸਿਆ ਕਿ ਕੈਂਪ ਦੌਰਾਨ ਮਰੀਜ਼ ਆਪਣਾ ਅਧਾਰ ਕਾਰਡ ਦੀ ਫੋਟੋ ਕਾਪੀ ਅਤੇ ਦੋ ਮੋਬਾਈਲ ਨੰਬਰ ਲਿਖ ਕੇ ਆਉਣ ਜੋ ਕਿ ਮਰੀਜ਼ ਦੇ ਆਪਣੇ ਪਰਵਾਰਕ ਮੈਂਬਰਾਂ ਜਾਂ ਫਿਰ ਕਿਸੇ ਆਪਣੇ ਨਜ਼ਦੀਕੀ ਮੈਂਬਰ ਦੇ ਹੋਣ। ਮਰੀਜ਼ਾਂ ਲਈ ਗੁਰੂ ਕਾ ਲੰਗਰ ਅਤੁੱਟ ਵਰਤਾਇਆ ਜਾਵੇਗਾ।

## ਅੱਜ ਦੀ ਹੜਤਾਲ ਦਾ ਜਮਹੂਰੀ ਅਧਿਕਾਰ ਸਭਾ, ਤਰਕਸ਼ੀਲ ਸੁਸਾਇਟੀ, ਜਨਤਕ ਤੇ ਮਜ਼ਦੂਰ ਜਥੇਬੰਦੀਆਂ ਵੱਲੋਂ ਸਮਰਥਨ

**ਲੁਧਿਆਣਾ (ਸਤੀਸ਼ ਸਚਦੇਵਾ)**

ਸੰਯੁਕਤ ਕਿਸਾਨ ਮੋਰਚਾ ਤੇ ਟ੍ਰੇਡ ਯੂਨੀਅਨਾਂ ਵੱਲੋਂ 12 ਫਰਵਰੀ ਨੂੰ ਕੇਂਦਰ ਤੇ ਪੰਜਾਬ ਸਰਕਾਰਾਂ ਦੇ ਲੋਕ ਮਾਰੂ ਰੁਝਾਨ ਖ਼ਿਲਾਫ਼ ਹੜਤਾਲ ਦੇ ਸੱਦੇ ਨੂੰ ਲੁਧਿਆਣੇ ਦੀਆਂ ਜਨਤਕ-ਜਮਹੂਰੀ ਜਥੇਬੰਦੀਆਂ ਵੱਲੋਂ ਪੂਰਨ ਸਮਰਥਨ ਦਿੱਤਾ ਜਾਵੇਗਾ।ਜਮਹੂਰੀ ਅਧਿਕਾਰ ਸਭਾ ਪੰਜਾਬ, ਤਰਕਸ਼ੀਲ ਸੁਸਾਇਟੀ ਪੰਜਾਬ, ਸ਼ਹੀਦ ਭਗਤ ਸਿੰਘ ਵਿਚਾਰ ਮੰਚ, ਗਦਰੀ ਸ਼ਹੀਦ ਬਾਬਾ ਭਾਨ ਸਿੰਘ ਨੌਜਵਾਨ ਸਭਾ, ਇਨਕਲਾਬੀ ਮਜ਼ਦੂਰ ਕੇਂਦਰ ਦੇ ਆਗੂਆਂ ਜਸਵੰਤ ਜ਼ੀਰਖ, ਪ੍ਰੋ ਏ ਕੇ ਮਲੇਰੀ, ਬਲਵਿੰਦਰ ਸਿੰਘ, ਐਡਵੋਕੇਟ ਹਰਪ੍ਰੀਤ ਜ਼ੀਰਖ, ਕਾ ਸੁਰਿੰਦਰ ਸਿੰਘ ਵੱਲੋਂ ਜਾਰੀ ਸਾਂਝੇ ਬਿਆਨ ਰਾਹੀਂ, ਕੇਂਦਰ ਤੇ ਪੰਜਾਬ ਸਰਕਾਰ ਨੂੰ, ਲੋਕਾਂ ਦੇ ਜਮਹੂਰੀ ਤੇ ਸੰਵਿਧਾਨਿਕ ਹੱਕਾਂ ਦੀ ਆਵਾਜ਼ ਨੂੰ ਜਬਰੀ ਬੰਦ ਕਰਨ ਲਈ ਜ਼ੁੰਮੇਵਾਰ ਠਹਿਰਾਇਆ।

ਉਨ੍ਹਾਂ ਸਰਕਾਰਾਂ ਵੱਲੋਂ ਕੀਤੇ ਜਾਂਦੇ ਵੋਟ ਬਟੋਰੂ ਵਾਅਦਿਆਂ ਨੂੰ ਪੂਰਾ ਕਰਨ ਵਿੱਚ ਨਾਕਾਮ ਰਹਿਣ ਕਾਰਣ ਜਦੋਂ ਲੋਕ ਆਪਣੀ ਹੱਕੀ ਆਵਾਜ਼ ਉਠਾਉਂਦੇ ਹਨ, ਤਾਂ ਉਨ੍ਹਾਂ ਉੱਪਰ ਪੁਲਿਸ ਰਾਹੀਂ ਤਸ਼ੱਦਦ ਢਾਹੁੰਦਿਆਂ ਝੂਠੇ ਕੇਸਾਂ ਵਿੱਚ ਉਲਝਾਇਆ ਜਾਂਦਾ ਹੈ।ਜ਼ਮੀਨ ਪ੍ਰਾਪਤੀ ਸੰਘਰਸ਼ ਕਮੇਟੀ ਦੇ ਆਗੂ ਮੁਕੇਸ਼ ਮਲੌਦ ਸਮੇਤ ਸੰਯੁਕਤ ਕਿਸਾਨ ਮੋਰਚੇ ਦੇ ਆਗੂਆਂ ਤੇ ਹੋਰ ਸੰਘਰਸ਼ੀ ਲੋਕਾਂ ਸਿਰ ਮੜ੍ਹੇ ਕੇਸ ਇਸ ਦਾ ਜ਼ਾਹਰਾ ਸਬੂਤ ਹਨ।ਕਿੰਨੇ ਹੀ ਲੋਕ ਬਿਨਾਂ ਕੇਸ ਚਲਾਇਆਂ ਹੀ ਜੇਲ੍ਹਾਂ 'ਚ ਹਨ, ਜੋ ਸਰਾਸਰ ਬੇਇਨਸਾਫ਼ੀ ਹੈ।ਕਿਰਤੀ ਕਾਮਿਆਂ ਲਈ ਕਾਨੂੰਨਾਂ ਨੂੰ ਚਾਰ ਕੋਡਾਂ ਵਿੱਚ ਬਦਲਣਾ, ਰੋਜ਼ਗਾਰ ਦੇ ਮੌਕੇ ਵਾਅਦਿਆਂ ਅਨੁਸਾਰ ਮੁਹੱਈਆ ਕਰਨ ਦੀ ਬਜਾਏ ਉਨ੍ਹਾਂ ਨੂੰ ਬੰਦ ਕਰਨ ਦੇ ਰਾਸਤੇ ਪੈਣਾ, ਲੋਕਾਂ ਦੀ ਬਜਾਏ ਕਾਰਪੋਰੇਟਾਂ ਨੂੰ ਬੇਥਾਹ ਸਹੂਲਤਾਂ ਦੇਣਾ ਆਦਿ ਨੀਤੀਆਂ ਦੇਸ਼ ਲਈ ਅਤਿ ਘਾਤਕ ਹਨ।

## ਮਹਾਂ-ਸ਼ਿਵਰਾਤਰੀ ਮੌਕੇ ਸ਼ਿਵ ਮੰਦਰ ਵਿਖੇ ਹੋਵੇਗਾ ਧਾਰਮਿਕ ਸਮਾਗਮ



**ਬਾਘਾ ਪੁਰਾਣਾ (ਮਨੀ ਸਿੰਗਲਾ)**-ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਮਹਾਂ ਸ਼ਿਵਰਾਤਰੀ ਦਾ ਪਵਿੱਤਰ ਤਿਉਹਾਰ 15 ਫਰਵਰੀ ਨੂੰ ਸ੍ਰੀ ਸ਼ਿਵ ਮੰਦਿਰ ਮੋਗਾ ਰੋਡ ਵਿਖੇ ਬੜੀ ਧੂਮਧਾਮ ਤੇ ਸ਼ਰਧਾ ਭਾਵਨਾ ਨਾਲ ਮਨਾਇਆ ਜਾਵੇਗਾ।ਇਹ ਵਿਸ਼ਾਲ ਸਮਾਗਮ ਸ੍ਰੀ ਸ਼ਿਵ ਮੰਦਿਰ ਪ੍ਰਬੰਧਕ ਕਮੇਟੀ, ਸ੍ਰੀ ਰਾਮ ਲੀਲਾ ਉਤਸਵ ਕਮੇਟੀ ਤੇ ਹਰ ਹਰ ਮਹਾਦੇਵ ਕਾਵੜ ਸੰਘ ਦੇ ਸਾਂਝੇ ਉਪਰਾਲੇ ਨਾਲ ਆਯੋਜਿਤ ਕੀਤਾ ਜਾ ਰਿਹਾ ਹੈ।ਸਮਾਗਮ ਦੀ ਤਿਆਰੀਆਂ ਸਬੰਧੀ ਪ੍ਰਬੰਧਕ ਕਮੇਟੀਆਂ ਵੱਲੋਂ ਇੱਕ ਅਹੰਕਾਰਪੂਰਕ ਮੀਟਿੰਗ ਵੀ ਕੀਤੀ ਗਈ, ਜਿਸ ਵਿਚ ਸਮਾਗਮ ਦੇ ਪ੍ਰਬੰਧਾਂ ਬਾਰੇ ਵਿਸਥਾਰ ਨਾਲ ਵਿਚਾਰ-ਵਟਾਂਦਰਾ ਕੀਤਾ ਗਿਆ।ਸ੍ਰੀ ਰਾਮ ਲੀਲਾ ਉਤਸਵ ਕਮੇਟੀ ਦੇ ਡਾਇਰੈਕਟਰ ਅਸ਼ਵਨੀ ਸ਼ਰਮਾ, ਰੋਸ਼ਨ ਲਾਲ ਰੋਸ਼ੀ ਨੇ ਦੱਸਿਆ ਕਿ ਮਹਾਂ ਸ਼ਿਵਰਾਤਰੀ ਮੌਕੇ ਹਰ ਹਰ ਮਹਾਦੇਵ ਕਾਵੜ ਸੰਘ ਦਾ ਜੱਥਾ ਪਵਿੱਤਰ ਗੰਗਾ ਜਲ ਲਿਆਉਣ ਲਈ ਪਹਿਲਾਂ ਹੀ ਰਵਾਨਾ ਕੀਤਾ ਜਾ ਚੁੱਕਾ ਹੈ।ਇਹ ਜੱਥਾ 15 ਫਰਵਰੀ ਨੂੰ ਸਵੇਰੇ ਸ੍ਰੀ ਸ਼ਿਵ ਮੰਦਿਰ ਵਿਖੇ ਪਹੁੰਚੇਗਾ, ਜਿੱਥੇ ਉਸ ਦਾ ਜ਼ੋਰਦਾਰ ਫੁੱਲਾਂ ਦੀ ਵਰਖਾ ਨਾਲ ਸਵਾਗਤ ਕੀਤਾ ਜਾਵੇਗਾ।ਉਨ੍ਹਾਂ ਕਿਹਾ ਕਿ ਜੱਥੇ ਵੱਲੋਂ ਲਿਆਂਦਾ ਗਿਆ ਪਵਿੱਤਰ ਗੰਗਾ ਜਲ ਸ਼ਿਵਲਿੰਗ ਉੱਤੇ ਚੜ੍ਹਾਇਆ ਜਾਵੇਗਾ, ਜਿਸ ਨਾਲ ਸਮੂਹ ਸੰਗਤਾਂ ਦੀ ਆਸਥਾ ਹੋਰ ਵੀ ਮਜ਼ਬੂਤ ਹੋਵੇਗੀ।ਸ਼ਿਵ ਮੰਦਿਰ ਦੇ ਪ੍ਰਧਾਨ ਬਲਵਿੰਦਰ ਗਰਗ, ਕ੍ਰਿਸ਼ਨ ਗਰਗ, ਸੰਦੀਪ ਗੋਇਲ ਠੰਡੂ ਨੇ ਦੱਸਿਆ ਕਿ ਹਰ ਹਰ ਮਹਾਦੇਵ ਕਾਵੜ ਸੰਘ ਦੇ ਜੱਥੇ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਜਾਵੇਗਾ ਤੇ ਸਮੂਹ ਭਗਤਾਂ ਲਈ ਸਾਰਾ ਦਿਨ ਅਤੁੱਟ ਲੰਗਰ ਵਰਤਾਇਆ ਜਾਵੇਗਾ।ਇਸ ਦੇ ਨਾਲ ਹੀ ਸ੍ਰੀ ਸ਼ਿਵ ਮੰਦਰ ਨੂੰ ਫੁੱਲਾਂ ਤੇ ਰੌਸ਼ਨੀਆਂ ਨਾਲ ਖੂਬਸੂਰਤ ਢੰਗ ਨਾਲ ਸਜਾਇਆ ਜਾਵੇਗਾ, ਤਾਂ ਜੁ ਭਗਤਾਂ ਨੂੰ ਆਧਿਆਤਮਕ ਸ਼ਾਂਤੀ ਤੇ ਸੁਖਦ ਅਨੁਭਵ ਪ੍ਰਾਪਤ ਹੋ ਸਕੇ।

## ਸੁਪਰੀਮ ਕੋਰਟ ਤੋਂ ਮਿਲੀ ਜ਼ਮਾਨਤ ਵਿਰੋਧੀਆਂ ਲਈ ਕਰਾਰਾ ਝਟਕਾ : ਅਕਾਲੀ ਆਗੂ



**ਬਾਘਾ ਪੁਰਾਣਾ (ਮਨੀ ਸਿੰਗਲਾ)**-ਸਾਬਕਾ ਕੈਬਨਿਟ ਮੰਤਰੀ ਤੇ ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂ ਬਿਕਰਮਜੀਤ ਸਿੰਘ ਮਜੀਠੀਆ ਨੂੰ ਸੁਪਰੀਮ ਕੋਰਟ ਵੱਲੋਂ ਦਿੱਤੀ ਗਈ ਜ਼ਮਾਨਤ ਵਿਰੋਧੀ ਪਾਰਟੀਆਂ ਲਈ ਇੱਕ ਵੱਡੀ ਚਪੇੜ ਸਾਬਤ ਹੋਈ ਹੈ।ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਬਚਿੱਤਰ ਸਿੰਘ ਸਾਬਕਾ ਚੇਅਰਮੈਨ ਅਤੇ ਸਰਕਲ ਪ੍ਰਧਾਨ ਘੋਲੀਆ, ਤਰਲੋਚਨ ਸਿੰਘ ਕਾਲੇਕੇ ਸੀਨੀਅਰ ਅਕਾਲੀ ਆਗੂ, ਹਰਜਿੰਦਰ ਸਿੰਘ ਗਿੱਲ ਕਨੇਡਾ ਸੀਨੀਅਰ ਅਕਾਲੀ ਆਗੂ, ਮਨਪ੍ਰੀਤ ਸਿੰਘ ਗਿੱਲ ਕਨੇਡਾ ਯੂਥ ਆਗੂ, ਕੁਲਦੀਪ ਸਿੰਘ ਗਿੱਲ, ਰਿੰਕਾ ਨੰਬਰਦਾਰ, ਗੁਰਸੇਵਕ ਸਿੰਘ ਗਿੱਲ ਅਤੇ ਜਗਤਾਰ ਸਿੰਘ ਲੱਖਾ ਯੂਥ ਆਗੂ ਨੇ ਇੱਕ ਸਾਂਝੇ ਬਿਆਨ ਵਿੱਚ ਕੀਤਾ।ਉਨ੍ਹਾਂ ਕਿਹਾ ਕਿ ਮਜੀਠੀਆ ਖ਼ਿਲਾਫ਼ ਦਰਜ ਕੇਸ ਸਿਰਫ਼ ਰਾਜਨੀਤਿਕ ਬਦਲੇ ਦੀ ਭਾਵਨਾ ਨਾਲ ਕੀਤੇ ਗਏ ਸਨ, ਪਰ ਸੁਪਰੀਮ ਕੋਰਟ ਦੇ ਇਸ ਫੈਸਲੇ ਨਾਲ ਸੱਚਾਈ ਸਭ ਦੇ ਸਾਹਮਣੇ ਆ ਗਈ ਹੈ। ਬਚਿੱਤਰ ਸਿੰਘ ਸਾਬਕਾ ਚੇਅਰਮੈਨ ਅਤੇ ਸਰਕਲ ਪ੍ਰਧਾਨ ਘੋਲੀਆ, ਤਰਲੋਚਨ ਸਿੰਘ ਕਾਲੇਕੇ ਸੀਨੀਅਰ ਅਕਾਲੀ ਆਗੂ, ਹਰਜਿੰਦਰ ਸਿੰਘ ਗਿੱਲ ਕਨੇਡਾ ਸੀਨੀਅਰ ਅਕਾਲੀ ਆਗੂ ਨੇ ਆਖਿਆ ਕਿ ਇਹ ਫੈਸਲਾ ਸਾਬਤ ਕਰਦਾ ਹੈ ਕਿ ਮਜੀਠੀਆ ਇੱਕ ਨਿਡਰ ਤੇ ਇਮਾਨਦਾਰ ਨੇਤਾ ਹਨ, ਜੋ ਹਮੇਸ਼ਾ ਪੰਜਾਬ ਅਤੇ ਪੰਜਾਬੀਆਂ ਦੇ ਹੱਕਾਂ ਲਈ ਲੜਦੇ ਰਹੇ ਹਨ।ਆਗੂਆਂ ਨੇ ਕਿਹਾ ਕਿ ਜ਼ਮਾਨਤ ਮਿਲਣ ਤੋਂ ਬਾਅਦ ਸ਼੍ਰੋਮਣੀ ਅਕਾਲੀ ਦਲ ਦੇ ਆਗੂਆਂ ਤੇ ਵਰਕਰਾਂ ਦੇ ਹੌਸਲੇ ਪਹਿਲਾਂ ਨਾਲੋਂ ਵੀ ਵੱਧ ਬੁਲੰਦ ਹੋ ਗਏ ਹਨ।ਪਾਰਟੀ ਵਿੱਚ ਨਵਾਂ ਜੋਸ਼ ਅਤੇ ਉਤਸ਼ਾਹ ਦੇਖਣ ਨੂੰ ਮਿਲ ਰਿਹਾ ਹੈ ਅਤੇ ਹਰ ਵਰਕਰ ਅਕਾਲੀ ਦਲ ਦੀ ਮਜ਼ਬੂਤੀ ਲਈ ਹੋਰ ਵੀ ਜ਼ਿਆਦਾ ਸਰਗਰਮ ਹੋ ਗਿਆ ਹੈ।ਮਨਪ੍ਰੀਤ ਸਿੰਘ ਗਿੱਲ ਕਨੇਡਾ ਯੂਥ ਆਗੂ, ਕੁਲਦੀਪ ਸਿੰਘ ਗਿੱਲ, ਰਿੰਕਾ ਨੰਬਰਦਾਰ, ਗੁਰਸੇਵਕ ਸਿੰਘ ਗਿੱਲ ਅਤੇ ਜਗਤਾਰ ਸਿੰਘ ਲੱਖਾ ਯੂਥ ਆਗੂ ਨੇ ਆਖਿਆ ਕਿ ਬਿਕਰਮਜੀਤ ਸਿੰਘ ਮਜੀਠੀਆ ਨੇ ਆਪਣੇ ਰਾਜਨੀਤਿਕ ਜੀਵਨ ਦੌਰਾਨ ਸਦਾ ਹੀ ਲੋਕ-ਹਿੱਤ ਨੂੰ ਪਹਿਲ ਦਿੱਤੀ ਹੈ।

## ਵਿਕਾਸ ਮਿੱਤਲ ਨੇ 67ਵੀਂ ਵਾਰ ਖ਼ੂਨਦਾਨ ਕਰਕੇ ਖ਼ੂਨਦਾਨ ਲਈ ਪ੍ਰੇਰਿਤ ਕੀਤਾ



**ਨਾਭਾ (ਵਰਿੰਦਰ ਵਰਮਾ)**-ਮਾਨਵ ਸੇਵਾ ਉਤਮ ਸੇਵਾ ਸਟੇਟ ਐਵਾਰਡੀ ਸੰਸਥਾ ਦੇ ਮੁੱਖ ਸੇਵਾਦਾਰ ਵਿਕਾਸ ਮਿੱਤਲ ਨੇ ਖ਼ੂਨਦਾਨ ਕੈਂਪ ਵਿੱਚ ਸਮਾਜ ਪ੍ਰਤੀ ਵਧੀਆ ਸੇਵਾਵਾਂ ਨਿਭਾਉਂਦੇ ਹੋਏ 67ਵੀਂ ਵਾਰ ਖ਼ੂਨਦਾਨ ਕਰਕੇ ਪੰਜਾਬ ਵਾਸੀਆਂ ਨੂੰ ਖ਼ੂਨਦਾਨ ਕਰਨ ਲਈ ਪ੍ਰੇਰਿਤ ਕੀਤਾ।ਮਾਨਵ ਸੇਵਾ ਉੱਤਮ ਸੇਵਾ ਸੰਸਥਾ ਨਾਭਾ ਦੇ ਮੁੱਖ ਸੇਵਾਦਾਰ ਵਿਕਾਸ ਮਿੱਤਲ ਨੇ ਕਿਹਾ ਕਿ ਖ਼ੂਨਦਾਨ ਕਰਨਾ ਮਨੁੱਖਤਾ ਦੀ ਸਭ ਤੋਂ ਵੱਡੀ ਸੇਵਾ ਹੈ, ਕਿਉਂਕਿ ਖ਼ੂਨਦਾਨ ਮਹਾਂ ਦਾਨ ਹੈ, ਜਿਸ ਨਾਲ ਕਈ ਕੀਮਤੀ ਜ਼ਿੰਦਗੀਆਂ ਨੂੰ ਬਚਾਇਆ ਜਾ ਸਕਦਾ ਹੈ।ਉਨ੍ਹਾਂ ਕਿਹਾ ਕਿ ਖ਼ੂਨ ਦੀ ਇੱਕ-ਇੱਕ ਬੂੰਦ ਕੀਮਤੀ ਹੈ, ਜੋ ਕਿਸੇ ਵੀ ਮਰਦੇ ਹੋਏ ਵਿਅਕਤੀ ਨੂੰ ਜੀਵਨ ਦਾਨ ਦੇ ਸਕਦੀ ਹੈ।ਉਨ੍ਹਾਂ ਕਿਹਾ ਕਿ ਖ਼ੂਨਦਾਨ ਕਰਨ ਨਾਲ ਕਿਸੇ ਵੀ ਤਰ੍ਹਾਂ ਦੀ ਕਮਜ਼ੋਰੀ ਨਹੀਂ ਆਉਂਦੀ, ਬਲਕਿ ਮਨ ਨੂੰ ਇਕ ਸੰਤੁਸ਼ਟੀ ਮਿਲਦੀ ਹੈ ਕਿ ਅਸੀਂ ਇਹ ਦਾਨ ਕਰਕੇ ਇਕ ਲੋੜਵੰਦ ਵਿਅਕਤੀ ਨੂੰ ਜੀਵਨ ਪ੍ਰਦਾਨ ਕੀਤਾ ਹੈ।ਉਨ੍ਹਾਂ ਕਿਹਾ ਕਿ ਅੱਜ ਉਹ 67ਵੀਂ ਵਾਰ ਖ਼ੂਨਦਾਨ ਕਰ ਰਹੇ ਹਨ।ਵਿਕਾਸ ਮਿੱਤਲ ਨੇ ਕਿਹਾ ਕਿ ਬਲੱਡ ਟ੍ਰਾਸਵਿਊਜ਼ਨ ਖ਼ੂਨਦਾਨ ਕਰਨ ਨਾਲ ਸਿਰਫ ਇੱਕ ਹੀ ਮਰੀਜ਼ ਨੂੰ ਨਹੀਂ, ਸਗੋਂ ਚਾਰ ਮਰੀਜ਼ਾਂ ਨੂੰ ਫਾਇਦਾ ਮਿਲਦਾ ਹੈ, ਕਿਉਂਕਿ ਖ਼ੂਨ ਦੇ ਚਾਰ ਕੰਪੋਨੇਟ ਪਲਾਜ਼ਮਾ, ਆਰ.ਬੀ.ਸੀ. ਪਲੇਟਲੇਟ ਦੇ ਤੌਰ 'ਤੇ ਅਤੇ ਹੀਮੋਫੀਲੀਆ ਦੇ ਮਰੀਜ਼ਾਂ ਵਿੱਚ ਕਲੋਟਿੰਗ ਫੈਕਟਰ ਵਾਸਤੇ ਕੰਮ ਆਉਂਦੇ ਹਨ। ਵਿਕਾਸ ਮਿੱਤਲ ਨੇ ਆਖਿਆ ਕਿ 18 ਤੋਂ 65 ਸਾਲ ਤੱਕ ਦੇ ਹਰ ਸਿਹਤਮੰਦ ਵਿਅਕਤੀ ਨੂੰ ਖ਼ੂਨਦਾਨ ਨੂੰ ਆਪਣੇ ਜੀਵਨ ਦਾ ਅਨਿੱਖੜਵਾਂ ਹਿੱਸਾ ਬਣਾਉਣਾ ਚਾਹੀਦਾ ਹੈ ਤਾਂ ਜੁ ਖ਼ੂਨ ਦੀ ਘਾਟ ਸਦਕਾ ਹਸਪਤਾਲਾਂ ਵਿੱਚ ਦਾਖ਼ਲ ਮਰੀਜ਼ਾਂ ਦੀ ਬੁਝ ਰਹੀ ਜੀਵਨ ਜੋਤ ਨੂੰ ਜਗਜਮਗਾਈ ਰੱਖਣ ਵਿਚ ਮੱਦਦ ਮਿਲ ਸਕੇ।

## ਪੈਨਸ਼ਨਰ ਮੰਗਾਂ ਨੂੰ ਨਜ਼ਰਅੰਦਾਜ਼ ਕਰਨਾ ਸਰਕਾਰ ਨੂੰ ਪਵੇਗਾ ਮਹਿੰਗਾ : ਮੇਘ ਸਿੰਘ ਜਵੰਦਾ



**ਸਮਰਾਲਾ (ਸੁਰਜੀਤ ਸਿੰਘ)**-ਪੰਜਾਬ ਪੈਨਸ਼ਨਰ ਕਲਿਆਣ ਸੰਗਠਨ ਦੀ ਮਹੀਨਾਵਾਰ ਮੀਟਿੰਗ ਪ੍ਰਧਾਨ ਮੇਘ ਸਿੰਘ ਜਵੰਦਾ ਦੀ ਪ੍ਰਧਾਨਗੀ ਹੇਠ ਹੋਈ।ਇਕੱਤਰਤਾ ਨੂੰ ਸੰਬੋਧਨ ਕਰਦਿਆਂ ਪ੍ਰਧਾਨ ਮੇਘ ਸਿੰਘ ਜਵੰਦਾ ਨੇ ਕਿਹਾ ਕਿ ਮੁਲਾਜ਼ਮ ਤੇ ਪੈਨਸ਼ਨਰਜ਼ ਦੀਆਂ ਮੰਗਾਂ ਨੂੰ ਸਰਕਾਰ ਨੇ ਮੁੱਢ ਤੋਂ ਵਿਸਾਰ ਦਿੱਤਾ ਹੈ।ਪੰਜਾਬ ਦੇ ਬਹੁਤ ਸਾਰੇ ਪੈਨਸ਼ਨਰਜ਼ 2.59 ਦੇ ਗੁਣਾਂਕ ਨਾਲ ਪੈਨਸ਼ਨ ਰਿਵਾਈਜ ਕਰਨੀ, ਮਹਿੰਗਾਈ ਭੱਤੇ 16% ਦੀਆਂ ਕਿਸ਼ਤਾਂ ਤੇ 253 ਮਹੀਨੇ ਦਾ ਡੀ. ਏ. ਉਡੀਕਦਿਆਂ ਰੱਬ ਨੂੰ ਪਿਆਰੇ ਹੋ ਚੁੱਕੇ ਹਨ, ਪਰ ਪੰਜਾਬ ਦੀ ਮੌਜੂਦਾ ਸਰਕਾਰ ਨੇ ਮਹਿੰਗਾਈ ਤਾਂ ਕੀ ਘੱਟ ਕਰਨੀ ਸੀ, ਸਗੋਂ ਮਹਿੰਗਾਈ ਭੱਤਾ ਹੀ ਜਾਮ ਕਰ ਦਿੱਤਾ।ਜੇਕਰ ਸਰਕਾਰ ਨੇ ਆਪਣਾ ਅੜੀਅਲ ਵਤੀਰਾ ਨਾ ਤਿਆਗਿਆ ਤਾਂ ਆ ਰਹੀਆਂ ਵਿਧਾਨ ਸਭਾ ਚੋਣਾਂ ਵਿੱਚ ਪੰਜਾਬ ਦੇ ਮੁਲਾਜ਼ਮ ਤੇ ਪੈਨਸ਼ਨਰਜ਼ ਸਰਕਾਰ ਨੂੰ ਸਬਕ ਸਿਖਾਉਣ ਦੀ ਤਿਆਰੀ ਕਰੀਂ ਬੈਠੇ ਹਨ।ਉਨ੍ਹਾਂ ਸਰਕਾਰ ਨੂੰ ਚਿਤਾਵਨੀ ਦਿੰਦਿਆਂ ਕਿਹਾ ਕਿ ਜੇਕਰ ਸਰਕਾਰ ਨੇ ਪੈਨਸ਼ਨਰਾਂ ਦੀਆਂ ਹੱਕੀ ਮੰਗਾਂ ਨਾ ਮੰਨੀਆਂ ਤਾਂ ਪੰਜਾਬ ਦੀ 'ਆਪ' ਸਰਕਾਰ ਖਿਲਾਫ ਪੈਨਸ਼ਨਰ ਜ਼ੋਰਦਾਰ ਸੰਘਰਸ਼ ਸ਼ੁਰੂ ਕੀਤਾ ਜਾਵੇਗਾ।ਉਨ੍ਹਾਂ ਪੈਨਸ਼ਨਰਜ਼ ਨੂੰ ਅਪੀਲ ਕੀਤੀ ਕਿ ਨਿਕਟ ਭਵਿੱਖ ਵਿੱਚ ਸਰਕਾਰ ਖਿਲਾਫ ਵਿੱਢੇ ਜਾ ਰਹੇ ਸੰਘਰਸ਼ ਲਈ ਤਿਆਰ ਰਹਿਣ।ਉਨ੍ਹਾਂ ਕਿਹਾ ਕਿ ਸਰਕਾਰ ਹੁਣ ਤੱਕ ਦੀਆਂ ਪਿਛਲੀਆਂ ਸਰਕਾਰਾਂ ਵਿਚੋਂ ਸਭ ਤੋਂ ਨਿਕੰਮੀ ਸਾਬਤ ਹੋਈ ਹੈ।ਮੀਟਿੰਗ ਨੂੰ ਦਲੀਪ ਸਿੰਘ, ਹਰੀ ਚੰਦ, ਯਸ਼ਪਾਲ ਮਿੰਟਾਂ, ਰੌਸ਼ਨ ਲਾਲ ਅਰੋੜਾ, ਹਰਬੰਸ ਸਿੰਘ, ਰਘਵੀਰ ਸਿੰਘ ਰਿਟਾ: ਐਸ. ਡੀ. ਓ., ਗੁਰਚਰਨ ਸਿੰਘ ਸਰਵਰਪੁਰ, ਭਰਪੂਰ ਸਿੰਘ ਅਤੇ ਯਸ਼ਪਾਲ ਨੇ ਵੀ ਸੰਬੋਧਨ ਕੀਤਾ।ਮੰਚ ਸੰਚਾਲਨ ਦੀ ਭੂਮਿਕਾ ਦੀ ਲੈਕ: ਵਿਜੇ ਕੁਮਾਰ ਸ਼ਰਮਾ ਵੱਲੋਂ ਬਾਖ਼ੂਬੀ ਨਿਭਾਈ ਗਈ।

## ਸਫਾ 1 ਦੇ ਬਾਕੀ...

### ਸੁਪਰੀਮ ਕੋਰਟ ਨੇ ...

ਟਿੱਪਣੀ ਕਿ ਉੱਤਰਦਾਤਾ ਵੱਲੋਂ ਝੱਲੇ ਗਏ ਸਦਮੇ ਕਾਰਨ ਹੋ ਸਕਦਾ ਹੈ ਕਿ ਉਸ ਨੇ ਦਸਤਾਵੇਜ਼ਾਂ ਦੇ ਅਸਲ ਰਿਕਾਰਡ ਨਾ ਸੰਭਾਲੇ ਹੋਣ, ਇਸ ਲਈ ਸਿਰਫ ਫੋਟੋ ਕਾਪੀਆਂ 'ਤੇ ਭਰੋਸਾ ਕੀਤਾ ਜਾ ਸਕਦਾ ਹੈ, ਏਨਾ ਵੱਡਾ ਮੁਆਵਜ਼ਾ ਦੇਣ ਦਾ ਜਾਇਜ਼ ਆਧਾਰ ਨਹੀਂ ਹੋ ਸਕਦਾ।'

ਫੈਸਲੇ ਵਿੱਚ ਕਿਹਾ ਗਿਆ ਕਿ ਭਾਵੇਂ ਸਿਵਲ ਪ੍ਰੋਸੀਜਰ ਕੋਡ ਸਖਤੀ ਨਾਲ ਲਾਗੂ ਨਾ ਵੀ ਹੋਵੇ, ਫਿਰ ਵੀ ਕਮਿਸ਼ਨ ਨੇ ਇਹ ਮੁਲਾਂਕਣ ਨਹੀਂ ਕੀਤਾ ਕਿ ਉੱਤਰਦਾਤਾ ਨੂੰ 2 ਕਰੋੜ ਰੁਪਏ ਦਾ ਨੁਕਸਾਨ ਕਿਵੇਂ ਹੋਇਆ। ਚੁਣੌਤੀ ਦਿੱਤੇ ਗਏ ਫੈਸਲੇ ਵਿੱਚ ਆਮ ਚਰਚਾ ਇਸ ਨੂੰ ਜਾਇਜ਼ ਨਹੀਂ ਠਹਿਰਾ ਸਕਦੀ। ਅਪਰੈਲ 2018 ਵਿੱਚ ਆਸ਼ਨਾ ਰੌਏ, ਜੋ ਕਿ ਇੱਕ ਮੈਨੇਜਮੈਂਟ ਪ੍ਰੋਫੈਸ਼ਨਲ ਹੈ, ਦਿੱਲੀ ਦੇ ਆਈ ਟੀ ਸੀ ਮੌਰੀਆ ਹੋਟਲ ਦੇ ਇੱਕ ਸੈਲੂਨ ਵਿੱਚ ਗਈ ਸੀ। ਰੌਏ ਨੇ ਦੋਸ਼ ਲਾਇਆ ਸੀ ਕਿ ਸਟਾਈਲਿਸਟ ਨੇ ਉਸ ਦੇ ਵਾਲ ਮੰਗ ਨਾਲੋਂ ਕਿਤੇ ਜ਼ਿਆਦਾ ਛੋਟੇ ਕੱਟ ਦਿੱਤੇ, ਜਿਸ ਨਾਲ ਉਸ ਨੂੰ ਭਾਰੀ ਮਾਨਸਕ ਸਦਮਾ ਪਹੁੰਚਿਆ ਅਤੇ ਉਸ ਦੇ ਲਾਹੇਵੰਦ ਮਾਡਲਿੰਗ ਅਸਾਈਨਮੈਂਟਾਂ ਅਤੇ ਕੈਰੀਅਰ ਦੇ ਮੌਕਿਆਂ ਦਾ ਨੁਕਸਾਨ ਹੋਇਆ। ਕਮਿਸ਼ਨ ਨੇ ਸ਼ੁਰੂ ਵਿੱਚ ਉਸ ਨੂੰ 2 ਕਰੋੜ ਰੁਪਏ ਦਾ ਮੁਆਵਜ਼ਾ ਦਿੱਤਾ ਸੀ। ਮੁਕੱਦਮੇਬਾਜ਼ੀ ਦੇ ਪਹਿਲੇ ਗੇੜ ਤੋਂ ਬਾਅਦ, ਜਿੱਥੇ ਸੁਪਰੀਮ ਕੋਰਟ ਨੇ ਰਕਮ ਦੇ ਮੁੜ ਮੁਲਾਂਕਣ ਲਈ ਕਿਹਾ ਸੀ, ਕਮਿਸ਼ਨ ਨੇ ਅਪਰੈਲ 2023 ਵਿੱਚ ਫਿਰ ਤੋਂ 2 ਕਰੋੜ ਰੁਪਏ ਦਾ ਮੁਆਵਜ਼ਾ ਦੇਣ ਦਾ ਫੈਸਲਾ ਸੁਣਾਇਆ। ਆਈ ਟੀ ਸੀ ਲਿਮਟਿਡ ਨੇ ਇਸ ਦੂਜੇ ਫੈਸਲੇ ਨੂੰ ਸੁਪਰੀਮ ਕੋਰਟ ਵਿੱਚ ਚੁਣੌਤੀ ਦਿੱਤੀ ਸੀ।

### ਨੀਨਾ ਟਿਵਾਣਾ 'ਪੰਜਾਬ ਗੌਰਵ ਐਵਾਰਡ'...

ਕਿ ਫਿਲਮ 'ਲੌਂਗ ਦਾ ਲਿਸ਼ਕਾਰਾ' ਵਿੱਚ ਸਰਦਾਰਨੀ ਦੀ ਭੂਮਿਕਾ ਨੇ ਨੀਨਾ ਟਿਵਾਣਾ ਨੂੰ ਹਰ ਘਰ ਵਿੱਚ ਮਸ਼ਹੂਰ ਕਰ ਦਿੱਤਾ। ਇਸ ਤੋਂ ਬਾਅਦ ਉਨ੍ਹਾ ਟੈਲੀ-ਸੀਰੀਜ਼ 'ਸਾਂਝੀ ਦੀਵਾਰ' ਅਤੇ ਹਿੰਦੀ ਫਿਲਮ 'ਹਾਟ-ਦ ਬਾਜ਼ਾਰ' ਵਿੱਚ ਵੀ ਕੰਮ ਕੀਤਾ। ਉਨ੍ਹਾ ਨੂੰ ਦੁਨੀਆ ਭਰ ਵਿੱਚ ਕਈ ਪੁਰਸਕਾਰਾਂ ਨਾਲ ਸਨਮਾਨਤ ਕੀਤਾ ਗਿਆ ਹੈ, ਜਿਨ੍ਹਾਂ ਵਿੱਚ ਖਾਲਸਾ ਦੀ ਤਿੰਨ ਸੌ ਸਾਲਾ ਸ਼ਤਾਬਦੀ 'ਤੇ ਐੱਸ ਜੀ ਪੀ ਸੀ ਵੱਲੋਂ 'ਆਊਟਸਟੈਂਡਿੰਗ ਸਿੱਖ ਵੂਮੈਨ ਐਵਾਰਡ', ਇੰਡੋ-ਕੈਨੇਡੀਅਨ ਟਾਈਮਜ਼ ਐਵਾਰਡ, ਪੰਜਾਬੀ ਕਲਚਰਲ ਸੁਸਾਇਟੀ ਸ਼ਿਕਾਗੋ ਐਵਾਰਡ, ਭਾਸ਼ਾ ਵਿਭਾਗ ਪੰਜਾਬ ਵੱਲੋਂ 'ਸ਼੍ਰੋਮਣੀ ਅਦਾਕਾਰਾ ਐਵਾਰਡ' ਅਤੇ 'ਨੈਸ਼ਨਲ ਸੰਗੀਤ ਨਾਟਕ ਅਕੈਡਮੀ ਐਵਾਰਡ' ਸ਼ਾਮਲ ਹਨ। ਉਨ੍ਹਾ ਆਪਣੇ ਮਰਹੂਮ ਪਤੀ 'ਤੇ 'ਓਹ ਜੋ ਸੀ' ਨਾਂਅ ਦੀ ਕਿਤਾਬ ਲਿਖੀ ਹੈ ਅਤੇ ਹਾਲ ਹੀ ਤੱਕ ਉਹ ਸਟੇਜ 'ਤੇ ਪੇਸ਼ਕਾਰੀ ਦੇ ਰਹੇ ਸਨ, ਪਰ ਸਿਹਤ ਕਾਰਨਾਂ ਕਰਕੇ ਹੁਣ ਉਹ ਸਟੇਜ 'ਤੇ ਅਦਾਕਾਰੀ ਨਹੀਂ ਕਰਦੇ, ਪਰ ਅਦਾਕਾਰੀ ਦੀਆਂ ਤਕਨੀਕਾਂ 'ਤੇ ਇੱਕ ਕਿਤਾਬ ਪੂਰੀ ਕਰ ਰਹੇ ਹਨ। ਹਰਪਾਲ ਅਤੇ ਨੀਨਾ ਟਿਵਾਣਾ ਦੀ ਜੋੜੀ ਨੂੰ ਓਮ ਪੁਰੀ, ਰਾਜ ਬੱਬਰ, ਨਿਰਮਲ ਰਿਸ਼ੀ, ਗੁਰਦਾਸ ਮਾਨ ਅਤੇ ਗਿਰਜਾ ਸ਼ੰਕਰ ਵਰਗੇ ਕਲਾਕਾਰਾਂ ਦੀ ਪ੍ਰਤਿਭਾ ਨੂੰ ਨਿਖਾਰਨ ਦਾ ਸਿਹਰਾ ਵੀ ਜਾਂਦਾ ਹੈ। ਨੀਨਾ ਟਿਵਾਣਾ ਦਾ ਕਹਿਣਾ ਹੈ, 'ਰੰਗਮੰਚ ਅਜਿਹੀ ਚੀਜ਼ ਹੈ, ਜੋ ਕਿਰਦਾਰਾਂ ਵਿੱਚ ਜਾਨ ਪਾ ਦਿੰਦੀ ਹੈ ਅਤੇ ਮੈਂ ਬਹੁਤ ਕਿਸਮਤ ਵਾਲੀ ਹਾਂ ਕਿ ਮੈਂ ਅਦਾਕਾਰੀ ਕਰਦਿਆਂ ਆਪਣਾ ਜੀਵਨ ਬੀਤਇਆ ਹੈ, ਜੋ ਮੈਨੂੰ ਲਗਾਤਾਰ ਪ੍ਰੇਰਿਤ ਕਰਦਾ ਹੈ।'

### ਸੀ ਪੀ ਆਈ ਨੇ ਹਿੰਮਤ...

ਗਿਣਤੀਆਂ ਨਾਲ ਵਿਤਕਰਾ ਕਰਦੀਆਂ ਹਨ, ਜਿਸ ਨਾਲ ਉਨ੍ਹਾਂ ਦੀ ਸੁਰੱਖਿਆ ਅਤੇ ਬਰਾਬਰ ਦੀ ਨਾਗਰਿਕਤਾ ਦੀ ਭਾਵਨਾ ਨੂੰ ਠੇਸ ਪਹੁੰਚੀ ਹੈ।ਸੀ ਪੀ ਆਈ ਨੇ ਸੁਪਰੀਮ ਕੋਰਟ ਦਾ ਦਰਵਾਜ਼ਾ ਖੜਕਾ ਕੇ ਸਖ਼ਤ ਕਾਨੂੰਨੀ ਕਾਰਵਾਈ ਦੀ ਮੰਗ ਕੀਤੀ ਹੈ ਅਤੇ ਖ਼ਾਸ ਤੌਰ 'ਤੇ ਇੱਕ ਵਿਸ਼ੇਸ਼ ਜਾਂਚ ਟੀਮ (ਐੱਸ ਆਈ ਟੀ) ਦੇ ਗਠਨ ਦੀ ਮੰਗ ਕੀਤੀ ਹੈ, ਤਾਂ ਜੋ ਮੁੱਖ ਮੰਤਰੀ ਦੇ ਵਰਤਾਰੇ ਦੀ ਸੁਤੰਤਰ ਅਤੇ ਨਿਰਪੱਖ ਜਾਂਚ ਕੀਤੀ ਜਾ ਸਕੇ। ਪਟੀਸ਼ਨ ਅਦਾਲਤ ਨੂੰ ਅਪੀਲ ਕਰਦੀ ਹੈ ਕਿ ਨਫ਼ਰਤੀ ਭਾਸ਼ਣ ਸੰਬੰਧੀ ਸਥਾਪਤ ਕਾਨੂੰਨ ਅਨੁਸਾਰ ਉਚਿਤ ਮਾਮਲੇ ਦਰਜ ਕਰਵਾਏ ਜਾਣ, ਜਾਂਚ ਨੂੰ ਕਾਰਜਕਾਰੀ ਦਖ਼ਲ ਤੋਂ ਬਚਾਇਆ ਜਾਵੇ ਅਤੇ ਸੂਬਾਈ ਤਾਕਤ ਅਤੇ ਜਨਤਕ ਪਲੇਟਫ਼ਾਰਮਾਂ ਦੀ ਵਰਤੋਂ ਕਰਕੇ ਨਾਗਰਿਕਾਂ ਵਿਚ ਵੰਡ ਅਤੇ ਨਫ਼ਰਤ ਭੜਕਾਉਣ ਤੋਂ ਰੋਕਣ ਲਈ ਲੋੜੀਂਦੇ ਹੁਕਮ ਜਾਰੀ ਕੀਤੇ ਜਾਣ। ਸੀ ਪੀ ਆਈ ਨੇ ਇਹ ਵੀ ਦਲੀਲ ਦਿੱਤੀ ਹੈ ਕਿ ਅਜਿਹੀਆਂ ਕਾਰਵਾਈਆਂ ਮੁੱਖ ਮੰਤਰੀ ਵੱਲੋਂ ਸੰਵਿਧਾਨ ਦੀ ਰੱਖਿਆ ਕਰਨ ਲਈ ਚੁੱਕੀ ਗਈ ਸਹੁੰ ਦੀ ਖੁੱਲ੍ਹੀ ਉਲੰਘਣਾ ਹਨ, ਕਿਉਂਕਿ ਸੰਵਿਧਾਨ ਹਰ ਨਾਗਰਿਕ ਨੂੰ ਧਰਮ ਅਤੇ ਆਸਥਾ ਦੀ ਆਜ਼ਾਦੀ ਅਤੇ ਕਾਨੂੰਨ ਅੱਗੇ ਬਰਾਬਰ ਸੁਰੱਖਿਆ ਦੀ ਗਾਰੰਟੀ ਦਿੰਦਾ ਹੈ।ਐਨੀ ਰਾਜਾ ਨੇ ਕਿਹਾ ਕਿ ਸੰਵਿਧਾਨ ਸਰਕਾਰੀ ਅਹੁਦੇ ਦੀ ਤਾਕਤ ਰਾਹੀਂ ਨਫ਼ਰਤ ਨੂੰ ਮੁੱਖ ਧਾਰਾ ਬਣਾਉਣ ਦੀ ਇਜਾਜ਼ਤ ਨਹੀਂ ਦਿੰਦਾ ਅਤੇ ਕੋਈ ਵੀ ਸੰਵਿਧਾਨਕ ਅਹੁਦੇਦਾਰ ਕਾਨੂੰਨ ਤੋਂ ਉਪਰ ਨਹੀਂ। ਉਨ੍ਹਾ ਜ਼ੋਰ ਦੇ ਕੇ ਕਿਹਾ ਕਿ ਧਰਮ ਨਿਰਪੱਖਤਾ ਕੋਈ ਰਾਜਨੀਤਕ ਸੁਵਿਧਾ ਨਹੀਂ, ਸਗੋਂ ਇੱਕ ਮੂਲ ਸਿਧਾਂਤ ਹੈ, ਜੋ ਹਰ ਨਾਗਰਿਕ ਦੀ ਇੱਜ਼ਤ, ਆਸਥਾ ਦੀ ਆਜ਼ਾਦੀ ਅਤੇ ਬਰਾਬਰੀ ਦੀ ਰੱਖਿਆ ਕਰਦਾ ਹੈ।ਕਮਿਊਨਿਸਟ ਪਾਰਟੀ ਆਫ਼ ਇੰਡੀਆ ਧਰਮ ਨਿਰਪੱਖਤਾ ਅਤੇ ਲੋਕਤੰਤਰਿਕ ਅਧਿਕਾਰਾਂ ਪ੍ਰਤੀ ਆਪਣੀ ਅਟੱਲ ਵਚਨਬੱਧਤਾ ਨੂੰ ਦੁਹਰਾਉਂਦੀ ਹੈ। ਸੀ ਪੀ ਆਈ ਰਾਜਨੀਤਕ, ਸਮਾਜਿਕ ਅਤੇ ਕਾਨੂੰਨੀ ਮੈਦਾਨਾਂ ਵਿੱਚ ਵੰਡਵਾਦੀ ਅਤੇ ਸਾਂਝੀਵਾਲਤਾ ਵਿਰੋਧੀ ਰੁਝਾਨਾਂ ਖ਼ਿਲਾਫ਼ ਆਪਣੀ ਲੜਾਈ ਜਾਰੀ ਰੱਖੇਗੀ ਅਤੇ ਇਨਸਾਫ਼, ਆਜ਼ਾਦੀ, ਬਰਾਬਰੀ ਅਤੇ ਭਾਈਚਾਰੇ ਦੇ ਸੰਵਿਧਾਨਕ ਵਾਅਦੇ ਦੀ ਰੱਖਿਆ ਲਈ ਹਰ ਲੋਕਤੰਤਰਿਕ ਰਾਹ ਅਪਣਾਏਗੀ।

ਨਵਾਂ ਜ਼ਮਾਨਾ
ਪੋਸਟ ਬਾਕਸ ਨੰ. 134

Printed and Published by Printer, Publisher and Editor : Chand Singh @ Chand Fatehpuri for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar.
ਪ੍ਰਕਾਸ਼ਕ, ਛਾਪਕ ਤੇ ਸੰਪਾਦਕ : ਚੰਦ ਸਿੰਘ ਉਰਫ ਚੰਦ ਫਤਿਹਪੁਰੀ ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ। * ਪੀ ਆਰ ਬੀ ਐਕਟ ਤਹਿਤ ਖ਼ਬਰਾਂ ਦੀ ਚੋਣ ਲਈ ਜ਼ਿੰਮੇਵਾਰ।
ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in

# ਕੇਂਦਰੀ ਪੰਜਾਬੀ ਲੇਖਕ ਸਭਾ ਵੱਲੋਂ ਅੱਜ ਦੀ ਹੜਤਾਲ ਨੂੰ ਸਫ਼ਲ ਬਣਾਉਣ ਦਾ ਸੱਦਾ

**ਬਾਬਾ ਬਕਾਲਾ ਸਾਹਿਬ, ਬਿਆਸ (ਜਸਪਾਲ ਸਿੰਘ, ਪਰਮਜੀਤ ਸਿੰਘ ਰੱਖੜਾ)**- ਕੇਂਦਰੀ ਪੰਜਾਬੀ ਲੇਖਕ ਸਭਾ (ਰਜਿ:) ਵੱਲੋਂ ਸਮੂਹ ਲੇਖਕਾਂ, ਵਿਦਵਾਨਾਂ ਅਤੇ ਚਿੰਤਕਾਂ ਨੂੰ 12 ਫਰਵਰੀ ਦੀ



ਦਰਸ਼ਨ ਬੁੱਟਰ, ਮੱਖਣ ਕੋਹਾੜ, ਸੁਸ਼ੀਲ ਦੁਸਾਂਝ, ਸ਼ੇਲਿੰਦਰਜੀਤ ਸਿੰਘ ਰਾਜਨ, ਦੀਪਦਵਿੰਦਰ ਸਿੰਘ

ਦੇਸ਼ ਵਿਆਪੀ ਹੜਤਾਲ ਨੂੰ ਸਫ਼ਲ ਬਣਾਉਣ ਦਾ ਸੱਦਾ ਦਿੱਤਾ ਗਿਆ ਹੈ। ਸਭਾ ਦੇ ਪ੍ਰਧਾਨ ਦਰਸ਼ਨ ਬੁੱਟਰ, ਜਨਰਲ ਸਕੱਤਰ ਸੁਸ਼ੀਲ ਦੁਸਾਂਝ, ਸੀਨੀਅਰ ਮੀਤ ਪ੍ਰਧਾਨ ਮੱਖਣ ਸਿੰਘ ਕੁਹਾੜ, ਮੀਤ ਪ੍ਰਧਾਨ ਸ਼ੇਲਿੰਦਰਜੀਤ ਸਿੰਘ ਰਾਜਨ ਅਤੇ ਦਫ਼ਤਰ ਸਕੱਤਰ ਦੀਪ ਦੇਵਿੰਦਰ ਸਿੰਘ ਨੇ ਇੱਥੋਂ ਜਾਰੀ ਸਾਂਝੇ ਪ੍ਰੈੱਸ ਬਿਆਨ ਵਿੱਚ ਕਿਹਾ ਕਿ ਇਹ ਹੜਤਾਲ ਕੇਂਦਰ ਸਰਕਾਰ ਦੀਆਂ ਉਹਨਾਂ ਨੀਤੀਆਂ ਖ਼ਿਲਾਫ਼ ਹੈ ਜੋ ਦੇਸ਼ ਦੀ ਅਰਥਵਿਵਸਥਾ, ਕਿਸਾਨੀ, ਮਜ਼ਦੂਰ ਵਰਗ ਅਤੇ ਲੋਕ-ਹਿਤੈਸ਼ੀ ਸਕੀਮਾਂ ਨੂੰ ਗੰਭੀਰ ਨੁਕਸਾਨ ਪਹੁੰਚਾ ਰਹੀਆਂ ਹਨ। ਉਨ੍ਹਾਂ ਕਿਹਾ ਕਿ ਇਸ ਹੜਤਾਲ ਦਾ ਮੁੱਖ ਮਕਸਦ ਕੇਂਦਰ ਸਰਕਾਰ ਦੀਆਂ ਨਿੱਜੀਕਰਨ ਸਬੰਧੀ ਮਾਰੂ ਨੀਤੀਆਂ ਦਾ ਕਰੜਾ ਵਿਰੋਧ, ਬਿਜਲੀ ਬਿੱਲ 2025, ਬੀਜ ਬਿੱਲ 2025 ਅਤੇ ਨਰੇਗਾ ਸਕੀਮ ਦੇ ਸਰੂਪ ਵਿੱਚ ਕੀਤੇ ਜਾ ਰਹੇ ਨੁਕਸਾਨਦਾਇਕ ਬਦਲਾਅ ਦੇ ਖ਼ਿਲਾਫ਼ ਸਖ਼ਤ ਆਵਾਜ਼ ਉਠਾਉਣਾ ਹੈ। ਇਸ ਦੇ ਨਾਲ ਹੀ ਚਾਰ ਲੇਬਰ ਕੋਡ ਰੱਦ ਕਰ ਕੇ ਉਨ੍ਹਾਂ ਦੀ ਥਾਂ ਮਜ਼ਦੂਰ-ਪੱਖੀ ਕਾਨੂੰਨ ਬਣਾਏ ਜਾਣ ਦੀ ਮੰਗ ਵੀ ਹੜਤਾਲ ਦੇ ਕੇਂਦਰੀ ਮਸਲਿਆਂ ਵਿੱਚ ਸ਼ਾਮਲ ਹੈ। ਪ੍ਰੈੱਸ ਬਿਆਨ ਵਿੱਚ ਆਗੂਆਂ ਨੇ ਭਾਰਤ ਅਤੇ ਅਮਰੀਕਾ ਦਰਮਿਆਨ ਹੋ ਰਹੇ ਅਸਾਵੇਂ ਵਪਾਰ ਸਮਝੌਤੇ 'ਤੇ ਵੀ ਗੰਭੀਰ ਚਿੰਤਾ ਪ੍ਰਗਟ ਕੀਤੀ। ਉਨ੍ਹਾਂ ਕਿਹਾ ਕਿ ਇਹ ਸਮਝੌਤਾ ਦੇਸ਼ ਦੀ ਆਰਥਿਕਤਾ ਲਈ ਘਾਤਕ ਸਾਬਤ ਹੋ ਸਕਦਾ ਹੈ ਅਤੇ ਖ਼ਾਸ ਤੌਰ 'ਤੇ ਨਿਮਨ ਕਿਸਾਨੀ, ਛੋਟੇ ਉਤਪਾਦਕਾਂ ਅਤੇ ਦੇਸੀ ਉਦਯੋਗਾਂ ਨੂੰ ਤਬਾਹੀ ਵੱਲ ਧੱਕੇਗਾ। ਇਸ ਲਈ ਇਸ ਸਮਝੌਤੇ ਨੂੰ ਤੁਰੰਤ ਰੱਦ ਕਰਨ ਦੀ ਮੰਗ ਕੀਤੀ ਗਈ। ਸਭਾ ਦੇ ਆਗੂਆਂ ਨੇ ਕਿਹਾ ਕਿ ਉਪਰੋਕਤ ਸਾਰੇ ਮੁੱਦਿਆਂ ਵੱਲ ਸਰਕਾਰ ਦਾ ਧਿਆਨ ਦਿਵਾਉਣ ਲਈ ਜਨਤਕ ਜਥੇਬੰਦੀਆਂ, ਕਿਸਾਨਾਂ, ਮਜ਼ਦੂਰਾਂ, ਮੁਲਾਜ਼ਮਾਂ ਅਤੇ ਕਲਮਕਾਰਾਂ ਵੱਲੋਂ 12 ਫਰਵਰੀ ਨੂੰ ਇੱਕ ਰੋਜ਼ਾ ਦੇਸ਼ ਵਿਆਪੀ ਹੜਤਾਲ ਕੀਤੀ ਜਾ ਰਹੀ ਹੈ। ਇਸ ਹੜਤਾਲ ਨੂੰ ਸਫ਼ਲ ਬਣਾਉਣਾ ਸਾਡੀ ਸਮਾਜਿਕ ਜ਼ਿੰਮੇਵਾਰੀ ਹੈ। ਅੰਤ ਵਿੱਚ ਕੇਂਦਰੀ ਪੰਜਾਬੀ ਲੇਖਕ ਸਭਾ (ਰਜਿ) ਨੇ ਸਮੂਹ ਲੇਖਕਾਂ, ਵਿਦਵਾਨਾਂ ਅਤੇ ਚਿੰਤਕਾਂ ਨੂੰ ਪੁਰਜ਼ੋਰ ਅਪੀਲ ਕੀਤੀ ਕਿ ਉਹ ਇਸ ਹੜਤਾਲ ਵਿੱਚ ਸਰਗਰਮ ਸ਼ਮੂਲੀਅਤ ਕਰ ਕੇ ਲੋਕਤੰਤਰ, ਸਮਾਜਿਕ ਨਿਆਂ ਅਤੇ ਲੋਕ-ਹਿਤੀ ਨੀਤੀਆਂ ਦੇ ਹੱਕ ਵਿੱਚ ਆਪਣੀ ਆਵਾਜ਼ ਬੁਲੰਦ ਕਰਨ।

# ਸੰਤ ਕਬੀਰ ਸਕੂਲ ਦੇ ਸੰਸਥਾਪਕ ਹਰਪਾਲ ਸਿੰਘ ਦੀ ਚੌਥੀ ਬਰਸੀ ਮੌਕੇ ਹੋਣਹਾਰ ਵਿਦਿਆਰਥੀ ਸਨਮਾਨਿਤ

**ਧਾਰੀਵਾਲ, (ਮਨਦੀਪ ਵਿੱਕੀ)**- ਸੰਤ ਕਬੀਰ ਪਬਲਿਕ ਸਕੂਲ ਸੁਲਤਾਨਪੁਰ (ਗੁਰਦਾਸਪੁਰ) ਵਿਖੇ ਸਕੂਲ ਦੇ ਸੰਸਥਾਪਕ/ਫਾਊਂਡਰ ਚੇਅਰਮੈਨ ਹਰਪਾਲ ਸਿੰਘ ਦੀ ਚੌਥੀ ਬਰਸੀ ਉਨ੍ਹਾਂ ਦੀਆਂ ਨਿੱਘੀਆਂ ਯਾਦਾਂ ਨੂੰ ਤਾਜ਼ਾ ਕਰਦੇ ਹੋਏ ਮਨਾਈ ਗਈ। ਇਸ ਮੌਕੇ ਸਕੂਲ ਵਿੱਚ ਪ੍ਰਿੰਸੀਪਲ ਐੱਸ. ਬੀ. ਨਾਯਰ ਅਤੇ ਪ੍ਰਬੰਧਕ ਨਵਦੀਪ ਕੌਰ ਤੇ ਕੁਲਦੀਪ ਕੌਰ ਦੇ ਪ੍ਰਬੰਧਾਂ ਹੇਠ ਇਨਾਮ ਵੰਡ ਸਮਾਗਮ ਕਰਵਾਇਆ ਗਿਆ। ਸਭ ਤੋਂ ਪਹਿਲਾਂ ਅਧਿਆਪਕਾ ਜਸਵਿੰਦਰ ਕੌਰ ਨੇ ਸਮਾਗਮ ਵਿੱਚ ਪਹੁੰਚੇ ਮਹਿਮਾਨਾਂ ਤੇ ਪਤਵੰਤੇ ਸੱਜਣਾਂ ਦਾ ਸੁਆਗਤ ਕੀਤਾ। ਸਕੂਲੀ ਵਿਦਿਆਰਥੀਆਂ ਨੇ ਸ਼ਬਦ ਗਾਇਨ ਕੀਤਾ। ਉਪਰੰਤ ਪ੍ਰਿੰਸੀਪਲ ਐੱਸ. ਬੀ. ਨਾਯਰ, ਪਰਿਵਾਰਕ ਮੈਂਬਰਾਂ ਅਤੇ ਪਹੁੰਚੇ ਹੋਏ ਮਹਿਮਾਨਾਂ ਵੱਲੋਂ ਸ. ਹਰਪਾਲ ਸਿੰਘ ਨੂੰ ਸ਼ਰਧਾਮਈ ਫੁੱਲ ਭੇਟ ਕਰਦਿਆਂ ਉਨ੍ਹਾਂ ਦੀ ਸਮਾਜ ਸੁਧਾਰਕ ਅਤੇ ਅਗਾਂਹਵਧੂ ਉਸਾਰੂ ਸੋਚ 'ਤੇ ਪਹਿਰਾ ਦੇਣ 'ਤੇ ਜ਼ੋਰ ਦਿੱਤਾ। ਮਹਿਮਾਨਾਂ ਨੇ ਸ. ਹਰਪਾਲ ਸਿੰਘ ਦੇ ਨਾਲ ਬਿਤਾਏ ਹੋਏ ਕੁੱਝ ਨਿੱਜੀ ਪਲਾਂ ਅਤੇ ਉਨ੍ਹਾਂ ਦੀ ਆਪਣੇ ਇਲਾਕੇ ਪ੍ਰਤੀ ਉੱਚੀ ਅਤੇ ਸੁੱਚੀ ਸੋਚ ਦੀ ਸਾਂਝ ਪਾਈ। ਸਕੂਲ ਅਧਿਆਪਕਾ ਕਰਮਜੀਤ ਕੌਰ ਤੇ ਰਵਿੰਦਰ ਕੌਰ ਨੇ ਸਵਰਗੀ ਚੇਅਰਮਨ ਦੇ ਨੇਕ ਵਿਚਾਰਾਂ ਅਤੇ ਉਨ੍ਹਾਂ ਦੇ ਸਕੂਲ ਪ੍ਰਤੀ ਸੰਜੋਏ ਹੋਏ ਸੁਪਨਿਆਂ ਨੂੰ ਯਾਦ ਕੀਤਾ। ਪ੍ਰੋਗਰਾਮ ਨੂੰ ਅੱਗੇ ਤੋਰਦਿਆਂ ਇਨਾਮ ਵੰਡ



ਸਮਾਰੋਹ ਦੌਰਾਨ ਸਕੂਲ ਪ੍ਰਬੰਧਕਾਂ ਦੁਆਰਾ ਦਸਵੀਂ ਤੇ ਬਾਰ੍ਹਵੀਂ ਜਮਾਤ ਵਿੱਚੋਂ ਪਹਿਲਾ, ਦੂਸਰਾ ਤੇ ਤੀਸਰਾ ਅਤੇ ਕਿਸੇ ਵੀ ਵਿਸ਼ੇ ਵਿੱਚੋਂ 100 ਅੰਕ ਲੈਣ ਜਾਂ ਅੱਵਲ ਆਉਣ ਵਾਲੇ ਕੁੱਲ 22 ਵਿਦਿਆਰਥੀਆਂ ਨੂੰ ਨਕਦ ਰਾਸ਼ੀ ਇਨਾਮ ਵਜੋਂ ਭੇਟ ਕੀਤੀ ਗਈ। ਪ੍ਰਿੰਸੀਪਲ ਐੱਸ. ਬੀ. ਨਾਯਰ ਨੇ ਕਿਹਾ ਸਕੂਲ ਦੇ ਸਾਲ 2024-2025 ਨਤੀਜਿਆਂ ਦੌਰਾਨ 12 ਵਿਦਿਆਰਥੀਆਂ ਨੇ 100 ਵਿੱਚੋਂ 100 ਅੰਕ ਪ੍ਰਾਪਤ ਕਰਕੇ ਸਕੂਲ ਦੇ ਮਾਣ ਵਿੱਚ ਵਾਧਾ ਕੀਤਾ ਹੈ। ਇਸ ਮੌਕੇ ਮਹਿਮਾਨ ਜਾਵੰਦ ਸਿੰਘ ਨੇ ਵਿਦਿਆਰਥੀਆਂ ਨੂੰ ਆਸ਼ੀਰਵਾਦ ਦਿੰਦਿਆਂ ਤੇ ਚੇਅਰਮੈਨ ਹਰਪਾਲ ਸਿੰਘ ਦੇ ਨਕਸ਼ੇ ਕਦਮਾਂ 'ਤੇ ਚੱਲਣ 'ਤੇ ਕਾਮਯਾਬੀ ਹਾਸਲ ਕਰਨ ਦਾ ਸਾਰਿਆਂ ਤੋਂ ਵਾਅਦਾ ਲਿਆ। ਸਕੂਲ ਦੀ ਬਾਰ੍ਹਵੀਂ ਜਮਾਤ ਦੀ ਵਿਦਿਆਰਥਣ ਖੁਸ਼ਪ੍ਰੀਤ ਕੌਰ ਨੇ ਬੀਤੇ ਹੋਏ ਪਲਾਂ ਦੀ ਯਾਦਗਾਰ ਸਬੰਧੀ ਗਜ਼ਲ ਪੇਸ਼ ਕੀਤੀ। ਅੰਤਿਮ ਪੜਾਅ ਵਿੱਚ ਸਕੂਲ ਪ੍ਰਿੰਸੀਪਲ ਨਾਯਰ ਤੇ ਪ੍ਰਬੰਧਕ ਮੈਂਬਰਾਂ ਵੱਲੋਂ ਮਹਿਮਾਨਾਂ ਅਤੇ ਪਹੁੰਚੇ ਹੋਏ ਪਤਵੰਤੇ ਸੱਜਣਾਂ, ਦਸਵੀਂ ਤੇ ਬਾਰ੍ਹਵੀਂ ਜਮਾਤ ਦੇ ਵਿਦਿਆਰਥੀਆਂ ਦੇ ਪਰਿਵਾਰਕ ਮੈਂਬਰਾਂ ਦਾ ਤਹਿ ਦਿਲੋਂ ਧੰਨਵਾਦ ਕੀਤਾ ਤੇ ਪ੍ਰਣ ਕੀਤਾ ਕਿ ਉਹ ਹਰ ਸਾਲ ਉਨ੍ਹਾਂ ਦੀ ਬਰਸੀ ਸਮਾਗਮਾਂ ਨੂੰ ਯਾਦਗਾਰ ਦੇ ਰੂਪ ਵਿੱਚ ਹੋਣਹਾਰ ਵਿਦਿਆਰਥੀਆਂ ਨੂੰ ਸਨਮਾਨਿਤ ਕਰਦੇ ਰਹਿਣਗੇ ਤਾਂ ਜੋ ਉਨ੍ਹਾਂ ਦੇ ਸੁਪਨਿਆਂ ਨੂੰ ਸਾਕਾਰ ਕਰ ਸਕਣ ਤੇ ਉਨ੍ਹਾਂ ਦੀ ਦਿੱਤੀ ਹੋਈ ਸਿੱਖਿਆ ਨੂੰ ਵਿਦਿਆਰਥੀਆਂ ਤੱਕ ਪਹੁੰਚਾ ਸਕਣ। ਇਸ ਮੌਕੇ ਜਾਵੰਦ ਸਿੰਘ, ਵੱਸਣ ਸਿੰਘ, ਸੁਖਵਿੰਦਰ ਸਿੰਘ, ਅਜੇਪਾਲ ਸਿੰਘ, ਸੰਦੀਪ ਪਾਲ ਸਿੰਘ ਅਤੇ ਸਮੂਹ ਸਟਾਫ ਮੈਂਬਰ ਹਾਜ਼ਰ ਸਨ।

# ਵੇਦਾਂਤਾ ਪਾਵਰ ਦੇ ਮੈਗਾ ਸਿਹਤ ਕੈਂਪ ਦਾ ਸੈਂਕੜੇ ਮਰੀਜ਼ਾਂ ਨੇ ਲਾਹਾ ਖੱਟਿਆ

**ਮਾਨਸਾ :** ਪੰਜਾਬ ਅਤੇ ਉੱਤਰੀ ਭਾਰਤ ਦੇ ਸਭ ਤੋਂ ਵੱਡੇ ਨਿੱਜੀ ਥਰਮਲ ਬਿਜਲੀ ਘਰ ਤਲਵੰਡੀ ਸਾਬੋ ਪਾਵਰ ਲਿਮਿਟਡ ਨੇ ਆਪਣੀ ਪ੍ਰਮੁੱਖ ਸਿਹਤ ਸੰਬੰਧੀ ਪਹਿਲ 'ਪ੍ਰੋਜੈਕਟ ਸਿਹਤ' ਤਹਿਤ ਮਾਨਸਾ ਦੇ ਰਾਏਪੁਰ ਪਿੰਡ ਵਿੱਚ ਇੱਕ ਮੈਗਾ ਸਿਹਤ ਕੈਂਪ ਦਾ ਆਯੋਜਨ ਕੀਤਾ। ਇਸ ਕੈਂਪ ਰਾਹੀਂ ਸਮੁਦਾਇਕ ਭਲਾਈ ਅਤੇ ਰੋਕਥਾਮੀ ਸਿਹਤ ਸਹੂਲਤਾਂ ਪ੍ਰਤੀ ਕੰਪਨੀ ਦੀ ਵਚਨਬੱਧਤਾ ਦਰਸਾਈ ਗਈ। ਇਸ ਪਹਿਲ ਵਿੱਚ ਵੱਡੀ ਗਿਣਤੀ ਵਿੱਚ ਲੋਕਾਂ ਨੇ ਭਾਗ ਲਿਆ। ਇਸ ਦੌਰਾਨ 340 ਮਰੀਜ਼ਾਂ ਨੇ ਮੁਫ਼ਤ ਚਿਕਿਤਸਕ ਸਲਾਹ ਅਤੇ ਸਿਹਤ ਸੇਵਾਵਾਂ ਪ੍ਰਾਪਤ ਕੀਤੀਆਂ। ਸਧਾਰਣ ਰੋਗਾਂ ਦੇ ਮਾਹਿਰ, ਇਸਤਰੀ ਰੋਗਾਂ ਦੇ ਮਾਹਿਰ, ਚਮੜੀ ਦੇ ਰੋਗਾਂ ਦੇ ਮਾਹਿਰ ਅਤੇ ਦੰਦਾਂ ਦੇ ਰੋਗਾਂ ਦੇ ਮਾਹਿਰ ਸਮੇਤ ਕਈ ਯੋਗ ਡਾਕਟਰਾਂ ਦੀ ਟੀਮ ਨੇ ਕੈਂਪ ਵਿੱਚ ਮਾਹਰ ਸਲਾਹਾਂ ਅਤੇ ਇਲਾਜ ਬਾਰੇ ਜਾਣਕਾਰੀ ਦਿੱਤੀ ਗਈ। ਇਸ ਹੈਲਥ ਕੈਂਪ ਦਾ ਉਦਘਾਟਨ ਰਾਏਪੁਰ ਪਿੰਡ ਦੇ ਸਰਪੰਚ ਸੁਖਰਾਜ ਸਿੰਘ ਵੱਲੋਂ ਰਿਬਨ ਕੱਟ ਕੇ ਕੀਤਾ ਗਿਆ। ਉਨ੍ਹਾਂ ਦੇ ਨਾਲ ਹੋਰ ਪੰਚਾਇਤ ਮੈਂਬਰ ਜਿਵੇਂ ਕਿ ਮੱਖਣ ਸਿੰਘ, ਰਾਮ ਸਿੰਘ, ਜਗਜੀਤ ਸਿੰਘ, ਸੁਖਵਿੰਦਰ ਸਿੰਘ, ਦਵਿੰਦਰ ਸਿੰਘ, ਅਮਰਦੀਪ ਸਿੰਘ ਅਤੇ ਹਰਪ੍ਰੀਤ ਸਿੰਘ ਵੀ ਮੌਜੂਦ ਸਨ।

# ਸੁਰਿੰਦਰ ਸਿੰਘ ਨੇ ਵਧੀਕ ਡਿਪਟੀ ਕਮਿਸ਼ਨਰ (ਪੇਂਡੂ ਵਿਕਾਸ) ਵਜੋਂ ਚਾਰਜ ਸੰਭਾਲਿਆ

**ਤਰਨ ਤਾਰਨ, (ਪ੍ਰਿਤਪਾਲ ਸਿੰਘ)**— 2012 ਬੈਚ ਦੇ ਸੀਨੀਅਰ ਪੀ. ਸੀ. ਐੱਸ. ਅਫ਼ਸਰ ਸੁਰਿੰਦਰ ਸਿੰਘ ਨੇ ਵਧੀਕ ਡਿਪਟੀ ਕਮਿਸ਼ਨਰ (ਪੇਂਡੂ ਵਿਕਾਸ) ਤਰਨ ਤਾਰਨ ਵਜੋਂ ਚਾਰਜ ਸੰਭਾਲ ਲਿਆ।ਚਾਰਜ ਸੰਭਾਲਣ ਉਪਰੰਤ ਉਨ੍ਹਾਂ ਦੱਸਿਆ ਗਿਆ ਕਿ ਕੇਂਦਰ ਅਤੇ ਪੰਜਾਬ ਸਰਕਾਰ ਵੱਲੋਂ ਜ਼ਿਲ੍ਹੇ ਦੇ ਪੇਂਡੂ ਖੇਤਰਾਂ ਦੇ ਸਰਵਪੱਖੀ ਵਿਕਾਸ ਅਤੇ ਲੋਕਾਂ ਦੇ ਜੀਵਨ ਪੱਧਰ ਨੂੰ ਉੱਚਾ ਚੁੱਕਣ ਲਈ



ਚਲਾਈਆਂ ਜਾ ਰਹੀਆਂ ਵੱਖ-ਵੱਖ ਭਲਾਈ ਸਕੀਮਾਂ ਨੂੰ ਅਸਰਦਾਰ ਢੰਗ ਨਾਲ ਲਾਗੂ ਕੀਤਾ ਜਾਵੇਗਾ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸਮੇਂ-ਸਮੇਂ ਸਿਰ ਉਲੀਕੇ ਜਾ ਰਹੇ ਪਿੰਡਾਂ ਦੇ ਸਰਵਪੱਖੀ ਵਿਕਾਸ ਦੇ ਪ੍ਰੋਗਰਾਮਾਂ ਨੂੰ ਜ਼ਮੀਨੀ ਪੱਧਰ 'ਤੇ ਲਾਗੂ ਕਰਨਾ ਅਤੇ ਲੋਕਾਂ ਨੂੰ ਦਿੱਤੀਆ ਜਾਣ ਵਾਲੀਆਂ ਸਹੂਲਤਾਂ ਨੂੰ ਉਨ੍ਹਾਂ ਤੱਕ ਪਹੁੰਚਾਉਣਾ ਵਿਸ਼ੇਸ਼ ਤਰਜੀਹ ਹੋਵੇਗੀ ।ਉਨ੍ਹਾਂ ਵਿਸ਼ਵਾਸ ਦਿਵਾਇਆ ਗਿਆ ਕਿ ਉਨ੍ਹਾਂ ਵੱਲੋਂ ਜ਼ਿਲ੍ਹੇ ਦੇ ਪੇਂਡੂ ਖੇਤਰ ਦੇ ਵਿਕਾਸ ਦੇ ਕੰਮ ਬਿਨਾਂ ਕਿਸੇ ਭੇਦ-ਭਾਵ ਤੋਂ ਕੀਤੇ ਜਾਣਗੇ ਅਤੇ ਜ਼ਿਲ੍ਹਾ ਵਾਸੀ ਕਿਸੇ ਵੀ ਤਰ੍ਹਾਂ ਦੀ ਸਮੱਸਿਆ ਬਾਰੇ ਉਨ੍ਹਾਂ ਨਾਲ ਸਿੱਧਾ ਸੰਪਰਕ ਕਰ ਸਕਦੇ ਹਨ।ਉਨ੍ਹਾਂ ਕਿਹਾ ਕਿ ਪੰਚਾਇਤਾਂ ਅਤੇ ਪਿੰਡਾਂ ਦੇ ਲੋਕਾਂ ਦੇ ਕੰਮ ਪਹਿਲ ਦੇ ਆਧਾਰ ਤੇ ਕੀਤੇ ਜਾਣਗੇ ਅਤੇ ਉਨ੍ਹਾਂ ਦੀਆਂ ਸ਼ਿਕਾਇਤਾਂ ਦਾ ਨਿਪਟਾਰਾ ਨਿਯਮਾਂ ਅਨੁਸਾਰ ਸਮੇਂ ਸਿਰ ਕੀਤਾ ਜਾਵੇਗਾ। ਇਸ ਮੌਕੇ ਦਫ਼ਤਰ ਦੇ ਸਮੂਹ ਸਟਾਫ ਵੱਲੋਂ ਉਨ੍ਹਾਂ ਦਾ ਨਿੱਘਾ ਸਵਾਗਤ ਕੀਤਾ ਗਿਆ।

# ਮੰਗਾਂ ਬਾਬਤ ਵਿਚਾਰ-ਵਟਾਂਦਰਾ ਕਰਨ ਲਈ ਪੈਨਸ਼ਨਰਾਂ ਵੱਲੋਂ ਮੀਟਿੰਗ



**ਗੁਰਦਾਸਪੁਰ, (ਜਨਕ ਮਹਾਜਨ)**- ਪਾਵਰਕਾਮ ਤੇ ਟਰਾਂਸਕੋ ਦੇ ਪੁਰਾਣਾ ਸ਼ਾਲਾ ਤੇ ਪੈਨਸ਼ਨਰਾਂ ਦੀ ਜ਼ਰੂਰੀ ਮੀਟਿੰਗ 66 ਕੇ. ਵੀ. ਬਿਜਲੀ ਘਰ ਪੁਰਾਣਾ ਸ਼ਾਲਾ ਵਿਖੇ ਸੁਰਿੰਦਰ ਪੱਪੂ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਵਿੱਚ ਅਹੁਦੇਦਾਰਾਂ ਤੇ ਮੈਂਬਰਾਂ ਨੇ ਵੱਡੀ ਗਿਣਤੀ ਵਿੱਚ ਹਿੱਸਾ ਲਿਆ। ਇਸ ਮੀਟਿੰਗ ਵਿੱਚ ਪੈਨਸ਼ਨਰਾਂ ਦੀਆਂ ਮੰਗਾਂ ਬਾਰੇ ਵਿਚਾਰ ਵਟਾਂਦਰਾ ਕੀਤਾ ਗਿਆ। ਇਸ ਮੌਕੇ ਸਰਬਸੰਮਤੀ ਨਾਲ ਫੈਸਲਾ ਕੀਤਾ ਗਿਆ ਕਿ ਬਿਜਲੀ ਸੋਧ ਬਿੱਲ 2025 ਰੱਦ ਕਰਵਾਉਣ, ਬੀਜ ਸੋਧ ਬਿੱਲ ਰੱਦ ਕਰਵਾਉਣ ਅਤੇ ਪੰਜਾਬ ਸਰਕਾਰ ਵਲੋਂ ਆਪਣੇ ਚਹੇਤਿਆਂ ਨੂੰ ਕੌਡੀਆਂ ਦੇ ਭਾਅ 'ਤੇ ਜ਼ਮੀਨ ਵੇਚਣ ਦੇ ਵਿਰੋਧ ਵਿੱਚ ਹੈ। 12 ਫਰਵਰੀ ਨੂੰ ਜਨਤਕ ਜਥੇਬੰਦੀਆਂ ਵੱਲੋਂ ਕੀਤੀ ਜਾ ਰਹੀ ਦੇਸ਼ ਵਿਆਪੀ ਹੜਤਾਲ ਵਿਚ ਪੈਨਸ਼ਨਰਾਂ ਨੇ ਵੱਧ-ਚੜ੍ਹ ਕੇ ਸ਼ਮੂਲੀਅਤ ਕਰਨ ਦਾ ਐਲਾਨ ਕੀਤਾ ਗਿਆ। ਇਸ ਮੌਕੇ ਮੰਡਲ ਗੁਰਦਾਸਪੁਰ ਵੱਲੋਂ ਪੈਨਸ਼ਨਰਾਂ ਦੇ ਛੇਵੇਂ ਪੇ ਕਮਿਸ਼ਨ ਦਾ ਏਰੀਆ, 16 ਸਾਲਾਂ ਦਾ ਸਕੇਲ ਅਤੇ 23 ਸਾਲਾ ਸਕੇਲ ਜੋ ਕਿ ਇੱਕ ਸਾਲ ਤੋਂ ਪੈਂਡਿੰਗ ਹਨ, ਵਧੀਕ ਨਿਗਰਾਨ ਇੰਜੀਨੀਅਰ ਤੋਂ ਜਲਦੀ ਲਗਾਉਣ ਦੀ ਮੰਗ ਵੀ ਕੀਤੀ ਗਈ। ਇਸ ਮੌਕੇ ਹੋਰਨਾਂ ਤੋਂ ਇਲਾਵਾ ਸਾਬਕਾ ਇੰਜੀਨੀਅਰ ਜਗਤ ਸਿੰਘ, ਇੰਜ. ਮਲਕੀਤ ਸਿੰਘ, ਰਘਬੀਰ ਸਿੰਘ, ਸੁਖਜੀਤ ਸਿੰਘ ਚਾਵਾ, ਦਰਸ਼ਨ ਲਾਲ, ਸੁਖਵਿੰਦਰ ਸਿੰਘ, ਮੋਹਨ ਲਾਲ, ਠਾਕੁਰ ਮਦਨ ਲਾਲ, ਸੁੱਚਾ ਸਿੰਘ, ਪਰਮਜੀਤ ਸਿੰਘ, ਰੋਸ਼ਨ ਲਾਲ, ਨਿਰਮਲ ਸਿੰਘ, ਮਨਜੀਤ ਕੌਰ, ਗੁਰਦੀਪ ਸਿੰਘ ਸੈਣੀ, ਦਿਆਲ ਸਿੰਘ, ਕਿਸ਼ੋਰੀ ਲਾਲ, ਮੁੱਖਾ ਸਿੰਘ, ਸੈਮੂਅਲ ਮਸੀਹ, ਪੂਰਨ ਸਿੰਘ, ਜੋਗਾ ਸਿੰਘ ਆਦਿ ਹਾਜ਼ਰ ਸਨ।

# ਸੋਮਨਾਥ ਜਿਓਤਰਲਿੰਗ ਦੀ ਇਤਿਹਾਸਕ ਤੇ ਅਧਿਆਤਮਕ ਯਾਤਰਾ 5 ਮਾਰਚ ਨੂੰ

**ਪਠਾਨਕੋਟ (ਦਵਿੰਦਰ ਸਿੰਘ)**- ਆਰਟ ਆਫ ਲਿਵਿੰਗ ਸੰਸਥਾ ਪਠਾਨਕੋਟ, ਕ੍ਰਿਸ਼ਨਾ ਨਾਟਕ ਕਲੱਬ ਅਤੇ ਜੇਐਮਕੇ ਇੰਟਰਨੈਸ਼ਨਲ ਸਕੂਲ ਪਠਾਨਕੋਟ ਦੇ ਸਹਿਯੋਗ ਨਾਲ 05 ਮਾਰਚ ਦਿਨ ਵੀਰਵਾਰ ਨੂੰ ਪਾਵਨ ਧਰਤੀ 'ਤੇ ਸਥਿਤ ਸੋਮਨਾਥ ਜਿਓਤਰਲਿੰਗ ਦੀ ਇਤਿਹਾਸਕ ਅਤੇ ਆਧਿਆਤਮਕ ਯਾਤਰਾ ਦਾ ਆਯੋਜਨ ਕੀਤਾ ਜਾ ਰਿਹਾ ਹੈ।ਬਾਅਦ ਦੁਪਹਿਰ 3 ਵਜੇ ਤੋਂ ਸ਼ਾਮ 7 ਵਜੇ ਤੱਕ ਰਾਮਲੀਲਾ ਗਰਾਊਂਡ ਪਠਾਨਕੋਟ ਵਿੱਚ ਸੋਮਨਾਥ ਜਿਓਤਰਲਿੰਗ ਦੇ ਦਰਸ਼ਨਾਂ ਦੇ ਨਾਲ-ਨਾਲ ਭਜਨ-ਕੀਰਤਨ, ਵੈਦਿਕ ਮੰਤਰੋਚਾਰਣ ਅਤੇ ਵਿਸ਼ੇਸ਼ ਆਧਿਆਤਮਿਕ ਅਨੁਸ਼ਠਾਨ ਦਾ ਆਯੋਜਨ ਵੀ ਕੀਤਾ ਜਾਵੇਗਾ।ਇਸ ਅਧੀਨ ਪਠਾਨਕੋਟ ਵਿੱਚ ਆ ਰਹੇ ਸੋਮਨਾਥ ਜਿਓਤਰਲਿੰਗ ਦੇ ਦਰਸ਼ਨਾਂ ਨੂੰ ਲੈ ਕੇ ਸ਼ਹਿਰ ਦੀਆਂ ਵੱਖ-ਵੱਖ ਸਮਾਜਿਕ ਅਤੇ ਧਾਰਮਿਕ ਸੰਸਥਾਵਾਂ ਵਿੱਚ ਵੱਡਾ ਉਤਸ਼ਾਹ ਦੇਖਿਆ ਜਾ ਰਿਹਾ ਹੈ।ਇਸ ਮੌਕੇ ਆਰਟ ਆਫ ਲਿਵਿੰਗ ਦੇ ਵੇਦਿਕ ਧਰਮ ਸੰਸਥਾਨ ਦੇ ਕੋਆਰਡੀਨੇਟਰ ਅਤੇ ਪ੍ਰਸ਼ਿਕਸ਼ਕ ਦੀਪਕ ਸ਼ਰਮਾ, ਅਨਿਲ ਅਨੇਜਾ, ਪ੍ਰਸ਼ਾਂਤ ਮਿੱਤਲ, ਡਾ. ਪੰਕਜ ਸ਼ਰਮਾ, ਡਾ. ਪੁਨੀਤ ਸ਼ਰਮਾ, ਕ੍ਰਿਸ਼ਨਾ ਨਾਟਕ ਕਲੱਬ ਦੇ ਪ੍ਰਧਾਨ ਅਤੇ ਸਾਬਕਾ ਵਿਧਾਇਕ ਅਸ਼ੋਕ ਸ਼ਰਮਾ ਅਤੇ ਉਨ੍ਹਾਂ ਦੀ ਧਰਮ ਪਤਨੀ ਅਮੀਤਾ ਸ਼ਰਮਾ, ਜੇਐਮਕੇ ਇੰਟਰਨੈਸ਼ਨਲ ਗਰੁੱਪ ਦੇ ਚੇਅਰਮੈਨ ਅਨੁਜ ਸੂਦ ਅਤੇ ਵਾਈਸ ਚੇਅਰਪਰਸਨ ਵੰਦਨਾ ਸੂਦ ਨੇ ਦੱਸਿਆ ਕਿ ਇਹ ਸ਼ਿਵਲਿੰਗ ਲਗਭਗ ਇਕ ਹਜ਼ਾਰ ਸਾਲ ਪਹਿਲਾਂ




ਸੋਮਨਾਥ ਮੰਦਰ ਤੇ ਆਕਰਮਣ ਦੌਰਾਨ ਹਮਲਾਵਰਾਂ ਵੱਲੋਂ ਖੰਡਿਤ ਕੀਤੇ ਗਏ ਪਵਿੱਤਰ ਸ਼ਿਵਲਿੰਗ ਦੇ ਅੰਸ਼ ਪਰਮ ਪੂਜਨੀਕ ਗੁਰੂਦੇਵ ਸ਼੍ਰੀ-ਸ਼੍ਰੀ ਰਵੀਸ਼ੰਕਰ ਕੋਲ ਪਹੁੰਚੇ ਹਨ।ਉਨ੍ਹਾਂ ਹੀ ਪਾਵਨ ਅਵਸ਼ੇਸ਼ਾਂ ਨਾਲ ਮੁੜ ਜਿਓਤਰਲਿੰਗ ਸਰੂਪ ਦੀ ਸਥਾਪਨਾ ਕਰਨ ਲਈ ਇਹ ਦਿਵਯ ਯਾਤਰਾ ਪੂਰੇ ਦੇਸ਼ ਵਿੱਚ ਸ਼ਰਧਾ, ਆਸਥਾ ਅਤੇ ਏਕਤਾ ਦਾ ਸੰਦੇਸ਼ ਦੇ ਰਹੀ ਹੈ।ਦੇਸ਼ ਦੇ ਵੱਖ-ਵੱਖ ਰਾਜਾਂ ਤੋਂ ਹੁੰਦੀ ਹੋਈ ਇਹ ਪਾਵਨ ਯਾਤਰਾ 05 ਮਾਰਚ ਨੂੰ ਪਠਾਨਕੋਟ ਪਹੁੰਚੇਗੀ, ਜੋ ਸ਼ਹਿਰ ਵਾਸੀਆਂ ਲਈ ਬਹੁਤ ਵੱਡਾ ਗੌਰਵ ਅਤੇ ਸੁਭਾਗ ਦਾ ਵਿਸ਼ਾ ਹੈ।ਉਨ੍ਹਾਂ ਦੱਸਿਆ ਕਿ ਗੁਜਰਾਤ ਦੀ ਪਾਵਨ ਧਰਤੀ 'ਤੇ ਸਥਿਤ ਸੋਮਨਾਥ ਮੰਦਰ, ਜਿਸ ਦੇ ਗਰਭਗ੍ਰਿਹ ਵਿੱਚ ਭਗਵਾਨ ਸ਼ਿਵ ਦਾ ਪਹਿਲਾ ਜਿਓਤੀਲਿੰਗ ਸਥਾਪਿਤ ਸੀ, ਇਹ ਸ਼ਿਵਲਿੰਗ ਸਧਾਰਣ ਨਹੀਂ ਸੀ। ਇਹ ਸ਼ਿਵਲਿੰਗ ਧਰਤੀ ਤੋਂ 2-3 ਫੁੱਟ ਉੱਪਰ ਹਵਾ ਵਿੱਚ ਮੰਡਰਾਉਂਦਾ ਸੀ।ਕੇਵਲ ਕੁਝ ਪਲ ਉਸ ਦੇ ਸਾਨਿਧਿ ਵਿੱਚ ਬੈਠ ਜਾਣ ਨਾਲ ਹੀ ਜੀਵਨ ਦੇ ਦੁੱਖ ਆਪਣੇ ਆਪ ਦੂਰ ਹੋ ਜਾਂਦੇ ਸਨ।ਇਸ ਸੋਮਨਾਥ ਜਿਓਤੀਲਿੰਗ ਦੇ ਦਰਸ਼ਨ ਦਾ ਦੁਲਭ ਮੌਕਾ ਹੁਣ ਪਠਾਨਕੋਟ ਵਾਸੀਆਂ ਨੂੰ ਮਿਲਣ ਜਾ ਰਿਹਾ ਹੈ।ਇਸ ਮੌਕੇ 'ਤੇ ਆਰਟ ਆਫ ਲਿਵਿੰਗ ਵੱਲੋਂ ਸੋਮਨਾਥ ਜਿਓਤੀਲਿੰਗ ਦੇ ਦਰਸ਼ਨਾਂ ਲਈ ਸਮੂਹ ਪਠਾਨਕੋਟ ਵਾਸੀਆਂ ਨੂੰ ਸਾਦਰ ਨਿਮੰਤਰਣ ਦਿੱਤਾ ਗਿਆ ਹੈ। ਪਠਾਨਕੋਟ ਟੀਮ ਵਿੱਚ ਮੋਨਿਕਾ ਮਲਹੋਤਰਾ, ਆਸ਼ੁਤੋਸ਼ ਸ਼ਰਮਾ, ਸੰਜੀਵ ਸ਼ਰਮਾ, ਸੰਗੀਤਾ ਆਨੰਦ, ਸੁਮਤੀ ਪਠਾਨੀਆ, ਰਸ਼ਮੀ ਵਿਜ, ਅਭਿਨਵ ਮਹਾਜਨ, ਪ੍ਰਾਚੀ, ਸੀਮਾ ਅਤੇ ਸੁਚਿਤਾ ਅਗਰਵਾਲ, ਜੇਐਮਕੇ ਇੰਟਰਨੈਸ਼ਨਲ ਸਕੂਲ ਦੇ ਅਸਿਸਟੈਂਟ ਡਾਇਰੈਕਟਰ ਚਰਨਜੀਤ ਸਿੰਘ ਅਤੇ ਅਨੁਜ ਧੀਮਾਨ ਮੌਜੂਦ ਸਨ।

# ਟੈਕਸਟਾਈਲ ਮੈਨੂਫੈਕਚਰਰਜ਼ ਐਸੋਸੀਏਸ਼ਨ ਵੱਲੋਂ ਸੈਮੀਨਾਰ ਦਾ ਆਯੋਜਨ

**ਅੰਮ੍ਰਿਤਸਰ (ਅਰੋੜਾ)** ਟੈਕਸਟਾਈਲ ਮੈਨੂਫੈਕਚਰਰਜ਼ ਐਸੋਸੀਏਸ਼ਨ ਵੱਲੋਂ ਕੇਂਦਰ ਸਰਕਾਰ ਵੱਲੋਂ ਜਾਰੀ ਕੀਤੇ ਗਏ ਬਜਟ ਦੇ ਸੰਬੰਧ ਵਿੱਚ ਵਿਸਥਾਰਪੂਰਕ ਜਾਣਕਾਰੀ ਦੇਣ ਅਤੇ ਬਜਟ ਵਿੱਚ ਕਿਸ ਕਿਸ ਨੂੰ ਲਾਭ




ਹੋਵੇਗਾ ਅਤੇ ਕਿਹੜੀ ਅਰਥ ਵਿਵਸਥਾ ਵਿੱਚ ਸੁਧਾਰ ਆਵੇਗਾ ਦੇ ਸੰਬੰਧ ਵਿੱਚ ਜਾਣਕਾਰੀ ਦੇਣ ਲਈ ਸੈਮੀਨਾਰ ਦਾ ਆਯੋਜਨ ਐਸੋਸੀਏਸ਼ਨ ਦੇ ਪ੍ਰਧਾਨ ਦੀਪਕ ਖੰਨਾ, ਮਹਾ ਸਕੱਤਰ ਰਾਜੀਵ ਖੰਨਾ, ਮੀਤ ਪ੍ਰਧਾਨ ਕਮਲ ਡਾਲਮੀਆ ਦੀ ਪ੍ਰਧਾਨਗੀ ਹੇਠ ਕੋਰਟ ਰੋਡ ਸਥਿਤ ਟੀ. ਐੱਮ. ਏ ਪਰਸਰ ਵਿਖੇ ਸੈਮੀਨਾਰ ਦਾ ਆਯੋਜਨ ਕੀਤਾ ਗਿਆ। ਸੈਮੀਨਾਰ ਵਿੱਚ ਅਰਥ ਵਿਵਸਥਾ ਦੇ ਹੋਰ ਵੱਖ-ਵੱਖ ਖੇਤਰਾਂ ਤੇ ਇਸ ਤੇ ਪ੍ਰਭਾਵਾਂ ਤੇ ਚਰਚਾ ਅਤੇ ਵਿਚਾਰ ਵਟਾਂਦਰਾ ਕੀਤਾ ਗਿਆ।ਸੈਮੀਨਾਰ ਵਿੱਚ ਚਾਰਟਰਡ ਅਕਾਊਂਟੈਂਟ ਆਂਚਲ ਕਪੂਰ ਅਤੇ ਰੋਹਿਤ ਕਪੂਰ ਨੇ ਬਜਟ ਪ੍ਰਸਤਾਵਾਂ ਦਾ ਗਹਿਣ ਵਿਸ਼ਲੇਸ਼ਣ ਪੇਸ਼ ਕੀਤਾ।ਉਨ੍ਹਾਂ ਮੁੱਖ ਨੀਤੀਗਤ ਐਲਾਨਾਂ ਬਾਰੇ ਜਾਣਕਾਰੀ ਦਿੱਤੀ।ਇਸ ਸੈਮੀਨਾਰ ਵਿੱਚ ਪੰਜਾਬ ਵਪਾਰ ਮੰਡਲ ਦੇ ਮੈਂਬਰਾਂ ਅਤੇ ਹੋਰ ਉਦਯੋਗਪਤੀਆਂ ਅਤੇ ਅੰਮ੍ਰਿਤਸਰ ਦੀਆਂ ਮਹਿਲਾਵਾਂ ਦੀ ਸੰਸਥਾ ਫੁੱਲਕਾਰੀ ਦੇ ਮੈਂਬਰਾਂ ਨੇ ਭਾਗ ਲਿਆ।ਟੈਕਸਟਾਈਲ ਮੈਨੂਫੈਕਚਰਰਜ਼ ਐਸੋਸੀਏਸ਼ਨ ਨੇ ਸਪੀਕਰਾਂ ਅਤੇ ਪ੍ਰਤਿਭਾਗੀਆਂ ਦੇ ਅਨਮੁੱਲੇ ਯੋਗਦਾਨ ਦੇ ਲਈ ਧੰਨਵਾਦ ਕੀਤਾ ਅਤੇ ਮੈਂਬਰਾਂ ਅਤੇ ਸਮਾਜ ਦੇ ਹਿੱਤ ਲਈ ਭਵਿੱਖ ਵਿੱਚ ਵੀ ਇਸ ਤਰ੍ਹਾਂ ਦੇ ਪ੍ਰੋਗਰਾਮ ਆਯੋਜਿਤ ਕਰਨ ਦੀ ਪ੍ਰਤੀਬੱਧਤਾ ਦੁਹਰਾਈ। ਕਮਲ ਡਾਲਮੀਆ ਅਤੇ ਰਾਜੀਵ ਖੰਨਾ ਨੇ ਕਿਹਾ ਕਿ ਟੈਕਸਟਾਈਲ ਮੈਨੂਫੈਕਚਰ ਐਸੋਸੀਏਸ਼ਨ ਨੇ ਹਮੇਸ਼ਾ ਦੇਸ਼ ਅਤੇ ਸਮਾਜ ਭਲਾਈ ਕੰਮਾਂ ਦੇ ਲਈ ਕਈ ਪ੍ਰਾਜੈਕਟ ਕਰ ਰਹੀ ਹੈ ਅਤੇ ਭਵਿੱਖ ਵਿੱਚ ਵੀ ਦੇਸ਼ ਅਤੇ ਸਮਾਜ ਭਲਾਈ ਕੰਮ ਕਰਦੀ ਰਹੇਗੀ।ਸੈਮੀਨਾਰ ਦੇ ਅੰਤ ਵਿੱਚ ਮੁੱਖ ਸਪੀਕਰਾਂ ਨੂੰ ਟੀ. ਐੱਮ. ਏ. ਵੱਲੋਂ ਸਨਮਾਨਿਤ ਵੀ ਕੀਤਾ ਗਿਆ।ਸੈਮੀਨਾਰ ਵਿੱਚ ਪੰਜਾਬ ਵਪਾਰ ਮੰਡਲ ਦੇ ਪ੍ਰਧਾਨ ਪਿਆਰਾ ਲਾਲ ਸੇਠ, ਸੀ. ਏ ਜੈਦੀਪ ਸਿੰਘ, ਵਿੱਤ ਸਕੱਤਰ ਟੀ. ਐੱਮ. ਏ. ਵਿਨੋਦ ਕੁਮਾਰ ਸੇਠ, ਐੱਮ. ਆਰ. ਅਮਿਤ ਮਦਨ, ਐੱਮ. ਆਰ. ਗੌਰਵ ਗੁਪਤਾ, ਬੀ. ਵੀ. ਐੱਮ. ਰਾਜੀਵ ਅਨੇਜਾ ਅਤੇ ਨਗਰ ਦੇ ਸਮੂਹ ਕੱਪੜਾ ਵਪਾਰੀ ਅਤੇ ਉਦਯੋਗਪਤੀ ਭਾਰੀ ਗਿਣਤੀ ਵਿੱਚ ਮੌਜੂਦ ਸਨ।

# ਸਪਰਿੰਗ ਬਰਡਜ਼ ਸਕੂਲ ਦੀਆਂ ਟੀਮਾਂ ਵੱਲੋਂ ਖੇਡਾਂ 'ਚ ਪਹਿਲਾ ਤੇ ਦੂਸਰਾ ਸਥਾਨ ਹਾਸਲ

**ਤਰਸਿੱਕਾ, (ਤਰਸੇਮ ਸਿੰਘ ਸਾਧਪੁਰ)**- ਬੀਤੇ ਪਿਛਲੇ ਦਿਨਾਂ ਵਿੱਚ ਖੇਲੋ ਇੰਡੀਆ ਇਸਮਤਾ ਵੂਮੈਨ ਲੀਗ ਅਜੀਤ ਵਿਦਿਆਲੇ ਸਕੂਲ ਅੰਮ੍ਰਿਤਸਰ ਵਿਖੇ ਕਰਵਾਈਆਂ ਗਈਆਂ ਜਿਸ ਵਿੱਚ ਸਪਰੰਿਗ ਬਰਡਜ਼ ਸਕੂਲ ਅੱਡਾ ਸੈਦੋ ਲਹਿਲ




ਖਜਾਲਾ ਦੀਆਂ ਜੂਨੀਅਰ, ਸਭ ਜੂਨੀਅਰ ਤੇ ਸੀਨੀਅਰ ਟੀਮਾਂ ਨੇ ਭਾਗ ਲਿਆ। ਜਿਸ ਵਿੱਚ ਸਭ ਜੂਨੀਅਰ ਅਤੇ ਜੂਨੀਅਰ ਟੀਮਾਂ ਨੇ ਕ੍ਰਮਵਾਰ ਪਹਿਲਾ ਤੇ ਦੂਸਰਾ ਸਥਾਨ ਹਾਸਲ ਕਰਕੇ ਸਕੂਲ ਇਲਾਕੇ ਅਤੇ ਆਪਣੇ ਮਾਪਿਆਂ ਦਾਂ ਨਾਂਅ ਰੌਸ਼ਨ ਕੀਤਾ। ਇਸ ਸਬੰਧ ਵਿੱਚ ਟੀਮ ਦੇ ਕੋਚ ਮਨਜਿੰਦਰ ਸਿੰਘ ਨਾਲ ਗੱਲਬਾਤ ਕੀਤੀ ਤਾਂ ਉਨ੍ਹਾਂ ਦੱਸਿਆ ਕਿ ਵਿਦਿਆਰਥੀਆਂ ਵਿੱਚ ਯੋਗਤਾ ਦੀ ਕੋਈ ਕਮੀ ਨਹੀਂ ਹੈ ਸਿਰਫ ਇਸ ਨੂੰ ਪਹਿਚਾਣ ਕੇ ਵਰਤਣ ਦੀ ਲੋੜ ਹੈ। ਉਨ੍ਹਾਂ ਨੇ ਬੱਚਿਆਂ ਦੇ ਮਾਤਾ ਪਿਤਾ ਨੂੰ ਅਪੀਲ ਕੀਤੀ ਕਿ ਉਹ ਵੱਧ ਤੋਂ ਵੱਧ ਆਪਣੇ ਬੱਚਿਆਂ ਨੂੰ ਖੇਡਾਂ ਦੇ ਪ੍ਰਤੀ ਪ੍ਰੇਰਨ। ਸਪਰਿੰਗ ਬਰਡਜ਼ ਸਕੂਲ ਪਹਿਲਾਂ ਦੀ ਤਰ੍ਹਾਂ ਹਰ ਵੇਲੇ ਬੱਚਿਆਂ ਦੀ ਅਤੇ ਇਲਾਕੇ ਦੀ ਸੇਵਾ ਲਈ ਤਤਪਰ ਹੈ। ਸਕੂਲ ਦੇ ਬੱਚਿਆਂ ਵੱਲੋਂ ਖੇਡਾਂ ਵਿੱਚ ਮੱਲਾਂ ਮਾਰਨ ਤੇ ਖੁਸ਼ੀ ਦਾ ਪ੍ਰਗਟਾਵਾ ਕਰਦਿਆਂ ਸਕੂਲ ਦੇ ਐਮਡੀ ਪਰਮਿੰਦਰ ਸਿੰਘ ਨੇ ਕਿਹਾ ਕਿ ਕਾਫੀ ਪਿਛਲੇ ਸਮੇਂ ਤੋਂ ਸੜਕ ਦੇ ਪ੍ਰੋਜੈਕਟ ਕਾਰਨ ਖੇਡਾਂ ਦੇ ਖੇਤਰ ਵਿੱਚ ਖੜੋਤ ਰਹੀ ਹੈ ਪਰ ਹੁਣ ਸਕੂਲ ਸਟਾਫ ਅਤੇ ਪ੍ਰਿੰਸੀਪਲ ਮੈਡਮ ਗੁਰਪ੍ਰੀਤ ਗੁਰਪ੍ਰੀਤ ਕੌਰ ਦੇ ਯਤਨਾਂ ਸਦਕਾ ਅਸੀਂ ਸਕੂਲ ਅੰਦਰ ਅਥਲੈਟਿਕ ਖੋਹ ਖੋਹ, ਕਬੱਡੀ, ਵਾਲੀਬਾਲ, ਸਪੈਕਟਰ ਸਕੇਟਿੰਗ, ਗਤਕਾ ਅਤੇ ਰਵਾਇਤੀ ਖੇਡਾਂ ਗੁੱਲੀ ਡੰਡਾ, ਪਿੱਠੂ ਗਰਮ, ਸਟੈਪੂ, ਗੀਟੇ ਖੇਲਣਾ ਆਦਿ ਖੇਡਾਂ ਨੂੰ ਪ੍ਰਮੋਟ ਕਰ ਰਹੇ ਹਾਂ ਜਿਸ ਨਾਲ ਬੱਚਿਆਂ ਦਾ ਮਾਨਸਿਕ ਵਿਕਾਸ ਹੋ ਸਕੇ। ਉਨ੍ਹਾਂ ਇਲਾਕਾ ਨਿਵਾਸੀਆਂ ਤੋਂ ਭਰਪੂਰ ਸਹਿਯੋਗ ਦੇਣ ਦੀ ਅਪੀਲ ਕੀਤੀ।

# ਬੀ ਕੇ ਯੂ ਉਗਰਾਹਾਂ ਤੇ ਕੁੱਲ ਹਿੰਦ ਕਿਸਾਨ ਸਭਾ ਦੀ ਮੇਜਰ ਸਿੰਘ ਕਸੇਲ ਨੂੰ ਹਮਾਇਤ

**ਝਬਾਲ (ਹਰਜਿੰਦਰ ਸਿੰਘ ਸੋਨੀ)**- 10 ਫਰਵਰੀ ਨੂੰ ਗੁਰਦੁਆਰਾ ਕਸੇਲ ਵਿਖੇ ਸਾਂਝੀ ਮੀਟਿੰਗ ਹੋਈ ਜਿਸ ਵਿੱਚ ਮੇਜਰ ਸਿੰਘ ਕਸੇਲ ਤੇ ਉਸ ਦੇ ਸਾਥੀਆਂ 'ਤੇ ਝੂਠਾ ਪਰਚਾ ਪਾ ਕੇ ਮੇਜਰ ਸਿੰਘ ਕਸੇਲ ਨੂੰ ਜੇਲ੍ਹ ਭੇਜ ਗਿਆ ਹੈ।ਇਸ ਸਬੰਧ ਵਿੱਚ ਇੱਕ ਮੀਟਿੰਗ ਹੋਈ। ਇਸ ਮੌਕੇ



ਜ਼ਿਲ੍ਹਾ ਪ੍ਰਧਾਨ ਗੁਰਬਾਜ ਸਿੰਘ ਸਿੱਧਵਾਂ, ਬਲਾਕ ਖਡੂਰ ਸਾਹਿਬ ਦੇ ਪ੍ਰਧਾਨ ਸੁਲੱਖਣ ਸਿੰਘ ਮੰਡਾਲਾ, ਬਲਾਕ ਗੰਡੀਵਿੰਡ ਪ੍ਰਧਾਨ ਧਿਆਨ ਸਿੰਘ ਫੌਜੀ ਮੰਨਣ, ਬਲਾਕ ਪ੍ਰਧਾਨ ਭਿੱਖੀਵਿੰਡ ਇੰਦਰਜੀਤ ਸਿੰਘ ਮਾੜੀ ਮੇਘਾ, ਜ਼ਿਲ੍ਹਾ ਸਲਾਹਕਾਰ ਦਿਲਬਾਗ ਸਿੰਘ ਐਮਾ, ਪ੍ਰਧਾਨ ਹਰਪ੍ਰੀਤ ਸਿੰਘ ਐਮਾ, ਬਾਬਾ ਬਲਜਿੰਦਰ ਸਿੰਘ ਕਾਲਾ ਬਾਬਾ ਲੰਗਾਹ ਝਬਾਲ, ਜ਼ਿਲ੍ਹਾ ਸਕੱਤਰ ਸੁਖਬੀਰ ਸਿੰਘ ਗੱਗੋਬੂਹਾ, ਜ਼ਿਲ੍ਹਾ ਖਜ਼ਾਨਚੀ ਹਰਦੀਪ ਸਿੰਘ ਜੌੜਾ, ਭੁਪਿੰਦਰ ਸਿੰਘ ਠੱਠੀਆਂ, ਬਲਾਕ ਖਜ਼ਾਨਚੀ ਜਸਵੰਤ ਸਿੰਘ ਸੋਹਲ, ਆਤਮਾ ਸਿੰਘ ਸੋਹਲ, ਕਰਮਜੀਤ ਸਿੰਘ ਸਭਰਾ, ਕੁੱਲ ਹਿੰਦ ਕਿਸਾਨ ਸਭਾ ਦੇ ਸੀਨੀਅਰ ਮੀਤ ਪ੍ਰਧਾਨ ਕੁਲਬੀਰ ਸਿੰਘ ਕਸੇਲ, ਜਥੇਬੰਦਕ ਸਕੱਤਰ ਦਵਿੰਦਰ ਸੋਹਲ, ਕਿਸਾਨ ਆਗੂ ਗੁਰਜੀਤ ਸਿੰਘ ਗੰਡੀਵਿੰਡ, ਮਲਕੀਅਤ ਸਿੰਘ ਬਘਿਆੜੀ, ਬਾਬਾ ਲਾਲ ਸਿੰਘ ਕਸੇਲ, ਹਰਪਾਲ ਸਿੰਘ ਢੱਕ ਵਾਲਾ, ਜਗੀਰ ਸਿੰਘ ਖੁੰਬਾਂ ਵਾਲੇ, ਮਲਕੀਤ ਸਿੰਘ ਹਰਬੰਸਪੁਰਾ, ਅਮਰਜੀਤ ਸਿੰਘ ਮੈਂਬਰ, ਸਰਪੰਚ ਬਲਜਿੰਦਰ ਸਿੰਘ ਕਸੇਲ, ਮਸਰਪੰਚ ਰਾਜੂ ਹਰਬੰਸਪੁਰਾ, ਕਾਬਲ ਸਿੰਘ ਹਰਬੰਸਪੁਰਾ, ਗੁਰਮੀਤ ਸਿੰਘ ਢੱਕ ਵਾਲਾ, ਸਾਬਕਾ ਸਰਪੰਚ ਬਲਵਿੰਦਰ ਸਿੰਘ ਢੱਕ ਵਾਲਾ, ਸੂਬੇ ਦਾਰ ਪ੍ਰਦੀਪ ਸਿੰਘ, ਗੇਬਾ ਕਸੇਲ, ਭੇਜਾ ਖੂਨੀ, ਕਾਰਜ ਸਿੰਘ ਸਾਂਘਣਾ, ਯੋਗਾ ਸਿੰਘ ਕੋਟਲੀ, ਜਗਜੀਤ ਸਿੰਘ ਕਸੇਲ, ਸੁੱਖ ਕਸੇਲ, ਅਮਹੀਰ ਸਿੰਘ, ਨਵਪ੍ਰੀਤ ਸਿੰਘ, ਕੇ. ਡੀ. ਕਸੇਲ, ਜਗਰੂਪ ਸਿੰਘ ਕਸੇਲ, ਗੋਪੀ ਕਸੇਲ, ਕੁਲਦੀਪ ਸਿੰਘ, ਜਰਨੈਲ ਸਿੰਘ, ਗੁਰਮੀਤ ਸਿੰਘ, ਦਿਲਬਾਗ ਸਿੰਘ ਵੱਡਾ ਖੂਹ, ਜੋਗਿੰਦਰ ਸਿੰਘ ਗੁਰਦਿਆਲ ਸਿੰਘ ਆਦਿ ਕਿਸਾਨ ਆਗੂ ਹਾਜ਼ਰ ਸਨ।

# ਬਿਆਸ ਫਲਾਈਓਵਰ 'ਤੇ ਹਾਦਸਾ; ਕਾਰ ਡਰਾਈਵਰ ਦੀ ਮੌਕੇ 'ਤੇ ਮੌਤ

**ਬਿਆਸ (ਪਰਮਜੀਤ ਸਿੰਘ ਰੱਖੜਾ)**- ਇੱਥੇ ਜੀ. ਟੀ. ਰੋਡ ਬਿਆਸ ਫਲ਼ਾਈਓਵਰ ਪੁਲ 'ਤੇ ਵਾਪਰੇ ਇਕ ਸੜਕ ਹਾਦਸੇ ਦੌਰਾਨ ਬਲੈਰੋ ਮਹਿੰਦਰਾ ਪਿੱਕਅੱਪ ਪੀਬੀ 08 ਪੀ ਕੇ 8456 ਦੀ ਡਿਜ਼ਾਇਰ ਕਾਰ ਨਾਲ ਹੋਈ ਟੱਕਰ ਦੌਰਾਨ ਕਾਰ ਡਰਾਈਵਰ ਸਤਨਾਮ ਸਿੰਘ ਦੀ ਮੌਕੇ 'ਤੇ ਮੌਤ ਹੋਣ ਦਾ ਸਮਾਚਾਰ ਪ੍ਰਾਪਤ ਹੋਇਆ ਹੈ।ਪ੍ਰਾਪਤ ਜਾਣਕਾਰੀ ਅਨੁਸਾਰ ਕਾਰ ਸਵਾਰ ਪਰਿਵਾਰ ਜਗਰਾਉਂ ਤੋਂ ਬਟਾਲਾ ਵੱਲ




ਨੂੰ ਜਾ ਰਿਹਾ ਸੀ, ਜਿਸ ਦੌਰਾਨ ਇਹ ਹਾਦਸਾ ਵਾਪਰਿਆ ਹੈ। ਮਹਿੰਦਰਾ ਪਿੱਕਅੱਪ ਡਿਵਾਈਡਰ ਨੂੰ ਕਰਾਸ ਕਰਕੇ ਜਲੰਧਰ ਸਾਈਡ ਤੋਂ ਆ ਰਹੀ ਡਿਜ਼ਾਇਰ ਕਾਰ ਨਾਲ ਜ ਟਕਰਾਈ ਜਿਸ ਦੌਰਾਨ ਕਾਰ ਡਰਾਈਵਰ ਸਤਨਾਮ ਸਿੰਘ ਦੀ ਮੌਕੇ 'ਤੇ ਮੌਤ ਹੋ ਗਈ, ਜਦਕਿ ਤਿੰਨ ਜ਼ਖਮੀਆਂ ਨੂੰ ਹਸਪਤਾਲ ਵਿਖੇ ਦਾਖਲ ਕਰਵਾਇਆ ਗਿਆ ਹੈ। ਜ਼ਖਮੀਆਂ ਨੂੰ ਬਾਬਾ ਸਾਵਣ ਸਿੰਘ ਹਸਪਤਾਲ ਬਿਆਸ ਵਿਖੇ ਦਾਖ਼ਲ ਕਰਵਾਇਆ ਗਿਆ। ਮੁੱਢਲੀ ਸਹਾਇਤਾ ਉਪਰੰਤ ਉਨ੍ਹਾਂ ਨੂੰ ਅੰਮ੍ਰਿਤਸਰ ਹਸਪਤਾਲ ਵਿਖੇ ਰੈਫਰ ਕਰਵਾਇਆ ਗਿਆ ਹੈ।ਮ੍ਰਿਤਕ ਡਰਾਈਵਰ ਨੂੰ ਬੜੀ ਮੁਸ਼ਕਲ ਨਾਲ ਕਾਰ ਵਿੱਚੋਂ ਕੱਢਿਆ ਗਿਆ।ਥਾਣਾ ਮੁਖੀ ਬਿਆਸ ਸ: ਗੁਰਵਿੰਦਰ ਸਿੰਘ ਮੌਕੇ 'ਤੇ ਪੁਲਸ ਪਾਰਟੀ ਨਾਲ ਪੁੱਜੇ ਅਤੇ ਦੋਵਾਂ ਗੱਡੀਆਂ ਨੂੰ ਕਬਜ਼ੇ ਵਿੱਚ ਲੈ ਕੇ ਅਗਲੀ ਕਾਰਵਾਈ ਆਰੰਭ ਕੀਤੀ ਹੈ।

# ਬਾਬਾ ਪ੍ਰਦੇਸ ਰੁੱਖ ਯਾਦਗਾਰੀ ਸਾਲਾਨਾ 7ਵਾਂ ਸੱਭਿਆਚਾਰਕ ਮੇਲਾ ਤੇ ਕਬੱਡੀ ਟੂਰਨਾਮੈਂਟ ਕਰਵਾਇਆ

**ਧਾਰੀਵਾਲ, (ਮਨਦੀਪ ਵਿੱਕੀ)**- ਪਿੰਡ ਖੁੰਡਾ ਵਿਖੇ ਬਾਬਾ ਪ੍ਰਦੇਸ ਰੁੱਖ ਯਾਦਗਾਰੀ ਸਾਲਾਨਾ ਸੱਤਵਾਂ ਸੱਭਿਆਚਾਰਕ ਮੇਲਾ ਅਤੇ ਕਬੱਡੀ ਟੂਰਨਾਮੈਂਟ ਕਰਵਾਇਆ ਗਿਆ। ਮੇਲਾ ਪ੍ਰਬੰਧਕ ਕਮੇਟੀ ਵਲੋਂ ਸਮੂਹ ਪਿੰਡ ਵਾਸੀਆਂ ਅਤੇ ਐਨਆਰਆਈ ਵੀਰਾਂ ਦੇ ਸਹਿਯੋਗ ਨਾਲ ਕਰਵਾਏ ਮੇਲੇ ਦਾ ਉਦਘਾਟਨ ਮਾਰਕੀਟ ਕਮੇਟੀ ਧਾਰੀਵਾਲ ਦੇ ਚੇਅਰਮੈਨ ਭੁਪਿੰਦਰ ਸਿੰਘ ਰਿੰਕਾ ਅਤੇ ਸਰਪੰਚ ਸ਼ਰਨਜੀਤ ਕੌਰ ਨੇ ਕੀਤਾ। ਸੱਭਿਆਚਾਰਕ ਪ੍ਰੋਗਰਾਮ ਦੌਰਾਨ ਪ੍ਰਸਿੱਧ ਗਾਇਕ ਜੋੜੀ ਆਤਮਾ ਸਿੰਘ ਅਤੇ ਬੀਬਾ ਬਲਜਿੰਦਰ ਰਿੰਪੀ ਨੇ ਆਪਣੇ ਚਰਚਿੱਤ ਗੀਤਾਂ ਦੁਆਰਾ ਲੰਮਾ ਸਮਾਂ ਸ਼੍ਰੋਤਿਆਂ ਦਾ ਮੰਨੋਰੰਜਨ ਕੀਤਾ। ਸ਼ਾਮ ਨੂੰ ਕਬੱਡੀ ਟੂਰਨਾਮੈਂਟ ਦੌਰਾਨ ਮੁੱਖ ਮਹਿਮਾਨ ਵਜੋਂ ਪਹੁੰਚੇ ਆਮ ਆਦਮੀ ਪਾਰਟੀ ਹਲਕਾ ਕਾਦੀਆਂ ਦੇ ਇੰਚਾਰਜ ਐਡਵੋਕੇਟ ਜਗਰੂਪ ਸਿੰਘ ਸੇਖਵਾਂ ਨੇ ਸੰਬੋਧਨ ਕਰਦਿਆਂ ਕਿਹਾ ਅਜਿਹੇ ਸੱਭਿਆਚਾਰਕ ਅਤੇ ਖੇਡ ਮੇਲੇ ਆਪਸੀ ਭਾਈਚਾਰਕ ਸਾਂਝ ਦਾ ਪ੍ਰਤੀਕ ਹੁੰਦੇ ਹਨ। ਉਨ੍ਹਾਂ ਕਿਹਾ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਨੌਜਵਾਨਾਂ ਨੂੰ ਖੇਡਾਂ ਵੱਲ ਉਤਸ਼ਾਹਿਤ ਕਰਨ ਲਈ ਵਿਸ਼ੇਸ਼ ਉਪਰਾਲੇ ਕੀਤੇ ਜਾ ਰਹੇ



ਹਨ। ਉਨ੍ਹਾਂ ਨੇ ਨੌਜਵਾਨ ਵਰਗ ਨੂੰ ਨਸ਼ਿਆਂ ਤੋਂ ਦੂਰ ਰਹਿਣ ਅਤੇ ਖੇਡਾਂ ਵਿੱਚ ਵਧੇਰੇ ਰੁਚੀ ਰੱਖਣ ਦੀ ਅਪੀਲ ਕੀਤੀ। ਕਬੱਡੀ ਟੂਰਨਾਮੈਂਟ ਵਿੱਚ ਕੁੱਲ ਚਾਰ ਟੀਮਾਂ (ਸੰਤ ਬਾਬਾ ਹਜਾਰਾ ਸਿੰਘ ਕਬੱਡੀ ਕਲੱਬ ਨੜਾਂਵਾਲੀ, ਨਾਨਕਸਰ ਕਬੱਡੀ ਕਲੱਬ ਗੁਰਦਾਸਪੁਰ, ਬਾਬਾ ਬੁੱਢਾ ਜੀ ਕਬੱਡੀ ਕੱਲਬ ਰਮਦਾਸ ਅਤੇ ਕਬੱਡੀ ਕਲੱਬ ਘੜਿਆਲਾ) ਵਿੱਚ ਇੰਟਰਨੈਸ਼ਨਲ ਖਿਡਾਰੀਆਂ ਨੇ ਭਾਗ ਲਿਆ। ਇਨ੍ਹਾਂ ਚਾਰ ਟੀਮ ਵਿੱਚੋਂ ਫਾਈਨਲ ਮੁਕਾਬਲਾ ਨਾਨਕਸਰ ਕਬੱਡੀ ਕਲੱਬ ਗੁਰਦਾਸਪੁਰ ਅਤੇ ਬਾਬਾ ਬੁੱਢਾ ਜੀ ਕਬੱਡੀ ਕੱਲਬ ਰਮਦਾਸ ਟੀਮਾਂ ਦਰਮਿਆਨ ਹੋਇਆ ਜਿਸ ਵਿੱਚ ਨਾਨਕਸਰ ਕਬੱਡੀ ਕਲੱਬ ਟੀਮ ਜੇਤੂ ਰਹੀ। ਕੁਮੈਂਟੇਟਰ ਦੀ ਭੂਮਿਕਾ ਸਰਬਜੀਤ ਪਰਾਚਾ ਅਤੇ ਮਨਜੀਤ ਬੁਲਟ ਨੇ ਬਾਖੂਬੀ ਨਿਭਾਈ, ਜਦਕਿ ਬਤੌਰ ਜੱਜ ਅੰਕ ਲਿਖਣ ਦੀ ਭੂਮਿਕਾ ਥਾਣਾ ਧਾਰੀਵਾਲ ਦੇ ਮੁੱਖ ਮੁਨਸ਼ੀ ਜੁਗਰਾਜ ਸਿੰਘ ਨੇ ਨਿਭਾਈ। ਜੇਤੂ ਟੀਮਾਂ ਨੂੰ ਮੁੱਖ ਮਹਿਮਾਨ ਐਡਵੋਕੇਟ ਜਗਰੂਪ ਸਿੰਘ ਸੇਖਵਾਂ, ਚੇਅਰਮੈਨ ਭੁਪਿੰਦਰ ਸਿੰਘ ਰਿੰਕਾ, ਸਰਪੰਚ ਸ਼ਰਨਜੀਤ ਕੌਰ, ਜ਼ਿਲ੍ਹਾ ਪ੍ਰੀਸ਼ਦ ਮੈਂਬਰ ਜਤਿੰਦਰ ਕੌਰ ਖੁੰਡੀ ਅਤੇ ਮੇਲਾ ਪ੍ਰਬੰਧਕ ਕਮੇਟੀ ਵੱਲੋਂ ਜੇਤੂ ਟੀਮਾਂ ਨੂੰ ਇਨਾਮ ਅਤੇ ਟਰਾਫੀਆਂ ਨਾਲ ਸਨਮਾਨਿਤ ਕੀਤਾ ਗਿਆ। ਇਸ ਮੌਕੇ ਕਲੱਬ ਪ੍ਰਧਾਨ ਵਿਪਨ ਕੁਮਾਰ, ਗੁਰਜੀਤ ਸਿੰਘ ਚੀਮਾ ਆਲੋਵਾਲ, ਨਗਰ ਕੌਂਸਲ ਪ੍ਰਧਾਨ ਅਸ਼ਵਨੀ ਦੁਗਲ, ਦੇਬੀ ਸੰਧਵਾਂ, ਸਰਪੰਚ ਹਰਪਾਲ ਸਿੰਘ ਕੰਗ, ਅੰਮ੍ਰਿਤਪਾਲ ਸਿੰਘ ਬੱਲ, ਡਾਕਟਰ ਸਤਨਾਮ ਸਿੰਘ ਖੁੰਡੀ, ਬਲਾਕ ਪ੍ਰਧਾਨ ਦੀਪ ਸੰਧੂ, ਸਤਿੰਦਰਪਾਲ ਸਿੰਘ ਸੁਜਾਨਪੁਰ, ਇਕਬਾਲ ਸਿੰਘ, ਗੁਰਨਾਮ ਸਿੰਘ, ਅਮਰਜੀਤ ਸਿੰਘ, ਸੁਖਬੀਰ ਸਿੰਘ ਗੋਰਾ, ਰਣਜੀਤ ਸਿੰਘ ਰਾਣਾ, ਬਲਵਿੰਦਰ ਸਿੰਘ ਫੌਜੀ, ਦੀਪ ਮਾਨ ਆਦਿ ਸਮੇਤ ਪਿੰਡ ਅਤੇ ਇਲਾਕੇ ਦੇ ਆਗੂਆਂ ਤੋਂ ਇਲਾਵਾ ਵੀ ਲੋਕ ਵੱਡੀ ਗਿਣਤੀ ਵਿੱਚ ਹਾਜਰ ਸਨ।

# ਚਾਵਾ ਵਿਖੇ ਸਟੇਡੀਅਮ ਬਣਾਉਣ ਦਾ ਕੰਮ ਸ਼ੁਰੂ; 1 ਕਰੋੜ 80 ਲੱਖ ਰੁਪਏ ਆਵੇਗੀ ਲਾਗਤ

**ਗੁਰਦਾਸਪੁਰ, (ਜਨਕ ਮਹਾਜਨ)**- ਪੰਜਾਬ ਸਰਕਾਰ ਵੱਲੋਂ ਖੇਡਾਂ ਨੂੰ ਉਤਸ਼ਾਹਿਤ ਕਰਨ ਵਾਸਤੇ ਪੰਚਾਇਤੀ ਰਾਜ ਵਿਕਾਸ ਵਿਭਾਗ ਗੁਰਦਾਸਪੁਰ ਵੱਲੋਂ 6 ਪਿੰਡਾਂ ਦੇ ਸਟੇਡੀਅਮ



ਬਣਾਉਣ ਵਾਸਤੇ ਕੰਮ ਜੰਗੀ ਪੱਧਰ 'ਤੇ ਅਰੰਭ ਕਰ ਦਿੱਤਾ ਜਿਸ ਨਾਲ ਇਲਾਕੇ ਦੇ ਖਿਡਾਰੀਆਂ ਨੂੰ ਕਾਫ਼ੀ ਲਾਭ ਮਿਲੇਗਾ। ਇਸ ਸਬੰਧੀ ਪਿੰਡ ਚਾਵਾ ਦੇ ਸਰਪੰਚ ਸੁਲੱਖਣ ਸਿੰਘ ਬੱਲੀ ਅਤੇ ਠੇਕੇਦਾਰ ਰਣਧੀਰ ਕੁਮਾਰ ਨੇ ਪਿੰਡ ਚਾਵਾ ਵਿਖੇ ਗੱਲਬਾਤ ਕਰਦਿਆਂ ਦੱਸਿਆ ਕਿ ਪਿੰਡ ਚਾਵਾ, ਅਬਲਖੈਰ, ਸਿੱਧਵਾਂ, ਮਾਨ ਚੋਪੜਾ ਅਤੇ ਗਾਂਧੀਆਂ ਪਨਿਆੜ ਵਿਖੇ ਸਟੇਡੀਅਮ ਬਣਾਉਣ ਲਈ 1 ਕਰੋੜ 80 ਲੱਖ ਰੁਪਏ ਖਰਚ ਕੀਤੇ ਜਾ ਰਹੇ ਹਨ ਜਿਸ ਦੀ ਪਹਿਲੀ ਕਿਸ਼ਤ ਮਿਲਣ ਨਾਲ ਪਿੰਡਾਂ ਵਿਚ 4 ਏਕੜ ਤੋਂ 4 ਕਨਾਲ ਤੱਕ ਸਟੇਡੀਅਮ ਬਣਾਉਣ ਦਾ ਕੰਮ ਸ਼ੁਰੂ ਹੋ ਚੁੱਕਾ ਹੈ। ਉਨ੍ਹਾਂ ਦੱਸਿਆ ਕਿ ਸਟੇਡੀਅਮ ਦੀ ਉਸਾਰੀ ਨਾਲ ਪਿੰਡਾਂ ਦੀ ਪੰਚਾਇਤੀ ਜ਼ਮੀਨ ਨਜਾਇਜ਼ ਕਬਜ਼ਿਆਂ ਤੋਂ ਬਚ ਜਾਵੇਗੀ। ਉਨ੍ਹਾਂ ਦੱਸਿਆ ਕਿ ਇਹ ਕਾਰਜ ਇਸ ਸਾਲ ਅੰਦਰ ਪੂਰਾ ਹੋ ਜਾਵੇਗਾ। ਪਿੰਡ ਚਾਵਾ ਦੇ ਸਰਪੰਚ ਸੁਲੱਖਣ ਸਿੰਘ ਨੇ ਦੱਸਿਆ ਕਿ ਚਾਵਾ ਵਿਖੇ ਸਟੇਡੀਅਮ ਬਣ ਜਾਣ ਨਾਲ ਇਲਾਕੇ ਦੇ ਲਗਭਗ 80 ਪਿੰਡਾਂ ਦੇ ਖਿਡਾਰੀਆਂ ਨੂੰ ਸਹੂਲਤ ਮਿਲੇਗੀ। ਉਨ੍ਹਾਂ ਦੱਸਿਆ ਕਿ ਪੰਜਾਬ ਸਰਕਾਰ ਦੇ ਇਸ ਉਪਰਾਲੇ ਨਾਲ ਖਿਡਾਰੀਆਂ ਨੂੰ ਕਾਫੀ ਲਾਭ ਮਿਲੇਗਾ ਅਤੇ ਨੌਜਵਾਨਾਂ ਨੂੰ ਖੇਡਾਂ ਦੇ ਨਾਲ-ਨਾਲ ਨਸ਼ਿਆਂ ਤੋਂ ਦੂਰ ਰਹਿ ਕੇ ਖੁਸ਼ਹਾਲ ਜੀਵਨ ਜਿਊਣ ਦਾ ਮੌਕਾ ਮਿਲੇਗਾ।

# ਕਟਾਰੂਚੱਕ ਦੇ ਸੁਹਿਰਦ ਯਤਨਾਂ ਸਦਕਾ ਬਮਿਆਲ ਵਾਸੀਆਂ ਦੀਆਂ ਸਮੱਸਿਆਵਾਂ ਹੋਈਆਂ ਹੱਲ

**ਪਠਾਨਕੋਟ, (ਦਵਿੰਦਰ ਸਿੰਘ)**- ਵਿਧਾਨ ਸਭਾ ਹਲਕਾ ਭੋਆ ਅੰਦਰ ਕੈਬਨਿਟ ਮੰਤਰੀ ਪੰਜਾਬ ਲਾਲ ਚੰਦ ਕਟਾਰੂਚੱਕ ਵੱਲੋਂ ਲੋਕਾਂ ਦੀਆਂ ਸਮੱਸਿਆਵਾਂ ਨੂੰ ਸੁਣਨ ਅਤੇ ਉਨ੍ਹਾਂ ਦਾ ਹੱਲ ਕਰਨ ਦੇ ਉਦੇਸ ਨਾਲ ਵੱਖ-ਵੱਖ ਖੇਤਰਾਂ ਅੰਦਰ ਵਿਸ਼ੇਸ਼ ਦੌਰਿਆਂ ਦਾ ਸਫਰ ਲਗਾਤਾਰ ਜਾਰੀ ਰਹਿੰਦਾ ਹੈ, ਪਿਛਲੇ ਦਿਨਾਂ ਦੌਰਾਨ ਕੈਬਨਿਟ ਮੰਤਰੀ ਪੰਜਾਬ ਵੱਲੋਂ ਸਰਹੱਦੀ ਖੇਤਰ ਬਮਿਆਲ ਅੰਦਰ ਵਿਸ਼ੇਸ਼ ਦੌਰਾ ਕੀਤਾ ਗਿਆ ਅਤੇ ਲੋਕਾਂ ਦੀਆਂ ਸਮੱਸਿਆਵਾਂ ਸੁਣੀਆਂ ਗਈਆਂ। ਜਿਸ ਅਧੀਨ ਕਟਾਰੂਚੱਕ ਦੇ ਆਦੇਸ਼ਾਂ ਅਨੁਸਾਰ ਉਨ੍ਹਾਂ ਦੀ ਟੀਮ ਵੱਲੋਂ ਪਿੰਡ



ਦੀਆਂ ਸਮੱਸਿਆਵਾਂ ਦੇ ਹੱਲ ਲਈ ਵਿਜ਼ਟ ਕੀਤੀ ਗਈ।ਇਸ ਮੌਕੇ ਹੋਰਨਾਂ ਤੋਂ ਇਲਾਵਾ ਵਿਕਾਸ, ਸੂਬੇਦਾਰ ਕੁਲਵੰਤ ਸਿੰਘ ਬਲਾਕ ਪ੍ਰਧਾਨ, ਬਲਾਕ ਸੰਮਤੀ ਮੈਂਬਰ ਧਰਮ ਪਾਲ, ਜ਼ਿਲ੍ਹਾ ਪ੍ਰੀਸ਼ਦ ਮੈਂਬਰ ਕਿਰਨ ਕੁਮਾਰੀ, ਮਾਸਟਰ ਹਜਾਰੀ ਲਾਲ, ਬਮਿਆਲ ਸਰਪੰਚ ਮੁਨੀਸ਼ ਗੁਪਤਾ, ਮੈਂਬਰ ਪੰਚਾਇਤ ਰਾਜ ਕੁਮਾਰ, ਮੈਂਬਰ ਪੰਚਾਇਤ ਬਿਸ਼ਨ ਦਾਸ, ਮੈਂਬਰ ਪੰਚਾਇਤ ਬੂਟਾ ਰਾਮ, ਮੈਂਬਰ ਪੰਚਾਇਤ ਪ੍ਰਦੀਪ ਸਿੰਘ, ਮੈਂਬਰ ਪੰਚਾਇਤ ਤ੍ਰਿਰੋੜੋ ਰਾਮ, ਸੁਰਿੰਦਰ ਮਹਾਜਨ, ਦਲਬੀਰ ਫਰਵਾਲ, ਰਾਜਾ , ਸਰਪੰਚ ਪਰਸੋਤਮ ਲਾਲ ਅਤੇ ਹੋਰ ਆਮ ਆਦਮੀ ਪਾਰਟੀ ਦੇ ਅਹੁਦੇਦਾਰ ਹਾਜ਼ਰ ਸਨ।ਇਸ ਮੌਕੇ ਤੇ ਜਾਣਕਾਰੀ ਦਿੰਦਿਆਂ ਸ੍ਰੀ ਵਿਕਾਸ ਨੇ ਦੱਸਿਆ ਕਿ ਕੈਬਨਿਟ ਮੰਤਰੀ ਪੰਜਾਬ ਲਾਲ ਚੰਦ ਕਟਾਰੂਚੱਕ ਵੱਲੋਂ ਪਿਛਲੇ ਦਿਨ੍ਹਾਂ ਦੌਰਾਨ ਬਮਿਆਲ ਵਿਖੇ ਵਿਸ਼ੇਸ਼ ਦੌਰਾ ਕੀਤਾ ਗਿਆ ਜਿਸ ਅਧੀਨ ਲੋਕਾਂ ਦੀਆਂ ਸਮੱਸਿਆਵਾਂ ਸੁਣੀਆਂ ਗਈਆਂ ਸਨ। ਉਨ੍ਹਾਂ ਦੱਸਿਆ ਕਿ ਅੱਜ ਬਮਿਆਲ ਨਿਵਾਸੀ ਤਰਸੇਮ ਲਾਲ ਜੋ ਕਿ ਪਿਛਲੇ ਲੰਮੇ ਸਮੇਂ ਤੋਂ ਗੋੜ੍ਹ ਦੀ ਹੱਡੀ ਦੀ ਬੀਮਾਰੀ ਨਾਲ ਲੜ ਰਿਹਾ ਹੈ ਅਤੇ ਚੱਲਣ ਫਿਰਣ ਤੋਂ ਵੀ ਅਸਮਰੱਥ ਹੈ,ਉਨ੍ਹਾਂ ਦੇ ਪਰਿਵਾਰ ਵੱਲੋਂ ਬੈਡ ਦੀ ਮੰਗ ਕੀਤੀ ਗਈ ਸੀ ਜੋ ਕਿ ਉਨ੍ਹਾਂ ਦੇ ਪਰਿਵਾਰ ਨੂੰ ਭੇਟ ਕੀਤਾ ਗਿਆ ਹੈ।ਇਸ ਤੋਂ ਇਲਾਵਾ ਰਾਮ ਲੀਲਾ ਗਰਾਊਂਡ ਐੱਸ.ਸੀ. ਮੁਹੱਲੇ ਦੇ ਨਜ਼ਦੀਕ 11 ਕੇ.ਵੀ. ਦੀਆਂ ਤਾਰਾਂ ਜੋ ਕਿ ਲੋਕਾਂ ਲਈ ਪ੍ਰੇਸ਼ਾਨੀ ਬਣੀਆਂ ਹੋਈਆਂ ਸਨ ਅਤੇ ਪਿਛਲੇ ਦਿਨ੍ਹਾਂ ਦੌਰਾਨ ਇਨ੍ਹਾਂ ਤਾਰਾਂ ਨਾਲ ਬੱਚਾ ਝੁਲਸ ਗਿਆ ਸੀ, ਦੀ ਸਮੱਸਿਆ ਨੂੰ ਧਿਆਨ ਵਿੱਚ ਲਿਆਂਦਾ ਗਿਆ। ਵਿਭਾਗੀ ਅਧਿਕਾਰੀਆਂ ਨੂੰ ਆਦੇਸ਼ ਦਿੱਤੇ ਕਿ ਤਾਰਾਂ ਨੂੰ ਸ਼ਿਫਟ ਕਰਨ ਦੀ ਕਾਰਵਾਈ ਅਰੰਭ ਕੀਤੀ ਜਾਵੇ।ਇਸ ਤੋਂ ਇਲਾਵਾ ਲੋਕ ਨਿਰਮਾਣ ਵਿਭਾਗ ਵੱਲੋਂ ਬਣਾਏ ਗਏ ਨਿਕਾਸੀ ਨਾਲਾ ਜੋ ਕਿ ਅਕਸਰ ਲੋਕਾਂ ਲਈ ਪ੍ਰੇਸ਼ਾਨੀਆਂ ਖੜੀਆਂ ਕਰਦਾ ਹੈ ਅਤੇ ਆਏ ਦਿਨ ਕੋਈ ਨਾ ਕੋਈ ਇਸ ਨਾਲੇ ਵਿੱਚ ਡਿੱਗਣ ਨਾਲ ਜ਼ਖਮੀ ਹੋ ਜਾਂਦਾ ਹੈ, ਦੇ ਹੱਲ ਲਈ ਵੀ ਵਿਭਾਗੀ ਅਧਿਕਾਰੀਆਂ ਨੂੰ ਆਦੇਸ਼ ਦਿੱਤੇ ਗਏ।

# ਖ਼ਾਲਸਾ ਹਸਪਤਾਲ 'ਚ ਕੈਬਨਿਟ ਮੰਤਰੀ ਸੌਂਦ ਵੱਲੋਂ ਵੈਂਟੀਲੇਟਰ ਦਾ ਉਦਘਾਟਨ

**ਤਰਸਿੱਕਾ, (ਤਰਸੇਮ ਸਿੰਘ ਸਾਧਪੁਰ)**- ਸੰਤ ਗਿਆਨੀ ਗੁਰਬਚਨ ਸਿੰਘ ਜੀ ਖਾਲਸਾ ਅਕੈਡਮੀ, ਮਹਿਤਾ ਚੌਕ ਵਿਖੇ ਕਲਾਸ ਦਸਵੀਂ ਅਤੇ ਬਾਰਵੀਂ ਦੇ ਬੋਰਡ ਪ੍ਰੀਖਿਆਵਾਂ ਅਤੇ ਸ਼ਾਨਦਾਰ ਨਤੀਜਿਆਂ ਲਈ ਅਰਦਾਸ ਦਿਵਸ ਮਨਾਇਆ ਗਿਆ।ਸਕੂਲ ਵਿੱਚ ਸੁਸ਼ੋਭਿਤ ਗੁਰਦੁਆਰਾ ਸਾਹਿਬ ਵਿਖੇ ਸ੍ਰੀ ਸਹਿਜ ਪਾਠ ਆਰੰਭ ਕਰਵਾਇਆ ਗਿਆ ਸੀ।ਪਾਠ ਦੇ ਭੋਗ ਉਪਰੰਤ ਖਾਲਸਾ ਅਕੈਡਮੀ ਦੇ ਵਿਦਿਆਰਥੀਆਂ ਵੱਲੋਂ



ਸ਼ਾਨਦਾਰ ਕੀਰਤਨ ਕੀਤਾ ਗਿਆ।ਇਸ ਅਰਦਾਸ ਵਿੱਚ ਕਲਾਸ ਨਰਸਰੀ ਤੋਂ ਬਾਰ੍ਹਵੀਂ ਕਲਾਸ ਦੇ ਵਿਦਿਆਰਥੀਆਂ ਅਤੇ ਉਨਾਂ ਦੇ ਮਾਪਿਆਂ ਨੇ ਹਾਜ਼ਰੀ ਭਰੀ।ਇਸ ਮੌਕੇ ਪੁੱਜੀਆਂ ਹੋਈਆਂ ਸ਼ਖਸੀਅਤਾਂ ਨੂੰ ਸਨਮਾਨਿਤ ਕੀਤਾ ਗਿਆ ਅਤੇ ਭੋਗ ਤੋਂ ਉਪਰੰਤ ਗੁਰੂ ਕਾ ਲੰਗਰ ਅਟੁੱਟ ਵਰਤਾਇਆ ਗਿਆ ਜਿਸ ਵਿੱਚ ਕਲਾਸ ਦਸਵੀਂ ਅਤੇ ਬਾਰਵੀਂ ਦੇ ਵਿਦਿਆਰਥੀਆਂ ਨੇ ਸੇਵਾ ਦੀ ਭੂਮਿਕਾ ਨਿਭਾਈ।ਇਸ ਅਰਦਾਸ ਸਮਾਗਮ ਵਿੱਚ ਸਰਦਾਰ ਤਰੁਨਪ੍ਰੀਤ ਸਿੰਘ ਸੌਂਧ ਕੈਬਨਿਟ ਮੰਤਰੀ ਪੰਜਾਬ ਉਚੇਚੇ ਤੌਰ ਤੇ ਪਹੁੰਚੇ ਅਤੇ ਬੱਚਿਆਂ ਨੂੰ ਸੰਬੋਧਨ ਕੀਤਾ।ਉਪਰੰਤ ਸੰਤ ਗਿਆਨੀ ਗੁਰਬਚਨ ਸਿੰਘ ਖ਼ਾਲਸਾ ਹਾਸਪੀਟਲ ਵਿੱਚ ਨਵੇਂ ਵੈਂਟੀਲੇਟਰ ਦਾ ਉਦਘਾਟਨ ਵੀ ਕੈਬਨਿਟ ਮੰਤਰੀ ਸੌਂਦ ਵਲੋਂ ਕੀਤਾ ਗਿਆ। ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਵੱਲੋਂ ਸੰਤ ਬਾਬਾ ਅਜੀਤ ਸਿੰਘ ਮੁਖੀ ਤਰਨਾ ਦਲ ਨੇ ਸਮਾਗਮ ਵਿੱਚ ਸ਼ਮੂਲੀਅਤ ਕੀਤੀ। ਇਸ ਮੌਕੇ ਤੇ ਏਡੀਸੀ ਵਿਕਾਸ ਅੰਮ੍ਰਿਤਸਰ ਮੈਡਮ ਪਰਮਜੀਤ ਕੌਰ, ਐੱਸਡੀਐੱਮ ਮਜੀਠਾ ਪ੍ਰੀਤ ਇੰਦਰ ਸਿੰਘ ਬੈਂਸ, ਡੀਪੀਆਰਓ ਅੰਮ੍ਰਿਤਸਰ ਇੰਦਰਜੀਤ ਸਿੰਘ ਸਕੂਲ ਦੇ ਡਾਇਰੈਕਟਰ/ਪ੍ਰਿੰਸੀਪਲ ਡਾ: ਜਤਿੰਦਰ ਸ਼ਰਮਾ, ਪ੍ਰਿੰ: ਹਰਸ਼ਦੀਪ ਸਿੰਘ ਰੰਧਾਵਾ, ਪ੍ਰਿੰ: ਗੁਰਦੀਪ ਸਿੰਘ ਰੰਧਾਵਾ, ਗਿਆਨੀ ਸਾਹਿਬ ਸਿੰਘ ਸਮੂਹ ਅਧਿਆਪਕ ਅਤੇ ਵਿਦਿਆਰਥੀਆਂ ਨੇ ਹਾਜ਼ਰੀ ਭਰੀ ਅਤੇ ਗੁਰੂ ਦੀਆਂ ਖੁਸ਼ੀਆਂ ਪ੍ਰਾਪਤ ਕੀਤੀਆਂ।

# ਕੱਕੜ ਵੱਲੋਂ ਅਮਰੀਕ ਸਿੰਘ ਬਰਾਲੀਆ ਦੇ ਪੋਤਰੇ ਦੀ ਮੌਤ 'ਤੇ ਦੁੱਖ ਦਾ ਪ੍ਰਗਟਾਵਾ



**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**- ਵਿਧਾਨ ਸਭਾ ਹਲਕਾ ਰਾਜਾਸਾਂਸੀ ਦੇ ਸਰਹੱਦੀ ਪਿੰਡ ਕੱਕੜ ਵਿਖੇ ਕਿਸਾਨ ਅਮਰੀਕ ਸਿੰਘ ਬਰਾਲੀਆ ਦੇ ਪੋਤਰੇ ਅਤੇ ਸੁੱਖਦੇਵ ਸਿੰਘ ਦੇ ਹੋਣਹਾਰ ਪੁੱਤਰ ਖੁਸ਼ਦੀਪ ਸਿੰਘ ਉਮਰ 15 ਸਾਲ ਦੀ ਪਿਛਲੇ ਦਿਨੀਂ ਵੇਲਣੇ ਵਿੱਚ ਆ ਕੇ ਦੁਖਦਾਈ ਮੌਤ ਹੋ ਗਈ, ਜਿਸ ਨਾਲ ਪਰਿਵਾਰ 'ਤੇ ਦੁੱਖਾਂ ਦਾ ਪਹਾੜ ਡਿੱਗ ਪਿਆ।ਪੰਜਾਬ ਦੇ ਸਾਬਕਾ ਮੰਤਰੀ ਅਤੇ ਵਿਧਾਇਕ ਸੁੱਖਬਿੰਦਰ ਸਿੰਘ ਸਰਕਾਰੀਆ ਦੇ ਮੀਡੀਆ ਸਲਾਹਕਾਰ ਅਤੇ ਜ਼ਿਲ੍ਹਾ ਕਾਂਗਰਸ ਕਮੇਟੀ ਅੰਮ੍ਰਿਤਸਰ ਦਿਹਾਤੀ ਦੇ ਮੁੱਖ ਬੁਲਾਰੇ ਅਮਨਦੀਪ ਸਿੰਘ ਕੱਕੜ ਨੇ ਪਰਿਵਾਰ ਨਾਲ ਦੁੱਖ ਦਾ ਇਜ਼ਹਾਰ ਕੀਤਾ।ਉਨ੍ਹਾਂ ਕਿਹਾ ਕਿ ਖੁਸ਼ਦੀਪ ਸਿੰਘ ਪੜ੍ਹਾਈ ਵਿੱਚ ਵੀ ਬਹੁਤ ਹੁਸ਼ਿਆਰ ਸੀ।ਰੋਜ਼ਾਨਾ ਗੁਰਦੁਆਰਾ ਰਾਮਟਾਹਲੀ ਸਾਹਿਬ ਵਿਖੇ ਹੁਕਮਨਾਮਾ ਵੀ ਲਿਖਦਾ ਸੀ।ਕੱਕੜ ਨੇ ਕਿਹਾ ਕਿ ਇਸ ਹੋਣਹਾਰ ਬੇਟੇ ਖੁਸ਼ਦੀਪ ਸਿੰਘ ਦੇ ਜਾਣ ਨਾਲ ਪਰਿਵਾਰ ਦੇ ਨਾਲ-ਨਾਲ ਪਿੰਡ ਨੂੰ ਵੀ ਬਹੁਤ ਘਾਟਾ ਪਿਆ ਹੈ।ਇਸ ਮੌਕੇ ਅਮਰੀਕ ਸਿੰਘ ਬਰਾਲੀਆ, ਸੁਖਦੇਵ ਸਿੰਘ, ਸਰਬਜੀਤ ਸਿੰਘ ਅਤੇ ਕੁਲਵੰਤ ਸਿੰਘ ਆਦਿ ਹਾਜ਼ਰ ਸਨ।

12-Feb-PAGE-4.qxd 2/11/2026 10:37 PM Page 1



# ਹਵਾ-ਹਵਾਈ

*ਮਨਰੇਗਾ ਦੀ ਥਾਂ ਨਾਂਅ ਬਦਲ ਕੇ ਲਿਆਂਦੇ ਗਏ 'ਵਿਕਸਤ ਭਾਰਤ-ਗ੍ਰਾਮੀਣ ਰੁਜ਼ਗਾਰ ਤੇ ਆਜੀਵਿਕਾ ਮਿਸ਼ਨ ਗਰੰਟੀ' ਕਾਨੂੰਨ ਯਾਨੀ ਵੀ ਬੀ ਜੀ-ਰਾਮ-ਜੀ' ਬਾਰੇ ਸਰਕਾਰ ਦੇ ਦਾਅਵਿਆਂ ਦੀ ਪੋਲ ਪਹਿਲੇ ਹੀ ਬਜਟ ਵਿੱਚ ਖੁੱਲ੍ਹ ਗਈ ਹੈ। ਨਵੇਂ ਕਾਨੂੰਨ ਵਿੱਚ 100 ਦੀ ਥਾਂ 125 ਦਿਨ ਕੰਮ ਦੇਣ ਦੀ ਗਰੰਟੀ ਦਿੱਤੀ ਗਈ ਹੈ, ਪਰ ਬਜਟ ਵਿੱਚ ਜਿੰਨੇ ਪੈਸੇ ਰੱਖੇ ਗਏ ਹਨ, ਉਸ ਨਾਲ ਏਨੇ ਦਿਨ ਕੰਮ ਮਿਲਣਾ ਸੰਭਵ ਨਹੀਂ। ਬਜਟ ਵਿੱਚ 95692.31 ਕਰੋੜ ਰੁਪਏ ਰੱਖੇ ਗਏ ਹਨ। ਇਸ ਦੇ ਲਾਗੂ ਹੋਣ ਤੱਕ ਪੁਰਾਣੀ ਯੋਜਨਾ ਮਨਰੇਗਾ ਲਈ 30 ਹਜ਼ਾਰ ਕਰੋੜ ਰੱਖੇ ਗਏ ਹਨ। ਕੁੱਲ ਮਿਲਾ ਕੇ ਦੋਹਾਂ ਯੋਜਨਾਵਾਂ ਲਈ ਸਵਾ ਲੱਖ ਕਰੋੜ ਰੱਖੇ ਗਏ ਹਨ। ਜੇ ਸਾਰੇ ਰਜਿਸਟਰਡ ਮਜ਼ਦੂਰਾਂ ਨੂੰ 125 ਦਿਨ ਦਾ ਰੁਜ਼ਗਾਰ ਦਿੱਤਾ ਜਾਵੇ ਤਾਂ ਸਿਰਫ ਕੇਂਦਰ ਦਾ ਬਜਟ ਹੀ ਕਰੀਬ ਸਵਾ 2 ਲੱਖ ਕਰੋੜ ਰੁਪਏ ਹੋਣਾ ਚਾਹੀਦਾ ਹੈ ਤੇ ਰਾਜਾਂ ਦਾ ਬਜਟ ਵੱਖਰਾ ਹੋਵੇਗਾ।*

*ਸਾਰੇ ਹਿਸਾਬ ਨੂੰ ਸਮਝਣ ਲਈ ਪਿਛਲੇ ਕੁਝ ਸਾਲ ਦੇ ਮਨਰੇਗਾ ਦੇ ਬਜਟ ਤੇ ਕੰਮ ਦਿਨਾਂ ਨੂੰ ਸਮਝਣਾ ਪਵੇਗਾ। 2020-21 ਵਿੱਚ ਕੋਰੋਨਾ ਮਹਾਂਮਾਰੀ ਕਾਰਨ ਕੰਮ ਦੀ ਮੰਗ ਬਹੁਤ ਵਧੀ ਤੇ ਖਰਚ ਦਾ ਸੋਧਿਆ ਅਨੁਮਾਨ 1,11,500 ਕਰੋੜ ਰਿਹਾ। 2023-24 ਤੇ 2024-25 ਵਿੱਚ ਬਜਟ ਅਨੁਮਾਨ 86 ਹਜ਼ਾਰ ਕਰੋੜ ਰੁਪਏ ਰਿਹਾ। 2025-26 ਵਿੱਚ ਵੀ ਬਜਟ 86 ਹਜ਼ਾਰ ਕਰੋੜ ਰੁਪਏ ਰੱਖਿਆ ਗਿਆ। ਇਨ੍ਹਾਂ ਸਾਲਾਂ ਵਿੱਚ ਏਨਾ ਬਜਟ ਖਰਚ ਕਰਕੇ ਔਸਤ ਰੂਪ ਵਿੱਚ ਹਰ ਕਾਰਡ ਧਾਰਕ ਨੂੰ ਕਰੀਬ 50 ਦਿਨਾਂ ਦਾ ਰੁਜ਼ਗਾਰ ਮਿਲਿਆ। 2025-26 (ਫਰਵਰੀ 2026 ਤੱਕ) ਔਸਤ 38-39 ਦਿਨ ਬਣਦੇ ਹਨ। 2025-26 ਵਿੱਚ ਮਨਰੇਗਾ ਲਈ ਸੋਧਿਆ ਅਨੁਮਾਨ 88 ਹਜ਼ਾਰ ਕਰੋੜ ਰੁਪਏ ਸੀ। ਇਸ ਵਾਰ ਅਲਾਟਮੈਂਟ ਵਿੱਚ ਕਰੀਬ 43 ਫੀਸਦੀ ਦਾ ਵਾਧਾ ਹੋਇਆ ਹੈ, ਪਰ ਮਨਰੇਗਾ ਕਾਰਕੁਨਾਂ ਤੇ ਮਾਹਰਾਂ ਮੁਤਾਬਕ ਇਹ ਰਕਮ ਸਰਕਾਰ ਦੇ ਆਪਣੇ ਟੀਚੇ ਨੂੰ ਪੂਰਾ ਕਰਨ ਲਈ ਕਾਫੀ ਨਹੀਂ। ਸਾਲ ਵਿੱਚ ਪੇਂਡੂ ਪਰਵਾਰਾਂ ਨੂੰ 100 ਦੀ ਥਾਂ 125 ਦਿਨ ਕੰਮ ਦੇਣ ਲਈ ਬਹੁਤ ਜ਼ਿਆਦਾ ਪੈਸਿਆਂ ਦੀ ਲੋੜ ਹੈ। ਪੇਂਡੂ ਪਰਵਾਰਾਂ ਦੇ ਗੈਰ-ਹੁਨਰਮੰਦ ਲੋਕ ਇਸ ਯੋਜਨਾ ਵਿੱਚ ਨਾਂਅ ਲਿਖਵਾ ਕੇ ਕੰਮ ਮੰਗ ਸਕਦੇ ਹਨ। ਦੇਸ਼ ਵਿੱਚ ਇਸ ਵੇਲੇ ਕਰੀਬ 8 ਕਰੋੜ 65 ਲੱਖ ਸਰਗਰਮ ਜੌਬ ਕਾਰਡ ਧਾਰਕ ਹਨ। ਜੇ ਸਾਰੇ ਸਰਗਰਮ ਕਾਰਡ ਧਾਰਕਾਂ ਨੂੰ 125 ਦਿਨ ਕੰਮ ਦਿੱਤਾ ਜਾਵੇ ਤੇ ਪ੍ਰਤੀ ਵਿਅਕਤੀ ਔਸਤ 355 ਰੁਪਏ ਦਿਹਾੜੀ ਦਿੱਤੀ ਜਾਵੇ ਤਾਂ ਕੁੱਲ ਖਰਚ 3,83,844 ਕਰੋੜ ਰੁਪਏ ਹੋਵੇਗਾ। ਕੇਂਦਰ ਤੇ ਰਾਜ 60:40 ਦੇ ਹਿਸਾਬ ਨਾਲ ਪੈਸੇ ਦੇਣਗੇ ਤੇ ਇਸ ਹਿਸਾਬ ਨਾਲ ਕੇਂਦਰ ਦਾ ਹਿੱਸਾ ਕਰੀਬ 2.30 ਲੱਖ ਕਰੋੜ ਰੁਪਏ ਹੋਵੇਗਾ। ਬਜਟ ਵਿੱਚ ਸਿਰਫ 95,692 ਕਰੋੜ ਰੱਖੇ ਗਏ ਹਨ, ਜੋ ਕਿ ਕਾਫੀ ਘੱਟ ਹਨ। ਖੇਤੀ ਮੰਤਰੀ ਸ਼ਿਵਰਾਜ ਸਿੰਘ ਚੌਹਾਨ ਦਾ ਦਾਅਵਾ ਹੈ ਕਿ ਕੇਂਦਰ ਦੇ 95,600 ਕਰੋੜ ਨਾਲ ਰਾਜਾਂ ਦੇ ਪੈਸੇ ਜੁੜ ਕੇ 1.51 ਲੱਖ ਕਰੋੜ ਰੁਪਏ ਤੋਂ ਵੱਧ ਹੋ ਜਾਣਗੇ। ਇਸ ਨਾਲ ਪੇਂਡੂ ਭਾਰਤ ਦੇ ਵਿਕਾਸ ਨੂੰ ਨਵੀਂ ਰਫਤਾਰ ਮਿਲੇਗੀ। ਨੋਟ ਕਰਨ ਵਾਲੀ ਗੱਲ ਹੈ ਕਿ ਪੁਰਾਣੀ ਯੋਜਨਾ ਦੇ ਅਜੇ 15 ਹਜ਼ਾਰ ਕਰੋੜ ਰੁਪਏ ਤੋਂ ਵੱਧ ਬਕਾਇਆ ਹਨ। ਅਗਲੇ ਦੋ ਮਹੀਨਿਆਂ ਵਿੱਚ ਕਰੀਬ 15 ਹਜ਼ਾਰ ਕਰੋੜ ਰੁਪਏ ਹੋਰ ਖਰਚ ਹੋਣ ਦੀ ਸੰਭਾਵਨਾ ਹੈ। ਇਸ ਲਈ 30 ਹਜ਼ਾਰ ਕਰੋੜ ਰੁਪਏ ਦੀ ਵਿਵਸਥਾ ਅਗਲੇ ਸਾਲ ਲਈ ਬੇਕਾਰ ਹੈ। ਇਸ ਤੋਂ ਇਲਾਵਾ ਰਾਜਾਂ ਦੀ ਆਰਥਕ ਹਾਲਤ ਏਨੀ ਚੰਗੀ ਨਹੀਂ ਕਿ ਉਹ 40 ਫੀਸਦੀ ਦਾ ਹਿੱਸਾ ਪਾ ਸਕਣਗੇ। ਇਸ ਕਰਕੇ ਨਵੀਂ ਯੋਜਨਾ 'ਤੇ ਅਮਲ ਅਨਿਸਚਿਤਤਾ ਵਾਲਾ ਹੈ।*

# ਅਮਰੀਕੀ ਟੈਰਿਫ਼ ਪ੍ਰਭਾਵ ਹੇਠ ਦੇਸ਼ ਦਾ ਬੇਉਮੀਦਾ ਬਜਟ


ਗੁਰਮੀਤ ਸਿੰਘ ਪਲਾਹੀ

ਦੇਸ਼ ਦਾ ਆਮ ਬਜਟ 2026-27 ਠੰਢੀ ਵਿਕਾਸ ਦਰ, ਗ਼ਰੀਬੀ ਅਤੇ ਵਧਦੀ ਨਾ-ਬਰਾਬਰੀ, ਨਿਵੇਸ਼ ਵਿੱਚ ਠਹਿਰਾਅ, ਵਿਆਪਕ ਬੇਰੁਜ਼ਗਾਰੀ ਅਤੇ ਕਲਿਆਣਕਾਰੀ ਯੋਜਨਾਵਾਂ ਨੂੰ ਪਿੱਠ ਵਿਖਾਉਣ ਵਾਲਾ ਹੈ। ਰੁਪਏ ਦਾ ਭਾਅ ਡਾਲਰ ਮੁਕਾਬਲੇ ਘਟਣ, ਬੁਨਿਆਦੀ ਢਾਂਚੇ ਅਤੇ ਜ਼ਰੂਰੀ ਸੇਵਾਵਾਂ ਦੀ ਮੰਗ ਤੇ ਪੂਰਤੀ ਦੇ ਵਿਚਕਾਰ ਪੈ ਰਹੇ ਵੱਡੇ ਪਾੜੇ ਪ੍ਰਤੀ ਵਧ ਰਹੀ ਚਿੰਤਾ ਪ੍ਰਤੀ ਇਹ ਬਜਟ ਅਣਭਿੱਜ ਹੈ। ਸਰਕਾਰ ਨੇ ਉਪਰੋਕਤ ਵਿਸ਼ਿਆਂ ਪ੍ਰਤੀ ਵਧ ਰਹੀਆਂ ਚਿੰਤਾਵਾਂ ਬਾਰੇ ਆਪਣੀ ਨੀਤੀ ਬਜਟ ਵਿੱਚ ਬਿਲਕੁਲ ਵੀ ਸਪ➢ਸ਼ਟ ਨਹੀਂ ਕੀਤੀ।

ਸਾਲ 2025-26 ਦੇ ਬਜਟ ਵਿੱਚ ਪੇਂਡੂ ਤੇ ਸ਼ਹਿਰੀ ਵਿਕਾਸ, ਸਿੱਖਿਆ, ਸਿਹਤ ਅਤੇ ਕਈ ਹੋਰ ਮਹਿਕਮਿਆਂ ਦੇ ਬਜਟ ਵਿੱਚ ਕਟੌਤੀ ਕੀਤੀ ਗਈ ਹੈ, ਜਦਕਿ ਰੱਖਿਆ ਬਜਟ 15 ਫ਼ੀਸਦੀ ਵਧਾ ਦਿੱਤਾ ਗਿਆ ਹੈ। ਖੇਤੀ ਅਤੇ ਪੇਂਡੂ ਵਿਕਾਸ ਮਹਿਕਮੇ ਦੇ ਬਜਟ ਵਿੱਚ 60,052 ਕਰੋੜ ਦੀ ਕਟੌਤੀ ਕੀਤੀ ਗਈ ਹੈ।

ਵਿੱਤ ਮੰਤਰੀ ਨੇ ਲੋਕਾਂ ਲਈ ਯੋਜਨਾਵਾਂ, ਸੰਸਥਾਨਾਂ ਅਤੇ ਸੰਮਤੀਆਂ ਦੀ ਝੜੀ ਲਗਾ ਦਿੱਤੀ। ਇਸ ਕਿਸਮ ਦੀਆਂ ਲਗਭਗ 24 ਘੋਸ਼ਣਾਵਾਂ ਕੀਤੀਆਂ ਗਈਆਂ ਹਨ, ਪਰ ਇਹਨਾਂ ਘੋਸ਼ਣਾਵਾਂ ਲਈ ਕੋਈ ਵੱਖਰਾ ਬਜਟ ਨਹੀਂ ਰੱਖਿਆ ਗਿਆ। ਕਿਹਾ ਗਿਆ ਹੈ ਕਿ ਏ ਆਈ ਦੇ ਖੇਤਰ ਵਿੱਚ ਭਾਰਤ ਨੂੰ ਵਿਸ਼ਵ ਪੱਧਰ 'ਤੇ ਅੱਗੇ ਵਧਣਾ ਹੋਵੇਗਾ, ਇਸ ਵਾਸਤੇ ਸਰਕਾਰ ਵਿਦੇਸ਼ੀ ਕੰਪਨੀਆਂ ਨੂੰ ਕਲਾਊਡ ਸੇਵਾਵਾਂ ਦੇ ਅਧੀਨ ਸਹੂਲਤਾਂ ਦੇਵੇਗੀ, ਪਰ ਨਵੇਂ ਭਾਰਤੀ ਉਦਮੀ, ਜੋ ਦੇਸ਼ ਛੱਡ ਕੇ ਅਮਰੀਕਾ ਜਾ ਵਸੇ ਹਨ ਅਤੇ ਉੱਥੇ ਆਪਣੀਆਂ ਸੇਵਾਵਾਂ ਦੇ ਰਹੇ ਹਨ, ਉਹਨਾਂ ਬਾਰੇ ਚੁੱਪੀ ਸਾਧੀ ਗਈ ਹੈ।

ਕਿਸਾਨਾਂ ਦੀ ਆਮਦਨ ਦੋਗੁਣੀ ਕਰਨ ਦੇ ਦਾਅਵਿਆਂ ਦੇ ਵਿਚਕਾਰ ਕਿਸਾਨਾਂ ਪ੍ਰਤੀ ਬਜਟ ਆਖ਼ਰ ਚੁੱਪ ਕਿਉਂ ਹੈ ? ਸਿਰਫ਼ ਕਾਜੂ ਅਤੇ ਨਾਰੀਅਲ ਦੀ ਖੇਤੀ ਤੋਂ ਬਿਨਾਂ ਕਿਸਾਨਾਂ ਦੀ ਕੋਈ ਗੱਲ ਹੀ ਨਹੀਂ ਕੀਤੀ ਗਈ। ਬਜਟ ਵਿੱਚ ਕਿਸਾਨਾਂ ਦੀਆਂ ਫ਼ਸਲਾਂ ਦੇ ਘੱਟੋ-ਘੱਟ ਸਮਰਥਨ ਮੁੱਲ (ਐੱਮ ਐੱਸ ਪੀ) ਬਾਰੇ ਇਕ ਅੱਖਰ ਵੀ ਕਿਤੇ ਨਹੀਂ ਮਿਲਦਾ।

ਢਾਂਚਾਗਤ ਵਿਕਾਸ ਵਿੱਚ ਸੱਤ ਰੇਲ ਗਲਿਆਰਿਆਂ ਤੋਂ ਬਿਨਾਂ ਕੋਈ ਵੱਡੀ ਘੋਸ਼ਣਾ ਦਿਖਾਈ ਨਹੀਂ ਦਿੰਦੀ। ਦੇਸ਼ ਦੇ ਅਰਥ ਸ਼ਾਸਤਰੀ ਡਾ. ਸੁਰਜੀਤ ਭੱਲਾ ਕਹਿੰਦੇ ਹਨ ਚੌਥੀ ਸਭ ਤੋਂ ਵੱਡੀ ਅਰਥ ਵਿਵਸਥਾ ਹੋਣ ਦੀ ਆਤਮ-ਪ੍ਰਸੰਸਾ ਬਜਟ ਵਿੱਚ ਬੇਉਮੀਦੀ ਹੈ। ਡਾ. ਸ੍ਰੀਰੰਗਾ ਰਾਜਨ ਨੇ ਬਜਟ ਦੀ ਸੁਸਤੀ 'ਤੇ ਸਵਾਲ ਉਠਾਏ ਹਨ। ਡਾ. ਅਸ਼ੋਕ ਗੁਲਾਟੀ ਨੇ ਖੇਤੀ ਖੇਤਰ ਦੇ ਵੱਡੇ ਹਿੱਸੇ ਤੋਂ ਮੁੱਖ ਮੋੜਨ 'ਤੇ ਦੁੱਖ ਪ੍ਰਗਟ ਕੀਤਾ ਹੈ, ਜਦਕਿ ਪ੍ਰੋਫੈਸਰ ਰੋਹਿਤ ਲਾਂਬਾ ਨੇ ਬਜਟ ਨੂੰ ਇੱਕ ਐਸੀ ਅਰਥ ਵਿਵਸਥਾ ਵਾਲਾ ਬਜਟ ਦੱਸਿਆ ਹੈ, ਜੋ ਅਜੇ ਵੀ ਯੋਜਨਾ ਦੀ ਭਾਲ ਵਿੱਚ ਹੈ।

ਦੇਸ਼ ਦੇ ਆਰਥਿਕ ਸਰਵੇਖਣ ਸੰਬੰਧੀ ਕੁਝ ਤੱਥ ਸਮਝਣਯੋਗ ਹਨ, ਜੋ ਚੁਣੌਤੀਆਂ ਦੇ ਰੂਪ ਵਿੱਚ ਦੇਸ਼ ਨੂੰ ਦਰਪੇਸ਼ ਹਨ। ਪਹਿਲਾ ਇਹ ਕਿ ਵਿਦੇਸ਼ੀ ਨਿਵੇਸ਼ ਦਾ ਪ੍ਰਵਾਹ ਲਗਾਤਾਰ ਘਟ ਰਿਹਾ ਹੈ। ਵਿਦੇਸ਼ੀ ਨਿਵੇਸ਼ਕ ਆਪਣਾ ਨਿਵੇਸ਼ ਵਾਪਸ ਲੈ ਰਹੇ ਹਨ, ਜਿਸ ਦਾ ਸਿੱਟਾ ਇਹ ਹੈ ਕਿ ਜੀ ਐੱਫ ਸੀ ਐੱਫ ਜੀ ਡੀ ਪੀ ਦੇ ਲਗਭਗ ਤਿੰਨ ਫ਼ੀਸਦੀ 'ਤੇ ਅਟਕਿਆ ਹੋਇਆ ਹੈ।

ਦੂਜਾ ਇਹ ਹੈ ਕਿ ਟਰੰਪ ਵੱਲੋਂ ਸ਼ੁਰੂ ਕੀਤਾ ਗਿਆ ਭਾਰਤੀ ਵਸਤੂਆਂ 'ਤੇ ਟੈਕਸ 50 ਫ਼ੀਸਦੀ ਤੋਂ ਘਟਾ ਕੇ 18 ਫ਼ੀਸਦੀ ਕਰਨ ਦੀ ਘੋਸ਼ਣਾ ਕੀਤੀ ਗਈ ਹੈ, ਪਰ ਇਵੇਂ ਲੱਗਦਾ ਹੈ ਕਿ ਇਹ ਕਟੌਤੀ ਭਾਰਤ ਵੱਲੋਂ ਅਮਰੀਕੀ ਵਸਤੂਆਂ 'ਤੇ ਜ਼ੀਰੋ ਟੈਕਸ ਕਰਨ, ਹੋਰ ਰੁਕਾਵਟਾਂ ਹਟਾਉਣ ਅਤੇ 500 ਅਰਬ ਡਾਲਰ ਦੀ ਅਮਰੀਕੀ ਵਸਤੂਆਂ ਦੀ ਖਰੀਦ ਵਰਗੀਆਂ ਸ਼ਰਤਾਂ 'ਤੇ ਨਿਰਭਰ ਹੈ, ਜਿਨ੍ਹਾਂ ਨੂੰ ਪੂਰਾ ਕਰਨਾ ਭਾਰਤ ਲਈ ਮੁਸ਼ਕਲ ਹੈ।

ਤੀਜਾ ਸੰਕੇਤਕ ਜੀ ਡੀ ਪੀ, ਜੋ 2023-24 ਅਤੇ 2024-25 ਵਿੱਚ 12 ਫ਼ੀਸਦੀ ਅਤੇ 9.8 ਫ਼ੀਸਦੀ ਸੀ, ਹੁਣ 2025-26 ਵਿੱਚ ਘਟ ਕੇ 8 ਫ਼ੀਸਦੀ ਰਹਿ ਗਈ ਹੈ, ਜੋ ਲਗਾਤਾਰ ਘਟਦੀ ਜਾ ਰਹੀ ਹੈ। ਚੌਥਾ, ਬੇਰੁਜ਼ਗਾਰੀ ਦੀ ਦਰ ਵਧ ਰਹੀ ਹੈ। ਜੂਨ 2024 ਵਿੱਚ ਨੌਜਵਾਨ ਬੇਰੁਜ਼ਗਾਰੀ ਦਰ 15 ਫ਼ੀਸਦੀ ਸੀ। ਲੱਖਾਂ ਨੌਜਵਾਨ ਬੇਰੁਜ਼ਗਾਰ ਹਨ। ਪਿਛਲੇ 10 ਸਾਲਾਂ ਵਿੱਚ ਨਿਰਮਾਣ ਖੇਤਰ ਦਾ ਯੋਗਦਾਨ ਜੀ ਡੀ ਪੀ ਵਿੱਚ 15-16 ਫ਼ੀਸਦੀ ਹੀ ਰਿਹਾ ਹੈ। ਇਸ ਤਰ੍ਹਾਂ 'ਮੇਕ ਇਨ ਇੰਡੀਆ', ਜਿਸ ਦੀ ਗੱਲ ਬਜਟ ਵਿੱਚ ਕੀਤੀ ਗਈ ਹੈ, ਪਹਿਲਾਂ ਹੀ ਫੇਲ੍ਹ ਹੋ ਚੁੱਕੀ ਹੈ।

ਅਰਥ ਵਿਵਸਥਾ ਦੇ ਮੋਰਚੇ 'ਤੇ ਜਿਸ ਤਰ੍ਹਾਂ ਦੀਆਂ ਵਿਸ਼ਵ ਪੱਧਰੀ ਚੁਣੌਤੀਆਂ ਖੜੀਆਂ ਹੋ ਰਹੀਆਂ ਹਨ, ਉਹਨਾਂ ਨੂੰ ਧਿਆਨ ਵਿੱਚ ਰੱਖਦਿਆਂ ਇਹ ਬਜਟ ਪੇਸ਼ ਕਰਨ ਦੀ ਗੱਲ ਕੀਤੀ ਜਾ ਰਹੀ ਹੈ। ਸਰਕਾਰ ਦਾ ਮੰਨਣਾ ਹੈ ਕਿ ਦੇਸ਼ ਹੁਣ ਤੀਜੀ ਅਰਥ ਵਿਵਸਥਾ ਬਣਨ ਵੱਲ ਅੱਗੇ ਵਧ ਰਿਹਾ ਹੈ, ਇਸੇ ਲਈ 2026-27 ਦਾ ਬਜਟ ਭਵਿੱਖ ਨੂੰ ਧਿਆਨ ਵਿੱਚ ਰੱਖਦਿਆਂ ਬਣਾਇਆ ਗਿਆ ਹੈ, ਪਰ ਕਿਸੇ ਵੀ ਬਜਟ ਦੀ ਉਪਯੋਗਤਾ ਇਸ ਗੱਲ ਤੋਂ ਸਾਬਤ ਹੁੰਦੀ ਹੈ ਕਿ ਉਹ ਦੇਸ਼ ਦੀ ਆਰਥਿਕ ਮਜ਼ਬੂਤੀ ਵਿੱਚ ਕਿੰਨਾ ਸਹਾਇਕ ਸਾਬਤ ਹੋਇਆ ਹੈ ਅਤੇ ਉਸ ਦਾ ਅਸਰ ਆਮ ਲੋਕਾਂ ਦੇ ਜੀਵਨ 'ਤੇ ਕਿੰਨਾ ਪਿਆ ਹੈ।

ਬਜਟ ਵਿੱਚ ਨੌਜਵਾਨਾਂ ਨੂੰ ਰੁਜ਼ਗਾਰਤ ਅਤੇ ਸਵੈ-ਰੁਜ਼ਗਾਰਤ ਕਰਨ ਲਈ 1.35 ਲੱਖ ਕਰੋੜ ਰੁਪਏ ਰੱਖੇ ਗਏ ਹਨ। ਇਸ ਦੇ ਤਹਿਤ 50 ਨਵੇਂ ਆਈ ਆਈ ਟੀ ਅਤੇ ਮੈਡੀਕਲ ਕਾਲਜ ਬਣਾਉਣ ਦੀ ਯੋਜਨਾ ਹੈ। ਸਕਿਲ ਇੰਡੀਆ ਲਈ ਪੰਜ ਕਰੋੜ ਨੌਜਵਾਨਾਂ ਨੂੰ ਸਕਾਲਰਸ਼ਿਪ ਦੇਣ ਦੀ ਗੱਲ ਵੀ ਕੀਤੀ ਗਈ ਹੈ। ਇਸ ਤਰ੍ਹਾਂ ਬਜਟ ਵਿੱਚ ਬੇਰੁਜ਼ਗਾਰੀ ਦੀ ਦਰ 8 ਫ਼ੀਸਦੀ ਤੱਕ ਲਿਆਉਣ ਦਾ ਟੀਚਾ ਮਿਥਿਆ ਗਿਆ ਹੈ।

ਪਰ ਸਾਰੇ ਨਿਵੇਸ਼ ਅਤੇ ਯੋਜਨਾਵਾਂ ਨੂੰ ਕਾਮਯਾਬੀ ਨਾਲ਼ ਲਾਗੂ ਕਰਨਾ ਤਦ ਹੀ ਸੰਭਵ ਹੋਵੇਗਾ, ਜੇਕਰ ਸ਼ਹਿਰਾਂ ਅਤੇ ਨਗਰਾਂ ਦੇ ਨਾਲ਼-ਨਾਲ਼ ਪੇਂਡੂ ਖੇਤਰ ਵਿੱਚ ਵੀ ਰੁਜ਼ਗਾਰ ਸਿਰਜਿਆ ਜਾਵੇ ਅਤੇ ਉਨ੍ਹਾਂ ਨੂੰ ਬਣਦੀ ਹਿੱਸੇਦਾਰੀ ਮਿਲੇ, ਜਿਸ ਤੋਂ ਆਮ ਤੌਰ 'ਤੇ ਪੇਂਡੂ ਖੇਤਰ ਵਿਰਵਾ ਰਹਿੰਦਾ ਹੈ।

ਦੇਸ਼ ਵਿੱਚ ਜਿਸ ਢੰਗ ਨਾਲ਼ ਅਮੀਰ ਅਤੇ ਗ਼ਰੀਬ ਆਬਾਦੀ ਵਿੱਚ ਪਾੜਾ ਵਧ ਰਿਹਾ ਹੈ, ਡਿਜੀਟਲ ਯੁੱਗ ਵਿੱਚ ਇਹ ਪਾੜਾ ਹੋਰ ਵੀ ਗੰਭੀਰ ਹੁੰਦਾ ਜਾ ਰਿਹਾ ਹੈ। ਇਸ ਸੰਬੰਧ ਵਿੱਚ ਬਜਟ ਵਿੱਚ ਗੰਭੀਰਤਾ ਨਾਲ਼ ਕੋਈ ਵੀ ਅਜਿਹੀ ਉਮੀਦ ਨਹੀਂ ਦਿਸਦੀ, ਜੋ ਇਹ ਪਾੜਾ ਘਟਾ ਸਕੇ। ਇੱਥੋਂ ਤੱਕ ਕਿ ਸਿਹਤ ਖੇਤਰ ਵਿੱਚ ਵੀ ਪੁੱਟੇ ਗਏ ਬਜਟੀ ਕਦਮ ਨਿੱਜੀ ਖੇਤਰ ਵਿੱਚ ਬਿਮਾਰੀਆਂ ਦੀ ਜਾਂਚ, ਜ਼ਰੂਰੀ ਦੇਖਭਾਲ ਅਤੇ ਇਲਾਜ ਵੱਲ ਮੋੜੇ ਗਏ ਹਨ, ਜੋ ਉੱਚ ਵਰਗ ਅਤੇ ਵੱਡੀ ਆਮਦਨ ਵਾਲੇ ਲੋਕਾਂ ਨੂੰ ਤਾਂ ਫ਼ਾਇਦਾ ਦੇ ਸਕਦੇ ਹਨ, ਪਰ ਆਮ ਲੋਕਾਂ ਦੇ ਪੱਲੇ ਕੁਝ ਵੀ ਨਹੀਂ ਪਾਉਂਦੇ।

ਕੈਂਸਰ ਦੀਆਂ 17 ਦਵਾਈਆਂ ਦੇ ਭਾਅ ਘੱਟ ਕਰਨ ਦੀ ਗੱਲ ਬਜਟ ਵਿੱਚ ਕੀਤੀ ਗਈ ਹੈ। ਪੰਜ ਖੇਤਰੀ ਮੈਡੀਕਲ ਹੱਬ ਬਣਾਉਣਾ ਵੀ ਇਸ ਵਿੱਚ ਸ਼ਾਮਲ ਹੈ, ਪਰ ਆਮ ਲੋਕਾਂ ਦੀ ਇਹਨਾਂ ਤੱਕ ਪਹੁੰਚ ਇੱਕ ਵੱਡਾ ਸਵਾਲ ਹੈ।

ਬਜਟ ਵਿੱਚ ਸੋਨੇ-ਚਾਂਦੀ ਦੇ ਭਾਅ ਵਧਣ ਬਾਰੇ ਚੁੱਪੀ ਨਿਰਾਸ਼ਾਜਨਕ ਹੈ। ਕਿਹਾ ਜਾ ਰਿਹਾ ਹੈ ਕਿ ਸੋਨੇ ਦੇ ਮੁੱਲ ਲਗਾਤਾਰ ਵੱਧਣ ਦਾ ਕਾਰਨ ਰਿਜ਼ਰਵ ਬੈਂਕ ਵੱਲੋਂ ਕੀਤੀ ਜਾ ਰਹੀ ਖਰੀਦਦਾਰੀ ਹੈ।

ਸਰਕਾਰ ਇਸ ਬਜਟ ਨੂੰ 'ਨਿਰਮਲ ਧਾਰਾ' ਕਹਿੰਦੀ ਹੈ। ਅਸਲ ਵਿੱਚ ਇਹ ਬਜਟ ਅਮਰੀਕੀ ਟੈਕਸ ਦੇ ਤਣਾਅ ਵਿੱਚ ਪੇਸ਼ ਕੀਤਾ ਗਿਆ ਬਜਟ ਹੈ, ਜਿਸ ਵਿੱਚ ਕਲਿਆਣਕਾਰੀ ਅਤੇ ਲੋਕ-ਲੁਭਾਊ ਯੋਜਨਾਵਾਂ ਤੋਂ ਕਿਨਾਰਾ ਕੀਤਾ ਗਿਆ ਹੈ। ਨੌਕਰੀ-ਪੇਸ਼ਾ ਅਤੇ ਮੱਧ ਵਰਗੀ ਲੋਕਾਂ ਲਈ ਇਹ ਨਿਰਾਸ਼ਾ ਭਰਿਆ ਬਜਟ ਹੈ। ਇਸ ਬਜਟ ਵਿੱਚ ਨਾ ਤਾਂ ਟੈਕਸਾਂ ਵਿੱਚ ਕੋਈ ਰਾਹਤ ਮਿਲੀ ਹੈ ਅਤੇ ਨਾ ਹੀ ਮਹਿੰਗਾਈ ਦੇ ਮੋਰਚੇ ਨੂੰ ਕਾਬੂ ਕਰਨ ਦਾ ਕੋਈ ਸੰਕੇਤ।

ਬਜਟ ਨੇ ਦੇਸ਼ ਦੀ ਮੌਜੂਦਾ ਆਰਥਿਕ ਸਥਿਤੀ, ਸਮੱਸਿਆਵਾਂ ਅਤੇ ਸੰਕਟਾਂ ਵੱਲੋਂ ਅੱਖਾਂ ਮੀਟ ਲਈਆਂ ਹਨ ਅਤੇ ਭਵਿੱਖੀ ਭਾਰਤ ਦੇ ਨਿਰਮਾਣ ਨੂੰ ਤਰਜੀਹ ਦਿੱਤੀ ਹੈ। ਭਾਰਤ ਦੇ ਪ੍ਰਧਾਨ ਮੰਤਰੀ ਇਸ ਬਜਟ ਨੂੰ ਅਨੂਠਾ ਬਜਟ ਮੰਨਦੇ ਹਨ। ਉਹਨਾਂ ਅਨੁਸਾਰ ਇਸ ਸਾਲ ਭਾਰਤ ਦੀ ਵਿਸ਼ਵ-ਵਿਆਪੀ ਭੂਮਿਕਾ ਹੋਰ ਮਜ਼ਬੂਤ ਹੋਏਗੀ, ਪਰ ਵਿਰੋਧੀ ਧਿਰ ਦੇ ਆਗੂ ਰਾਹੁਲ ਗਾਂਧੀ ਨੇ ਇਸ ਬਜਟ ਨੂੰ ਥੱਕੀ ਹੋਈ ਸਰਕਾਰ ਦਾ ਬਜਟ ਕਿਹਾ ਹੈ।

ਅਸਲ ਵਿੱਚ ਆਮ ਜਨਤਾ ਲਈ ਇਹ ਸੁਸਤ ਬਜਟ ਬੇਉਮੀਦਾ ਸਾਬਤ ਹੋਇਆ ਹੈ, ਜੋ ਭਾਰਤੀ ਪੇਂਡੂ ਆਰਥਿਕਤਾ ਨੂੰ ਖੋਰਾ ਲਗਾਉਣ ਵਾਲਾ ਬਜਟ ਹੈ ਅਤੇ ਜੋ ਅਮਰੀਕੀ ਟੈਰਿਫ਼ ਪ੍ਰਭਾਵ ਹੇਠ ਬਣਾਇਆ ਗਿਆ ਹੈ। ਬਜਟ ਪੇਸ਼ ਕਰਨ ਵੇਲੇ ਅਮਰੀਕੀ ਟੈਰਿਫ਼ ਦਾ ਏਨਾ ਪ੍ਰਭਾਵ ਸੀ ਕਿ ਖੇਤੀ, ਇੰਡਸਟਰੀ, ਵਪਾਰ ਦੇ ਖੇਤਰ ਨੂੰ ਬਿਲਕੁਲ ਹੀ ਅਣਗੌਲਿਆ ਕਰ ਦਿੱਤਾ ਗਿਆ ਅਤੇ ਆਮ ਆਦਮੀ ਦੇ ਸਰੋਕਾਰਾਂ ਪ੍ਰਤੀ ਵੀ ਲਗਭਗ ਚੁੱਪੀ ਵੱਟ ਲਈ ਗਈ।

ਬਜਟ ਵਿੱਚ ਭਾਰਤੀ ਕਿਸਾਨਾਂ ਦੇ ਹਿੱਤ ਖਾਮੋਸ਼ ਹਨ। ਭਾਰਤ ਦੀ ਕਿਸਾਨੀ, ਜੋ ਪਹਿਲਾਂ ਹੀ ਆਰਥਿਕ ਸੰਕਟ ਦਾ ਸ਼ਿਕਾਰ ਹੈ, ਉਸ ਦੇ ਮੁਕਾਬਲੇ ਅਮਰੀਕੀ ਖੇਤੀ ਪੈਦਾਵਾਰ ਲਈ ਵੱਡੀਆਂ, ਸਸਤੀਆਂ ਸਬਸਿਡੀਆਂ ਵਾਲੀ ਖੇਤੀ ਲਈ ਰਾਹ ਖੋਲ੍ਹਣਾ ਅਤੇ ਜ਼ੀਰੋ ਟੈਕਸ ਤੇ ਖੇਤੀ ਉਤਪਾਦ ਭਾਰਤ ਵਿੱਚ ਲਿਆਉਣਾ ਮੰਦਭਾਗੀ ਗੱਲ ਹੈ। ਇਸ ਨਾਲ਼ ਸਿਰਫ਼ ਕਿਸਾਨ ਹੀ ਨਹੀਂ, ਸਗੋਂ ਆਮ ਵਿਅਕਤੀ ਦਾ ਰੁਜ਼ਗਾਰ ਅਤੇ ਜੀਵਨ-ਨਿਰਬਾਹ ਵੀ ਗੰਭੀਰ ਤੌਰ 'ਤੇ ਪ੍ਰਭਾਵਤ ਹੋਵੇਗਾ।

**# ਸੰਪਰਕ : 98158-02070**

# ਇਕ ਰੁੱਖ ਸੌ ਸੁੱਖ


ਕਿਰਨਦੀਪ ਕੌਰ

ਰੁੱਖਾ ਤੋਂ ਬਿਨ੍ਹਾਂ ਸਾਡਾ ਜੀਵਨ ਅਧੂਰਾ ਹੈ, ਰੁੱਖ ਸਾਡੇ ਤੋਂ ਬਗੈਰ ਰਹਿ ਸਕਦੇ ਹਨ, ਪਰ ਅਸੀਂ ਰੁੱਖਾ ਤੋਂ ਬਗੈਰ ਜਿਉਂਦੇ ਨਹੀ ਰਹਿ ਸਕਦੇ । ਰੁੱਖ ਸਾਡੇ ਜੀਵਨ ਦਾ ਆਧਾਰ ਹਨ। ਇਹ ਸਾਨੂੰ ਸ਼ੁੱਧ ਹਵਾ ਤਾਂ ਪ੍ਰਦਾਨ ਕਰਦੇ ਹਨ, ਨਾਲ ਹੀ ਸਾਡੀਆਂ ਹੋਰ ਬਹੁਤ ਸਾਰੀਆਂ ਲੋੜਾਂ ਦੀ ਪੂਰਤੀ ਕਰਦੇ ਹਨ, ਪਰ ਫਿਰ ਵੀ ਇਹ ਜਾਣਦੇ ਹੋਏ ਮਨੁੱਖ ਰੁੱਖਾਂ ਦੀ ਕਟਾਈ ਕਰਦੇ ਜਾ ਰਹੇ ਹਨ। ਵੱਡੇ ਵੱਡੇ ਰੋਡ, ਸੜਕਾਂ, ਹਾਈਵੇ ਬਣਾਉਣ ਲਈ ਧੜਾਧੜ ਰੁੱਖਾਂ ਦੀ ਕਟਾਈ ਕੀਤੀ ਜਾ ਰਹੀ ਹੈ । ਹਾਈਵੇ ਬਣਾਉਣ ਸਮੇਂ ਲੱਖਾਂ ਹੀ ਰੁੱਖਾਂ ਦੀ ਕਟਾਈ ਹੁੰਦੀ ਹੈ, ਇਨ੍ਹਾਂ ਨੂੰ ਦੁਆਰਾ ਲਗਾਉਣਾ ਕਿਉਂ ਨਹੀਂ ਲਾਜ਼ਮੀ ਸਮਝਿਆ ਜਾਂਦਾ ? ਰੁੱਖਾਂ ਦੀ ਕਟੌਤੀ, ਇਹ ਕੁਦਰਤੀ ਕਹਿਰ ਆਉਣ ਵਾਲੇ ਸਮੇਂ ਵਿੱਚ ਪ੍ਰਤੱਖ ਨਜ਼ਰ ਆਵੇਗਾ । ਆਉਣ ਵਾਲੀ ਪੀੜ੍ਹੀ ਨੂੰ ਇਸ ਕੁਦਰਤੀ ਆਫਤ ਦਾ ਸਾਹਮਣਾ ਕਰਨਾ ਪਵੇਗਾ । ਰੁੱਖ ਸਾਡੇ ਜੀਵਨ ਦਾ ਮੁੱਖ ਹਿੱਸਾ ਹਨ । ਜੇਕਰ ਪਿੰਡਾਂ ਵਾਲੇ ਚਾਹੁਣ ਤਾ ਹਜ਼ਾਰਾਂ ਰੁੱਖ ਲਗਾ ਸਕਦੇ ਹਨ। ਸਰਕਾਰ ਦੁਆਰਾ ਚਲਾਈ ਗਈ ਮੁਹਿੰਮ ਵਿੱਚ ਪਿੰਡਾਂ ਅਤੇ ਸ਼ਹਿਰਾਂ ਵਿਚ ਬਹੁਤ ਸਾਰੇ ਰੁੱਖ ਲਗਾਏ ਗਏ ਸਨ, ਪਰ ਮਨੁੱਖੀ ਲਾਪਰਵਾਹੀ ਕਾਰਨ ਇਹ ਰੁੱਖ ਦਿਨੋਂ-ਦਿਨ ਕੱਟੇ ਜਾ ਰਹੇ ਹਨ । ਸਰਕਾਰ ਨੂੰ ਹੀ ਨਹੀ, ਦੇਸ਼ ਦੇ ਹਰ ਆਮ ਅਤੇ ਖਾਸ ਵਿਅਕਤੀ ਨੂੰ ਰੁੱਖ ਲਗਾਣੇ ਚਾਹੀਦੇ ਹਨ। ਸਰਕਾਰਾਂ ਨੂੰ ਚਾਹੀਦਾ ਹੈ ਕਿ ਇਸ ਮੁਹਿੰਮ ਨਾਲ ਬਹੁਤ ਸਾਰੇ ਲੋਕਾਂ ਨੂੰ ਜਾਗਰੂਕ ਵੀ ਕੀਤਾ ਜਾ ਸਕਦਾ ਹੈ। ਸਾਡੇ ਬਜ਼ੁਰਗ ਰੁੱਖਾਂ ਦੇ ਪ੍ਰਤੀ ਬਹੁਤ ਹੀ ਜਾਗਰੂਕ ਹੁੰਦੇ ਸਨ । ਉਨ੍ਹਾਂ ਵੱਲੋਂ ਪੁਰਾਣੇ ਸਮਿਆਂ ਵਿੱਚ ਲਗਾਏ ਰੁੱਖ, ਜਿਵੇਂ ਬੋਹੜ, ਪਿੱਪਲ ਅਤੇ ਹੋਰ ਵੱਡੇ ਰੁੱਖ ਅੱਜ ਵੀ ਪਿੰਡਾਂ ਦੀਆਂ ਸੱਥਾਂ ਦਾ ਸ਼ਿੰਗਾਰ ਹਨ। ਉਹ ਲੋਕ ਖੇਤਾਂ ਦੇ ਬੰਨਿਆਂ ਉਪਰ ਵੱਡੇ-ਵੱਡੇ ਰੁੱਖ ਬਹੁਤ ਹੀ ਚਾਅ ਨਾਲ ਲਗਾਉਂਦੇ ਸਨ, ਪਰ ਅੱਜਕੱਲ੍ਹ ਖੇਤਾਂ ਦੇ ਬੰਨਿਆਂ ਉੱਪਰ ਇਹ ਰੁੱਖ ਨਜ਼ਰ ਨਹੀਂ ਆਉਂਦੇ । ਅੱਜ ਦੇ ਲੋਕ ਪੜ੍ਹੇ-ਲਿਖੇ ਹੋਣ ਕਰਕੇ ਵੀ ਜਾਗਰੂਕ ਨਹੀਂ ਹਨ।



ਰੁੱਖ ਸਾਨੂੰ ਬਹੁਤ ਸਾਰੀਆਂ ਨਿਆਮਤਾਂ ਦਾ ਮੁਆਵਜ਼ਾ ਦਿੰਦੇ ਹਨ । ਰੁੱਖ ਦੀ ਲੱਕੜੀ ਤੋਂ ਬਣੀਆਂ ਸੌਗਾਤਾਂ ਨੂੰ ਵੇਚ ਮਨੁੱਖ ਆਪਣਾ ਗੁਜ਼ਾਰਾ ਕਰ ਸਕਦਾ ਹੈ। ਜਿੱਥੇ ਰੁੱਖ ਵਾਤਾਵਰਨ ਵਿੱਚ ਮੌਜੂਦ ਗੈਸਾਂ ਦੀ ਅਦਲਾ-ਬਦਲੀ ਕਰਦੇ ਹਨ, ਉੱਥੇ ਇਹ ਭੂਮੀ ਨੂੰ ਹੋਰ ਵੀ ਉਪਜਾਊ ਬਣਾਉਂਦੇ ਹਨ। ਰੁੱਖਾ ਦੀ ਬਦੌਲਤ ਸਾਨੂੰ ਬਹੁਤ ਸਾਰੀਆਂ ਦਵਾਈਆਂ ਵੀ ਮਿਲਦੀਆਂ ਹਨ, ਜਿਸ ਨਾਲ ਕਿਸੇ ਬਿਮਾਰੀ ਤੋਂ ਬਚਿਆ ਜਾ ਸਕਦਾ ਹੈ। ਰੁੱਖਾਂ ਤੋਂ ਸਾਨੂੰ ਕਾਗਜ਼ ਪੈਨਸਿਲ, ਰਬੜ, ਗੂੰਦ ਆਦਿ ਕਈ ਪ੍ਰਕਾਰ ਦੀਆਂ ਚੀਜ਼ਾਂ ਪ੍ਰਾਪਤ ਹੁੰਦੀਆਂ ਹਨ। ਰੁੱਖ ਸਾਨੂੰ ਬਹੁਤ ਸਾਰੇ ਫਲ, ਸਬਜ਼ੀਆਂ ਆਦਿ ਪ੍ਰਦਾਨ ਕਰਦੇ ਹਨ। ਇਨ੍ਹਾਂ ਤੋਂ ਸਾਨੂੰ ਥਾਲਣ ਲਈ ਲੱਕੜ ਵੀ ਮਿਲਦੀ ਹੈ। ਰੁੱਖਾਂ ਤੋਂ ਮਿਲਣ ਵਾਲੇ ਫਲ ਅਤੇ ਸਬਜ਼ੀਆਂ ਮਨੁੱਖ ਲਈ ਕਿਸੇ ਵਰਦਾਨ ਤੋਂ ਘੱਟ ਨਹੀਂ ਹਨ। ਰੁੱਖਾਂ ਦੀਆਂ ਕਈ ਕਿਸਮਾਂ ਧਰਤੀ ਨੂੰ ਹਰਿਆ-ਭਰਿਆ ਅਤੇ ਹੋਰ ਸੋਹਣਾ ਬਣਾਉਂਦੀਆਂ ਹਨ ।

ਬਹੁਤ ਸਾਰੇ ਰੁੱਖ ਅਜਿਹੇ ਜੋ ਧਾਰਮਿਕ ਪ੍ਰਥਾਵਾਂ ਅਤੇ ਰੀਤੀ-ਰਿਵਾਜ ਨਾਲ ਜੁੜੇ ਹੋਏ ਹਨ, ਜਿਵੇ :- ਤੁਲਸੀ, ਬੋਹੜ, ਪਿੱਪਲ ਆਦਿ। ਤੁਲਸੀ ਦੀ ਪੂਜਾ ਵੀ ਕੀਤੀ ਜਾਂਦੀ ਹੈ। ਲੋਕ ਬਹੁਤ ਹੀ ਸ਼ਰਧਾ ਨਾਲ ਇਨ੍ਹਾਂ ਨੂੰ ਮੰਨਦੇ ਹਨ। ਕੁਝ ਰੁੱਖਾਂ ਨੂੰ ਦਵਾਈਆਂ ਵਾਸਤੇ ਉਪਯੋਗ ਵਿੱਚ ਲਿਆਇਆ ਜਾਂਦਾ ਹੈ। ਘਰਾਂ ਵਿੱਚ ਮੱਖੀਆਂ-ਮੱਛਰਾਂ ਨੂੰ ਖਤਮ ਕਰਨ ਵਿੱਚ ਸਹਾਈ ਹੁੰਦੇ ਹਨ ।

ਪਹਿਲਾਂ ਜਦੋਂ ਰੁੱਖਾਂ ਦੀ ਕਟਾਈ ਕਰਨ ਲਈ ਲੋਕ ਆਉਂਦੇ ਸਨ, ਤਾਂ ਜੰਗਲੀ ਆਦਿਵਾਸੀ ਲੋਕ ਰੁੱਖਾਂ ਨੂੰ ਕੱਟਣ ਤੋਂ ਬਚਾਉਣ ਲਈ ਰੁੱਖਾਂ ਦੇ ਨਾਲ ਚਿਪਕ ਜਾਂਦੇ ਸਨ। ਇਸ ਨੂੰ 'ਚਿਪਕੋ ਅੰਦੋਲਨ' ਦਾ ਨਾਂਅ ਦਿੱਤਾ ਗਿਆ ਸੀ। ਇਹ ਉਹ ਲੋਕ ਸਨ, ਜੋ ਰੁੱਖਾਂ ਦੀ ਖਾਤਿਰ ਆਪਣਾ ਜੀਵਨ ਵੀ ਤਿਆਗ ਦੇਣ ਲਈ ਤਿਆਰ ਸਨ, ਕਿਉਂਕਿ ਉਹ ਲੋਕ ਰੁੱਖਾਂ ਦੀ ਕੀਮਤ ਨੂੰ ਜਾਣਦੇ ਸਨ ਅਤੇ ਆਪਣਾ ਗੁਜ਼ਾਰਾ ਰੁੱਖਾ ਤੋਂ ਚੀਜ਼ਾਂ ਪ੍ਰਾਪਤ ਕਰਕੇ ਕਰਦੇ ਸਨ । ਉਹ ਲੋਕ ਜੰਗਲਾਂ ਵਿੱਚ ਜਾਨਵਰਾਂ ਤੋਂ ਬਚਣ ਲਈ ਜਾਂ ਆਪਣੇ ਭੋਜਨ ਨੂੰ ਇੱਕਠਾ ਕਰਨ ਲਈ ਰੁੱਖਾਂ ਦੀਆਂ ਲੱਕੜਾਂ ਤੋਂ ਨੁਕੀਲੇ ਔਜ਼ਾਰ ਬਣਾਉਂਦੇ ਸਨ ।

ਅਜੋਕੇ ਸਮੇਂ ਵਿਚ ਰੁੱਖਾਂ ਦੀ ਗਿਣਤੀ ਦਿਨੋ-ਦਿਨ ਘਟਦੀ ਜਾ ਰਹੀ ਹੈ। ਅੱਜ ਲੋੜ ਹੈ ਵੱਧ ਤੋਂ ਵੱਧ ਰੁੱਖ ਲਗਾਉਣ ਦੀ ਅਤੇ ਰੁੱਖ ਬਚਾਉਣ ਦੀ, ਤਾਂ ਜੋ ਸਾਡਾ ਵਾਤਾਵਰਨ ਸਾਫ ਅਤੇ ਸ਼ੁੱਧ ਰਹੇ । ਗੰਧਦੇ ਵਾਤਾਵਰਨ ਵਿੱਚ ਹੋ ਰਹੀਆਂ ਬਿਮਾਰੀਆਂ ਤੋਂ ਬਚ ਸਕੀਏ। 15 ਜੂਨ ਨੂੰ ਵਾਤਾਵਰਨ ਦਿਵਸ ਮਨਾਇਆ ਜਾਂਦਾ ਹੈ, ਅਸੀਂ ਰੋਟੀ ਤਾਂ ਰੋਜ਼ ਖਾਂਦੇ ਹਾਂ, ਵਾਤਾਵਰਨ ਦਿਵਸ ਨੂੰ ਹਰ ਦਿਨ ਵਾਤਾਵਰਨ ਲਈ ਹੀ ਮੰਨਿਆ ਜਾਵੇ, ਤਾਂ ਕਿ ਆਉਣ ਵਾਲੀ ਪੀੜ੍ਹੀ ਨੂੰ ਇਸ ਕੁਦਰਤੀ ਕਰੋਪੀ ਤੋਂ ਬਚਾ ਸਕੀਏ। ਪੁਰਾਣੇ ਬਜ਼ੁਰਗਾਂ ਨੇ ਰੁੱਖਾਂ ਬਾਰੇ ਇੱਕ ਗੱਲ ਕਹੀ ਹੈ ਇੱਕ ਰੁੱਖ, ਸੌ ਸੁੱਖ । ਇਸ ਸਤਰ ਵਿੱਚ ਇਹੀ ਕਿਹਾ ਗਿਆ ਹੈ ਕਿ ਇੱਕ ਰੁੱਖ ਦੇ ਬਹੁਤ ਸਾਰੇ ਲਾਭ ਮਨੁੱਖ ਨੂੰ ਮਿਲਦੇ ਹਨ। ਸੋ ਸਿੱਟਾ ਇਹ ਨਿਕਲਦਾ ਹੈ ਕਿ ਰੁੱਖਾ ਤੋਂ ਬਿਨਾਂ ਮਨੁੱਖ ਦਾ ਜੀਵਨ ਅਧੂਰਾ ਹੈ। ਰੁੱਖ ਸਾਡੇ ਜੀਵਨ ਦਾ ਅਹਿਮ ਹਿੱਸਾ ਹਨ ।

**-ਬਰਮਿੰਘਮ ਸਿਟੀ ਯੂਨੀਵਰਸਿਟੀ, ਇੰਗਲੈਂਡ**

# ਕਿਤਾਬਾਂ ਦੀ ਜੀਵਨ ਵਿੱਚ ਅਹਿਮੀਅਤ

ਕਿਤਾਬਾਂ ਮਨੁੱਖੀ ਜੀਵਨ ਦਾ ਉਹ ਅਨਮੋਲ ਖਜ਼ਾਨਾ ਹਨ, ਜਿਹੜੀਆਂ ਨਾ ਸਿਰਫ਼ ਗਿਆਨ ਦਿੰਦੀਆਂ ਹਨ, ਸਗੋਂ ਮਨ ਨੂੰ ਵੱਡਾ ਕਰਨ, ਸੋਚ ਨੂੰ ਪੱਕਾ ਕਰਨ ਅਤੇ ਜੀਵਨ ਨੂੰ ਸਹੀ ਦਿਸ਼ਾ ਵਿੱਚ ਤੋਰਨ ਦੀ ਸਮਰੱਥਾ ਵੀ ਰੱਖਦੀਆਂ ਹਨ। ਕਿਤਾਬ ਸਾਡੇ ਮਨ ਦੀ ਖੁਰਾਕ ਹੈ। ਜਿਵੇਂ ਸਰੀਰ ਨੂੰ ਜੀਉਣ ਲਈ ਰੋਟੀ ਦੀ ਲੋੜ ਹੁੰਦੀ ਹੈ, ਉਸੇ ਤਰ੍ਹਾਂ ਬੁੱਧੀ, ਚੇਤਨਾ ਅਤੇ ਸੋਚ ਨੂੰ ਜੀਵਤ ਰੱਖਣ ਲਈ ਕਿਤਾਬਾਂ ਦੀ ਲੋੜ ਹੁੰਦੀ ਹੈ। ਕਿਤਾਬ ਸਾਡਾ ਇੱਕ ਅਜਿਹਾ ਮਿੱਤਰ ਹੈ, ਜੋ ਬਿਨਾਂ ਲਾਭ ਦੀ ਉਮੀਦ ਰੱਖੇ ਸਾਨੂੰ ਗਿਆਨ,ਅਨੁਭਵ ਅਤੇ ਸੂਝ ਦੇ ਰੂਪ ਵਿੱਚ ਅਸੀਮ ਸੰਪਤੀ ਦਿੰਦਾ ਹੈ।

ਕਿਤਾਬਾਂ ਸਾਡੇ ਵਿਚਾਰ-ਜਗਤ ਨੂੰ ਵਿਸ਼ਾਲ ਬਣਾਉਂਦੀਆਂ ਹਨ। ਇੱਕ ਕਿਤਾਬ ਕਦੇ ਵੀ ਸਿਰਫ਼ ਕਾਗਜ਼ ਦੇ ਕੁਝ ਸਫ਼ੇ ਨਹੀਂ ਹੁੰਦੀ; ਉਹ ਲੇਖਕ ਦੇ ਤਜਰਬਿਆਂ, ਵਿਚਾਰਾਂ, ਖੋਜਾਂ ਅਤੇ ਜੀਵਨ ਦਾ ਨਿਚੋੜ (ਸਾਰ) ਹੁੰਦੀ ਹੈ। ਜਦੋਂ ਅਸੀਂ ਕੋਈ ਕਿਤਾਬ ਪੜ੍ਹਦੇ ਹਾਂ, ਅਸੀਂ ਇੱਕ ਨਵੇਂ ਸੰਸਾਰ ਵਿੱਚ ਦਾਖਲ ਹੁੰਦੇ ਹਾਂ, ਨਵੀਆਂ ਸੋਚਾਂ ਨਾਲ਼ ਜਾਣ-ਪਛਾਣ ਹੁੰਦੀ ਹੈ ਅਤੇ ਆਪਣੇ ਵਿਸ਼ਲੇਸ਼ਣ ਦੀ ਸਮਰੱਥਾ ਨੂੰ ਹੋਰ ਤੇਜ਼ ਕਰਦੇ ਹਾਂ। ਕਿਤਾਬਾਂ ਮਨੁੱਖ ਨੂੰ ਅਣਜਾਣੇ ਤੋਂ ਜਾਣੂ ਕਰਨ, ਅਸਮਰੱਥ ਤੋਂ ਸਮਰੱਥ ਬਣਾਉਣ ਅਤੇ ਅੰਧਕਾਰ ਤੋਂ ਪ੍ਰਕਾਸ਼ ਵਿੱਚ ਲਿਜਾਣ ਦੀ ਤਾਕਤ ਰੱਖਦੀਆਂ ਹਨ।

ਇੱਕ ਹੋਰ ਵੱਡੀ ਅਹਿਮੀਅਤ ਇਹ ਹੈ ਕਿ ਕਿਤਾਬਾਂ ਸਾਡੇ ਨੈਤਿਕ ਅਤੇ ਆਦਰਸ਼ਿਕ ਜੀਵਨ ਨੂੰ ਤਰਾਸ਼ਦੀਆਂ ਹਨ।ਇਤਿਹਾਸਕ ਗ੍ਰੰਥ ਸਾਨੂੰ ਪਿਛਲੇ ਯੁੱਗਾਂ ਦੀਆਂ ਸਿੱਖਿਆਵਾਂ ਦਿੰਦੇ ਹਨ, ਧਾਰਮਿਕ ਗ੍ਰੰਥ ਸਾਨੂੰ ਸਮਾਰਗ ਦਿਖਾਉਂਦੇ ਹਨ ਅਤੇ ਜੀਵਨੀ-ਸਾਹਿਤ ਸਾਡੇ ਮਨ ਵਿੱਚ ਹਿੰਮਤ, ਦ੍ਰਿੜ੍ਹਤਾ ਅਤੇ ਸੱਚਾਈ ਜਗਾਉਂਦਾ ਹੈ।ਇੱਕ ਵਿਚਾਰਸ਼ੀਲ ਕਿਤਾਬ ਮਨੁੱਖ ਦੇ ਚਰਨਾਂ ਵਿੱਚ ਨਮਰਤਾ, ਚਾਲ-ਚਲਨ ਵਿਚ ਸੰਯਮ ਅਤੇ ਜੀਵਨ ਵਿੱਚ ਬਲੰਦੀ ਦੇ ਗੁਣ ਪੈਦਾ ਕਰਦੀ ਹੈ।

ਕਿਤਾਬਾਂ ਦਾ ਸਭ ਤੋਂ ਵੱਡਾ ਲਾਭ ਇਹ ਹੈ ਕਿ ਉਹ ਮਨੁੱਖ ਨੂੰ ਇਕੱਲੇਪਨ ਤੋਂ ਬਚਾਉਂਦੀਆਂ ਹਨ। ਜਦੋਂ ਕੋਈ ਮਨੁੱਖ ਦੁੱਖੀ, ਨਿਰਾਸ਼ ਜਾਂ ਤਣਾਓ-ਭਰਿਆ ਹੁੰਦਾ ਹੈ, ਇੱਕ ਚੰਗੀ ਕਿਤਾਬ ਉਸ ਦੇ ਮਨ ਨੂੰ ਸਹਾਰਾ ਦਿੰਦੀ ਹੈ, ਹਿੰਮਤ ਦਿੰਦੀ ਹੈ ਅਤੇ ਜੀਵਨ ਵੱਲ਼ ਇੱਕ ਨਵੀਂ ਉਮੀਦ ਪੈਦਾ ਕਰਦੀ ਹੈ। ਕਿਤਾਬਾਂ ਇਨਸਾਨ ਨੂੰ ਸੋਚਣ ਦੀ ਕਲਾ, ਸੁਣਨ ਦੀ ਸਮਝ ਅਤੇ ਬੋਲਣ ਦੀ ਪ੍ਰਪੱਕਤਾ ਦਿੰਦੀਆਂ ਹਨ। ਉਹ ਮਨੁੱਖ ਦੇ ਚਿਹਰੇ 'ਤੇ ਵਿਚਾਰਾਂ ਦੀ ਚਮਕ ਲਿਆਉਂਦੀਆਂ ਹਨ।

ਅੱਜ ਦੇ ਡਿਜੀਟਲ ਯੁੱਗ ਵਿੱਚ ਜਿੱਥੇ ਮੋਬਾਈਲ, ਟੀ ਵੀ ਅਤੇ ਸੋਸ਼ਲ ਮੀਡੀਆ ਨੇ ਸਮਾਂ ਘੇਰ ਲਿਆ ਹੈ, ਉਥੇ ਕਿਤਾਬਾਂ ਦੀ ਮਹੱਤਤਾ ਹੋਰ ਵੀ ਵੱਧ ਗਈ ਹੈ। ਡਿਜੀਟਲ ਸ਼ੋਰ ਵਿਚੋਂ ਸਹੀ ਜਾਣਕਾਰੀ ਲੱਭਣ ਤੋਂ ਬਿਹਤਰ ਇੱਕ ਸਾਫ਼-ਸੁਥਰੀ, ਸੋਚੀ-ਸਮਝੀ ਕਿਤਾਬ ਪੜ੍ਹਨਾ ਹੈ, ਜੋ ਸਿਰਫ਼ ਤੱਥ ਹੀ ਨਹੀਂ, ਸਹੀ ਦ੍ਰਿਸ਼ਟੀਕੋਣ ਵੀ ਦਿੰਦੀ ਹੈ। ਕਿਤਾਬਾਂ ਦਿਲ ਅਤੇ ਦਿਮਾਗ ਨੂੰ ਸਾਫ਼ ਕਰਦੀਆਂ ਹਨ, ਇਕਾਗਰਤਾ ਵਧਾਉਂਦੀਆਂ ਹਨ ਅਤੇ ਮਨੁੱਖ ਨੂੰ ਸਥਿਰਤਾ ਸਿਖਾਉਂਦੀਆਂ ਹਨ।

ਕਿਤਾਬਾਂ ਮਨੁੱਖਤਾ ਦੀ ਸਦੀਵੀ ਵਿਰਾਸਤ ਹਨ। ਜਿਹੜੇ ਲੋਕ ਕਿਤਾਬਾਂ ਨਾਲ਼ ਪਿਆਰ ਕਰਦੇ ਹਨ, ਉਹ ਕਦੇ ਗਰੀਬ ਨਹੀਂ ਹੁੰਦੇ, ਕਿਉਂਕਿ ਉਹਨਾਂ ਦੇ ਕੋਲ ਉਹ ਖਜ਼ਾਨਾ ਹੁੰਦਾ ਹੈ, ਜੋ ਕਿਸੇ ਵੀ ਤਰ੍ਹਾਂ ਖਤਮ ਨਹੀਂ ਹੁੰਦਾ। ਕਿਤਾਬਾਂ ਜੀਵਨ ਨੂੰ ਸੁੰਦਰ ਬਣਾਉਂਦੀਆਂ ਹਨ, ਗਿਆਨ ਨਾਲ਼ ਸਿਰਜਨਸ਼ੀਲ ਬਣਾਉਂਦੀਆਂ ਹਨ ਅਤੇ ਮਨੁੱਖ ਨੂੰ ਸਮਾਜ ਦੇ ਨਾਲ਼ ਜੋੜਦੀਆਂ ਹਨ। ਇਸ ਲਈ ਕਿਤਾਬਾਂ ਸਿਰਫ਼ ਪੜ੍ਹਨ ਨੂੰ ਹੀ ਨਹੀਂ, ਸਗੋਂ ਜੀਵਨ ਨੂੰ ਸੋਹਣਾ ਬਣਾਉਣ ਵਾਲੀ ਰੋਸ਼ਨੀ ਹਨ।

**ਅੰਗਰੇਜ ਸਿੰਘ ਕਕਰਾਲਾ**
***# ਸੰਪਰਕ : 98155-02398***

# ਸਹਿਣਸ਼ੀਲਤਾ ਦੀ ਘਾਟ

**ਡਾ. ਸੁਖਰਾਜ ਸਿੰਘ ਬਾਜਵਾ**

ਅੱਜ ਦੇ ਸਮੇਂ ਵਿੱਚ ਨੌਜਵਾਨ ਪੀੜ੍ਹੀ ਵਿੱਚ ਸਹਿਣਸ਼ੀਲਤਾ ਦੀ ਘਾਟ ਇੱਕ ਵੱਡੀ ਸਮੱਸਿਆ ਬਣ ਗਈ ਹੈ। ਸਹਿਣਸ਼ੀਲਤਾ ਇੱਕ ਅਜਿਹਾ ਗੁਣ ਹੈ, ਜੋ ਸਾਨੂੰ ਦੂਜਿਆਂ ਦੀਆਂ ਭਾਵਨਾਵਾਂ, ਵਿਚਾਰਾਂ ਅਤੇ ਜੀਵਨ ਸ਼ੈਲੀ ਦਾ ਆਦਰ ਕਰਨ ਦੀ ਸਿੱਖਿਆ ਦਿੰਦਾ ਹੈ, ਪਰ ਅੱਜ ਦੇ ਨੌਜਵਾਨ ਇਸ ਗੁਣ ਤੋਂ ਦੂਰ ਹੁੰਦੇ ਜਾ ਰਹੇ ਹਨ।ਹਾਲ ਹੀ ਵਿੱਚ ਤਰਨ ਤਾਰਨ ਦੇ ਇੱਕ ਲਾਅ ਕਾਲਜ ਵਿੱਚ ਹੋਈ ਘਟਨਾ ਦੱਸਦੀ ਹੈ ਕੇ ਕਿਸ ਤਰ੍ਹਾਂ ਇੱਕ ਲੜਕੀ ਵੱਲੋਂ ਲੜਕੇ ਦੇ ਵਿਆਹ ਦੇ ਪ੍ਰਸਤਾਵ ਨੂੰ ਠੁਕਰਾਉਣ 'ਤੇ ਲੜਕਾ ਬਰਦਾਸ਼ਤ ਨਹੀਂ ਕਰ ਸਕਿਆ ਤੇ ਲੜਕੀ ਦੀ ਹੱਤਿਆ ਕਰਨ ਤੋਂ ਬਾਅਦ ਆਪ ਵੀ ਖੁਦਕੁਸ਼ੀ ਕਰ ਗਿਆ। ਇਹ ਘਟਨਾ ਬਹੁਤ ਕੁਝ ਸੋਚਣ ਲਈ ਮਜਬੂਰ ਕਰਦੀ ਹੈ ਕਿ ਨੌਜਵਾਨ ਪੀੜ੍ਹੀ ਵਿੱਚ ਏਨੀ ਜ਼ਿਆਦਾ ਸਹਿਣਸ਼ੀਲਤਾ ਦੀ ਘਾਟ ਕਿਉਂ ਹੁੰਦੀ ਜਾ ਰਹੀ ਹੈ, ਇਸ ਬਾਰੇ ਘਰ ਤੋਂ ਲੈ ਕੇ ਸਕੂਲ ਅਤੇ ਕਾਲਜ ਪੱਧਰ ਤੱਕ ਕਾਰਨਾਂ ਦੀ ਪੜਚੋਲ ਕਰਨ ਦੀ ਜ਼ਰੂਰਤ ਹੈ। ਕੁਝ ਇਕ ਕਾਰਨਾਂ ਵਿੱਚੋ ਜੋ ਗੱਲ ਸਮਝ ਆਉਂਦੀ ਹੈ, ਓਹ ਕੁਝ ਇਸ ਤਰ੍ਹਾਂ ਹੈ :

**ਸੋਸ਼ਲ ਮੀਡੀਆ ਦਾ ਪ੍ਰਭਾਵ** : ਸੋਸ਼ਲ ਮੀਡੀਆ ਦੇ ਵਧਦੇ ਪ੍ਰਭਾਵ ਨੇ ਨੌਜਵਾਨਾਂ ਨੂੰ ਆਪਣੇ ਵਿਚਾਰਾਂ ਨੂੰ ਪ੍ਰਗਟ ਕਰਨ ਦਾ ਇੱਕ ਪਲੇਟਫਾਰਮ ਦਿੱਤਾ ਹੈ, ਪਰ ਇਸ ਵਿੱਚ ਇਹ ਦੇਖਣ ਵਿੱਚ ਆ ਰਿਹਾ ਹੈ ਕੇ ਉਹ ਆਪਣੀ ਗੱਲ ਤਾਂ ਦੂਜਿਆਂ ਨੂੰ ਸੁਣਾਉਣਾ ਚਾਹੁੰਦੇ ਹਨ ,ਦੂਜਿਆਂ ਦੇ ਵਿਚਾਰਾਂ ਨੂੰ ਸੁਣਨ ਅਤੇ ਆਦਰ ਕਰਨ ਦੀ ਤਾਕਤ ਗੁਆ ਰਹੇ ਹਨ। ਇਹ ਆਮ ਪ੍ਰਭਾਵ ਹੈ ਕਿ ਜੋ ਗੱਲ ਮੈਂ ਕਹਿ ਰਿਹਾ ਕਿ ਓਹ ਹੀ ਸਹੀ ਹੈ। ਜੇਕਰ ਕੋਈ ਤੁਹਾਡੀ ਗੱਲ 'ਤੇ ਅਜਿਹਾ ਕਮੇਂਟ ਕਰ ਦੇਂਦਾ ਹੈ, ਜੋ ਉਸ ਨੌਜਵਾਨ ਨੂੰ ਪਸੰਦ ਨਹੀ ਆਉਂਦਾ ਤਾਂ ਕਈ ਵਾਰ ਸੋਸ਼ਲ ਮੀਡੀਆ 'ਤੇ ਹੀ ਇੱਕ-ਦੂਸਰੇ ਨੂੰ ਗਾਲੀ ਗਲੋਚ ਦਾ ਸਿਲਸਿਲਾ ਸ਼ੁਰੂ ਹੋ ਜਾਂਦਾ ਹੈ।

**ਪਰਵਾਰਕ ਅਤੇ ਸਮਾਜਿਕ ਮੁੱਲਾਂ ਦੀ ਘਾਟ** : ਅੱਜ ਦੇ ਸਮੇਂ ਵਿੱਚ ਪਰਵਾਰਕ ਅਤੇ ਸਮਾਜਿਕ ਮੁੱਲਾਂ ਦੀ ਘਾਟ ਨੇ ਨੌਜਵਾਨਾਂ ਨੂੰ ਸਹਿਣਸ਼ੀਲਤਾ ਦੀ ਮਹੱਤਤਾ ਨੂੰ ਸਮਝਣ ਤੋਂ ਵਾਂਝਿਆ ਰੱਖਿਆ ਹੈ। ਛੋਟੇ ਹੁੰਦੇ ਪਰਵਾਰ ਅਤੇ ਸਹਿ-ਹੋਂਦ ਤੋ ਇਕੱਲਤਾ ਵੱਲ ਨੂੰ ਵਧ ਰਿਹਾ ਰੁਝਾਨ ਨੌਜਵਾਨ ਪੀੜ੍ਹੀ ਵਿੱਚ ਵਿਰਸੇ ਤੋਂ ਮਿਲਣ ਵਾਲੇ ਸਹਿਣਸ਼ੀਲਤਾ ਦੇ ਗੁਣ ਨਹੀਂ ਭਰ ਪਾ ਰਿਹਾ। ਕਿਸੇ ਵੇਲੇ ਦਾਦੀ ਅਤੇ ਨਾਨੀ ਤੋਂ ਸੁਣੀਆਂ ਜਾਣ ਵਾਲੀਆਂ ਕਹਾਣੀਆਂ ਬੱਚਿਆਂ ਦਾ ਬੌਧਿਕ ਵਿਕਾਸ ਕਰਦੀਆਂ ਸਨ, ਜਿਸ ਨਾਲ ਵੱਡਾ ਹੋ ਕੇ ਨੌਜਵਾਨ ਬਾਕੀ ਲੋਕਾਂ ਨਾਲ ਚੰਗਾ ਵਿਹਾਰ ਕਰਨ ਵਾਲਾ ਬਣਦਾ ਸੀ।ਵੱਡੇ ਪਰਵਾਰ ਵਿੱਚ ਰਹਿ ਕੇ ਮਿਲਜੁਲ ਕੇ ਰਹਿਣਾ, ਦੂਸਰਿਆਂ ਦੇ ਵਿਚਾਰਾਂ ਦੀ ਕਦਰ ਕਰਨਾ ਸਿੱਖਦਾ



ਸੀ।ਆਪਸ ਵਿੱਚ ਸਕਾਰਾਤਮਕ ਪ੍ਰਤੀਯੋਗਤਾ ਵੇਖਣ ਨੂੰ ਮਿਲਦੀ ਸੀ, ਜਿਸ ਕਾਰਨ ਬੱਚੇ ਦੀ ਸਹਿਣਸ਼ੀਲਤਾ ਵਿੱਚ ਵਾਧਾ ਹੁੰਦਾ ਸੀ।ਇੱਕ ਵੱਡੇ ਪਰਵਾਰ ਵਿੱਚ ਹੋਣ ਕਾਰਨ ਨੌਜਵਾਨ ਆਪਸ ਵਿੱਚ ਦਿਲ ਦੀਆਂ ਗੱਲਾਂ ਵੀ ਸਾਂਝੀਆਂ ਕਰ ਲੈਂਦੇ ਸਨ, ਜਿਸ ਨਾਲ ਉਹ ਜ਼ਿੰਦਗੀ ਵਿੱਚ ਆਉਣ ਵਾਲੀਆਂ ਚੁਣੌਤੀਆਂ ਨਾਲ ਵਧੇਰੇ ਚੰਗੇ ਤਰੀਕੇ ਨਾਲ ਲੜਨ ਯੋਗ ਬਣਦੇ ਸਨ।

**ਸ਼ਹਿਰੀਕਰਨ ਅਤੇ ਪ੍ਰਤੀਯੋਗਤਾ** : ਸ਼ਹਿਰੀਕਰਨ ਅਤੇ ਪ੍ਰਤੀਯੋਗਤਾ ਦੇ ਦੌਰ ਵਿੱਚ ਨੌਜਵਾਨ ਆਪਣੇ ਟੀਚਿਆਂ ਨੂੰ ਪ੍ਰਾਪਤ ਕਰਨ ਲਈ ਕਿਸੇ ਵੀ ਹੱਦ ਤੱਕ ਜਾਣ ਲਈ ਤਿਆਰ ਹਨ, ਜਿਸ ਨਾਲ ਉਹ ਦੂਜਿਆਂ ਦੀਆਂ ਭਾਵਨਾਵਾਂ ਦਾ ਆਦਰ ਕਰਨਾ ਭੁੱਲ ਜਾਂਦੇ ਹਨ। ਸ਼ਹਿਰਾਂ ਦੇ ਸਕੂਲਾਂ ਵਿਚ ਹੀ ਪ੍ਰਤੀਯੋਗਤਾ ਜਿੱਤਣ ਲਈ ਸਾਮ, ਦਾਮ, ਦੰਡ, ਭੇਦ ਦੀ ਨੀਤੀ ਅਪਨਾਉਣ ਕਾਰਨ ਅੱਗੇ ਜੀਵਨ ਵਿੱਚ ਵੀ ਇਸੇ ਨੀਤੀ 'ਤੇ ਹੀ ਕੰਮ ਕਰਦੇ ਹਨ । ਸ਼ਹਿਰੀਕਰਨ ਨੇ ਬੱਚਿਆਂ ਨੂੰ ਜ਼ਿੱਦੀ ਸੁਭਾਅ ਦਾ ਬਣਾਇਆ ਹੈ। ਸ਼ਹਿਰਾਂ ਵਿੱਚ ਮਹਿੰਗੀ ਜੀਵਨ-ਸ਼ੈਲੀ ਕਾਰਨ ਇੱਕ ਜਾਂ ਦੋ ਬੱਚਿਆਂ ਦਾ ਰਿਵਾਜ ਅਤੇ ਮਾਂ ਦੇ ਪਿਆਰ ਦੀ ਜਗ੍ਹਾ ਕੰਮ ਵਾਲੀ ਦੇ ਪਿਆਰ ਸਹਾਰੇ ਪਲਣ ਵਾਲੇ ਬੱਚੇ ਅਕਸਰ ਜ਼ਿੱਦੀ ਹੁੰਦੇ ਵੇਖੇ ਗਏ ਹਨ।ਮਾਂ-ਬਾਪ ਨਾਲ ਘੱਟ ਸਮਾਂ ਗੁਜ਼ਾਰਨ ਬਦਲੇ ਉਹਨਾਂ ਦੀ ਹਰ ਜ਼ਿੱਦ ਅੱਗੇ ਮਾਂ-ਬਾਪ ਵੱਲੋਂ ਹਾਰ ਜਾਣਾ ਬੱਚੇ ਦੇ ਵਿਹਾਰ ਵਿੱਚ ਅਜਿਹੀ ਤਬਦੀਲੀ ਲੈ ਕੇ ਆਉਂਦਾ ਹੈ ਕਿ ਬੱਚਾ ਹਰ ਚੀਜ਼ ਨੂੰ ਹਾਸਿਲ ਕਰ ਲੈਣਾ ਆਪਣਾ ਅਧਿਕਾਰ ਸਮਝਣ ਲਗਦਾ ਹੈ ਅਤੇ ਜ਼ਿੱਦ ਪੂਰੀ ਹੁੰਦੀ ਨਾ ਵੇਖ ਕੇ ਗਲਤ ਕਦਮ ਚੁੱਕਣ ਲਈ ਵੀ ਤਿਆਰ ਹੋ ਜਾਂਦਾ ਹੈ।

**ਸਮਾਜਿਕ ਤਣਾਅ** : ਸਹਿਣਸ਼ੀਲਤਾ ਦੀ ਘਾਟ ਸਮਾਜਿਕ ਤਣਾਅ ਦਾ ਕਾਰਨ ਬਣਦੀ ਹੈ, ਜਿਸ ਨਾਲ ਸਮਾਜ ਵਿੱਚ ਅਸ਼ਾਂਤੀ, ਨਫ਼ਰਤ ਅਤੇ ਹਿੰਸਾ ਫੈਲਦੀ ਹੈ। ਆਏ ਦਿਨ ਤੋੜ-ਫੋੜ ਦੀਆਂ ਘਟਨਾਵਾਂ, ਸੜਕ 'ਤੇ ਛੋਟੀਆਂ-ਛੋਟੀਆਂ ਗੱਲਾਂ ਪਿੱਛੇ ਲੜਾਈ-ਝਗੜੇ । ਨੌਜਵਾਨਾਂ ਦਾ ਨਸ਼ਿਆਂ ਪ੍ਰਤੀ ਰੁਝਾਨ ਇਹ ਸਭ ਘਟ ਰਹੀ ਸਹਿਣਸ਼ੀਲਤਾ ਦਾ ਹੀ ਨਤੀਜਾ ਹੈ।

**ਪਰਵਾਰਕ ਸੰਬੰਧਾਂ ਵਿੱਚ ਤਣਾਅ** : ਸਹਿਣਸ਼ੀਲਤਾ ਦੀ ਘਾਟ ਪਰਿਵਾਰਕ ਸੰਬੰਧਾਂ ਵਿੱਚ ਤਣਾਅ ਦਾ ਕਾਰਨ ਬਣਦੀ ਹੈ, ਜਿਸ ਨਾਲ ਪਰਿਵਾਰ ਟੁੱਟ ਜਾਂਦੇ ਹਨ।ਅੱਜ ਦੇ ਸਮੇਂ ਵਿੱਚ ਨੌਜਵਾਨ ਪੀੜ੍ਹੀ ਵਿਆਹ ਦੇ ਬੰਧਨ ਵਿੱਚ ਬਹੁਤ ਜ਼ਿਆਦਾ ਦੇਰ ਤੱਕ ਬੱਝੀ ਨਹੀਂ ਰਹਿ ਸਕਦੀ ਜਿਸ ਦਾ ਇੱਕਮਾਤਰ ਕਾਰਨ ਸਹਿਣਸ਼ੀਲਤਾ ਦੀ ਕਮੀ ਹੈ।ਜ਼ਿੰਦਗੀ ਵਿੱਚ ਆਉਣ ਵਾਲੇ ਉਤਰਾਅ-ਚੜ੍ਹਾਅ ਖ਼ਾਸ ਕਰਕੇ ਆਰਥਿਕ ਸੰਕਟ ਦਾ ਸਾਹਮਣਾ ਨਾ ਕਰ ਪਾਉਣਾ।ਛੋਟੀਆਂ-ਛੋਟੀਆਂ ਪ੍ਰੇਸ਼ਾਨੀਆਂ ਨੂੰ ਹੱਲ ਕਰਨ ਦੀ ਤਾਕਤ ਗੁਆ ਲੈਣਾ, ਇਹ ਸਭ ਪਰਵਾਰ ਟੁੱਟਣ ਦਾ ਕਾਰਨ ਬਣ ਰਹੇ ਹਨ ।

ਸਹਿਣਸ਼ੀਲਤਾ ਦੀ ਘਾਟ ਇੱਕ ਵੱਡੀ ਸਮੱਸਿਆ ਹੈ, ਜਿਸ ਨੂੰ ਹੱਲ ਕਰਨ ਲਈ ਸਾਨੂੰ ਸਾਰਿਆਂ ਨੂੰ ਮਿਲ ਕੇ ਕੰਮ ਕਰਨਾ ਹੋਵੇਗਾ। ਇਹ ਕੰਮ ਘਰ ਪਰਵਾਰ ਤੋਂ ਸ਼ੁਰੂ ਕਰਕੇ ਨੌਜਵਾਨਾਂ ਦੇ ਕੰਮ ਦੇ ਸਥਾਨ ਤੱਕ ਕਰਨਾ ਪਵੇਗਾ।ਅੱਜ ਦੇ ਸਮੇਂ ਵਿੱਚ ਸਕੂਲ , ਕਾਲਜਾਂ ਤੋਂ ਇਲਾਵਾ ਕੰਮ ਵਾਲੇ ਸਥਾਨਾਂ 'ਤੇ ਮਾਹਰ ਮਨੋਵਿਗਿਆਨਿਕਾਂ ਦੀਆਂ ਸੇਵਾਵਾਂ ਦੀ ਸਖ਼ਤ ਲੋੜ ਹੈ, ਜਿੱਥੇ ਨੌਜਵਾਨਾਂ ਦੀ ਕਾਉਂਸਿਲਿੰਗ ਸਮੇਂ-ਸਮੇਂ 'ਤੇ ਕੀਤੀ ਜਾਣੀ ਚਾਹੀਦੀ ਹੈ।ਸਾਨੂੰ ਨੌਜਵਾਨਾਂ ਨੂੰ ਸਹਿਣਸ਼ੀਲਤਾ ਦੀ ਮਹੱਤਤਾ ਨੂੰ ਸਮਝਾਉਣਾ ਹੋਵੇਗਾ ਅਤੇ ਉਨ੍ਹਾਂ ਨੂੰ ਇਸ ਗੁਣ ਨੂੰ ਵਿਕਸਤ ਕਰਨ ਲਈ ਪ੍ਰੇਰਿਤ ਕਰਨਾ ਹੋਵੇਗਾ।

***# ਸੰਪਰਕ : 78886-84597***

12-FEB-PAGE-5.qxd 2/11/2026 10:53 PM Page 1



# ਅਧਿਆਪਕਾਂ 'ਤੇ ਟੈੱਟ ਦੀ ਸ਼ਰਤ ਲਾਗੂ ਕਰਨ ਦੇ ਵਿਰੋਧ 'ਚ ਪੱਤਰ ਦੀਆਂ ਕਾਪੀਆਂ ਫੂਕੀਆਂ



ਮੋਗਾ (ਇਕਬਾਲ ਸਿੰਘ ਖਹਿਰਾ)

ਸੂਬੇ ਦੀਆਂ ਸਮੂਹ ਅਧਿਆਪਕ ਜਥੇਬੰਦੀਆਂ ਵੱਲੋਂ 2011 ਤੋਂ ਪਹਿਲਾਂ ਭਰਤੀ ਅਧਿਆਪਕਾਂ ਨੂੰ ਨੌਕਰੀ ਵਿੱਚ ਬਣੇ ਰਹਿਣ ਤੇ ਤਰੱਕੀ ਹਾਸਲ ਕਰਨ ਲਈ ਟੈੱਟ (ਟੀਚਰ ਅਲਿਜੀਬਿਲਟੀ ਟੈਸਟ) ਪਾਸ ਕਰਨ ਦੀ ਸ਼ਰਤ ਥੋਪਣ ਦੇ ਖਿਲਾਫ ਪੰਜਾਬ ਭਰ ਵਿੱਚ ਰੋਸ ਪ੍ਰਦਰਸ਼ਨ ਕੀਤੇ ਗਏ।ਇਸੇ ਕੜੀ ਤਹਿਤ ਜ਼ਿਲ੍ਹਾ ਮੋਗਾ ਵਿਖੇ ਵੀ ਜ਼ਿਲ੍ਹੇ ਦੀਆਂ ਸਮੂਹ ਲੜਾਕੂ ਜਥੇਬੰਦੀਆਂ ਦੀ ਅਗਵਾਈ ਹੇਠ ਵੱਡੀ ਗਿਣਤੀ ਵਿੱਚ ਅਧਿਆਪਕਾਂ ਵੱਲੋਂ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਅੱਗੇ ਇਕੱਠੇ ਹੋ ਕੇ ਰੋਸ ਪ੍ਰਦਰਸ਼ਨ ਕੀਤਾ ਗਿਆ, ਜਿਸਦੀ ਅਗਵਾਈ ਦਿਗਵਿਜੇ ਪਾਲ ਸ਼ਰਮਾ, ਪ੍ਰਗਟਜੀਤ ਕਿਸ਼ਨਪੁਰਾ, ਜੱਜਪਾਲ ਬਾਜੇ ਕੇ, ਸੁਰਿੰਦਰ ਸ਼ਰਮਾ, ਸੁਖਪਾਲਜੀਤ ਸਿੰਘ ਕੁਲਵਿੰਦਰ ਸਿੰਘ, ਗੁਰਮੀਤ ਢੋਲੇਵਾਲਾ, ਇੰਦਰਪਾਲ ਢਿੱਲੋਂ, ਜਗਵੀਰਨ ਕੌਰ ਨੇ ਕੀਤੀ।

ਆਗੂਆਂ ਨੇ ਕਿਹਾ ਕਿ 20-25 ਸਾਲ ਸੇਵਾ ਨਿਭਾਅ ਚੁੱਕੇ ਅਧਿਆਪਕਾਂ ਉਪਰ ਟੈੱਟ ਪਾਸ ਕਰਨ ਦੀ ਸ਼ਰਤ ਥੋਪਣਾ ਗੈਰ ਵਿਗਿਆਨਕ ਤੇ ਤਰਕਹੀਣ ਹੈ, ਕਿਉਂਕਿ ਅਧਿਆਪਕ ਉਸ ਸਮੇਂ ਭਰਤੀ ਦੀਆਂ ਸੇਵਾ ਸ਼ਰਤਾਂ ਤੇ ਨਿਯਮਾਂ ਅਨੁਸਾਰ ਯੋਗਤਾ ਪੂਰੀ ਕਰਕੇ ਨੌਕਰੀ ਵਿੱਚ ਆਏ ਸਨ।ਇਨੇ ਸਮੇਂ ਬਾਦ ਨਵੇਂ ਨਿਯਮ ਲਾਉਣਾ ਕੁਦਰਤੀ ਨਿਆਂ ਪ੍ਰਣਾਲੀ ਦੇ ਵਿਰੁੱਧ ਹੈ।ਆਗੂਆਂ ਨੇ ਕੇਂਦਰ ਅਤੇ ਪੰਜਾਬ ਸਰਕਾਰ ਦੀ ਨਿੰਦਾ ਕਰਦਿਆਂ ਕਿਹਾ ਸੁਪਰੀਮ ਕੋਰਟ ਦੇ ਫ਼ੈਸਲੇ ਦਾ ਹਵਾਲਾ ਦੇ ਕੇ ਇਹ ਟੈਸਟ ਥੋਪਣ 'ਚ ਦੋਨੋਂ ਸਰਕਾਰਾਂ ਕਾਹਲੀਆਂ ਹਨ, ਜਦਕਿ ਸੁਪਰੀਮ ਕੋਰਟ ਦੇ ਜੋ ਫ਼ੈਸਲੇ ਲੋਕ ਹਿੱਤਾਂ ਵਿੱਚ ਹੋਏ ਹਨ, ਉਨ੍ਹਾਂ ਨੂੰ ਲਾਗੂ ਕਰਨ ਵਿੱਚ ਸਰਕਾਰਾਂ ਡੰਗ ਟਪਾਊ ਨੀਤੀ ਵਰਤਦੀਆਂ ਹਨ।

ਆਗੂਆਂ ਮੰਗ ਕੀਤੀ ਕਿ ਕੇਂਦਰ ਸਰਕਾਰ ਇਸ ਸਬੰਧੀ ਸੰਸਦ ਵਿੱਚ ਕਾਨੂੰਨ ਪਾਸ ਕਰੇ।ਉਨ੍ਹਾਂ ਪੰਜਾਬ ਸਰਕਾਰ ਤੋਂ ਮੰਗ ਕੀਤੀ ਕਿ ਉਹ ਇਸ ਸਬੰਧੀ ਕਾਹਲੀ ਨਾ ਕਰਕੇ ਅਧਿਆਪਕਾਂ ਦੇ ਹਿੱਤਾਂ ਦੀ ਰਾਖੀ ਕਰੇ।ਨਹੀਂ ਤਾਂ 22 ਫਰਵਰੀ ਨੂੰ ਪੰਜਾਬ ਭਰ ਦੇ ਅਧਿਆਪਕ ਸ੍ਰੀ ਅਨੰਦਪੁਰ ਸਾਹਿਬ ਦੀ ਧਰਤੀ 'ਤੇ ਮਹਾਂਰੈਲੀ ਕਰਨਗੇ ਅਤੇ ਆਉਣ ਵਾਲੇ ਦਿਨਾਂ ਵਿੱਚ ਹੋਰ ਤਿੱਖੇ ਪ੍ਰੋਗਰਾਮ ਕੀਤੇ ਜਾਣਗੇ।ਇਸ ਮੌਕੇ ਸਿੱਖਿਆ ਵਿਭਾਗ ਵੱਲੋਂ 7 ਫਰਵਰੀ ਨੂੰ ਜਾਰੀ ਕੀਤੇ ਪੱਤਰ ਦੀਆਂ ਕਾਪੀਆਂ ਫੂਕੀਆਂ ਗਈਆਂ, ਜਿਸ ਵਿੱਚ ਮਾਸਟਰ ਕਾਡਰ ਦੀਆਂ ਪਦਉੱਨਤੀਆਂ ਲਈ ਟੀ.ਈ.ਟੀ. ਪਾਸ ਦੀ ਸ਼ਰਤ ਲਗਾ ਦਿੱਤੀ ਗਈ ਹੈ ਤੇ 14 ਸਤੰਬਰ 2017 ਨੂੰ ਜਾਰੀ ਕੀਤਾ ਪੱਤਰ ਜਿਸ ਵਿੱਚ ਟੀ ਈ ਟੀ ਤੋਂ ਛੋਟ ਨੂੰ ਰੱਦ ਕਰ ਕੀਤਾ ਗਿਆ ਹੈ।

# ਅਮਿਤ ਸ਼ਾਹ ਕਮਿਊਨਿਸਟ ਲਹਿਰ ਖਿਲਾਫ਼ ਕੁਵੇਲੇ ਦੀਆਂ ਬਾਂਗਾਂ ਦੇਣੀਆਂ ਬੰਦ ਕਰਨ : ਲਿਬਰੇਸ਼ਨ

ਮਾਨਸਾ (ਆਤਮਾ ਸਿੰਘ ਪਮਾਰ)

ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਨੂੰ ਸ਼ਾਇਦ ਕੌਮਾਂਤਰੀ ਕਮਿਊਨਿਸਟ ਲਹਿਰ ਤੇ ਉਸ ਦੀਆਂ ਮਹਾਨ ਪ੍ਰਾਪਤੀਆਂ ਬਾਰੇ ਭੋਰਾ ਵੀ ਗਿਆਨ ਨਹੀਂ ਹੈ, ਜਿਸ ਲਈ ਉਹ ਛੱਤੀਸਗੜ੍ਹ ਤੋਂ ਅਜਿਹੇ ਬੇਤੁਕੇ ਬਿਆਨ ਦਾਗ ਰਹੇ ਹਨ।ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਸੀਪੀਆਈ (ਐਮ ਐਲ) ਲਿਬਰੇਸ਼ਨ ਨੇ ਅਮਿਤ ਸ਼ਾਹ ਵੱਲੋਂ 8 ਫਰਵਰੀ ਨੂੰ ਛੱਤੀਸਗੜ੍ਹ ਦੀ ਰਾਜਧਾਨੀ ਰਾਏਪੁਰ 'ਚ ਦਿੱਤੇ। ਉਸ ਬਿਆਨ 'ਤੇ ਟਿੱਪਣੀ ਕਰਦਿਆਂ ਕੀਤਾ, ਜਿਸ 'ਚ ਉਨ੍ਹਾਂ ਕਿਹਾ ਕਿ ਦੇਸ਼ ਨੂੰ ਕਮਿਊਨਿਸਟ ਵਿਚਾਰਧਾਰਾ ਤੋਂ ਮੁਕਤ ਕਰਨ ਦੀ ਲੋੜ ਹੈ।ਲਿਬਰੇਸ਼ਨ ਦੀ ਪੰਜਾਬ ਇਕਾਈ ਦੇ ਸਕੱਤਰ ਕਾਮਰੇਡ ਗੁਰਮੀਤ ਸਿੰਘ ਬਖਤਪੁਰ, ਕੇਂਦਰੀ ਕਮੇਟੀ ਮੈਂਬਰ ਰਾਜਵਿੰਦਰ ਸਿੰਘ ਰਾਣਾ ਤੇ ਸੂਬਾਈ ਬੁਲਾਰੇ ਕਾਮਰੇਡ ਸੁਖਦਰਸ਼ਨ ਸਿੰਘ ਨੱਤ ਵੱਲੋਂ ਜਾਰੀ ਬਿਆਨ 'ਚ ਕਿਹਾ ਗਿਆ ਹੈ ਕਿ ਅਮਿਤ ਸ਼ਾਹ ਨੂੰ ਇਲਮ ਹੋਣਾ ਚਾਹੀਦਾ ਹੈ ਕਿ ਕਮਿਊਨਿਸਟ ਵਿਚਾਰਧਾਰਾ ਦੁਨੀਆ ਭਰ 'ਚ ਮਜ਼ਦੂਰਾਂ ਕਿਸਾਨਾਂ ਦੇ ਹਿੱਤਾਂ ਲਈ ਲੜਨ ਵਾਲੇ ਕਾਰਪੋਰੇਟ ਪੂੰਜੀਵਾਦ ਦੀ ਜਗ੍ਹਾ ਸਮਾਜਵਾਦੀ ਨਿਜ਼ਾਮ ਦਾ ਨਾਂਅ ਹੈ।ਇਸ ਨੂੰ ਖ਼ਤਮ ਕਰਨ ਵਾਲੇ ਦੁਨੀਆ ਭਰ ਵਿਚਲੇ ਫਾਸਿਸਟ ਤੇ ਤਾਨਾਸ਼ਾਹ ਖੁਦ ਖ਼ਤਮ ਹੋ ਗਏ, ਪਰ ਕਮਿਊਨਿਸਟਾਂ ਦਾ ਲਾਲ ਨਿਸ਼ਾਨ ਸੰਸਾਰ 'ਚ ਹਾਲੇ ਵੀ ਝੁਲ ਰਿਹਾ ਹੈ।ਸ਼ਾਹ ਦਾ ਇਹ ਦਾਅਵਾ ਵੀ ਮੂਲੋਂ ਨਿਰਮੂਲ ਤੇ ਝੂਠਾ ਹੈ ਕਿ ਕਮਿਊਨਿਸਟ ਜਿੱਥੇ ਵੀ ਸੱਤਾ 'ਚ ਰਹੇ, ਉਹ ਵਿਕਾਸ ਨਹੀਂ ਕਰ ਸਕੇ, ਕਿਉਂਕਿ ਦੁਨੀਆ ਨੇ ਰੂਸ ਤੇ ਚੀਨ ਵਰਗੇ ਬੇਹੱਦ ਪਛੜੇ ਦੇਸ਼ਾਂ 'ਚ ਇਨਕਲਾਬਾਂ ਦੇ ਜ਼ਰੀਏ ਕਮਿਊਨਿਸਟ ਦੇ ਸੱਤਾ 'ਚ ਆਉਣ ਤੋਂ ਬਾਅਦ ਬਿਜਲੀ ਦੀ ਗਤੀ ਨਾਲ ਵਿਕਸਤ ਹੁੰਦੇ ਅਤੇ ਮਹਾਂਸ਼ਕਤੀਆਂ ਬਣਦੇ ਵੇਖਿਆ ਹੈ।

ਕਮਿਊਨਿਸਟ ਵਿਚਾਰਧਾਰਾ ਇੱਕ ਲੋਕ ਹਿੱਤੂ ਤੇ ਵਿਗਿਆਨਕ ਵਿਚਾਰਧਾਰਾ ਹੈ, ਜਿਸ ਨੇ ਪੈਦਾਵਾਰੀ ਤਾਕਤਾਂ ਨੂੰ ਜਗੀਰੂ ਤੇ ਪੂੰਜੀਵਾਦੀ ਜਕੜ ਤੋਂ ਮੁਕਤ ਕਰਵਾ ਕੇ ਇਨ੍ਹਾਂ ਦੇਸ਼ਾਂ ਦੀ ਜਨਤਾ ਨੂੰ ਵਿਕਾਸ ਤੇ ਸਮਾਨਤਾ ਦੇ ਸ਼ਾਹ ਰਾਹ 'ਤੇ ਤੇਜ਼ੀ ਨਾਲ ਅੱਗੇ ਵਧਾਇਆ ਸੀ, ਜਿਸ ਟਰੰਪ ਅੱਗੇ ਮੋਦੀ ਸਰਕਾਰ ਨੇ ਪੂਰੀ ਤਰ੍ਹਾਂ ਆਤਮ ਸਮਰਪਣ ਕਰ ਦਿੱਤਾ ਹੈ, ਉਹ ਟਰੰਪ ਧਮਕੀਆਂ ਤੇ ਸਾਜ਼ਿਸ਼ਾਂ ਨਾਲ ਨਾ ਤਾਂ ਛੋਟੇ ਜਿਹੇ ਸਮਾਜਵਾਦੀ ਕਿਊਬਾ ਨੂੰ ਝੁਕਾ ਸਕਿਆ ਹੈ ਤੇ ਨਾ ਹੀ ਵੈਨਜ਼ੁਏਲਾ ਦੀ ਸ਼ੋਸ਼ਲਿਸਟ ਹਕੂਮਤ ਨੂੰ ਇਸੇ ਲਈ ਅਖੀਰ ਉਸ ਨੂੰ ਵੈਨੇਜ਼ੁਏਲਾ ਉੱਤੇ ਸਿੱਧਾ ਫੌਜੀ ਹਮਲਾ ਹੀ ਕਰਨਾ ਪਿਆ।

ਲਿਬਰੇਸ਼ਨ ਆਗੂਆਂ ਦਾ ਕਹਿਣਾ ਹੈ ਕਿ ਅਸਲ 'ਚ ਦੇਸ਼ ਨੂੰ ਕਮਿਊਨਿਸਟ ਵਿਚਾਰਧਾਰਾ ਤੋਂ ਨਹੀਂ, ਬਲਕਿ ਸੰਘ ਬੀ ਜੇ ਪੀ ਦੀ ਫ਼ਿਰਕੂ ਤੇ ਕਾਰਪੋਰੇਟ ਪ੍ਰਸਤ ਵਿਚਾਰਧਾਰਾ ਤੋਂ ਮੁਕਤ ਹੋਣ ਦੀ ਜ਼ਰੂਰਤ ਹੈ, ਜਿਸ ਦੀ ਮੋਦੀ ਸਰਕਾਰ ਨੂੰ ਟੈਰਿਫ ਡੀਲ ਦੇ ਸੁਆਲ 'ਤੇ ਟਰੰਪ ਤੇ ਅਮਰੀਕੀ ਸਾਮਰਾਜ ਦੇ ਪੈਰਾਂ 'ਚ ਵਿਛਦਿਆਂ ਤੇ ਦੇਸ਼ ਦੇ ਕਿਰਤੀਆਂ ਕਿਸਾਨਾਂ ਦੇ ਆਰਥਿਕ ਹਿੱਤਾਂ ਦੀ ਬਲੀ ਦਿੰਦਿਆਂ ਨੂੰ ਪੂਰੀ ਦੁਨੀਆ ਵੇਖ ਰਹੀ ਹੈ।ਮੋਦੀ-ਸ਼ਾਹ ਜੋੜੀ ਨੇ ਆਪਣੇ ਇਕ ਕਾਰਪੋਰੇਟ ਫਾਈਨੈਂਸਰ ਅਡਾਨੀ ਨੂੰ ਬਚਾਉਣ ਲਈ ਤੇ ਬਦਨਾਮ ਅਪਰਾਧੀ ਵਾਲਿਆਂ ਨੂੰ ਠੱਪ ਕਰਾਉਣ ਲਈ ਭਾਰਤ ਦੇ ਵਕਾਰ ਅਤੇ ਸਨਮਾਨ ਨੂੰ ਟਰੰਪ ਦੇ ਪੈਰਾਂ 'ਚ ਢੇਰੀ ਕਰ ਦਿੱਤਾ ਹੈ।

ਬੀ ਜੇ ਪੀ ਜਾਣਦੀ ਹੈ ਕਿ ਇੰਨਾਂ ਸਾਰੇ ਮੁੱਦਿਆਂ 'ਤੇ ਕਮਿਊਨਿਸਟ ਹੀ ਉਨ੍ਹਾਂ ਨੂੰ ਦ੍ਰਿੜਤਾ ਤੇ ਤਰਕ ਨਾਲ ਟੱਕਰ ਦੇ ਸਕਦੇ ਹਨ, ਇਸ ਲਈ ਆਪਣੀ ਬਦਨਾਮੀ ਤੇ ਨਾਕਾਮੀਆਂ ਨੂੰ ਛੁਪਾਉਣ ਲਈ ਹੀ ਅਮਿਤ ਸ਼ਾਹ ਹੁਣ ਕਮਿਊਨਿਸਟ ਲਹਿਰ ਖਿਲਾਫ਼ ਅਜਿਹੀਆਂ ਕੁਵੇਲੇ ਦੀਆਂ ਬਾਂਗਾਂ ਦੇ ਰਹੇ ਹਨ।

# ਅਪਾਹਜ, ਵਿਧਵਾਵਾਂ ਤੇ ਬਜ਼ੁਰਗ ਜਥੇਬੰਦਕ ਹੋ ਕੇ ਲੈਣਗੇ ਹੱਕ : ਲੋਕ ਅਧਿਕਾਰ ਲਹਿਰ



ਮੋਗਾ (ਇਕਬਾਲ ਸਿੰਘ ਖਹਿਰਾ)-ਕਿਰਤੀ ਤੇ ਲੋੜਵੰਦ ਲੋਕਾਂ ਨੂੰ ਸੰਗਠਤ ਕਰਕੇ ਮੁੱਦਾਹੀਣ ਸਿਆਸਤ ਨੂੰ ਰੋਕਣਾ ਸਮੇਂ ਦੀ ਲੋੜ ਹੈ।ਅਸੀਂ ਅਸੂਲ ਮੰਚ ਪੰਜਾਬ ਦੀ ਅਗਵਾਈ ਹੇਠ 2016 ਤੋਂ ਸਰੀਰਕ ਚੁਣੌਤੀਆਂ ਵਾਲੇ ਵਰਗਾਂ ਦੀ ਭਲਾਈ, ਰੋਜ਼ਗਾਰ ਅਤੇ ਸਨਮਾਨਯੋਗ ਪੈਨਸ਼ਨ ਦੀ ਲੜਾਈ ਇਸੇ ਵਰਗ ਦੀ ਸ਼ਕਤੀ ਨਾਲ ਸ਼ੁਰੂ ਕੀਤੀ ਸੀ।ਨਤੀਜਨ ਅਕਾਲੀ-ਭਾਜਪਾ ਵੱਲੋਂ ਸਾਢੇ 9 ਸਾਲ ਕੇਵਲ 250 ਰੁਪਏ ਦਿੱਤੀ ਗਈ ਪੈਨਸ਼ਨ ਉਨਾਂ ਨੂੰ 500 ਕਰਨੀ ਪਈ।ਉਸ ਵੇਲੇ ਡਿਸਬਿਲਿਟੀ ਐਕਟ ਅਨੁਸਾਰ ਨੌਕਰੀਆਂ ਦਾ ਰਹਿੰਦਾ ਬੈਕਲੋਗ ਵੀ ਅਕਤੂਬਰ 2016 ਤੋਂ ਦੇਣਾ ਸ਼ੁਰੂ ਹੋਇਆ।ਪੈਨਸ਼ਨ ਦਾ ਲਾਭ ਇਸ ਵਰਗ ਦੇ ਲਾਭਪਾਤਰੀਆਂ ਦੇ ਨਾਲ-ਨਾਲ ਸਮਾਜਿਕ ਸੁਰੱਖਿਆ ਪੈਨਸ਼ਨ ਲੈਣ ਵਾਲੇ ਬਜ਼ੁਰਗਾਂ ਤੇ ਵਿਧਵਾ ਬੀਬੀਆਂ ਨੂੰ ਵੀ ਹੋਇਆ।ਕਾਂਗਰਸ ਤੇ ਆਮ ਆਦਮੀ ਪਾਰਟੀ ਵਲੋਂ ਇਸ ਵਿਸ਼ੇਸ਼ ਵਰਗ ਲਈ ਜਾਰੀ ਕਰਵਾਏ ਗਏ ਵੱਖਰੇ ਚੋਣ ਮੈਨੀਫੈਸਟੋ ਅਨੁਸਾਰ 1500 ਰੁਪਏ ਪੈਨਸ਼ਨ ਦੇ ਕੀਤੇ ਵਾਇਦੇ ਵੀ ਕਾਂਗਰਸ ਸਰਕਾਰ ਨੇ ਪਹਿਲੋਂ ਜੁਲਾਈ 2017 'ਚ 750 ਰੁਪਏ ਦੇ ਕੇ ਅਤੇ ਅਖੀਰਲੇ ਸਾਲ 1500 ਰੁਪਏ ਦੇ ਕੇ ਪੂਰੇ ਕੀਤੇ, ਜਿੱਥੇ ਸਾਡੇ ਸੂਬੇ ਵਿਚ ਸਰਕਾਰ ਤੇ ਜਨਤਾ ਦੋਵੇਂ ਕਰਜ਼ ਹੇਠ ਦੱਬੇ ਪਏ ਹਨ ਉਥੇ ਨਸ਼ਾ, ਬੇਰੁਜ਼ਗਾਰੀ, ਮਹਿੰਗਾਈ ਤੇ ਭ੍ਰਿਸ਼ਟਾਚਾਰ ਅੰਬਰ ਵੇਲ ਵਾਂਗ ਵਧ ਕੇ ਸੂਬੇ ਦੀਆਂ ਜੜ੍ਹਾਂ ਖੋਖਲੀਆਂ ਕਰ ਰਹੇ ਹਨ।ਦੂਜੇ ਬੰਨੇ ਗੈਂਗਸਟਰਵਾਦ ਤੇ ਵੱਖ-ਵੱਖ ਮਾਫੀਏ ਰਾਜਨੀਤਕ ਲੀਡਰਾਂ ਅਤੇ ਅਫ਼ਸਰਸ਼ਾਹਾਂ ਦੀ ਸ਼ਹਿ ਅਤੇ ਮਿਲੀਭੁਗਤ ਨਾਲ ਕਾਲੇ ਬਦਲਾਂ ਵਾਂਗ ਹਨੇਰ ਪਾਈ ਬੈਠੇ ਹਨ।ਤੀਜੀ ਮਾਰ ਇਹ ਪੈ ਰਹੀ ਹੈ ਕਿ ਸਾਡੀਆਂ ਸਾਰੀਆਂ ਰਾਜਨੀਤਕ ਧਿਰਾਂ ਬਿਨਾਂ ਕਿਸੇ ਰੋਡ ਮੈਪ ਦੇ ਮੁੱਦਾਹੀਣ ਸਿਆਸਤ ਨੂੰ ਚਮਕਾਉਣ ਲਈ ਹਰ ਭ੍ਰਿਸ਼ਟ ਰਾਜਨੀਤਕ ਹਰਬਾ ਇਸਤੇਮਾਲ ਕਰ ਰਹੀਆਂ ਹਨ। ਪ੍ਰਭ ਆਸਰਾ ਟਰਸਟ ਦੇ ਮੁੱਖ ਸੇਵਾਦਾਰ ਭਾਈ ਸ਼ਮਸ਼ੇਰ ਸਿੰਘ, ਕਿਰਤੀ ਕਿਸਾਨ ਯੂਨੀਅਨ ਪੰਜਾਬ ਦੇ ਪ੍ਰਧਾਨ ਨਿਰਭੈ ਸਿੰਘ ਢੁੱਡੀਕੇ ਤੇ ਲੁਧਿਆਣਾ ਤੋਂ ਸਨਤਕਾਰਾਂ ਦੇ ਪ੍ਰਧਾਨ ਤਰੁਣ ਜੈਨ ਬਾਵਾ ਵਿਸ਼ੇਸ਼ ਤੌਰ ਉੱਤੇ ਹਾਜ਼ਰ ਹੋਏ। ਪੰਜਾਬ ਵਿੱਚ ਵਿਸ਼ੇਸ਼ ਲੋੜਾਂ ਵਾਲੇ ਵਰਗ ਦੇ ਸੰਗਠਨ ਦਾ ਸੂਬਾ ਪੱਧਰੀ ਪ੍ਰਧਾਨ ਡਾ ਹਰਨੇਕ ਸਿੰਘ ਰੋਡੇ ਨੂੰ ਚੁਣਿਆ ਗਿਆ ਤੇ ਨਾਲ ਹੀ ਉਨ੍ਹਾਂ ਵਲੋਂ ਆਪਣੇ ਵਿੰਗ ਦੇ ਸੁਖਰਾਜ ਸਿੰਘ ਬਰਾੜ ਫ਼ਾਜ਼ਿਲਕਾ, ਲਖਵਿੰਦਰ ਸਿੰਘ ਜਲੰਧਰ ਦਿਹਾਤੀ, ਗੁਰਦਾਸ ਸਿੰਘ ਫਿਰੋਜ਼ਪੁਰ, ਕਮਲਜੀਤ ਸਿੰਘ ਸ਼੍ਰੀ ਅੰਮ੍ਰਿਤਸਰ ਸਾਹਿਬ ਦਿਹਾਤੀ, ਤਜਿੰਦਰ ਸਿੰਘ ਬਾਵਾ ਜਿਲਾ ਬਰਨਾਲਾ, ਸਲਵਿੰਦਰ ਸਿੰਘ ਮੁਕਤਸਰ ਸਾਹਿਬ, ਦਰਸ਼ਨ ਸਿੰਘ ਪਠਾਨਕੋਟ ਸਮੇਤ 15 ਜ਼ਿਲ੍ਹਿਆਂ ਦੇ ਪ੍ਰਧਾਨ ਵੀ ਐਲਾਨੇ ਗਏ।ਸੰਘਰਸ਼ਮਈ ਅਤੇ ਵਿਧਵਾ ਬੀਬੀਆਂ ਦੇ ਵਿੰਗ ਦੀ ਪੰਜਾਬ ਦੀ ਜ਼ਿੰਮੇਵਾਰੀ ਸਮਾਜਿਕ ਕਾਰਕੁਨ ਬੀਬੀ ਰਮਨਦੀਪ ਕੌਰ ਮਰਖਾਈ ਨੂੰ ਪੰਜਾਬ ਪ੍ਰਧਾਨ ਵਜੋਂ ਸੌਂਪੀ ਗਈ।ਇਸ ਸਮੇਂ ਰਮਨਦੀਪ ਕੌਰ ਬਰਾੜ ਜ਼ਿਲ੍ਹਾ ਫ਼ਰੀਦਕੋਟ, ਬਲਜਿੰਦਰ ਕੌਰ ਜ਼ਿਲ੍ਹਾ ਮੋਗਾ, ਜੀਤ ਕੌਰ ਜ਼ਿਲ੍ਹਾ ਮਾਨਸਾ, ਬਲਵਿੰਦਰ ਕੌਰ ਮੋਹਾਲੀ, ਕੁਲਦੀਪ ਕੌਰ ਬਰਨਾਲਾ ਸਮੇਤ 10 ਜ਼ਿਲ੍ਹਿਆਂ ਵਿੱਚ ਸੂਝਵਾਨ ਤੇ ਸੰਘਰਸ਼ਸ਼ੀਲ ਬੀਬੀਆਂ ਨੂੰ ਪੀੜਤ ਭੈਣਾਂ ਅਤੇ ਵਿਧਵਾ ਬੀਬੀਆਂ ਦਾ ਇਹ ਪਲੇਟਫਾਰਮ ਹਲਕਾ ਪੱਧਰੀ ਖੜਾ ਕਰਨ ਦਾ ਜ਼ਿੰਮਾ ਦਿੱਤਾ ਗਿਆ।

## ਕਾਤਰਾਂ

### ਡਾ. ਦੀਪਕ ਅਰੋੜਾ ਦੀ ਬਰਸੀ ਮੌਕੇ ਧਾਰਮਿਕ ਸਮਾਗਮ ਅੱਜ ਤੋਂ



ਲਹਿਰਾ ਮੁਹੱਬਤ (ਭੀਮ ਸੈਨ ਹਦਵਾਰੀਆ)-ਸੰਤ ਕਬੀਰ ਗਰੁੱਪ ਆਫ ਇੰਸਟੀਚਿਊਟ ਦੇ ਪ੍ਰਧਾਨ ਤੇ ਕੈਂਸਰ ਕੇਅਰ ਐਡਵਾਂਸ ਸੈਂਟਰ ਦੇ ਡਾਇਰੈਕਟਰ ਰਹੇ ਸਵਰਗੀ ਡਾਕਟਰ ਦੀਪਕ ਅਰੋੜਾ ਦੀ ਪਹਿਲੀ ਬਰਸੀ ਮੌਕੇ ਧਾਰਮਿਕ ਤੇ ਸ਼ਰਧਾਂਜਲੀ ਸਮਾਗਮ 12 ਫਰਵਰੀ ਤੋਂ ਆਯੋਜਤ ਕੀਤੇ ਜਾ ਰਹੇ ਹਨ। 12 ਫਰਵਰੀ ਨੂੰ ਡਾ. ਦੀਪਕ ਅਰੋੜਾ ਦੇ ਨਿਵਾਸ ਸਥਾਨ 'ਤੇ ਹਵਨ ਯੱਗ ਹੋਵੇਗਾ। 13 ਫਰਵਰੀ ਨੂੰ ਸੰਤ ਕਬੀਰ ਸਕੂਲ ਭੁੱਚੋ ਵਿਖੇ ਸ੍ਰੀ ਅਖੰਡ ਪਾਠ ਸਾਹਿਬ ਦਾ ਪ੍ਰਕਾਸ਼ ਹੋਵੇਗਾ, ਜਿਸ ਦਾ ਭੋਗ 15 ਫਰਵਰੀ ਨੂੰ ਪਾਇਆ ਜਾਵੇਗਾ। ਉਪਰੰਤ ਡਾ. ਦੀਪਕ ਅਰੋੜਾ ਨੂੰ ਸ਼ਰਧਾਂਜਲੀ ਭੇਟ ਕੀਤੀ ਜਾਵੇਗੀ ਤੇ ਬੁਲਾਰਿਆਂ ਵੱਲੋਂ ਡਾ. ਅਰੋੜਾ ਦੀ ਯਾਦ ਵਿੱਚ ਵਿਚਾਰ ਸਾਂਝੇ ਕੀਤੇ ਜਾਣਗੇ।

### ਸੰਤ ਗਿਆਨੀ ਵੀਰ ਸਿੰਘ ਖਾਲਸਾ ਦੀ ਸਾਲਾਨਾ ਬਰਸੀ 21 ਨੂੰ

ਅਜੀਤਵਾਲ (ਨਛੱਤਰ ਸੰਧੂ)-ਪਿੰਡ ਮੱਦੋਕੇ ਦੇ ਗੁਰਦੁਆਰਾ ਗੁਰੂਸਰ ਪਾਤਿਸ਼ਾਹੀ ਛੇਵੀਂ ਵਿਖੇ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਦੀ ਛਤਰ ਛਾਇਆ ਹੇਠ ਇਸ ਸਥਾਨ ਤੇ ਸਮੂਹ ਮਹਾਂਪੁਰਖਾਂ ਤੇ ਸੰਤ ਗਿਆਨੀ ਵੀਰ ਸਿੰਘ ਜੀ ਖਾਲਸਾ ਮੱਦੋਕੇ ਵਾਲਿਆਂ ਦੀ ਛੇਵੀਂ ਬਰਸੀ 21 ਫਰਵਰੀ ਨੂੰ ਪਿੰਡ ਦੀਆਂ ਸਮੂਹ ਸੰਗਤਾਂ ਵਲੋਂ ਸ਼ਰਧਾ ਭਾਵਨਾ ਨਾਲ ਮਨਾਈ ਜਾ ਰਹੀ ਹੈ।ਪ੍ਰਧਾਨ ਸੁਖਮੰਦਰ ਸਿੰਘ ਤੇ ਮੈਨੇਜਰ ਮਨਜਿੰਦਰ ਸਿੰਘ ਨੇ ਦੱਸਿਆ ਕਿ ਇਸ ਮੌਕੇ ਪੰਥ ਦੇ ਮਹਾਨ ਵਿਦਵਾਨ ਗਿਆਨੀ, ਕੀਰਤਨੀ ਜਥੇ ਪੰਥ ਪ੍ਰਸਿੱਧ ਮਹਾ ਪੁਰਸ ਪਹੁੰਚ ਕੇ ਸੰਗਤਾਂ ਨੂੰ ਸੰਬੋਧਨ ਕਰਨਗੇ। ਉਨ੍ਹਾਂ ਦੱਸਿਆ ਕਿ ਸਵੇਰੇ 8ਵਜੇ ਭੋਗ ਪਾਏ ਜਾਣਗੇ। ਉਪਰੰਤ ਕਥਾ ਕੀਰਤਨ ਹੋਵੇਗਾ।ਉਨ੍ਹਾਂ ਦੱਸਿਆ ਕਿ 23 ਫਰਵਰੀ ਨੂੰ ਅੰਮ੍ਰਿਤ ਸੰਚਾਰ ਹੋਵੇਗਾ।

### ਗੁਰੂ ਰਵਿਦਾਸ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸਮਾਗਮ 14 ਨੂੰ

ਨਾਭਾ (ਵਰਿੰਦਰ ਵਰਮਾ)-ਯੂਥ ਕਲਚਰ ਐਂਡ ਵੈਲਫੇਅਰ ਕਲੱਬ ਵਲੋਂ ਆਜ਼ਾਦ ਵੈਲਫੇਅਰ ਐਂਡ ਸਪੋਰਟਸ ਕਲੱਬ ਰਜਿ. (ਨਾਭਾ ਕਬੱਡੀ ਕੱਪ), ਲੋਕਲ ਗੁਰਦੁਆਰਾ ਕਮੇਟੀ, ਸਮੂਹ ਨਗਰ ਅਤੇ ਇਲਾਕਾ ਨਿਵਾਸੀ ਸੰਗਤਾਂ ਦੇ ਸਹਿਯੋਗ ਨਾਲ ਸ੍ਰੀ ਗੁਰੂ ਰਵਿਦਾਸ ਮਹਾਰਾਜ ਦੇ 649ਵੇਂ ਪ੍ਰਕਾਸ਼ ਪੁਰਬ ਦੀ ਖੁਸ਼ੀ ਵਿੱਚ 14 ਫਰਵਰੀ ਨੂੰ 14ਵਾਂ ਸਲਾਨਾ ਧਾਰਮਿਕ ਸਮਾਗਮ ਗੁਰਦੁਆਰਾ ਸਾਹਿਬ ਸ੍ਰੀ ਗੁਰੂ ਤੇਗ ਬਹਾਦਰ ਨਗਰ, ਚੌਧਰੀ ਮਾਜਰਾ ਰੋਡ ਨਾਭਾ ਵਿਖੇ ਕਰਵਾਇਆ ਜਾ ਰਿਹਾ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਇੰਪਰੂਵਮੈਂਟ ਟਰੱਸਟ ਦੇ ਚੇਅਰਮੈਨ ਜੱਸੀ ਸੋਹੀਆਂ ਵਾਲਾ ਨੇ ਦੱਸਿਆ ਕਿ ਇਸ ਮੌਕੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਉਪਰੰਤ ਸਵੇਰੇ 10 ਤੋਂ ਦੁਪਹਿਰ 12 ਵਜੇ ਤੱਕ ਸੰਤ ਬਾਬਾ ਦਲਬਾਰਾ ਸਿੰਘ ਰੋਹੀਸਰ ਸਾਹਿਬ ਮਾਲੋਵਾਲ ਵਾਲੇ ਕਥਾ ਕੀਰਤਨ ਜ਼ਰੀਏ ਸੰਗਤਾਂ ਨੂੰ ਨਿਹਾਲ ਕਰਨਗੇ ਅਤੇ ਸ੍ਰੀ ਗੁਰੂ ਰਵਿਦਾਸ ਮਹਾਰਾਜ ਦੇ ਜੀਵਨ ਬਾਰੇ ਚਾਨਣਾ ਪਾਉਣਗੇ।ਇਸ ਮੌਕੇ ਗੁਰੂ ਕਾ ਲੰਗਰ ਅਤੁੱਟ ਵਰਤੇਗਾ।

# ਪੰਜਾਬ ਯੂਥ ਕਾਂਗਰਸ ਦੀਆਂ ਚੋਣਾਂ ਸੰਬੰਧੀ ਨੌਜਵਾਨਾਂ 'ਚ ਭਾਰੀ ਉਤਸ਼ਾਹ

ਸੰਗਰੂਰ (ਪ੍ਰਵੀਨ ਸਿੰਘ)



ਪੰਜਾਬ ਯੂਥ ਕਾਂਗਰਸ ਦੀਆਂ ਚੋਣਾਂ ਨੂੰ ਲੈ ਕੇ ਨੌਜਵਾਨਾਂ ਅੰਦਰ ਭਾਰੀ ਉਤਸ਼ਾਹ ਪਾਇਆ ਜਾ ਰਿਹਾ ਹੈ, ਜਿਸ ਦੇ ਚੱਲਦਿਆਂ ਰੋਜ਼ਾਨਾ ਲੱਖਾਂ ਨੌਜਵਾਨ ਯੂਥ ਕਾਂਗਰਸ ਦਾ ਹਿੱਸਾ ਬਣ ਰਹੇ ਹਨ।ਇਹ ਵਿਚਾਰ ਉੱਘੇ ਸਮਾਜ ਸੇਵੀ ਤੇ ਟਕਸਾਲੀ ਕਾਂਗਰਸੀ ਕਾਂਗੜਾ ਪਰਵਾਰ ਦੀ ਨੂੰਹ, ਜੋ ਖੁਦ ਵੀ ਪੰਜਾਬ ਯੂਥ ਕਾਂਗਰਸ ਦੇ ਸੂਬਾ ਜਨਰਲ ਸਕੱਤਰ ਦੀ ਚੋਣ ਲੜ ਰਹੇ ਹਨ, ਸ਼੍ਰੀਮਤੀ ਅਰਾਧਨਾ ਕਾਂਗੜਾ ਨੇ ਪ੍ਰਗਟ ਕੀਤੇ।

ਉਨ੍ਹਾਂ ਕਿਹਾ ਕਿ ਯੂਥ ਕਾਂਗਰਸ ਦੀਆਂ ਇਨ੍ਹਾਂ ਚੋਣਾਂ ਰਾਹੀਂ ਚੰਗੀ ਸੋਚ ਤੇ ਸੇਵਾ ਭਾਵਨਾ ਰੱਖਣ ਵਾਲੇ ਆਮ ਘਰਾਂ ਦੇ ਨੌਜਵਾਨ ਲੜਕੇ-ਲੜਕੀਆਂ ਲਈ ਇੱਕ ਸਾਫ਼-ਸੁਥਰੀ ਰਾਜਨੀਤੀ ਵਿੱਚ ਆਉਣ ਦਾ ਸੁਨਹਿਰੀ ਮੌਕਾ ਹੈ।ਸ਼੍ਰੀਮਤੀ ਅਰਾਧਨਾ ਕਾਂਗੜਾ ਨੇ ਕਿਹਾ ਕਿ ਦੇਸ਼ ਦੇ ਨੌਜਵਾਨ ਨੇਤਾ, ਜੋ ਸੰਸਦ ਤੋਂ ਲੈ ਕੇ ਸੜਕਾਂ ਤੱਕ ਹਰ ਪੱਧਰ ਤੇ ਬੜੀ ਦਿਲੇਰੀ ਨਾਲ ਦੇਸ਼ ਵਾਸੀਆਂ ਦੇ ਅਧਿਕਾਰਾਂ ਦੀ ਲੜਾਈ ਲੜ ਰਹੇ ਹਨ, ਸ਼੍ਰੀ ਰਾਹੁਲ ਗਾਂਧੀ ਦਾ ਮਿਸ਼ਨ ਯੂਥ ਕਾਂਗਰਸ ਦੀਆਂ ਚੋਣਾਂ ਰਾਹੀਂ ਨੇਤਾ ਚੁਣੇ, ਨੇਤਾ ਬਣੋ ਹੈ।

ਉਨ੍ਹਾਂ ਕਿਹਾ ਕਿ ਦੇਸ਼ ਵਿੱਚ ਯੂਥ ਕਾਂਗਰਸ ਦੀਆਂ ਚੋਣਾਂ ਦੀ ਸ਼ੁਰੂਆਤ ਸ਼੍ਰੀ ਰਾਹੁਲ ਗਾਂਧੀ ਵੱਲੋਂ ਸਭ ਤੋਂ ਪਹਿਲਾਂ 2008 ਵਿੱਚ ਪੰਜਾਬ ਤੋਂ ਕੀਤੀ ਗਈ, ਜਿਸ ਵਿੱਚ ਮੇਰੀ ਸੱਸ ਮਾਂ ਮੈਡਮ ਪੂਨਮ ਕਾਂਗੜਾ ਨੂੰ ਜ਼ਿਲ੍ਹਾ ਸੰਗਰੂਰ ਦੀ ਪਹਿਲੀ ਮਹਿਲਾ ਅਤੇ ਇਲੈਕਟਡ ਜ਼ਿਲ੍ਹਾ ਪ੍ਰਧਾਨ ਬਣਨ ਦਾ ਮਾਣ ਪ੍ਰਾਪਤ ਹੋਇਆ।

ਉਨ੍ਹਾਂ ਕਿਹਾ ਕਿ ਯੂਥ ਕਾਂਗਰਸ ਦੀਆਂ ਚੋਣਾਂ ਵਿੱਚ ਅਨੇਕਾਂ ਹੀ ਅਜਿਹੇ ਨੌਜਵਾਨਾਂ ਨੂੰ ਲੀਡਰ ਬਣਨ ਦਾ ਮੌਕਾ ਮਿਲਿਆ ਹੈ, ਜੋ ਅੱਜ ਕਾਂਗਰਸ ਪਾਰਟੀ ਅਤੇ ਹੋਰ ਪਾਰਟੀਆਂ ਅੰਦਰ ਉਚ ਅਹੁਦਿਆਂ 'ਤੇ ਬਿਰਾਜਮਾਨ ਹਨ ਅਤੇ ਕੇਂਦਰ ਤੇ ਸੂਬਾ ਸਰਕਾਰਾਂ ਵਿੱਚ ਵੀ ਯੂਥ ਕਾਂਗਰਸ ਦੀਆਂ ਚੋਣਾਂ ਵਿੱਚੋਂ ਨਿਕਲੇ ਨੌਜਵਾਨਾਂ ਨੇ ਵਿਸ਼ੇਸ਼ ਪਦ ਹਾਸਲ ਕੀਤੇ ਹਨ। ਸ਼੍ਰੀਮਤੀ ਅਰਾਧਨਾ ਕਾਂਗੜਾ ਨੇ ਚੱਲ ਰਹੀਆਂ ਯੂਥ ਕਾਂਗਰਸ ਦੀਆਂ ਚੋਣਾਂ ਸਬੰਧੀ ਜਾਣਕਾਰੀ ਸਾਂਝੀ ਕਰਦਿਆਂ ਕਿਹਾ ਕਿ ਯੂਥ ਕਾਂਗਰਸ ਦੀ ਮੈਂਬਰਸ਼ਿਪ ਤੇ ਵੋਟਿੰਗ 2 ਫ਼ਰਵਰੀ ਤੋਂ ਸ਼ੁਰੂ ਹੋ ਗਈ ਹੈ, ਜੋ 2 ਮਾਰਚ ਤੱਕ ਚੱਲੇਗੀ। 18 ਤੋਂ 35 ਸਾਲ ਤੱਕ ਦੀ ਉਮਰ ਦਾ ਕੋਈ ਵੀ ਵਿਅਕਤੀ ਯੂਥ ਕਾਂਗਰਸ ਦਾ ਮੈਂਬਰ ਬਣ ਕੇ ਯੂਥ ਕਾਂਗਰਸ ਵਿੱਚ ਸੂਬਾ ਪ੍ਰਧਾਨ, ਸੂਬਾ ਜਨਰਲ ਸਕੱਤਰ, ਜ਼ਿਲ੍ਹਾ ਪ੍ਰਧਾਨ, ਜ਼ਿਲ੍ਹਾ ਜਨਰਲ ਸਕੱਤਰ, ਵਿਧਾਨ ਸਭਾ ਕਮੇਟੀ ਤੇ ਬਲਾਕ ਕਮੇਟੀ ਲਈ ਚੋਣ ਲੜ ਰਹੇ ਉਮੀਦਵਾਰਾਂ ਨੂੰ ਵੋਟ ਪਾ ਸਕਦਾ ਹੈ, ਇਹ ਮੈਂਬਰਸ਼ਿਪ ਸਿਰਫ਼ ਆਨਲਾਈਨ ਹੀ ਹੋਵੇਗੀ।

ਉਨ੍ਹਾਂ ਕਿਹਾ ਕਿ ਇੱਕ ਮੈਂਬਰ ਵੱਖ-ਵੱਖ ਅਹੁਦਿਆਂ ਲਈ 6 ਵੋਟਾਂ ਪਾ ਸਕਦਾ ਹੈ।ਉਨ੍ਹਾਂ ਕਿਹਾ ਕਿ ਉਹ ਖੁਦ ਵੀ ਸੂਬਾ ਜਨਰਲ ਸਕੱਤਰ ਲਈ ਚੋਣ ਲੜ ਰਹੇ ਹਨ। ਉਨ੍ਹਾਂ ਪੰਜਾਬ ਦੇ ਸਮੂਹ ਨੌਜਵਾਨਾਂ ਨੂੰ ਅਪੀਲ ਕਰਦਿਆਂ ਕਿਹਾ ਉਹ ਸੂਬਾ ਜਨਰਲ ਸਕੱਤਰ ਲਈ ਲੜੀ ਨੰਬਰ 90 ਤੇ ਵੱਧ ਤੋਂ ਵੱਧ ਵੋਟਾਂ ਪਾ ਕੇ ਉਨ੍ਹਾਂ ਨੂੰ ਸਫ਼ਲ ਬਣਾਉਣ।

# ਜ਼ਿਲ੍ਹੇ 'ਚ 'ਅਪ੍ਰੇਸ਼ਨ ਪ੍ਰਹਾਰ-2' ਤਹਿਤ ਵਿਸ਼ੇਸ਼ ਕਾਰਡਨ ਐਂਡ ਸਰਚ ਮੁਹਿੰਮ ਦਾ ਆਗਾਜ਼

## 48 ਘੰਟਿਆਂ ਦੌਰਾਨ 61 ਨਸ਼ਾ ਤਸਕਰ ਗ੍ਰਿਫ਼ਤਾਰ, 1 ਭਗੌੜਾ ਕਾਬੂ



ਮਾਲੇਰਕੋਟਲਾ (ਅਸਗਰ ਪਰਿਹਾਰ)

ਸੀਨੀਅਰ ਕਪਤਾਨ ਪੁਲਸ ਗਗਨ ਅਜੀਤ ਸਿੰਘ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਆਈ.ਜੀ. (ਜੀ.ਆਰ.ਪੀ.) ਬਲਜੋਤ ਸਿੰਘ ਰਾਠੌਰ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਨਸ਼ਾ ਤਸਕਰਾਂ ਅਤੇ ਗੈਂਗਸਟਰਾਂ ਦਾ ਨੈਟਵਰਕ ਤੋੜਨ ਲਈ ਪੰਜਾਬ ਪੁਲਸ ਵੱਲੋਂ ਵਿਸ਼ੇਸ਼ ਮੁਹਿੰਮ ਆਰੰਭੀ ਗਈ ਹੈ।ਉਨ੍ਹਾਂ ਦੱਸਿਆ ਕਿ ਇਸ ਆਪ੍ਰੇਸ਼ਨ ਅਧੀਨ 72 ਘੰਟਿਆਂ ਲਈ ਵਿਸ਼ੇਸ਼ ਕਾਰਡਨ ਐਂਡ ਸਰਚ ਆਪ੍ਰੇਸ਼ਨ ਚਲਾਇਆ ਗਿਆ। ਇਸ ਕਾਰਵਾਈ ਤਹਿਤ ਐੱਸ.ਪੀ. (ਪੀ.ਬੀ.ਆਈ.) ਰਾਜਵਿੰਦਰ ਸਿੰਘ ਅਤੇ ਐੱਸ.ਪੀ. (ਡੀ) ਸੱਤਪਾਲ ਸ਼ਰਮਾ ਅਤੇ ਡੀ ਐੱਸ ਪੀਜ਼ ਦੀ ਅਗਵਾਈ ਹੇਠ 48 ਘੰਟਿਆਂ ਦੇ ਅੰਦਰ-ਅੰਦਰ ਜ਼ਿਲ੍ਹੇ ਦੀਆਂ ਵੱਖ-ਵੱਖ ਸੰਵੇਦਨਸ਼ੀਲ ਥਾਵਾਂ 'ਤੇ ਛਾਪੇਮਾਰੀ ਕਰਦਿਆਂ 61 ਨਸ਼ਾ ਤਸਕਰਾਂ ਨੂੰ ਗ੍ਰਿਫ਼ਤਾਰ ਕੀਤਾ ਗਿਆ, ਜਦਕਿ 1 ਭਗੌੜੇ ਨੂੰ ਵੀ ਹਿਰਾਸਤ ਵਿੱਚ ਲਿਆ ਗਿਆ ਹੈ।ਐੱਸ.ਐੱਸ.ਪੀ ਨੇ ਦੱਸਿਆ ਕਿ ਕਾਰਡਨ ਐਂਡ ਸਰਚ ਆਪ੍ਰੇਸ਼ਨ ਦੌਰਾਨ ਸ਼ੱਕੀ ਵਿਅਕਤੀਆਂ ਦੀ ਸਖ਼ਤੀ ਨਾਲ ਜਾਂਚ ਕੀਤੀ ਗਈ ਅਤੇ ਤਲਾਸ਼ੀ ਕਰਦੇ ਹੋਏ 29 ਗ੍ਰਾਮ ਚਿੱਟਾ, 50 ਬੋਤਲਾਂ ਨਾਜਾਇਜ ਸ਼ਰਾਬ, 35 ਨਸ਼ੀਲੀਆਂ ਗੋਲੀਆਂ ਅਤੇ ਚੋਰੀ ਦੇ ਮਾਮਲੇ ਵਿੱਚ 2000 ਰੁਪਏ ਬਰਾਮਦ ਕੀਤੇ ਗਏ ਹਨ।ਉਨ੍ਹਾਂ ਦੱਸਿਆ ਕਿ ਜ਼ਿਲ੍ਹਾ ਪੁਲਸ ਵੱਲੋਂ ਨਸ਼ਿਆਂ ਖ਼ਿਲਾਫ਼ ਜ਼ੀਰੋ ਟੋਲਰੈਂਸ ਨੀਤੀ ਅਪਣਾਈ ਗਈ ਹੈ ਅਤੇ ਅਜਿਹੀਆਂ ਕਾਰਵਾਈਆਂ ਆਉਣ ਵਾਲੇ ਸਮੇਂ ਵਿੱਚ ਵੀ ਨਿਰੰਤਰ ਤੌਰ 'ਤੇ ਜਾਰੀ ਰਹਿਣਗੀਆਂ। ਐੱਸ.ਐੱਸ.ਪੀ ਵੱਲੋਂ ਆਮ ਲੋਕਾਂ ਨੂੰ ਅਪੀਲ ਕੀਤੀ ਗਈ ਹੈ ਕਿ ਉਹ ਨਸ਼ਾ ਤਸਕਰੀ ਜਾਂ ਕਿਸੇ ਵੀ ਗੈਰਕਾਨੂੰਨੀ ਸਰਗਰਮੀ ਸਬੰਧੀ ਜਾਣਕਾਰੀ ਪੁਲਸ ਨਾਲ ਸਾਂਝੀ ਕਰਨ, ਤਾਂ ਜੋ ਦੋਸ਼ੀਆਂ ਖ਼ਿਲਾਫ਼ ਸਮੇਂ ਸਿਰ ਕਾਰਵਾਈ ਕੀਤੀ ਜਾ ਸਕੇ।ਇਸ ਮੌਕੇ ਡੀ.ਐੱਸ.ਪੀ (ਸਥਾਨਕ) ਬਿਕਰਮਜੀਤ ਸਿੰਘ ਘੁੰਮਣ, ਡੀ.ਐੱਸ.ਪੀ ਸਬ ਡਵੀਜ਼ਨ ਮਾਲੇਰਕੋਟਲਾ ਮਾਨਵਜੀਤ ਸਿੰਘ ਸਿੱਧੂ, ਡੀ.ਐੱਸ.ਪੀ ਯਾਦਵਿੰਦਰ ਸਿੰਘ, ਡੀ.ਐੱਸ.ਪੀ ਅਹਿਮਦਗੜ੍ਹ ਸੁਖਦੇਵ ਸਿੰਘ ਬਰਾੜ, ਡੀ.ਐੱਸ.ਪੀ ਅਮਰਗੜ੍ਹ ਸੰਜੀਵ ਕਪੂਰ ਅਤੇ ਥਾਣਾ ਮੁਖੀਆਂ ਵੱਲੋਂ ਆਪਣੇ ਅਧੀਨ ਆਉਂਦੇ ਪਿੰਡਾਂ/ਮੁਹੱਲਿਆਂ ਵਿੱਚ ਭਾਰੀ ਪੁਲਸ ਫੋਰਸ ਸਮੇਤ ਸਰਚ ਅਭਿਆਨ ਚਲਾਏ ਜਾ ਰਹੇ ਹਨ।

# ਚੋਰਾਂ ਵੱਲੋਂ ਦੋ ਦੁਕਾਨਾਂ ਦੇ ਸ਼ਟਰ ਤੋੜ ਚੋਰੀ ਦੀ ਘਟਨਾ ਨੂੰ ਅੰਜ਼ਾਮ



ਮੱਖੂ (ਰਛਪਾਲ ਸਿੰਘ ਸੰਧੂ)-ਚੋਰਾਂ ਵੱਲੋਂ ਪੁਲਸ ਪ੍ਰਸ਼ਾਸ਼ਨ ਤੋਂ ਬੇਖੌਫ ਸ਼ਹਿਰ ਦੇ ਮੇਨ ਬਜ਼ਾਰ ਵਿੱਚ ਰਾਤ ਤਿੰਨ ਵਜੇ ਦੇ ਕਰੀਬ ਦੀਪ ਬੂਟ ਹਾਊਸ ਤੇ ਗੋਪਾਲ ਦੀ ਹੱਟੀ ਦੀਆਂ ਆਹਮਣੇ ਸਾਹਮਣੇ ਦੁਕਾਨਾਂ ਵਿੱਚੋਂ ਨਕਦੀ ਤੇ ਸਮਾਨ ਚੋਰੀ ਕਰਨ ਦਾ ਸਮਾਚਾਰ ਪ੍ਰਾਪਤ ਹੋਇਆ। ਬੂਟਾਂ ਵਾਲੀ ਦੁਕਾਨ ਵਿੱਚ ਹੋਈ ਚੋਰੀ ਬਾਰੇ ਦੀਪ ਬੂਟ ਹਾਊਸ ਦੇ ਮਾਲਕ ਰਸ਼ਪਾਲ ਸਿੰਘ ਨੇ ਜਾਣਕਾਰੀ ਦੱਸਿਆ ਕਿ ਬੀਤੀ ਦੇਰ ਰਾਤ ਤਿੰਨ ਵਜੇ ਦੇ ਕਰੀਬ ਅਣਪਛਾਤੇ ਚੋਰਾਂ ਵੱਲੋਂ ਉਸ ਦੀ ਦੁਕਾਨ ਦਾ ਸ਼ਟਰ ਅਤੇ ਸ਼ੀਸ਼ੇ ਵਾਲਾ ਦਰਵਾਜਾ ਤੋੜ ਕੇ ਦੁਕਾਨ ਦੇ ਗੱਲੇ ਵਿੱਚ ਪਏ ਹੋਏ ਪੰਜ ਹਜ਼ਾਰ ਰੁਪਏ ਦੇ ਕਰੀਬ ਨਕਦ, ਬੂਟ ਤੇ ਹੋਰ ਸਮਾਨ ਚੋਰੀ ਕਰਕੇ ਲੈ ਗਏ।ਚੋਰੀ ਹੋਏ ਬੂਟਾ ਦੀ ਗਿਣਤੀ ਕਰਨ ਤੋਂ ਬਾਅਦ ਪਤਾ ਲੱਗੇਗਾ ਕਿ ਹੋਰ ਕਿੰਨੇ ਦਾ ਨੁਕਸਾਨ ਹੋ ਗਿਆ ਹੈ।ਇਸੇ ਤਰ੍ਹਾਂ ਹੀ ਅਣਪਛਾਤੇ ਚੋਰਾਂ ਵੱਲੋਂ ਕੱਪੜੇ ਵਾਲੀ ਦੁਕਾਨ ਗੋਪਾਲ ਦੀ ਹੱਟੀ ਦੇ ਮਾਲਕ ਸ਼ੁਸ਼ੀਲ ਕੁਮਾਰ ਨੇ ਦੱਸਿਆ ਕਿ ਅਣਪਛਾਤੇ ਚੋਰਾਂ ਵੱਲੋਂ ਸਾਡੀ ਕੱਪੜੇ ਵਾਲੇ ਦੁਕਾਨ ਦਾ ਸ਼ਟਰ ਤੋੜ ਕੇ ਗਲ਼ ਵਿੱਚ ਪਏ ਹੋਏ 2 ਹਜ਼ਾਰ ਰੁਪਏ ਦੇ ਕਰੀਬ ਨਕਦ ਤੇ ਕੱਪੜਾ ਚੋਰੀ ਕਰਕੇ ਲੈ ਗਏ।ਦੋਨਾਂ ਦੁਕਾਨਦਾਰਾਂ ਨੇ ਦੱਸਿਆ ਚੋਰੀ ਦੀ ਸੂਚਨਾ ਥਾਣਾ ਮਖੂ ਵਿਖੇ ਦਿੱਤੀ ਗਈ ਹੈ।ਦੁਕਾਨਾਂ 'ਤੇ ਹੋਈਆਂ ਚੋਰੀਆਂ ਦੀ ਘਟਨਾਵਾਂ ਕਾਰਨ ਸ਼ਹਿਰ ਵਾਸੀਆਂ 'ਚ ਡਰ ਦਾ ਮਾਹੌਲ ਬਣਿਆ ਹੋਇਆ ਹੈ।ਸ਼ਹਿਰ ਵਾਸੀਆਂ ਨੇ ਪੁਲਸ ਪ੍ਰਸ਼ਾਸ਼ਨ ਨੂੰ ਅਪੀਲ ਕੀਤੀ ਕਿ ਸ਼ਹਿਰ ਵਿੱਚ ਚੋਰੀ ਦੀਆਂ ਘਟਨਾਵਾਂ ਨੂੰ ਰੋਕਣ ਲਈ ਸ਼ਹਿਰ ਵਿੱਚ ਰਾਤ ਵੇਲੇ ਪੁਲਸ ਪਾਰਟੀ ਦੀ ਗਸ਼ਤ ਵਧਾਈ ਜਾਵੇ ਤਾਂ ਜੁ ਸ਼ਹਿਰ ਵਾਸੀ ਚੋਰੀ ਦੀਆਂ ਘਟਨਾਵਾਂ ਤੋਂ ਬਚ ਸਕਣ।

# ਸ਼ਹਿਰ ਦੇ ਕਈ ਵਾਰਡਾਂ 'ਚ ਆ ਰਿਹਾ ਹੈ ਸੀਵਰੇਜ ਮਿਲਿਆ ਪਾਣੀ



ਲਹਿਰਾਗਾਗਾ (ਰੀਤਵਾਲ)-ਸ਼ਹਿਰ ਦੇ ਪਿੰਡ ਵਾਲੇ ਪਾਸੇ ਕਈ ਵਾਰਡਾਂ ਵਿੱਚ ਵਾਟਰ ਵਰਕਸ ਵੱਲੋਂ ਘਰਾਂ ਵਿੱਚ ਕੀਤੇ ਜਾ ਰਹੇ ਪੀਣ ਯੋਗ ਪਾਣੀ ਦੀ ਸਪਲਾਈ ਵਿੱਚ ਗੰਧਲਾ ਅਤੇ ਬਦਬੂਦਾਰ ਪਾਣੀ ਆ ਰਿਹਾ ਹੈ। ਜਿਸ ਕਾਰਨ ਬਹੁਤੇ ਪਰਵਾਰ ਨਹਿਰ ਅਤੇ ਸਥਾਨਕ ਨਰਸਰੀ ਤੋਂ ਲਿਆ ਕੇ ਪਾਣੀ ਦੀ ਵਰਤੋਂ ਕਰ ਰਹੇ ਹਨ ਜਾਂ ਫਿਰ ਕਿਸਾਨਾਂ ਦੀਆਂ ਮੋਟਰਾਂ ਤੋਂ ਪਾਣੀ ਲਿਆਉਂਦੇ ਹਨ।ਇਸ ਸਬੰਧੀ ਪੀਪੀਸੀਸੀ ਮੈਂਬਰ ਅਤੇ ਕਾਂਗਰਸੀ ਆਗੂ ਦੁਰਲੱਭ ਸਿੰਘ ਸਿੱਧੂ ਨੇ ਦੱਸਿਆ ਕਿ ਸੀਵੀਰੇਜ ਦੀ ਮਿਲਾਵਟ ਵਾਲਾ ਪਾਣੀ ਪੀਣ ਨਾਲ ਸ਼ਹਿਰ ਦੇ ਬਹੁ ਗਿਣਤੀ ਲੋਕ ਪੀਲੀਏ ਦਾ ਸ਼ਿਕਾਰ ਹੋ ਚੁੱਕੇ ਹਨ। ਮੇਰੇ ਵੱਲੋਂ ਇਸ ਸਬੰਧੀ ਸ਼ਹਿਰ ਵਿੱਚ ਫਲੈਕਸਾਂ ਵੀ ਲਵਾਈਆਂ ਜਾ ਚੁੱਕੀਆਂ ਹਨ ਕਿ ਨਲਕਿਆਂ ਅਤੇ ਟੂਟੀਆਂ ਦਾ ਪਾਣੀ ਸਿੱਧਾ ਨਾ ਪੀਓ, ਪਾਣੀ ਉਬਾਲਣ ਉਪਰੰਤ ਹੀ ਪੀਤਾ ਜਾਵੇ, ਪੇਟ ਦਰਦ, ਉਲਟੀ, ਬੁਖਾਰ ਜਾਂ ਪੀਲੀਏ ਦੀ ਸ਼ਿਕਾਇਤ ਹੋਣ 'ਤੇ ਤੁਰੰਤ ਡਾਕਟਰ ਕੋਲੋਂ ਇਲਾਜ ਕਰਵਾਓ ਤਾਂ ਜੋ ਲੋਕ ਪੜ੍ਹ ਕੇ ਇਸ ਪ੍ਰਤੀ ਸੁਚੇਤ ਹੋ ਸਕਣ ਅਤੇ ਵਾਟਰ ਵਰਕਸ ਵਾਲਾ ਪਾਣੀ ਪੀਣ ਲਈ ਨਾ ਵਰਤਣ। ਸਿੱਧੂ ਨੇ ਕਿਹਾ ਕਿ ਪ੍ਰਸ਼ਾਸਨ ਸੱਤਾ ਪਿਆ ਹੈ। ਮੁਸ਼ਕਿਲਾਂ ਹੱਲ ਕਰਨ ਦੀ ਬਜਾਏ ਜਾਂ ਤਾਂ ਫੋਟੋਆਂ ਖਿਚਵਾਉਣ ਵਿੱਚ ਮਸਰੂਫ ਹੈ ਜਾਂ ਫਿਰ ਸਪਲਾਈ ਠੀਕ ਕਰਨ ਦੇ ਬਹਾਨੇ ਟੋਏ ਪੁੱਟ ਰਹੇ ਹਨ।ਸਾਬਕਾ ਟਰੱਕ ਯੂਨੀਅਨ ਪ੍ਰਧਾਨ ਗੁਰੀ ਚਹਿਲ ਨੇ ਕਿਹਾ ਕਿ ਸੀਵਰੇਜ ਮਿਕਸ ਪਾਣੀ ਪੀਣ ਨਾਲ ਲੋਬੋਰੈਟਰੀਆਂ ਦੇ ਟੈਸਟਾਂ ਵਿੱਚ ਜ਼ਿਆਦਾਤਰ ਪੀਲੀਏ ਦੇ ਮਰੀਜ਼ ਸਾਬਿਤ ਹੋ ਰਹੇ ਹਨ। ਨਗਰ ਕੌਂਸਲ ਅਤੇ ਪ੍ਰਸ਼ਾਸਨ ਨੂੰ ਇਸ ਵੱਲ ਤੁਰੰਤ ਧਿਆਨ ਦੀ ਦੇਣ ਦੀ ਲੋੜ ਹੈ।ਇਸ ਸਬੰਧੀ ਨਗਰ ਕੌਂਸਲ ਪ੍ਰਧਾਨ ਕਾਂਤਾ ਗੋਇਲ ਨਾਲ ਗੱਲਬਾਤ ਕੀਤੀ ਤਾਂ ਉਨਾਂ ਦੱਸਿਆ ਕਿ ਇਸ ਸਬੰਧੀ ਸਾਡੀਆਂ ਕੋਸ਼ਿਸ਼ਾਂ ਨਿਰੰਤਰ ਜਾਰੀ ਹਨ। ਇਸ ਸਬੰਧੀ ਕਾਰਜ ਸਾਧਕ ਅਫਸਰ ਰਮਨ ਸ਼ਰਮਾ ਨੇ ਦੱਸਿਆ ਕਿ ਸਾਡੇ ਵੱਲੋਂ ਲਗਾਤਾਰ ਕੁਨੈਕਸ਼ਨ ਚੈੱਕ ਕੀਤੇ ਜਾ ਰਹੇ ਹਨ।ਲੀਕ ਪਾਇਪਾਂ ਠੀਕ ਕੀਤੀਆਂ ਜਾ ਰਹੀਆਂ ਹਨ। ਉਹਨਾਂ ਦੱਸਿਆ ਕਿ 15 ਨੰਬਰ ਵਾਰਡ ਦੀ ਮੇਨ ਲਾਈਨ ਵਿੱਚ ਚਾਰ ਸੁਰਾਖ ਮਿਲੇ ਜਿਸ ਕਾਰਨ ਗੰਦਾ ਪਾਣੀ ਆ ਰਿਹਾ ਸੀ, ਉਹ ਵੀ ਠੀਕ ਕਰ ਦਿੱਤੇ ਸਨ ਹਨ। 80 ਫੀਸਦੀ ਪਾਣੀ ਦੀ ਸਪਲਾਈ ਠੀਕ ਕਰ ਦਿੱਤੀ ਗਈ ਹੈ। ਉਨ੍ਹਾਂ ਦੱਸਿਆ ਕਿ ਨੌ ਨੰਬਰ ਵਾਰਡ ਵਿੱਚ 650 ਫੁੱਟ ਪਾਈਪਲਾਈਨ ਦਾ ਟੈਂਡਰ ਪਾ ਕੇ ਨਵੀਂ ਪਾਈਪਲਾਈਨ ਪਾਈ ਜਾਵੇਗੀ ਤਾਂ ਜੋ ਪਾਣੀ ਸ਼ੁੱਧ ਮਿਲ ਸਕੇ।

# ਮਜੀਠੀਆ ਪੰਜਾਬ ਦੀ ਸਿਆਸਤ ਦਾ ਨਿਡਰ ਚਿਹਰਾ : ਜਿੰਮੀ ਸਰਪੰਚ ਗੱਜਣਵਾਲਾ



ਬਾਘਾ ਪੁਰਾਣਾ (ਮਨੀ ਸਿੰਗਲਾ)-ਪਿੰਡ ਗੱਜਣਵਾਲਾ ਦੇ ਸਰਪੰਚ ਜਿੰਮੀ ਨੇ ਸਾਬਕਾ ਕੈਬਨਿਟ ਮੰਤਰੀ ਅਤੇ ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂ ਬਿਕਰਮਜੀਤ ਸਿੰਘ ਮਜੀਠੀਆ ਦੇ ਹੱਕ ਵਿੱਚ ਬਿਆਨ ਜਾਰੀ ਕਰਦਿਆਂ ਕਿਹਾ ਕਿ ਮਜੀਠੀਆ ਪੰਜਾਬ ਦੀ ਸਿਆਸਤ ਦਾ ਲੋਕਪ੍ਰਿਯ ਨੇਤਾ ਹਨ, ਜਿਨ੍ਹਾਂ ਨੇ ਹਮੇਸ਼ਾ ਲੋਕਾਂ ਦੇ ਹੱਕਾਂ ਦੀ ਰੱਖਿਆ ਲਈ ਅਵਾਜ਼ ਬੁਲੰਦ ਕੀਤੀ ਹੈ।ਉਨ੍ਹਾਂ ਕਿਹਾ ਕਿ ਮਜੀਠੀਆ ਦੀ ਸਾਫ਼-ਸੁਥਰੀ ਛਵੀ ਅਤੇ ਲੋਕਾਂ ਨਾਲ ਸਿੱਧਾ ਸੰਪਰਕ ਹੀ ਉਨ੍ਹਾਂ ਦੀ ਸਭ ਤੋਂ ਵੱਡੀ ਤਾਕਤ ਹੈ।ਜਿੰਮੀ ਸਰਪੰਚ ਨੇ ਕਿਹਾ ਕਿ ਜਦੋਂ ਵੀ ਪੰਜਾਬ ਵਿੱਚ ਸ਼੍ਰੋਮਣੀ ਅਕਾਲੀ ਦਲ ਦੀ ਸਰਕਾਰ ਰਹੀ, ਮਜੀਠੀਆ ਨੇ ਇੱਕ ਜ਼ਿੰਮੇਵਾਰ ਮੰਤਰੀ ਵਜੋਂ ਆਪਣਾ ਫਰਜ਼ ਬਖ਼ੂਬੀ ਨਿਭਾਇਆ।ਉਨ੍ਹਾਂ ਦੇ ਕਾਰਜਕਾਲ ਦੌਰਾਨ ਕਈ ਵਿਕਾਸ ਪ੍ਰਾਜੈਕਟ ਲਾਗੂ ਕੀਤੇ ਗਏ, ਜਿਨ੍ਹਾਂ ਨਾਲ ਆਮ ਲੋਕਾਂ ਨੂੰ ਸਿੱਧਾ ਲਾਭ ਮਿਲਿਆ। ਚਾਹੇ ਗੱਲ ਸੜਕਾਂ ਦੀ ਮੁਰੰਮਤ ਦੀ ਹੋਵੇ, ਸਿੱਖਿਆ ਸੰਸਥਾਵਾਂ ਦੇ ਵਿਕਾਸ ਦੀ ਜਾਂ ਸਿਹਤ ਸਹੂਲਤਾਂ ਨੂੰ ਮਜ਼ਬੂਤ ਕਰਨ ਦੀ, ਮਜੀਠੀਆ ਹਮੇਸ਼ਾ ਅੱਗੇ ਰਹੇ।ਉਨ੍ਹਾਂ ਆਖਿਆ ਕਿ ਮਜੀਠੀਆ ਨੇ ਸਿਰਫ਼ ਆਪਣੇ ਹਲਕੇ ਲਈ ਹੀ ਨਹੀਂ, ਸਗੋਂ ਪੂਰੇ ਪੰਜਾਬ ਲਈ ਸੋਚਿਆ ਹੈ।ਕਿਸਾਨਾਂ ਦੀਆਂ ਸਮੱਸਿਆਵਾਂ, ਨੌਜਵਾਨਾਂ ਦੇ ਰੁਜ਼ਗਾਰ ਦੇ ਮਸਲੇ ਅਤੇ ਵਪਾਰੀਆਂ ਦੀਆਂ ਮੁਸ਼ਕਲਾਂ ਨੂੰ ਲੈ ਕੇ ਉਹ ਹਮੇਸ਼ਾ ਸੜਕ ਤੋਂ ਲੈ ਕੇ ਵਿਧਾਨ ਸਭਾ ਤੱਕ ਆਵਾਜ਼ ਉਠਾਉਂਦੇ ਰਹੇ ਹਨ।ਇਹੀ ਕਾਰਨ ਹੈ ਕਿ ਅੱਜ ਵੀ ਲੋਕ ਉਨ੍ਹਾਂ ਨਾਲ ਡਟ ਕੇ ਖੜੇ ਹਨ।ਜਿੰਮੀ ਸਰਪੰਚ ਨੇ ਕਿਹਾ ਕਿ ਮਜੀਠੀਆ ਇੱਕ ਐਸੇ ਨੇਤਾ ਹਨ ਜੋ ਸੱਚ ਦੇ ਰਾਹ 'ਤੇ ਚੱਲਦੇ ਹਨ ਤੇ ਕਿਸੇ ਵੀ ਤਰ੍ਹਾਂ ਦੇ ਦਬਾਅ ਅੱਗੇ ਨਹੀਂ ਝੁਕਦੇ।ਉਨ੍ਹਾਂ ਨੇ ਕਿਹਾ ਕਿ ਮਜੀਠੀਆ ਨੂੰ ਜਿਹੜੀਆਂ ਵੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪਿਆ, ਉਨ੍ਹਾਂ ਨੂੰ ਉਨ੍ਹਾਂ ਨੇ ਧੀਰਜ ਤੇ ਹੌਸਲੇ ਨਾਲ ਝੱਲਿਆ ਹੈ, ਜਿਸ ਨਾਲ ਉਨ੍ਹਾਂ ਦੀ ਛਵੀ ਹੋਰ ਵੀ ਮਜ਼ਬੂਤ ਹੋਈ ਹੈ।ਉਨ੍ਹਾਂ ਆਖਿਆ ਕਿ ਸ਼੍ਰੋਮਣੀ ਅਕਾਲੀ ਦਲ ਹੀ ਪੰਜਾਬ ਦੀ ਇਕੱਲੀ ਪਾਰਟੀ ਹੈ ਜੋ ਸਦਾ ਹੀ ਪੰਜਾਬੀਅਤ, ਪੰਥਕ ਮਰਿਆਦਾ ਤੇ ਸੂਬੇ ਦੇ ਹੱਕਾਂ ਦੀ ਰੱਖਿਆ ਕਰਦੀ ਆ ਰਹੀ ਹੈ ਤੇ ਮਜੀਠੀਆ ਇਸ ਪਾਰਟੀ ਦੇ ਮਜ਼ਬੂਤ ਸਤੰਭ ਹਨ।

# ਐੱਸ ਕੇ ਐੱਮ ਤੇ ਟਰੇਡ ਯੂਨੀਅਨਾਂ ਦੀ ਹੋਈ ਸਾਂਝੀ ਮੀਟਿੰਗ



ਗਿੱਦੜਬਾਹਾ (ਜਸਵੰਤ ਗਿੱਲ ਛੱਤਿਆਣਾ)

ਸੰਯੁਕਤ ਕਿਸਾਨ ਮੋਰਚਾ ਭਾਰਤ ਦੇ ਸੱਦੇ 'ਤੇ ਬਲਾਕ ਗਿੱਦੜਬਾਹਾ ਦੀਆਂ ਵੱਖ-ਵੱਖ ਕਿਸਾਨ ਜਥੇਬੰਦੀਆਂ, ਟਰੇਡ ਯੂਨੀਅਨਾਂ ਤੇ ਪੇਂਡੂ ਤੇ ਮਜ਼ਦੂਰ ਜਥੇਬੰਦੀਆਂ ਦੀ ਮੀਟਿੰਗ ਭਾਰਤੀ ਕਿਸਾਨ ਯੂਨੀਅਨ ਮਾਲਵਾ ਦੇ ਜ਼ਿਲ੍ਹਾ ਪ੍ਰਧਾਨ ਕੁਲਬੀਰ ਸਿੰਘ, ਪਾਵਰਕਾਮ ਠੇਕਾ ਮੁਲਾਜ਼ਮ ਯੂਨੀਅਨ ਦੇ ਕਰਮਜੀਤ ਸਿੰਘ ਤੇ ਪੰਜਾਬ ਖੇਤ ਮਜ਼ਦੂਰ ਯੂਨੀਅਨ ਦੇ ਬਾਜ਼ ਸਿੰਘ ਦੀ ਪ੍ਰਧਾਨਗੀ ਹੇਠ ਗੁਰਦੁਆਰਾ ਦੂਖ ਨਿਵਾਰਨ ਸਾਹਿਬ ਵਿਖੇ ਹੋਈ।ਮੀਟਿੰਗ ਦੌਰਾਨ 5 ਫਰਵਰੀ ਦੀ ਸੰਯੁਕਤ ਕਿਸਾਨ ਮੋਰਚਾ ਦੀ ਸੂਬਾ ਕਮੇਟੀ ਦੀ ਮੀਟਿੰਗ ਵਿੱਚ ਲਏ ਗਏ ਫ਼ੈਸਲਿਆਂ ਅਨੁਸਾਰ ਵਿਚਾਰ ਵਟਾਦਰਾ ਕੀਤਾ ਗਿਆ।ਜ਼ਿਲ੍ਹਾ ਪ੍ਰਧਾਨ ਕੁਲਬੀਰ ਸਿੰਘ ਨੇ ਦੱਸਿਆ ਕਿ 12 ਫਰਵਰੀ ਨੂੰ ਭਾਰਤ ਦੀਆਂ 10 ਕੌਮੀ ਟਰੇਡ ਯੂਨੀਅਨਾਂ ਦੀ ਹੜਤਾਲ ਦੇ ਸੱਦੇ 'ਤੇ ਮਜ਼ਦੂਰ, ਮੁਲਾਜ਼ਮ, ਕਿਸਾਨ ਵਿਰੋਧੀ ਫੈਸਲਿਆਂ ਖਿਲਾਫ਼ ਮੁਕੰਮਲ ਹੜਤਾਲ ਕੀਤੀ ਜਾ ਰਹੀ ਹੈ, ਜਿਸ ਨੂੰ ਕਾਮਯਾਬ ਕਰਨ ਲਈ ਸੰਯੁਕਤ ਕਿਸਾਨ ਮੋਰਚਾ ਭਾਰਤ ਹਿਮਾਹਿਤ ਕਰ ਰਿਹਾ ਹੈ।ਇਸ ਤੋਂ ਇਲਾਵਾ 22 ਫ਼ਰਵਰੀ ਨੂੰ ਬੀਜੇਪੀ ਦੇ ਆਗੂ ਮਨਪ੍ਰੀਤ ਸਿੰਘ ਬਾਦਲ ਦੀ ਪਿੰਡ ਬਾਦਲ ਵਿਖੇ ਰਿਹਾਇਸ਼ ਅੱਗੇ, ਆਮ ਆਦਮੀ ਪਾਰਟੀ ਦੀ ਕੈਬਨਿਟ ਮੰਤਰੀ ਬੀਬੀ ਬਲਜੀਤ ਕੌਰ ਦੀ ਮਲੋਟ ਵਿਖੇ ਸਥਿਤ ਰਿਹਾਇਸ਼ ਅੱਗੇ ਅਤੇ ਵਿਧਾਇਕ ਜਗਦੀਪ ਸਿੰਘ ਕਾਕਾ ਬਰਾੜ ਦੀ ਰਿਹਾਇਸ਼ ਅੱਗੇ ਰੋਸ ਪ੍ਰਦਰਸ਼ਨ ਤੇ ਮੁਜ਼ਾਹਰੇ ਕੀਤੇ ਜਾਣਗੇ।ਯੂਨੀਅਨ ਆਗੂਆਂ ਨੇ ਬਿਜਲੀ ਸੋਧ ਬਿੱਲ ਤੇ ਬੀਜ ਬਿੱਲ 2025 ਰੱਦ ਕਰਾਉਣ, ਚਾਰ ਲੇਬਰ ਕੋਡ ਰੱਦ ਕਰਕੇ ਮਜ਼ਦੂਰ ਪੱਖੀ ਕਾਨੂੰਨ ਲਾਗੂ ਕੀਤੇ ਜਾਣ, ਨਿੱਜੀਕਰਨ ਬੰਦ ਕਰਨ, ਅਮਰੀਕਾ ਨਾਲ ਕੀਤਾ ਗਿਆ ਮੁਕਤ ਵਪਾਰ ਸਮਝੌਤਾ ਰੱਦ ਕਰਨ, ਘੱਟੋ ਘੱਟ ਬੁਢਾਪਾ ਪੈਨਸ਼ਨ ਕਿਸਾਨ ਮਜ਼ਦੂਰ ਸਭਨਾਂ ਲਈ 10 ਹਜਾਰ ਰੁਪਏ ਪ੍ਰਤੀ ਮਹੀਨਾ ਕੀਤੇ ਜਾਣ, ਜੀ ਰਾਮ ਜੀ ਰੱਦ ਕਰਕੇ ਮਗਨਰੇਗਾ ਨੂੰ ਲਾਗੂ ਕਰਨ, ਕਿਸਾਨਾਂ ਮਜਦੂਰਾਂ ਦੇ ਕਰਜੇ ਮੁਆਫ ਕਰਨ, ਸਾਰੀਆਂ ਫਸਲਾਂ ਤੇ ਐਮਐਸਪੀ ਦੀ ਗਰੰਟੀ ਦੇਣ, ਕੱਚੇ ਮੁਲਾਜ਼ਮ ਪੱਕੇ ਕੀਤੇ ਜਾਣ, ਮੋਗਾ ਵਿਖੇ ਚੋਣ ਡਿਊਟੀ ਦੌਰਾਨ ਅਧਿਆਪਕ ਜੋੜੇ ਨਾਲ ਵਾਪਰੇ ਹਾਦਸੇ ਤੇ ਪਰਿਵਾਰ ਨੂੰ ਵਿਸ਼ੇਸ਼ ਮੁਆਵਜ਼ੇ ਦੀ ਮੰਗ ਕੀਤੀ ਗਈ।

# ਦੇਸ਼ ਭਗਤ ਮੇਲਾ ਲਲਤੋਂ ਖੁਰਦ 'ਚੋਂ ਗੂੰਜਿਆ ਕਾਰਪੋਰੇਟੀ ਲੁੱਟ ਦੇ ਖਾਤਮੇ ਲਈ ਵਿਸ਼ਾਲ ਲੋਕ ਲਹਿਰ ਦੀ ਉਸਾਰੀ ਦਾ ਹੋਕਾ



ਲੁਧਿਆਣਾ (ਸਤੀਸ਼ ਸਚਦੇਵਾ)

ਗਦਰੀ ਬਾਬਾ ਗੁਰਮੁਖ ਸਿੰਘ ਲਲਤੋਂ ਜੀ ਦੀ 49ਵੀਂ ਸਾਲਾਨਾ ਬਰਸੀ ਮੌਕੇ ਗਦਰੀ ਬਾਬਾ ਗੁਰਮੁਖ ਸਿੰਘ ਯਾਦਗਾਰ ਕਮੇਟੀ (ਰਜਿ:) ਲਲਤੋਂ ਖੁਰਦ ਦੀ ਪਹਿਲਕਦਮੀ ਤੇ ਉੱਦਮ ਨਾਲ, ਦੇਸ਼ ਭਗਤ ਯਾਦਗਾਰ ਕਮੇਟੀ ਜਲੰਧਰ ਤੇ ਕਾਮਾਗਾਟਾਮਾਰੂ ਯਾਦਗਾਰ ਕਮੇਟੀ ਜ਼ਿਲ੍ਹਾ ਲੁਧਿਆਣਾ ਦੀ ਸਾਂਝੀ ਸਰਪ੍ਰਸਤੀ ਹੇਠ ਗ੍ਰਾਮ ਪੰਚਾਇਤ, ਗੁਰਦੁਆਰਾ ਕਮੇਟੀਆਂ ਤੇ ਸਮਾਜ ਸੇਵੀ ਸੰਸਥਾਵਾਂ ਦੇ ਸਹਿਯੋਗ ਨਾਲ ਗਦਰੀ ਬਾਬਾ ਗੁਰਮੁਖ ਸਿੰਘ ਸਰਕਾਰੀ ਮਿਡਲ ਸਕੂਲ ਦੇ ਖੇਡ ਮੈਦਾਨ ਵਿਖੇ ਵਿਸ਼ਾਲ ਦੇਸ਼ ਭਗਤ ਮੇਲਾ ਲਾਇਆ ਗਿਆ।ਯਾਦਗਾਰ ਕਮੇਟੀਆਂ ਅਤੇ ਜਨਤਕ ਜਥੇਬੰਦੀਆਂ ਦੇ ਆਗੂਆਂ ਤੇ ਵਰਕਰਾਂ ਨੇ ਗ਼ਦਰ ਪਾਰਟੀ ਦਾ ਝੰਡਾ ਝਲਾਉਣ, ਗ਼ਦਰੀ ਬਾਬਾ ਗੁਰਮੁਖ ਸਿੰਘ ਦੇ ਸੁੰਦਰ ਬੁੱਤ ਨੂੰ ਹਾਰ ਪਹਿਨਾਉਣ ਤੇ ਆਕਾਸ਼ ਗੁੰਜਾਊ ਨਾਅਰੇ ਬੁਲੰਦ ਕਰਨ ਨਾਲ ਮੇਲੇ ਦੀ ਸ਼ੁਰੂਆਤ ਕੀਤੀ।

ਇਸ ਉਪਰੰਤ ਹਾਜ਼ਰੀਨਾਂ ਨੇ ਖੜੇ ਹੋ ਕੇ ਤੇ 2 ਮਿੰਟ ਮੌਨ ਧਾਰ ਕੇ ਬਾਬਾ ਜੀ ਸਮੇਤ ਸਮੂਹ ਗਦਰੀ ਸ਼ਹੀਦਾਂ ਨੂੰ ਨਿੱਘੀ ਤੇ ਭਾਵ ਭਿੰਨੀ ਸ਼ਰਧਾਂਜਲੀ ਅਰਪਿਤ ਕੀਤੀ।ਮੇਲੇ ਦੇ ਪ੍ਰਧਾਨਗੀ ਮੰਡਲ ਵਜੋਂ ਚਿਰੰਜੀ ਲਾਲ ਕੰਗਣੀਵਾਲ, ਦੇਸ਼ ਭਗਤ ਯਾਦਗਾਰ ਕਮੇਟੀ ਜਲੰਧਰ ਵੱਲੋਂ ਡਾਕਟਰ ਸ਼ਲੇਸ਼, ਮਹਿੰਦਰ ਸਿੰਘ ਮੋਹੀ, ਤਰਕਸ਼ੀਲ ਆਗੂ ਸਤੀਸ਼ ਸਚਦੇਵਾ, ਬਲਦੇਵ ਸਿੰਘ ਦੇਵ ਸਰਾਭਾ, (ਕਨਵੀਨਰ ਸਰਾਭਾ ਪੰਥਕ ਮੋਰਚਾ), ਜਸਵੀਰ ਕੌਰ ਜੋਧਾ (ਦੋਵੇਂ ਜਲੰਧਰ ਕਮੇਟੀ), ਐਡਵੋਕੇਟ ਕੁਲਦੀਪ ਸਿੰਘ, ਉਜਾਗਰ ਸਿੰਘ ਬੱਦੋਵਾਲ (ਦੋਨੋਂ ਕਾਮਾਗਾਟਾ ਮਾਰੂ ਕਮੇਟੀ), ਪ੍ਰਧਾਨ ਰਣਜੀਤ ਸਿੰਘ ਜੀਤੂ, ਸਕੱਤਰ ਮਾਸਟਰ ਜਸਦੇਵ ਸਿੰਘ ਲਲਤੋਂ (ਦੋਵੇਂ ਪਿੰਡ ਕਮੇਟੀ) ਨੂੰ ਸੁਸ਼ੋਭਿਤ ਕੀਤਾ ਗਿਆ।ਯਾਦਗਾਰ ਕਮੇਟੀ ਦੇ ਸਕੱਤਰ ਮਾਸਟਰ ਜਸਦੇਵ ਸਿੰਘ ਲਲਤੋਂ ਵੱਲੋਂ ਗਦਰੀ ਬਾਬਾ ਗੁਰਮੁਖ ਸਿੰਘ ਜੀ ਦੇ ਸਾਲ 1892 'ਚ ਜਨਮ ਤੋਂ ਲੈ ਕੇ ਪੜ੍ਹਾਈ, ਹਾਂਗਕਾਂਗ ਤੋਂ ਕਾਮਾਗਾਟਾਮਾਰੂ ਜਹਾਜ ਰਾਹੀਂ ਵੈਨਕੂਵਰ (ਕੈਨੇਡਾ) ਤੇ ਵਾਪਸੀ ਬੱਜਬੱਜ ਘਾਟ (ਕਲਕੱਤਾ) ਤੱਕ ਦੇ ਇਮਤਿਹਾਨੀ ਸਫਰ, ਗਦਰੀ ਕਰਤਾਰ ਸਿੰਘ ਸਰਾਭਾ ਨਾਲ ਹੋਏ ਮੇਲ, ਬਰਤਾਨਵੀ ਹਕੂਮਤ ਦਾ ਤਖਤਾ ਪਲਟਣ ਲਈ ਹਥਿਆਰ ਬੰਦ ਗ਼ਦਰ ਦੀ ਤਿਆਰੀ, ਕਾਲੇ ਪਾਣੀ (ਅੰਡੇਮਾਨ ਨਿਕੋਬਾਰ) 'ਚ ਕੱਟੀਆਂ 18 ਸਾਲ ਦੀਆਂ ਬਾਮੁਸ਼ੱਕਤ ਕੈਦਾਂ, 20 ਸਾਲ ਦੇ ਗੁਪਤਵਾਸ, 1959 ਦੇ ਖੁਸ਼ਹੈਸੀਅਤ ਟੈਕਸ ਵਿਰੁੱਧ ਮੋਰਚੇ, ਦੇਸ਼ ਭਗਤ ਯਾਦਗਾਰ ਹਾਲ ਦੀ ਉਸਾਰੀ ਵਾਲੇ ਸਾਰੇ ਪਹਿਲੂਆਂ ਤੇ ਸੰਖੇਪ ਤੇ ਅਹਿਮ ਚਾਨਣਾ ਪਾਇਆ।ਸੱਭਿਆਚਾਰ ਦੇ ਸੈਸ਼ਨ ਦੌਰਾਨ ਸ.ਸੀ.ਸੈ. ਸਕੂਲ ਲਲਤੋਂ ਕਲਾਂ, ਸ.ਮਿ.ਸ. ਤੇ ਸ.ਪ੍ਰਾ.ਸ. ਲਲਤੋਂ ਖੁਰਦ ਦੇ ਦਰਜਨ ਤੋਂ ਉੱਪਰ ਸਕੂਲੀ ਬੱਚਿਆਂ ਤੇ ਕਵੀਸ਼ਰ ਰਾਮ ਸਿੰਘ ਹਠੂਰ, ਨਿਰਮਲ ਸਿੰਘ ਬੱਦੋਵਾਲ ਨੇ ਇਨਕਲਾਬੀ, ਦੇਸ਼ ਪ੍ਰੇਮੀ ਤੇ ਸਮਾਜੀ ਸਿੱਖਿਆ ਸੁਰ ਵਾਲੇ ਉੱਤਮ ਗੀਤ, ਕਵਿਤਾਵਾਂ ਤੇ ਕਵੀਸ਼ਰੀਆਂ ਦਾ ਰੰਗ ਬੰਨ੍ਹਿਆ।ਬੁਲਾਰਿਆਂ ਵਜੋਂ ਇਤਿਹਾਸਕਾਰ ਚਿਰੰਜੀ ਲਾਲ ਕੰਗਣੀਵਾਲ, ਕੁਲਦੀਪ ਸਿੰਘ ਐਡਵੋਕੇਟ, ਕਾਮਰੇਡ ਤਰਸੇਮ ਜੋਧਾਂ, ਐਡਵੋਕੇਟ ਹਰਪ੍ਰੀਤ ਜੀਰਖ,ਉਜਾਗਰ ਸਿੰਘ ਬੱਦੋਵਾਲ ਨੇ ਗਦਰ ਪਾਰਟੀ ਦੇ ਮਿਸ਼ਨ, ਕੀਤੀਆਂ ਬੇਮਿਸਾਲ ਤਿਆਗ ਤੇ ਕੁਰਬਾਨੀਆਂ, ਅਧੂਰੇ ਕਾਰਜ, ਪੰਜਾਬ ਸਮੇਤ ਦੇਸ਼ ਦੀ ਮੌਜੂਦਾ ਸਥਿਤੀ, ਗਦਰੀ ਸ਼ਹੀਦਾਂ ਦੇ ਅਸਲੀ ਵਾਰਸਾਂ ਦੀਆਂ ਚੁਣੌਤੀਆਂ ਤੇ ਜ਼ਿੰਮੇਵਾਰੀਆਂ ਤੇ ਦੇਸੀ/ਵਿਦੇਸ਼ੀ ਕਾਰਪੋਰੇਟੀ ਲੁੱਟ ਦੇ ਜ਼ੁਲਮ ਦੇ ਖਾਤਮੇ ਲਈ ਵਿਸ਼ਾਲ ਤੋਂ ਵਿਸ਼ਾਲ ਲੋਕ ਲਹਿਰ ਦੀ ਉਸਾਰੀ ਦਾ ਸੰਗਰਾਮੀ ਸੱਦਾ ਬੁਲੰਦ ਕੀਤਾ।

# ਲੜਕੀਆਂ ਦਾ ਹਾਕੀ ਟੂਰਨਾਮੈਂਟ 14-15 ਨੂੰ

ਸ੍ਰੀ ਮੁਕਤਸਰ ਸਾਹਿਬ, (ਸ਼ਮਿੰਦਰਪਾਲ, ਪੂਜਾ)-ਅਵਤਾਰ ਸਿੰਘ ਸਿੱਧੂ ਮੈਮੋਰੀਅਲ ਦੇ ਸਹਿਯੋਗ ਨਾਲ ਪਹਿਲਾ ਲੜਕੀਆਂ ਦਾ ਹਾਕੀ ਟੂਰਨਾਮੈਂਟ 14 ਅਤੇ 15 ਫਰਵਰੀ ਨੂੰ ਗੁਰੂ ਗੋਬਿੰਦ ਸਿੰਘ ਸਟੇਡੀਅਮ ਸਰਕਾਰੀ ਕਾਲਜ ਸ੍ਰੀ ਮੁਕਤਸਰ ਸਾਹਿਬ ਵਿਖੇ ਕਰਵਾਇਆ ਜਾ ਰਿਹਾ ਹੈ। ਇਸ ਟੂਰਨਾਮੈਂਟ ਦਾ ਉਦੇਸ਼ ਲੜਕੀਆਂ ਨੂੰ ਖੇਡਾਂ ਵੱਲ ਪ੍ਰੇਰਿਤ ਕਰਨਾ ਤੇ ਹਾਕੀ ਖੇਡ ਨੂੰ ਹੋਰ ਪ੍ਰੋਤਸ਼ਾਹਿਤ ਕਰਨਾ ਹੈ।ਟੂਰਨਾਮੈਂਟ ਦੌਰਾਨ ਜੇਤੂ ਟੀਮਾਂ ਲਈ ਆਕਰਸ਼ਕ ਇਨਾਮਾਂ ਦਾ ਐਲਾਨ ਕੀਤਾ ਗਿਆ ਹੈ, ਜਿਸ ਅਨੁਸਾਰ ਪਹਿਲਾ ਇਨਾਮ 71,000 ਰੁਪਏ, ਦੂਜਾ ਇਨਾਮ 51,000 ਰੁਪਏ ਅਤੇ ਤੀਜਾ ਇਨਾਮ 31,000 ਰੁਪਏ ਰੱਖਿਆ ਗਿਆ ਹੈ।

ਇਸ ਤੋਂ ਇਲਾਵਾ ਚੌਥੇ ਤੋਂ ਦਸਵੇਂ ਸਥਾਨ ਤੱਕ ਰਹਿਣ ਵਾਲੀਆਂ ਟੀਮਾਂ ਨੂੰ ਵੀ ਪ੍ਰੋਤਸਾਹਨ ਰਾਸ਼ੀ ਦਿੱਤੀ ਜਾਵੇਗੀ ਅਤੇ ਸਰਵੋਤਮ ਖਿਡਾਰੀ ਨੂੰ ਵਿਸ਼ੇਸ਼ ਸਨਮਾਨ ਨਾਲ ਨਵਾਜਿਆ ਜਾਵੇਗਾ। ਇਸ ਮੌਕੇ ਮੁੱਖ ਮਹਿਮਾਨ ਵਜੋਂ ਸ੍ਰੀ ਮੁਕਤਸਰ ਸਾਹਿਬ ਦੇ ਵਿਧਾਇਕ ਜਗਦੀਪ ਸਿੰਘ ਕਾਕਾ ਬਰਾੜ, ਜਲਾਲਾਬਾਦ ਦੇ ਵਿਧਾਇਕ ਜਗਦੀਪ ਕੰਬੋਜ਼ ਗੋਲਡੀ ਤੇ ਲੁਧਿਆਣਾ ਦੇ ਐਮਪੀ ਅਮਰਿੰਦਰ ਸਿੰਘ ਰਾਜਾ ਵੜਿੰਗ ਵੱਲੋਂ ਸ਼ਿਰਕਤ ਕੀਤੀ ਜਾਵੇਗੀ। ਆਯੋਜਕਾਂ ਨੇ ਦੱਸਿਆ ਕਿ ਅੰਡਰ-19 ਵਰਗ ਦੀਆਂ ਟੀਮਾਂ ਇਸ ਮੁਕਾਬਲੇ ਵਿੱਚ ਭਾਗ ਲੈ ਸਕਦੀਆਂ ਹਨ ਅਤੇ ਖਿਡਾਰੀਆਂ ਦੀ ਰਜਿਸਟਰੇਸ਼ਨ ਲਈ ਤਿਆਰੀਆਂ ਮੁਕੰਮਲ ਕਰ ਲਈਆਂ ਗਈਆਂ ਹਨ।

# ਪਾਣੀ ਦੀਆਂ ਪਾਈਪਾਂ ਪਾਉਣ ਦੇ ਟੈਂਡਰ ਤੇ ਵਰਕ ਆਰਡਰ ਤੋਂ ਬਾਅਦ ਨਹੀਂ ਚੱਲ ਰਿਹਾ ਕੰਮ

ਬਠਿੰਡਾ (ਪਰਵਿੰਦਰ ਜੀਤ ਸਿੰਘ)



ਪੰਜਾਬ ਸਰਕਾਰ ਵੱਲੋਂ ਮੰਡੀ ਨਿਵਾਸੀਆਂ ਨੂੰ ਪੀਣ ਵਾਲੇ ਸ਼ੁੱਧ ਪਾਣੀ ਦੀ ਸਪਲਾਈ ਮੁਹੱਈਆ ਕਰਾਉਣ ਦੇ ਮੰਤਵ ਨਾਲ ਲਗਭਗ 20 ਕਰੋੜ ਰੁਪਏ ਦੀ ਗ੍ਰਾਂਟ ਅੰਮ੍ਰਿਤ ਦੋ ਸਕੀਮ ਤਹਿਤ ਜਾਰੀ ਕੀਤੀ ਜਾ ਚੁੱਕੀ ਹੈ।ਇਸ ਸਕੀਮ ਤਹਿਤ ਮੰਡੀ ਅੰਦਰ ਲਗਭਗ 30 ਕਿਲੋਮੀਟਰ ਪਾਈਪ ਪਾਈ ਜਾਵੇਗੀ ਤੇ ਇਸ ਸਕੀਮ ਦੇ ਟੈਂਡਰ ਅਤੇ ਵਰਕ ਆਰਡਰ ਵੀ ਹੋ ਚੁੱਕੇ ਹਨ ਤੇ ਠੇਕੇਦਾਰ ਵੱਲੋਂ ਮੰਡੀ ਅੰਦਰ ਥਾਂ-ਥਾਂ 'ਤੇ ਪਾਣੀ ਵਾਲੀਆਂ ਪਾਈਪਾਂ ਵੀ ਟਰੱਕਾਂ ਰਾਹੀਂ ਭੇਜ ਦਿੱਤੀਆਂ ਗਈਆਂ ਹਨ।ਹਲਕਾ ਵਿਧਾਇਕ ਮੌੜ ਵੱਲੋਂ ਇਸ ਦਾ ਰਸਮੀ ਉਦਘਾਟਨ ਵੀ ਕੀਤਾ ਜਾ ਚੁੱਕਾ ਹੈ, ਪਰ ਇਸ ਦੇ ਬਾਵਜੂਦ ਮੰਡੀ ਅੰਦਰ ਪਾਣੀ ਵਾਲੀਆਂ ਪਾਈਪਾਂ ਪਾਉਣ ਦਾ ਕੰਮ ਸ਼ੁਰੂ ਨਾ ਹੋਣਾ ਮੰਡੀ ਨਿਵਾਸੀਆਂ ਲਈ ਇੱਕ ਬੁਝਾਰਤ ਬਣਿਆ ਹੋਇਆ ਹੈ। ਦੱਸਣਾ ਬਣਦਾ ਹੈ ਕਿ ਜਿਨ੍ਹਾਂ ਚਿਰ ਮੰਡੀ ਅੰਦਰ ਪਾਣੀ ਵਾਲੀਆਂ ਪਾਈਪਾਂ ਨਹੀਂ ਪਾਈਆਂ ਜਾਂਦੀਆਂ, ਓਨਾ ਚਿਰ ਮੰਡੀ ਅੰਦਰ ਨਵੀਆਂ ਸੜਕਾਂ ਦੀ ਉਸਾਰੀ ਦਾ ਕੰਮ ਚੱਲਣਾ ਵੀ ਮੁਸ਼ਕਲ ਹੈ। ਭਰੋਸੇਯੋਗ ਸੂਤਰਾਂ ਤੋਂ ਮਿਲੀ ਜਾਣਕਾਰੀ ਅਨੁਸਾਰ ਕੇਂਦਰ ਸਰਕਾਰ ਵੱਲੋਂ ਲਗਭਗ 6 ਕਰੋੜ ਰੁਪਏ ਸ਼ਾਸਸੀ ਸਕੀਮ ਤਹਿਤ ਮੰਡੀ ਦੀਆ ਦੋ ਸੜਕਾਂ ਬਣਾਉਣ ਲਈ ਪਾਸ ਕੀਤੇ ਗਏ ਹਨ।ਜਿਸ ਤਹਿਤ ਮੌੜ ਕੈਂਚੀਆਂ ਤੋਂ ਲੈ ਕੇ ਮੌੜ ਖ਼ੁਰਦ ਨਹਿਰ ਤੱਕ ਅਤੇ ਦੂਜੀ ਸੜਕ ਕੁਟੀਆ ਰੋਡ ਤੋਂ ਲੈ ਕੇ ਬਠਿੰਡਾ ਮਾਨਸਾ ਹਾਈਵੇ ਰੋਡ ਤੱਕ ਬਣਨੀਆਂ ਹਨ। ਇਨ੍ਹਾਂ ਸੜਕਾਂ ਨੂੰ ਬਣਾਉਣ ਦੇ ਟੈਂਡਰ ਵੀ ਹੋ ਚੁੱਕੇ ਹਨ, ਪ੍ਰੰਤੂ ਪਾਣੀ ਵਾਲੀਆਂ ਪਾਈਪਾਂ ਪਾਉਣ ਦਾ ਕੰਮ ਕਿਸੇ ਹੋਰ ਠੇਕੇਦਾਰ ਕੋਲ ਹੈ ਤੇ ਉਹਨਾਂ ਵਲੋਂ ਪਾਣੀ ਵਾਲੀਆਂ ਪਾਈਪਾਂ ਨਾ ਪਾਉਣ ਕਰਕੇ ਸੜਕਾਂ ਬਣਾਉਣ ਦਾ ਕੰਮ ਠੇਕੇਦਾਰ ਵਲੋਂ ਸ਼ੁਰੂ ਨਹੀਂ ਕੀਤਾ ਗਿਆ।

ਇਸ ਤੋਂ ਇਲਾਵਾ ਪੰਜ ਕਰੋੜ 15 ਲੱਖ ਰੁਪਏ ਮਿਊਂਸਪਲ ਵਿਕਾਸ ਫੰਡ ਤਹਿਤ ਮੰਡੀ ਦੀਆਂ ਸੜਕਾਂ ਬਣਾਉਣ ਲਈ ਪੰਜਾਬ ਸਰਕਾਰ ਵਲੋਂ ਗ੍ਰਾਂਟ ਜਾਰੀ ਕੀਤੀ ਗਈ ਹੈ, ਜਿਨ੍ਹਾਂ ਤੱਕ ਮੰਡੀ ਅੰਦਰ ਪਾਣੀ ਵਾਲੀਆਂ ਪਾਈਪਾਂ ਨਹੀਂ ਪਾਈਆਂ ਜਾਂਦੀਆਂ, ਉਨ੍ਹਾਂ ਤੱਕ ਨਵੀਆਂ ਸੜਕਾਂ ਬਣਾਉਣ ਦਾ ਕੰਮ ਠੇਕੇਦਾਰ ਵਲੋਂ ਕਰਨਾ ਮੁਸ਼ਕਲ ਲੱਗਦਾ ਹੈ। ਜੇਕਰ ਇਹ ਗ੍ਰਾਂਟਾਂ ਵਾਪਸ ਚਲੀਆਂ ਜਾਂਦੀਆਂ ਹਨ ਤਾਂ ਪਿਛਲੇ ਲੰਮੇ ਸਮੇਂ ਤੋਂ ਸੰਤਾਪ ਹੰਢਾਅ ਰਹੇ ਮੰਡੀ ਨਿਵਾਸੀਆਂ ਨੂੰ ਪੰਜ ਸਾਲ ਹੋਰ ਸੰਤਾਪ ਹੰਢਾਉਣ ਲਈ ਮਜਬੂਰ ਹੋਣਾ ਪਵੇਗਾ। ਮੰਡੀ ਨਿਵਾਸੀਆਂ ਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਤੋਂ ਮੰਗ ਕਰਦੇ ਕਿਹਾ ਕੇ ਮੰਡੀ ਅੰਦਰ ਪੀਣ ਵਾਲੇ ਸੁੱਧ ਪਾਣੀ ਦੀਆ ਪਾਈਪਾਂ ਪਾਉਣ ਦਾ ਕੰਮ ਜਲਦੀ ਸ਼ੁਰੂ ਕਰਾਇਆ ਜਾਵੇ ਅਤੇ ਪਾਣੀ ਦੀਆਂ ਪਾਈਪਾਂ ਪਾਉਣ ਦੇ ਕੰਮ ਵਿੱਚ ਰੁਕਾਵਟ ਪਾਉਣ ਵਾਲੇ ਅਧਿਕਾਰੀਆਂ ਤੇ ਰਾਜਨੀਤਕ ਲੀਡਰਾਂ ਖਿਲਾਫ ਸਖ਼ਤ ਰੁੱਖ ਅਪਨਾਉਣ ਦੀ ਅਪੀਲ ਵੀ ਕੀਤੀ ਹੈ।ਮੰਡੀ ਨਿਵਾਸੀਆਂ ਦਾ ਕਹਿਣਾ ਹੈ ਕੇ ਠੇਕੇਦਾਰ ਮੰਡੀ ਅੰਦਰ ਪਾਣੀ ਵਾਲੀਆਂ ਪਾਈਪਾਂ ਪਾਉਣ ਨੂੰ ਤਿਆਰ ਹੈ, ਪ੍ਰੰਤੂ ਪਤਾ ਨਹੀਂ ਵਿਭਾਗ ਦੇ ਅਧਿਕਾਰੀ ਕੰਮ ਵਿੱਚ ਰੁਕਾਵਟ ਕਿਉਂ ਬਣੇ ਹੋਏ ਹਨ ਜਾਂ ਫਿਰ ਵਿਭਾਗ ਦੇ ਅਧਿਕਾਰੀਆਂ ਨੂੰ ਕਿਸੇ ਵਿਧਾਇਕ ਜਾਂ ਮੰਤਰੀ ਨੇ ਕੰਮ ਕਰਨ ਤੋਂ ਰੋਕਿਆ ਹੋਇਆ ਹੈ।ਭਾਵੇਂ ਮੰਡੀ ਨਿਵਾਸੀ ਦੱਬੀ ਅਵਾਜ ਵਿੱਚ ਹਲਕਾ ਵਿਧਾਇਕ ਨੂੰ ਇਸ ਦਾ ਜ਼ਿੰਮੇਵਾਰ ਦੱਸ ਰਹੇ ਹਨ, ਕਿਉਂਕਿ ਹਲਕਾ ਵਿਧਾਇਕ ਤੇ ਕੌਂਸਲ ਪ੍ਰਧਾਨ ਦਾ ਆਪਸੀ ਤਾਲਮੇਲ ਠੀਕ ਨਾ ਹੋਣ ਦਾ ਖਮਿਆਜਾ ਮੰਡੀ ਨਿਵਾਸੀ ਪਿਛਲੇ ਕਈ ਸਾਲਾਂ ਤੋਂ ਭੁਗਤ ਰਹੇ ਹਨ।

ਠੇਕੇਦਾਰ ਮਨੀਸ਼ ਕੁਮਾਰ ਨਾਲ ਗੱਲ ਕੀਤੀ ਤਾਂ ਉਨ੍ਹਾਂ ਕਿਹਾ ਕਿ ਪਾਈਪਾਂ 15 ਮਹੀਨਿਆਂ ਅੰਦਰ ਪਾਉਣੀਆਂ ਹਨ, ਪ੍ਰੰਤੂ ਇੱਕ ਮਹੀਨਾ ਬੀਤ ਜਾਣ ਦੇ ਬਾਬਜੂਦ ਵਿਭਾਗ ਵਲੋਂ ਕੰਮ ਸ਼ੁਰੂ ਨਹੀਂ ਕਰਾਇਆ ਗਿਆ। ਉਨ੍ਹਾਂ ਕਿਹਾ ਕਿ ਜੇਕਰ ਕੰਮ ਜਲਦੀ ਸ਼ੁਰੂ ਨਾ ਹੋਇਆ ਤਾਂ ਪਾਈਪਾਂ ਪਾਉਣ ਦਾ ਕੰਮ ਸਮੇਂ ਸਿਰ ਮੁਕੰਮਲ ਨਹੀਂ ਹੋਵੇਗਾ, ਜਦੋਂਕਿ ਪਾਈਪਾਂ ਮੰਡੀ ਅੰਦਰ ਆ ਚੁੱਕੀਆਂ ਹਨ।ਐਕਸੀਅਨ ਬਲਜੀਤ ਸਿੰਘ ਫੋਨ 'ਤੇ ਗੱਲ ਕੀਤੀ ਤਾਂ ਉਨ੍ਹਾਂ ਕਿਹਾ ਕਿ ਕੰਮ ਜਲਦ ਸ਼ੁਰੂ ਹੋ ਰਿਹਾ ਹੈ, ਜਦੋਂ ਉਨ੍ਹਾਂ ਤੋਂ ਇੱਕ ਮਹੀਨਾ ਬੀਤ ਜਾਣ ਦੇ ਬਾਬਜੂਦ ਕੰਮ ਸ਼ੁਰੂ ਨਾ ਹੋਣ ਸਬੰਧੀ ਗੱਲ ਕੀਤੀ ਤਾ ਉਨ੍ਹਾਂ ਦਾ ਇੱਕੋ ਜਵਾਬ ਸੀ ਕਿ ਕੰਮ ਜਲਦ ਸ਼ੁਰੂ ਹੋ ਰਿਹਾ ਹੈ।

# 'ਅਪਰੇਸ਼ਨ ਪ੍ਰਹਾਰ-2' ਤਹਿਤ ਪੁਲਸ ਦੂਜੇ ਦਿਨ ਵੀ ਰਹੀ ਮੁਸਤੈਦ

## ਹੁਣ ਤੱਕ 85 ਲੋੜੀਂਦੇ ਮੁਜਰਮਾਂ ਨੂੰ ਗ੍ਰਿਫਤਾਰ ਕੀਤਾ ਗਿਆ : ਵਰੁਣ ਸ਼ਰਮਾ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਪਟਿਆਲਾ ਦੇ ਜ਼ਿਲ੍ਹਾ ਪੁਲਸ ਮੁਖੀ ਵਰੁਣ ਸ਼ਰਮਾ ਨੇ ਦੱਸਿਆ ਕਿ ਪੰਜਾਬ ਦੇ ਡਾਇਰੈਕਟਰ ਜਨਰਲ ਆਫ ਪੁਲਸ ਗੌਰਵ ਯਾਦਵ ਦੇ ਦਿਸ਼ਾ ਨਿਰਦੇਸ਼ਾਂ ਹੇਠ ਪੰਜਾਬ ਪੁਲਸ ਵੱਲੋਂ ਚਲਾਈ ਗਈ ਮੁਹਿੰਮ ਉਪਰੇਸ਼ਨ ਪ੍ਰਹਾਰ-2 ਦੇ ਤਹਿਤ ਕਾਰਵਾਈ ਅਮਲ ਵਿੱਚ ਲਿਆਂਉਂਦੇ ਹੋਏ ਪਟਿਆਲਾ ਪੁਲਸ ਨੇ ਜ਼ਿਲ੍ਹੇ ਵਿੱਚ ਦੂਸਰੇ ਦਿਨ ਵੀ ਸਵੇਰੇ 5 ਵਜੇ ਤੋਂ ਹੀ ਪੁਲਸ ਅਧਿਕਾਰੀਆਂ/ਕਰਮਚਾਰੀਆਂ ਦੀਆਂ ਵੱਖ-ਵੱਖ ਟੀਮਾਂ ਬਣਾ ਕੇ ਅਲੱਗ-ਅਲੱਗ ਥਾਵਾਂ 'ਤੇ ਲਗਾਤਾਰ ਛਾਪੇਮਾਰੀ ਕੀਤੀ ਗਈ। ਐਸ ਐਸ ਪੀ ਵਰੁਣ ਸ਼ਰਮਾ ਨੇ ਦੱਸਿਆ ਕਿ ਪਟਿਆਲਾ ਪੁਲਸ ਵੱਲੋਂ ਛਾਪੇਮਾਰੀ ਦੌਰਾਨ 9 ਫਰਵਰੀ ਨੂੰ ਕਤਲ, ਲੁੱਟਾਂ ਖੋਹਾਂ, ਡਕੈਤੀ ਅਤੇ ਨਸ਼ਾ ਤਸਕਰੀ ਵਾਲੇ ਸੰਗੀਨ ਜੁਰਮਾਂ ਦੇ ਤਹਿਤ ਦਰਜ ਮੁਕੱਦਮਿਆਂ ਦੇ ਕਰੀਬ 45 ਲੋੜੀਂਦੇ ਮੁਜਰਮਾਂ ਨੂੰ ਗ੍ਰਿਫਤਾਰ ਕੀਤਾ ਗਿਆ ਸੀ ਅਤੇ 10 ਫਰਵਰੀ ਨੂੰ 40 ਹੋਰ ਲੋੜੀਂਦੇ ਮੁਜਰਮਾਂ ਨੂੰ ਗ੍ਰਿਫਤਾਰ ਕਰਕੇ ਹੁਣ ਤੱਕ ਕੁੱਲ 85 ਦੋਸ਼ੀਆਂ ਨੂੰ ਗ੍ਰਿਫਤਾਰ ਕੀਤਾ ਗਿਆ ਹੈ। ਇਹਨਾਂ ਵਿੱਚੋਂ ਇੱਕ ਐਨਡੀਪੀਐਸ ਐਕਟ ਅਧੀਨ ਕਮਰਸ਼ੀਅਲ ਰਿਕਵਰੀ ਹੇਠ ਥਾਣਾ ਸ਼ੰਭੂ ਵਿਖੇ ਦਰਜ ਮੁਕੱਦਮਾ ਦੇ ਦੋਸ਼ੀ/ਭਗੌੜਾ ਵਿਅਕਤੀ ਨੂੰ ਵੀ ਗ੍ਰਿਫਤਾਰ ਕੀਤਾ ਗਿਆ ਹੈ। ਇਸੇ ਤਰ੍ਹਾਂ ਥਾਣਾ ਪਾਤੜਾਂ ਅਤੇ ਸੀ.ਆਈ.ਏ. ਪਟਿਆਲਾ ਦੀਆਂ ਟੀਮਾਂ ਵੱਲੋਂ ਲੁੱਟਾਂ ਖੋਹਾਂ ਕਰਨ ਵਾਲੇ ਦੋ ਗੈਂਗਾਂ ਦੇ 9 ਵਿਅਕਤੀਆਂ ਖਿਲਾਫ ਦੋ ਵੱਖ-ਵੱਖ ਮੁਕੱਦਮਾ ਦਰਜ ਕਰਕੇ ਉਹਨਾਂ ਪਾਸੋਂ ਮਾਰੂ ਹਥਿਆਰ (ਚਾਕੂ, ਰਾਡਾਂ ਆਦਿ) ਬ੍ਰਾਮਦ ਕਰਕੇ ਗ੍ਰਿਫਤਾਰੀ ਕੀਤੀ ਗਈ ਹੈ। ਇਸ ਸਬੰਧੀ ਵਰੁਣ ਸ਼ਰਮਾ ਨੇ ਹੋਰ ਦੱਸਿਆ ਕਿ ਛਾਪੇਮਾਰੀ ਤੋਂ ਇਲਾਵਾ 11 ਸਵੇਰੇ ਤੋਂ ਦੁਪਹਿਰ 1ਵਜੇ ਤੱਕ ਜ਼ਿਲ੍ਹਾ ਪਟਿਆਲਾ ਅੰਦਰ ਸਾਰੇ ਬੱਸ ਸਟੈਂਡਾਂ ਦਾ ਕਾਰਡਨ ਅਤੇ ਸਰਚ ਅਪਰੇਸ਼ਨ ਕੀਤਾ ਗਿਆ। ਜਿਸ ਵਿੱਚ ਸ਼ੱਕੀ ਵਿਅਕਤੀਆਂ, ਬੈਗੇਜ ਅਤੇ ਪਾਰਕਿੰਗਾਂ ਵਿੱਚ ਖੜ੍ਹੇ ਵਹੀਕਲਾਂ ਆਦਿ ਦੀ ਬਰੀਕੀ ਨਾਲ ਚੈਕਿੰਗ ਕੀਤੀ ਗਈ ਅਤੇ 13 ਵਹੀਕਲਾਂ ਦੇ ਚਲਾਨ ਵੀ ਕੀਤੇ ਗਏ। ਦੁਪਹਿਰ 2:00 ਤੋਂ ਸ਼ਾਮ 4 ਵਜੇ ਤੱਕ ਸਮੂਹ ਸਰਕਲ ਅਫਸਰਾਂ ਦੀ ਨਿਗਰਾਨੀ ਹੇਠ ਥਾਣਿਆਂ ਅਤੇ ਪੁਲਸ ਚੌਂਕੀਆਂ ਦੀ ਫੋਰਸ ਦੁਆਰਾ ਫਲੈਗ ਮਾਰਚ ਕੀਤਾ ਗਿਆ।ਇਸ ਤੋਂ ਇਲਾਵਾ ਸ਼ਹਿਰ ਦੇ ਵੱਖ-ਵੱਖ-ਵੱਖ ਬਾਹਰੀ ਇਲਾਕਿਆਂ ਵਿੱਚ ਰਹਿੰਦੇ ਕਿਰਾਏਦਾਰਾਂ/ਵਿਅਕਤੀਆਂ ਦੀ 2 ਵਜੇ ਦੁਪਹਿਰ ਤੋਂ ਸ਼ਾਮ 6 ਵਜੇ ਤੱਕ ਚੈਕਿੰਗ ਕਰਵਾਈ ਗਈ। ਜਿਸ ਵਿਚ ਵੀ ਕਿਰਾਏਦਾਰ ਵਿਅਕਤੀਆਂ ਦੇ ਸਥਾਈ ਪਤਿਆਂ ਬਾਰੇ ਅਤੇ ਅਸਲ ਪਹਿਚਾਣ ਸਬੰਧੀ ਸ਼ਨਾਖਤੀ ਦਸਤਾਵੇਜ਼ ਚੈਕ ਕੀਤੇ ਗਏ। ਸ਼ਾਮ 5 ਵਜੇ ਤੋਂ ਰਾਤ 9 ਤੱਕ ਜ਼ਿਲ੍ਹਾ ਪਟਿਆਲਾ ਦੇ ਅੰਦਰ ਸਿਟੀ ਸੀਲਿੰਗ ਕਰਵਾਈ ਗਈ ਹੈ। ਇਸ ਸਾਰੀ ਕਾਰਵਾਈ ਵਿੱਚ ਕਰੀਬ 1500 ਪੁਲਸ ਅਧਿਕਾਰੀਆਂ/ਕਰਮਚਾਰੀਆਂ ਵੱਲੋਂ ਕਾਰਵਾਈ ਅਮਲ ਵਿੱਚ ਲਿਆਂਦੀ ਗਈ।

## ਭਾਈ ਅਪਾਰ ਸਿੰਘ ਦਾ ਨਵਾਂ ਸ਼ਬਦ 'ਸੂਰਜ ਕਿਰਣਿ ਮਿਲੇ ਜਲ ਕਾ ਜਲੁ ਹੂਆ ਰਾਮ' ਰਿਲੀਜ਼



**ਜਗਰਾਉਂ (ਸੰਜੀਵ ਅਰੋੜਾ)**-ਪੰਥ ਦੇ ਪ੍ਰਸਿੱਧ ਕੀਰਤਨੀਏ ਤੇ ਸੁਰੀਲੀ ਆਵਾਜ਼ ਦੇ ਮਾਲਕ ਭਾਈ ਅਪਾਰ ਸਿੰਘ ਜ਼ੀਰੇ ਵਾਲਿਆਂ ਦਾ ਨਵਾਂ ਸ਼ਬਦ 'ਸੂਰਜ ਕਿਰਣਿ ਮਿਲੇ ਜਲ ਕਾ ਜਲੁ ਹੂਆ ਰਾਮ' ਨਾਨਕਸਰ ਸੰਪ੍ਰਦਾਇ ਦੇ ਸਮੁੱਚੇ ਮਹਾਂਪੁਰਸ਼ਾਂ ਵੱਲੋਂ ਰਿਲੀਜ਼ ਕੀਤਾ ਗਿਆ। ਸੰਤ ਬਾਬਾ ਲੱਖਾ ਸਿੰਘ ਨਾਨਕਸਰ, ਸੰਤ ਬਾਬਾ ਭਾਗ ਸਿੰਘ ਨਾਨਕਸਰ, ਬਾਬਾ ਸਤਨਾਮ ਸਿੰਘ ਤੇ ਬਾਬਾ ਹਰੀ ਸਿੰਘ ਵੱਲੋਂ ਸ਼ਬਦ ਰਿਲੀਜ਼ ਕਰਨ ਉਪਰੰਤ ਕਿਹਾ ਕਿ ਭਾਈ ਅਪਾਰ ਸਿੰਘ ਜ਼ੀਰੇ ਵਾਲਿਆਂ ਪੰਥ ਦੇ ਪ੍ਰਸਿੱਧ ਕੀਰਤਨੀਏ ਹਨ ਤੇ ਉਨ੍ਹਾਂ ਦੀ ਸੁਰੀਲੀ ਆਵਾਜ਼ ਕਰਕੇ ਹੀ ਅੱਜ ਉਹ ਹਰ ਸਟੇਜ 'ਚ ਹਾਜ਼ਰ ਹੁੰਦੇ ਹਨ। ਉਨ੍ਹਾਂ ਕਿਹਾ ਕਿ ਭਾਈ ਅਪਾਰ ਸਿੰਘ 'ਤੇ ਸੰਤਾਂ ਮਹਾਂਪੁਰਸ਼ਾਂ ਦੀ ਕ੍ਰਿਪਾ ਹੈ, ਜਿਸ ਸਦਕਾ ਉਹ ਦੇਸ਼ਾਂ-ਵਿਦੇਸ਼ਾਂ 'ਚ ਜਾ ਕੇ ਸਿੱਖੀ ਦਾ ਪ੍ਰਚਾਰ ਕਰ ਰਹੇ ਹਨ। ਇਸ ਮੌਕੇ ਭਾਈ ਅਪਾਰ ਸਿੰਘ ਜ਼ੀਰੇ ਵਾਲਿਆਂ ਨੇ ਨਾਨਕਸਰ ਸੰਪ੍ਰਦਾਇ ਦੇ ਸਮੁੱਚੇ ਮਹਾਂਪੁਰਸ਼ਾਂ ਦਾ ਧੰਨਵਾਦ ਕੀਤਾ ਤੇ ਕਿਹਾ ਕਿ ਇਸ ਸ਼ਬਦ ਨੂੰ ਗਾਇਨ ਕਰਨ 'ਚ ਮੇਰੇ ਸਾਥੀਆਂ ਸਾਥੀ ਭਾਈ ਰਜਿੰਦਰ ਸਿੰਘ ਸੰਨੀ ਤੇ ਤਬਲਾ ਵਾਦਕ ਸੁਖਪਾਲ ਸਿੰਘ ਨੇ ਪੂਰਾ ਸਹਿਯੋਗ ਦਿੱਤਾ। ਇੱਥੇ ਜ਼ਿਕਰਯੋਗ ਹੈ ਕਿ ਭਾਈ ਅਪਾਰ ਸਿੰਘ ਜ਼ੀਰੇ ਵਾਲੇ ਨਵੀਂ ਪੀੜ੍ਹੀ ਨੂੰ ਧਰਮ ਤੇ ਸਿੱਖੀ ਨਾਲ ਜੋੜਨ ਲਈ ਮੋਹਰੀ ਰੋਲ ਅਦਾ ਕਰ ਰਹੇ ਹਨ।

## ਵਿਦਿਆਰਥੀਆਂ ਨੂੰ ਅਨੁਸ਼ਾਸਨ 'ਚ ਰਹਿਣ ਦੀ ਪ੍ਰੇਰਣਾ ਦਿੱਤੀ



**ਰਾਮਪੁਰਾ ਫੂਲ (ਦਰਸ਼ਨ ਜਿੰਦਲ)**-ਅਖਿਲ ਭਾਰਤੀ ਸਰਵਹਿਤਕਾਰੀ ਸਿੱਖਿਆ ਸੰਸਥਾਨ ਵੱਲੋਂ ਨਿਯੁਕਤ ਬਾਲ ਕ੍ਰਿਸ਼ਨ (ਖੇਤਰੀ ਸਹਿ-ਸੰਗਠਨ ਮੰਤਰੀ) ਤੇ ਸੰਦੀਪ ਧੂੜੀਆ (ਜਨਰਲ ਸਕੱਤਰ, ਸਰਵਹਿਤਕਾਰੀ ਸਿੱਖਿਆ ਸਮਿਤੀ, ਪੰਜਾਬ) ਦਾ ਲਾਲਾ ਕਸਤੂਰੀ ਲਾਲ ਸਰਵਹਿਤਕਾਰੀ ਸੀਨੀਅਰ ਸੈਕੰਡਰੀ ਵਿਦਿਆ ਮੰਦਰ ਦਾ ਇੱਕ ਦਿਨਾ ਦੌਰਾ ਬਹੁਤ ਪ੍ਰੇਰਣਾਦਾਇਕ ਅਤੇ ਸਫਲ ਰਿਹਾ।ਸਕੂਲ ਕੈਂਪਸ ਵਿੱਚ ਇੱਕ ਸਕਾਰਾਤਮਕ ਮਾਹੌਲ ਰਿਹਾ।ਦਿਨ ਦੀ ਸ਼ੁਰੂਆਤ ਪ੍ਰਾਰਥਨਾ ਸੈਸ਼ਨ ਨਾਲ ਹੋਈ।ਪ੍ਰੋਗਰਾਮ ਦਾ ਉਦਘਾਟਨ ਦੇਵੀ ਸਰਸਵਤੀ ਦੇ ਚਰਨਾਂ ਵਿੱਚ ਦੀਪ ਜਗਾ ਕੇ ਕੀਤਾ ਗਿਆ।ਸਾਰੇ ਵਿਦਿਆਰਥੀਆਂ ਨੇ ਇਕਾਗਰਤਾ ਤੇ ਅਨੁਸ਼ਾਸਨ ਨਾਲ ਪ੍ਰਾਰਥਨਾ ਕੀਤੀ। ਪ੍ਰਿੰਸੀਪਲ ਸੰਜੀਵ ਕੁਮਾਰ ਸ਼ਰਮਾ ਨੇ ਮਹਿਮਾਨਾਂ ਦਾ ਨਿੱਘਾ ਸਵਾਗਤ ਕੀਤਾ ਅਤੇ ਉਨ੍ਹਾਂ ਨੂੰ ਸਿਰੋਪਾਓ ਨਾਲ ਸਨਮਾਨਤ ਕੀਤਾ।ਆਪਣੇ ਪ੍ਰੇਰਣਾਦਾਇਕ ਮਾਰਗਦਰਸ਼ਨ ਵਿੱਚ ਬਾਲ ਕ੍ਰਿਸ਼ਨ ਨੇ ਵਿਦਿਆਰਥੀਆਂ ਅਤੇ ਸਟਾਫ ਨੂੰ ਏਕਤਾ ਤੇ ਅਨੁਸ਼ਾਸਨ ਦੀ ਮਹੱਤਤਾ 'ਤੇ ਜ਼ੋਰ ਦਿੱਤਾ।ਉਨ੍ਹਾਂ ਕਿਹਾ ਕਿ ਪ੍ਰਾਰਥਨਾ ਅਨੁਸ਼ਾਸਨ, ਇਕਾਗਰਤਾ ਤੇ ਸਕਾਰਾਤਮਕ ਸੋਚ ਸਿਖਾਉਂਦੀ ਹੈ।ਉਨ੍ਹਾਂ ਸਾਰਿਆਂ ਨੂੰ ਭਾਰਤ ਦੇ ਵਿਕਾਸ ਵਿੱਚ ਯੋਗਦਾਨ ਪਾਉਣ, ਆਪਣੇ ਫਰਜ਼ ਨਿਭਾਉਣ ਤੇ ਸਮਾਜ ਪ੍ਰਤੀ ਸਮਰਪਤ ਰਹਿਣ ਲਈ ਉਤਸ਼ਾਹਤ ਕੀਤਾ।ਉਨ੍ਹਾਂ ਨੇ ਲੋੜਵੰਦਾਂ, ਝੁੱਗੀ-ਝੌਂਪੜੀਆਂ ਵਾਲਿਆਂ ਤੇ ਗ਼ਰੀਬ ਬੱਚਿਆਂ ਦੀ ਮਦਦ ਲਈ ਅੱਗੇ ਆਉਣ ਦਾ ਸੁਨੇਹਾ ਦਿੱਤਾ, ਤਾਂ ਜੁ ਸਮਾਜ, ਪਿੰਡ ਤੇ ਦੇਸ਼ ਤਰੱਕੀ ਕਰ ਸਕਣ।ਵਿਦਿਆਰਥੀਆਂ ਨੇ ਉਨ੍ਹਾਂ ਦੇ ਵਿਚਾਰ ਬੜੇ ਧਿਆਨ ਤੇ ਦਿਲਚਸਪੀ ਨਾਲ ਸੁਣੇ।ਸੈਸ਼ਨ ਤੋਂ ਬਾਅਦ ਮਹਿਮਾਨਾਂ ਨੇ ਸਕੂਲ ਦੀ ਪ੍ਰਬੰਧਕੀ ਕਮੇਟੀ ਦੇ ਮੈਂਬਰਾਂ ਨਾਲ ਇੱਕ ਮੀਟਿੰਗ ਕੀਤੀ, ਜਿੱਥੇ ਸਕੂਲ ਦੀ ਤਰੱਕੀ ਤੇ ਵਿਕਾਸ ਯੋਜਨਾਵਾਂ 'ਤੇ ਵਿਸਥਾਰ ਨਾਲ ਚਰਚਾ ਕੀਤੀ ਗਈ।ਉਨ੍ਹਾਂ ਨੂੰ ਸਮਾਜਿਕ ਏਕਤਾ ਲਿਆਉਣ ਲਈ ਲੋੜਵੰਦਾਂ ਨੂੰ ਵਿੱਤੀ ਤੌਰ 'ਤੇ ਯੋਗਦਾਨ ਪਾਉਣ ਲਈ ਵੀ ਉਤਸ਼ਾਹਤ ਕੀਤਾ।ਮੀਟਿੰਗ ਦੀ ਸ਼ੁਰੂਆਤ ਵਿੱਚ ਪ੍ਰਬੰਧਕ ਸਮਿਤੀ ਦੇ ਪ੍ਰਧਾਨ ਪ੍ਰੇਮ ਪ੍ਰਕਾਸ਼ ਤੇ ਮੈਨੇਜਰ ਗੁਰਪ੍ਰੀਤ ਸਿੰਘ ਨੇ ਬਾਲ ਕ੍ਰਿਸ਼ਨ ਅਤੇ ਸੰਦੀਪ ਧੂੜੀਆ ਦਾ ਸਵਾਗਤ ਕੀਤਾ।

## ਤਰਕਸ਼ੀਲ ਸੁਸਾਇਟੀ ਨੇ ਸਕੂਲਾਂ 'ਚ ਵਿਦਿਆਰਥੀਆਂ ਤੇ ਅਧਿਆਪਕਾਂ ਨੂੰ ਵੰਡੇ ਸਰਟੀਫਿਕੇਟ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਤਰਕਸ਼ੀਲ ਸੁਸਾਇਟੀ ਦੀ ਪਟਿਆਲਾ ਇਕਾਈ ਵੱਲੋਂ ਪਟਿਆਲਾ ਦੇ ਬਹੁਤ ਸਾਰੇ ਸਕੂਲਾਂ 'ਚ ਚੇਤਨਾ ਪਰਖ ਪ੍ਰੀਖਿਆ ਵਿੱਚੋਂ ਪਾਸ ਹੋਣ ਵਾਲੇ ਵਿਦਿਆਰਥੀਆਂ ਨੂੰ ਸਰਟੀਫਿਕੇਟ ਦਿੱਤੇ ਗਏ ਤੇ ਇਨ੍ਹਾਂ ਵਿੱਚੋਂ ਚੰਗੇ ਨੰਬਰ ਲੈਣ ਵਾਲੇ ਵਿਦਿਆਰਥੀਆਂ ਨੂੰ ਸਨਮਾਨ ਵਜੋਂ ਕਿਤਾਬਾਂ ਦੇ ਸੈੱਟ ਵੀ ਭੇਟ ਕੀਤੇ ਗਏ।ਪਰਖ ਪ੍ਰੀਖਿਆ ਕਰਾਉਣ ਵਿਚ ਸਹਿਯੋਗ ਦੇਣ ਵਾਲੇ ਅਧਿਆਪਕਾਂ ਤੇ ਪ੍ਰਿੰਸੀਪਲਾਂ ਨੂੰ ਵੀ ਸਨਮਾਨ ਕੀਤਾ ਗਿਆ, ਜਿਸ 'ਚ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਗੰਡਾ ਖੇੜੀ, ਸਰਕਾਰੀ ਹਾਈ ਸਕੂਲ ਪਟਿਆਲਾ ਕੈਂਟ ਤੇ ਸਰਕਾਰੀ ਮਲਟੀਪਰਪਜ਼ ਸਕੂਲ ਵਿਸ਼ੇਸ਼ ਹਨ।ਤਰਕਸ਼ੀਲ ਆਗੂ ਪ੍ਰੋ ਪੂਰਨ ਸਿੰਘ,ਰਾਮ ਕੁਮਾਰ ਢੱਕੜਬਾ ਤੇ ਆਰ ਐਸ ਬੰਗ ਨੇ ਸਾਂਝੇ ਤੌਰ 'ਤੇ ਕਿਹਾ ਕਿ ਸਕੂਲਾਂ ਵਿਚ ਗ਼ਦਰ ਲਹਿਰ ਦੀ ਆਗੂ ਬੀਬੀ ਗੁਲਾਬ ਕੌਰ ਨੂੰ ਸਮਰਪਤ ਇਸ ਚੇਤਨਾ ਪਰਖ ਪ੍ਰੀਖਿਆ ਲੈਣ ਦਾ ਮਕਸਦ ਤਰਕਸ਼ੀਲ ਸੁਸਾਇਟੀ ਪੰਜਾਬ ਸਕੂਲਾਂ ਦੇ ਵਿਦਿਆਰਥੀਆਂ ਨੂੰ ਵਹਿਮਾਂ ਭਰਮਾਂ ਵਿੱਚੋਂ ਕੱਢ ਕੇ, ਵਿਗਿਆਨਕ ਸੋਚ ਦੇ ਮਾਲਕ ਬਣਾਨਾ ਚਾਹੁੰਦੀ ਹੈ ਤੇ ਇਸ ਮਕਸਦ ਨੂੰ ਪੂਰਾ ਕਰਨ ਲਈ ਉਨ੍ਹਾਂ ਨੇ ਇਹ ਸੱਤਵੀਂ ਵਾਰ ਪੰਜਾਬ ਦੇ ਸਕੂਲਾਂ ਵਿਚ ਚੇਤਨਾ ਪਰਖ ਪ੍ਰੀਖਿਆ ਲੈਣ ਦਾ ਪ੍ਰਬੰਧ ਕੀਤਾ ਹੈ।ਇਸ ਪ੍ਰੀਖਿਆ ਵਿੱਚ ਸਹਿਯੋਗ ਦੇਣ ਵਾਲੇ ਅਧਿਆਪਕਾਂ ਤੇ ਪ੍ਰਿੰਸੀਪਲ ਸਾਹਿਬਾਨ ਨੇ ਵੀ ਸਾਸਾਇਟੀ ਦੇ ਸਮਾਜ ਸੇਵੀ ਕੰਮਾਂ ਦੀ ਸ਼ਲਾਘਾ ਕੀਤੀ।

## ਗੁਰੂ ਰਵਿਦਾਸ ਗੁਰਦੁਆਰਾ ਪ੍ਰਬੰਧਕ ਕਮੇਟੀ ਮਾਛੀਵਾੜਾ ਖਾਮ ਦੀ ਚੋਣ ਸੰਪੰਨ



**ਮਾਛੀਵਾੜਾ ਸਾਹਿਬ (ਜਗਦੀਸ਼ ਰਾਏ, ਸ਼ੈਂਕੀ ਸ਼ਰਮਾ)**-ਸ੍ਰੀ ਗੁਰੂ ਰਵਿਦਾਸ ਗੁਰਦੁਆਰਾ ਪ੍ਰਬੰਧਕ ਕਮੇਟੀ ਮਾਛੀਵਾੜਾ ਖਾਮ ਦੀ 21 ਮੈਂਬਰੀ ਕਮੇਟੀ ਦੀ ਚੋਣ ਗੁਰੂ ਮਰਿਆਦਾ ਅਨੁਸਾਰ, ਸ਼ਾਂਤੀਪੂਰਨ ਤੇ ਸਹਿਮਤੀ ਨਾਲ ਸੰਪੰਨ ਕੀਤੀ ਗਈ।ਇਸ ਚੋਣ ਦੌਰਾਨ ਸੰਗਤ ਦੀ ਹਾਜ਼ਰੀ ਵਿੱਚ ਨਵੀਂ ਕਮੇਟੀ ਦਾ ਗਠਨ ਕੀਤਾ ਗਿਆ, ਜਿਸ ਵਿੱਚ ਗੁਰਪ੍ਰਸ਼ਾਦ ਸਿੰਘ ਹਿਜਾਮਾ ਥੈਰੇਪਿਸਟ ਨੂੰ ਕਮੇਟੀ ਦੇ ਪ੍ਰਧਾਨ ਤੇ ਮੁੱਖ ਮੀਡੀਆ ਇੰਚਾਰਜ ਵਜੋਂ ਚੁਣਿਆ ਗਿਆ।ਇਸ ਤੋਂ ਇਲਾਵਾ ਗੁਰਪ੍ਰੀਤ ਸਿੰਘ ਗੋਲਡੀ ਕਾਰਜਕਾਰੀ ਪ੍ਰਧਾਨ, ਚੰਚਲ ਸਿੰਘ ਉਪ ਪ੍ਰਧਾਨ, ਮਨਪ੍ਰੀਤ ਸਿੰਘ ਬਾਵਾ ਜਰਨਲ ਸਕੱਤਰ, ਰਾਜਵਿੰਦਰ ਸਿੰਘ ਸਕੱਤਰ, ਕਮਲਜੀਤ ਸਿੰਘ ਐਡਵੋਕੇਟ ਕਾਨੂੰਨੀ ਸਲਾਹਕਾਰ, ਸ਼ਿੰਦਰਪਾਲ ਸਿੰਘ ਖਜਾਨਚੀ, ਸੋਮਨਾਥ ਸਹਾਇਕ ਖ਼ਜ਼ਾਨਚੀ, ਗੁਰਜਿੰਦਰ ਸਿੰਘ ਸਲਾਹਕਾਰ, ਵਿੱਕੀ ਟੈਂਟ ਪ੍ਰਬੰਧਕ, ਬਲਦੇਵ ਸਿੰਘ ਨਿਗਰਾਨ, ਸੰਤੋਖ ਸਿੰਘ ਪ੍ਰਚਾਰ ਸਕੱਤਰ, ਮਨਪ੍ਰੀਤ ਸਿੰਘ ਡੀ.ਜੇ ਮੈਂਬਰ, ਕਮਲ ਮੈਂਬਰ, ਬੁੱਗਾ ਮੈਂਬਰ, ਮਲੂਕਚੰਦ ਮੈਂਬਰ, ਜਗਤਾਰ ਸਿੰਘ ਜੱਗੀ ਮੈਂਬਰ, ਅਮਰਜੀਤ ਸਿੰਘ ਕਾਕਾ ਮੈਂਬਰ, ਸੰਦੀਪ ਸਿੰਘ ਦੀਪੀ ਮੈਂਬਰ, ਅਵਤਾਰ ਸਿੰਘ ਰਾਜੂ ਮੈਂਬਰ ਤੇ ਵਿਕਰਮ ਸਿੰਘ ਦੀ ਬਤੌਰ ਮੈਂਬਰ ਚੋਣ ਕੀਤੀ ਗਈ।

## ਡਾ. ਕੁਲਵੰਤ ਰਾਏ ਪੰਡੋਰੀ ਯਾਦਗਾਰੀ ਸਮਾਗਮ ਦੀਆਂ ਤਿਆਰੀਆਂ ਤੇਜ਼



**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਮੈਡੀਕਲ ਪ੍ਰੈਕਟੀਸ਼ਨਰ ਐਸੋਸੀਏਸ਼ਨ ਬਲਾਕ ਮਹਿਲ ਕਲਾਂ ਦੀ ਅਹਿਮ ਮੀਟਿੰਗ ਬਲਾਕ ਪ੍ਰਧਾਨ ਡਾ. ਦਲਬਾਰ ਸਿੰਘ ਮਹਿਲ ਕਲਾਂ ਦੀ ਪ੍ਰਧਾਨਗੀ ਹੇਠ ਗੁਰੂ ਰਵਿਦਾਸ ਜੀ ਧਰਮਸ਼ਾਲਾ ਵਿਖੇ ਹੋਈ।ਇਸ ਮੌਕੇ ਵੱਖ-ਵੱਖ ਆਗੂਆਂ ਨੇ ਜਥੇਬੰਦੀ ਦੇ ਬਾਨੀ ਡਾ. ਕੁਲਵੰਤ ਰਾਏ ਪੰਡੋਰੀ ਦੀ 21 ਫਰਵਰੀ ਨੂੰ ਤਰਕਸ਼ੀਲ ਭਵਨ ਬਰਨਾਲਾ ਵਿਖੇ ਮਨਾਈ ਜਾ ਰਹੀ ਸਾਲਾਨਾ ਬਰਸੀ ਦੀਆਂ ਤਿਆਰੀਆਂ ਤੇ ਮੌਜੂਦਾ ਸਿਹਤ ਨੀਤੀਆਂ ਸੰਬੰਧੀ ਮਸਲਿਆਂ 'ਤੇ ਚਰਚਾ ਕੀਤੀ ਗਈ।ਜ਼ਿਲ੍ਹਾ ਆਗੂ ਡਾ. ਅਮਰਜੀਤ ਸਿੰਘ ਕਾਲਸਾਂ ਨੇ ਕਿਹਾ ਕਿ ਆਮ ਆਦਮੀ ਪਾਰਟੀ ਵੱਲੋਂ ਚੋਣਾਂ ਦੌਰਾਨ ਮੈਡੀਕਲ ਪ੍ਰੈਕਟੀਸ਼ਨਰਾਂ ਨਾਲ ਕੀਤੇ ਵਾਅਦੇ ਚਾਰ ਸਾਲ ਬੀਤਣ ਦੇ ਬਾਵਜੂਦ ਪੂਰੇ ਨਹੀਂ ਕੀਤੇ ਗਏ।ਪੇਂਡੂ ਖੇਤਰਾਂ 'ਚ ਸਸਤੀਆਂ ਸਿਹਤ ਸੇਵਾਵਾਂ ਦੇਣ ਵਾਲੇ ਪ੍ਰੈਕਟੀਸ਼ਨਰਾਂ ਨੂੰ ਨਾ ਤਾਂ ਕਾਨੂੰਨੀ ਦਰਜਾ ਮਿਲਿਆ ਤੇ ਨਾ ਹੀ ਉਨ੍ਹਾਂ ਲਈ ਕੋਈ ਟ੍ਰੇਨਿੰਗ ਜਾਂ ਰੀ-ਸਕਿਲਿੰਗ ਪ੍ਰੋਗਰਾਮ ਸ਼ੁਰੂ ਕੀਤਾ ਗਿਆ। ਉਨ੍ਹਾਂ ਦੱਸਿਆ ਕਿ ਪਿੰਡਾਂ 'ਚ ਸਰਕਾਰੀ ਸਿਹਤ ਢਾਂਚਾ ਅਜੇ ਵੀ ਕਮਜ਼ੋਰ ਹੈ।ਆਮ ਲੋਕਾਂ ਦੀ ਪਹਿਲੀ ਪਹੁੰਚ ਮੈਡੀਕਲ ਪ੍ਰੈਕਟੀਸ਼ਨਰ ਹੀ ਹੁੰਦੇ ਹਨ, ਇਸ ਲਈ ਸਰਕਾਰ ਨੂੰ ਚਾਹੀਦਾ ਹੈ ਕਿ ਉਨ੍ਹਾਂ ਲਈ ਵਿਸ਼ੇਸ਼ ਟ੍ਰੇਨਿੰਗ ਕੋਰਸ ਚਲਾ ਕੇ ਪਿੰਡ ਪੱਧਰ 'ਤੇ ਕੰਮ ਕਰਨ ਦੀ ਕਾਨੂੰਨੀ ਇਜਾਜ਼ਤ ਦਿੱਤੀ ਜਾਵੇ।ਵਧ ਰਹੀ ਮਹਿੰਗਾਈ ਤੇ ਬਿਮਾਰੀਆਂ ਦੇ ਮੱਦੇਨਜ਼ਰ ਲੋਕਾਂ ਨੂੰ ਸਸਤੀ ਇਲਾਜ ਸਹੂਲਤਾਂ ਦੇਣ ਵਾਲੇ ਵਰਗ ਨੂੰ ਅਣਡਿੱਠਾ ਕਰਨਾ ਠੀਕ ਨਹੀਂ।ਸਰਬਸੰਮਤੀ ਨਾਲ ਫੈਸਲਾ ਲਿਆ ਗਿਆ ਕਿ ਜਥੇਬੰਦੀ ਦੇ ਮੋਢੀ ਸਵ: ਡਾ. ਕੁਲਵੰਤ ਰਾਏ ਪੰਡੋਰੀ ਦੇ ਬਰਸੀ ਸਮਾਗਮ ਨੂੰ ਯਾਦਗਾਰੀ ਢੰਗ ਨਾਲ ਮਨਾਇਆ ਜਾਵੇਗਾ।ਇਸ ਮੌਕੇ ਹਰ ਪਿੰਡ ਤੋਂ ਵੱਡੀ ਗਿਣਤੀ 'ਚ ਪ੍ਰੈਕਟੀਸ਼ਨਰ ਕਾਫਲਿਆਂ ਸਮੇਤ ਸ਼ਮੂਲੀਅਤ ਕਰਨਗੇ।

## ਬਾਬਾ ਫਲਾਹੀ ਸ਼ੇਰਗੜ੍ਹ ਵਿਖੇ ਨਾਟਕ ਮੇਲਾ ਅੱਜ

**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਸਰਗਮ ਰੰਗਮੰਚ ਵਲੋਂ ਬਾਬਾ ਫਲਾਹੀ ਸ਼ੇਰਗੜ੍ਹ ਸ਼ੇਰਪੁਰ ਬਸਤੀ ਵਿਖੇ ਬਾਬਾ ਦੀਪਾ ਸਿੰਘ ਦੀ ਅਗਵਾਈ ਹੇਠ ਨਾਟਕ ਮੇਲਾ 12 ਫਰਵਰੀ ਨੂੰ ਕਰਵਾਇਆ ਜਾ ਰਿਹਾ ਹੈ। ਇਸ ਸਬੰਧੀ ਪ੍ਰਧਾਨ ਅਵਤਾਰ ਸਿੰਘ ਮੰਗਾ ਨੇ ਦੱਸਿਆ ਕਿ 12 ਫਰਵਰੀ ਨੂੰ ਦੁਪਹਿਰ 12 ਵਜੇ ਨਾਟਕ ਦਾ ਮੰਚਨ ਸ਼ੁਰੂ ਹੋਵੇਗਾ ਜਿਸ ਵਿਚ 'ਇੱਕ ਸੀ ਜਲਪਰੀ', 'ਸੂਰਜ ਕਦੇ ਮਘਦੇ ਨਹੀਂ', 'ਸੁਪਨਾ ਬਾਬੁਲ ਦਾ' ਪੇਸ਼ ਕੀਤਾ ਜਾਵੇਗਾ। ਇਸ ਤੋਂ ਇਲਾਵਾ ਸਕੂਲੀ ਬੱਚਿਆਂ ਵਲੋਂ ਕੋਰਿਓਗ੍ਰਾਫ਼ੀਆਂ ਵੀ ਪੇਸ਼ ਕੀਤੀਆਂ ਜਾਣਗੀਆਂ। ਸੰਗਤਾਂ ਲਈ ਅਤੁੱਟ ਲੰਗਰ ਵਰਤਾਇਆ ਜਾਵੇਗਾ।

## ਨਿਸ਼ਾਨ ਸਿੰਘ ਬਣੇ ਸਬ-ਇੰਸਪੈਕਟਰ



**ਸਮਾਣਾ (ਇਕਬਾਲ ਸਿੰਘ ਬੱਲ)**-ਸਦਰ ਥਾਣਾ ਪਾਤੜਾਂ 'ਚ ਤੈਨਾਤ ਏ.ਐਸ.ਆਈ ਨਿਸ਼ਾਨ ਸਿੰਘ ਦੀ ਪਦਉਨਤੀ ਹੋਣ 'ਤੇ ਸਬ ਇੰਸਪੈਕਟਰ ਦੇ ਸਟਾਰ ਐਸ.ਪੀ.ਪਟਿਆਲਾ ਸਰਵਨਜੀਤ ਕੌਰ ਤੇ ਹੋਰਾਂ ਵੱਲੋਂ ਲਗਾਏ ਗਏ।

# 'ਅਪ੍ਰੇਸ਼ਨ ਪ੍ਰਹਾਰ 2' ਤਹਿਤ ਸਮਾਣਾ ਵਿਖੇ ਕਈ ਵਿਅਕਤੀਆਂ ਨੂੰ ਕੀਤਾ ਗ੍ਰਿਫਤਾਰ



**ਸਮਾਣਾ (ਇਕਬਾਲ ਸਿੰਘ ਬੱਲ)**-ਡੀ ਜੀ ਪੀ ਪੰਜਾਬ ਪੁਲਸ ਚੰਡੀਗੜ੍ਹ ਦੇ ਦਿਸ਼ਾ-ਨਿਰਦੇਸ਼ਾਂ ਹੇਠ ਪੰਜਾਬ ਪੁਲਸ ਵੱਲੋਂ ਚਲਾਏ ਜਾ ਰਹੇ ਓਪਰੇਸ਼ਨ ਪ੍ਰਹਾਰ-2 ਤਹਿਤ ਸਮਾਣਾ ਪੁਲਸ ਵੱਲੋਂ ਵੱਖ-ਵੱਖ ਟੀਮਾਂ ਦਾ ਗਠਨ ਕਰਕੇ ਛਾਪੇਮਾਰੀ ਕੀਤੀ ਗਈ। ਡੀ ਐੱਸ ਪੀ ਸਮਾਣਾ ਫਤਿਹ ਸਿੰਘ ਬਰਾੜ ਨੇ ਦੱਸਿਆ ਕਿ 10 ਫਰਵਰੀ ਨੂੰ ਐਸਐਸਪੀ ਪਟਿਆਲਾ ਦੀ ਯੋਗ ਅਗਵਾਈ ਹੇਠ ਸਰਕਲ ਸਮਾਣਾ ਦੇ ਇਲਾਕੇ ਵਿੱਚ ਲੁੱਟਾਂ ਖੋਹਾਂ ਕਰਨ ਵਾਲੇ ਮਾੜੇ ਅਨਸਰਾਂ, ਸੰਗੀਨ ਜੁਰਮਾਂ ਨਾਲ ਸਬੰਧਤ ਦੋਸ਼ੀਆਂ ਅਤੇ ਗੈਂਗਸਟਰਾਂ ਦੇ ਸਹਿਯੋਗੀਆਂ ਖ਼ਿਲਾਫ ਸਖ਼ਤ ਕਾਨੂੰਨੀ ਕਾਰਵਾਈ ਅਮਲ ਵਿੱਚ ਲਿਆਉਂਦੇ ਹੋਏ 6 ਵਿਅਕਤੀਆਂ ਨੂੰ ਵੱਖ-ਵੱਖ ਮੁਕੱਦਮਿਆਂ ਵਿੱਚ ਗ੍ਰਿਫ਼ਤਾਰ ਕੀਤਾ ਗਿਆ ।ਇਸੇ ਲੜੀ ਤਹਿਤ ਸਰਕਲ ਸਮਾਣਾ ਦੀ ਪੁਲਿਸ ਵੱਲੋਂ ਵੱਖ-ਵੱਖ ਟੀਮਾਂ ਬਣਾਕੇ ਸ਼ਹਿਰ ਸਮਾਣਾ ਅੰਦਰ ਫਲੈਗ ਮਾਰਚ ਕੀਤਾ ਗਿਆ ਅਤੇ ਬੱਸ ਸਟੈਂਡ ਸਮਾਣਾ ਦੀ ਅਚਾਨਕ ਚੈਕਿੰਗ ਦੌਰਾਨ ਸ਼ੱਕੀ ਵਿਅਕਤੀਆਂ ਅਤੇ ਬੱਸ ਸਟੈਂਡ ਅੰਦਰ ਖੜ੍ਹੇ ਵਾਹਨਾਂ ਦੀ ਜਾਂਚ ਕੀਤੀ ਗਈ।ਇਸ ਤੋਂ ਇਲਾਵਾ ਫਤਿਹ ਸਿੰਘ ਬਰਾੜ, ਡੀ.ਐਸ.ਪੀ. ਸਮਾਣਾ ਨੇਂ ਪ੍ਰੈਸ ਕਾਨਫਰੰਸ ਦੌਰਾਨ ਦੱਸਿਆ ਕਿ ਕਿਸੇ ਵੀ ਨਸ਼ਾ ਸਮੱਗਲਰ ਨੂੰ ਬਖ਼ਸ਼ਿਆ ਨਹੀਂ ਜਾਵੇਗਾ ਤੇ ਨਸ਼ਾ ਤਸਕਰਾਂ ਵੱਲੋਂ ਨਸ਼ਾ ਵੇਚ ਕੇ ਬਣਾਈ ਗਈ ਜਾਇਦਾਦ ਨੂੰ ਯੋਗ ਕਾਨੂੰਨੀ ਪ੍ਰਣਾਲੀ ਰਾਹੀਂ ਜ਼ਬਤ ਕਰਵਾਇਆ ਜਾਵੇਗਾ। ਪੰਜਾਬ ਸਰਕਾਰ ਦੀਆਂ ਹਦਾਇਤਾਂ ਮੁਤਾਬਕ ਪੰਜਾਬ ਪੁਲਸ ਵੱਲੋਂ ਐਂਟੀ ਗੈਂਗਸਟਰ ਹੈਲਪਲਾਈਨ ਨੰਬਰ 93946-93946 ਜਾਰੀ ਕੀਤਾ ਗਿਆ ਹੈ।ਜੇਕਰ ਕੋਈ ਵਿਅਕਤੀ ਗੈਂਗਸਟਰਾਂ ਜਾਂ ਅਪਰਾਧਿਕ ਤੱਤਾਂ ਬਾਰੇ ਜਾਣਕਾਰੀ ਦੇਣਾ ਚਾਹੁੰਦਾ ਹੈ ਤਾਂ ਉਹ ਬਿਨਾਂ ਕਿਸੇ ਡਰ ਦੇ ਸੂਚਨਾ ਦੇ ਸਕਦਾ ਹੈ।ਸੂਚਨਾ ਦੇਣ ਵਾਲੇ ਵਿਅਕਤੀ ਦੀ ਪਹਿਚਾਣ ਪੂਰੀ ਤਰ੍ਹਾਂ ਗੁਪਤ ਰੱਖੀ ਜਾਵੇਗੀ।

# ਗਾਇਕਾ ਪੰਮੀ ਦੇ ਪਰਵਾਰ ਦੀ ਜਾਇਦਾਦ ਦੀ ਵੀ ਕੀਤੀ ਜਾਵੇਗੀ ਜਾਂਚ : ਡੀ ਐੱਸ ਪੀ



**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਇਲਾਕੇ ਦੀ ਪੰਜਾਬੀ ਗਾਇਕਾ ਪਰਮਜੀਤ ਪੰਮੀ ਜੋ ਕਿ ਪੇਂਡੂ ਮੇਲਿਆਂ ਅਤੇ ਧਾਰਮਿਕ ਗੀਤ ਪੇਸ਼ ਕਰ ਆਪਣੇ ਪਰਵਾਰ ਨੂੰ ਪਾਲ ਰਹੀ ਸੀ ਕਿ ਅਚਾਨਕ ਹੋਈ ਨੋਟਬੰਦੀ ਤੇ ਲਾਕਡਾਊਨ ਕਾਰਨ ਉਸ ਦਾ ਸਾਰਾ ਕਾਰੋਬਾਰ ਠੱਪ ਹੋ ਗਿਆ। ਲਾਕਡਾਊਨ ਕਾਰਨ ਗਾਇਕੀ ਦਾ ਕੰਮ ਬੰਦ ਹੋ ਗਿਆ ਅਤੇ ਇਸ ਦਾ ਪਰਵਾਰ ਨਸ਼ਿਆਂ ਦੀ ਦਲਦਲ ਵਿਚ ਜਾ ਫਸਿਆ। ਗਾਇਕਾ ਪੰਮੀ ਦੀ ਭੈਣ ਉੱਪਰ 4 ਨਸ਼ਾ ਤਸਕਰੀ ਦੇ ਅਪਰਾਧਕ ਮਾਮਲੇ ਦਰਜ ਹਨ। ਇਸ ਤੋਂ ਇਲਾਵਾ ਇਸ ਦੀ ਮਾਤਾ 'ਤੇ ਵੀ ਅਪਰਾਧਕ ਮਾਮਲਾ ਦਰਜ ਹੈ। ਇੱਥੋਂ ਤੱਕ ਇਨ੍ਹਾਂ ਦੇ ਘਰ ਵਿਚ ਸੰਨ 2022 ਵਿਚ ਨਸ਼ਿਆਂ ਕਾਰਨ ਇੱਕ ਵਿਅਕਤੀ ਦੀ ਮੌਤ ਹੋ ਗਈ ਸੀ ਜਿਸ ਕਾਰਨ ਪਰਵਾਰ ਦੇ ਮੈਂਬਰਾਂ 'ਤੇ ਕਤਲ ਦੀਆਂ ਧਾਰਾਵਾਂ ਤਹਿਤ ਮਾਮਲਾ ਦਰਜ ਹੋ ਗਿਆ ਸੀ। ਗਾਇਕਾ ਪੰਮੀ 'ਤੇ ਗੈਰ ਇਰਾਦਾਤਨ ਹੱਤਿਆ ਦਾ ਪਹਿਲਾਂ ਵੀ ਮਾਮਲਾ ਦਰਜ ਹੈ। ਕੱਲ੍ਹ ਫਿਰ ਮਾਛੀਵਾੜਾ ਪੁਲਸ ਵਲੋਂ ਗਾਇਕਾ ਪਰਮਜੀਤ ਪੰਮੀ ਅਤੇ ਉਸ ਦੇ ਭਰਾ ਸਰਵਣ ਸਿੰਘ ਨੂੰ 8 ਗ੍ਰਾਮ ਹੈਰੋਇਨ ਸਮੇਤ ਗ੍ਰਿਫ਼ਤਾਰ ਕਰਨ ਵਿਚ ਸਫ਼ਲਤਾ ਪ੍ਰਾਪਤ ਕੀਤੀ ਅਤੇ ਨਸ਼ਾ ਤਸਕਰੀ ਦਾ ਗਾਇਕਾ ਉੱਪਰ ਇਹ ਪਹਿਲਾ ਮਾਮਲਾ ਦਰਜ ਹੋਇਆ। ਡੀ.ਐੱਸ.ਪੀ. ਤਰਲੋਚਨ ਸਿੰਘ ਨੇ ਪ੍ਰੈੱਸ ਕਾਨਫਰੰਸ ਦੌਰਾਨ ਦੱਸਿਆ ਕਿ ਇਸ ਪਰਵਾਰ ਦੀ ਜਾਇਦਾਦ ਦੀ ਵੀ ਜਾਂਚ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਜੇਕਰ ਕੋਈ ਪ੍ਰਾਪਰਟੀ ਬਣਾਈ ਹੋਈ ਤਾਂ ਉਸ ਨੂੰ ਵੀ ਅਟੈਚ ਕਰਨ ਦੀ ਪ੍ਰਕਿਰਿਆ ਅਮਲ ਵਿਚ ਲਿਆਂਦੀ ਜਾਵੇਗੀ। ਜਾਣਕਾਰੀ ਅਨੁਸਾਰ ਇਲਾਕੇ ਵਿਚ ਜ਼ਿਆਦਾਤਰ ਉਹ ਨੌਜਵਾਨ ਹਨ ਜੋ ਨਸ਼ੇ ਦੇ ਆਦੀ ਹੋ ਗਏ ਅਤੇ ਉਸ ਦੀ ਪੂਰਤੀ ਕਰਨ ਲਈ ਚੌਂਤਾ ਤੋਂ ਨਸ਼ਾ ਲਿਆ ਕੇ ਵੇਚ ਕੇ ਆਪਣਾ ਨਸ਼ਾ ਕਰਨ ਲਈ ਅੱਗੇ ਉਸ ਨੂੰ ਵੇਚਦੇ ਹਨ। ਮਾਛੀਵਾੜਾ ਪੁਲਸ ਵਲੋਂ ਗ੍ਰਿਫ਼ਤਾਰ ਕੀਤੇ ਗਏ ਮੁਲਜ਼ਮਾਂ ਨੇ ਦੱਸਿਆ ਕਿ 1800 ਤੋਂ 2000 ਰੁਪਏ ਤੱਕ ਇੱਕ ਗ੍ਰਾਮ ਨਸ਼ਾ ਪਿੰਡ ਚੌਂਤਾ ਤੋਂ ਸ਼ਰੇਆਮ ਮਿਲ ਜਾਂਦਾ ਹੈ ਅਤੇ ਜੇਕਰ ਮਾਛੀਵਾੜਾ 'ਚੋਂ ਨਸ਼ੇ ਨੂੰ ਖਤਮ ਕਰਨਾ ਹੈ ਤਾਂ ਹਲਕਾ ਸਾਹਨੇਵਾਲ ਦੇ ਪਿੰਡ ਚੌਂਤਾ 'ਚੋਂ ਨਸ਼ਾ ਤਸਕਰਾਂ ਦਾ ਸਫ਼ਾਇਆ ਕਰਨਾ ਪਵੇਗਾ।

# 'ਅਪ੍ਰੇਸ਼ਨ ਪ੍ਰਹਾਰ-2' ਤਹਿਤ ਫਲੈਗ ਮਾਰਚ



**ਧੂਰੀ, (ਮੋਹਿਤ ਗਰਗ, ਮਨੋਹਰ ਸੱਗੂ, ਬਿੰਨੀ ਗਰਗ)**

ਪੰਜਾਬ ਸਰਕਾਰ ਤੇ ਡੀ.ਜੀ.ਪੀ. ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਸੂਬੇ ਵਿੱਚੋਂ ਅਪਰਾਧਿਕ ਅਨਸਰਾਂ ਤੇ ਨਸ਼ਾ ਤਸਕਰਾਂ ਦਾ ਸਫਾਇਆ ਕਰਨ ਲਈ ਚਲਾਈ ਗਈ ਮੁਹਿੰਮ 'ਅਪ੍ਰੇਸ਼ਨ ਪ੍ਰਹਾਰ-2' ਤਹਿਤ ਜ਼ਿਲ੍ਹਾ ਪੁਲਸ ਮੁਖੀ ਸਰਤਾਜ ਸਿੰਘ ਚਹਿਲ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਸ਼ਹਿਰ ਦੇ ਵੱਖ-ਵੱਖ ਹਿੱਸਿਆਂ ਵਿੱਚ ਇੱਕ ਪ੍ਰਭਾਵਸ਼ਾਲੀ ਫਲੈਗ ਮਾਰਚ ਕੱਢਿਆ ਗਿਆ।ਇਸ ਮੁਹਿੰਮ ਦਾ ਮੁੱਖ ਮਕਸਦ ਲੋਕਾਂ ਵਿੱਚ ਸੁਰੱਖਿਆ ਦੀ ਭਾਵਨਾ ਪੈਦਾ ਕਰਨਾ ਅਤੇ ਅਪਰਾਧੀਆਂ ਵਿੱਚ ਕਾਨੂੰਨ ਦਾ ਡਰ ਕਾਇਮ ਕਰਨਾ ਸੀ।

ਡੀ.ਐੱਸ.ਪੀ. ਧੂਰੀ ਗੁਰਪ੍ਰੀਤ ਸਿੰਘ ਤੇ ਥਾਣਾ ਸਿਟੀ ਦੇ ਐੱਸ.ਐੱਚ.ਓ. ਜਸਵੀਰ ਸਿੰਘ ਤੂਰ ਦੀ ਅਗਵਾਈ ਹੇਠ ਪੁਲਿਸ ਫੋਰਸ ਨੇ ਪੂਰੇ ਸ਼ਹਿਰ ਦਾ ਦੌਰਾ ਕੀਤਾ।ਫਲੈਗ ਮਾਰਚ ਦੌਰਾਨ ਪੁਲਸ ਵੱਲੋਂ ਰੇਲਵੇ ਸਟੇਸ਼ਨ, ਬੱਸ ਸਟੈਂਡ, ਮੁੱਖ ਬਾਜ਼ਾਰਾਂ ਤੇ ਭੀੜ-ਭੜੱਕੇ ਵਾਲੀਆਂ ਥਾਵਾਂ 'ਤੇ ਤਿੱਖੀ ਨਜ਼ਰ ਰੱਖੀ ਗਈ। ਇਸ ਦੌਰਾਨ ਕਈ ਥਾਵਾਂ 'ਤੇ ਨਾਕੇਬੰਦੀ ਕਰਕੇ ਸ਼ੱਕੀ ਵਾਹਨਾਂ ਅਤੇ ਵਿਅਕਤੀਆਂ ਦੀ ਬਾਰੀਕੀ ਨਾਲ ਚੈਕਿੰਗ ਕੀਤੀ ਗਈ ਅਤੇ ਸ਼ੱਕੀ ਪਾਏ ਜਾਣ ਵਾਲੇ ਲੋਕਾਂ ਤੋਂ ਸਖ਼ਤੀ ਨਾਲ ਪੁੱਛਗਿੱਛ ਵੀ ਕੀਤੀ ਗਈ।

ਡੀ.ਐੱਸ.ਪੀ. ਗੁਰਪ੍ਰੀਤ ਸਿੰਘ ਨੇ ਕਿਹਾ ਕਿ 'ਅਪ੍ਰੇਸ਼ਨ ਪ੍ਰਹਾਰ-2' ਦਾ ਉਦੇਸ਼ ਸਮਾਜ ਵਿਰੋਧੀ ਅਨਸਰਾਂ 'ਤੇ ਸ਼ਿਕੰਜਾ ਕੱਸਣਾ ਹੈ।ਉਨ੍ਹਾਂ ਸਪੱਸ਼ਟ ਕੀਤਾ ਕਿ ਸ਼ਹਿਰ ਦੀ ਅਮਨ-ਸ਼ਾਂਤੀ ਨੂੰ ਭੰਗ ਕਰਨ ਵਾਲੇ ਕਿਸੇ ਵੀ ਵਿਅਕਤੀ ਨੂੰ ਬਖ਼ਸ਼ਿਆ ਨਹੀਂ ਜਾਵੇਗਾ।ਪੁਲਸ ਵੱਲੋਂ ਲਗਾਤਾਰ ਗਸ਼ਤ ਵਧਾ ਦਿੱਤੀ ਗਈ ਹੈ ਤੇ ਨਸ਼ਾ ਤਸਕਰਾਂ ਖ਼ਿਲਾਫ਼ ਜ਼ੀਰੋ ਟਾਲਰੈਂਸ ਦੀ ਨੀਤੀ ਅਪਣਾਈ ਜਾ ਰਹੀ ਹੈ।

# ਘੱਟ ਗਿਣਤੀ ਕਮਿਸ਼ਨ ਵੱਲੋਂ ਮੋਰਿੰਡਾ ਦੇ ਡੀ ਐੱਸ ਪੀ ਤੇ ਐੱਸ ਐੱਚ ਓ ਤਲਬ

## ਪਾਸਟਰਾਂ ਦੀ ਸੁਰੱਖਿਆ ਯਕੀਨੀ ਬਣਾਉਣ ਦੇ ਨਿਰਦੇਸ਼



**ਫ਼ਰੀਦਕੋਟ/ਮੋਹਾਲੀ (ਐਲਿਗਜੈਂਡਰ ਡਿਸੂਜਾ)**-ਬੀਤੇ ਦਿਨੀਂ ਮੋਰਿੰਡਾ ਚਰਚ ਦੇ ਪਾਸਟਰ ਲਖਵਿੰਦਰ ਸਿੰਘ ਨਾਲ ਹੋਈ ਬਦਸਲੂਕੀ ਤੇ ਗਾਲੀ-ਗਲੋਚ ਦੇ ਮਾਮਲੇ ਨੂੰ ਪੰਜਾਬ ਰਾਜ ਘੱਟ ਗਿਣਤੀ ਕਮਿਸ਼ਨ ਨੇ ਗੰਭੀਰਤਾ ਨਾਲ ਲਿਆ ਹੈ।ਇਸ ਸਬੰਧੀ ਅੱਜ ਕਮਿਸ਼ਨ ਦੇ ਮੋਹਾਲੀ ਸਥਿਤ ਦਫ਼ਤਰ ਵਿਖੇ ਸੁਣਵਾਈ ਹੋਈ, ਜਿਸ ਵਿੱਚ ਡੀਐੱਸਪੀ ਤੇ ਐੱਸਐੱਚਓ ਮੋਰਿੰਡਾ ਨੂੰ ਨਿੱਜੀ ਤੌਰ 'ਤੇ ਤਲਬ ਕੀਤਾ ਗਿਆ।ਕਮਿਸ਼ਨ ਦੇ ਚੇਅਰਮੈਨ ਸ਼੍ਰੀ ਜਤਿੰਦਰ ਮਸੀਹ ਗੌਰਵ ਨੇ ਮਾਮਲੇ ਦੀ ਪੜਤਾਲ ਕਰਦਿਆਂ ਪੁਲਸ ਅਧਿਕਾਰੀਆਂ ਨੂੰ ਸਖ਼ਤ ਲਹਿਜੇ ਵਿੱਚ ਨਿਰਦੇਸ਼ ਦਿੱਤੇ।ਉਨ੍ਹਾਂ ਕਿਹਾ ਕਿ ਕਿਸੇ ਵੀ ਧਾਰਮਿਕ ਆਗੂ ਵਿਰੁੱਧ ਮੰਦੀ ਸ਼ਬਦਾਵਲੀ ਦੀ ਵਰਤੋਂ ਬਰਦਾਸ਼ਤ ਨਹੀਂ ਕੀਤੀ ਜਾਵੇਗੀ ਤੇ ਪਾਸਟਰ ਸਾਹਿਬਾਨਾਂ ਦੀ ਸੁਰੱਖਿਆ ਨੂੰ ਹਰ ਹਾਲ ਵਿੱਚ ਯਕੀਨੀ ਬਣਾਇਆ ਜਾਵੇ।ਜੇਕਰ ਕੋਈ ਵੀ ਵਿਅਕਤੀ ਕਿਸੇ ਧਾਰਮਿਕ ਆਗੂ ਨੂੰ ਨਿਸ਼ਾਨਾ ਬਣਾਉਂਦਾ ਹੈ ਜਾਂ ਅਪਮਾਨਜਨਕ ਸ਼ਬਦ ਬੋਲਦਾ ਹੈ, ਤਾਂ ਉਸ ਵਿਰੁੱਧ ਤੁਰੰਤ ਕਾਨੂੰਨੀ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇ।ਚੇਅਰਮੈਨ ਨੇ ਸਪੱਸ਼ਟ ਕੀਤਾ ਕਿ ਘੱਟ ਗਿਣਤੀ ਭਾਈਚਾਰੇ ਦੇ ਹੱਕਾਂ ਦੀ ਰਾਖੀ ਕਰਨਾ ਕਮਿਸ਼ਨ ਦੀ ਮੁੱਖ ਜ਼ਿੰਮੇਵਾਰੀ ਹੈ।

## ਮਾਰਕੀਟ ਕਮੇਟੀ ਕ੍ਰਮਚਾਰੀਆਂ ਵੱਲੋਂ ਕਲਮ ਛੋੜ ਹੜਤਾਲ ਜਾਰੀ



**ਬਰੇਟਾ (ਰੀਤਵਾਲ)**-ਮਾਰਕੀਟ ਕਮੇਟੀ ਦੇ ਸਮੂਹ ਕ੍ਰਮਚਾਰੀਆਂ ਵੱਲੋਂ ਕਲਮ ਛੋੜ ਹੜਤਾਲ ਇੱਕ ਹਫ਼ਤੇ ਤੋਂ ਜਾਰੀ ਹੈ, ਜਿਸ ਵਿੱਚ ਮਾਰਕੀਟ ਕਮੇਟੀ ਬਰੇਟਾ ਦੇ ਕਰਮਚਾਰੀਆਂ ਅਤੇ ਪੈਨਸ਼ਨਰਾਂ/ਫੈਮਿਲੀ ਪੈਨਸਨਰਾਂ ਵੱਲੋਂ ਭਾਗ ਲਿਆ ਜਾ ਰਿਹਾ ਹੈ ਪ੍ਰੰਤੂ ਕਿਸੇ ਵੀ ਪ੍ਰਸ਼ਾਸਨਿਕ ਅਧਿਕਾਰੀ ਜਾਂ ਮੰਡੀ ਬੋਰਡ ਦੇ ਕਿਸੇ ਅਫਸਰ ਵੱਲੋਂ ਕੋਈ ਸਾਰ ਨਹੀਂ ਲਈ ਗਈ। ਹੜਤਾਲ ਦੌਰਾਨ ਮਾਰਕੀਟ ਕਮੇਟੀ ਦੇ ਲੇਖਾਕਾਰ ਦਿਨੇਸ਼ ਕੁਮਾਰ ਵੱਲੋਂ ਦੱਸਿਆ ਗਿਆ ਕਿ ਮਾਰਕੀਟ ਕਮੇਟੀ ਬਰੇਟਾ ਵਿਖੇ 19 ਦਸੰਬਰ 2025 ਤੋਂ ਸਕੱਤਰ ਦੀ ਅਸਾਮੀ ਖਾਲੀ ਪਈ ਹੈ।ਗੁਰਲਾਲ ਸਿੰਘ ਸਕੱਤਰ ਦੇ ਸਵਰਗਵਾਸ ਹੋਣ ਕਾਰਨ ਸਕੱਤਰ ਮਾਰਕੀਟ ਕਮੇਟੀ ਦੀ ਖਾਲੀ ਹੋਈ ਅਸਾਮੀ ਸਬੰਧੀ ਲਿਖਤੀ ਤੇ ਜ਼ੁਬਾਨੀ ਰੂਪ ਵਿੱਚ ਕਈ ਵਾਰ ਪੰਜਾਬ ਮੰਡੀ ਬੋਰਡ ਦੇ ਧਿਆਨ ਵਿੱਚ ਲਿਆਂਦਾ ਗਿਆ, ਪ੍ਰੰਤੂ ਅਜੇ ਤੱਕ ਮਾਰਕੀਟ ਕਮੇਟੀ ਬਰੇਟਾ ਵਿਖੇ ਸਕੱਤਰ ਦੀ ਨਿਯੁਕਤੀ ਨਹੀਂ ਕੀਤੀ ਗਈ, ਜਿਸ ਕਾਰਨ ਦੋ ਮਹੀਨਿਆਂ ਤੋਂ ਕ੍ਰਮਚਾਰੀਆਂ ਨੂੰ ਤਨਖਾਹ ਤੇ ਪੈਨਸ਼ਨਰਾਂ ਨੂੰ ਪੈਨਸ਼ਨ ਨਹੀਂ ਦਿੱਤੀ ਜਾ ਸਕੀ ਅਤੇ ਨਾ ਹੀ ਬਿਜਲੀ ਅਤੇ ਪਾਣੀ ਦੇ ਬਿੱਲ ਭਰੇ ਜਾ ਸਕੇ ਹਨ।ਤਨਖਾਹਾਂ/ਪੈਨਸ਼ਨਾਂ ਨਾ ਮਿਲਣ ਕਾਰਨ ਕ੍ਰਮਚਾਰੀਆਂ ਤੇ ਪੈਨਸ਼ਨਰਾਂ ਨੂੰ ਆਪਣਾ ਗੁਜ਼ਾਰਾ ਕਰਨ ਵਿੱਚ ਬਹੁਤ ਦਿੱਕਤ ਆ ਰਹੀ ਹੈ।ਉਨ੍ਹਾਂ ਵੱਲੋਂ ਦੱਸਿਆ ਗਿਆ ਕਿ 12 ਫਰਵਰੀ ਨੂੰ ਦਫ਼ਤਰ ਜ਼ਿਲ੍ਹਾ ਮਾਲ ਅਫ਼ਸਰ ਮਾਨਸਾ ਵਿਖੇ ਜ਼ਿਲ੍ਹੇ ਦੇ ਕ੍ਰਮਚਾਰੀਆਂ ਵੱਲੋਂ ਰੋਸ ਧਰਨਾ ਦਿੱਤਾ ਜਾਵੇਗਾ।

## ਆਲ ਇੰਡੀਆ ਹਿਊਮਨ ਰਾਈਟਸ ਐਸੋਸੀਏਸ਼ਨ ਨੇ ਬਜ਼ੁਰਗਾਂ ਨੂੰ ਪੈਨਸ਼ਨ ਤੇ ਰਾਸ਼ਨ ਦਿੱਤਾ



**ਜਗਰਾਉਂ (ਅਮਿਤ ਖੰਨਾ)**-ਆਲ ਇੰਡੀਆ ਹਿਊਮਨ ਰਾਈਟਸ ਐਸੋਸੀਏਸ਼ਨ ਵੱਲੋਂ ਮਾ: ਰਾਜ ਕੁਮਾਰ ਗੋਇਲ ਦੀ ਯਾਦ 'ਚ ਪੈਨਸ਼ਨ ਅਤੇ ਰਾਸ਼ਨ ਵੰਡ ਸਮਾਰੋਹ ਕੀਤਾ।192ਵੇਂ ਪੈਨਸ਼ਨ ਵੰਡ ਸਮਾਰੋਹ 'ਚ ਮੁੱਖ ਮਹਿਮਾਨ ਡਾ: ਵਿਵੇਕ ਗੋਇਲ ਵੱਲੋਂ ਆਪਣੇ ਪਿਤਾ ਦੀ ਯਾਦ 'ਚ 25 ਬਜ਼ੁਰਗਾਂ ਨੂੰ ਪੈਨਸ਼ਨ ਤੇ ਰਾਸ਼ਨ ਵੰਡਿਆ।ਗੈਸਟ ਆਫ ਆਨਰ ਮੇਜਰ ਸਿੰਘ ਛੀਨਾ ਵੱਲੋਂ 25 ਬਜ਼ੁਰਗਾਂ ਲਈ ਆਟੇ ਦੀਆਂ ਥੈਲੀਆਂ ਦੀ ਸੇਵਾ ਕੀਤੀ ਗਈ।ਜ਼ਿਕਰਯੋਗ ਹੈ ਕਿ ਛੀਨਾ ਪਰਵਾਰ ਵੱਲੋਂ ਪਿਛਲੇ 7-8 ਸਾਲਾਂ ਤੋਂ ਪੈਨਸ਼ਨ ਦੀ ਸੇਵਾ ਵੀ ਕੀਤੀ ਜਾ ਰਹੀ ਹੈ।ਸਟੇਜ ਦੀ ਭੂਮਿਕਾ ਕਰਦਿਆਂ ਰਾਜਨ ਬਾਂਸਲ ਨੇ ਡਾ. ਵਿਵੇਕ ਗੋਇਲ ਦੇ ਇਸ ਰਾਸ਼ਨ ਅਤੇ ਪੈਨਸ਼ਨ ਦੇ ਨੇਕ ਉਪਰਾਲੇ ਦੀ ਸ਼ਲਾਘਾ ਕਰਦੇ ਹੋਏ ਦੱਸਿਆ ਕਿ ਮਾ. ਰਾਜ ਕੁਮਾਰ ਗੋਇਲ ਇਕ ਜਿੰਦਾ ਦਿਲ, ਮਿਹਨਤੀ ਵਿਅਕਤੀ ਸਨ।ਡਾ. ਵਿਵੇਕ -ਗੋਇਲ ਅਤੇ ਮੇਜਰ ਸਿੰਘ ਛੀਨਾ ਨੇ ਸੰਸਥਾ ਦਾ ਤਹਿ ਦਿਲੋਂ ਧੰਨਵਾਦ ਕੀਤਾ ਕਿ ਉਨ੍ਹਾਂ ਨੂੰ ਇਸ ਸੇਵਾ ਦਾ ਮੌਕਾ ਦਿੱਤਾ।ਪ੍ਰਧਾਨ ਮਨਜਿੰਦਰਪਾਲ ਸਿੰਘ ਹਨੀ ਨੇ ਸਮੂਹ ਹਾਜ਼ਰ ਗੈਸਟ, ਮੈਂਬਰਾਂ ਅਤੇ ਬਜ਼ੁਰਗਾਂ ਨੂੰ ਜੀ ਆਇਆ ਆਖਿਆ ਅਤੇ ਧੰਨਵਾਦ ਕੀਤਾ।

## ਟਰੇਨ ਮੈਨੇਜਰ ਦੀ ਮੁਸ਼ਤੈਦੀ ਨਾਲ ਬਚੀ ਰੇਲ ਯਾਤਰੀ ਦੀ ਜਾਨ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਬੀਤੇ ਦਿਨ ਟਰੇਨ ਨੰਬਰ 74976 ਫਾਜ਼ਿਲਕਾ-ਫਿਰੋਜ਼ਪੁਰ ਕੈਂਟ ਡੈਮੂ ਟਰੇਨ ਵਿੱਚ ਤੈਨਾਤ ਟਰੇਨ ਮੈਨੇਜਰ (ਗਾਰਡ) ਵਿਕਰਮ ਕੁਮਾਰ ਨੂੰ ਫਾਜ਼ਿਲਕਾ ਸਟੇਸ਼ਨ ਤੋਂ ਟਰੇਨ ਚੱਲਣ ਤੋਂ ਬਾਅਦ ਯਾਤਰੀਆਂ ਵੱਲੋਂ ਸੂਚਨਾ ਦਿੱਤੀ ਗਈ ਕਿ ਇਕ ਯਾਤਰੀ ਟਰੇਨ ਦੇ ਅੰਦਰ ਸੀਟ 'ਤੇ ਬੇਹੋਸ਼ੀ ਦੀ ਹਾਲਤ ਵਿੱਚ ਪਿਆ ਹੈ। ਇਸ ਤੋਂ ਬਾਅਦ ਵਿਕਰਮ ਕੁਮਾਰ ਨੇ ਮੁਸ਼ਤੈਦੀ ਦਿਖਾਉਂਦੇ ਹੋਏ ਟਰੇਨ ਨੂੰ ਰੁਕਵਾਇਆ ਤੇ ਸਥਿਤੀ ਦਾ ਜਾਇਜ਼ਾ ਲਿਆ। ਜਾਂਚ ਦੌਰਾਨ ਉਨ੍ਹਾਂ ਪਾਇਆ ਕਿ ਫਾਜ਼ਿਲਕਾ ਤੋਂ ਫਿਰੋਜ਼ਪੁਰ ਦੀ ਯਾਤਰਾ ਕਰ ਰਹੇ ਇਕ ਯਾਤਰੀ ਪਤਰਸ ਸਿੰਘ ਟਰੇਨ ਦੇ ਅੰਦਰ ਬੇਹੋਸ਼ੀ ਦੀ ਹਾਲਤ ਵਿੱਚ ਪਏ ਹਨ। ਸਥਿਤੀ ਦੀ ਗੰਭੀਰਤਾ ਨੂੰ ਦੇਖਦੇ ਹੋਏ ਉਨ੍ਹਾਂ ਨੇ ਬਿਨਾਂ ਸਮਾਂ ਗੁਆਏ ਯਾਤਰੀ ਨੂੰ ਸੀ.ਪੀ.ਆਰ. ਦਿੱਤੀ ਤੇ ਤੁਰੰਤ ਸਟੇਸ਼ਨ ਸੁਪਰਡੈਂਟ ਫਾਜ਼ਿਲਕਾ ਨਾਲ ਸੰਪਰਕ ਕਰਕੇ ਐਂਬੂਲੈਂਸ ਦਾ ਪ੍ਰਬੰਧ ਕਰਵਾਇਆ। ਇਸ ਤੋਂ ਬਾਅਦ ਯਾਤਰੀ ਨੂੰ ਸਦਰ ਹਸਪਤਾਲ ਫਾਜ਼ਿਲਕਾ ਭੇਜਿਆ ਗਿਆ। ਸਦਰ ਹਸਪਤਾਲ ਵਿੱਚ ਉਨ੍ਹਾਂ ਨੂੰ ਸਮੇਂ ਸਿਰ ਡਾਕਟਰੀ ਸਹਾਇਤਾ ਮੁਹੱਈਆ ਕਰਵਾਈ ਗਈ। ਟਰੇਨ ਮੈਨੇਜਰ ਵੱਲੋਂ ਸਮੇਂ ਸਿਰ ਦਿੱਤੀ ਗਈ ਡਾਕਟਰੀ ਸਹਾਇਤਾ ਕਾਰਨ ਯਾਤਰੀ ਦੀ ਜਾਨ ਬਚਾਈ ਜਾ ਸਕੀ। ਮੰਡਲ ਰੇਲ ਪ੍ਰਬੰਧਕ ਸੰਜੀਵ ਕੁਮਾਰ ਨੇ ਇਸ ਸ਼ਲਾਘਾਯੋਗ ਕਾਰਜ ਦੀ ਪ੍ਰਸ਼ੰਸਾ ਕਰਦੇ ਹੋਏ ਕਿਹਾ ਕਿ ਟਰੇਨ ਮੈਨੇਜਰ ਵਿਕਰਮ ਕੁਮਾਰ ਵੱਲੋਂ ਸਮੇਂ ਸਿਰ ਦਿਖਾਈ ਗਈ ਸੂਝ-ਬੂਝ ਤੇ ਤੁਰੰਤ ਡਾਕਟਰੀ ਸਹਾਇਤਾ ਨਾਲ ਇਕ ਯਾਤਰੀ ਦੀ ਜਾਨ ਬਚ ਸਕੀ, ਜੋ ਰੇਲ ਕਰਮਚਾਰੀਆਂ ਦੀ ਕਰਤੱਵ ਪਾਲਣਾ ਤੇ ਮਨੁੱਖੀ ਕਦਰਾਂ-ਕੀਮਤਾਂ ਦੀ ਇਕ ਉੱਤਮ ਮਿਸਾਲ ਹੈ। ਮੰਡਲ ਰੇਲ ਪ੍ਰਬੰਧਕ ਨੇ ਇਸ ਮੌਕੇ ਕਿਹਾ ਕਿ ਮੰਡਲ ਦੇ ਫਰੰਟਲਾਈਨ ਸਟਾਫ ਨੂੰ ਸਮੇਂ-ਸਮੇਂ 'ਤੇ ਸੀ.ਪੀ.ਆਰ. ਤੇ ਮੁੱਢਲੀ ਸਹਾਇਤਾ ਸਬੰਧੀ ਸਿਖਲਾਈ ਦਿੱਤੀ ਜਾਂਦੀ ਹੈ ਤਾਂ ਜੋ ਕਿਸੇ ਵੀ ਐਮਰਜੈਂਸੀ ਦੌਰਾਨ ਰੇਲ ਯਾਤਰੀਆਂ ਨੂੰ ਮੁੱਢਲੀ ਡਾਕਟਰੀ ਸਹਾਇਤਾ ਪ੍ਰਦਾਨ ਕੀਤੀ ਜਾ ਸਕੇ।


ਸੇਂਟ੍ਰਲ ਬੈਂਕ ਑ਫ਼ ਇੰਡਿਯਾ
Central Bank of India

Regional Office, K.P. Complex,
Near Hotel Park Plaza,
Ferozepur Road, Ludhiana-141001

**ਸਕਿਉਰਟਾਈਜ਼ੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਅਤੇ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੱਸਟ ਐਕਟ-2002 (ਸਰਫੇਸੀ ਐਕਟ) ਦੇ ਸੈਕਸ਼ਨ 13 (2) ਤਹਿਤ ਡਿਮਾਂਡ ਨੋਟਿਸ**

ਨੋਟਿਸ ਦਿੱਤਾ ਜਾਂਦਾ ਹੈ ਕਿ ਹੇਠਾਂ ਦਰਸਾਏ ਕਰਜ਼ਦਾਰ ਬੈਂਕ ਤੋਂ ਲਈਆਂ ਕਰਜ਼ਾ ਸਹੂਲਤਾਂ ਦਾ ਮੂਲ ਅਤੇ ਵਿਆਜ ਅਦਾ ਕਰਨ 'ਚ ਅਸਫਲ ਰਹੇ ਹਨ ਅਤੇ ਸਹੂਲਤਾਂ ਨਾਨ-ਪਰਫਾਰਮਿੰਗ ਐੱਸਟਸ 'ਚ ਤਬਦੀਲ ਹੋ ਗਈਆਂ ਹਨ। ਬੈਂਕ ਦੇ ਅਧਿਕਾਰਤ ਅਫਸਰ ਵੱਲੋਂ ਸਕਿਉਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਅਤੇ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈਸਟ 2002 ਦੇ ਸੈਕਸ਼ਨ 13 (2) ਤਹਿਤ ਕਰਜ਼ਦਾਰਾਂ ਅਤੇ ਗਰੰਟਰਾਂ ਨੂੰ ਉਨ੍ਹਾਂ ਦੇ ਆਖਰੀ ਜਾਣਕਾਰੀ ਵਾਲੇ ਪਤਿਆਂ 'ਤੇ ਨੋਟਿਸ ਜਾਰੀ ਕੀਤਾ ਜਾ ਚੁੱਕਾ ਹੈ। ਬੇਸ਼ੱਕ ਕੁਝ ਕੇਸਾਂ 'ਚ ਨੋਟਿਸ ਬਿਨਾਂ ਵੰਡੇ ਵਾਪਸ ਪ੍ਰਾਪਤ ਕੀਤੇ ਜਾ ਚੁੱਕੇ ਹਨ ਅਤੇ ਕੁਝ ਕੇਸਾਂ 'ਚ ਪ੍ਰਾਪਤੀ ਰਸੀਦਾਂ ਵਾਪਸ ਨਹੀਂ ਪ੍ਰਾਪਤ ਹੋਈਆਂ। ਇਸ ਲਈ ਕਰਜ਼ਦਾਰਾਂ/ਗਰੰਟਰਾਂ ਨੂੰ ਇਸ ਜਨਤਕ ਨੋਟਿਸ ਦੇ ਰਾਹੀਂ ਜਾਣਕਾਰੀ ਦਿੱਤੀ ਜਾ ਰਹੀ ਹੈ।

| ਲੜੀ ਨੰ. | ਸ਼ਾਖਾ/ਕਰਜ਼ਦਾਰਾਂ/ਗਰੰਟਰਾਂ/ ਭਾਈਵਾਲਾਂ/ ਰਹਿਣਕਾਰਾਂ ਦਾ ਨਾਂਅ | ਰਹਿਣ ਕੀਤੀਆਂ ਜਾਇਦਾਦਾਂ ਦਾ ਵੇਰਵਾ | ਨਾਨ ਪ੍ਰਫਾਰਮਿੰਗ ਐੱਸਟ (ਐੱਨ ਪੀ ਏ) ਦੀ ਮਿਤੀ | ਡਿਮਾਂਡ ਨੋਟਿਸ ਦੀ ਮਿਤੀ | ਬਕਾਇਆ ਰਕਮ |
|---|---|---|---|---|---|
| 1. | ਨਿਜ਼ਾਮ ਰੋਡ, ਲੁਧਿਆਣਾ<br>ਕਰਜ਼ਦਾਰ :- ਸ੍ਰੀ ਅਜੀਮ ਅੰਸਾਰੀ (ਮ੍ਰਿਤਕ) ਪੁੱਤਰ ਸ੍ਰੀ ਯਾਸੀਨ ਅੰਸਾਰੀ, ਮਕਾਨ ਨੰ. 42, ਗਲੀ ਨੰ. 1, ਨੇੜੇ ਜਗੀਰਪੁਰ ਰੋਡ, ਰਾਇਲ ਅਸਟੇਟ ਕਾਲੋਨੀ, ਮਿਹਰਬਾਨ, ਡਾਕ. ਬਸਤੀ ਜੋਧੇਵਾਲ, ਜ਼ਿਲ੍ਹਾ ਲੁਧਿਆਣਾ-141007 ਸ੍ਰੀਮਤੀ ਰੇਹਾਨਾ ਅੰਸਾਰੀ ਪਤਨੀ ਸਵ. ਸ੍ਰੀ ਅਜੀਮ ਅੰਸਾਰੀ, ਮਕਾਨ ਨੰ. 42, ਗਲੀ ਨੰ. 1, ਨੇੜੇ ਜਗੀਰਪੁਰ ਰੋਡ, ਰਾਇਲ ਅਸਟੇਟ ਕਾਲੋਨੀ, ਮਿਹਰਬਾਨ, ਡਾਕ. ਬਸਤੀ ਜੋਧੇਵਾਲ, ਜ਼ਿਲ੍ਹਾ ਲੁਧਿਆਣਾ-141007 | ਬੈਨਾਮਾ ਵਸੀਕਾ ਨੰ. 2020-21/106/1/15210 ਮਿਤੀ 04.02.2021 ਅਨੁਸਾਰ ਜਾਇਦਾਦ ਰਕਬਾ 100 ਵਰਗ ਗਜ਼, ਖਸਰਾ ਨੰ. 42//3, 8, 13, ਖੱਤਾ ਨੰ. 11/12, ਜਮ੍ਹਾਂਬੰਦੀ ਸਾਲ 2014-2015, ਪਿੰਡ ਮਿਹਰਬਾਨ ਵਿਖੇ ਸਥਿਤ, ਹੱਦਬਸਤ ਨੰ. 71, ਲੁਧਿਆਣਾ। ਹੱਦਾਂ : ਪੂਰਬ : ਗੁਆਂਢ 20', ਪੱਛਮ : ਗਲੀ 20', ਉੱਤਰ : ਗੁਆਂਢ 45', ਦੱਖਣ : ਗੁਆਂਢ 45' | 31-01-2026 | 03-02-2026 | ਰੁਪਏ 80,65,301.31/- (ਅੱਸੀ ਲੱਖ ਪੈਂਹਠ ਹਜ਼ਾਰ ਤਿੰਨ ਸੌ ਇੱਕ ਰੁਪਏ ਅਤੇ ਇਕੱਤੀ ਪੈਸੇ ਕੇਵਲ) ਸਮੇਤ 03.02.2026 ਤੋਂ 8.60% ਸਾਲਾਨਾ ਅਤੇ 8.35% ਸਾਲਾਨਾ ਦਾ ਮਹੀਨਾਵਾਰ ਗਣਨਾ ਕੀਤੇ ਜਾਣ ਵਿਆਜ ਸਾਡੇ ਵੱਲ ਬਕਾਇਆ ਹਨ ਅਤੇ ਤੁਸੀਂ ਰਕਮ ਰੁਪਏ 80,65,301.31 ਅਤੇ ਵਿਆਜ ਅਦਾ ਕਰਨ 'ਚ ਅਸਫਲ ਰਹੇ ਹੋ। |
| 2. | ਭੀਣ, ਨਵਾਂ ਸ਼ਹਿਰ<br>(ਕਰਜ਼ਦਾਰ) ਸ਼ਰਮਾ ਟਰੇਡਰਜ਼ ਮਾਲਕ ਧਰਮਿੰਦਰ ਕੁਮਾਰ ਪਿੰਡ ਤੇ ਡਾਕ. ਭੀਣ, ਤਹਿਸੀਲ ਨਵਾਂਸ਼ਹਿਰ, ਜ਼ਿਲ੍ਹਾ ਐੱਸ ਬੀ ਐੱਸ ਨਗਰ, ਪੰਜਾਬ-144512 ਸ੍ਰੀ ਧਰਮਿੰਦਰ ਕੁਮਾਰ ਪੁੱਤਰ ਸ੍ਰੀ ਮਦਨ ਲਾਲ, ਪਿੰਡ ਤੇ ਡਾਕ. ਭੀਣ, ਤਹਿਸੀਲ ਨਵਾਂਸ਼ਹਿਰ, ਜ਼ਿਲ੍ਹਾ ਐੱਸ ਬੀ ਐੱਸ ਨਗਰ, ਪੰਜਾਬ-144512 (ਗਰੰਟਰ) : ਸ੍ਰੀਮਤੀ ਹਰਦੀਪ ਕੁਮਾਰੀ ਪਤਨੀ ਸ੍ਰੀ ਧਰਮਿੰਦਰ ਕੁਮਾਰ, ਪਿੰਡ ਤੇ ਡਾਕ. ਭੀਣ, ਤਹਿਸੀਲ ਨਵਾਂਸ਼ਹਿਰ, ਜ਼ਿਲ੍ਹਾ ਐੱਸ ਬੀ ਐੱਸ ਨਗਰ, ਪੰਜਾਬ-144512 | ਜ਼ਮੀਨ ਰਕਬਾ 00 ਕਨਾਲ 14 ਮਰਲਾ-03 ਸਰਸਾਈ ਦਾ ਵੇਰਵਾ ਇਸ ਤਰ੍ਹਾਂ ਹੈ : 00 ਕਨਾਲ 14 ਮਰਲਾ 03 ਸਰਸਾਈ ਦਾ 43/948 ਹਿੱਸਾ, 15 ਕਨਾਲ 16 ਮਰਲਾ 'ਚੋਂ, ਖੇਵਟ ਨੰ. 13, ਖਤੌਨੀ ਨੰ. 13, ਖਸਰਾ ਨੰ. 40//14, 40//15, ਜਮ੍ਹਾਂਬੰਦੀ ਸਾਲ 2019-20 ਪਿੰਡ ਭੀਣ। ਉਕਤ ਜਾਇਦਾਦ ਦਾ ਤਬਾਦਲਾ ਬੈਨਾਮੇ ਨਾਲ ਤਬਾਦਲਾ ਬੈਨਾਮਾ ਅਤੇ ਸਾਈਟ ਪਲਾਟ ਸ਼ਾਮਲ। ਜਾਇਦਾਦ ਦੀਆਂ ਹੱਦਾਂ :- ਪੂਰਬ : ਸੜਕ, ਪੱਛਮ : ਸੱਤਿਆ ਦੇਵੀ ਦੀ ਜਾਇਦਾਦ, ਉੱਤਰ : ਗਲੀ, ਦੱਖਣ : ਸੁਰਿੰਦਰ ਕੁਮਾਰ ਦੀ ਜਾਇਦਾਦ। ਉਕਤ ਜਾਇਦਾਦ ਦਾ ਇੰਤਕਾਲ ਹਰਦੀਪ ਕੁਮਾਰੀ ਦੇ ਨਾਂਅ, ਉਸ ਦੇ ਪਤੀ ਧਰਮਿੰਦਰ ਕੁਮਾਰ ਪੁੱਤਰ ਮਦਨ ਲਾਲ ਪੁੱਤਰ ਹੀਰਾ ਲਾਲ ਵੱਲੋਂ ਮਿਤੀ 09.01.2019 ਨੂੰ ਲਿਖਤੀ ਤੌਰ 'ਤੇ ਤਬਾਦਲਾ ਬੈਨਾਮਾ ਤਹਿਤ ਇੰਤਕਾਲ ਕੀਤਾ ਗਿਆ, ਜਿਸ ਦਾ 2018/19/111/1688 ਮਿਤੀ 09.01.2019 ਨੂੰ ਰਜਿਸਟਰਡ ਹੈ। | 03-11-2023 | 09-02-2026 | ਰੁਪਏ 15,97,802.78/- (ਪੰਦਰਾਂ ਲੱਖ ਸਤਾਨਵੇਂ ਹਜ਼ਾਰ ਅੱਠ ਸੌ ਦੋ ਰੁਪਏ ਅਠੱਤਰ ਪੈਸੇ ਕੇਵਲ) ਸਮੇਤ 09.02.2026 ਤੋਂ 9.00% ਸਾਲਾਨਾ ਟੀ ਐੱਲ ਦੀ ਦਾਰ 'ਤੇ, 9.45% ਸਾਲਾਨਾ ਸੀ ਸੀ ਦੀ ਦਰ 'ਤੇ, 9.25% ਸਾਲਾਨਾ ਟੀ ਐੱਲ ਦੀ ਦਰ 'ਤੇ ਅਤੇ 0.25 ਸਾਲਾਨਾ ਕ੍ਰਮਵਾਰ ਮਹੀਨਾਵਾਰ ਗਣਨਾ ਕੀਤੇ ਜਾਣ ਵਾਲੇ ਵਿਆਜ ਸਾਡੇ ਵੱਲ ਬਕਾਇਆ ਹਨ ਅਤੇ ਤੁਸੀਂ ਰਕਮ ਰੁਪਏ 15,97,802.78 ਅਤੇ ਵਿਆਜ ਅਦਾ ਕਰਨ 'ਚ ਅਸਫਲ ਰਹੇ ਹੋ। |

ਧਿਆਨ ਦਿੱਤਾ ਜਾਵੇ ਕਿ ਐਕਟ ਦੇ ਸੈਕਸ਼ਨ 13 (8) ਦੀਆਂ ਵਿਵਸਥਾਵਾਂ ਅਧੀਨ ਤੁਹਾਨੂੰ ਸਕਿਓਰਡ ਐੱਸਟਸ ਦੀ ਜਨਤਕ ਨਿਲਾਮੀ ਲਈ ਜਨਤਕ ਨੋਟਿਸ ਜਾਂ ਕੁਟੇਸ਼ਨਾਂ ਜਾਂ ਜਨਤਾ ਤੋਂ ਟੈਂਡਰ ਜਾਂ ਨਿੱਜੀ ਸੰਧੀ ਰਾਹੀਂ ਪਟੇ 'ਤੇ ਤਬਦੀਲ, ਅਸਾਈਨਮੈਂਟ ਜਾਂ ਵਿਕਰੀ ਤੋਂ ਪਹਿਲਾਂ ਕਿਸੇ ਸਮੇਂ ਵੀ ਬੈਂਕ ਦੇ ਬਕਾਏ ਸਮੇਤ ਸਾਰੀਆਂ ਲਾਗਤਾਂ, ਚਾਰਜਿਜ਼ ਅਤੇ ਬੈਂਕ ਵੱਲੋਂ ਕੀਤੇ ਗਏ ਹੋਰ ਸਾਰੇ ਖਰਚੇ ਅਦਾ ਕਰਕੇ ਛੁਟਕਾਰਾ ਪਾਉਣ ਦਾ ਅਧਿਕਾਰ ਪ੍ਰਾਪਤ ਹੈ। ਉਪਰੋਕਤ ਕਰਜ਼ਦਾਰਾਂ/ਗਰੰਟਰਾਂ/ਰਹਿਣਕਾਰਾਂ ਨੂੰ ਨੋਟਿਸ 'ਚ ਦਰਸਾਈ ਰਕਮ ਇਸ ਨੋਟਿਸ ਦੀ ਪ੍ਰਕਾਸ਼ਨਾ ਮਿਤੀ ਤੋਂ 60 ਦਿਨਾਂ ਦੇ ਅੰਦਰ ਅਦਾ ਕੀਤੇ ਜਾਣ ਦੀ ਸਲਾਹ ਦਿੱਤੀ ਜਾਂਦੀ ਹੈ, ਅਸਫਲ ਰਹਿਣ 'ਤੇ ਇਸ ਨੋਟਿਸ ਦੀ ਮਿਤੀ ਤੋਂ 60 ਦਿਨ ਗੁਜ਼ਰ ਜਾਣ 'ਤੇ ਸਕਿਉਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਅਤੇ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈਸਟ ਐਕਟ 2002 ਦੀਆਂ ਵਿਵਸਥਾਵਾਂ ਤਹਿਤ ਅਗਲੇ ਕਦਮ ਉਠਾਏ ਜਾਣਗੇ।

ਸਕਿਉਰਡ ਐੱਸਟ/ਐੱਸਟਸ ਨੂੰ ਪ੍ਰਾਪਤ ਕਰਨ ਲਈ ਉਪਲਬਧ ਸਮੇਂ ਅਨੁਸਾਰ ਤੁਹਾਡਾ ਧਿਆਨ ਐਕਟ ਦੇ ਸੈਕਸ਼ਨ 13 ਦੇ ਸਬ-ਸੈਕਸ਼ਨ 8 ਦੀਆਂ ਵਿਵਸਥਾਵਾਂ ਵੱਲ ਦਿਵਾਇਆ ਜਾਂਦਾ ਹੈ।

ਐਕਟ ਦੇ ਸੈਕਸ਼ਨ 13 (13) ਅਨੁਸਾਰ, ਇਸ ਨੋਟਿਸ ਦੀ ਪ੍ਰਾਪਤੀ 'ਤੇ ਤੁਹਾਡੇ 'ਤੇ ਉਪਰੋਕਤ ਸਕਿਉਰਟੀਜ਼ ਸੰਬੰਧੀ ਬੈਂਕ ਦੀ ਮਨਜ਼ੂਰੀ ਤੋਂ ਬਿਨਾਂ ਸਿਵਾਏ ਬਿਜ਼ਨਸ ਦੇ ਆਮ ਕੋਰਸ ਦੇ ਨਿਪਟਾਰੇ ਜਾਂ ਸੌਦੇਬਾਜ਼ੀ 'ਤੇ ਪਾਬੰਦੀ ਹੈ। ਕਿਰਪਾ ਕਰਕੇ ਧਿਆਨ ਦਿੱਤਾ ਜਾਵੇ ਕਿ ਸੈਕਸ਼ਨ ਦੀ ਉਲੰਘਣਾ ਕਰਨ 'ਤੇ ਤੁਹਾਡੇ ਵਿਰੁੱਧ ਕਾਰਵਾਈ ਕੀਤੀ ਜਾਵੇਗੀ।

ਕਰਜ਼ਦਾਰਾਂ/ਗਰੰਟਰਾਂ/ਰਹਿਣਕਾਰਾਂ ਨੂੰ ਸੰਬੰਧਤ ਸ਼ਾਖਾ ਤੋਂ ਨੋਟਿਸ ਦੀ ਕਾਪੀ ਹਾਸਲ ਕਰਨ ਦੀ ਸਲਾਹ ਦਿੱਤੀ ਜਾਂਦੀ ਹੈ।

ਮਿਤੀ : 11.02.2026 ਸਥਾਨ : ਲੁਧਿਆਣਾ ਅਧਿਕਾਰਤ ਅਫਸਰ



AB COTSPIN INDIA LTD.

A B COTSPIN INDIA LIMITED

Regd. Office: Bathinda Road, Jaitu, Faridkot, Punjab-151202
CIN : L17111PB1997PLC020118, Email : info@abcotspin.in,
Website : www.abcotspin.co.in, Ph.: 01635-232670

**31 ਦਸੰਬਰ 2025 ਨੂੰ ਖਤਮ ਹੋਈ ਤਿਮਾਹੀ ਅਤੇ ਖਤਮ ਹੋਏ ਨੌਂ ਮਹੀਨਿਆਂ ਲਈ ਇਕਸਾਰ ਵਿੱਤੀ ਨਤੀਜਿਆਂ ਅਤੇ ਅਣਪੜਤਾਲੇ ਸਟੈਂਡਲੋਨ ਦੀ ਸਟੇਟਮੈਂਟ**

31 ਦਸੰਬਰ 2025 ਨੂੰ ਖਤਮ ਹੋਈ ਤਿਮਾਹੀ ਅਤੇ ਖਤਮ ਹੋਏ ਨੌਂ ਮਹੀਨਿਆਂ ਦੇ ਇਕਸਾਰ ਵਿੱਤੀ ਨਤੀਜਿਆਂ ਅਤੇ ਅਣਪੜਤਾਲੇ ਸਟੈਂਡਲੋਨ ਦੀ ਮਨਜ਼ੂਰੀ ਲਈ ਮੈਸਰਜ਼ ਏ ਬੀ ਕੋਟਸਪਿਨ ਇੰਡੀਆ ਲਿਮਿਟਡ ("ਦਾ ਕੰਪਨੀ") ਦੇ ਬੋਰਡ ਦੇ ਡਾਇਰੈਕਟਰਾਂ ਦੀ ਮੀਟਿੰਗ ਬੁੱਧਵਾਰ, 11 ਫਰਵਰੀ 2026 ਨੂੰ ਹੋਈ। ਉਕਤ ਦਰਸਾਏ ਵਿੱਤੀ ਨਤੀਜੇ ਸਮੇਤ ਸੀਮਤ ਸਮੀਖਿਆ ਆਡਿਟ ਰਿਪੋਰਟ ਨੂੰ ਕੰਪਨੀ ਦੀ ਵੈੱਬਸਾਈਟ www.abcotspin.co.in ਸਟਾਕ ਐਕਸਚੇਂਜ਼ ਦੀ ਵੈੱਬਸਾਈਟ www.nseindia.com ਅਤੇ www.bseindia.com 'ਤੇ ਪਾ ਦਿੱਤਾ ਗਿਆ ਹੈ ਅਤੇ ਇਸ ਨੂੰ ਕਿਊ ਆਰ ਕੋਡ ਤੋਂ ਵੀ ਸਕੈਨ ਕੀਤਾ ਜਾ ਸਕਦਾ ਹੈ।

ਸਥਾਨ : ਜੈਤੋ, ਫਰੀਦਕੋਟ
ਮਿਤੀ : 11.02.2026

ਵਾਸਤੇ ਏ ਬੀ ਕੋਟਸਪਿਨ ਇੰਡੀਆ ਲਿਮਿਟਡ
ਸਹੀ/- ਦੀਪਕ ਗਰਗ
ਚੇਅਰਮੈਨ ਅਤੇ ਮੈਨੇਜਿੰਗ ਡਾਇਰੈਕਟਰ
ਡੀ ਆਈ ਐੱਨ : 00843929

# ਪੰਜਾਬ ਸਰਕਾਰ ਨੇ ਸੂਬੇ ਦੇ ਹਰ ਵਰਗ ਦੀ ਭਲਾਈ ਲਈ ਵਿਆਪਕ ਉਪਰਾਲੇ ਕੀਤੇ : ਹਰਜੋਤ ਬੈਂਸ



ਸ੍ਰੀ ਅਨੰਦਪੁਰ ਸਾਹਿਬ, (ਅਰਵਿੰਦਰ ਸਿੰਘ ਬਿੰਦੀ) ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਨੇ ਸੂਬੇ ਵਿੱਚ ਹਰ ਵਰਗ ਦੀ ਭਲਾਈ ਲਈ ਵਿਆਪਕ ਉਪਰਾਲੇ ਕੀਤੇ ਹਨ, ਸਿਹਤ ,ਸਿੱਖਿਆ, ਬਿਜਲੀ ਤੇ ਹੋਰ ਬੁਨਿਆਦੀ ਸਹੂਲਤਾ ਵਿੱਚ ਜ਼ਿਕਰਯੋਗ ਸੁਧਾਰ ਕੀਤਾ ਹੈ। ਇਹ ਪ੍ਰਗਟਾਵਾ ਹਰਜੋਤ ਸਿੰਘ ਬੈਂਸ ਕੈਬਨਿਟ ਮੰਤਰੀ ਸਿੱਖਿਆ ਅਤੇ ਸੂਚਨਾ ਤੇ ਲੋਕ ਸੰਪਰਕ ਵਿਭਾਗ ਪੰਜਾਬ ਨੇ ਆਪਣੇ ਹਲਕੇ ਸ੍ਰੀ ਅਨੰਦਪੁਰ ਸਾਹਿਬ ਦੇ ਵੱਡੇ ਪਿੰਡ ਅਗੰਮਪੁਰ ਵਿਖੇ ਸਮਾਜਿਕ ਸੁਰੱਖਿਆ ਅਤੇ ਇਸਤਰੀ ਤੇ ਬਾਲ ਵਿਕਾਸ ਵਿਭਾਗ ਪੰਜਾਬ ਵੱਲੋਂ ਸਿਹਤ ਵਿਭਾਗ ਦੇ ਸਹਿਯੋਗ ਨਾਲ ਸਾਡਾ ਬਜ਼ੁਰਗ ਸਾਡਾ ਮਾਣ ਮੁਹਿੰਮ ਤਹਿਤ ਅਗੰਮਪੁਰ ਪੰਚਾਇਤ ਘਰ ਵਿਖੇ ਬਜ਼ੁਰਗਾਂ ਦੀ ਸਿਹਤ ਸਬੰਧੀ ਮੈਡੀਕਲ ਚੈੱਕਅਪ ਕੈਂਪ ਮੌਕੇ ਇਕੱਠੇ ਹੋਏ ਸੈਂਕੜੇ ਬਜ਼ੁਰਗਾ ਅਤੇ ਇਲਾਕਾ ਵਾਸੀਆ ਨੂੰ ਸੰਬੋਧਨ ਕਰਦੇ ਹੋਏ ਕੀਤਾ। ਕੈਬਨਿਟ ਮੰਤਰੀ ਨੇ ਦੱਸਿਆ ਕਿ ਇਸ ਕੈਂਪ ਵਿੱਚ ਮਾਹਰ ਡਾਕਟਰਾਂ ਦੀ ਟੀਮਾਂ ਵੱਲੋਂ ਓਪੀਡੀ, ਡਿਮੈਂਸ਼ੀਆ ਸਕ੍ਰੀਨਿੰਗ, ਐਨਸੀਡੀ ਸਕ੍ਰੀਨਿੰਗ, ਕੈਂਸਰ ਸਕ੍ਰੀਨਿੰਗ, ਆਰਥੋਪੀਡਿਕ ਚੈਕ-ਅੱਪ, ਅੱਖਾਂ ਦੀ ਜਾਂਚ, ਫਿਜ਼ੀਓਥੈਰੇਪੀ ਅਤੇ ਮਨੋਰੋਗ/ਕਲੀਨਿਕਲ ਮਨੋਵਿਗਿਆਨਕ ਮੁਲਾਂਕਣ ਸਬੰਧੀ ਚੈੱਕਅੱਪ ਕੀਤਾ ਗਿਆ। ਕੈਬਨਿਟ ਮੰਤਰੀ ਹਰਜੋਤ ਬੈਂਸ ਨੇ ਕਿਹਾ ਕਿ ਸਾਡੇ ਵਰਕਰਾਂ ਅਤੇ ਇਲਾਕੇ ਦੇ ਪਤਵੰਤਿਆਂ ਨੇ ਬਜ਼ੁਰਗਾਂ ਨੂੰ ਇਸ ਕੈਂਪ ਵਿੱਚ ਪਹੁੰਚਣ ਅਤੇ ਆਪਣੀ ਸਿਹਤ ਸਬੰਧੀ ਚੈਕਅੱਪ ਕਰਵਾਉਣ ਦੀ ਅਪੀਲ ਕੀਤੀ ਸੀ। ਇਸ ਕੈਂਪ ਵਿੱਚ ਬਜ਼ੁਰਗਾਂ ਦੀ ਸਰੀਰਕ ਅਤੇ ਮਾਨਸਿਕ ਦੋਹਾਂ ਤਰ੍ਹਾਂ ਦੀ ਸਿਹਤ ਉੱਤੇ ਵਿਸ਼ੇਸ਼ ਧਿਆਨ ਦਿੱਤਾ ਗਿਆ ਹੈ। ਕੈਬਨਿਟ ਮੰਤਰੀ ਨੇ ਕਿਹਾ ਕਿ ਇਸ ਕੈਂਪ ਦੌਰਾਨ ਮੁੱਖ ਮੰਤਰੀ ਸਿਹਤ ਬੀਮਾ ਸਕੀਮ ਅਧੀਨ ਯੋਗ ਲਾਭਪਾਤਰੀਆਂ ਦੇ ਕਾਰਡ ਵੀ ਬਣਾਏ ਗਏ ਤਾਂ ਜੋ ਬਜ਼ੁਰਗਾਂ ਨੂੰ ਨਿੱਜੀ ਹਸਪਤਾਲਾਂ ਵਿੱਚ ਇਲਾਜ ਸਮੇਂ ਬੀਮੇ ਦੀ ਸਹੂਲਤ ਦਾ ਲਾਭ ਮਿਲ ਸਕੇ। ਇਸ ਮੌਕੇ ਵੱਖ-ਵੱਖ ਮਾਹਰ ਡਾਕਟਰਾਂ ਵੱਲੋਂ ਬਜ਼ੁਰਗਾਂ ਦੀ ਸਿਹਤ ਜਾਂਚ ਕੀਤੀ ਗਈ, ਮੁਫ਼ਤ ਐਨਕਾਂ ਅਤੇ ਦਵਾਈਆਂ ਵੀ ਵੰਡੀਆਂ ਗਈਆਂ। ਯੂਥ ਵੈੱਲਫੇਅਰ ਕਲੱਬ ਵੱਲੋਂ ਬਜ਼ੁਰਗਾਂ ਦੀ ਭਲਾਈ ਲਈ ਕੈਂਪ ਵਿੱਚ ਸਿਹਤ ਵਾਲਿਆ ਸਹੂਲਤਾਂ ਬਾਰੇ ਜਾਣਕਾਰੀ ਦਿੱਤੀ ਗਈ। ਇਸ ਮੌਕੇ ਡਾਕਟਰ ਸਾਹਿਬ ਰਤਨ ਜ਼ਿਲਾ ਇੰਚਾਰਜ ਆਮ ਆਦਮੀ ਪਾਰਟੀ, ਡੀਐਸਪੀ ਜਸ਼ਨਦੀਪ ਸਿੰਘ, ਸੋਹਨ ਸਿੰਘ ਬੈਂਸ, ਡਾ ਨਵਰੂਪ ਕੌਰ ਸਿਵਲ ਸਰਜਨ, ਡਾ ਅੰਜਲੀ ਚੌਧਰੀ ਜ਼ਿਲ੍ਹਾ ਪਰਿਵਾਰ ਭਲਾਈ ਅਫਸਰ, ਜ਼ਿਲਾ ਹੈਂਟਲ ਸਿਹਤ ਅਫਸਰ ਡਾਕਟਰ ਜਸਜੀਤ ਬੈਂਸ, ਅੰਮ੍ਰਿਤਾ ਬਾਲਾ ਜ਼ਿਲ੍ਹਾ ਸਮਾਜਿਕ ਸੁਰੱਖਿਆ, ਅੰਜਲੀ ਚੌਧਰੀ ਜ਼ਿਲ੍ਹਾ ਫੈਮਲੀ ਪਲੈਨਿੰਗ ਅਫ਼ਸਰ , ਕਿਰਨਦੀਪ ਬਬਲੂ ਸਰਪੰਚ, ਦੀਪ ਬਬਲੂ, ਰਾਮਲਾਲ, ਹੁਸਨ ਲਾਲ ਰਾਣਾ, ਤਰਲੋਕ ਸਿੰਘ, ਰਾਮ ਮੂਰਤੀ ਪਰਾਸ਼ਰ ਸਮੇਤ ਇਲਾਕੇ ਦੇ ਪਤਵੰਤੇ ਵੱਡੀ ਗਿਣਤੀ ਵਿੱਚ ਪਤਵੰਤੇ ਹਾਜ਼ਰ ਸਨ।

# ਨਸ਼ਿਆਂ ਵਿਰੁੱਧ ਅੰਦੋਲਨ ਆਮ ਲੋਕਾਂ ਦਾ ਅੰਦੋਲਨ: ਰਾਜਪਾਲ

ਫਾਜ਼ਿਲਕਾ, (ਨਿਸ਼ਾ ਸ਼ਰਮਾ) ਪੰਜਾਬ ਨੂੰ ਨਸ਼ਾ ਮੁਕਤ ਕਰਕੇ ਮੁੜ ਤੋਂ ਰੰਗਲਾ ਪੰਜਾਬ ਬਣਾਉਣ ਵਿੱਚ ਸਰਕਾਰ ਕੰਗੀ ਹੋਈ ਹੈ ਤੇ ਇਸ ਤਹਿਤ ਹੀ ਸਰਕਾਰ ਵੱਲੋਂ ਨਸ਼ਾ ਤਸਕਰਾਂ ਤੇ ਸ਼ਿਕੰਜਾ ਕੱਸਿਆ ਗਿਆ ਹੈ। ਨਸ਼ਿਆਂ ਦਾ ਖਾਤਮਾ ਕਰਨਾ ਸਾਡੀ ਸਾਰਿਆਂ ਦੀ ਸਾਂਝੀ ਜਿੰਮੇਵਾਰੀ ਵੀ ਬਣਦੀ ਹੈ ਤਾਂ ਹੀ ਪੰਜਾਬ ਮੁੜ ਤੋਂ ਪਹਿਲਾਂ ਵਰਗਾ ਰੰਗਲਾ ਪੰਜਾਬ ਬਣ ਸਕੇ। ਇਹ ਪ੍ਰਗਟਾਵਾ ਮਾਨਯੋਗ ਰਾਜਪਾਲ ਪੰਜਾਬ ਸ੍ਰੀ ਗੁਲਾਬ ਚੰਦ ਕਟਾਰੀਆ ਨੇ ਫਾਜ਼ਿਲਕਾ ਜ਼ਿਲ੍ਹੇ ਵਿੱਚ ਨਸ਼ਿਆਂ ਵਿਰੁੱਧ ਸੰਜੀਵ ਪੈਲਸ ਤੋਂ ਘੰਟਾ ਘਰ ਤੱਕ ਕੱਢੀ ਗਈ ਵਿਸ਼ਾਲ ਪੈਦਲ ਯਾਤਰਾ ਦੀ ਅਗਵਾਈ ਕਰਨ ਮੌਕੇ ਕੀਤਾ। ਇਸ ਰੈਲੀ ਨੂੰ ਸਫਲ ਬਣਾਉਣ ਵਿੱਚ ਕੇ. ਜੀ. ਐਵ ਦਾ ਵੀ ਸਹਿਯੋਗ ਰਿਹਾ।

ਇਸ ਪੈਦਲ ਯਾਤਰਾ ਵਿੱਚ ਕਈ ਯੂਨਵਰਸਿਟੀਆਂ ਦੇ ਉਪਕੁਲਪਤੀ, ਸਕੂਲਾਂ ਅਤੇ ਕਾਲਜਾਂ ਦੇ ਮੁਖੀ, ਐਨ.ਜੀ.ਓਜ਼, ਸਮਾਜਿਕ ਸੰਸਥਾਵਾਂ ਦੇ ਨੁਮਾਇੰਦਿਆਂ ਅਤੇ ਉੱਘੀਆਂ ਸ਼ਖ਼ਸੀਅਤਾਂ ਨੇ ਵੱਡੀ ਗਿਣਤੀ ਵਿੱਚ ਸ਼ਿਰਕਤ ਕਰਦਿਆਂ ਨਸ਼ਾ ਮੁਕਤ ਪੰਜਾਬ ਬਣਾਉਣ ਦਾ ਸੰਕਲਪ ਲਿਆ।

ਇਸ ਦੌਰਾਨ ਰਾਜਪਾਲ ਪੰਜਾਬ ਨੇ ਕਿਹਾ ਕਿ ਨਸ਼ਿਆਂ ਕਾਰਨ ਸਿਰਫ ਵਿਅਕਤੀ ਦਾ ਹੀ ਨਹੀਂ ਸਗੋਂ ਪੂਰੇ ਸਮਾਜ ਦਾ ਭਾਰੀ ਨੁਕਸਾਨ ਹੁੰਦਾ ਹੈ, ਇਸ ਲਈ ਇਸ ਬੁਰਾਈ ਨੂੰ ਜੜ੍ਹੋਂ ਖਤਮ ਕਰਨ ਲਈ ਸਾਂਝੀ ਕੋਸ਼ਿਸ਼ ਲਾਜ਼ਮੀ ਹੈ। ਉਨ੍ਹਾਂ ਕਿਹਾ ਕਿ ਸਾਨੂੰ ਆਪਣੇ ਗੁਰੂਆਂ ਦੇ ਬਲੀਦਾਨਾਂ ਤੋਂ ਸਿੱਖਿਆ ਲੈਣੀ ਚਾਹੀਦੀ ਹੈ। ਸਾਡੇ ਦੇਸ਼ ਦੀ ਰੱਖਿਆ ਲਈ ਆਪਣੀਆਂ ਜਾਨਾਂ ਤੱਕ ਕੁਰਬਾਨ ਕਰ ਦਿੱਤੀਆਂ ਹਨ ਤੇ ਸਾਡੇ ਦੇਸ਼ ਦੇ ਬਹਾਦਰ ਫੌਜ ਦੇ ਜਵਾਨਾਂ ਨੇ ਅਸੀਂ ਇਸ ਛੋਟੀ ਜਿਹੀ ਨਸ਼ਿਆਂ ਦੀ ਅਲਾਮਤ ਨੂੰ ਖਤਮ ਨਹੀਂ ਕਰ ਸਕਦੇ? ਇਹ ਸਾਡਾ ਧਾਰਮਿਕ ਅਤੇ ਨੈਤਿਕ ਫ਼ਰਜ਼ ਬਣਦਾ ਹੈ ਕਿ ਅਸੀਂ ਇਸ ਬਿਮਾਰੀ ਨੂੰ ਜੜ੍ਹੋਂ ਮਿਟਾਈਏ।ਯਾਤਰਾ ਉਪਰੰਤ ਘੰਟਾ ਘਰ ਵਿਖੇ ਭਾਰੀ ਇਕੱਠ ਨੂੰ ਸੰਬੋਧਨ ਕਰਦਿਆਂ ਉਨ੍ਹਾਂ ਜ਼ੋਰ ਦਿੰਦਿਆਂ ਕਿਹਾ ਕਿ ਸਭ ਤੋਂ ਪਹਿਲਾਂ ਸਿੱਖਿਆ ਸੰਸਥਾਵਾਂ ਨੂੰ ਨਸ਼ਾ ਮੁਕਤ ਬਣਾਉਣ ਦੀ ਲੋੜ ਹੈ ਕਿਉਂਕਿ ਨੌਜਵਾਨਾਂ ਦੇ ਸਹੀ ਰਾਹ 'ਤੇ ਪੈਣ ਨਾਲ ਹੀ ਸੂਬੇ ਦਾ ਭਵਿੱਖ ਸੁਰੱਖਿਅਤ ਹੋ ਸਕਦਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਨਸ਼ਿਆਂ ਵਿਰੁੱਧ ਫੈਸ਼ ਵਾਈਜ਼ ਮੁਹਿੰਮ ਚਲਾਈ ਜਾ ਰਹੀ ਹੈ ਜਿਸ ਨੂੰ ਸਫਲ ਬਣਾਉਣ ਲਈ ਸਿੱਖਿਆ ਸੰਸਥਾਵਾਂ, ਧਾਰਮਿਕ ਸੰਸਥਾਵਾਂ, ਸਮਾਜਿਕ ਸੰਸਥਾਵਾਂ, ਸਮੂਹ ਰਾਜਨੀਤਿਕ ਪਾਰਟੀਆਂ, ਪੰਚਾਇਤਾਂ ਅਤੇ ਆਮ ਲੋਕਾਂ ਨੂੰ ਇਕੱਠੇ ਹੋ ਕੇ ਇਹ ਲੜਾਈ ਲੜਨੀ ਪਵੇਗੀ। ਉਨ੍ਹਾਂ ਕਿਹਾ ਕਿ ਸਾਡਾ ਗੁਆਂਢੀ ਦੁਸ਼ਮਣ ਦੇਸ਼ ਡਰੋਨਾਂ ਰਾਹੀਂ ਨਸ਼ਿਆਂ ਦੀ ਸਪਲਾਈ ਕਰਕੇ ਸਾਡੀ ਨੌਜਵਾਨ ਪੀੜ੍ਹੀ ਨੂੰ ਕਮਜ਼ੋਰ ਕਰਨ ਦੀ ਕੋਸ਼ਿਸ਼ ਕਰ ਰਿਹਾ ਹੈ, ਪਰ ਸਰਕਾਰ ਵੱਲੋਂ ਐਂਟੀ-ਡਰੋਨ ਸਿਸਟਮ ਸਮੇਤ ਕਈ ਕੜੇ ਕਦਮ ਚੁੱਕੇ ਜਾ ਰਹੇ ਹਨ ਤਾਂ ਜੋ ਇਸ ਸਾਜ਼ਿਸ਼ ਨੂੰ ਨਾਕਾਮ ਬਣਾਇਆ ਜਾ ਸਕੇ।

ਅੰਤ ਵਿੱਚ ਮਾਨਯੋਗ ਰਾਜਪਾਲ ਨੇ ਕਿਹਾ ਕਿ ਨਸ਼ਿਆਂ ਵਿਰੁੱਧ ਇਹ ਲੜਾਈ ਸਾਂਝੇ ਤੌਰ 'ਤੇ ਹੀ ਜਿੱਤੀ ਜਾ ਸਕਦੀ ਹੈ ਅਤੇ ਸਮੂਹ ਪੰਜਾਬ ਵਾਸੀਆਂ ਦੇ ਸਹਿਯੋਗ ਨਾਲ ਇਸ ਮਿਸ਼ਨ ਵਿੱਚ ਜਲਦੀ ਸਫਲਤਾ ਮਿਲੇਗੀ। ਇਸ ਤੋਂ ਪਹਿਲਾ ਮਾਨਯੋਗ ਰਾਜਪਾਲ ਵੱਲੋਂ ਨਸ਼ਾ ਮੁਕਤੀ ਕੇਂਦਰ ਜੰਟਵਾਲੀ ਦਾ ਦੌਰਾ ਕਰਕੇ ਉੱਥੇ ਰਹਿ ਰਹੇ ਵਿਅਕਤੀਆਂ ਨਾਲ ਗੱਲਬਾਤ ਕੀਤੀ।ਇਸ ਮੌਕੇ ਰਾਜਪਾਲ ਦੇ ਪ੍ਰਮੁੱਖ ਸਕੱਤਰ ਵੀਪੀ ਸਿੰਘ, ਡਿਪਟੀ ਕਮਿਸ਼ਨਰ ਅਮਰਪ੍ਰੀਤ ਕੌਰ ਸੰਧੂ, ਡਾਇਰੈਕਟਰ ਜਨਗਣਨਾ ਸੰਚਾਲਨ ਲਲਿਤ ਜੈਨ, ਰੈੱਡ ਕਰਾਸ ਦੇ ਸਕੱਤਰ ਸ਼ਿਵ ਦੁਲਾਰ ਸਿੰਘ ਢਿੱਲੋਂ, ਐਸ.ਐਸ.ਪੀ. ਸ. ਗੁਰਮੀਤ ਸਿੰਘ, ਵਧੀਕ ਡਿਪਟੀ ਕਮਿਸ਼ਨਰ (ਜ.) ਡਾ. ਮਨਦੀਪ ਕੌਰ, ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਸ੍ਰੀ ਸੁਭਾਸ਼ ਚੰਦਰ, ਕੇਜੀਐਫ ਦੇ ਆਗੂ ਕਰਨ ਗਿਲਹੋਤਰਾ ਸਮੇਤ ਰਾਜਨੀਤਿਕ ਪਾਰਟੀਆਂ ਦੇ ਆਗੂ, ਵਿਭਾਗਾਂ ਦੇ ਅਧਿਕਾਰੀ /ਕਰਮਚਾਰੀ, ਵੱਖ-ਵੱਖ ਐਨ.ਜੀ.ਓਜ਼, ਧਾਰਮਿਕ ਅਤੇ ਸਮਾਜਿਕ ਸੰਸਥਾਵਾਂ ਦੇ ਮੈਂਬਰ ਅਤੇ ਵੱਡੀ ਗਿਣਤੀ ਵਿੱਚ ਸਿੱਖਿਆ ਸੰਸਥਾਵਾਂ ਸਕੂਲਾਂ ਤੇ ਕਾਲਜਾਂ ਦੇ ਵਿਦਿਆਰਥੀ ਆਦਿ ਹਾਜ਼ਰ ਸਨ।

# ਗੁਰੂ ਘਰ ਦਾ ਅਨਮੋਲ ਹੀਰਾ 'ਭਾਈ ਲੱਖੀ ਸ਼ਾਹ ਵਣਜਾਰਾ' ਦਾ ਵਿਮੋਚਨ

ਅੰਮ੍ਰਿਤਸਰ, (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ) ਬੀਤੇ ਦਿਨੀਂ ਤਖ਼ਤ ਸੱਚਖੰਡ ਸ੍ਰੀ ਹਜ਼ੂਰ ਸਾਹਿਬ, ਨੰਦੇੜ ਵਿੱਖੇ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਦੇ 350 ਵੇਂ ਸ਼ਹੀਦੀ ਸਮਾਗਮ ਅਤੇ ਸਾਹਿਬ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਮਹਾਰਾਜ ਦੇ 350 ਵੇਂ ਗੁਰਤਾਗੱਦੀ ਗੁਰਪੁਰਬ ਨਿਮੱਤ ਮਹਾਰਾਸ਼ਟਰ ਸਰਕਾਰ ਵੱਲੋਂ ਮਨਾਏ ਗਏ ਹਿੰਦ-ਦੀ-ਚਾਦਰ ਸਮਾਗਮ ਨੂੰ ਸਮਰਪਿਤ ਗੁਰਦੁਆਰਾ ਸੱਚਖੰਡ ਬੋਰਡ, ਨੰਦੇੜ ਦੇ ਮੁੱਖ ਪ੍ਰਬੰਧਕ ਡਾ. ਵਿਜੇ ਸਤਬੀਰ ਸਿੰਘ ਜੀ ਨੇ ਭਾਈ ਲੱਖੀ ਸ਼ਾਹ ਵਣਜਾਰਾ ਜੀ ਦੀ ਮਟੌਲ ਬਹਾਦਰ, ਦਲੇਰੀ ਅਤੇ ਤਿਆਗ ਤੋਂ ਪ੍ਰੇਰਿਤ ਹੋ ਕੇ ਗੁਰੂ ਘਰ ਦਾ ਅਨਮੋਲ ਹੀਰਾ ਭਾਈ ਲੱਖੀ ਸ਼ਾਹ ਵਣਜਾਰਾ ਪੁਸਤਕ ਦਾ ਵਿਮੋਚਨ ਤਖ਼ਤ ਸੱਚਖੰਡ ਸ੍ਰੀ ਹਜ਼ੂਰ ਸਾਹਿਬ ਦੇ ਜੱਥੇਦਾਰ ਸੰਤ ਬਾਬਾ ਕੁਲਵੰਤ ਸਿੰਘ ਜੀ, ਸਮੂਹ ਪੰਜ ਪਿਆਰੇ ਸਾਹਿਬਾਨ, ਦਮਦਮੀ ਟਕਸਾਲ ਦੇ ਮੁਖੀ ਸੰਤ ਬਾਬਾ ਹਰਨਾਮ ਸਿੰਘ ਜੀ ਖ਼ਾਲਸਾ, ਬਾਬਾ ਬਲਵਿੰਦਰ ਸਿੰਘ ਜੀ ਕਾਰ ਸੇਵਾ ਵਾਲੇ, ਮਹਾਰਾਸ਼ਟਰ ਸਰਕਾਰ ਦੇ ਮੁੱਖਮੰਤ੍ਰੀ ਸ੍ਰੀ ਦੇਵਿੰਦਰ ਫੜਣਵੀਸ ਜੀ, ਆਂਧਰਾ ਪ੍ਰਦੇਸ਼ ਦੇ ਉਪ ਮੁੱਖ ਮੰਤਰੀ ਪਵਨ ਕਲਿਆਣ ਅਤੇ ਹੋਰ ਵੀ ਪਤਵੰਤੇ ਸੱਜਣਾਂ ਦੀ ਮੌਜੂਦਗੀ ਵਿੱਚ ਕੀਤਾ ਗਿਆ। ਭਾਈ ਮੱਖਣ ਸ਼ਾਹ ਲੁਬਾਣਾ ਵੱਲੋਂ ਸੱਚੇ ਗੁਰੂ ਦੀ ਖੋਜ ਦੌਰਾਨ ਨਿਭਾਈ ਗਈ ਇਤਿਹਾਸਕ ਅਤੇ ਪ੍ਰੇਰਣਾ ਦੇਣ ਵਾਲੀ ਭੂਮਿਕਾ ਨੂੰ ਵੀ ਵਿਸਤਾਰ ਨਾਲ ਇਸ ਪੁਸਤਕ ਵਿੱਚ ਲਿਖਿਆ ਗਿਆ ਹੈ, ਨਾਲ ਹੀ ਵਣਜਾਰਾ, ਲੁਬਾਣਾ ਸਮਾਜ ਦੇ ਉਸ ਮਹੱਤਵਪੂਰਣ ਯੋਗਦਾਨ ਨੂੰ ਵੀ ਦਰਸਾਇਆ ਗਿਆ ਹੈ, ਜਿਸ ਰਾਹੀਂ ਉਨ੍ਹਾਂ ਗੁਰੂ ਘਰ ਦੀ ਸੇਵਾ, ਵਪਾਰ ਅਤੇ ਸਮਾਜਕ ਏਕਤਾ ਵਿੱਚ ਦੇ ਪ੍ਰਚਾਰ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਈ ਅਤੇ ਇੱਕ ਨਿਰਭੈ, ਸਹਿਯੋਗੀ ਤੇ ਨਿਆਂਪੂਰਨ ਸਮਾਜ ਦੀ ਸਿਰਜਣਾ ਲਈ ਆਪਣੇ ਦ੍ਰਿੜ ਸੰਕਲਪ ਮਜ਼ਬੂਤ ਕੀਤੇ ਹਨ। ਵਿਜੇ ਸਤਬੀਰ ਸਿੰਘ ਜੀ ਨੇ ਇਸ ਪੁਸਤਕ ਰਾਹੀਂ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਦੀ ਮਹਾਨ ਸ਼ਹਾਦਤ, ਭਾਈ ਲੱਖੀ ਸ਼ਾਹ ਵਣਜਾਰਾ ਦੀ ਅਮਰ ਸੇਵਾ ਅਤੇ ਲੁਬਾਣਾ ਸਮਾਜ ਦੀ ਸਾਂਝੀ ਵਿਰਾਸਤ ਨੂੰ ਸਨਮਾਨ ਭੇਟ ਕਰਨ ਲਈ ਇੱਕ ਨਿਮਾਣਾ ਉਪਰਾਲਾ ਕੀਤਾ ਹੈ।

## PUBLIC NOTICE

We Baldev Raj son of Hazar Chand and Mrs. Ramesh Paul wife of Mr. Baldev Raj residents of H.No. 25, Tower Enclave, Phase-2, Wadala, Jalandhar, Punjab-144003 declare that our son Hitender Paul and his wife Pratibha and their family are out of our control. That we have disowned and disinherited our son Hitender Paul & his wife Pratibha including their son from our moveable and immoveable properties. Whosoever shall deal with them of any kind can do this own risk & responsibility. We and our other family members having no relation with them. All concerned please note.

## PUBLIC NOTICE

I, Simranjit Singh Bal S/o Tej Bahadur Singh Bal R/o H.No. 20, Parkash Nagar, Jalandhar declare that this is for the information of general public at large that any person dealing with M/s Flyout Immigration is dealing with Harsh Wadhwa and Shalika Wadhwa owners of The Sapphire Consultant, Sector 17, Chandigarh. I have no link or concern with the said firm. Any liability, etc of M/S Flyout is to be deal by Harsh Wadhwa and Shalika Wadhwa owners of The Sapphire Consultant, Sector 18, Chandigarh only as they are the owner of the same. No financial dealings or any dealings of any nature is being done by me for M/s Flyout. Harsh Wadhwa and Shalika Wadhwa owners of the Sapphire Consultant, Sector 17, Chandigarh are dealing in all finances and work of M/S Flyout. All Please Note.

## COURT NOTICE

(U/o 5 Rule 20 CPC)
In the Court of
Sh. Arjun Singh Sandhu
Civil Judge (Junior Division)-8,
Jalandhar
CNR No. PBJL02-002809-2025
Next Date:- 19-03-2026
Madan Lal V/S.
Union of India

Suit for grant of decree of declaration as prayed for. Suit for grant of decree of Mandatory injunction

Publication Issued To:
3. General Public
All India

In above titled case, the defendant(s)/respondent(s) could not be served. It is ordered that defendant(s)/ respondent(s) should appear in person or through counsel on 19-03-2026 at 10:00 a.m.

For details logon to https://highcourtchd.gov.in/?mod=district_notice&district= Jalandhar

Civil Judge (Junior Division)-8
Jalandhar
Dated, this day of 10-02-2026

## PUBLIC NOTICE

This is to be put to notice that on behalf of my client Aadhar Housing Finance Ltd. (AHFL) Following Public Notice for loss of original document may be publish by the company/owner in loan case of Bharat Khushial App.ID. 301029806

"Rajesh Kumar S/o Heera Lal, is owner in possession of House Measuring 3 Marla 46 Sq. Feet i.e. 1 Marla is 272 Sq. Feet Comprising Under Khasra No. 4//10/1/1/1, 10/2/2/1, 12, 1/1/2, 2//21/2, 12/1 Min, 19/1 Min, 2//12/1 Min, 19/2/1, 19/1 Min, 20/1, 229/13, 2//10/1, 11/2, 12/2/1, 4//1/2, 2/1, 4//10/3/2, 2//22/1, 4//9/3, 10/3/1/1 Situated at Village Abadi Bachint Nagar Vill. Reru Tehsil and Distt. Jalandhar vide Sale Deed No.10500 Dated 29.02.2024. The previous chain document i.e. Original Sale Deed No. 2997 Dated 07.07.2021 SR-Jalandhar have been lost/ missing & is not traceable and owner is intending to lodge/register DDR/Lost information report is respect to loss of above said document to police. If any concern, Bank or any person having claim. Objection related to above transactions/ document and any objection regarding mortgage of said property with AHFL, he/she may raise objection to AHFL 1st Floor, No. 5 & 6, Court Road, Opposite DC Office, PUDA Complex, Rajinder Nagar, Jalandhar, within 7 days from the date of publication, failing which no claim will be entertained later by AHFL."

Lalit Kakkar, Advocate, Jalandhar

## ਅਦਾਲਤੀ ਇਸ਼ਤਿਹਾਰ

ਬਾ ਅਦਾਲਤ ਸ੍ਰੀ ਹਰਿੰਦਰਜੀਤ ਸਿੰਘ ਨਾਇਬ ਤਹਿਸੀਲਦਾਰ ਭੋਗਪੁਰ, ਜ਼ਿਲ੍ਹਾ ਜਲੰਧਰ।
ਨੋਟਿਸ ਬਨਾਮ - ਆਮ ਪਬਲਿਕ
ਵਿਸ਼ਾ - ਮਾਲ ਰਿਕਾਰਡ ਦੀ ਦਰੁਸਤੀ ਸੰਬੰਧੀ।

ਹਰ ਆਮ ਤੇ ਖਾਸ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਸ੍ਰੀ ਕਮਲ ਦੇਵ ਸੈਣੀ ਪੁੱਤਰ ਸ੍ਰੀ ਲੇਖ ਰਾਮ, ਵਾਸੀ ਪਿੰਡ ਲੜੋਆ, ਸਬ-ਤਹਿਸੀਲ ਭੋਗਪੁਰ, ਤਹਿਸੀਲ ਆਦਮਪੁਰ, ਜਲੰਧਰ ਨੇ ਦਰਖਾਸਤ ਪੇਸ਼ ਕਰਕੇ ਬੇਨਤੀ ਕੀਤੀ ਹੈ ਕਿ ਵਾਕਿਆ ਰਕਬਾ ਪਿੰਡ ਲੜੋਆ, ਸਬ-ਤਹਿਸੀਲ ਭੋਗਪੁਰ, ਜ਼ਿਲ੍ਹਾ ਜਲੰਧਰ ਵਿੱਚ ਉਸ ਦਾ ਨਾਂਅ ਕਮਲ ਦੇਵ ਹੈ। ਬਾਕੀ ਸਾਰੇ ਦਸਤਾਵੇਜ਼ਾਂ ਵਿੱਚ ਉਸ ਦਾ ਨਾਂਅ ਕਮਲ ਦੇਵ ਸੈਣੀ ਲਿਖਿਆ ਗਿਆ ਹੈ। ਮਾਲ ਰਿਕਾਰਡ ਵਿੱਚ ਉਸ ਦਾ ਨਾਂਅ ਕਮਲ ਦੇਵ ਸੈਣੀ ਕੀਤਾ ਜਾਵੇ। ਪੰਜਾਬ ਸਰਕਾਰ ਦੇ ਪੱਤਰ ਨੰਬਰ 25/78/2012-ਭ.ਮ-2/12445-71 ਚੰਡੀਗੜ੍ਹ ਮਿਤੀ 26.07.2013 ਦੀ ਪਾਲਣਾ ਹਿੱਤ ਨਾਂਅ ਦੀ ਦਰੁੱਸਤੀ ਲਈ ਇਸ਼ਤਿਹਾਰ ਜਾਰੀ ਕੀਤਾ ਜਾਂਦਾ ਹੈ ਕਿ ਕਿਸੇ ਨੂੰ ਵੀ ਮਾਲ ਰਿਕਾਰਡ ਵਿੱਚ ਉਕਤ ਕਮਲ ਦੇਵ ਸੈਣੀ ਪੁੱਤਰ ਲੇਖ ਰਾਮ ਕਰਨ 'ਤੇ ਇਤਰਾਜ਼ ਹੈ ਤਾਂ ਉਹ ਆਪਣੇ ਇਤਰਾਜ਼ ਇਸ ਇਸ਼ਤਿਹਾਰ ਜਾਰੀ ਹੋਣ ਤੋਂ 15 ਦਿਨ ਦੇ ਅੰਦਰ-ਅੰਦਰ ਅਸਾਲਤਨ, ਵਕਾਲਤਨ ਜਾਂ ਕਿਸੇ ਮੁਖਤਿਆਰ ਰਾਹੀਂ ਨਿਮਨ ਹਸਤਾਖਰ ਦੀ ਅਦਾਲਤ ਵਿੱਚ ਪੇਸ਼ ਹੋ ਸਕਦਾ ਹੈ। ਇਸ ਇਸ਼ਤਿਹਾਰ ਜਾਰੀ ਹੋਣ ਤੋਂ 15 ਦਿਨ ਦੇ ਬਾਅਦ ਆਏ ਇਤਰਾਜ਼ਾਂ 'ਤੇ ਕੋਈ ਕਾਰਵਾਈ ਨਹੀਂ ਹੋਵੇਗੀ ਅਤੇ ਨਿਯਮਾਂ ਅਨੁਸਾਰ ਅਗਲੇਰੀ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ।

ਅੱਜ ਮਿਤੀ 05.02.2026 ਨੂੰ ਮੇਰੇ ਹਸਤਾਖਰ ਅਤੇ ਮੋਹਰ ਨਾਲ ਇਹ ਨੋਟਿਸ ਜਾਰੀ ਕੀਤਾ ਜਾਂਦਾ ਹੈ।

ਸਹੀ/-ਨਾਇਬ ਤਹਿਸੀਲਦਾਰ, ਭੋਗਪੁਰ।
ਨੰਬਰ:-872/ਰੀਡਰ ਮਿਤੀ:-

## COURT NOTICE

(U/o 5 Rule 20 CPC)
In the Court of
Ms. Rajbir Kaur
Civil Judge (Junior Division)-10,
Jalandhar
CNR No. PBJL02-002722-2024
Next Date:- 10-03-2026
Gagandeep Singh
Vs. Dayal Singh

Suit for grant of decree of Permanent Injunction as prayed for

Publication Issued To:
Def-1 Dayal Singh
Father : Puran Singh S/o Dalip Singh, R/o Village Khusropur, Tehsil and Distt. Jalandhar

In above titled case, the defendant(s)/respondent(s) could not be served. It is ordered that defendant(s)/respondent(s) should appear in person or through counsel on 10-03-2026 at 10:00 a.m.

For details logon to https://highcourtchd.gov.in/?mod=district_notice&district=Jalandhar

Civil Judge (Júnior Division)-10
Jalandhar
Dated, this day of 03-02-2026

## ਦੀ ਸ਼ਾਹਕੋਟ ਕੋ-ਆਪ੍ਰੇਟਿਵ ਐਗਰੀਕਲਚਰ ਮਲਟੀਪਰਪਜ਼ ਸੁਸਾਇਟੀ ਲਿਮ: ਸ਼ਾਹਕੋਟ


### ਖੇਤੀਬਾੜੀ ਸੰਦਾਂ ਦੀ ਨਿਲਾਮੀ ਸੰਬੰਧੀ ਸੂਚਨਾ

ਦੀ ਸ਼ਾਹਕੋਟ ਕੋ-ਆਪ੍ਰੇਟਿਵ ਐਗਰੀਕਲਚਰ ਮਲਟੀਪਰਪਜ਼ ਸੁਸਾਇਟੀ ਲਿਮ: ਸ਼ਾਹਕੋਟ ਦੇ ਪੁਰਾਣੇ ਖੇਤੀਬਾੜੀ ਸੰਦਾਂ ਦੀ ਨਿਲਾਮੀ 25.02.2026 ਨੂੰ ਸਭਾ ਦੇ ਪੁਰਾਣੇ ਦਫ਼ਤਰ ਦਾਨਾ ਮੰਡੀ ਸ਼ਾਹਕੋਟ ਦੇ ਪਿਛਲੇ ਪਾਸੇ 10 ਵਜੇ ਸਵੇਰੇ ਹੋਵੇਗੀ। ਜਿਸ ਵਿਚ 1. ਜ਼ੀਰੋ-ਡਰਿਲ 2, 13 ਪੋਰ, 2. ਚੋਪਰ 4, 3. ਰੋਟਾਵੇਟਰ 2, 4. ਐੱਮ ਬੀ ਪਲੋਅ 2, 5. ਹੈਪੀ ਸੀਡਰ 4, 13 ਪੋਰ 6. ਪੈਡੀ ਸਟਾਰ ਟਰਾਂਸਪਲਾਂਟਰ 1 ਦੀ ਨਿਲਾਮੀ ਕੀਤੀ ਜਾਵੇਗੀ। ਸ਼ਰਤਾਂ ਮੌਕੇ 'ਤੇ ਬਣਾਈ ਸਬ ਕਮੇਟੀ ਵੱਲੋਂ ਦੱਸੀਆਂ ਜਾਣਗੀਆਂ।

ਪ੍ਰਧਾਨ, ਸ੍ਰੀ ਜਸਵਿੰਦਰ ਸਿੰਘ ਖਿੰਡਾ 98784-24515
ਸਕੱਤਰ, ਸ੍ਰੀ ਜਰਨੈਲ ਸਿੰਘ 98140-77786

## ਕੋਰਟ ਨੋਟਿਸ, ਜ਼ਿਲ੍ਹਾ ਮੈਰਿਜ ਅਫ਼ਸਰ, ਜਲੰਧਰ V/S ਆਮ ਜਨਤਾ

**ਵਿਸ਼ਾ : ਵਿਆਹ ਯੋਗਤਾ ਸਰਟੀਫਿਕੇਟ ਜਾਰੀ ਕਰਨ ਬਾਰੇ।**



ਬਿਨੈਕਾਰ ਦਾ ਨਾਮ : **ਸਤਿਆ ਰਾਣੀ** ਪਿਤਾ/ਪਤੀ ਦਾ ਨਾਮ : **ਕ੍ਰਿਸ਼ਨ ਲਾਲ**
ਪਤਾ: H.No.B-11-295 Gandhi Nagar Jalandhar-1,Tehsil - Jalandhar-1/ District - Jalandhar, Punjab
ਉਪਰੋਕਤ ਪ੍ਰਾਰਥੀ ਨੇ ਵਿਆਹ ਯੋਗਤਾ ਸਰਟੀਫਿਕੇਟ ਜਾਰੀ ਕਰਨ ਲਈ ਸੇਵਾ ਕੇਂਦਰ ਵਿੱਚ ਵਿੱਚ ਆਪਣੀ ਪੁੱਤਰੀ ਦੇ ਲਈ ਬਿਨੈ ਪੱਤਰ ਦਿੱਤਾ ਹੈ। ਜਿਸ ਦੇ ਵੇਰਵੇ ਹੇਠ ਲਿਖੇ ਦਿੱਤੇ ਗਏ ਹਨ।
ਨਾਮ : ਰਮੇਸ਼ ਬਾਲਾ
ਪੱਕਾ ਪਤਾ: H.No.B-11-295 Gandhi Nagar Jalandhar-1, Jalandhar-1, Jalandhar, Punjab
ਉਮਰ/ਜਨਮ ਮਿਤੀ : 52-(10/05/1973)
ਬਿਨੈਕਾਰ ਨੇ ਕਿਹਾ ਹੈ ਕਿ ਉਸਦਾ ਭਾਰਤ ਵਿੱਚ ਕੋਈ ਵਿਆਹੁਤਾ ਸੰਬੰਧ ਨਹੀਂ ਹੈ।
ਆਮ ਲੋਕਾਂ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਜੇ ਉਪਰੋਕਤ ਸਰਟੀਫ਼ਿਕੇਟ ਜਾਰੀ ਕਰਨ ਬਾਰੇ ਕਿਸੇ ਵੀ ਵਿਅਕਤੀ ਨੂੰ ਕੋਈ ਇਤਰਾਜ਼ ਹੈ ਤਾਂ ਉਹ ਵਿਅਕਤੀ ਜਾਂ ਉਸਦੇ ਨੁਮਾਇੰਦੇ ਇਸ ਨੋਟਿਸ ਦੇ ਜਾਰੀ ਹੋਣ ਤੋਂ 30 ਦਿਨਾਂ ਦੇ ਅੰਦਰ-ਅੰਦਰ ਆਪਣੀ ਇਤਰਾਜ਼ (ਸ਼ਿਕਾਇਤ)ਪੇਸ਼ ਕਰ ਸਕਦੇ ਹਨ। ਉਸ ਤੋਂ ਬਾਅਦ ਕੋਈ ਇਤਰਾਜ਼ ਨਹੀਂ ਮੰਨਿਆ ਜਾਵੇਗਾ।
ਇਹ ਇਸ਼ਤਿਹਾਰ ਮੇਰੇ ਦਸਤਖ਼ਤਾਂ ਹੇਠ ਅਦਾਲਤੀ ਮੋਹਰ ਨਾਲ ਮਿਤੀ 11-02-2026 ਨੂੰ ਜਾਰੀ ਹੋਇਆ।
**ਨੰਬਰ 7 /ਨੰਬਰ/ਰੀਡਰ** ਮਿਤੀ 11.02.2026 **ਜ਼ਿਲਾ ਮੈਰਿਜ ਅਫ਼ਸਰ,ਜਲੰਧਰ,ਪੰਜਾਬ,ਭਾਰਤ**

## ਕੋਰਟ ਨੋਟਿਸ, ਜ਼ਿਲ੍ਹਾ ਮੈਰਿਜ ਅਫ਼ਸਰ, ਜਲੰਧਰ V/S ਆਮ ਜਨਤਾ

**ਵਿਸ਼ਾ : ਵਿਆਹ ਯੋਗਤਾ ਸਰਟੀਫਿਕੇਟ ਜਾਰੀ ਕਰਨ ਬਾਰੇ।**



ਬਿਨੈਕਾਰ ਦਾ ਨਾਮ : **ਮੰਜੂ ਬਾਲਾ** ਪਿਤਾ/ਪਤੀ ਦਾ ਨਾਮ : **ਪਵਨ ਕੁਮਾਰ**
ਪਤਾ: Patti Dadh Rurkee, Village-Rurkee/ Tehsil - Phillaur/ District - Jalandhar, Punjab
ਉਪਰੋਕਤ ਪ੍ਰਾਰਥੀ ਨੇ ਵਿਆਹ ਯੋਗਤਾ ਸਰਟੀਫਿਕੇਟ ਜਾਰੀ ਕਰਨ ਲਈ ਸੇਵਾ ਕੇਂਦਰ ਵਿੱਚ ਵਿੱਚ ਆਪਣੇ ਪੁੱਤਰ ਦੇ ਲਈ ਬਿਨੈ ਪੱਤਰ ਦਿੱਤਾ ਹੈ। ਜਿਸ ਦੇ ਵੇਰਵੇ ਹੇਠ ਲਿਖੇ ਦਿੱਤੇ ਗਏ ਹਨ।
ਨਾਮ : ਸਾਹਿਲ
ਪੱਕਾ ਪਤਾ: Patti Dadh Rurkee, Rurkee, Phillaur, Jalandhar, Punjab
ਉਮਰ/ਜਨਮ ਮਿਤੀ : 22-(15/10/2003)
ਬਿਨੈਕਾਰ ਨੇ ਕਿਹਾ ਹੈ ਕਿ ਉਸਦਾ ਭਾਰਤ ਵਿੱਚ ਕੋਈ ਵਿਆਹੁਤਾ ਸੰਬੰਧ ਨਹੀਂ ਹੈ।
ਆਮ ਲੋਕਾਂ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਜੇ ਉਪਰੋਕਤ ਸਰਟੀਫ਼ਿਕੇਟ ਜਾਰੀ ਕਰਨ ਬਾਰੇ ਕਿਸੇ ਵੀ ਵਿਅਕਤੀ ਨੂੰ ਕੋਈ ਇਤਰਾਜ਼ ਹੈ ਤਾਂ ਉਹ ਵਿਅਕਤੀ ਜਾਂ ਉਸਦੇ ਨੁਮਾਇੰਦੇ ਇਸ ਨੋਟਿਸ ਦੇ ਜਾਰੀ ਹੋਣ ਤੋਂ 30 ਦਿਨਾਂ ਦੇ ਅੰਦਰ-ਅੰਦਰ ਆਪਣੀ ਇਤਰਾਜ਼ (ਸ਼ਿਕਾਇਤ)ਪੇਸ਼ ਕਰ ਸਕਦੇ ਹਨ। ਉਸ ਤੋਂ ਬਾਅਦ ਕੋਈ ਇਤਰਾਜ਼ ਨਹੀਂ ਮੰਨਿਆ ਜਾਵੇਗਾ।
ਇਹ ਇਸ਼ਤਿਹਾਰ ਮੇਰੇ ਦਸਤਖ਼ਤਾਂ ਹੇਠ ਅਦਾਲਤੀ ਮੋਹਰ ਨਾਲ ਮਿਤੀ 11-02-2026 ਨੂੰ ਜਾਰੀ ਹੋਇਆ।
**ਨੰਬਰ 8 /ਨੰਬਰ/ਰੀਡਰ** ਮਿਤੀ 11.02.2026 **ਜ਼ਿਲਾ ਮੈਰਿਜ ਅਫ਼ਸਰ,ਜਲੰਧਰ,ਪੰਜਾਬ,ਭਾਰਤ**

## ਕੋਰਟ ਨੋਟਿਸ, ਜ਼ਿਲ੍ਹਾ ਮੈਰਿਜ ਅਫ਼ਸਰ, ਜਲੰਧਰ V/S ਆਮ ਜਨਤਾ

**ਵਿਸ਼ਾ : ਵਿਆਹ ਯੋਗਤਾ ਸਰਟੀਫਿਕੇਟ ਜਾਰੀ ਕਰਨ ਬਾਰੇ।**



ਬਿਨੈਕਾਰ ਦਾ ਨਾਮ : **ਮਨਪ੍ਰੀਤ ਕੌਰ** ਪਿਤਾ/ਪਤੀ ਦਾ ਨਾਮ : **ਗੁਰਮੀਤ ਸਿੰਘ**
ਪਤਾ: Vpo Nijjran Jalandhar,Village-Nijjran/ Tehsil - Jalandhar-2/District - Jalandhar, Punjab
ਉਪਰੋਕਤ ਪ੍ਰਾਰਥੀ ਨੇ ਵਿਆਹ ਯੋਗਤਾ ਸਰਟੀਫਿਕੇਟ ਜਾਰੀ ਕਰਨ ਲਈ ਸੇਵਾ ਕੇਂਦਰ ਵਿੱਚ ਬਿਨੈ ਪੱਤਰ ਦਿੱਤਾ ਹੈ। ਜਿਸ ਦੇ ਵੇਰਵੇ ਹੇਠ ਲਿਖੇ ਦਿੱਤੇ ਗਏ ਹਨ।
ਨਾਮ : **ਮਨਪ੍ਰੀਤ ਕੌਰ**
ਪੱਕਾ ਪਤਾ: Vpo Nijjran Jalandhar, Nijjran, Jalandhar-2, District - Jalandhar, Punjab
ਉਮਰ/ਜਨਮ ਮਿਤੀ : 26-(06/01/2000)
ਬਿਨੈਕਾਰ ਨੇ ਕਿਹਾ ਹੈ ਕਿ ਉਸਦਾ ਭਾਰਤ ਵਿੱਚ ਕੋਈ ਵਿਆਹੁਤਾ ਸੰਬੰਧ ਨਹੀਂ ਹੈ।
ਆਮ ਲੋਕਾਂ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਜੇ ਉਪਰੋਕਤ ਸਰਟੀਫ਼ਿਕੇਟ ਜਾਰੀ ਕਰਨ ਬਾਰੇ ਕਿਸੇ ਵੀ ਵਿਅਕਤੀ ਨੂੰ ਕੋਈ ਇਤਰਾਜ਼ ਹੈ ਤਾਂ ਉਹ ਵਿਅਕਤੀ ਜਾਂ ਉਸਦੇ ਨੁਮਾਇੰਦੇ ਇਸ ਨੋਟਿਸ ਦੇ ਜਾਰੀ ਹੋਣ ਤੋਂ 30 ਦਿਨਾਂ ਦੇ ਅੰਦਰ-ਅੰਦਰ ਆਪਣੀ ਇਤਰਾਜ਼ (ਸ਼ਿਕਾਇਤ)ਪੇਸ਼ ਕਰ ਸਕਦੇ ਹਨ। ਉਸ ਤੋਂ ਬਾਅਦ ਕੋਈ ਇਤਰਾਜ਼ ਨਹੀਂ ਮੰਨਿਆ ਜਾਵੇਗਾ।
ਇਹ ਇਸ਼ਤਿਹਾਰ ਮੇਰੇ ਦਸਤਖ਼ਤਾਂ ਹੇਠ ਅਦਾਲਤੀ ਮੋਹਰ ਨਾਲ ਮਿਤੀ 06-02-2026 ਨੂੰ ਜਾਰੀ ਹੋਇਆ।
**ਨੰਬਰ 9 /ਨੰਬਰ/ਰੀਡਰ** ਮਿਤੀ 06.02.2026 **ਜ਼ਿਲਾ ਮੈਰਿਜ ਅਫ਼ਸਰ,ਜਲੰਧਰ,ਪੰਜਾਬ,ਭਾਰਤ**

## ਉੱਤਰ ਰੇਲਵੇ

### ਈ-ਟੈਂਡਰ ਸੂਚਨਾ

ਭਾਰਤ ਦੇ ਰਾਸ਼ਟਰਪਤੀ ਦੀ ਤਰਫ ਤੋਂ ਅਤੇ ਉਨ੍ਹਾਂ ਦੇ ਲਈ ਜੰਮੂ ਤਵੀ ਸਥਿਤ ਉਪ ਮੁੱਖ ਇੰਜੀਨੀਅਰ/ਬ੍ਰਿਜ ਲਾਇਨ ਦੁਆਰਾ ਹੇਠਾ ਲਿਖੇ ਕੰਮ ਦੇ ਲਈ ਖੁਲੀ ਟੈਂਡਰਾ ਮੰਗ ਕੀਤੀ ਜਾਂਦੀ ਹੈ:-

| |
|---|
| **ਲ.ਨੰ: 1. ਟੈਂਡਰ ਸੂਚਨਾ ਨੰਬਰ :** OT-05/JAT/25-26 |
| ਕੰਮ ਦਾ ਨਾਮ : JAT-SVDK ਸੈਕਸ਼ਨ ਦੇ ਵੱਖ-ਵੱਖ PSC ਗਰਡਰ ਪੁਲਾਂ ਉਤੇ ਪਹੁੰਚ ਸੀੜੀ (access ladders) ਅਤੇ ਬੇਯਰਿੰਗ ਨਿਰੀਖਸ਼ਣ ਪਲੇਟਫਾਰਮ ਦਾ ਨਿਰਮਾਣ ਅਤੇ ਸਥਾਪਨਾ । |
| **ਲਗਭਗ ਲਾਗਤ (ਰੁ:) :** ਰੁ: 99,62,917.69 |
| **ਬੀਮਾ ਧਨਰਾਸ਼ੀ (ਰੁ:) :** ਰੁ: 1,99,300/- |
| **ਖੁਲਣ ਦੀ ਮਿਤੀ :** 05.03.2026 |
| **IREPS ਖੁਲਣ ਉਤੇ ਬੋਲੀ ਸ਼ੁਰੂ ਹੋਣ ਦੀ ਮਿਤੀ :** 19.02.2026 |
| **ਟੈਂਡਰ ਪ੍ਰਪੱਤਰ ਦੀ ਲਾਗਤ :** ਰੁ: 0 |
| **ਪੂਰਾ ਕਰਨ ਦਾ ਸਮਾਂ :** 10 Months |
| **ਲ.ਨੰ: 2. ਟੈਂਡਰ ਸੂਚਨਾ ਨੰਬਰ :** OT-08/JAT/25-26 |
| ਕੰਮ ਦਾ ਨਾਮ : ADEN JAT ਸੈਕਸ਼ਨ ਵਿਚ SSE/W/JAT ਦੇ ਅੰਤਰਗਤ ਡਾਊਨ ਲਾਇਨ ਦੇ ਪਿਯਰ (Pier) ਨੰਬਰ 1, 2, 3, 4, 7, 8, 9 ਅਤੇ ਅਪ ਲਾਇਨ ਦੇ ਪਿਯਰ ਨੰਬਰ 1, 2, 3, 4, 6, 7, 8, 9, 10 ਉਤੇ ਪੁਲ ਨੰਬਰ 172 ਦੇ ਲਈ ਸੁਰੱਖਿਆ ਕੰਮ ਦਾ ਪ੍ਰਾਵਧਾਨ । |
| **ਲਗਭਗ ਲਾਗਤ (ਰੁ:) :** ਰੁ: 23,34,08,601.47 |
| **ਬੀਮਾ ਧਨਰਾਸ਼ੀ (ਰੁ:) :** ਰੁ: 13,17,100/- |
| **ਖੁਲਣ ਦੀ ਮਿਤੀ :** 05.03.2026 |
| **IREPS ਖੁਲਣ ਉਤੇ ਬੋਲੀ ਸ਼ੁਰੂ ਹੋਣ ਦੀ ਮਿਤੀ :** 19.02.2026 |
| **ਟੈਂਡਰ ਪ੍ਰਪੱਤਰ ਦੀ ਲਾਗਤ :** ਰੁ: 0 |
| **ਪੂਰਾ ਕਰਨ ਦਾ ਸਮਾਂ :** 05 Months |
| **ਟੈਂਡਰ ਪੇਸ਼ ਕਰਨ ਦੇ ਖੁਲਣ ਦੀ ਮਿਤੀ ਤੇ ਸਮਾਂ :** ਹਰੇਕ ਦੇ ਵਿਰੁਧ ਦਰਸਾਈ ਗਈ ਮਿਤੀਆਂ ਨੂੰ 15:00 ਵਜੇ ਤਕ ਅਤੇ ਉਸੀ ਮਿਤੀ ਨੂੰ 15:00 ਵਜੇ ਦੇ ਬਾਦ ਟੈਂਡਰ ਖੋਲੀ ਜਾਵੇਗੀ । |
| **ਵੈੱਬਸਾਈਟ ਵੇਰਵਾ ਜਿਥੋਂ ਟੈਂਡਰ ਦੇ ਪੂਰੇ ਵੇਰਵੇ ਦੇਖੇ ਤੇ ਡਾਊਨਲੋਡ ਕੀਤੇ ਜਾਂ ਸਕਦੇ ਹਨ:** ਪੂਰੀ ਈ-ਟੈਂਡਰ ਸੂਚਨਾ ਉੱਤਰੀ ਰੇਲਵੇ ਵੈੱਬਸਾਈਟ ਅਰਥਾਤ www.nr.indianrailways.gov.in (http://www.nr.indianrailways.gov.in) ਉਤੇ ਉਪਲਬਧ ਹੈ ਅਤੇ ਟੈਂਡਰ ਦਸਤਾਵੇਜ [www.ireps.gov.in] (http://www.ireps.gov.in) ਉਤੇ ਉਪਲਬਧ । |

ਨੰ: 1-DYCEBLJAT-2025/26 ਮਿਤੀ : 10.02.2026 468/2025

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ

# ਕਲਾਸੀਫਾਈਡ ਇਸ਼ਤਿਹਾਰ

## Change of Name

I, Sarjeet Kaur W/O Jaswinder Singh R/O Village Salaichan, Tehsil Shahkot, Distt. Jalandhar have changed my name spelling Sarjeet Kaur to Surjit Kaur. Note Please.

I, Kuldeep Singh S/O Sh Harmesh Singh Vill: Shrinpur PO: & Teh: Dasuya Distt Hoshiarpur Pb144205 have changed my name Kuldeep Singh To Singh Kuldeep.

I Priyanka D/O Santokh Kumar V Jagatpur Jattan P. O Sarai Teh Phagwara Distt Kapurthala have changed my name from Priyanka to Priyanka Kaur.

I, Shehraj Deep Singh S/o Amrik Singh R/o Village Jodha Nagri, PO Dehriwala, Tehsil Baba Bakala, Distt. Amritsar, Punjab have changed my name from Shehraj Deep Singh to Singh is my Surname and Shehraj Deep is my given name.

I, Malkiat Singh S/o Baldev Singh R/o 101, Post office Khankot Block Jandiala Guru, Qila Jiwan Singh District Amritsar have declare that Malkiat is my Given name and Singh is my Surname.

I, Munish Kumar S/o Ramesh Kumar R/o 385, Dream City Near Best Price G.T Road, Manawala Amritsar have changed my name from Munish Kumar to Munish Gupta.

I, Jobanjeet Singh S/o Major Singh R/o Village Jahangir Distt Tarn Taran Punjab have declare that Singh is my Surname Jobanjeet is my given name.

I, Bimla Devi w/o Nirmal Dass r/o H.No. 63, Vill.Gudai Pur, Jalandhar, Punjab have changed my name from Bimla Devi to Bimla Devi Rattu (Surname as Rattu) All Please Note.

I, Rajvir Kaur w/o Baljit Kumar r/o Vill. Gudai Pur, Distt. Jalandhar, Punjab have changed my minor daughter name from Vrinda to Vrinda Rattu (Surname as Rattu) All Please Note.

I, Hargur s/o Baljit Kumar r/o Vill. Gudai Pur, Jalandhar Punjab have changed my name from Hargur to Hargur Rattu (Surname as Rattu) All Please Note.

I, Rajvir Kaur w/o Baljit Kumar r/o Gudai Pur, Distt. Jalandhar Punjab have changed my name from Rajvir Kaur to Rajvir Kaur Rattu (Surname as Rattu) All Please Note.

I, Baljit Kumar s/o Nirmal Dass r/o Vill. Gudai Pur, Distt. Jalandhar, Punjab have changed my name from Baljit Kumar to Baljit Kumar Rattu (Surname as Rattu) All Please Note.

I, Bharat s/o Avinash Kumar r/o H.No.37, Nandanpur Road, Maqsudan, Shudarshan Park, Jalandhar, Punjab have changed my name from Bharat to Bharat Chouhan (Surname as Chouhan) All Please Note.

I, Jawinder Kaur Deol w/o Mangjeet Singh r/o Pharwahi, Pharwahi, Barnala, Punjab, 148101 have changed my name and shall hereafter be known as Jaswinder Kaur Deol. All Please Note.

I, Manjeet Rani w/o Roop Lal r/o Vill. Drawesh Pind, Po. Sarai Jattan, Distt. Kapurthala, Punjab have changed my name from Manjeet Rani to Manjit Kaur. All Please Note.

I, Abhay s/o Balwinder r/o 137, Near Kabir Mandir, Tilak Nagar, Jalandhar have added my surname as Abhay Yadav (Surname as Yadav) All Please Note. (R)

I, Kirandeep w/o Karamjit Mehra r/o VPO. Pandwa, Po. Mauli Tehsil Phagwara, Distt.Kapurthala have changed my name from Kirandeep to Kirandeep Mehra, after marriage. All Please Note.

I, Balvir Singh s/o Harbhajan Singh r/o Village Kot Karar Khan, Po. Pattar Kalan, Distt. Kapurthala, Punjab have changed my given name as Balvir & Surname as Singh. All Please Note.

I, Kuljit Singh s/o Karnail Singh r/o VPO. Damunda, Distt. Jalandhar, Punjab have changed my name from Kuljit Singh to Singh Kuljit (Surname as Singh) All Please Note.

I, Sukhwinder Singh s/o Karnail Singh r/o VPO. Damunda, Distt.Jalandhar, Punjab have changed my name from Sukhjinder Singh to Singh Sukhjinder (Surname as Singh) All Please Note.

I, Deepti W/O Deepak Kumar R/O 298/20 Panchyati Galli Hanuman Chowk Tibri Road Gurdaspur, Tehsil/Distt- Gurdaspur, Pin - 143521, Punjab, India. Declare That Is Known My Name Deepti And Deepti Sharma Is One And Same Person.

## Change of Name

I, Randhir Singh Sahota S/o Sukhmander Singh R/o VPO. Chand Nawan, Plota Wali Gali, Tehsil Baghapurana, Distt. Moga, Punjab have changed my name to Randhir Singh. All Please Note.

I, Manisha W/o Bharat Bushan R/o H.No.122, Gali No. 15, Mohalla Plahi Gate, Phagwara, Distt. Kapurthala have changed my name from Manisha to Manisha Kaur. Manisha (Given Name) And Kaur (Surname). All Please Note.

I, Paramjit S/o Harbans Lal R/o VPO. Adhi, Tehsil Nakodar, Distt. Jalandhar, Punjab have changed my name from Paramjit to Paramjit Singh. All Please Note.

I, Angrej Singh S/o Kala Singh R/o VPO. Surkhpur, Distt. Kapurthala, Punjab have changed my name from Angrej Singh to Singh Angrej (Surname as Singh) All Please Note.

I, Gurjit Kaur D/o Amarjit Singh R/o H.No. 1016, Vishkarma Market, Kartarpur, Jalandhar have changed my name from Gurjit Kaur to Kaur Gurjit. All Please Note.

I, Ramandeep Singh S/o Inderjit Singh R/o VPO. Raipur Rasulpur, Distt. Jalandhar, Punjab have changed my name from Ramandeep Singh to Singh Ramandeep (Surname as Singh) All Please Note.

I, Joginder Pal S/o Kishna Ram R/o VPO. Mehli, Tehsil Banga, Distt SBS Nagar, Punjab have changed my name from Joginder Pal to Joginder Ram. All Please Note.

I, Deepak Kumar S/o Ashok Kumar R/o H.No.123, Ghas Mandi Chowk New Hargobind Colony, Basti Sheikh, PO. Basti Guzan, Jalandhar, Punjab have changed my name to Given Name Deepak & Surname as Kumar. All concerned please note.

I, Kuldeep Singh S/o Sh Harmesh Singh Vill: Shrinpur PO: & Teh: Dasuya Distt Hoshiarpur Pb144205 have changed my name Kuldeep Singh To Singh Kuldeep. All Please Note.

I, Saloni , D/O Gurdeep Singh R/o Vill, Mirzapur, Khadiala, Mirzapur, Hoshiarpur, Punjab- 144210. have changed my name and shall hereafter be Known as Salony Kareer.

I, Ankush Kumar S/O Rajinder Kumar, R/o House No-122, Ward No-03, Gaha Mandi, Dasuya, Hoshiarpur, Punjab- 144205, have changed my name and shall hereafter be Known as Ankush Verma.

I, Rohan S/O Malkit Ram, R/o House No-171, Street No-6, Bassi Khawaju, Hoshiarpur, Punjab- 146001, have changed my name and shall hereafter be Known as Rohan Kumar.

I, Kamaljit Kaur W/O Om Parkash, R/o H.NO-298, Arya Nagar, Kartarpur, Jalandhar- Punjab- 144801. have changed my name and shall hereafter be Known as Kamaljit.

I, Jyoti Rani W/O Kulwant Rai, R/o Dhepur, Jalandhar, Punjab- 144106, I have changed the name of my minor daughter Chandni aged about 7 Years and She shall hereafter be known as Loveleen Kaur.

I, Gurpal Kaur W/O Francis Masih, R/o House No-135, Dhina, Dhin Jalandhar Cantt, Jalandhar, Punjab-144005. have changed my name and shall hereafter be Known as Parveen.

I, Kamaldeep Verma S/O Parshotam Dass, R/o Ward No-04, Sardulgarh, Mansa, Punjab- 151507, have changed my name and shall hereafter be Known as Kamz Soni.

I, Deepo W/O Puran Singh, R/o V P O Roop Nagar, Fazilka, Firozpur, Punjab- 152128. have changed my name and shall hereafter be Known as Amarjeet Kaur.

I, Nidhi Narang W/o Mohit Narang R/o House Number 152/153, Near New Grain Market, B.S.F. Colony, Jalandhar, Punjab-144008 have changed my name from Nidhi Narang to Nidhi Shashi Narang. All concerned please note.

I, Lakhwinder S/o Roshan Lal R/o VPO Mehtan, Teh. Phagwara, Distt Kapurthala-144402, Punjab have changed my name from Lakhwinder to Lakhwinder Gaat in which given name Lakhwinder and Surname as Gaat. Please Note.

I, Amardeep Singh S/O Balvir Singh R/O Village- Hakimpur. Po- Bhagowal, Gurdaspur Pin -143511, Punjab, India. Declare That My Given Name As Amardeep And My Surname As Singh.

## ਬੇਦਖਲੀ ਨੋਟਿਸ

ਮੈਂ ਜਸਬੀਰ ਸਿੰਘ ਪੁੱਤਰ ਬਲਦੇਵ ਸਿੰਘ ਵਾਸੀ ਪਿੰਡ ਬੋਪਾਰਾਏ ਕਲਾਂ ਅੰਮ੍ਰਿਤਸਰ ਆਪਣੇ ਬੇਟੇ ਪ੍ਰੇਮ ਅਤੇ ਉਸਦੀ ਪਤਨੀ ਆਂਚਲ ਅਤੇ ਦੂਸਰਾ ਬੇਟਾ ਅਰਸ਼ਦੀਪ ਸਿੰਘ ਜੋ ਕਿ ਕੁਆਰਾ ਹੈ ਜੋ ਮੇਰੇ ਕਹਿਣੇ ਵਿੱਚ ਨਹੀ ਹਨ, ਮੇਰੀ ਕੋਈ ਗੱਲ ਨਹੀਂ ਮੰਨਦੇ, ਆਪਣੀ ਮਰਜੀ ਕਰਦੇ ਹਨ ਨੂੰ ਪਰਿਵਾਰ ਸਮੇਤ ਆਪਣੀ ਚੱਲ ਅਚੱਲ, ਝੁੱਕਵੀ ਅਣਝੁਕਵੀ ਜਾਇਦਾਦ ਤੋ ਬੇਦਖਲ ਕਰਦਾ ਹਾਂ. ਉਨ੍ਹਾ ਦੇ ਕਿਸੇ ਵੀ ਗੈਰ ਕਾਨੂੰਨੀ ਅਤੇ ਮਾੜੇ ਚੰਗੇ ਕੰਮ, ਨਫ਼ੇ ਨੁਕਸਾਨ, ਲੈਣ ਦੇਣ, ਲੜਾਈ ਝਗੜੇ ਦੇ ਲਈ ਮੈਂ ਅਤੇ ਮੇਰੇ ਪਰਿਵਾਰ ਦਾ ਕੋਈ ਮੈਂਬਰ ਜਿੰਮੇਵਾਰ ਨਹੀ ਹੋਵੇਗਾ. ਮੇਰਾ ਪ੍ਰੇਮ ਅਤੇ ਅਰਸ਼ਦੀਪ ਸਿੰਘ ਦੇ ਨਾਲ ਕੋਈ ਸੰਬੰਧ ਨਹੀ ਹੈ।

ਮੈਂ, ਸੰਤੋਖ ਸਿੰਘ ਗਿੱਲ ਪੁੱਤਰ ਜਗਜੀਤ ਸਿੰਘ, ਪਿੰਡ ਸੀਲੋਆਣੀ, ਤਹਿਸੀਲ ਰਾਏਕੋਟ (ਲੁਧਿਆਣਾ) ਆਪਣੀ ਮਾਤਾ ਰਾਜਿੰਦਰ ਕੌਰ (ਪੁੱਤਰੀ ਜੰਗੀਰ ਸਿੰਘ/ ਗੁਰਚਰਨ ਕੌਰ) ਪਤਨੀ ਜਗਜੀਤ ਸਿੰਘ ਦੇ ਮੌਤ ਸਰਟੀਫਿਕੇਟ ਅਤੇ ਹਸਪਤਾਲ ਦੇ ਰਿਕਾਰਡ 'ਚ ਉਸਦਾ ਨਾਮ ਹਰਜਿੰਦਰ ਕੌਰ ਤੋਂ ਰਾਜਿੰਦਰ ਕੌਰ ਦਰੁਸਤ ਕਰਵਾਉਣਾ ਚਾਹੁੰਦਾ ਹਾਂ। ਮੇਰੀ ਮਾਤਾ ਦਾ ਅਸਲ ਨਾਮ ਰਾਜਿੰਦਰ ਕੌਰ ਹੈ, ਜੇਕਰ ਇਸ ਸੰਬੰਧੀ ਕਿਸੇ ਨੂੰ ਕੋਈ ਇਤਰਾਜ਼ ਹੋਵੇ ਤਾਂ ਉਹ ਇੱਕ ਹਫਤੇ ਦੇ ਅੰਦਰ-ਅੰਦਰ ਇਤਰਾਜ਼ ਪੇਸ਼ ਕਰੇ। ਮੋਬਾਇਲ ਨੰਬਰ 82849-11859.

ਮੈਂ, ਜੋਗਿੰਦਰ ਸਿੰਘ ਪੁੱਤਰ ਮਾਭੂ ਰਾਮ, ਵਾਸੀ ਗੁਰੂ ਨਾਨਕਪੁਰਾ (ਬਿਆਸ), ਤਹਿਸੀਲ ਬਾਬਾ ਬਕਾਲਾ, ਜ਼ਿਲ੍ਹਾ ਅੰਮ੍ਰਿਤਸਰ ਬਿਆਨ ਕਰਦਾ ਹਾਂ ਕਿ ਮੇਰਾ ਪੁੱਤਰ ਵਿਜੇ ਕੁਮਾਰ (ਸ਼ਾਦੀਸ਼ੁਦਾ) ਮੇਰੇ ਕਹਿਣੇ ਤੋਂ ਬਾਹਰ ਹੈ ਅਤੇ ਆਪਣੀ ਮਨਮਰਜ਼ੀ ਕਰਦਾ ਹੈ। ਮੈਂ ਉਸ ਨੂੰ ਬੇਦਖਲ ਕਰ ਦਿੱਤਾ ਹੈ। ਮੇਰਾ ਉਸ ਨਾਲ ਕੋਈ ਸੰਬੰਧ ਨਹੀਂ ਹੈ। ਉਸ ਨੂੰ ਮੈਂ ਉਸ ਦੇ ਹਿੱਸੇ ਦੀ ਜ਼ਮੀਨ ਦੇ ਚੁੱਕਾ ਹਾਂ ਪਰ ਉਹ ਵੇਚ ਨਹੀਂ ਸਕਦਾ। ਉਹ ਆਪਣੇ ਕੀਤੇ ਕੰਮਾਂ ਦਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰਾ ਉਸ ਨਾਲ ਕੋਈ ਤਾਲੁਕ-ਵਾਸਤਾ ਨਹੀਂ ਹੈ।

ਮੈਂ ਭਜਨ ਕੌਰ ਪਤਨੀ ਕਰਨੈਲ ਸਿੰਘ ਵਾਸੀ ਖਲਵਾੜਾ ਰੋਡ ਪਿੰਡ ਵਾਹਦ ਤਹਿਸੀਲ ਫਗਵਾੜਾ ਜਿਲਾਂ ਕਪੂਰਥਲਾ ਦੀ ਹਲਫੀਆ ਬਿਆਨ ਕਰਦੀ ਹਾਂ ਮੇਰਾ ਲੜਕਾ ਕੁਲਵੀਰ ਸਿੰਘ ਨੂੰਹ ਸੁਖਵਿੰਦਰ ਕੌਰ ਪੋਤਾ ਗੁਰਸੇਵਕ ਸਿੰਘ ਪੋਤੀ ਹਰਲੀਨ ਕੌਰ ਮੇਰੇ ਨਾਲ ਤੇ ਮੇਰੇ ਪਰਿਵਾਰ ਨਾਲ ਗਾਲੀ ਗਲੋਚ ਕਰਦੇ ਰਹਿੰਦੇ ਹਨ। ਮਾੜੀ ਸੰਗਤ ਵਿੱਚ ਪੈ ਗਏ ਹਨ। ਮੇਰੇ ਕਹਿਣੇ ਵਿੱਚ ਨਹੀਂ ਹਨ। ਮੈਂ ਇਹਨਾਂ ਨੂੰ ਆਪਣੀ ਚੱਲ ਅੱਚਲ ਜਾਇਦਾਦ ਵਿੱਚੋਂ ਬੇਦਖਲ ਕਰ ਦਿੱਤਾ ਹੈ ਇਹਨਾਂ ਨਾਲ ਲੈਣ ਦੇਣ ਕਰਨ ਵਾਲਾ ਖੁਦ ਜਿੰਮੇਵਾਰ ਹੋਵੇਗਾ।

ਮੈਂ, ਕ੍ਰਿਸ਼ਨ ਬਾਲਾ ਪਤਨੀ ਲੇਟ ਸ੍ਰੀ ਸੁਰਿੰਦਰ ਪਾਲ ਵਾਸੀ ਮਕਾਨ ਨੰਬਰ ਐੱਫ-9/1929, ਗਲੀ ਨੰਬਰ 1, ਨਜ਼ਦੀਕ ਕਾਲੀ ਮਾਤਾ ਮੰਦਰ, ਸ਼ਾਸਤਰੀ ਨਗਰ, ਮਜੀਠਾ ਰੋਡ, ਅੰਮ੍ਰਿਤਸਰ ਬਿਆਨ ਕਰਦੀ ਹਾਂ ਕਿ ਮੇਰਾ ਲੜਕਾ ਅਜੇ ਸ਼ਰਮਾ ਅਤੇ ਨੂੰਹ ਮੀਨਾਕਸ਼ੀ ਉਰਫ ਰਜਨੀ, ਜੋ ਮੇਰੀ ਜਾਇਦਾਦ ਹਥਿਆਉਣ ਕਾਰਨ ਮੇਰੇ ਨਾਲ ਲੜਾਈ-ਝਗੜਾ ਅਤੇ ਮੇਰੇ ਕਹਿਣੇ ਤੋਂ ਬਾਹਰ ਹਨ ਤੇ ਮੇਰੇ ਨਾਲ ਲੜਾਈ- ਝਗੜਾ, ਅਤੇ ਤੰਗ-ਪ੍ਰੇਸ਼ਾਨ ਕਰਦੇ ਹਨ। ਮੈਂ ਇਨ੍ਹਾਂ ਨੂੰ ਅਤੇ ਉਨ੍ਹਾਂ ਦੇ ਨਬਾਲਗ ਲੜਕੇ ਜਦੂ ਨੰਦਨ ਅਤੇ ਲੜਕੀ ਦ੍ਰਿਸ਼ਟੀ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦੀ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ।

ਮੈਂ, ਗੁਰਮੀਤ ਕੌਰ ਪਤਨੀ ਅਵਤਾਰ ਸਿੰਘ ਵਾਸੀ ਪਿੰਡ ਰੂੜੀਵਾਲਾ, ਚੋਹਲਾ ਸਾਹਿਬ, ਜ਼ਿਲ੍ਹਾ ਤਰਨ ਤਾਰਨ ਬਿਆਨ ਕਰਦੀ ਹਾਂ ਕਿ ਮੇਰਾ ਲੜਕਾ ਦਵਿੰਦਰ ਸਿੰਘ (ਕੁਆਰਾ) ਮੇਰੇ ਕਹਿਣੇ ਤੋਂ ਬਾਹਰ ਹੈ ਅਤੇ ਆਪਣੀ ਮਨਮਰਜ਼ੀ ਕਰਦਾ ਹੈ। ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦੀ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਅਤੇ ਮੇਰੇ ਪਰਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਮੇਰਾ ਤੇ ਮੇਰੇ ਪਰਵਾਰ ਦਾ ਇਨ੍ਹਾਂ ਨਾਲ ਕੋਈ ਸੰਬੰਧ/ਤਲਕ-ਵਾਸਤਾ ਨਹੀਂ ਹੈ।

ਅਸੀਂ, ਸਤਨਾਮ ਸਿੰਘ ਪੁੱਤਰ ਬਚਨ ਸਿੰਘ ਅਤੇ ਜਸਬੀਰ ਕੌਰ ਪਤਨੀ ਸਤਨਾਮ ਸਿੰਘ, ਵਾਸੀ 71 ਗਾਰਡਨ ਗ੍ਰੀਨ, ਖਾਨਕੋਟ ਬਲਾਕ ਵੇਰਕਾ, ਅੰਮ੍ਰਿਤਸਰ ਬਿਆਨ ਕਰਦੇ ਹਾਂ ਕਿ ਸਾਡਾ ਲੜਕਾ ਮਨਦੀਪ ਸਿੰਘ ਅਤੇ ਨੂੰਹ ਰਵਲੀਨ ਕੌਰ ਅਤੇ ਪੋਤਰਾ ਗੋਬਿੰਦਦੀਪ ਸਿੰਘ ਸਾਡੇ ਕਹਿਣੇ ਤੋਂ ਬਾਹਰ ਹਨ ਤੇ ਸਾਡੇ ਨਾਲ ਲੜਾਈ-ਝਗੜਾ ਕਰਦੇ ਹਨ। ਅਸੀਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦੇ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਸਾਡੀ ਅਤੇ ਸਾਡੇ ਪਰਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸਾਡਾ ਤੇ ਸਾਡੇ ਪਰਵਾਰ ਦਾ ਇਨ੍ਹਾਂ ਨਾਲ ਕੋਈ ਤਲਕ-ਵਾਸਤਾ ਨਹੀਂ ਹੈ।

ਮੈਂ, ਬੰਸੀ ਲਾਲ ਪੁੱਤਰ ਬੋਬਲ ਰਾਮ, ਵਾਸੀ ਮਕਾਨ ਨੰ: 3, ਗਲੀ ਨੰ: 1, ਤੁੰਗਪਾਈ ਅਬਾਦੀ, ਇੰਦਰਾ ਕਾਲੋਨੀ ਬਟਾਲਾ ਰੋਡ, ਅੰਮ੍ਰਿਤਸਰ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਵਿਕਾਸ ਕੁਮਾਰ, ਜੋ ਮੇਰੇ ਕਹਿਣੇ ਤੋਂ ਬਾਹਰ ਹੈ ਅਤੇ ਆਪਣੀ ਮਨਮਰਜ਼ੀ ਅਤੇ ਤੰਗ-ਪ੍ਰੇਸ਼ਾਨ ਕਰਦਾ ਹੈ। ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦਾ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰਾ ਅਤੇ ਮੇਰੇ ਪਰਵਾਰ ਦਾ ਇਸ ਨਾਲ ਕੋਈ ਤਲਕ-ਵਾਸਤਾ ਨਹੀਂ ਹੈ।

ਅਸੀਂ ਮਹਿੰਦਰ ਸਿੰਘ ਪੁੱਤਰ ਸੋਹਣ ਸਿੰਘ ਵਾ ਸੁਰਿੰਦਰ ਕੌਰ ਪਤਨੀ ਮਹਿੰਦਰ ਸਿੰਘ ਵਾਸੀਆਨ ਪਿੰਡ ਪਾਜੀਆ, ਤਹਿ: ਵਾ, ਜਿਲ੍ਹਾ ਕਪੂਰਥਲਾ ਬਿਆਨ ਕਰਦੇ ਹਾਂ ਕਿ ਸਾਡਾ ਲੜਕਾ ਗੁਰਵਿੰਦਰ ਸਿੰਘ ਵਿਦੇਸ਼ ਜਰਮਨ ਵਿੱਚ ਰਹਿ ਰਿਹਾ ਹੈ ਅਤੇ ਉਸਦੀ ਪਤਨੀ ਨਤਾਸ਼ਾ ਆਪਣੀ ਮਰਜੀ ਨਾਲ ਆਪਣੇ ਪੇਕੇ ਪਰਿਵਾਰ ਕੋਲ ਰਹਿ ਰਹੀ ਹੈ। ਅਤੇ ਦੋਨੋਂ ਸਾਡੇ ਕਹਿਣੇ ਤੋ ਬਾਹਰ ਹਨ ਅਸੀਂ ਦੋਨਾਂ ਨੂੰ ਆਪਣੀ ਚੱਲ ਅਚੱਲ ਜਾਇਦਾਦ ਤੋਂ ਬੇਦਖਲ ਕਰਦੇ ਹਾਂ ਉਸ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ।

ਮੈਂ, ਪਵਨ ਕੁਮਾਰ ਪੁੱਤਰ ਮਦਨ ਲਾਲ ਵਾਸੀ ਫਲੈਟ ਨੰਬਰ 54, ਨੇੜੇ ਸਲੇਮਪੁਰ ਮੁਸਲਮਾਨਾਂ, ਜਲੰਧਰ ਇਹ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਨਿਖਿਲ ਕੁਮਾਰ ਅਤੇ ਉਸਦੀ ਪਤਨੀ ਅੰਜਲੀ ਮੇਰੇ ਕਹਿਣੇ ਤੋਂ ਬਾਹਰ ਹਨ। ਇਸ ਲਈ ਮੈਂ ਇਹਨਾਂ ਨੂੰ ਆਪਣੀ ਚੱਲ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਹਨਾਂ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਸੰਬੰਧਤ ਨੋਟ ਕਰਨ ।

## ਬੇਦਖਲੀ ਨੋਟਿਸ

ਮੈਂ ਸੁਖਵਿੰਦਰ ਸਿੰਘ ਪੁੱਤਰ ਸ: ਕਰਮ ਸਿੰਘ ਵਾਸੀ ਪਿੰਡ ਤੇ ਡਾਕਖਾਨਾ ਜੈਤੇਵਾਲੀ , ਤਹਿਸੀਲ ਵਾ ਜ਼ਿਲਾ ਜਲੰਧਰ ਇਹ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਸੁਖਦੇਵ ਸਿੰਘ ਮੇਰੇ ਕਹਿਣੇ ਤੋਂ ਬਾਹਰ ਹੈ । ਇਸ ਲਈ ਮੈ ਇਸ ਨੂੰ ਆਪਣੀ ਚੱਲ - ਅੱਚਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਮੇਰਾ ਅਤੇ ਮੇਰੇ ਪਰਿਵਾਰਕ ਮੈਂਬਰਾਂ ਦਾ ਇਸ ਨਾਲ ਕੋਈ ਸਬੰਧ ਨਹੀਂ ਹੈ। ਇਸ ਨਾਲ ਕਿਸੇ ਕਿਸਮ ਦਾ ਲੈਣ ਦੇਣ ਕਰਨ ਵਾਲਾ ਆਪਣੇ ਨਫ਼ੇ ਨੁਕਸਾਨ ਦਾ ਖੁਦ ਜਿੰਮੇਵਾਰ ਹੋਵੇਗਾ । ਮੇਰੀ ਜਾਂ ਮੇਰੇ ਪਰਿਵਾਰ ਦੀ ਕੋਈ ਜ਼ਿਮੇਵਾਰੀ ਨਹੀਂ ਹੋਵੇਗੀ। ਸੰਬੰਧਿਤ ਨੋਟ ਕਰਨ।

ਮੈਂ ਰਸ਼ਵਿੰਦਰਪਾਲ ਸਿੰਘ ਪੁੱਤਰ ਸੰਗਾਰਾ ਸਿੰਘ ਵਾਸੀ ਪਿੰਡ ਪੱਖੋਕੇ ਮਹਿਮਾਰਾ ਤਹਿਸੀਲ ਡੇਰਾ ਬਾਬਾ ਨਾਨਕ ਜ਼ਿਲ੍ਹਾ ਗੁਰਦਾਸਪੁਰ ਬਿਆਨ ਹਲਫੀਆ ਕਰਦਾ ਹਾਂ ਕਿ ਮੇਰਾ ਲੜਕਾ ਬਲਰਾਜ ਸਿੰਘ ਤੇ ਮੇਰੀ ਨੂੰਹ ਹਰਮਨਪ੍ਰੀਤ ਕੌਰ ਮੇਰੇ ਕਹਿਣੇ ਤੋ ਬਾਹਰ ਹਨ ਤੇ ਮੇਰੀ ਸੇਵਾ ਸੰਭਾਲ ਨਹੀਂ ਕਰਦੇ। ਮੈਂ ਆਪਣੇ ਲੜਕੇ ਬਲਰਾਜ ਸਿੰਘ ਅਤੇ ਨੂੰਹ ਹਰਮਨਪ੍ਰੀਤ ਕੌਰ ਨੂੰ ਆਪਣੀ ਚੱਲ ਅਤੇ ਅਚੱਲ ਜਾਇਦਾਦ ਤੋਂ ਬੇਦਖ਼ਲ ਕਰਦਾ ਹਾਂ। ਇੰਨਾਂ ਨਾਲ ਲੈਣ ਦੇਣ ਕਰਨ ਵਾਲਾ ਖੁਦ ਜਿੰਮੇਵਾਰ ਹੋਵੇਗਾ ਸੰਬੰਧਤ ਨੋਟ ਕਰਨ।

ਮੈਂ, ਤਰਸੇਮ ਸਿੰਘ ਪੁੱਤਰ ਨਿਰਮਲ ਸਿੰਘ ਵਾਸੀ ਪਿੰਡ ਫੂਲਪੁਰ, ਜ਼ਿਲ੍ਹਾ ਜਲੰਧਰ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਸੁਖਪਾਲ ਸਿੰਘ ਜੋ ਕਿ ਮੇਰੇ ਕਹਿਣੇ ਤੋਂ ਬਾਹਰ ਹੈ। ਮੈਂ ਆਪਣੇ ਲੜਕੇ ਸੁਖਪਾਲ ਸਿੰਘ ਅਤੇ ਉਸਦੀ ਪਤਨੀ ਕਿਰਨ ਅਤੇ ਉਹਨਾਂ ਦੇ ਵਾਰਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਮੇਰਾ ਅਤੇ ਮੇਰੇ ਪਰਿਵਾਰ ਦਾ ਇਹਨਾਂ ਨਾਲ ਕੋਈ ਵੀ ਲੈਣ ਦੇਣ ਨਹੀਂ ਹੈ। ਜੋ ਕੋਈ ਵੀ ਇਹਨਾ ਨਾਲ ਲੈਣ ਦੇਣ ਕਰੇਗਾ, ਉਹ ਆਪਣੇ ਨਫ਼ੇ ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ।

ਮੈਂ, ਹਰਜੀਤ ਸਿੰਘ ਪੁੱਤਰ ਵਿਰਸਾ ਸਿੰਘ ਵਾਸੀ ਪਿੰਡ ਅਹਿਮਦਾਬਾਦ, ਧਾਰੀਵਾਲ, ਤਹਿਸੀਲ/ਜ਼ਿਲ੍ਹਾ ਗੁਰਦਾਸਪੁਰ। ਮੇਰਾ ਲੜਕਾ ਸੁਖਰਾਜ ਸਿੰਘ ਅਤੇ ਉਸ ਦੀ ਪਤਨੀ ਸਿਮਰਨਜੀਤ ਕੌਰ ਜੋ ਮੇਰੇ ਅਤੇ ਮੇਰੇ ਪਰਵਾਰ ਦੇ ਕਹਿਣੇ ਤੋਂ ਬਾਹਰ ਹੋਣ ਕਰਕੇ ਮੈਂ ਇਹਨਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਜੋ ਇਹਨਾਂ ਨਾਲ ਲੈਣ-ਦੇਣ ਕਰੇਗਾ ਖੁਦ ਜ਼ੁੰਮੇਵਾਰ ਹੋਵੇਗਾ।

ਮੈਂ, ਦਵਿੰਦਰ ਕੌਰ ਪਤਨੀ ਸਵ: ਦਰਸ਼ਨ ਸਿੰਘ ਵਾਸੀ ਵਾਰਡ ਨੰ: 06, ਹਾਊਸ ਨੰ: 2383, ਸ਼ਹੀਦ ਭਗਤ ਸਿੰਘ ਨਗਰ, ਮੋਗਾ, ਤਹਿਸੀਲ ਵਾ ਜ਼ਿਲ੍ਹਾ ਮੋਗਾ ਬਿਆਨ ਕਰਦੀ ਹਾਂ ਕਿ ਮੇਰਾ ਲੜਕਾ ਸੰਦੀਪ ਸਿੰਘ ਮੇਰੇ ਕਹਿਣੇ ਤੋਂ ਬਾਹਰ ਹੈ ਅਤੇ ਆਪਣੀ ਮਨਮਰਜ਼ੀ ਕਰਦਾ ਹੈ। ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦੀ ਹਾਂ। ਉਹ ਆਪਣੇ ਕੀਤੇ ਕੰਮਾਂ ਦਾ ਅਤੇ ਲੈਣ-ਦੇਣ ਦਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ।

## ਆਮ ਸੂਚਨਾ

ਅਸੀਂ, ਬਖਸ਼ੀਸ਼ ਸਿੰਘ ਪੁੱਤਰ ਸਾਧੂ ਸਿੰਘ ਅਤੇ ਸਵਿੰਦਰ ਕੌਰ ਪਤਨੀ ਬਖਸ਼ੀਸ਼ ਸਿੰਘ ਵਾਸੀ ਮੁਹੱਲਾ ਸ਼ੰਕਰ ਨਗਰ ਮਕਾਨ ਨੰਬਰ 532/7 ਗੁਰਦਾਸਪੁਰ ਤਹਿਸੀਲ/ਜ਼ਿਲ੍ਹਾ ਗੁਰਦਾਸਪੁਰ। ਅਸੀਂ ਆਪਣੇ ਲੜਕੇ ਸੰਦੀਪ ਸਿੰਘ ਨੂੰ ਅਖਬਾਰ ਨਵਾਂ ਜ਼ਮਾਨਾ ਰਾਹੀਂ ਇਸ਼ਤਿਹਾਰ ਦੇ ਕੇ ਬੇਦਖਲ ਕੀਤਾ ਸੀ। ਹੁਣ ਸਾਡਾ ਲੜਕਾ ਸਾਡੇ ਕਹਿਣੇ ਵਿੱਚ ਹੈ। ਇਸ ਲਈ ਅਸੀਂ ਬੇਦਖਲੀ ਵਾਪਸ ਲੈਂਦੇ ਹਾਂ।

ਮੈਂ, ਕੁਲਦੀਪ ਕੌਰ ਪਤਨੀ ਸਰਵਣ ਸਿੰਘ ਸੈਣੀ ਵਾਸੀ ਮਕਾਨ ਨੰ. 303, ਸੀ ਬਲੌਕ, ਤੀਜਾ ਫਲੋਰ, ਚੱਢਾ ਕੰਪਲੈਕਸ, ਮਖਦੂਮਪੁਰਾ, ਜਲੰਧਰ ਬਿਆਨ ਕਰਦੀ ਹਾਂ ਕਿ ਮੈਂ ਆਪਣੇ ਲੜਕੇ ਚੰਦਨ ਸੈਣੀ ਅਤੇ ਉਸਦੀ ਪਤਨੀ ਜਸਵਿੰਦਰ ਕੌਰ ਨੂੰ ਮੇਰੇ ਕਹਿਣੇ ਵਿੱਚ ਨਾ ਹੋਣ ਕਰਕੇ ਅਖ਼ਬਾਰ ਵਿੱਚ ਦਿੱਤੇ ਇਸ਼ਤਿਹਾਰ ਰਾਹੀਂ ਬੇਦਖਲ ਕੀਤਾ ਸੀ। ਹੁਣ ਮੇਰਾ ਲੜਕਾ ਚੰਦਨ ਸੈਣੀ ਅਤੇ ਉਸਦੀ ਪਤਨੀ ਜਸਵਿੰਦਰ ਕੌਰ ਮੇਰੇ ਕਹਿਣੇ ਵਿੱਚ ਹਨ। ਮੈਂ ਇਹਨਾਂ ਦੀ ਬੇਦਖਲੀ ਵਾਪਸ ਲੈਂਦੀ ਹਾਂ। ਹੁਣ ਇਹ ਮੇਰੀ ਚੱਲ-ਅਚੱਲ ਜਾਇਦਾਦ ਦੇ ਵਾਰਿਸ ਹੋਣਗੇ। ਸੰਬੰਧਿਤ ਨੋਟ ਕਰਨ।

ਮੈਂ, ਅਰਮਿੰਦਰ ਸਿੰਘ ਪੁੱਤਰ ਜੋਗਿੰਦਰ ਸਿੰਘ ਵਾਸੀ ਮਕਾਨ ਨੰ. ਡਬਲਯੂ. ਜੀ-320, ਜੀ ਟੀ ਰੋਡ, ਜਲੰਧਰ ਬਿਆਨ ਕਰਦਾ ਹਾਂ ਕਿ ਮੈਂ ਆਪਣੇ ਲੜਕੇ ਤਨਵੀਰ ਸਿੰਘ ਉਸਦੀ ਪਤਨੀ ਪਰਮਜੀਤ ਕੌਰ ਨੂੰ ਮੇਰੇ ਕਹਿਣੇ ਵਿੱਚ ਨਾ ਹੋਣ ਕਰਕੇ ਅਖ਼ਬਾਰ ਵਿੱਚ ਦਿੱਤੇ ਇਸ਼ਤਿਹਾਰ ਰਾਹੀਂ ਬੇਦਖਲ ਕੀਤਾ ਸੀ। ਹੁਣ ਮੇਰਾ ਲੜਕਾ ਤਨਵੀਰ ਸਿੰਘ ਉਸਦੀ ਪਤਨੀ ਪਰਮਜੀਤ ਕੌਰ ਮੇਰੇ ਕਹਿਣੇ ਵਿੱਚ ਹਨ। ਮੈਂ ਇਹਨਾਂ ਦੀ ਬੇਦਖਲੀ ਵਾਪਸ ਲੈਂਦੀ ਹਾਂ। ਹੁਣ ਇਹ ਮੇਰੀ ਚੱਲ-ਅਚੱਲ ਜਾਇਦਾਦ ਦੇ ਵਾਰਿਸ ਹੋਣਗੇ। ਸੰਬੰਧਿਤ ਨੋਟ ਕਰਨ।

ਮੁਖਤਿਆਰ ਸਿੰਘ ਪੁੱਤਰ ਕੇਹਰ ਸਿੰਘ, ਪਿੰਡ ਘਨੌਰੀ ਕਲਾਂ ਦੇ ਨਾਮ ਚੱਲਦੇ ਮੋਟਰ ਕੁਨੈਕਸ਼ਨ ਖਾਤਾ ਨੰਬਰ ਏ.ਪੀ. 03/0284 (15 ਹਾਰਸਪਾਵਰ) ਨੂੰ ਲਖਵੀਰ ਸਿੰਘ ਪੁੱਤਰ ਮੁਖਤਿਆਰ ਸਿੰਘ, ਵਾਸੀ ਘਨੌਰੀ ਕਲਾਂ ਨੇ ਆਪਣੇ ਨਾਮ ਤਬਦੀਲ ਕਰਵਾਉਣ ਲਈ ਅਪਲਾਈ ਕੀਤਾ ਹੈ। ਇਤਰਾਜੀ 15 ਦਿਨਾਂ ਅੰਦਰ ਐੱਸ.ਡੀ.ਓ, ਪਾਵਰਕਾਮ, ਉਪ ਮੰਡਲ ਰੰਗੀਆਂ ਦੇ ਇਤਰਾਜ਼ ਪੇਸ਼ ਕਰੇ।

ਬਲਜੀਤ ਸਿੰਘ ਪੁੱਤਰ ਗੁਰਬਖਸ਼ ਸਿੰਘ ਦੇ ਨਾਂਅ ਪਿੰਡ ਮੋੜ ਵਿਚ ਚੱਲ ਰਿਹਾ ਟਿਊਬਵੈੱਲ ਕੁਨੈਕਸ਼ਨ ਖਾਤਾ ਨੰਬਰ ਏ ਪੀ 56/1147 ਐੱਚ, ਹਰਜੋਤ ਸਿੰਘ ਪੁੱਤਰ ਬਲਜੀਤ ਸਿੰਘ ਆਪਣੇ ਨਾਂਅ ਕਰਵਾ ਰਿਹਾ ਹੈ। ਇਤਰਾਜ਼ਕਰਤਾ 15 ਦਿਨਾਂ ਦੇ ਅੰਦਰ ਆਪਣਾ ਇਤਰਾਜ਼ ਉਪ ਮੰਡਲ ਅਫਸਰ ਜੌੜਾ ਛੱਤਰਾਂ ਨੂੰ ਪੇਸ਼ ਕਰ ਸਕਦਾ ਹੈ।

## ਨਾਂਅ ਦੀ ਬਦਲੀ

ਮੈਂ ਅਜੀਤ ਸਿੰਘ ਪੁੱਤਰ ਸ੍ਰੀ ਜੀਵਨ ਸਿੰਘ ਪਿੰਡ ਇਬਰਾਹੀਮਪੁਰ, ਤਹਿਸੀਲ ਦਸੂਆ, ਜ਼ਿਲ੍ਹਾ ਹੁਸ਼ਿਆਰਪੁਰ ਪੰਜਾਬ ਨੇ ਆਪਣਾ ਨਾਮ ਅਜੀਤ ਸਿੰਘ ਤੋਂ ਬਦਲ ਕਿ ਕੁਲਦੀਪ ਸਿੰਘ ਰੱਖ ਲਿਆ ਹੈ।

ਮੈਂ ਮਨਜੀਤ ਕੌਰ ਪਤਨੀ ਅਮਨਦੀਪ ਵਾਸੀ ਦਰਵੇਸ਼ ਪਿੰਡ ਤਹਿਸੀਲ ਫਗਵਾੜਾ ਜਿਲਾ ਕਪੂਰਥਲਾ ਨੇ ਆਪਣੀ ਲੜਕੀ ਪਲਵੀ ਦਾ ਨਾਮ ਬਦਲ ਕੇ ਪਲਵੀ ਕੁਮਾਰੀ ਰੱਖ ਲਿਆ ਹੈ। ਸੰਬੰਧਤ ਨੋਟ ਕਰਨ।

ਮੈਂ, ਸੁਸ਼ਮਾ ਰਾਣੀ ਪੁੱਤਰੀ ਸ੍ਰੀ ਲੇਖ ਰਾਜ ਵਾਸੀ ਮਕਾਨ ਨੰਬਰ 1279, ਨਿਊ ਸੂਰਾਜ ਗੰਜ, ਜਲੰਧਰ, ਪੰਜਾਬ ਸੂਚਿਤ ਕਰਦੀ ਹਾਂ ਕਿ ਮੈਂ ਆਪਣੀ ਲੜਕੀ ਦਾ ਨਾਂਅ ਤਨਿਸ਼ਕਾ ਤੋਂ ਬਦਲ ਕੇ ਤਨਿਸ਼ਕਾ ਕੁਮਾਰੀ ਰੱਖ ਲਿਆ ਹੈ। ਸੰਬੰਧਿਤ ਨੋਟ ਕਰਨ।

## ਅਦਾਲਤੀ ਇਸ਼ਤਿਹਾਰ

Proclamation Under order 5 Rule 20 C. P.C
ਵੱਲੋਂ ਅਦਾਲਤ The President, District Consumer Disputes Redressal Commission, Jalandhar.
ਮਿਸਲ ਨੰ: CC No. 184 of 2025
ਰਜੂਆ ਨੰ: .......
ਅਨੁਵਾਨ ਮੁਕੱਦਮਾ Parveen Kaur
V/s
ICICI Lombard General Insu. Co.Ltd.
OP No. 4- Sonia Widow of Amit, after death of Amit got married to Gaurav Resident of Gandhi Camp Jalandhar-144008, (Married on 24.02.2024)
OP No.5- Inayat (D.O.B 14.07.2019) (minor daughter of Amit) through her mother/ Natural guardian Sonia widow of Amit, after death of Amit got married to Gaurav Resident of Gandhi Camp Jalandhar-144008

ਨੋਟਿਸ

ਉਕਤ ਮੁਕੱਦਮੇ ਵਿਚ ਅਦਾਲਤ ਨੂੰ ਇਹ ਪੂਰਾ ਯਕੀਨ ਹੋ ਚੁੱਕਾ ਹੈ ਕਿ ਮੁਦਾਇਲਾ ਦੀ ਮਾਮੂਲੀ ਤਰੀਕੇ ਨਾਲ ਸੰਮਨ 'ਤੇ ਤਾਮੀਲ ਹੋਣੀ ਮੁਸ਼ਕਿਲ ਹੈ। ਇਸ ਲਈ ਮਿਤੀ 20.02.2026 ਦੀ ਤਰੀਕ ਪੇਸ਼ੀ ਨਿਯਤ ਕਰਕੇ ਇਸ ਇਸ਼ਤਿਹਾਰ ਰਾਹੀਂ ਮੁਦਾਇਲਾ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਉਕਤ ਤਰੀਕ 'ਤੇ ਆਪ ਜਾਂ ਵਕੀਲ ਰਾਹੀਂ ਅਦਾਲਤ ਵਿਚ ਪੇਸ਼ ਹੋਵੇ, ਨਹੀਂ ਤਾਂ ਕਾਰਵਾਈ ਇਕਤਰਫਾ ਅਮਲ ਵਿਚ ਲਿਆਂਦੀ ਜਾਵੇਗੀ।

ਅੱਜ ਮਿਤੀ 03.02.2026 ਨੂੰ ਮੇਰੇ ਦਸਤਖਤਾਂ ਤੇ ਮੋਹਰ ਅਦਾਲਤ ਨਾਲ ਇਹ ਨੋਟਿਸ ਜਾਰੀ ਕੀਤਾ ਗਿਆ।

ਸਹੀ/- ਦਸਤਖਤ ਹਾਕਮ ਤੇ ਮੋਹਰ ਅਦਾਲਤ

## COURT NOTICE

(U/o 5 Rule 20 CPC)
(Succession Case)
In the Court of
Parminder Kaur Bains
Civil Judge (Senior Division),
Amritsar
CNR No. PBAS02-003541-2025
Next Date:- 07-05-2026

Arwinder Kaur D/o Lt. S. Lal Singh Son of S. Bahadur Singh W/o S. Sukhjinder Singh R/o 2000, Gali Railway Wali, Batala Road, Bharat Nagar, Amritsar.

Vs. GP

Petition U/S 372 of The Indian Succession Act In Respect of The Estates of Lt. S. Lal Singh Son of Bahadur Singh

Notice To : GP
:- Whom It May Concern

In above titled case, the defendant(s)/respondent(s) could not be served. It is ordered that defendant(s)/ respondent(s) should appear in person or through counsel on 07-05-2026 at 10 a.m.

For details logon to https://highcourtchd.gov.in/?trs=district_notice&district=Amritsar

Civil Judge (Senior Division) Amritsar
Dated, this day of 09-02-2026

## COURT NOTICE

(U/o 5 Rule 20 CPC)
In the Court of Ms. Rajbir Kaur
Civil Judge (Junior Division)-10,
Jalandhar
CNR No. PBJL02-002722-2024
Next Date:- 10-03-2026
Gagandeep Singh
Vs.
Dayal Singh

Suit for grant of decree of Permanent Injunction as prayed for

Publication Issued To:
Def-1 Dayal Singh
Father : Puran Singh S/o Dalip Singh, R/o Village Khusropur, Tehsil and Distt. Jalandhar

In above titled case, the defendant(s)/respondent(s) could not be served. It is ordered that defendant(s)/ respondent(s) should appear in person or through counsel on 10-03-2026 at 10:00 a.m.

For details logon to https://highcourtchd.gov.in/?mod=district_notice&district=Jalandhar

Civil Judge (Júnior Division)-10
Jalandhar
Dated, this day of 03-02-2026

## COURT NOTICE

(U/o 5 Rule 20 CPC)
In the Court of Dr. Mandeep Mittal
Additional District and Sessions Judge, Hoshiarpur
CNR No. PBHO01-007463-2024
CM/345/2024
Next Date: 02-03-2026

Gurbachan Singh S/o Hari Singh (Now deceased) through legal heir Kuldeep Kaur D/o Gurbachan Singh W/o Kashir Singh, R/o Vill. Roopowal, Tehsil Garhshankar, Distt. Hoshiarpur.

Vs.

Inder Singh S/o Malla Singh S/o Amar Singh, R/o Vill. Sikri, Tehsil Dasuya, Distt. Hoshiarpur

Application U/S 152 and 153 of CPC

Publication Issued To:
2. Mohinder Singh
3. Gurmeet Singh S/o Malla Singh S/o Amar Singh, R/o Vill. Sikri, Tehsil Dasuya, Distt. Hoshiarpur.

In above titled case, the defendant(s)/respondent(s) could not be served. It is ordered that defendant(s)/ respondent(s) should appear in person or through counsel on 02-03-2026 at 10:00 a.m.

For details logon to https://highcourtchd.gov.in/?trs=district_notice&district=Hoshiarpur

Additional District and Sessions Judge, Hoshiarpur
Dated, this day of 11-02-2026

## Capital Small Finance Bank Ltd.

HO:- MIDAS Corporate Park, 3rd Floor, 37, G.T. Road, Jalandhar-144001, Punjab, India

### ਜਾਇਦਾਦ ਵਿਕਰੀ ਨੋਟਿਸ

ਨਿਮਨਹਸਤਾਖਰੀ ਨੇ ਕੈਪੀਟਲ ਸਮਾਲ ਫਾਇਨਾਂਸ ਬੈਂਕ ਲਿਮ: ਦੇ ਅਧਿਕਾਰਤ ਅਫਸਰ ਵਜੋਂ ਹੇਠ ਦਰਸਾਈਆਂ ਜਾਇਦਾਦਾਂ ਦਾ ਸਰਫੇਸੀ ਐਕਟ ਦੇ ਸੈਕਸ਼ਨ 13 (4) ਅਧੀਨ ਕਬਜ਼ਾ ਲੈ ਲਿਆ ਹੈ।
ਆਮ ਜਨਤਾ ਨੂੰ ਸੂਚਨਾ ਦਿੱਤੀ ਜਾਂਦੀ ਹੈ ਕਿ ਐੱਨ ਪੀ ਏ ਖਾਤਿਆਂ ਵਿਰੁੱਧ ਬਕਾਇਆ ਖੜੀ ਰਕਮ ਜਮ੍ਹਾਂ ਭਵਿੱਖੀ ਵਿਆਜ ਅਤੇ ਹੋਰ ਚਾਰਜਿਜ਼ ਦੀ ਵਸੂਲੀ ਲਈ ਬੈਂਕ ਵੱਲੋਂ 18-03-2026 ਨੂੰ ਵਿਕਰੀ ਕੀਤੀ ਜਾਵੇਗੀ।

| | |
|---|---|
| ਖਾਤੇ ਦਾ ਨਾਂਅ | ਸ੍ਰੀ ਮਨੀਸ਼ ਕਪਾਨੀਆ ਪੁੱਤਰ ਵਿਜੇ ਮੋਹਨ ਕਪਾਨੀਆ ਵਾਸੀ ਮਕਾਨ ਨੰ. 1065, ਵਾਰਡ ਨੰ. 13, ਮੁਹੱਲਾ ਜਲੋਟਿਆਂ, ਨਕੋਦਰ, ਜਲੰਧਰ, ਪੰਜਾਬ-144040<br>ਸ੍ਰੀ ਨੀਰਜ ਕਪਾਨੀਆ ਪੁੱਤਰ ਵਿਜੇ ਮੋਹਨ ਕਾਪਨੀਆ ਵਾਸੀ ਮਕਾਨ ਨੰ. 1065, ਵਾਰਡ ਨੰ. 13, ਪੁਰਾਣਾ ਡਾਕਖਾਨਾ, ਚਰਸੀ ਗੇਟ, ਨਕੋਦਰ, ਜਲੰਧਰ, ਪੰਜਾਬ-144040 (ਕਰਜ਼ਦਾਰ)<br>ਸ੍ਰੀ ਤਰਸੇਮ ਲਾਲ ਪੁੱਤਰ ਪ੍ਰਭ ਦਿਆਲ ਵਾਸੀ ਮਕਾਨ ਨੰ. 2863, ਵਾਰਡ ਨੰ. 10, ਮੁਹੱਲਾ ਰੋਹਟਾਂ, ਨਕੋਦਰ, ਜਲੰਧਰ, ਪੰਜਾਬ-144040 (ਗਰੰਟਰ) |
| ਬਕਾਇਆ ਰਾਸ਼ੀ<br>LAP/011602000045 | ਰੁਪਏ 12,50,905/-<br>(ਅਤੇ ਮਿਤੀ 01.02.2026 ਤੋਂ ਲਾਗੂ ਭਵਿੱਖੀ ਵਿਆਜ) |
| ਜਾਇਦਾਦ ਦਾ ਵੇਰਵਾ | ਬੈਨਾਮਾ ਦਸਤਾਵੇਜ਼ ਨੰ. 2019-20/184/1/704 ਮਿਤੀ 09-09-2019 ਅਨੁਸਾਰ ਸ੍ਰੀ ਮਨੀਸ਼ ਕਪਾਨੀਆ ਪੁੱਤਰ ਵਿਜੇ ਮੋਹਨ ਕਪਾਨੀਆ ਅਤੇ ਨੀਰਜ ਕਪਾਨੀਆ ਪੁੱਤਰ ਵਿਜੇ ਮੋਹਨ ਕਪਾਨੀਆ ਦੀ ਮਲਕੀਅਤ ਅਚੱਲ ਜਾਇਦਾਦ ਰਕਬਾ 1 ਮਰਲਾ 05 ਸਰਸਾਈ, ਬਜ਼ਾਰ ਵਿਖੇ ਸਥਿਤ, ਪੁਰਾਣਾ ਡਾਕਖਾਨਾ (ਚਰਸੀ ਬਜ਼ਾਰ) ਨਕੋਦਰ, ਜ਼ਿਲ੍ਹਾ ਜਲੰਧਰ (ਮਿਊਂਸਪਲ ਕਮੇਟੀ ਨਕੋਦਰ ਦੀ ਲਾਲ ਲਕੀਰ ਦੇ ਅੰਦਰ)। |
| ਰਾਖਵੀਂ ਕੀਮਤ | ਰੁਪਏ 32.00 (ਰੁਪਏ ਬੱਤੀ ਲੱਖ ਕੇਵਲ) |
| ਈ ਐੱਮ ਡੀ (ਬਿਆਨਾ ਰਕਮ) | ਕੁੱਲ ਈ ਐੱਮ ਡੀ (ਬਿਆਨਾ ਰਕਮ) ਰਾਖਵੀਂ ਕੀਮਤ ਦਾ 25 ਫੀਸਦੀ ਹੈ, ਜੋ ਸਫਲ ਬੋਲੀਕਾਰ ਵੱਲੋਂ ਕੈਪੀਟਲ ਸਮਾਲ ਫਾਇਨਾਂਸ ਬੈਂਕ ਲਿਮਟਿਡ ਦੇ ਹੱਕ 'ਚ ਡਿਮਾਂਡ ਡਰਾਫਟ ਰਾਹੀਂ ਜਲੰਧਰ ਵਿਖੇ ਅਦਾਇਗੀਯੋਗ ਮਿਤੀ 18-03-2026 ਨੂੰ ਅਦਾ ਕੀਤਾ ਜਾਵੇਗਾ। ਟੈਂਡਰ ਫਾਰਮ ਅਤੇ ਈ ਐੱਮ ਡੀ, ਅਧਿਕਾਰਤ ਅਫਸਰ, ਕੈਪੀਟਲ ਸਮਾਲ ਫਾਇਨਾਂਸ ਬੈਂਕ ਲਿਮਟਿਡ ਮੁੱਖ ਦਫਤਰ ਮਿਡਾਸ ਕਾਰਪੋਰੇਟ ਪਾਰਕ, ਤੀਜੀ ਮੰਜ਼ਲ, 37 ਜੀ ਟੀ ਰੋਡ, ਜਲੰਧਰ ਨੂੰ ਭੇਜੇ ਜਾਣ। |

ਬੈਂਕ ਦੀ ਜਾਣਕਾਰੀ 'ਚ ਜੋਖਮ : ਕੋਈ ਨਹੀਂ। ਜਾਇਦਾਦ ਦੀ ਵਿਕਰੀ "ਜਿੱਥੇ ਹੈ ਜਿਵੇਂ ਹੈ" "ਜੋ ਹੈ ਜਿਵੇਂ ਹੈ" ਅਤੇ ਉੱਥੇ "ਜੋ ਵੀ ਹੈ' ਦੇ ਅਧਾਰ 'ਤੇ ਕੀਤੀ ਜਾਵੇਗੀ। ਟੈਂਡਰ ਸਮੇਤ ਰਾਖਵੀਂ ਕੀਮਤ ਦੀ ਕੁੱਲ 25 ਫੀਸਦੀ ਈ ਐੱਮ ਡੀ ਕੈਪੀਟਲ ਸਮਾਲ ਫਾਇਨਾਂਸ ਬੈਂਕ ਲਿਮਟਿਡ ਦੇ ਹੱਕ 'ਚ ਡਿਮਾਂਡ ਡਰਾਫਟ ਰਾਹੀਂ ਜਲੰਧਰ ਵਿਖੇ ਅਦਾਇਗੀਯੋਗ ਪ੍ਰਾਪਤ ਕਰਨ ਦੀ ਅੰਤਮ ਮਿਤੀ/ਸਮਾਂ 18.03.2026 ਸਵੇਰੇ 11.00 ਵਜੇ ਤੱਕ ਹੈ। ਟੈਂਡਰ ਉਕਤ ਮਿਤੀ ਤੋਂ ਸਵੇਰੇ 11.00 ਵਜੇ ਤੋਂ ਬਾਅਦ ਮੁੱਖ ਦਫਤਰ : ਮਿਡਾਸ ਕਾਰਪੋਰੇਟ ਪਾਰਕ, ਤੀਜੀ ਮੰਜ਼ਲ, 37 ਜੀ ਟੀ ਰੋਡ ਜਲੰਧਰ ਵਿਖੇ ਸਾਰੇ ਪੇਸ਼ਕਰਤਾਵਾਂ/ਉਨ੍ਹਾਂ ਦੇ ਅਧਿਕਾਰਤ ਪ੍ਰਤੀਨਿਧੀਆਂ ਦੀ ਹਾਜ਼ਰੀ 'ਚ ਖੋਲ੍ਹੇ ਜਾਣਗੇ ਅਤੇ ਵਿਚਾਰੇ ਜਾਣਗੇ। ਟੈਂਡਰ ਫਾਰਮ ਸਮੇਤ ਵਿਕਰੀ ਦੀਆਂ ਸ਼ਰਤਾਂ ਦੇ ਵੇਰਵੇ ਅਤੇ ਜਾਇਦਾਦ ਦੇ ਨਿਰੀਖਣ ਲਈ ਕਿਰਪਾ ਕਰਕੇ ਸ਼ਾਖਾ ਦਫਤਰ ਸ਼ੰਕਰ ਨਾਲ ਸੰਪਰਕ ਕੀਤਾ ਜਾਵੇ। ਵਿਕਰੀ, ਸਕਿਉਰਟਾਈਜ਼ੇਸ਼ਨ ਐਂਡ ਰੀਕੰਸਟਰਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਐਂਡ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈਸਟ ਐਕਟ 2002 ਦੇ ਰੂਲਜ਼/ਸ਼ਰਤਾਂ ਤਹਿਤ ਕੀਤੀ ਜਾਵੇਗੀ। ਅਧਿਕਾਰਤ ਅਫਸਰ ਨੂੰ ਬਿਨਾਂ ਕੋਈ ਕਾਰਨ ਦੱਸੇ ਵਿਕਰੀ ਦੀ ਪੁਸ਼ਟੀ ਤੋਂ ਪਹਿਲਾਂ ਸ਼ਰਤਾਂ ਅਤੇ ਨਿਯਮ ਕਿਸੇ ਸਮੇਂ ਵੀ ਰੱਦ/ਮੁਲਤਵੀ/ਅਣਮਿੱਥੇ ਸਮੇਂ ਲਈ ਅੱਗੇ ਪਾਉਣ/ ਤਬਦੀਲ ਕਰਨ ਦਾ ਅਧਿਕਾਰ ਪ੍ਰਾਪਤ ਹੈ।

ਮਿਤੀ: 11.02.2026 ਅਧਿਕਾਰਤ ਅਫਸਰ

## ਇਸ਼ਤਿਹਾਰਾਂ ਸੰਬੰਧੀ ਜ਼ਰੂਰੀ ਬੇਨਤੀ

'ਨਵਾਂ ਜ਼ਮਾਨਾ' ਅਖ਼ਬਾਰ ਵਿੱਚ ਛਪੇ ਇਸ਼ਤਿਹਾਰਾਂ (ਡਿਸਪਲੇ/ ਕਲਾਸੀਫਾਈਡ) ਦੇ ਤੱਥਾਂ ਤੇ ਦਾਅਵਿਆਂ ਦੀ ਜ਼ਿੰਮੇਵਾਰੀ ਨਹੀਂ ਲੈਂਦਾ। ਸਾਡਾ ਅਖ਼ਬਾਰ ਇਹਨਾਂ ਨੂੰ ਤਸਦੀਕ ਨਹੀਂ ਕਰਦਾ। ਪਾਠਕਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਉਹ ਇਹਨਾਂ ਇਸ਼ਤਿਹਾਰਾਂ 'ਤੇ ਕਾਰਵਾਈ ਤੇ ਭਰੋਸੇ ਤੋਂ ਪਹਿਲਾਂ ਤੱਥਾਂ ਦੀ ਪੁਸ਼ਟੀ ਕਰ ਲੈਣ।

12 Feb Page 8.qxd 2/11/2026 9:23 PM Page 1



# 50 ਪੁਲਸ ਪਾਰਟੀਆਂ ਨੇ 500 ਥਾਵਾਂ 'ਤੇ ਚਲਾਇਆ ਸਰਚ ਅਭਿਆਨ, 37 ਗ੍ਰਿਫਤਾਰ

**ਸ਼ੱਕੀ ਨਸ਼ਾ ਤਸਕਰਾਂ ਤੇ ਗੈਂਗਸਟਰਾਂ ਨਾਲ ਸੰਬੰਧ ਰੱਖਣ ਵਾਲਿਆਂ ਦੇ ਘਰਾਂ 'ਤੇ ਕੀਤੀ ਛਾਪੇਮਾਰੀ**

**ਕਪੂਰਥਲਾ, (ਮਨਜੀਤ ਮਾਨ)**- ਡੀ ਆਈ ਜੀ ਜਲੰਧਰ ਰੇਂਜ ਨਵੀਨ ਸਿੰਗਲਾ ਤੇ ਐੱਸ ਐੱਸ ਪੀ ਸ੍ਰੀ ਗੌਰਵ ਤੂਰਾ ਨੇ ਠੰਡੀ ਸੜਕ, ਕਚਹਿਰੀ ਚੌਕ, ਸ਼ਹੀਦ ਭਗਤ ਸਿੰਘ ਚੌਕ, ਸੱਤ ਨਾਰਾਇਣ ਬਾਜ਼ਾਰ ਤੋਂ ਹੁੰਦੇ ਹੋਏ ਮੇਨ ਬਸ ਸਟੈਂਡ ਦੇ ਗੇਟ ਤੱਕ ਮਾਰਚ ਪਾਸਟ ਕੀਤਾ।ਇਸ ਦੌਰਾਨ ਪੱਤਰਕਾਰਾਂ ਨਾਲ ਗੱਲ ਕਰਦਿਆਂ ਡੀ ਆਈ ਜੀ ਜਲੰਧਰ ਰੇਂਜ ਸ੍ਰੀ ਨਵੀਨ ਸਿੰਗਲਾ ਨੇ ਕਿਹਾ ਕਿ ਜਲੰਧਰ ਰੇਂਜ ਵਿਚ 200 ਤੋਂ ਵੱਧ ਪੁਲਸ ਪਾਰਟੀਆਂ ਡਿਸਪੈਚ ਕਰਕੇ 2000 ਪਲੱਸ ਦੇ ਕਰੀਬ ਅਸੀਂ ਰੇਡਸ ਕੀਤੀਆਂ, ਜਿਹਦੇ ਵਿੱਚੋਂ ਕਿ 500 ਤੋਂ ਵੱਧ ਕਪੂਰਥਲੇ ਜ਼ਿਲੇ 'ਚ ਕੀਤੀਆਂ ਗਈਆਂ ਤੇ 600 ਦੇ ਕਰੀਬ ਕ੍ਰਿਮੀਨਲ ਤੇ ਉਨ੍ਹਾਂ ਦੇ ਸ਼ੱਕੀ ਸਾਥੀ,ਗੈਂਗਸਟਰ,ਟਰੈਵਲ ਏਜੰਟਸ, ਭਗੌੜੇ ਤੇ ਹੋਰ ਸ਼ਰਾਰਤੀ ਅਨਸਰ ਗ੍ਰਿਫਤਾਰ ਕੀਤੇ। ਉਨ੍ਹਾਂ ਕਿਹਾ ਕਿ ਆਪਰੇਸ਼ਨ ਪ੍ਰਹਾਰ 2.0 ਦੀ ਗੱਲ ਕਰੀਏ ਤਾਂ ਜ਼ਿਲ੍ਹਾ ਕਪੂਰਥਲਾ ਵਿਚ ਸਵੇਰੇ 50 ਪਾਰਟੀਆਂ ਨੂੰ ਡਿਸਪੈਚ ਕਰਕੇ ਸਰਚ ਆਪਰੇਸ਼ਨ ਸ਼ੁਰੂ ਕੀਤਾ ਗਿਆ,ਜਦਕਿ ਜਲੰਧਰ ਰੇਂਜ ਅਧੀਨ ਜ਼ਿਲ੍ਹਿਆਂ ਵਿਚ 200 ਦੇ ਕਰੀਬ ਸਰਚ ਪਾਰਟੀਆਂ ਨੇ ਅਭਿਆਨ ਚਲਾਇਆ ਅਤੇ ਹੁਣ ਤੱਕ ਰਿਪੋਰਟ ਅਨੁਸਾਰ 150 ਤੋਂ ਵੱਧ ਜਲੰਧਰ ਰੇਂਜ ਅਧੀਨ ਅਪਰਾਧੀਆਂ ਨੂੰ ਹਿਰਾਸਤ ਵਿਚ ਲਿਆ,ਜਿਨ੍ਹਾਂ ਵਿਚੋਂ 3 ਭਗੌੜੇ ਵੀ ਸ਼ਾਮਲ ਹਨ। ਉਨ੍ਹਾਂ ਕਿਹਾ ਕਿ ਆਪਰੇਸ਼ਨ ਪ੍ਰਹਾਰ 2.0 ਅਗਲੇ 72 ਘੰਟੇ ਤੱਕ ਚੱਲੇਗਾ। ਇਹ ਆਪਰੇਸ਼ਨ ਜ਼ਿਲ੍ਹਿਆਂ ਦੇ ਬੱਸ ਸਟੈਂਡਾਂ, ਰੇਲਵੇ ਸਟੇਸ਼ਨਾਂ 'ਤੇ ਵੀ ਜਾਰੀ ਰਹੇਗਾ। ਇਸ ਤੋਂ ਇਲਾਵਾ ਰਾਤ ਦੇ ਸਮੇਂ ਵੀ ਸਰਚ ਆਪਰੇਸ਼ਨ ਚਲਾਏ ਜਾਣਗੇ ਤੇ ਨਾਕਾ ਬੰਦੀ ਦੌਰਾਨ ਗੱਡੀਆਂ ਦੀ ਤਲਾਸ਼ੀ ਲਈ ਜਾਵੇਗੀ। ਰਿਕਵਰੀ ਸਬੰਧੀ ਜਾਣਕਾਰੀ ਦਿੰਦਿਆਂ ਉਨ੍ਹਾਂ ਦੱਸਿਆ ਕਿ ਤਿੰਨ ਦੇਸੀ ਵੈਪਨ ਵੀ ਬਰਾਮਦ ਕੀਤੇ ਗਏ ਹਨ। ਇਸ ਦੌਰਾਨ ਐਸ.ਐਸ.ਪੀ ਸ੍ਰੀ ਗੌਰਵ ਤੂਰਾ ਨੇ ਕਿਹਾ ਕਿ ਜ਼ਿਲ੍ਹੇ ਦੇ ਵਿਚ 50 ਪਾਰਟੀਆਂ ਤਾਇਨਾਤ ਕੀਤੀਆਂ ਗਈਆਂ ਜਿਨ੍ਹਾਂ ਵਲੋਂ ਅੱਜ ਵੱਖ-ਵੱਖ 121 ਥਾਵਾਂ 'ਤੇ ਰੇਡ ਕੀਤੀਆਂ ਗਈਆਂ। ਉਨ੍ਹਾਂ ਦੱਸਿਆ ਕਿ ਇਸ ਦੌਰਾਨ 75 ਤੋਂ ਵੱਧ ਸ਼ੱਕੀ ਵਿਅਕਤੀਆਂ ਦੀ ਪੁੱਛਗਿੱਛ ਕਰਕੇ 37 ਵਿਅਕਤੀਆਂ ਨੂੰ ਗ੍ਰਿਫਤਾਰ ਕੀਤਾ ਗਿਆ। ਉਨ੍ਹਾਂ ਕਿਹਾ ਕਿ ਆਪਰੇਸ਼ਨ ਪ੍ਰਹਾਰ 2.0 ਅਗਲੇ 72 ਘੰਟੇ ਜਾਰੀ ਰਹੇਗਾ ਤੇ ਪੁਲਿਸ ਪਾਰਟੀਆਂ ਵਲੋਂ ਰਾਤ ਦੇ ਸਮੇਂ ਵੀ ਗਸ਼ਤ ਜਾਰੀ ਰਹੇਗੀ।



# ਪੈਨਸ਼ਨਰ ਵੈੱਲਫੇਅਰ ਐਸੋਸੀਏਸ਼ਨ ਵੱਲੋਂ ਅੱਜ ਦੀ ਹੜਤਾਲ ਦਾ ਸਮਰਥਨ

**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)** ਪੰਜਾਬ ਪੈਨਸ਼ਨਰਜ਼ ਵੈਲਫੇਅਰ ਐਸੋਸੀਏਸ਼ਨ ਜ਼ਿਲ੍ਹਾ ਹੁਸ਼ਿਆਰਪੁਰ ਦੀ ਤਿਮਾਹੀ ਮੀਟਿੰਗ ਜ਼ਿਲ੍ਹਾ ਪ੍ਰਧਾਨ ਕੁਲਵਰਨ ਸਿੰਘ ਦੀ ਪ੍ਰਧਾਨਗੀ ਹੇਠ ਮੁਲਾਜ਼ਮ ਭਵਨ ਹੁਸ਼ਿਆਰਪੁਰ ਵਿਖੇ ਹੋਈ। ਇਸ ਮੀਟਿੰਗ ਵਿੱਚ ਪੰਜਾਬ ਸਬਾਰਡੀਨੇਟ ਸਰਵਿਸ ਫੈਡਰੇਸ਼ਨ ਦੇ ਸੂਬਾ ਪ੍ਰਧਾਨ ਸਤੀਸ਼ ਰਾਣਾ ਵਿਸ਼ੇਸ਼ ਤੌਰ ਤੇ ਸ਼ਾਮਿਲ ਹੋਏ। ਪ੍ਰਧਾਨਗੀ ਮੰਡਲ ਵਿਚ ਸ੍ਰੀ ਕਿਰਪਾਲ ਸਿੰਘ, ਕੁਲਵਰਨ ਸਿੰਘ, ਸਤੀਸ਼ ਕੁਮਾਰ ਰਾਣਾ, ਬਲਵੀਰ ਸਿੰਘ ਸੈਣੀ, ਸੁਖਦੇਵ ਸਿੰਘ ਢਿੱਲੋਂ, ਪ੍ਰੇਮਿਸ ਕੇਵਲ ਸਿੰਘ ਕਲੋਟੀ, ਦਲਜੀਤ ਸਿੰਘ ਭੁੱਲਰ, ਸ਼ਮਸ਼ੇਰ ਸਿੰਘ ਧਾਮੀ,ਸਿਵ ਕੁਮਾਰ, ਮਲਕੀਤ ਸਿੰਘ, ਅਜੀਤ ਸਿੰਘ ਗੁਰਾਇਆ, ਸ਼ਾਮਿਲ ਸਨ। ਮੀਟਿੰਗ ਦੀ ਸ਼ੁਰੂ ਵਿੱਚ ਪਿਛਲੀ ਤਮਾਹੀ ਦੌਰਾਨ ਪੰਜਾਬ ਪੈਨਸ਼ਨਰਜ਼ ਵੈਲਫੇਅਰ ਐਸੋਸੀਏਸ਼ਨ ਜ਼ਿਲ੍ਹਾ ਹੁਸ਼ਿਆਰਪੁਰ ਦੇ ਸਾਬਕਾ ਪ੍ਰਧਾਨ ਮਹਿੰਦਰ ਸਿੰਘ ਦੀਵਾਨਾ ਅਤੇ ਜ਼ਿਲ੍ਹਾ ਜਨਰਲ ਸਕੱਤਰ ਸ਼੍ਰੀ ਸੇਵਾ ਸਿੰਘ ਅਤੇ ਗੌਰਮਿੰਟ ਟੀਚਰਜ਼ ਯੂਨੀਅਨ ਪੰਜਾਬ ਦੇ ਸਾਬਕਾ ਸੂਬਾ ਪ੍ਰਧਾਨ ਅਤੇ ਪੈਨਸ਼ਨਰ ਐਸੋਸੀਏਸ਼ਨ ਦੇ ਸੂਬਾਈ ਆਗੂ ਪਿਆਰਾ ਸਿੰਘ ਸਾਬਕਾ ਜ਼ਿਲ੍ਹਾ ਸਿੱਖਿਆ ਅਫ਼ਸਰ, ਆਦਿ ਸਾਥੀ ਸਦੀਵੀ ਵਿਛੋੜਾ ਦੇ ਗਏ ਉਨ੍ਹਾਂ ਸਾਥੀਆਂ ਨੂੰ ਦੋ ਮਿੰਟ ਦਾ ਮੌਨ ਰੱਖ ਕੇ ਸ਼ਰਧਾਂਜਲੀ ਭੇਂਟ ਕੀਤੀ ਗਈ।



ਉਪਰੰਤ ਮੀਟਿੰਗ ਦੀ ਕਾਰਵਾਈ ਸ਼ੁਰੂ ਕਰਦਿਆਂ ਜ਼ਿਲ੍ਹਾ ਜਨਰਲ ਸਕੱਤਰ ਮਨਜੀਤ ਸਿੰਘ ਸੈਣੀ ਨੇ ਜਥੇਬੰਦੀ ਦੀ ਕਾਰਵਾਈ ਰਿਪੋਰਟ ਪੜ੍ਹ ਕੇ ਸੁਣਾਈ ਅਤੇ ਮੀਟਿੰਗ ਦੇ ਏਜੰਡੇ ਤੇ ਵਿਸਥਾਰ ਸਹਿਤ ਗੱਲ ਕੀਤੀ। ਮੀਟਿੰਗ ਨੂੰ ਸੰਬੋਧਨ ਕਰਦਿਆਂ ਕੁਲਵਰਨ ਸਿੰਘ ਜ਼ਿਲ੍ਹਾ ਪ੍ਰਧਾਨ, ਸਤੀਸ਼ ਕੁਮਾਰ ਰਾਣਾ ਸਟੇਟ ਪ੍ਰਧਾਨ ਪਸਸਫ, ਤਹਿਸੀਲ ਪ੍ਰਧਾਨ ਸ਼ਮਸ਼ੇਰ ਸਿੰਘ ਧਾਮੀ, ਦਲਜੀਤ ਸਿੰਘ ਭੁੱਲਰ, ਮਲਕੀਤ ਸਿੰਘ, ਅਜੀਤ ਸਿੰਘ ਗੁਰਾਇਆ, ਸ਼ਿਵ ਕੁਮਾਰ, ਸੁਖਦੇਵ ਸਿੰਘ ਢਿੱਲੋਂ, ਪ੍ਰੇਮਿਸ ਕੇਵਲ ਸਿੰਘ ਕਲੋਟੀ, ਮਦਨ ਲਾਲ ਸੈਣੀ, ਆਦਿ ਨੇ ਸੰਬੋਧਨ ਕਰਦਿਆਂ ਕਿਹਾ ਕਿ ਪੈਨਸ਼ਨਰਾਂ ਨਾਲ ਕੀਤੇ ਵਾਅਦਿਆਂ ਨੂੰ ਚਾਰ ਸਾਲਾਂ ਤੋਂ ਲਗਾਤਾਰ ਅਣਗੌਲਿਆ ਕੀਤਾ ਜਾ ਰਿਹਾ ਹੈ। ਉਨ੍ਹਾਂ ਸਰਕਾਰ ਪਾਸੋਂ ਮੰਗ ਕੀਤੀ ਕਿ ਮਹਿੰਗਾਈ ਭੱਤੇ ਦੀ ਬਕਾਏ ਦੀਆਂ ਰਹਿੰਦੀਆਂ ਕਿਸ਼ਤਾਂ ਤੁਰੰਤ ਜਾਰੀ ਕੀਤੀਆਂ ਜਾਣ, 2.54 ਦਾ ਫੈਕਟਰ ਲਾਗੂ ਕਰਕੇ ਪੈਨਸ਼ਨ ਵਿੱਚ ਸੋਧ ਕਰਕੇ ਲਾਗੂ ਕੀਤੀ ਜਾਵੇ।ਉਨ੍ਹਾਂ ਦੱਸਿਆ ਕਿ 12 ਫਰਵਰੀ ਨੂੰ ਹਿੰਦੁਸਤਾਨ ਪੱਧਰ ਤੇ ਸਮੁੱਚੀਆਂ ਟਰੇਡ ਯੂਨੀਅਨਾਂ ਤੇ ਜਨਤਕ ਜਥੇਬੰਦੀਆਂ ਵੱਲੋਂ ਕੇਂਦਰ ਸਰਕਾਰ ਖਿਲਾਫ ਕੀਤੀ ਜਾ ਰਹੀ ਦੇਸ਼ ਵਿਆਪੀ ਹੜਤਾਲ ਦਾ ਪੂਰਨ ਸਮਰਥਨ ਕੀਤਾ ਜਾਵੇਗਾ ਅਤੇ ਬੱਸ ਸਟੈਂਡ ਇਕੱਤਰ ਹੋ ਕੇ ਰੋਸ ਪ੍ਰਦਰਸ਼ਨ ਕੀਤਾ ਜਾਵੇਗਾ। 13 ਫਰਵਰੀ ਨੂੰ ਡੀ ਸੀ ਹੁਸ਼ਿਆਰਪੁਰ ਦੇ ਦਫ਼ਤਰ ਮੂਹਰੇ ਵਿਸ਼ਾਲ ਰੋਸ ਪ੍ਰਦਰਸ਼ਨ ਕਰਕੇ ਪੰਜਾਬ ਸਰਕਾਰ ਦੇ ਨਾਂਅ ਡੀ.ਸੀ. ਨੂੰ ਮੰਗ ਪੱਤਰ ਸੱਪਿਆ ਜਾਵੇਗਾ।

# ਸਿੱਧ ਬਾਬਾ ਬਾਲਕ ਨਾਥ ਦੀ ਚੌਂਕੀ ਭਲਕੇ

**ਆਦਮਪੁਰ (ਪਰਮਜੀਤ ਸਿੰਘ)**- ਆਦਮਪੁਰ ਦੇ ਨਜ਼ਦੀਕ ਪਿੰਡ ਸਲਾਲਾ ਦੇ ਸਕੂਲ ਦੀ ਗਰਾਊਂਡ ਵਿਖੇ ਸਰਬ ਸਾਂਝਾ ਦਰਬਾਰ ਸਿੱਧ ਸ਼ਕਤੀ ਸ੍ਰੀ ਬਾਬਾ ਬਾਲਕ ਨਾਥ ਜੀ, ਬੀਬੀ ਸੱਤਿਆ ਦੇਵੀ ਸਤਸੰਗ ਭਵਨ ( ਬੰਗਾ ਕੈਨੇਡਾ ), ਬਾਬਾ ਜੀ ਮਾਤਾ ਰਾਣੀ ਜੀ ਬ੍ਰਹਮਲੀਨ ਗੁਰੂ ਮਹਾਰਾਜ ਬੀਬੀ ਸੱਤਿਆ ਦੇਵੀ ਦੇ ਅਸ਼ੀਰਵਾਦ ਨਾਲ ਰੰਗੀਲ ਬਾਦਸ਼ਾਹ ਜੀ (ਬੰਗਾ ਕੈਨੇਡਾ) ਵਾਲਿਆਂ ਦੀ ਰਹਿਨੁਮਾਈ ਵਿੱਚ ਸਿੱਧ ਬਾਬਾ ਬਾਲਕ ਨਾਥ ਜੀ ਦੀ ਵਿਸ਼ਾਲ ਤਾਰਨਹਾਰੀ ਧਮਾਕਾ ਚੌਂਕੀ 13 ਫਰਵਰੀ ਨੂੰ ਕਰਵਾਈ ਜਾ ਰਹੀ ਹੈ ।ਸਮਾਗਮ ਦੀ ਸ਼ੁਰੂਆਤ ਦੁਪਹਿਰ 1 ਵਜੇ ਬਾਬਾ ਜੀ ਦੀ ਇੱਛਾ ਤੱਕ ਕੀਤੀ ਜਾਵੇਗੀ। ਪ੍ਰਸਿੱਧ ਸਾਧੂ-ਸੰਤਾਂ ਵੱਲੋਂ ਸੰਗਤ ਨੂੰ ਅਸ਼ੀਰਵਾਦ ਬਖ਼ਸ਼ਿਆ ਜਾਵੇਗਾ।



# ਕਮਲਾ ਨਹਿਰੂ ਕਾਲਜ ਫ਼ਾਰ ਵੂਮੈਨ ਵਿਖੇ ਵਿਦਾਇਗੀ ਸਮਾਰੋਹ

**ਫਗਵਾੜਾ (ਡਾ. ਰਮਨ)**- ਨਹਿਰੂ ਜੂਨੀਅਰ ਕਾਲਜ ਫ਼ਾਰ ਵੂਮੈਨ, ਫਗਵਾੜਾ ਵੱਲੋਂ ਕਾਲਜ ਆਡੀਟੋਰੀਅਮ ਵਿੱਚ ਗ੍ਰੈਜੂਏਟ ਹੋਣ ਵਾਲੀਆਂ ਵਿਦਿਆਰਥਣਾਂ ਨੂੰ ਵਿਦਾਇਗੀ ਦੇਣ ਲਈ ਇੱਕ ਸ਼ਾਨਦਾਰ ਸਮਾਰੋਹ ਦਾ ਆਯੋਜਨ ਕੀਤਾ ਗਿਆ।ਇਸ ਵਿਦਾਇਗੀ ਸਮਾਰੋਹ ਵਿੱਚ ਕਾਲਜ ਪ੍ਰਿੰਸੀਪਲ ਡਾ. ਸਵਿੰਦਰ ਪਾਲ ਮੁੱਖ ਮਹਿਮਾਨ ਵਜੋਂ ਸ਼ਾਮਿਲ ਹੋਏ ਜਿਨ੍ਹਾਂ ਦਾ ਪੌਦੇ ਦੇ ਕੇ ਸਵਾਗਤ ਕੀਤਾ ਗਿਆ।ਇਹ ਸਮਾਰੋਹ ਡਾ. ਰਿੰਕਾ ਦੀ ਅਗਵਾਈ ਹੇਠ, ਮੈਡਮ ਈਸ਼ਾ ਛਾਬੜਾ, ਸਿਮਰਨ ਵਾਲੀਆ ਤੇ ਖੁਸ਼ੀ ਵਾਲੀਆ ਦੀ ਸਹਾਇਤਾ ਨਾਲ ਸਫ਼ਲਤਾਪੂਰਵਕ ਆਯੋਜਿਤ ਕੀਤਾ ਗਿਆ। ਗਿਆਰ੍ਹਵੀਂ ਜਮਾਤ ਦੀਆਂ ਵਿਦਿਆਰਥਣਾਂ ਮਹਿਕ ਅਤੇ ਮੰਤੇਜ ਨੇ ਸਟੇਜ ਪ੍ਰਬੰਧਨ ਨੂੰ ਵਧੀਆ ਢੰਗ ਨਾਲ ਸੰਭਾਲਿਆ ਅਤੇ ਪੂਰੇ ਪ੍ਰੋਗਰਾਮ ਦੌਰਾਨ ਦਰਸ਼ਕਾਂ ਨੂੰ ਆਪਣੇ ਨਾਲ ਜੋੜੀ ਰੱਖਿਆ।ਇਸ ਮੌਕੇ ਦੌਰਾਨ ਵਿਦਿਆਰਥੀਆਂ ਨੇ ਨਾਚ ਅਤੇ ਗੀਤ ਪੇਸ਼ ਕੀਤੇ, ਜਿਨ੍ਹਾਂ ਨੂੰ ਦਰਸ਼ਕਾਂ ਵੱਲੋਂ ਤਾੜੀਆਂ ਦੀ ਗੂੰਜ ਨਾਲ ਸਹਿਲਾਇਆ ਗਿਆ। ਪ੍ਰੋਗਰਾਮ ਵਿੱਚ ਹੋਰ ਵੀ ਉਤਸ਼ਾਹ ਅਤੇ ਆਨੰਦ ਜੋੜਨ ਲਈ, ਜੂਨੀਅਰਾਂ ਨੇ ਸੀਨੀਅਰਾਂ ਲਈ ਵੱਖ-ਵੱਖ ਖੇਡਾਂ ਦਾ ਵੀ ਆਯੋਜਨ ਕੀਤਾ।ਇਸ ਸਮਾਰੋਹ ਵਿੱਚ ਮਾਡਲਿੰਗ ਇੱਕ ਮੁੱਖ ਆਕਰਸ਼ਣ ਸੀ ਜਿਸ ਦਾ ਮੁਲਾਂਕਣ ਫਾਈਨ ਆਰਟਸ ਵਿਭਾਗ ਦੇ ਡਾ. ਸੁਧਾਮਨੀ ਸੂਦ ਤੇ ਕੰਪਿਊਟਰ ਵਿਭਾਗ ਦੇ ਮੈਡਮ ਅੰਜਲੀ ਵਾਲੀਆ ਦੁਆਰਾ ਕੀਤਾ ਗਿਆ। ਉਨ੍ਹਾਂ ਨੇ ਭਾਗੀਦਾਰਾਂ ਨੂੰ ਸਵਾਲ-ਜਵਾਬ ਦੌਰ ਲਈ ਚੁਣਿਆ, ਜਿਸ ਤੋਂ ਬਾਅਦ ਸਾਲ ਦੇ ਵੱਕਾਰੀ ਖਿਤਾਬਾਂ ਦਾ ਐਲਾਨ ਕੀਤਾ ਗਿਆ।ਪਰਲਪ੍ਰੀਤ ਨੇ ਮਿਸ ਐਲੀਗੈਂਟ ਦਾ ਖਿਤਾਬ ਜਿੱਤਿਆ। ਦੀਪਿਕਾ ਸਹੋਤਾ ਨੂੰ ਮਿਸ ਕਨਫਿਡੈਂਟ ਚੁਣਿਆ ਗਿਆ, ਜਦੋਂ ਕਿ ਸੁਹਾਨੀ ਅਤੇ ਉਰਵਸ਼ੀ ਨੂੰ ਕ੍ਰਮਵਾਰ ਪਹਿਲੀ ਤੇ ਦੂਜੀ ਰਨਰ-ਅੱਪ ਐਲਾਨਿਆ ਗਿਆ।ਕਸ਼ਿਸ਼ ਨੂੰ ਮਿਸ ਕੇ ਐਨ ਜੇ ਸੀ ਡਬਲਯੂ ਦਾ ਤਾਜ ਪਹਿਨਾਇਆ ਗਿਆ। ਸਮਾਰੋਹ ਦੀ ਸਮਾਪਤੀ ਇੱਕ ਜੋਸ਼ੀਲੇ ਭੰਗੜੇ ਦੇ ਪ੍ਰਦਰਸ਼ਨ ਨਾਲ ਹੋਈ।



# ਪੰਜਾਬ ਰਾਜ ਪੈਨਸ਼ਨਰ ਮਹਾਂ ਸੰਘ/ਸੀਨੀਅਰ ਸਿਟੀਜ਼ਨ ਇਕਾਈ ਦੀ ਮੀਟਿੰਗ

**ਮੋਰਿੰਡਾ (ਨਿਹਾਲ ਸਿੰਘ ਕਲਸੀ)** ਪੰਜਾਬ ਰਾਜ ਪੈਨਸ਼ਰਾ ਮਹਾ ਸੰਘ/ਸੀਨੀਅਰ ਸਿਟੀਜ਼ਨ ਇਕਾਈ ਦੀ ਮੀਟਿੰਗ ਵਿੱਚ ਪੈਨਸ਼ਨਰਾਂ ਦੀਆਂ ਮੰਗਾ ਸਬੰਧੀ ਵੱਖ-ਵੱਖ ਬੁਲਾਰਿਆ ਸਰਦਾਰ ਭੁਪਿੰਦਰ ਸਿੰਘ ਪਟਵਾਰੀ, ਨਛੱਤਰ ਸਿੰਘ ਰਾਜ ਕੁਮਾਰ ਮੈਂਗੀ, ਜਗਦੀਸ਼ ਕੁਮਾਰ ਵਰਮਾ ਅਤੇ ਓਮ ਪ੍ਰਕਾਸ਼ ਵੱਲੋ ਵਿਚਾਰ ਸਾਂਝੇ ਕਰਦੇ ਹੋਏ ਮਾਨਯੋਗ ਸੁਪਰੀਮ ਕੋਰਟ ਵੱਲੋ ਪੱਛਮੀ ਬੰਗਾਲ ਸਰਕਾਰ ਦੇ ਕਰਮਚਾਰੀਆ ਬਾਰੇ ਡੀ ਏ ਦੀਆ ਅਦਾਇਗੀਆ ਕੇਂਦਰ ਪੇਟਰਨ ਤੇ ਦੇਣ ਸਬੰਧੀ ਜੋ ਇਤਿਹਾਸਿਕ ਫੈਸਲਾ ਲਿਆ ਗਿਆ ਹੈ। ਇਹ ਫੈਸਲਾ ਸਾਰੇ ਰਾਜਾ ਤੇ ਵੀ ਲਾਗੂ ਹੋਵੇਗਾ ਮਾਨਯੋਗ ਸੁਪਰੀਮ ਕੋਰਟ ਵੱਲੋ ਸਪੱਸ਼ਟ ਅਦੇਸ਼ ਦਿੱਤੇ ਹਨ ਕਿ ਕੋਈ ਵੀ ਰਾਜ ਸਰਕਾਰ ਇਸ ਵਡੇਰੀ ਉਮਰ ਵਿੱਚ ਆਪਣੇ ਪੈਨਸ਼ਨਰਾਂ ਨੂੰ ਅਣਗੋਲਿਆ ਨਹੀ ਰੱਖ ਸਕਦੀ ਤੇ ਉਹਨਾ ਦੇ ਜੀਵਨ ਨਿਰਵਾਹ ਲਈ ਨੋਕਰੀ ਲੱਗਣ ਤੋ ਸੇਵਾ ਨਿਵਰਤੀ ਤੋ ਬਾਅਦ ਵੀ ਅੰਤ ਤੱਕ ਜਿੰਮੇਵਾਰ ਹੋਵੇਗੀ ਕਿਉਂਕਿ ਉਹਨਾ ਨੇ ਆਪਣੀ ਸਾਰੀ ਜਿੰਦਗੀ ਸਰਕਾਰ ਪ੍ਰਤੀ ਅਰਪਣ ਕੀਤੀ ਹੈ। ਮਾਨਯੋਗ ਸੁਪਰੀਮ ਕੋਰਟ ਦੇ ਇਸ ਫੈਸਲੇ ਦੀ ਸ਼ਲਾਘਾ ਕਰਦੇ ਹੋਏ ਸਾਰਿਆ ਵੱਲੋ ਧੰਨਵਾਦ ਵੀ ਕੀਤਾ ਗਿਆ ਹੈ। ਪੰਜਾਬ ਸਰਕਾਰ ਨੂੰ ਵੀ ਅਪੀਲ ਕੀਤੀ ਸਰਕਾਰ ਦੇ ਪੈਨਸ਼ਰਾ ਨੂੰ ਵੀ ਕੇਂਦਰ ਪੇਟਰਨ ਤੇ ਡੀ ਏ ਦੇ ਬਕਾਏ ਜੋ 16% ਰਹਿੰਦਾ ਹੈ ਉਹ ਤੁਰੰਤ ਦਿੱਤਾ ਜਾਵੇ ਅਤੇ ਅੱਗੇ ਤੋ ਕੇਂਦਰ ਪੇਟਰਨ ਤੇ ਸਮੇ ਸਿਰ ਰਲੀਜ ਕਰਨਾ ਯਕੀਨੀ ਬਣਾਇਆ ਜਾਵੇ ਤਾਂ ਜੋ ਮਾਨਯੋਗ ਸੁਪਰੀਮ ਕੋਰਟ ਦੇ ਹੁਕਮਾ ਦਾ ਸਨਮਾਨ ਹੋ ਸਕੇ ਤੇ ਸਰਕਾਰ ਵੀ ਆਪਣੀ ਨਿਖੇਧੀ ਤੋ ਬਚ ਸਕੇ । ਪੰਜਾਬ ਸਰਕਾਰ ਨੂੰ ਇਹ ਵੀ ਅਪੀਲ ਕੀਤੀ ਜਾਂਦੀ ਹੈ ਕਿ 6ਵੇ ਤਨਖਾਹ ਕਮੀਸ਼ਨ ਦੀਆ ਸਿਫ਼ਾਰਿਸ਼ਾਂ ਮੁਤਾਬਿਕ ਮਿਤੀ 01/01/2016 ਤੋ ਪਹਿਲਾ ਸੇਵਾ ਨਿਵਰਤ ਹੋਏ ਪੈਨਸ਼ਰਾ ਨੂੰ 2.59 ਦਾ ਫੈਕਟਰ ਦਿੱਤਾ ਜਾਵੇ ਅਤੇ ਇਸ ਅਨੁਸਾਰ ਸਾਰੇ ਬਣਦੇ ਬਕਾਏ ਅਤੇ ਹੋਰ ਰਹਿੰਦੇ ਡੀ ਏ ਦੇ ਬਕਾਏ ਆਦਿ ਤੁਰੰਤ ਰਿਲੀਜ਼ ਕੀਤੇ ਜਾਣ।ਇਸ ਮੌਕੇ ਵਿੱਚ ਰਾਜ ਕੁਮਾਰ ਮੈਂਗੀ ਤੇ ਗੁਰਨਾਮ ਸਿੰਘ ਮੁਖ ਸਲਾਹਕਾਰ ਨੂੰ ਸਨਮਾਨਤ ਵੀ ਕੀਤਾ ਗਿਆ। ਇਸ ਮੌਕੇ ਮੀਟਿੰਗ ਵਿੱਚ ਮਾਸਟਰ ਹਾਕਮ ਸਿੰਘ, ਜਰਨੈਲ ਸਿੰਘ ਕੈਸ਼ੀਅਰ, ਪ੍ਰਿੰਸੀਪਲ ਬਾਵਾ ਸਿੰਘ, ਹੈਡ ਮਾਸਟਰ ਗੁਰਦੇਵ ਸਿੰਘ, ਗੁਰਨਾਮ ਸਿੰਘ ਬਿਜਲੀ, ਜਰਨੈਲ ਸਿੰਘ ਰਤਨਗੜ, ਅਮਰਜੀਤ ਸਿੰਘ, ਭਾਗ ਸਿੰਘ, ਮਾਸਟਰ ਮੇਵਾ ਸਿੰਘ, ਰੁਲਦਾ ਸਿੰਘ, ਧਰਮ ਸਿੰਘ, ਮੇਵਾ ਸਿੰਘ, ਜਸਵੀਰ ਸਿੰਘ ਅਤੇ ਗਿਆਨ ਚੰਦ ਆਦਿ ਹਾਜ਼ਰ ਸਨ।



# 'ਬੱਚਿਆਂ ਦੇ ਉੱਜਵਲ ਭਵਿੱਖ ਲਈ ਮਾਪਿਆਂ ਦਾ ਸਕਾਰਾਤਮਕ ਹੋਣਾ ਜ਼ਰੂਰੀ'

**ਬਲਾਚੌਰ (ਜਸਵਿੰਦਰ ਬੈਂਸ)**- ਸਿੱਖਿਆ ਵਿਭਾਗ ਦੀਆਂ ਹਦਾਇਤਾਂ ਅਨੁਸਾਰ, ਸਬ ਡਿਵੀਜ਼ਨ ਬਲਾਚੌਰ ਦੇ ਸਕੂਲ ਆਫ਼ ਐਮੀਨੈਂਸ ਮਹਿੰਦੀਪੁਰ ਵਿਖੇ 'ਮਾਪੇ-ਅਧਿਆਪਕ ਮਿਲਣੀ' ਤੇ 'ਮਾਪਿਆਂ ਦੀ ਭਾਗੀਦਾਰੀ ਟ੍ਰੇਨਿੰਗ' ਦਾ ਆਯੋਜਨ ਬਹੁਤ ਹੀ ਉਤਸ਼ਾਹ ਨਾਲ ਕੀਤਾ ਗਿਆ।ਇਸ ਮੌਕੇ ਸਕੂਲ ਮੈਨੇਜਮੈਂਟ ਕਮੇਟੀ ਦੇ ਚੇਅਰਮੈਨ ਜਸਵਿੰਦਰ ਪਾਲ ਬੈਂਸ, ਸਮੂਹ ਮੈਂਬਰ, ਨਗਰ ਕੌਂਸਲਰ ਪਰਮਿੰਦਰ ਭਾਟੀਆ, ਸਕੂਲ ਦੇ ਪੁਰਾਣੇ ਵਿਦਿਆਰਥੀ ਤੇ ਪਿੰਡ ਦੇ ਪਤਵੰਤੇ ਸੱਜਣ ਵਿਸ਼ੇਸ਼ ਤੌਰ 'ਤੇ ਹਾਜ਼ਰ ਹੋਏ। ਸਕੂਲ ਮੁਖੀ ਜਗਮੋਹਣ ਸਿੰਘ ਨੇ ਮਾਪਿਆਂ ਨੂੰ ਸੰਬੋਧਨ ਕਰਦਿਆਂ ਸਰਕਾਰ ਵੱਲੋਂ ਸਿੱਖਿਆ ਦੇ ਖੇਤਰ ਵਿੱਚ ਕੀਤੇ ਗਏ ਬੇਮਿਸਾਲ ਕੰਮਾਂ ਬਾਰੇ ਵਿਸਥਾਰ ਵਿੱਚ ਜਾਣਕਾਰੀ ਦਿੱਤੀ। ਉਨ੍ਹਾਂ ਨੇ ਸਕੂਲ ਵਿੱਚ ਚੱਲ ਰਹੇ ਵੱਖ-ਵੱਖ ਪ੍ਰੋਗਰਾਮਾਂ ਜਿਵੇਂ ਸੀ ਈ ਪੀ ਪ੍ਰੋਗਰਾਮ ਤੇ ਵਿਦਿਆਰਥੀਆਂ ਦੀ ਹਾਜ਼ਰੀ ਵਿੱਚ ਸੁਧਾਰ, ?ਸਾਲ 2026-27 ਲਈ ਵੱਧ ਤੋਂ ਵੱਧ ਦਾਖਲੇ ਦੀ ਮੁਹਿੰਮ ਬਲਵੰਤ ਸਿੰਘ ਅਤੇ ਵਿਜੇ ਕੁਮਾਰ ਨੇ ਵਿਚਾਰ ਸਾਂਝੇ ਕਰਦਿਆਂ ਕਿਹਾ ਕਿ ਬੱਚਿਆਂ ਦੇ ਉੱਜਵਲ ਭਵਿੱਖ ਲਈ ਮਾਪਿਆਂ ਦੀ ਭੂਮਿਕਾ ਸਭ ਤੋਂ ਅਹਿਮ ਹੈ, ਕਿਉਂਕਿ ਬੱਚਾ ਦਿਨ ਦਾ ਜ਼ਿਆਦਾਤਰ ਸਮਾਂ ਆਪਣੇ ਪਰਵਾਰ ਵਿੱਚ ਬਿਤਾਉਂਦਾ ਹੈ। ਇਸ ਦੌਰਾਨ ਮਾਪਿਆਂ ਕੋਲੋਂ ਸਕੂਲ ਦੀ ਕਾਰਗੁਜ਼ਾਰੀ ਬਾਰੇ ਫੀਡਬੈਕ ਵੀ ਲਈ ਗਈ।ਮਿਲਣੀ ਦੌਰਾਨ ਸਕੂਲ ਵਿੱਚ ਲਾਇਬ੍ਰੇਰੀ ਕਿਤਾਬਾਂ ਦਾ ਸਟਾਲ ਲਗਾਇਆ ਗਿਆ। ਇਸ ਤੋਂ ਇਲਾਵਾ, ਵਿਦਿਆਰਥੀਆਂ ਦੁਆਰਾ ਤਿਆਰ ਕੀਤੇ ਗਏ ਸਾਇੰਸ ਤੇ ਸਮਾਜਿਕ ਵਿਗਿਆਨ ਦੇ ਚਾਰਟਾਂ ਅਤੇ ਮਾਡਲਾਂ ਦੀ ਪ੍ਰਦਰਸ਼ਨੀ ਖਿੱਚ ਦਾ ਕੇਂਦਰ ਰਹੀ। ਪ੍ਰੋਗਰਾਮ ਵਿੱਚ ਮਾਪਿਆਂ ਤੋਂ ਇਲਾਵਾ ਸਕੂਲ ਦੇ ਮਿਡ-ਡੇਅ ਮੀਲ ਵਰਕਰ ਵੀ ਹਾਜ਼ਰ ਰਹੇ।



# ਪੰਜਾਬ ਯੂਥ ਕਾਂਗਰਸ ਦੀਆਂ ਚੋਣਾਂ ਨੂੰ ਲੈ ਕੇ ਸਰਗਰਮੀਆਂ ਤੇਜ਼



**ਮੋਰਿੰਡਾ (ਨਿਹਾਲ ਸਿੰਘ ਕਲਸੀ)**- ਪੰਜਾਬ ਯੂਥ ਕਾਂਗਰਸ ਦੀਆਂ ਹੋ ਰਹੀਆਂ ਚੋਣਾਂ ਵਿੱਚ ਜ਼ਿਲ੍ਹਾ ਯੂਥ ਕਾਂਗਰਸ ਦੇ ਪ੍ਰਧਾਨ ਦੀ ਚੋਣ ਲਈ ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਦੇ ਸਪੁੱਤਰ ਨਵਜੀਤ ਸਿੰਘ ਨਵੀ ਜੋ ਪਹਿਲਾਂ ਵੀ ਜ਼ਿਲ੍ਹਾ ਯੂਥ ਕਾਂਗਰਸ ਦੇ ਪ੍ਰਧਾਨ ਰਹੇ ਹਨ ਵੱਲੋਂ ਮੁੜ ਤੋਂ ਪ੍ਰਧਾਨਗੀ ਲਈ ਨਾਮਜ਼ਦਗੀ ਦਾਖਲ ਕੀਤੀ ਗਈ ਹੈ ਜਦਕਿ ਹਲਕਾ ਸ੍ਰੀ ਚਮਕੌਰ ਸਾਹਿਬ ਯੂਥ ਕਾਂਗਰਸ ਤੇ ਪ੍ਰਧਾਨ ਦੀ ਚੋਣ ਲਈ ਜੁਗਰਾਜ ਸਿੰਘ ਮਾਵੀ ਚੋਣ ਮੈਦਾਨ ਵਿੱਚ ਹਨ। ਇਸ ਸੰਬੰਧੀ ਜ਼ਿਲ੍ਹਾ ਪਰਿਸ਼ਦ ਮੈਂਬਰ ਗੁਰਵਿੰਦਰ ਸਿੰਘ ਕਕਰਾਲੀ, ਸੀਨੀਅਰ ਕਾਂਗਰਸੀ ਆਗੂ ਜਗਦੀਪ ਸਿੰਘ ਢੀਂਡਸਾ, ਹਰਜੋਤ ਸਿੰਘ ਢੰਗਰਾਲੀ ਨੇ ਦੱਸਿਆ ਕਿ ਜ਼ਿਲ੍ਹਾ ਯੂਥ ਕਾਂਗਰਸ ਦੀ ਚੋਣ ਲਈ ਨਵਜੀਤ ਸਿੰਘ ਨਵੀ ਜੋ ਕਿ ਪਹਿਲਾਂ ਵੀ ਵੱਡੇ ਮਾਰਜਨ ਨਾਲ ਜਿਲਾ ਯੂਥ ਕਾਂਗਰਸ ਦੀ ਚੋਣ ਜਿੱਤ ਕੇ ਪ੍ਰਧਾਨ ਬਣੇ ਹਨ ਮੁੜ ਤੋਂ ਉਹਨਾਂ ਨੂੰ ਜ਼ਿਲ੍ਹਾ ਪ੍ਰਧਾਨ ਦੀ ਚੋਣ ਲਈ ਨੌਜਵਾਨਾਂ ਵਿੱਚ ਕਾਫੀ ਉਤਸਾਹ ਵੇਖਣ ਨੂੰ ਮਿਲ ਰਿਹਾ ਹੈ। ਇਸੇ ਤਰ੍ਹਾਂ ਸਾਬਕਾ ਬਲਾਕ ਸੰਮਤੀ ਚੇਅਰਪਰਸਨ ਬਲਜੀਤ ਕੌਰ ਸਮਾਣਾ ਤੇ ਸਮਾਜ ਸੇਵੀ ਆਗੂ ਤਰਲੋਚਨ ਸਿੰਘ ਮਾਵੀ ਦੇ ਸਪੁੱਤਰ ਜੁਗਰਾਜ ਸਿੰਘ ਮਾਵੀ ਹਲਕਾ ਸ੍ਰੀ ਚਮਕੌਰ ਸਾਹਿਬ ਤੋਂ ਯੂਥ ਕਾਂਗਰਸ ਦੇ ਪ੍ਰਧਾਨ ਦੀ ਚੋਣ ਲੜ ਰਹੇ ਹਨ ਉਹਨਾਂ ਨੂੰ ਵੀ ਹਰ ਪਿੰਡ ਤੇ ਸ਼ਹਿਰ ਵਿੱਚੋਂ ਭਰਵਾਂ ਸਮਰਥਨ ਦੇਖਣ ਨੂੰ ਮਿਲ ਰਿਹਾ ਹੈ। ਯੂਥ ਆਗੂਆਂ ਨੇ ਕਿਹਾ ਕਿ ਦੋਵੇਂ ਆਗੂ ਸਿਆਸਤ ਦੇ ਨਾਲ ਨਾਲ ਸਮਾਜ ਸੇਵੀ ਗਤੀਵਿਧੀਆਂ ਵਿੱਚ ਵੀ ਵੱਧ ਚੜ ਕੇ ਹਿੱਸਾ ਪਾਉਂਦੇ ਆ ਰਹੇ ਹਨ, ਉਹਨਾਂ ਨੌਜਵਾਨਾਂ ਨੂੰ ਅਪੀਲ ਕੀਤੀ ਕਿ ਇਨਾਂ ਦੋਨਾਂ ਆਗੂਆਂ ਨੂੰ ਵੱਧ ਤੋਂ ਵੱਧ ਵੋਟਾਂ ਪਾ ਕੇ ਸਹਿਯੋਗ ਦਿੱਤਾ ਜਾਵੇ।

# ਗੁੱਜਰ ਭਾਈਚਾਰੇ ਦੇ ਨੌਜਵਾਨਾਂ ਨੇ ਕ੍ਰਿਕਟ ਟੂਰਨਾਮੈਂਟ ਕਰਵਾਇਆ

**ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)**- ਗੁੱਜਰ ਨੌਜਵਾਨ ਸਭਾ ਪਿੰਡ ਖਜੂਰਲਾ ਵਲੋਂ ਕ੍ਰਿਕਟ ਟੂਰਨਾਮੈਂਟ ਕਰਵਾਇਆ ਗਿਆ। ਜਿਸ ਵਿੱਚ ਵੱਖ ਵੱਖ ਪਿੰਡਾਂ ਵਿਚੋਂ ਦਰਜਨਾਂ ਟੀਮਾਂ ਨੇ ਸ਼ਮੂਲੀਅਤ ਕੀਤੀ। ਇਸ ਮੌਕੇ ਸਭਾ ਦੇ ਆਗੂਆਂ ਨੇ ਖਿਡਾਰੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਇਹ ਸਾਡਾ ਪਹਿਲਾ ਉਪਰਾਲਾ ਹੈ। ਗੁੱਜਰ ਭਾਈਚਾਰਾ ਆਪਣੀ ਜਵਾਨੀ ਵੱਲ ਜਿੰਨਾ ਧਿਆਨ ਦੇਣਾ ਚਾਹੀਦਾ ਹੈ ਉਨਾਂ ਧਿਆਨ ਨਹੀਂ ਦੇ ਸਕਿਆ। ਸਾਡੀ ਕੋਸ਼ਿਸ਼ ਹੈ ਕਿ ਭਾਈਚਾਰੇ ਦੇ ਸਹਿਯੋਗ ਨਾਲ ਗੁੱਜਰ ਭਾਈਚਾਰੇ ਦੇ ਨੌਜਵਾਨਾਂ ਵਿੱਚ ਖੇਡਾਂ ਰੁਚੀ ਪੈਦਾ ਕੀਤੀ ਜਾਵੇ। ਖਜੂਰਲਾ ਕ੍ਰਿਕਟ ਟੀਮ ਦੇ ਆਗੂ ਯਕੂਬ ਅਲੀ ਨੇ ਕਿਹਾ ਕਿ ਗੁਜਰਾਂ ਦੇ ਨੌਜਵਾਨ ਚੰਗੀ ਸਿਹਤ ਤੇ ਤਕੜੇ ਜੁੱਸੇ ਦੇ ਮਾਲਕ ਹਨ ਇਸ ਲਈ ਸਾਡੀ ਕੋਸ਼ਿਸ਼ ਹੋਵੇਗੀ ਕਿ ਹਰ ਤਰ੍ਹਾਂ ਦੀਆਂ ਖੇਡਾਂ ਵਿੱਚ ਹਿੱਸਾ ਲੈਣ ਲਈ ਉਹਨਾਂ ਨੂੰ ਪ੍ਰੇਰਿਆ ਜਾਵੇ। ਇਸ ਮੌਕੇ ਮਜ਼ਦੂਰ ਆਗੂ ਤਰਸੇਮ ਪੀਟਰ, ਸੁਖਦੇਵ ਮੰਡਿਆਲਾ, ਸ਼ਾਹਦੀਨ, ਮੁਹੰਮਦ ਬਰੀ, ਸ਼ਾਮਦੀਨ, ਸਰਬਰ ਗੁਲਾਮ, ਮੁਹੰਮਦ ਸਦੀਕ, ਰਾਂਝਾ, ਲਿਆਕਤ ਅਲੀ ਜੜਿਆਲਾ, ਬਸ਼ੀਰ ਗੜਸ਼ੰਕਰ ਆਦਿ ਨੇ ਇਸ ਟੂਰਨਾਮੈਂਟ ਨੂੰ ਸਫਲ ਬਣਾਉਣ ਲਈ ਵੱਡਾ ਯੋਗਦਾਨ ਪਾਇਆ।



# ਲੱਖੀ ਨੇ ਮਜੀਠੀਆ ਨਾਲ ਕੀਤੀ ਮੁਲਾਕਾਤ



**ਟਾਂਡਾ ਉੜਮੁੜ (ਜਸਵਿੰਦਰ ਸੰਧੂ, ਓਂਕਾਰ ਸਿੰਘ)**- ਸਾਬਕਾ ਕੈਬਨਟ ਮੰਤਰੀ ਪੰਜਾਬ, ਜਨਰਲ ਸਕੱਤਰ ਸ਼੍ਰੋਮਣੀ ਅਕਾਲੀ ਦਲ ਅਤੇ ਮਾਝੇ ਦੇ ਜਰਨੈਲ ਸਰਦਾਰ ਬਿਕਰਮ ਸਿੰਘ ਮਜੀਠੀਆ ਨਾਲ ਸ਼੍ਰੋਮਣੀ ਅਕਾਲੀ ਦਲ ਜ਼ਿਲ੍ਹਾ ਹੁਸ਼ਿਆਰਪੁਰ ਦੇ ਪ੍ਰਧਾਨ ਲਖਵਿੰਦਰ ਸਿੰਘ ਨੇ ਆਪਣੇ ਸਾਥੀਆਂ ਸਮੇਤ ਮੁਲਾਕਾਤ ਕੀਤੀ ਅਤੇ ਪਾਰਟੀ ਦੀ ਚੜ੍ਹਦੀ ਕਲਾ ਲਈ ਵਿਚਾਰਾਂ ਸਾਂਝੀਆਂ ਕੀਤੀਆਂ। ਇਸ ਮੌਕੇ ਤੇ ਉਹਨਾਂ ਦੇ ਨਾਲ ਸੰਦੀਪ ਸਿੰਘ ਸੀਕਰੀ ਹਲਕਾ ਇੰਚਾਰਜ ਸ਼੍ਰੋਮਣੀ ਅਕਾਲੀ ਦਲ ਸ਼ਾਮ 84, ਸੁਰਜੀਤ ਸਿੰਘ ਕੈਰੋ ਜ਼ਿਲ੍ਹਾ ਪ੍ਰਧਾਨ ਬੀਸੀ ਵਿੰਗ, ਸੀਨੀਅਰ ਅਕਾਲੀ ਆਗੂ ਸਰਬਜੀਤ ਸਿੰਘ ਮੋਮੀ, ਇੰਦਰਜੀਤ ਸਿੰਘ ਕੰਗ, ਕੁਲਵਿੰਦਰ ਸਿੰਘ ਕਿੰਦਾ, ਭੁਪਿੰਦਰ ਸਿੰਘ ਨੀਲੂ, ਗੁਰਪ੍ਰੀਤ ਸਿੰਘ ਬਿੱਕਾ ਚੀਮਾ, ਕਿਰਪਾਲ ਸਿੰਘ ਗੇਰਾ, ਲਖਵਿੰਦਰ ਸਿੰਘ ਟਿੰਮੀ ਹਾਜੀਪੁਰ ਤੋਂ ਇਲਾਵਾ ਹੁਸ਼ਿਆਰਪੁਰ ਜਿਲੇ ਦੇ ਹੋਰ ਕਈ ਅਕਾਲੀ ਦਲ ਦੇ ਅਹੁਦੇਦਾਰ ਤੇ ਵਰਕਰ ਹਾਜ਼ਰ ਸੀ। ਇਸ ਮੌਕੇ ਤੇ ਸਰਦਾਰ ਬਿਕਰਮ ਸਿੰਘ ਮਜੀਠੀਆ ਨੇ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਅਤੇ ਸ਼੍ਰੋਮਣੀ ਅਕਾਲੀ ਦਲ ਦਾ ਇੱਕ ਇੱਕ ਵਰਕਰ ਚੜ੍ਹਦੀ ਕਲਾ ਵਿੱਚ ਹੈ ਅਤੇ ਹਮੇਸ਼ਾ ਚੜ੍ਹਦੀ ਕਲਾ ਵਿੱਚ ਰਹੇਗਾ। ਆਉਣ ਵਾਲੇ ਸਮੇਂ ਵਿੱਚ ਪੰਜਾਬ ਵਿੱਚ ਸ਼੍ਰੋਮਣੀ ਅਕਾਲੀ ਦਲ ਦੀ ਵੱਡੀ ਲਹਿਰ ਚੱਲੇਗੀ ਤੇ ਪੰਜਾਬ ਵਿੱਚ ਸ਼੍ਰੋਮਣੀ ਅਕਾਲੀ ਦਲ ਦੀ ਸਰਕਾਰ ਬਣੇਗੀ। ਇਸ ਮੌਕੇ ਤੇ ਜ਼ਿਲ੍ਹਾ ਪ੍ਰਧਾਨ ਲਖਵਿੰਦਰ ਸਿੰਘ ਬਿਕਰਮ ਸਿੰਘ ਮਜੀਠੀਆ ਨਾਲ ਮੁਲਾਕਾਤ ਕਰਨ ਤੋਂ ਬਾਅਦ ਕਿਹਾ ਕਿ ਬਿਕਰਮ ਸਿੰਘ ਮਜੀਠੀਆ ਸ਼੍ਰੋਮਣੀ ਅਕਾਲੀ ਦਲ ਦੀ ਚੜ੍ਹਦੀ ਕਲਾ ਵਾਸਤੇ ਡੱਟ ਗਏ ਹਨ।

# ਪੀ ਸੀ-ਪੀ ਐੱਨ ਡੀ ਟੀ ਐਕਟ ਐਡਵਾਈਜ਼ਰੀ ਕਮੇਟੀ ਦੀ ਮੀਟਿੰਗ

**ਮੋਹਾਲੀ, (ਗੁਰਜੀਤ ਬਿੱਲਾ)**- ਪੰਜਾਬ ਸਰਕਾਰ ਅਤੇ ਸਿਹਤ ਮੰਤਰੀ ਡਾ. ਬਲਬੀਰ ਸਿੰਘ ਦੇ ਦਿਸ਼ਾ-ਨਿਰਦੇਸ਼ਾਂ ਹੇਠ ਭਰੂਣ ਹੱਤਿਆ ਰੋਕਣ ਅਤੇ ਸਮਾਜ ਵਿੱਚ ਲਿੰਗ ਅਨੁਪਾਤ ਸੰਤੁਲਿਤ ਰੱਖਣ ਲਈ ਪੀ.ਸੀ-ਪੀ.ਐਨ.ਡੀ.ਟੀ ਐਕਟ ਦੀ ਸਖ਼ਤ ਪਾਲਣਾ ਨੂੰ ਯਕੀਨੀ ਬਣਾਇਆ ਜਾ ਰਿਹਾ ਹੈ। ਇਸੀ ਕੜੀ ਤਹਿਤ ਅੱਜ ਸਿਵਲ ਸਰਜਨ ਦਫ਼ਤਰ ਮੋਹਾਲੀ ਵਿਖੇ ਪੀ.ਸੀ-ਪੀ.ਐਨ.ਡੀ.ਟੀ ਐਕਟ ਅਧੀਨ ਜ਼ਿਲ੍ਹਾ ਪੱਧਰੀ ਐਡਵਾਈਜ਼ਰੀ ਕਮੇਟੀ ਦੀ ਮਹੱਤਵਪੂਰਨ ਮੀਟਿੰਗ ਆਯੋਜਿਤ ਕੀਤੀ ਗਈ।ਮੀਟਿੰਗ ਦੀ ਅਗਵਾਈ ਸਿਵਲ ਸਰਜਨ ਡਾ.ਸੰਗੀਤਾ ਜੈਨ ਵੱਲੋਂ ਕੀਤੀ ਗਈ । ਕਮੇਟੀ ਮੈਂਬਰਾਂ ਵੱਲੋਂ ਐਕਟ ਦੀ ਉਲੰਘਣਾ ਕਰਨ ਵਾਲਿਆਂ ਖ਼ਿਲਾਫ਼ ਸਖ਼ਤ ਕਾਰਵਾਈ ਕਰਨ 'ਤੇ ਜ਼ੋਰ ਦਿੱਤਾ ਗਿਆ।



# ਫ੍ਰੀ ਮੈਡੀਕਲ ਕੈਂਪ ਲਗਾਇਆ



**ਅਲਾਵਲਪੁਰ, (ਮਦਨ ਬੰਗੜ)**- ਨਗਰ ਕੌਂਸਲ ਅਲਾਵਲਪੁਰ ਦੇ ਕਾਰਜ ਸਾਧਕ ਅਫਸਰ ਰਾਮ ਜੀਤ ਦੇ ਦਿਸ਼ਾ ਨਿਰਦੇਸ਼ਾਂ ਤੇ ਦਫਤਰ ਵਿੱਖੇ ਫ੍ਰੀ ਮੈਡੀਕਲ ਕੈਂਪ ਦਾ ਆਯੋਜਨ ਕੀਤਾ ਗਿਆ। ਜਿਸ ਵਿੱਚ ਲਵਲੀ ਪ੍ਰੋਫੇਸ਼ਨਲ ਯੂਨੀਵਰਸਟੀ ਵਿਮਾਨ ਪ੍ਰਬੰਧਨ ਦੇ ਵਿਦਿਆਰਥੀ ਜਤਿਨ ਮਹਿਮੀ ਤੇ ਸਾਹਿਲ ਅਹਿਮਦ ਨੇ ਸ਼ਿਰਕਤ ਕੀਤੀ। ਇਸ ਵਿੱਚ ਮੈਡੀਕਲ ਅਫਸਰ ਵੱਲੋ ਹਾਜ਼ਰ ਮੁਲਾਜ਼ਮਾਂ ਦਾ ਮੁਆਇਨਾ ਕੀਤਾ ਗਿਆਂ। ਇਸ ਕੈਂਪ ਵਿਚ ਆਏ ਮਹਿਮਾਨਾਂ ਨੂੰ ਸੀ.ਐਫ.ਨਿਰਮਲ ਬੈਸ ਨੇ ਜੀ ਆਇਆਂ ਆਖਿਆ। ਇਸ ਮੌਕੇ ਤੇ ਚੰਦਨ ਮਿਸ਼ਰਾ ਨੇ ਲੋਕਾ ਨੂੰ ਸੰਬੋਧਨ ਕਰਦਿਆਂ ਆਮ ਆਦਮੀ ਕਲੀਨਿਕ ਵਿਚ ਰੇਗੂਲਰ ਚੈਕਅਪ ਕਰਵਾਉਣ ਲਈ ਪ੍ਰੇਰਿਤ ਕੀਤਾ। ਇਸ ਕੈਂਪ ਵਿਚ ਬੋਲਦੇ ਹੋਏ ਜਤਿਨ ਮਹਿਮੀ ਦੇ ਵਾਤਾਵਰਨ ਦੇ ਵਿਸ਼ੇ ਤੇ ਵਿਚਾਰ ਕਰਦਿਆਂ ਕਿਹਾ ਕਿ ਸਾਨੂੰ ਸਾਰਿਆ ਨੂੰ ਰੁੱਖ ਲਗਾਉਣੇ ਚਾਹੀਦੇ ਹਨ । ਧਰਤੀ ਹੇਠਲਾ ਪਾਣੀ ਬਚਾਉਣਾ ਚਾਹੀਦਾ ਹੈ ਤੇ ਖੇਤੀ ਬਾੜੀ ਵਿਚ ਘੱਟ ਤੋ ਘੱਟ ਖਾਦਾਂ ਦੀ ਵਰਤੋ ਕਰਨੀ ਚਾਹੀਦੀ ਹੈ। ਇਸ ਮੌਕੇ ਤੇ ਸੀ.ਐਚ.ਓ ਡਾ. ਭਾਰਤੀ, ਸੀ ਐੱਚ ਓ ਡਾ. ਸੁਮਨ ਵਿਰਦੀ, ਏ ਐੱਨ ਐੱਮ ਰਾਜਵੀਰ ਕੋਰ, ਸੁਖਵਿੰਦਰ ਕੋਰ ਆਸ਼ਾ ਫਿਸਿਲਿਟੇਟਰ ਨਵੀਨ ਰਾਣਾ ਕਲਰਕ, ਸੀ ਓ ਪੰਕਜ, ਪਾਰੁਲ ਕਲਰਕ, ਰੇਨੁਕਾ ਕਲਰਲ, ਦੀਪਕ ਕਲਰਕ, ਕੀਰਤੀ ਮੋਟੀਵੇਟਰ, ਸੰਦੀਪ ਮੋਟੀਵੇਟਰ, ਆਗਨਵਾੜੀ ਵਰਕਰ ਸੁਖਵਿੰਦਰ ਕੋਰ, ਬਲਜੀਤ ਕੋਰ, ਬੰਦਨਾ, ਹੇਲਪਰ ਅੰਜਨਾ ਦੇਵੀ, ਸੁਪਰਵਾਇਜਰ ਬਲਦੇਵ ਰਾਜ, ਵਿਨੋਦ ਕੁਮਾਰ, ਜਸਵੀਰ ਤੇ ਹੋਰ ਸਫਾਈ ਮੁਲਾਜ਼ਮ ਹਾਜ਼ਰ ਸਨ।

# ਸਾਬਕਾ ਐੱਨ ਸੀ ਸੀ ਨੈਸ਼ਨਲ ਰਾਈਫਲ ਚੈਂਪੀਅਨ ਸਨਮਾਨਤ



**ਫਗਵਾੜਾ (ਡਾ. ਰਮਨ)**- ਲਾਇਨਜ਼ ਇੰਟਰਨੈਸ਼ਨਲ 321-ਡੀ ਦੇ ਡਿਸਟ੍ਰਿਕਟ ਚੇਅਰਮੈਨ ਲਾਇਨ ਗੁਰਦੀਪ ਸਿੰਘ ਕੰਗ ਨੇ ਫਗਵਾੜਾ ਦੇ ਸਮਾਜ ਸੇਵਕ ਰਾਜਿੰਦਰ ਸੋਧੀ ਦੀ ਧੀ ਤੇ ਐੱਨ ਸੀ ਸੀ ਦੀ ਸਾਬਕਾ ਨੈਸ਼ਨਲ ਰਾਈਫਲ ਚੈਂਪੀਅਨ ਮਨਿਕਾ ਸੋਧੀ ਦੱਤ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ। ਉਨ੍ਹਾਂ ਕਿਹਾ ਕਿ ਆਪਣੀ ਪ੍ਰਤਿਭਾ ਤੇ ਮਿਹਨਤ ਨਾਲ ਮਨਿਕਾ ਸੋਧੀ ਦੱਤ ਨੇ ਨਾ ਸਿਰਫ਼ ਆਪਣੇ ਪਰਵਾਰ ਦਾ ਸਗੋਂ ਪੂਰੇ ਫਗਵਾੜਾ ਸ਼ਹਿਰ ਦਾ ਨਾਂਅ ਰੌਸ਼ਨ ਕੀਤਾ ਹੈ। ਉਨ੍ਹਾਂ ਕਿਹਾ ਕਿ ਅਜਿਹੀਆਂ ਪ੍ਰਤਿਭਾਸ਼ਾਲੀ ਧੀਆਂ ਸਮਾਜ ਲਈ ਪ੍ਰੇਰਨਾ ਸਰੋਤ ਹਨ ਅਤੇ ਉਨ੍ਹਾਂ ਦਾ ਸਤਿਕਾਰ ਕਰਨਾ ਸਾਡੀ ਜ਼ਿੰਮੇਵਾਰੀ ਹੈ। ਮਨਿਕਾ ਸੋਧੀ ਦੱਤ ਨੇ ਦੱਸਿਆ ਕਿ ਉਨ੍ਹਾਂ ਨੇ ਆਪਣੇ ਵਿਦਿਆਰਥੀ ਜੀਵਨ ਦੌਰਾਨ ਸੀ ਬੀ ਐੱਸ ਈ ਦੁਆਰਾ ਆਯੋਜਿਤ ਐੱਨ ਸੀ ਸੀ ਨੈਸ਼ਨਲ ਰਾਈਫਲ ਚੈਂਪੀਅਨਸ਼ਿਪ ਵਿੱਚ ਪ੍ਰਾਪਤੀ ਹਾਸਲ ਕੀਤੀ।

ਇਸ ਦੌਰਾਨ ਲਾਇਨਜ਼ ਇੰਟਰਨੈਸ਼ਨਲ 321-ਡੀ ਦੇ ਡਿਸਟ੍ਰਿਕਟ ਵਾਈਸ ਗਵਰਨਰ-2 ਲਾਇਨ ਰਾਜੀਵ ਖੋਸਲਾ, ਸਾਬਕਾ ਡਿਸਟ੍ਰਿਕਟ ਗਵਰਨਰ ਅਤੇ ਮਲਟੀਪਲ ਚੇਅਰਮੈਨ ਲਾਇਨ ਦਵਿੰਦਰਪਾਲ ਅਰੋੜਾ, ਬਾਬਾ ਬਾਲਕ ਨਾਥ ਸੇਵਾ ਸੰਮਤੀ ਦੇ ਸਰਪ੍ਰਸਤ ਧਰਮਪਾਲ ਨਿਸ਼ਚਲ, ਲਾਇਨ ਸੁਸ਼ੀਲ ਸ਼ਰਮਾ, ਲਾਇਨ ਸਤਵਿੰਦਰ ਸਿੰਘ ਭਮਰਾ, ਲਾਇਨ ਵਿਜੇ ਅਰੋੜਾ, ਲਾਇਨ ਸ਼ਾਮ ਸੁੰਦਰ, ਹੈਪੀ ਨੇ ਵੀ ਮਨਿਕਾ ਸੋਂਧੀ ਦੱਤ ਦੀ ਹੌਸਲਾ ਅਫਜਾਈ ਕੀਤੀ।

# ਸਾਲਾਨਾ ਇਨਾਮ ਵੰਡ ਸਮਾਰੋਹ ਕਰਵਾਇਆ

**ਭੋਗਪੁਰ (ਗੁਰਪ੍ਰੀਤ ਸਿੰਘ ਭੋਗਲ)**- ਸਰਕਾਰੀ ਸੀਨੀਅਰ ਸੈਕੰਡਰੀ ਸਮਾਰਟ ਸਕੂਲ ਬਿਨਪਾਲਕੇ (ਜਲੰਧਰ) ਵਿਖੇ ਪ੍ਰਿੰਸੀਪਲ ਸੁਰਿੰਦਰ ਕੁਮਾਰ ਰਾਣਾ ਦੀ ਅਗਵਾਈ ਵਿੱਚ ਸਮੂਹ ਸਟਾਫ਼, ਐੱਸ ਐੱਮ ਸੀ ਕਮੇਟੀ, ਮਾਪਿਆਂ ਦੇ ਸਹਿਯੋਗ ਨਾਲ ਸਾਲਾਨਾ ਇਨਾਮ ਵੰਡ ਸਮਾਰੋਹ ਦਾ ਆਯੋਜਨ ਕੀਤਾ ਗਿਆ। ਇਸ ਸਮਾਰੋਹ ਦੇ ਮੁੱਖ-ਮਹਿਮਾਨ ਸ.ਸੁਰਜੀਤ ਸਿੰਘ (ਮੈਂਬਰ ਐਸ ਐਮ ਸੀ ਕਮੇਟੀ) ਅਤੇ ਵਿਸ਼ੇਸ਼ ਮਹਿਮਾਨ ਸੁਖਦੇਵ ਸਿੰਘ (ਸੇਵਾ-ਮੁਕਤ ਲੈਕਚਰਾਰ) ਸਨ। ਸਕੂਲ ਸਟਾਫ਼ ਵੱਲੋਂ ਵਿਦਿਆਰਥੀਆਂ ਦੀ ਤੰਦਰੁਸਤੀ, ਸਾਲਾਨਾ ਪ੍ਰੀਖਿਆਵਾਂ ਵਿੱਚ ਵਧੀਆ ਕਾਰਗੁਜ਼ਾਰੀ ਲਈ ਸ੍ਰੀ ਸੁਖਮਨੀ ਸਾਹਿਬ ਜੀ ਦੀ ਬਾਣੀ ਦੇ ਭੋਗ ਪਾਏ ਗਏ ਤੇ ਚੜ੍ਹਦੀ ਕਲਾ ਲਈ ਅਰਦਾਸ ਕੀਤੀ ਗਈ। ਇਸ ਮੌਕੇ ਮੈਡਮ ਗਗਨਦੀਪ ਕੌਰ ਤੇ ਵਿਦਿਆਰਥਣਾਂ ਵੱਲੋਂ ਗੁਰਬਾਣੀ ਦਾ ਕੀਰਤਨ ਕੀਤਾ ਗਿਆ। ਗੁਰੂ ਜੀ ਦੇ ਅਤੁੱਟ ਲੰਗਰ ਵਰਤਾਏ ਗਏ। ਉਪਰੰਤ ਸਾਲਾਨਾ ਇਨਾਮ ਵੰਡ ਸਮਾਰੋਹ ਦੀ ਸ਼ੁਰੂਆਤ ਵਿਦਿਆਰਥੀ ਵਿਸ਼ਵਜੀਤ ਵੱਲੋਂ ਧਾਰਮਿਕ ਗੀਤ ਨਾਲ ਕੀਤੀ। ਪ੍ਰਿੰਸੀਪਲ ਸਾਹਿਬ ਅਤੇ ਸਟਾਫ਼ ਵੱਲੋਂ ਮੁੱਖ- ਮਹਿਮਾਨ ਸੁਰਜੀਤ ਸਿੰਘ, ਵਿਸ਼ੇਸ਼ ਮਹਿਮਾਨ ਸੁਖਦੇਵ ਸਿੰਘ ਤੇ ਚੇਅਰਮੈਨ ਐਸ ਐਮ ਸੀ ਪ੍ਰਿਤਪਾਲ ਸਿੰਘ ਦਾ ਫੁੱਲਾਂ ਦੇ ਗੁਲਦਸਤੇ ਨਾਲ ਸਵਾਗਤ ਕੀਤਾ ਗਿਆ। ਸਾਲ 2024- 25 ਦੀ ਸਾਲਾਨਾ ਪ੍ਰੀਖਿਆ ਵਿੱਚ 6ਵੀ ਤੋਂ 12ਵੀ ਕਲਾਸ ਦੇ ਪਹਿਲੇ,ਦੂਜੇ ਅਤੇ ਤੀਜੇ ਸਥਾਨ ਤੇ ਆਏ ਵਿਦਿਆਰਥੀਆਂ ਨੂੰ ਇਨਾਮ ਅਤੇ ਸਰਟੀਫਿਕੇਟ ਦੇ ਕੇ ਸਨਮਾਨਤ ਕੀਤਾ ਗਿਆ। ਹਰ ਕਲਾਸ ਵਿੱਚੋਂ ਇੱਕ ਆਗਿਆਕਾਰੀ ਵਿਦਿਆਰਥੀ ਨੂੰ ਵੀ ਮੋਮੈਂਟੋ ਅਤੇ ਸਰਟੀਫਿਕੇਟ ਦੇ ਕੇ ਸਨਮਾਨਤ ਕੀਤਾ। ਜ਼ਿਲ੍ਹਾ ਪੱਧਰ ਤੇ ਖੇਡਾਂ ਵਿੱਚ ਪੁਜੀਸ਼ਨ ਹਾਸਲ ਕਰਨ ਵਾਲੇ ਖਿਡਾਰੀਆਂ ਨੂੰ ਵੀ ਮੋਮੈਂਟੋ ਅਤੇ ਸਰਟੀਫਿਕੇਟ ਦੇ ਕੇ ਸਨਮਾਨਤ ਕੀਤਾ ਗਿਆ। ਲਾਇਬ੍ਰੇਰੀ ਵਿੱਚ ਸਭ ਤੋਂ ਵੱਧ ਕਿਤਾਬਾਂ ਪੜ੍ਹਨ ਵਾਲੀ ਵਿਦਿਆਰਥਣ ਹਰਮਨਪ੍ਰੀਤ ਨੂੰ ਵੀ ਸਨਮਾਨਤ ਕੀਤਾ ਗਿਆ। ਸਵੇਰ ਦੀ ਸਭਾ ਨੂੰ ਵਧੀਆ ਢੰਗ ਨਾਲ਼ ਆਯੋਜਿਤ ਕਰਨ ਵਾਲੀ ਵਿਦਿਆਰਥੀਆਂ ਦੀ ਟੀਮ ਨੂੰ ਵੀ ਸਨਮਾਨਤ ਕੀਤਾ ਗਿਆ। ਸਕੂਲ ਦੀ ਉਸਾਰੀ ਲਈ ਮਾਇਕ ਸਹਾਇਤਾ ਦੇਣ ਲਈ ਸਕੂਲ ਸਟਾਫ਼, ਸੁਖਦੇਵ ਰਾਜ, ਅੰਮ੍ਰਿਤਾ ਰਾਣੀ, ਨਿਰਮਲ ਕੌਰ, ਗਗਨਦੀਪ ਕੌਰ, ਮਾਲਤੀ, ਬਲਜੀਤ ਕੌਰ ਸੈਣੀ ਨੂੰ ਵੀ ਸਨਮਾਨਤ ਕੀਤਾ। ਗੁਰਜੀਤ ਕੌਰ ਕੰਪਿਊਟਰ ਫੈਕਲਟੀ ਨੂੰ ਸਕੂਲ ਦੇ ਕੰਪਿਊਟਰ ਸੰਬੰਧੀ ਕੰਮਾਂ ਨੂੰ ਵਧੀਆ ਤਰੀਕੇ ਨਾਲ ਨੇਪਰੇ ਚਾੜ੍ਹਨ ਲਈ ਸਨਮਾਨਿਤ ਕੀਤਾ ਗਿਆ। ਰੂਪ ਰਾਣੀ, ਬਲਜੀਤ ਕੌਰ ਨੂੰ ਸਾਲਾਨਾ ਇਨਾਮ ਵੰਡ ਸਮਾਗਮ ਲਈ ਮੋਹਰੀ ਭੂਮਿਕਾ ਨਿਭਾਉਣ ਲਈ ਸਨਮਾਨਤ ਕੀਤਾ ਗਿਆ। ਲੈਕਚਰਾਰ ਬ੍ਰਿਜ ਲਾਲ ਨੂੰ ਵੀ ਖੇਡਾਂ ਦੇ ਖੇਤਰ ਵਿੱਚ ਯੋਗਦਾਨ ਪਾਉਣ ਲਈ ਸਨਮਾਨਤ ਕੀਤਾ ਅਤੇ ਉਨ੍ਹਾਂ ਵੱਲੋਂ ਗੀਤ ਗਾ ਕੇ ਵਿਦਿਆਰਥੀਆਂ ਨੂੰ ਪੜ੍ਹਾਈ ਲਈ ਪ੍ਰੇਰਿਤ ਕੀਤਾ। ਪ੍ਰਾਇਮਰੀ ਸਕੂਲ ਇੰਚਾਰਜ ਗੁਰਪ੍ਰੀਤ ਕੌਰ ਨੂੰ ਵੀ ਪੜ੍ਹਾਈ ਤੇ ਖੇਡਾਂ ਦੇ ਖੇਤਰ ਵਿੱਚ ਯੋਗਦਾਨ ਦੇਣ ਲਈ ਸਨਮਾਨਤ ਕੀਤਾ। ਸੇਵਾ ਮੁਕਤ ਅਧਿਆਪਕਾ ਮਨਜੀਤ ਕੌਰ ਨੂੰ ਵੀ ਸਨਮਾਨਤ ਕੀਤਾ ਗਿਆ। ਪ੍ਰੋਗਰਾਮ ਦੇ ਅੰਤ ਵਿੱਚ ਸਕੂਲ ਸਟਾਫ਼ ਵੱਲੋਂ ਮੁੱਖ ਮਹਿਮਾਨ ਸ ਸੁਰਜੀਤ ਸਿੰਘ ਅਤੇ ਵਿਸ਼ੇਸ਼ ਮਹਿਮਾਨ ਸ ਸੁਖਦੇਵ ਸਿੰਘ ਨੂੰ ਯਾਦ ਚਿੰਨ੍ਹ ਦੇ ਕੇ ਸਨਮਾਨਤ ਕੀਤਾ। ਮੁੱਖ ਮਹਿਮਾਨ ਨੇ ਵਿਦਿਅਰਥੀਆਂ ਨੂੰ ਮਿਹਨਤ ਕਰਨ ਲਈ ਪ੍ਰੇਰਿਤ ਕੀਤਾ। ਸਟੇਜ ਸਕੱਤਰ ਦੀ ਭੂਮਿਕਾ ਗਗਨਦੀਪ ਕੌਰ ਤੇ ਪੂਨਮ ਦੱਤਾ ਵਲੋਂ ਨਿਭਾਈ ਗਈ। ਇਸ ਮੌਕੇ ਐਸ ਐਮ ਸੀ ਕਮੇਟੀ ਦੇ ਚੇਅਰਮੈਨ ਪ੍ਰਿਤਪਾਲ ਸਿੰਘ, ਕਮੇਟੀ ਮੈਂਬਰ ਤੇ ਸਮੂਹ ਸਟਾਫ਼ ਹਾਜ਼ਰ ਸੀ।




# ਪੰਕਜ ਨੇ ਗਣਤੰਤਰ ਦਿਵਸ ਕੈਂਪ 'ਚ ਹਿੱਸਾ ਲੈ ਕੇ 'ਵਰਸਿਟੀ ਦਾ ਮਾਣ ਵਧਾਇਆ

ਆਦਮਪੁਰ (ਪਰਮਜੀਤ ਸਿੰਘ)-ਸਤਿਕਾਰਯੋਗ ਸੰਤ ਬਾਬਾ ਮਲਕੀਤ ਸਿੰਘ ਜੀ (ਬਾਨੀ ਚਾਂਸਲਰ) ਤੇ ਸੰਤ ਬਾਬਾ ਦਿਲਾਵਰ ਸਿੰਘ ਜੀ (ਬ੍ਰਹਮ ਜੀ) ਦੇ ਆਸ਼ੀਰਵਾਦ, ਮਾਣਯੋਗ ਚਾਂਸਲਰ ਸੰਤ ਮਨਮੋਹਨ ਸਿੰਘ ਦੀ ਪ੍ਰੇਰਣਾ ਅਤੇ ਉਪ-ਕੁਲਪਤੀ ਪ੍ਰੋ. ਵਿਜੈ ਧੀਰ ਜੀ ਤੇ ਸ. ਹਰਦਮਨ ਸਿੰਘ ਮਿਨਹਾਸ (ਸਕੱਤਰ) ਦੀ ਯੋਗ ਅਗਵਾਈ ਹੇਠ ਸੰਤ ਬਾਬਾ ਭਾਗ ਸਿੰਘ ਯੂਨੀਵਰਸਿਟੀ, ਖਿਆਲਾ ਦੇ ਐੱਨ ਸੀ ਸੀ ਕੈਡੇਟ ਤੇ ਬੀ.ਟੈਕ ਦੇ ਵਿਦਿਆਰਥੀ ਪੰਕਜ ਕੁਮਾਰ ਨੇ ਨਵੀਂ ਦਿੱਲੀ ਵਿੱਚ ਆਯੋਜਿਤ ਗਣਤੰਤਰ ਦਿਵਸ ਕੈਂਪ (ਆਰ.ਡੀ.ਸੀ.) ਵਿੱਚ ਸਫਲਤਾਪੂਰਵਕ ਹਿੱਸਾ ਲੈ ਕੇ ਯੂਨੀਵਰਸਿਟੀ ਦਾ ਮਾਣ ਵਧਾਇਆ ਹੈ। ਪੰਕਜ ਨੂੰ ਇੱਕ ਸਖ਼ਤ ਚੋਣ ਪ੍ਰਕਿਰਿਆ ਤੋਂ ਬਾਅਦ ਚੁਣਿਆ ਗਿਆ ਸੀ ਅਤੇ ਉਸ ਨੇ ਰਾਸ਼ਟਰੀ ਪੱਧਰ 'ਤੇ ਯੂਨੀਵਰਸਿਟੀ ਦੀ ਨੁਮਾਇੰਦਗੀ ਕੀਤੀ। ਕੈਂਪ ਦੌਰਾਨ ਉਸ ਨੇ ਅਨੁਸ਼ਾਸਨ, ਲੀਡਰਸ਼ਿਪ ਤੇ ਰਾਸ਼ਟਰੀ ਏਕਤਾ ਵਿੱਚ ਸਿਖਲਾਈ ਪ੍ਰਾਪਤ ਕੀਤੀ। ਵਾਈਸ-ਚਾਂਸਲਰ ਪ੍ਰੋ. ਵਿਜੈ ਧੀਰ ਜੀ ਨੇ ਕਿਹਾ ਕਿ ਪੰਕਜ ਕੁਮਾਰ ਦੀ ਇਹ ਉਪਲਬਧੀ ਪੂਰੀ ਯੂਨੀਵਰਸਿਟੀ ਲਈ ਮਾਣ ਦੀ ਗੱਲ ਹੈ।



# ਬੀਬੀ ਕਸ਼ਮੀਰ ਕੌਰ ਢਾਹਾਂ ਨਮਿਤ ਸ਼ਰਧਾਂਜਲੀ ਸਮਾਗਮ

**ਬੰਗਾ (ਅਵਤਾਰ ਕਲੇਰ)**- ਗੁਰੂ ਨਾਨਕ ਮਿਸ਼ਨ ਮੈਡੀਕਲ ਐਂਡ ਐਜੂਕੇਸ਼ਨਲ ਟਰੱਸਟ ਢਾਹਾਂ ਕਲੇਰਾਂ ਦੇ ਬਾਨੀ ਪ੍ਰਧਾਨ ਬਾਬਾ ਬੁੱਧ ਸਿੰਘ ਢਾਹਾਂ ਦੀ ਸੁਪਤਨੀ ਤੇ ਮੀਤ ਪ੍ਰਧਾਨ ਬਰਜਿੰਦਰ ਸਿੰਘ ਢਾਹਾਂ ਦੇ ਮਾਤਾ ਬੀਬੀ ਕਸ਼ਮੀਰ ਕੌਰ ਢਾਹਾਂ ਦਾ ਪਿਛਲੇ ਦਿਨੀ ਵੈਨਕੂਵਰ (ਕੈਨੇਡਾ) ਵਿਖੇ 100 ਸਾਲ ਦੀ ਉਮਰ ਵਿੱਚ ਦਿਹਾਂਤ ਹੋ ਗਿਆ ਸੀ, ਉਹਨਾਂ ਦੀ ਯਾਦ ਵਿਚ ਸ਼ਰਧਾਂਜ਼ਲੀ ਸਮਾਗਮ ਗੁਰਦੁਆਰਾ ਗੁਰੂ ਨਾਨਕ ਮਿਸ਼ਨ ਹਸਪਤਾਲ ਢਾਹਾਂ ਕਲੇਰਾਂ ਵਿਖੇ ਬੜੀ ਸ਼ਰਧਾ ਭਾਵਨਾ ਨਾਲ ਹੋਇਆ, ਜਿੱਥੇ ਦੇਸ਼ ਵਿਦੇਸ਼ ਦੀਆਂ ਸੰਗਤਾਂ ਨੇ ਪੁੱਜ ਕੇ ਬੀਬੀ ਕਸ਼ਮੀਰ ਕੌਰ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ। ਸਵੇਰੇ ਗੁਰਦੁਆਰਾ ਸਾਹਿਬ ਵਿਖੇ ਸ੍ਰੀ ਸਹਿਜ ਪਾਠ ਦੇ ਭੋਗ ਪਾਏ ਗਏ ਤੇ ਇਸ ਉਪਰੰਤ ਸਜੇ ਦੀਵਾਨ ਵਿਚ ਭਾਈ ਜੋਗਾ ਸਿੰਘ ਹਜ਼ੂਰੀ ਰਾਗੀ ਗੁਰਦੁਆਰਾ ਗੁਰੂ ਨਾਨਕ ਮਿਸ਼ਨ ਹਸਪਤਾਲ ਨੇ ਵੈਰਾਗਮਈ ਗੁਰਬਾਣੀ ਕੀਰਤਨ ਕੀਤਾ। ਸ਼ਰਧਾਂਜਲੀ ਸਮਾਰੋਹ ਵਿਚ ਕੁਲਵਿੰਦਰ ਸਿੰਘ ਢਾਹਾਂ ਪ੍ਰਧਾਨ ਗੁਰੂ ਨਾਨਕ ਮਿਸ਼ਨ ਮੈਡੀਕਲ ਐਂਡ ਐਜੂਕੇਸ਼ਨਲ ਟਰੱਸਟ ਢਾਹਾਂ ਕਲੇਰਾਂ, ਦਰਸ਼ਨ ਸਿੰਘ ਮਾਹਿਲ ਅਤੇ ਪ੍ਰੋਫੈਸਰ ਹਰਬੰਸ ਸਿੰਘ ਬੋਲੀਨਾਂ ਨੇ ਸ਼ਰਧਾ ਦੇ ਫੁੱਲ ਭੇਟ ਕੀਤੇ । ਉਹਨਾਂ ਕਿਹਾ ਕਿ ਬੀਜੀ ਕਸ਼ਮੀਰ ਕੌਰ ਢਾਹਾਂ ਜੀ ਦਾ ਢਾਹਾਂ ਕਲੇਰਾਂ ਵਿਖੇ ਹਸਪਤਾਲ ਤੇ ਵਿੱਦਿਅਕ ਸੰਸਥਾਵਾਂ ਦੀ ਸਥਾਪਨਾ ਵਿਚ ਪ੍ਰਮੁੱਖ ਯੋਗਦਾਨ ਸੀ । ਉਹਨਾਂ ਤੋਂ ਮਿਲੀ ਪ੍ਰੇਰਣਾ ਤੇ ਸਹਿਯੋਗ ਸਦਕਾ ਬਾਨੀ ਪ੍ਰਧਾਨ ਸਵ: ਬਾਬਾ ਬੁੱਧ ਸਿੰਘ ਢਾਹਾਂ ਸਮਾਜ ਸੇਵਾ ਦੇ ਖੇਤਰ ਵਿਚ ਨਵੀਂ ਸੋਚ ਅਤੇ ਵਿਚਾਰ ਲੈ ਕੇ ਆਏ। ਇਸ ਮੌਕੇ ਬਰਜਿੰਦਰ ਸਿਘ ਢਾਹਾਂ ਨੇ ਭਾਵੁਕ ਹੁੰਦੇ ਕਿਹਾ ਕਿ ਬੀਜੀ ਹਮੇਸ਼ਾਂ ਲੋੜਵੰਦਾਂ ਦੀ ਮਦਦ ਲਈ ਤਤਪਰ ਰਹਿੰਦੇ ਸਨ। ਇਸੇ ਲਈ ਬੀਜੀ ਨੇ ਪੰਜਾਬ ਦੇ ਪੇਂਡੂ ਖਿੱਤੇ ਦੀਆਂ ਲੜਕੀਆਂ ਨੂੰ ਸਿੱਖਿਅਤ ਕਰਕੇ ਉਹਨਾਂ ਨੂੰ ਆਤਮ ਨਿਰਭਰ ਬਣਾਉਣ ਅਤੇ ਆਮ ਲੋਕਾਈ ਨੂੰ ਮਿਆਰੀ ਮੈਡੀਕਲ ਸੇਵਾਵਾਂ ਪ੍ਰਦਾਨ ਕਰਨ ਦੇ ਉਦੇਸ਼ ਨਾਲ ਬਾਬਾ ਜੀ ਨੂੰ ਕੈਨੇਡਾ ਤੋਂ ਪੰਜਾਬ ਜਾਣ ਲਈ ਪ੍ਰੇਰਿਤ ਕੀਤਾ। ਉਹਨਾਂ ਦੇ ਅਣਥੱਕ ਯਤਨਾਂ ਸਦਕਾ ਪੰਜਾਬ ਵਿਚ ਨਰਸਿੰਗ ਸਿੱਖਿਆ ਅਤੇ ਮੈਡੀਕਲ ਸੇਵਾਵਾਂ ਦੇ ਖੇਤਰ ਵਿਚ ਵੱਡੀ ਤਬਦੀਲੀ ਆਈ। ਬਰਜਿੰਦਰ ਸਿੰਘ ਢਾਹਾਂ ਨੇ ਸਮੂਹ ਪਰਿਵਾਰ ਵੱਲੋਂ ਉਹਨਾਂ ਨਾਲ ਦੁੱਖ ਸਾਂਝਾਂ ਕਰਨ ਲਈ ਤੇ ਸ਼ਰਧਾਂਜ਼ਲੀ ਸਮਾਗਮ ਵਿਚ ਪੁੱਜੀਆਂ ਸੰਗਤਾਂ ਦਾ ਧੰਨਵਾਦ ਕੀਤਾ। ਸ਼ਰਧਾਂਜਲੀ ਸਮਾਗਮ ਵਿਚ ਬੀਬੀ ਹਰਿੰਦਰ ਕੌਰ (ਸਪੁੱਤਰੀ) ਬੀਬੀ ਮਨਜੀਤ ਕੌਰ ਥਾਂਦੀ-ਅਜੀਤ ਸਿਘ ਥਾਂਦੀ (ਸਪੁੱਤਰੀ-ਜਵਾਈ), ਮਨਵੀਰ ਕੌਰ (ਦੋਹਤੀ), ਜਗਜੀਤ ਸਿੰਘ ਸੋਢੀ, ਬੀਬੀ ਬਲਵਿੰਦਰ ਕੌਰ ਕਲਸੀ, ਮਲਕੀਅਤ ਸਿੰਘ ਬਾਹੜੋਵਾਲ, ਦਰਸ਼ਨ ਸਿੰਘ ਮਾਹਿਲ ਕੈਨੇਡਾ, ਨਰਿੰਦਰ ਸਿੰਘ ਸ਼ੇਰਗਿੱਲ ਕੈਨੇਡਾ, ਦਵਿੰਦਰ ਸਿੰਘ ਢਿੱਲੋਂ ਅਮਰੀਕਾ, ਡਾ. ਰਘਬੀਰ ਸਿੰਘ ਸਿਰਜਨਾ ਚੰਡੀਗੜ੍ਹ, ਗੁਰਦੀਪ ਸਿੰਘ ਢਾਹਾਂ, ਸ਼ਮਸ਼ੇਰ ਸਿੰਘ ਮਾਹਿਲ, ਪ੍ਰੋਫੈਸਰ ਹਰਬੰਸ ਸਿੰਘ ਬੋਲੀਨਾ,ਮਹਿੰਦਰਪਾਲ ਸਿੰਘ, ਮੈਡਮ ਵਨੀਤਾ ਚੋਟ ਪ੍ਰਿੰਸੀਪਲ, ਰਾਜਦੀਪ ਥਿਦਵਾਰ ਵਾਈਸ ਪ੍ਰਿੰਸੀਪਲ,ਮੈਡਮ ਰਮਨਦੀਪ ਕੌਰ, ਡਾ. ਜਸਦੀਪ ਸਿੰਘ ਸੈਣੀ, ਦਵਿੰਦਰ ਕੌਰ, ਸੁਖਮਿੰਦਰ ਕੌਰ ਉੱਭੀ, ਬਹਾਦਰ ਸਿੰਘ ਮਜਾਰੀ ਆਦਿ ਹਾਜ਼ਰ ਸਨ। ਵਰਣਨਯੋਗ ਹੈ ਕਿ ਬੀਜੀ ਕਸ਼ਮੀਰ ਕੌਰ ਢਾਹਾਂ ਜੀ ਦਾ 100ਵਾਂ ਜਨਮ ਦਿਨ ਦਸੰਬਰ 2025 ਵਿਚ ਪਰਿਵਾਰ ਤੇ ਸ਼ੁਭਚਿੰਤਕਾਂ ਵੱਲੋਂ ਮਨਾਇਆ ਗਿਆ ਸੀ।



# ਹਰੀ ਮਾਨਵ ਏਕਤਾ ਸੰਤ ਸੰਮੇਲਨ ਕਰਵਾਇਆ

**ਆਦਮਪੁਰ, (ਪਰਮਜੀਤ ਸਿੰਘ)**- ਡੇਰਾ ਸੱਚਖੰਡ ਬੱਲਾਂ ਦੇ ਮਹਾਨ ਤਪਸਵੀ ਤੇ ਸ਼ਾਂਤੀ ਦੇ ਪੁੰਜ ਬ੍ਰਹਮਲੀਨ ਸੰਤ ਹਰੀਦਾਸ ਮਹਾਰਾਜ ਜੀ ਦੀ 44 ਵੀਂ ਸਾਲਾਨਾ ਬਰਸੀ ਮੌਕੇ 44ਵਾਂ ਹਰੀ ਮਾਨਵ ਏਕਤਾ ਸੰਤ ਸੰਮੇਲਨ ਡੇਰਾ ਸੱਚਖੰਡ ਬੱਲਾਂ ਦੇ ਮੌਜੂਦਾ ਗੱਦੀ ਨਸ਼ੀਨ ਸੰਤ ਨਿਰੰਜਣ ਦਾਸ ਮਹਾਰਾਜ ਜੀ ਦੀ ਸਰਪ੍ਰਸਤੀ ਹੇਠ 7 ਸੰਤ ਹਰੀਦਾਸ ਜੀ ਉਦਾਸੀਨ ਆਸ਼ਰਮ ਕੂਪਰ ਢੇਪੁਰ ਜਲੰਧਰ ਵਿਖੇ ਆਸ਼ਰਮ ਦੇ ਸੰਚਾਲਕ ਸੰਤ ਪ੍ਰਦੀਪ ਦਾਸ ਜੀ ਦੀ ਦੇਖ-ਰੇਖ ਹੇਠ ਕਰਵਾਇਆ ਗਿਆ ।ਸਮਾਗਮ ਸੰਬੰਧੀ ਜਾਣਕਾਰੀ ਦਿੰਦੇ ਹੋਏ ਸੰਤ ਪ੍ਰਦੀਪ ਦਾਸ ਜੀ ਨੇ ਦੱਸਿਆ ਕਿ ਸਵੇਰੇ ਇਲਾਹੀ ਰੱਬੀ ਬਾਣੀ ਦੇ ਪਾਠ ਦੇ ਭੋਗ ਪਾਏ ਗਏ ਉਪਰੰਤ ਭਾਈ ਪਰਮਜੀਤ ਸਿੰਘ ਤੇ ਉਨਾਂ ਦੇ ਸਾਥੀ,ਭਾਈ ਹਰਪਾਲ ਸਿੰਘ ਵਿਰਦੀ ਜਲੰਧਰ ਤੇ ਉਨਾਂ ਦੇ ਸਾਥੀ ਹੋਰ ਵੱਖ-ਵੱਖ ਕੀਰਤਨੀ ਜੱਥਿਆਂ ਵੱਲੋਂ ਕੀਰਤਨ ਕਰ ਸੰਗਤਾਂ ਨੂੰ ਨਿਹਾਲ ਕੀਤਾ। ਸਮਾਗਮ 'ਚ ਹਜ਼ਾਰਾਂ ਦੀ ਗਿਣਤੀ 'ਚ ਸੰਗਤਾਂ ਨੇ ਸ਼ਿਰਕਤ ਕਰ ਸੰਤ ਨਿਰੰਜਣ ਦਾਸ ਜੀ ਤੋਂ ਅਸ਼ੀਰਵਾਦ ਲਿਆ। ਸਟੇਜ ਸਕੱਤਰ ਮਨੋਹਰ ਬੈਂਸ ਜੰਡੂ ਸਿੰਘਾਂ ਨੇ ਦੱਸਿਆ ਕਿ ਸੰਤ ਸੰਮੇਲਨ ਦੌਰਾਨ ਸੰਤ ਹਰਚਰਨ ਸਿੰਘ ਸ਼ਾਮ ਚੋਰਾਸੀ, ਸੰਤ ਲੇਖ ਰਾਜ ਨੂਰਪੁਰ, ਸੰਤ ਰਾਣਾ ਦਾਸ, ਸੰਤ ਸੁੱਖਵਿੰਦਰ ਦਾਸ ਢੱਡੇ, ਸੰਤ ਹਰਜਿੰਦਰ ਦਾਸ ਆਦਮਪੁਰ, ਸੰਤ ਜਸਵਿੰਦਰ ਸਿੰਘ ਡਾਂਡੀਆਂ, ਸੰਤ ਟਹਿਲ ਦਾਸ ਨੰਗਲ ਖੇੜਾ, ਸੰਤ ਜਸਵਿੰਦਰ ਸਿੰਘ ਪਾਂਡਵਾਂ, ਸੰਤ ਸਤਨਾਮ ਸਿੰਘ ਬਬੇਲੀ, ਸੰਤ ਕਸ਼ਮੀਰ ਸਿੰਘ, ਸੰਤ ਜਸਵੀਰ ਸਿੰਘ ਨੇਕੀ ਵਾਲੇ, ਸੰਤ ਜਗਮੀਤ ਸਿੰਘ, ਸੰਤ ਬਲਬੀਰ ਸਿੰਘ ਡੀਗਰੀਆਂ, ਸੰਤ ਬਹਾਦਰ ਸਿੰਘ ਮਿੱਠਾ ਟਿਵਾਣਾ ਤੇ ਹੋਰ ਵੱਖ-ਵੱਖ ਡੇਰਿਆਂ ਤੋਂ ਆਏ ਹੋਏ ਸੰਤ ਮਹਾਪੁਰਸ਼ਾਂ ਵੱਲੋਂ ਪ੍ਰਵਚਨ ਤੇ ਕਥਾ-ਵਿਚਾਰਾ ਦੇ ਨਾਲ-ਨਾਲ ਬ੍ਰਹਮਲੀਨ ਸੰਤ ਹਰੀਦਾਸ ਮਹਾਰਾਜ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ ਗਏ। ਸਮਾਗਮ 'ਚ ਵਿਸ਼ੇਸ਼ ਤੌਰ ਤੇ ਸੰਤ ਮਹਾਂਪੁਰਸ਼ਾ ਦਾ ਅਸ਼ੀਰਵਾਦ ਲੈਣ ਲਈ ਡਾ. ਰਵਜੋਤ ਕੁਮਾਰ ਕੈਬਨਿਟ ਮੰਤਰੀ ਪੰਜਾਬ,ਵਿਧਾਇਕ ਕੁਲਵੰਤ ਸਿੰਘ, ਅਵਤਾਰ ਸਿੰਘ ਕਰੀਮਪੁਰੀ ਪ੍ਰਧਾਨ ਬਸਪਾ ਪੰਜਾਬ, ਧਰਮਪਾਲ ਲੇਸੜੀਵਾਲ ਪ੍ਰਧਾਨ ਸ਼੍ਰੋ.ਅ.ਦਲ ਐੱਸ ਸੀ ਵਿਗ ਜਲੰਧਰ ਦਿਹਾਤੀ, ਐਡਵੋਕੇਟ ਬਲਵਿੰਦਰ ਕੁਮਾਰ ਜਨਰਲ ਸਕੱਤਰ ਬਸਪਾ, ਰਾਮ ਕਿਸ਼ਨ ਮਹਿਮੀ ਯੂ. ਕੇ., ਸੀਲਾ ਦੇਵੀ, ਤਹਿਸੀਲਦਾਰ ਵਿਜੈ ਕੁਮਾਰ ਅਹੀਰ ਤੇ ਹੋਰ ਪਤਵੰਤੇ ਪਹੁੰਚੇ। ਸੰਤ ਨਿਰੰਜਣ ਦਾਸ ਜੀ ਵੱਲੋਂ ਸਮਾਗਮ 'ਚ ਪਹੁੰਚੇ ਸੰਤ ਮਹਾਂਪੁਰਸ਼ਾ ਤੇ ਪਤਵੰਤਿਆ ਨੂੰ ਸਿਰੋਪਾਓ ਪਾ ਕੇ ਸਨਮਾਨਤ ਕੀਤਾ। ਸੰਤ ਪ੍ਰਦੀਪ ਦਾਸ ਨੇ ਸਮਾਗਮ 'ਚ ਪਹੁੰਚੇ ਸੰਤ ਮਹਾਂਪੁਰਸਾਂ, ਸੰਗਤਾਂ ਤੇ ਪਤਵੰਤਿਆ ਦਾ ਧੰਨਵਾਦ ਕੀਤਾ ਤੇ ਕਿਹਾ ਕਿ ਸਾਨੂੰ ਸੰਤ ਮਹਾਂਪੁਰਸ਼ਾ ਦੀ ਯਾਦ 'ਚ ਆਪਣੇ ਆਪਣੇ ਇਲਾਕਿਆਂ ਚ ਇਹੋ ਜਿਹੇ ਸਮਾਗਮ ਕਰਵਾਉਂਦੇ ਰਹਿਣਾ ਚਾਹੀਦਾ ਹੈ। ਆਈਆਂ ਸੰਗਤਾਂ ਚ ਗੁਰੂ ਕਾ ਅਤੁੱਟ ਲੰਗਰ ਵਰਤਾਇਆ ਗਿਆ। ਇਸ ਮੌਕੇ ਰੋਸ਼ਨ ਲਾਲ ਸੌਂਧੀ, ਦਵਿੰਦਰ ਦਾਸ, ਸੁਰਿੰਦਰ ਕੁਮਾਰ ਖੁਰਦਪੁਰ,ਦੀਪਕ ਕੁਮਾਰ ਜਲਭੇ, ਧਰਮਪਾਲ ਕਠਾਰ, ਜਗਜੀਵਨ ਰਾਮ ਸਾਬਕਾ ਸਰਪੰਚ, ਸੁੱਖਵਿੰਦਰ ਕੌਰ ਕੌਂਸਲਰ, ਰਾਜ ਕੁਮਾਰ ਬਸਰਾ, ਰਾਜਿੰਦਰ ਕੁਮਾਰ ਇੰਸਪੈਕਟਰ, ਪਾਲ ਜਲੰਧਰੀ, ਮਨਜੀਤ ਮੰਡੇਰ, ਗੁਰਮੀਤ ਚੰਦ ਦੁੱਗਲ ਸਾਬਕਾ ਕੌਂਸਲਰ, ਨੀਰੂ ਨੰਦਾ, ਕਮਲੇਸ਼ ਰਾਣੀ, ਦੀਪ ਕੌਰ ਨਸਰਾਲਾ, ਸਤਪਾਲ ਸਿੰਘ ਬੰਗੜ, ਡਾ. ਜਸਵਿੰਦਰ ਸਿੰਘ ਲੈਕਚਰਾਰ ਸੁਰਜੀਤ ਸਿੰਘ ਜੱਸਲ, ਮੈਨੇਜਰ ਸੁਖਦੇਵ ਭਾਰਤੀ, ਬਾਬਾ ਸੁਖਦੀਪ ਸੁੱਖੀ, ਸੁਖਜੀਤ ਕੌਰ ਪੰਚ, ਸਤੀਸ਼ ਕੁਮਾਰ, ਸੰਸਾਰ ਚੰਦ ਬਿਆਸ ਪਿੰਡ, ਜਰਨੈਲ ਸਿੰਘ ਜੱਜ, ਸੇਵਾ ਮੁਕਤ ਇੰਸਪੈਕਟਰ ਮਨਜੀਤ ਸਿੰਘ, ਡਿਪਟੀ ਡਾਇਰੈਕਟਰ ਰੋਜ਼ਗਾਰ ਗੁਰਮੇਲ ਸਿੰਘ, ਏ ਐੱਸ ਆਈ ਰਾਜੇਸ਼ ਕੁਮਾਰ ਤੇ ਹੋਰ ਸੰਗਤਾਂ ਹਾਜ਼ਰ ਸਨ।



# ਪਿਸਤੌਲ ਤੇ 4 ਜ਼ਿੰਦਾ ਰੌਂਦਾਂ ਸਮੇਤ ਇਕ ਗ੍ਰਿਫ਼ਤਾਰ

**ਅਲਾਵਲਪੁਰ, (ਮਦਨ ਬੰਗੜ)**- ਐੱਸ ਐੱਚ ਓ ਆਦਮਪੁਰ ਇੰਸਪੈਕਟਰ ਰਵਿੰਦਰਪਾਲ ਸਿੰਘ ਦੀ ਅਗਵਾਈ ਹੇਠ ਜ਼ਿਲ੍ਹਾ ਪੁਲਸ ਚੌਕੀ ਦੇ ਇੰਚਾਰਜ ਕੁਲਦੀਪ ਕੁਮਾਰ ਮਹਿਤਾ ਦੀ ਟੀਮ ਨੇ ਇਕ ਨੌਜਵਾਨ ਨੂੰ ਪਿਸਤੌਲ .32 ਬੋਰ ਅਤੇ 4 ਜ਼ਿੰਦਾ ਰੌਂਦਾਂ ਸਮੇਤ ਗ੍ਰਿਫ਼ਤਾਰ ਕੀਤਾ ਹੈ। ਗਸ਼ਤ ਦੌਰਾਨ ਕਾਬੂ ਕੀਤੇ ਗਏ ਉਕਤ ਨੌਜਵਾਨ ਦੀ ਪਛਾਣ ਪ੍ਰਭਜੀਤ ਸਿੰਘ ਉਰਫ਼ ਪ੍ਰਭ ਪੁੱਤਰ ਸਰਵਣ ਸਿੰਘ ਨਿਵਾਸੀ ਪਿੰਡ ਕਾਲਾ ਬੱਕਰਾ ਥਾਣਾ ਭੋਗਪੁਰ ਜ਼ਿਲ੍ਹਾ ਜਲੰਧਰ ਵਜੋਂ ਹੋਈ ਹੈ। ਥਾਣਾ ਮੁਖੀ ਇੰਸਪੈਕਟਰ ਰਵਿੰਦਰਪਾਲ ਸਿੰਘ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਮੁਲਜ਼ਮ ਰੇਲਵੇ ਲਾਈਨਾਂ ਦੇ ਨਾਲ ਲੱਗਦੇ ਕੱਚੇ ਰਸਤੇ ਤੋਂ ਪੈਦਲ ਆ ਰਿਹਾ ਸੀ। ਜਿਵੇਂ ਹੀ ਉਸ ਨੇ ਪੁਲਸ ਪਾਰਟੀ ਨੂੰ ਦੇਖਿਆ ਤਾਂ ਉਸ ਨੇ ਕਾਲੇ ਰੰਗ ਦਾ ਇਕ ਮੋਮੀ ਲਿਫ਼ਾਫ਼ਾ ਜ਼ਮੀਨ 'ਤੇ ਸੁੱਟ ਦਿੱਤਾ ਅਤੇ ਰਸਤਾ ਬਦਲ ਕੇ ਖਿਸਕਣ ਦੀ ਕੋਸ਼ਿਸ਼ ਕੀਤੀ ਪਰ ਏ ਐੱਸ ਆਈ ਕੁਲਦੀਪ ਮਹਿਤਾ ਨੇ ਸਾਥੀ ਕਰਮਚਾਰੀਆਂ ਦੀ ਮਦਦ ਨਾਲ ਉਸ ਨੂੰ ਕਾਬੂ ਕਰ ਲਿਆ। ਲਿਫ਼ਾਫ਼ੇ ਦੀ ਤਲਾਸ਼ੀ ਲੈਣ 'ਤੇ ਉਸ ਵਿਚੋਂ ਪਿਸਤੌਲ ਅਤੇ ਰੌਂਦ ਬਰਾਮਦ ਹੋਏ, ਜੋ ਕਿ ਉਸ ਨੇ ਨਾਜਾਇਜ਼ ਤੌਰ 'ਤੇ ਆਪਣੇ ਕੋਲ ਰੱਖੇ ਹੋਏ ਸਨ। ਉਸ ਖ਼ਿਲਾਫ਼ ਥਾਣਾ ਆਦਮਪੁਰ ਵਿਚ ਆਰਮਜ਼ ਐਕਟ ਤਹਿਤ ਐੱਫ. ਆਈ. ਆਰ. ਨੰਬਰ 23 ਦਰਜ ਕੀਤੀ ਗਈ ਹੈ ਤੇ ਉਸ ਨੂੰ ਮਾਣਯੋਗ ਅਦਾਲਤ ਵਿਚ ਪੇਸ਼ ਕਰਨ ਤੋਂ ਬਾਅਦ ਜੱਜ ਸਾਹਿਬ ਦੇ ਹੁਕਮਾਂ 'ਤੇ ਸੈਂਟਰਲ ਜੇਲ ਕਪੂਰਥਲਾ ਵਿਚ ਬੰਦ ਕਰਵਾ ਦਿੱਤਾ ਗਿਆ ਹੈ। ਪੁਲਸ ਵੱਲੋਂ ਮੁਲਜ਼ਮ ਦਾ ਪੁਰਾਣਾ ਕ੍ਰਿਮੀਨਲ ਰਿਕਾਰਡ ਚੈੱਕ ਕਰ ਰਹੀ ਹੈ। ਇਹ ਵੀ ਚੈੱਕ ਕੀਤਾ ਜਾ ਰਿਹਾ ਕਿ ਉਸ ਨੇ ਇਹ ਪਿਸਤੌਲ ਤੇ ਰੌਂਦ ਕਿਸ ਤੋਂ ਲਏ ਸਨ ਤੇ ਉਹ ਇਨ੍ਹਾਂ ਨੂੰ ਆਪਣੇ ਕੋਲ ਲੈ ਕੇ ਕਿਉਂ ਘੁੰਮ ਰਿਹਾ ਸੀ।



# ਸੀ ਐੱਮ ਦੀ ਯੋਗਸ਼ਾਲਾ ਲੋਕਾਂ ਲਈ ਬਣੀ ਵਰਦਾਨ : ਬੇਅੰਤ ਕੌਰ

**ਫਗਵਾੜਾ (ਡਾ. ਰਮਨ)**- ਮੁੱਖ ਮੰਤਰੀ ਸਰਦਾਰ ਭਗਵੰਤ ਸਿੰਘ ਮਾਨ ਦੇ ਡ੍ਰੀਮ ਪ੍ਰੋਜੈਕਟ ਸੀ ਐੱਮ ਦੀ ਯੋਗਸ਼ਾਲਾ ਸਤਨਾਮਪੁਰਾ ਦੇ ਲੋਕਾਂ ਲਈ ਵਰਦਾਨ ਸਾਬਤ ਹੋ ਰਹੀ ਹੈ। ਇਸ ਪ੍ਰੋਜੈਕਟ ਵਿੱਚ ਯੋਗਾ ਦੀਆਂ ਫ੍ਰੀ ਕਲਾਸਾਂ ਲਾਈਆਂ ਜਾ ਰਹੀਆਂ ਹਨ ਜਿਸ ਵਿੱਚ ਸੂਖਸ਼ਮ ਵਿਯਾਮ, ਸਥੂਲ ਵਿਯਾਮ, ਆਸਣ, ਧਿਆਨ, ਪ੍ਰਾਣਾਯਾਮ ਆਦਿ ਸਿਖਾਇਆ ਜਾਂਦਾ ਹੈ ਜਿਸ ਵਿੱਚ ਹਰ ਉਮਰ ਵਰਗ ਦੇ ਲੋਕ ਹਿੱਸਾ ਲੈ ਰਹੇ ਹਨ ਯੋਗ ਕਰਨ ਨਾਲ ਸਰਵਾਈਕਲ, ਬੈਕ ਪੇਨ, ਚਿੰਤਾ, ਜੋੜਾਂ ਦੇ ਦਰਦ, ਮੋਟਾਪਾ ਹਾਈ-ਲੋਅ ਬਲੱਡ ਪ੍ਰੈਸ਼ਰ ਆਦਿ ਬਿਮਾਰੀਆਂ ਤੋਂ ਰਾਹਤ ਮਿਲ ਰਹੀ ਹੈ ਇਸ ਸਬੰਧੀ ਗੱਲਬਾਤ ਕਰਦਿਆਂ ਸੁਸ਼ਮਾ ਸ਼ਰਮਾ , ਨਵਿਤਾ, ਗੀਨਾ ਨੇ ਦੱਸਿਆ ਕਿ ਉਹਨਾਂ ਦਾ ਵਜਨ 7 ਕਿੱਲੋਗ੍ਰਾਮ ਦੇ ਕਰੀਬ ਘੱਟਿਆ ਹੈ। ਰਸ਼ਪਾਲ ਕੌਰ ਨੇ ਦੱਸਿਆ ਕਿ ਲਚਕੀਲਾਪਨ ਵਿੱਚ ਵਾਧਾ, ਚੁਸਤੀ ਫੁਰਤੀ ਵਧੀ ਹੈ ਸਰਬਜੀਤ ਕੌਰ ਨੇ ਦੱਸਿਆ ਕਿ ਜੋੜਾਂ ਦੇ ਦਰਦ ਤੋਂ ਰਾਹਤ ਮਿਲੀ ਹੈ। ਮੰਜੂ ਨੇ ਦੱਸਿਆ ਕਿ ਉਨ੍ਹਾਂ ਨੂੰ ਪਹਿਲਾ ਹਾਈ ਬਲੱਡ ਪਰੈਸ਼ਰ ਦੀ ਸ਼ਿਕਾਇਤ ਸੀ ਪਰ ਹੁਣ ਉਨ੍ਹਾਂ ਨੂੰ ਕਾਫੀ ਫਰਕ ਨਜ਼ਰ ਆ ਰਿਹਾ ਹੈ ਰਵਿੰਦਰ ਕੌਰ ਬਿੰਦੂ ਅਤੇ ਰਜਨੀ ਨੇ ਦੱਸਿਆ ਕਿ ਉਨ੍ਹਾਂ ਨੂੰ ਸਰਵਾਈਕਲ ਅਤੇ ਡਿਸਕ ਦਰਦ ਵਿਚ ਰਾਹਤ ਅਤੇ ਜੋੜਾਂ ਦੇ ਦਰਦ ਆਦਿ ਸਮੱਸਿਆਵਾਂ ਤੋਂ ਰਾਹਤ ਮਿਲੀ ਹੈ। ਉੱਥੇ ਹੀ ਰਜਨੀ , ਜਸਵੀਰ ਕੌਰ, ਜੋਤੀ, ਰੀਨਾ, ਨੇ ਦੱਸਿਆ ਕਿ ਸੀ.ਐੱਮ. ਦੀ ਯੋਗਸ਼ਾਲਾ ਪ੍ਰੋਜੈਕਟ ਪੰਜਾਬ ਸਰਕਾਰ ਦਾ ਸ਼ਲਾਘਾਯੋਗ ਕਦਮ ਹੈ ਜਿਸ ਵਿੱਚ ਲੋਕਾਂ ਨੂੰ ਆਪਣੀ ਸਿਹਤ ਸੰਬੰਧੀ ਜਾਗਰੂਕ ਕੀਤਾ ਜਾ ਰਿਹਾ ਹੈ । ਯੋਗਾ ਟ੍ਰੇਨਰ ਬੇਅੰਤ ਕੌਰ ਨੇ ਸੀ ਐੱਮ ਦੀ ਯੋਗਸ਼ਾਲਾ ਦੇ ਬਾਰੇ ਦੱਸਿਆ ਹੋਏ ਕਿਹਾ ਹੈ ਕਿ ਇਹ ਪ੍ਰੋਜੈਕਟ ਸ਼ਹਿਰ ਅਤੇ ਪਿੰਡ ਨਿਵਾਸੀਆਂ ਲਈ ਵਰਦਾਨ ਸਾਬਿਤ ਹੋ ਰਿਹਾ ਹੈ।



# ਡਾ. ਰਾਜ ਨੇ ਅੰਮ੍ਰਿਤਸਰ ਲਈ ਵਿਸ਼ੇਸ਼ ਬੱਸ ਨੂੰ ਹਰੀ ਝੰਡੀ ਦਿਖਾ ਕੇ ਕੀਤਾ ਰਵਾਨਾ



**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਹੁਸ਼ਿਆਰਪੁਰ ਦੇ ਸੰਸਦ ਮੈਂਬਰ ਡਾ. ਰਾਜ ਕੁਮਾਰ ਨੇ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਤਹਿਤ ਚੱਬੇਵਾਲ ਵਿਧਾਨ ਸਭਾ ਹਲਕੇ ਦੇ ਪਿੰਡ ਸਾਹਰੀ ਤੋਂ ਸ੍ਰੀ ਅੰਮ੍ਰਿਤਸਰ ਸਾਹਿਬ ਲਈ ਸ਼ਰਧਾਲੂਆਂ ਨੂੰ ਲੈ ਕੇ ਜਾਣ ਵਾਲੀ ਇੱਕ ਵਿਸ਼ੇਸ਼ ਬੱਸ ਨੂੰ ਹਰੀ ਝੰਡੀ ਦਿਖਾ ਕੇ ਰਵਾਨਾ ਕੀਤਾ। ਇਸ ਪਹਿਲਕਦਮੀ ਦਾ ਉਦੇਸ਼ ਸ਼ਰਧਾਲੂਆਂ ਨੂੰ ਉਨ੍ਹਾਂ ਦੀ ਪਵਿੱਤਰ ਯਾਤਰਾ ਲਈ ਸੁਰੱਖਿਅਤ, ਮਾਣਮੱਤੇ ਅਤੇ ਸੁਵਿਧਾਜਨਕ ਆਵਾਜਾਈ ਦੇ ਸਾਧਨ ਪ੍ਰਦਾਨ ਕਰਨਾ ਹੈ। ਬੱਸ ਨੂੰ ਰਵਾਨਾ ਕਰਦੇ ਹੋਏ ਸੰਸਦ ਮੈਂਬਰ ਡਾ. ਰਾਜ ਕੁਮਾਰ ਨੇ ਸ਼ਰਧਾਲੂਆਂ ਨੂੰ ਸ਼ੁੱਭਕਾਮਨਾਵਾਂ ਦਿੱਤੀਆਂ। ਉਨ੍ਹਾਂ ਕਿਹਾ, ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਲੋਕਾਂ ਦੀ ਅਧਿਆਤਮਿਕ ਭਾਵਨਾ ਨੂੰ ਮਜ਼ਬੂਤ ?ਕਰਨ ਵੱਲ ਇੱਕ ਸਾਰਥਕ ਕਦਮ ਹੈ। ਅਸੀਂ ਇਹ ਯਕੀਨੀ ਬਣਾਉਣਾ ਆਪਣੀ ਜ਼ਿੰਮੇਵਾਰੀ ਸਮਝਦੇ ਹਾਂ ਕਿ ਸ਼ਰਧਾਲੂ ਆਪਣੀਆਂ ਧਾਰਮਿਕ ਯਾਤਰਾਵਾਂ ਆਸਾਨੀ, ਸਤਿਕਾਰ ਅਤੇ ਪੂਰੀ ਸ਼ਰਧਾ ਨਾਲ ਕਰ ਸਕਣ।ਇਸ ਮੌਕੇ ਸ਼ਰਧਾਲੂਆਂ ਨੇ ਇਸ ਯੋਜਨਾ ਤਹਿਤ ਬੱਸ ਦਾ ਪ੍ਰਬੰਧ ਕਰਨ ਲਈ ਸਰਕਾਰ, ਸੰਸਦ ਮੈਂਬਰ ਡਾ. ਰਾਜ ਕੁਮਾਰ ਅਤੇ ਵਿਧਾਇਕ ਡਾ. ਇਸ਼ਾਂਕ ਕੁਮਾਰ ਦਾ ਧੰਨਵਾਦ ਕੀਤਾ।

# ਨਾਈਮਜਾਰਾ ਵੱਲੋਂ ਲੱਭੇ ਹੋਏ ਜ਼ਰੂਰੀ ਕਾਗਜ਼ਾਤ ਸਮਰਦੀਪ ਸਿੰਘ ਨੂੰ ਸੌਂਪੇ

**ਬਲਾਚੌਰ (ਜਸਵਿੰਦਰ ਬੈਂਸ)**- ਪਿਛਲੇ ਦਿਨੀਂ ਬਲਾਚੌਰ ਵਿਖੇ ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂ ਸਾਬਕਾ ਕੈਬਨਿਟ ਮੰਤਰੀ ਬਿਕਰਮ ਸਿੰਘ ਮਜੀਠੀਆ ਦੇ ਸਵਾਗਤੀ ਸਮਾਰੋਹ ਦੌਰਾਨ ਕੁੱਝ ਅਣਪਛਾਤੇ ਜੇਬ ਕਤਰਿਆਂ ਵੱਲੋਂ ਵੱਡੇ ਇਕੱਠ ਦੌਰਾਨ ਕੁਝ ਲੋਕਾਂ ਦੇ ਪਰਸ ਆਦਿ ਚੋਰੀ ਕੀਤੇ ਗਏ ਸਨ ਜਿਨ੍ਹਾਂ ਵਿੱਚ ਪੱਤਰਕਾਰ ਸਮਰਦੀਪ ਸਿੰਘ ਵਾਸੀ ਰਾਮਨਗਰ ਨਜ਼ਦੀਕ ਬਲਾਚੌਰ ਦਾ ਪਰਸ ਵੀ ਚੋਰੀ ਕਰ ਲਿਆ ਗਿਆ ਸੀ। ਜਿਸ ਵਿੱਚ ਸ਼ਨਾਖਤੀ ਕਾਰਡ ਸਮੇਤ ਹੋਰ ਅਤੇ ਜ਼ਰੂਰੀ ਕਾਗਜ਼ਾਤ ਵੀ ਮੌਜੂਦ ਸਨ। ਜੇਬ ਕਤਰਿਆਂ ਵੱਲੋਂ ਪਰਸ ਵਿੱਚੋਂ ਪੈਸੇ ਕੱਢ ਕੇ ਬਾਕੀ ਕਾਗਜ਼ਾਤਾਂ ਸਮੇਤ ਪਰਸ ਸੜਕ ਦੇ ਕੰਢੇ ਸੁੱਟ ਦਿੱਤਾ ਗਿਆ ਜੋ ਕਿ ਡਾਕਟਰ ਗੁਰਿੰਦਰ ਸਿੰਘ ਵਾਸੀ ਨਾਈਮਜਾਰਾ ਨੂੰ ਲੱਭ ਪਿਆ। ਉਨ੍ਹਾਂ ਵੱਲੋਂ ਜਾਂਚ ਪੜਤਾਲ ਕਰਨ ਉਪਰੰਤ ਸਮਰਦੀਪ ਸਿੰਘ ਨਾਲ ਰਾਬਤਾ ਕਾਇਮ ਕੀਤਾ ਗਿਆ। ਉਪਰੰਤ ਡਾਕਟਰ ਗੁਰਿੰਦਰ ਸਿੰਘ ਅਤੇ ਪਰਮਿੰਦਰ ਸਿੰਘ ਨਾਈਮਜਾਰਾ ਵੱਲੋਂ ਸਮੁੱਚੇ ਜ਼ਰੂਰੀ ਕਾਗਜ਼ਾਤ ਜਸਵਿੰਦਰ ਬੈਂਸ ਦੀ ਹਾਜ਼ਰੀ ਵਿੱਚ ਸਮਰਦੀਪ ਸਿੰਘ ਰਾਮ ਨਗਰ ਨੂੰ ਸੌਂਪ ਕੇ ਇਮਾਨਦਾਰੀ ਦੀ ਮਿਸਾਲ ਕਾਇਮ ਕੀਤੀ ਗਈ।



# ਬਰਾੜ ਨੂੰ ਐੱਸ ਪੀ ਵਜੋਂ ਤਰੱਕੀ ਮਿਲਣ 'ਤੇ ਪ੍ਰੈੱਸ ਕਲੱਬ ਨੇ ਕੀਤਾ ਸਨਮਾਨਤ

**ਡੇਰਾ ਬੱਸੀ (ਵਿਨੈ ਕੁਮਾਰ ਜੈਨ)**- ਪ੍ਰੈੱਸ ਕਲੱਬ ਸਬ-ਡਵੀਜ਼ਨ ਡੇਰਾ ਬੱਸੀ ਦੇ ਅਹੁਦੇਦਾਰਾਂ ਨੇ ਇੱਕ ਵਿਸ਼ੇਸ਼ ਮੀਟਿੰਗ ਕਰਕੇ ਵਿਕਰਮਜੀਤ ਸਿੰਘ ਬਰਾੜ ਨੂੰ ਐੱਸ ਪੀ ਦੇ ਅਹੁਦੇ 'ਤੇ ਪਦਉੱਨਤ (ਪ੍ਰਮੋਟ) ਹੋਣ 'ਤੇ ਸਨਮਾਨਤ ਕੀਤਾ। ਕਲੱਬ ਦੇ ਮੈਂਬਰਾਂ ਨੇ ਉਨ੍ਹਾਂ ਦੇ ਸ਼ਾਨਦਾਰ ਕਰੀਅਰ ਅਤੇ ਬਹਾਦਰੀ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਬਰਾੜ ਵਰਗੇ ਨਿਡਰ ਅਧਿਕਾਰੀ ਨੌਜਵਾਨਾਂ ਲਈ ਪ੍ਰੇਰਨਾ ਸਰੋਤ ਹਨ। ?ਇਸ ਮੌਕੇ ਪ੍ਰੈੱਸ ਕਲੱਬ ਦੇ ਪ੍ਰਧਾਨ ਅਤੇ ਸਮੁੱਚੀ ਟੀਮ ਨੇ ਉਨ੍ਹਾਂ ਨੂੰ ਫੁੱਲਾਂ ਦਾ ਗੁਲਦਸਤਾ ਭੇਟ ਕੀਤਾ ਅਤੇ ਭਵਿੱਖ ਲਈ ਸ਼ੁਭਕਾਮਨਾਵਾਂ ਦਿੱਤੀਆਂ।



# ਸੁਖਬੀਰ ਦੀ ਅਗਵਾਈ ਹੇਠ ਵਿਧਾਨ ਸਭਾ ਚੋਣਾਂ ਲਈ ਸ਼੍ਰੋਮਣੀ ਅਕਾਲ ਦਲ ਤਿਆਰ : ਖੁਰਾਣਾ, ਵਾਲੀਆ



**ਫਗਵਾੜਾ (ਡਾ. ਰਮਨ)**- ਅਗਲੇ ਸਾਲ ਹੋਣ ਵਾਲੀਆਂ ਪੰਜਾਬ ਵਿਧਾਨਸਭਾ ਚੋਣਾਂ ਤੋਂ ਪਹਿਲਾਂ ਸ਼੍ਰੋਮਣੀ ਅਕਾਲੀ ਦਲ (ਬ) ਵੱਲੋਂ ਵਿਧਾਨ ਸਭਾ ਹਲਕਾ ਫਗਵਾੜਾ 'ਚ ਸੰਗਠਨ ਦੇ ਢਾਂਚੇ ਨੂੰ ਹੋਰ ਮਜ਼ਬੂਤ ਕਰਨ ਵੱਲ ਵੱਡਾ ਕਦਮ ਚੁੱਕਿਆ ਗਿਆ ਹੈ। ਪਾਰਟੀ ਦੇ ਹਲਕਾ ਇੰਚਾਰਜ ਸ਼ਹਿਰੀ ਸਰਦਾਰ ਰਣਜੀਤ ਸਿੰਘ ਖੁਰਾਣਾ ਵੱਲੋਂ ਪਾਰਟੀ ਨੂੰ ਜ਼ਮੀਨੀ ਪੱਧਰ 'ਤੇ ਮਜ਼ਬੂਤ ਕਰਨ ਦੇ ਉਦੇਸ਼ ਨਾਲ ਸਾਬਕਾ ਆਰਮੀ ਅਫਸਰਾਂ ਤੇ ਮੁਲਾਜ਼ਮਾਂ ਨੂੰ ਵੱਡੀ ਜ਼ੁੰਮੇਵਾਰੀ ਦਿੰਦਿਆ ਕਈ ਅਹਿਮ ਨਿਯੁਕਤੀਆਂ ਦਾ ਐਲਾਨ ਕੀਤਾ ਗਿਆ ਹੈ। ਫਗਵਾੜਾ ਦੇ ਸਰਕਲ ਪ੍ਰਧਾਨ ਹਰਵਿੰਦਰ ਸਿੰਘ ਵਾਲੀਆ ਦੇ ਉਪਰਾਲੇ ਸਦਕਾ ਅਰਬਨ ਅਸਟੇਟ ਜੋਨ ਵਿੱਚੋ ਪਰਮਜੀਤ ਸਿੰਘ ਭਾਟੀਆ ਤੇ ਸਤਨਾਮ ਸਿੰਘ ਧਾਲੀਵਾਲ ਨੂੰ ਸੀਨੀਅਰ ਮੀਤ ਪ੍ਰਧਾਨ ਫਗਵਾੜਾ ਨਿਯੁਕਤ ਕੀਤਾ ਗਿਆ ਹੈ, ਜਦਕਿ ਅਮਨਦੀਪ ਸਿੰਘ ਤੇ ਸੰਤੋਖ ਸਿੰਘ ਨੂੰ ਮੀਤ ਪ੍ਰਧਾਨ ਫਗਵਾੜਾ ਦੀ ਜ਼ਿੰਮੇਵਾਰੀ ਸੌਂਪੀ ਗਈ ਹੈ। ਇਸ ਤੋਂ ਇਲਾਵਾ ਇਕਬਾਲ ਸਿੰਘ ਪਰਮਾਰ ਤੇ ਸੁਖਜਿੰਦਰ ਸਿੰਘ ਧਾਲੀਵਾਲ ਨੂੰ ਜਨਰਲ ਸਕੱਤਰ ਫਗਵਾੜਾ ਦੀ ਜ਼ਿੰਮੇਵਾਰੀ ਵੀ ਸੌਂਪੀ ਗਈ ਹੈ। ਇਸੇ ਤਰ੍ਹਾਂ ਵਾਰਡ ਪੱਧਰ 'ਤੇ ਵੀ ਪਾਰਟੀ ਨੂੰ ਮਜ਼ਬੂਤ ਕਰਨ ਲਈ ਪਰਮਜੀਤ ਸਿੰਘ ਅਜ਼ਾਦ ਨੂੰ ਵਾਰਡ ਨੰਬਰ 26 ਦਾ ਪ੍ਰਧਾਨ, ਭੁਪਿੰਦਰ ਸਿੰਘ ਨੂੰ ਵਾਰਡ ਨੰਬਰ 26 ਦਾ ਸੈਕਟਰੀ ਤੇ ਦਵਿੰਦਰਜੀਤ ਸਿੰਘ ਸਾਹਨੀ ਨੂੰ ਵਾਰਡ ਨੰਬਰ 28 ਦਾ ਪ੍ਰਧਾਨ ਨਿਯੁਕਤ ਕੀਤਾ ਗਿਆ ਹੈ। ਸਮੂਹ ਅਹੁਦੇਦਾਰਾਂ ਨੂੰ ਸਿਰੋਪਾਓ ਪਾ ਕੇ ਸਨਮਾਨਤ ਕਰਦੇ ਹੋਏ ਰਣਜੀਤ ਸਿੰਘ ਖੁਰਾਣਾ ਤੇ ਹਰਵਿੰਦਰ ਸਿੰਘ ਵਾਲੀਆਂ ਨੇ ਕਿਹਾ ਕਿ ਨਵੀਆਂ ਨਿਯੁਕਤੀਆਂ ਨਾਲ ਫਗਵਾੜਾ ਹਲਕੇ 'ਚ ਪਾਰਟੀ ਦੀ ਪਕੜ ਹੋਰ ਮਜ਼ਬੂਤ ਹੋਵੇਗੀ ਤੇ ਵਰਕਰ ਪੂਰੀ ਤਾਕਤ ਨਾਲ ਚੋਣ ਮੈਦਾਨ 'ਚ ਉਤਰਨਗੇ। ਇਸ ਮੌਕੇ ਬੀਬੀ ਸਰਬਜੀਤ ਕੌਰ, ਬਲਜੀਤ ਸਿੰਘ ਵਾਲੀਆਂ, ਅਵਤਾਰ ਸਿੰਘ ਭੁੰਗਰਨੀ, ਬਹਾਦਰ ਸਿੰਘ ਸੰਗਤਪੁਰ, ਬਲਜਿੰਦਰ ਸਿੰਘ ਠੇਕੇਦਾਰ, ਪਰਮਿੰਦਰ ਸਿੰਘ ਜੰਡੂ, ਹਰਜੋਤ ਸਿੰਘ ਪਾਹਵਾ, ਰਣਜੀਤ ਸਿੰਘ ਸੰਧਲ, ਝਿਰਮਲ ਸਿੰਘ ਭਿੰਡਰ, ਮੱਖਣ ਸਿੰਘ, ਗੁਰਮੁਖ ਸਿੰਘ ਅਰੋੜਾ, ਜਸਵਿੰਦਰ ਸਿੰਘ ਭਗਤਪੁਰਾ ਤੇ ਹੋਰ ਹਾਜ਼ਰ ਸਨ।

# ਬ੍ਰਿਗੇਡੀਅਰ ਰਾਜ ਕੁਮਾਰ ਨੇ ਕੈਬਨਿਟ ਮੰਤਰੀ ਨੂੰ ਕੰਢੀ ਖੇਤਰ ਦੀਆਂ ਮੁਸ਼ਕਲਾਂ ਤੋਂ ਕਰਵਾਇਆ ਜਾਣੂ

**ਬਲਾਚੌਰ (ਜਸਵਿੰਦਰ ਬੈਂਸ)**- ਗੁੱਜਰ ਵੈਲਫੇਅਰ ਬੋਰਡ ਪੰਜਾਬ ਦੇ ਚੇਅਰਮੈਨ ਸੇਵਾ-ਮੁਕਤ ਬ੍ਰਿਗੇਡੀਅਰ ਰਾਜ ਕੁਮਾਰ ਵੱਲੋਂ ਗੁੱਜਰ ਭਵਨ ਚੰਡੀਗੜ੍ਹ ਵਿਖੇ ਸਮਾਜਿਕ ਨਿਆਂ ਤੇ ਅਧਿਕਾਰਤਾ ਮੰਤਰੀ ਡਾ. ਬਲਜੀਤ ਕੌਰ ਨਾਲ ਇੱਕ ਅਹਿਮ ਮੁਲਾਕਾਤ ਕੀਤੀ ਗਈ। ਇਸ ਮੁਲਾਕਾਤ ਦੌਰਾਨ ਕੰਢੀ ਇਲਾਕੇ ਦੀਆਂ ਭਖਦੀਆਂ ਸਮੱਸਿਆਵਾਂ ਅਤੇ ਗੁੱਜਰ ਬਰਾਦਰੀ ਦੇ ਭਵਿੱਖ ਨਾਲ ਜੁੜੇ ਅਹਿਮ ਪਹਿਲੂਆਂ 'ਤੇ ਵਿਸਥਾਰਪੂਰਵਕ ਚਰਚਾ ਕੀਤੀ ਗਈ। ਬ੍ਰਿਗੇਡੀਅਰ ਰਾਜ ਕੁਮਾਰ ਨੇ ਮੰਤਰੀ ਦੇ ਧਿਆਨ ਵਿੱਚ ਲਿਆਂਦਾ ਕਿ ਕੰਢੀ ਖੇਤਰ ਸ਼ਿਵਾਲਿਕ ਦੀਆਂ ਪਹਾੜੀਆਂ ਦੇ ਅੰਦਰੂਨੀ ਹਿੱਸੇ ਅੱਜ ਵੀ ਬੁਨਿਆਦੀ ਸਹੂਲਤਾਂ ਤੋਂ ਸੱਖਣੇ ਹਨ। ਉਨ੍ਹਾਂ ਕਿਹਾ ਕਿ ?ਲੋਕਾਂ ਨੂੰ ਪੀਣ ਵਾਲੇ ਅਤੇ ਸਿੰਚਾਈ ਵਾਲੇ ਪਾਣੀ ਦੀ ਭਾਰੀ ਕਿੱਲਤ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ?ਬੇਸਹਾਰਾ ਪਸ਼ੂਆਂ ਕਾਰਨ ਫ਼ਸਲਾਂ ਦੇ ਹੋ ਰਹੇ ਉਜਾੜੇ ਨੇ ਕਿਸਾਨਾਂ ਦਾ ਲੱਕ ਤੋੜ ਦਿੱਤਾ ਹੈ। ?ਸਮਾਜਿਕ ਨਿਆਂ ਮੰਤਰੀ ਡਾ. ਬਲਜੀਤ ਕੌਰ ਨੇ ਬ੍ਰਿਗੇਡੀਅਰ ਰਾਜ ਕੁਮਾਰ ਦੀਆਂ ਗੱਲਾਂ ਨੂੰ ਬਹੁਤ ਗੰਭੀਰਤਾ ਨਾਲ ਸੁਣਿਆ। ਉਨ੍ਹਾਂ ਪੂਰਨ ਵਿਸ਼ਵਾਸ ਦਿਵਾਇਆ ਕਿ ਸਰਕਾਰ ਕੰਢੀ ਇਲਾਕੇ ਦੇ ਵਿਕਾਸ ਅਤੇ ਗੁੱਜਰ ਭਾਈਚਾਰੇ ਦੀਆਂ ਜਾਇਜ਼ ਮੰਗਾਂ ਨੂੰ ਹੱਲ ਕਰਨ ਲਈ ਹਰ ਸੰਭਵ ਯਤਨ ਕਰੇਗੀ।



# ਅਜੇਪਾਲ ਵਾਲਮੀਕੀ ਬਣੇ ਸਮਾਜ ਭਲਾਈ ਬੋਰਡ ਦਲਿਤ ਵਿਕਾਸ ਬੋਰਡ ਦੇ ਵਾਈਸ ਚੇਅਰਮੈਨ



**ਬਲਾਚੌਰ (ਜਸਵਿੰਦਰ ਬੈਂਸ)**- ਪੰਜਾਬ ਸਰਕਾਰ ਵੱਲੋਂ ਸਮਾਜਿਕ ਸੇਵਾਵਾਂ ਤੇ ਦਲਿਤ ਭਲਾਈ ਦੇ ਖੇਤਰ ਵਿੱਚ ਸਰਗਰਮ ਨੌਜਵਾਨ ਆਗੂ ਅਜੇਪਾਲ ਵਾਲਮੀਕੀ ਨੂੰ ਇੱਕ ਵੱਡੀ ਜ਼ਿੰਮੇਵਾਰੀ ਸੌਂਪਦਿਆਂ ਸਮਾਜ ਭਲਾਈ ਬੋਰਡ ਦਲਿਤ ਵਿਕਾਸ ਬੋਰਡ ਦਾ ਵਾਈਸ ਚੇਅਰਮੈਨ ਨਿਯੁਕਤ ਕੀਤਾ ਗਿਆ ਹੈ। ਚੰਡੀਗੜ੍ਹ ਵਿਖੇ ਆਪਣਾ ਅਹੁਦਾ ਸੰਭਾਲਣ ਉਪਰੰਤ ਜਦੋਂ ਉਹ ਵਾਪਸ ਜਲੰਧਰ ਜਾ ਰਹੇ ਸਨ, ਤਾਂ ਬਲਾਚੌਰ ਵਿਖੇ ਵਾਲਮੀਕੀ ਭਾਈਚਾਰੇ ਤੇ ਇਲਾਕਾ ਨਿਵਾਸੀਆਂ ਵੱਲੋਂ ਉਹਨਾਂ ਦਾ ਜ਼ੋਰਦਾਰ ਸਵਾਗਤ ਕੀਤਾ ਗਿਆ। ਛੋਟੀ ਉਮਰ, ਵੱਡਾ ਰੁਤਬਾ ?ਮਹਿਜ਼ 34 ਸਾਲ ਦੀ ਉਮਰ ਵਿੱਚ ਅਜੇਪਾਲ ਵਾਲਮੀਕੀ ਨੇ ਇਹ ਮੁਕਾਮ ਹਾਸਲ ਕਰਕੇ ਨੌਜਵਾਨਾਂ ਲਈ ਇੱਕ ਮਿਸਾਲ ਪੈਦਾ ਕੀਤੀ ਹੈ। ਉਨ੍ਹਾਂ ਦੇ ਸਵਾਗਤ ਲਈ ਵਿਸ਼ੇਸ਼ ਤੌਰ 'ਤੇ ਆਗੂ ਸੁਰਿੰਦਰ ਭੱਟੀ, ਡਾ ਨਰੇਸ਼ ਬੈਂਸ, ਵਿਨੋਦ ਬੈਂਸ, ਸੋਹਣ ਭੱਟੀ, ਜੋਗਿੰਦਰ ਭੱਟੀ, ਮਨਜੀਤ ਬੇਦੀ, ਕੁਲਦੀਪ ਕੁਮਾਰ, ਟੀਟੂ , ਸੂਰਜਪਾਲ, ਜਤਿਨ, ਰਵੀ ਪਾਲ, ਮਾਨਵ ਮੌਜੂਦ ਸਨ।

# ਕਾਲਾ ਸੰਘਿਆਂ 'ਚ ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਦਾ ਕੈਂਪ ਲਗਾਇਆ

**ਕਾਲਾ ਸੰਘਿਆਂ (ਮਨਜੀਤ ਮਾਨ)**- ਜ਼ਿਲ੍ਹਾ ਕਪੂਰਥਲਾ ਦੇ ਇਤਿਹਾਸਕ ਕਸਬਾ ਕਾਲਾ ਸੰਘਿਆਂ ਆਲਮਗੀਰ ਵਿਖੇ ਬਲਾਕ ਪ੍ਰਧਾਨ ਵਿਜੇ ਅਰੋੜਾ, ਕਿਸਾਨ ਵਿੰਗ ਦੇ ਪ੍ਰਧਾਨ ਨਰਿੰਦਰ ਸਿੰਘ ਸੰਘਾ,ਐੱਸ ਸੀ ਵਿੰਗ ਬਲਾਕ ਕਾਲਾ ਸੰਘਿਆਂ ਦੇ ਪ੍ਰਧਾਨ ਜਗਰੂਪ ਸਿੰਘ, ਹਰਵਿੰਦਰ ਸਿੰਘ ਸੰਘਾ, ਵਿਮੁਕਤ ਜਾਤੀਆਂ ਦੇ ਪ੍ਰਧਾਨ ਡਾਕਟਰ ਬਲਕਾਰ ਲਾਲਕਾ ਤੇ ਸੀਨੀਅਰ ਆਗੂ ਆਪ ਡਾਕਟਰ ਬਲਰਾਮ ਸ਼ਰਮਾ ਉਰਫ਼ ਡਾਕਟਰ ਕਿੰਦੀ ਦੀ ਅਗਵਾਈ ਹੇਠ ਸਰਕਾਰ ਦੀ ਇਤਿਹਾਸਕ ਯੋਜਨਾ ਨੂੰ ਆਮ ਲੋਕਾਂ ਤੱਕ ਸਿੱਧੇ ਤੇ ਅਸਾਨ ਤਰੀਕੇ ਨਾਲ ਪਹੁੰਚਾਉਣ ਪ੍ਰਸ਼ਾਸਨ ਦੇ ਸਹਿਯੋਗ ਨਾਲ ਮੁੱਖ ਮੰਤਰੀ 10 ਲੱਖ ਬੀਮਾ ਯੋਜਨਾ ਦਾ ਕੈਂਪ ਲਗਾਇਆ ਗਿਆ। ਇਸ ਕੈਂਪ ਦਾ ਆਲੇ ਦੁਆਲੇ ਦੇ ਪਿੰਡਾਂ ਦੇ ਲੋਕਾਂ ਨੇ ਲਾਭ ਲਿਆ। ਉਕਤ ਆਗੂਆਂ ਨੇ ਕਿਹਾ ਕਿ ਪਿੰਡ ਤੇ ਆਲੇ ਦੁਆਲੇ ਦੇ ਲੋਕ ਇਸ ਕੈਂਪ ਦਾ ਫਾਇਦਾ ਲੈ ਰਹੇ ਹਨ ਤੇ ਮੁੱਖ ਮੰਤਰੀ ਹੈਲਥ ਯੋਜਨਾ ਦੇ ਕਾਰਡ ਬਣਾ ਰਹੇ ਹਨ। ਉਕਤ ਆਗੂਆਂ ਨੇ ਲੋਕਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਉਹ ਇਨ੍ਹਾਂ ਕੈਂਪਾਂ ਵਿੱਚ ਆ ਕੇ ਮੁੱਖ ਮੰਤਰੀ ਸਿਹਤ ਯੋਜਨਾ ਦਾ ਲਾਭ ਉਠਾਉਣ। ਇਸ ਮੌਕੇ ਲਖਵੀਰ ਲੰਕੇਸ਼, ਵਿਕਾਸ ਸਿੱਧੀ, ਸੁਨੀਲ, ਨੇਕੀ, ਦਲਜੀਤ ਕੌਰ, ਤੋਂ ਇਲਾਵਾ ਹੋਰ ਆਗੂ ਹਾਜ਼ਰ ਸਨ।



# ਭਲਕ ਤੋਂ 17 ਤੱਕ ਹੋਵੇਗਾ ਨੇਚਰ ਫੈਸਟ-2026 : ਆਸ਼ਿਕਾ ਜੈਨ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਨੇ ਦੱਸਿਆ ਕਿ 13 ਤੋਂ 17 ਫਰਵਰੀ ਤੱਕ ਲਾਜਵੰਤੀ ਸਟੇਡੀਅਮ ਹੁਸ਼ਿਆਰਪੁਰ ਵਿਚ ਨੇਚਰ ਫੈਸਟ ਦਾ ਆਯੋਜਨ ਕੀਤਾ ਜਾਵੇਗਾ। ਇਸ ਸਬੰਧ ਵਿੱਚ ਜ਼ਿਲ੍ਹਾ ਪ੍ਰਸ਼ਾਸਕੀ ਕੰਪਲੈਕਸ ਵਿੱਚ ਸਮੀਖਿਆ ਮੀਟਿੰਗ ਦੀ ਪ੍ਰਧਾਨਗੀ ਕਰਦੇ ਹੋਏ ਉਨ੍ਹਾਂ ਸਬੰਧਤ ਵਿਭਾਗਾਂ ਦੇ ਅਧਿਕਾਰੀਆਂ ਨੂੰ ਜ਼ਰੂਰੀ ਦਿਸ਼ਾ-ਨਿਰਦੇਸ਼ ਜਾਰੀ ਕੀਤੇ। ਡਿਪਟੀ ਕਮਿਸ਼ਨਰ ਨੇ ਕਿਹਾ ਕਿ ਨੇਚਰ ਫੈਸਟ ਜ਼ਿਲ੍ਹੇ ਲਈ ਇੱਕ ਮਹੱਤਵਪੂਰਨ ਆਯੋਜਨ ਹੈ, ਜਿਸ ਵਿਚ ਵੱਡੀ ਗਿਣਤੀ ਵਿੱਚ ਆਮ ਲੋਕ, ਵਿਦਿਆਰਥੀ, ਵਿਦਿਆਰਥਣਾਂ ਅਤੇ ਵੱਖ-ਵੱਖ ਸੰਸਥਾਵਾਂ ਭਾਗ ਲੈਣਗੀਆਂ। ਇਸ ਵਿੱਚ ਸੁਰੱਖਿਆ ਵਿਵਸਥਾ, ਟਰੈਫਿਕ ਵਿਵਸਥਾ, ਸਾਫ-ਸਫਾਈ ਅਤੇ ਬੁਨਿਆਦੀ ਸਹੂਲਤਾਂ ਨੂੰ ਸਮਾਨ ਰੂਪ ਵਿੱਚ ਪਹਿਲ ਦਿੱਤੀ ਜਾਵੇ। ਉਨ੍ਹਾਂ ਨਿਰਦੇਸ਼ ਦਿੱਤੇ ਕਿ ਪੂਰੇ ਖੇਤਰ ਵਿੱਚ ਪੁਖਤਾ ਸੁਰੱਖਿਆ ਪ੍ਰਬੰਧ, ਸੀਸੀਟੀਵੀ, ਸੁਚਾਰੂ ਬਿਜਲੀ ਸਪਲਾਈ, ਝੂਲੇ, ਸਾਫ਼ ਪੀਣ ਵਾਲੇ ਦੀ ਵਿਵਸਥਾ, ਅਸਥਾਈ ਪਖਾਨੇ, ਫਾਇਰ ਸੇਫਟੀ ਇੰਤਜ਼ਾਮ ਅਤੇ ਸੁਰੱਖਿਆ ਸੇਵਾ ਉਪਲਬੱਧਤਾ ਯਕੀਨੀ ਬਣਾਈ ਜਾਵੇ।ਮੀਟਿੰਗਾਂ ਦੌਰਾਨ ਸਟੇਜ ਨਿਰਮਾਣ, ਸਟਾਲ ਅਲਾਟਮੈਂਟ, ਫੂਡ ਸਟਾਲ ਵਿਵਸਥਾ, ਸੱਭਿਆਚਾਰਕ ਪ੍ਰੋਗਰਾਮਾਂ ਦੀ ਯੋਜਨਾ, ਲਾਈਟਿੰਗ, ਸਫਾਈ, ਵੇਸਟ ਮੈਨਜਮੈਂਟ, ਡ੍ਰਿੰਕਿੰਗ ਵਾਟਰ, ਮੈਡੀਕਲ ਸਹਾਇਤਾ ਅਤੇ ਪ੍ਰਬੰਧਾਂ ਦੀ ਵਿਸਤਾਰ ਤੋਂ ਸਮੀਖਿਆ ਕੀਤੀ ਗਈ। ਡਿਪਟੀ ਕਮਿਸ਼ਨਰ ਨੇ ਨਿਰਦੇਸ਼ ਦਿੱਤੇ ਕਿ ਸਾਰੇ ਵਿਭਾਗ ਆਪਸੀ ਤਾਲਮੇਲ ਨਾਲ ਕੰਮ ਕਰਦੇ ਹੋਏ ਸਮੇਂ ਬੱਧ ਢੰਗ ਨਾਲ ਤਿਆਰੀਆਂ ਪੂਰੀਆਂ ਕਰਨ, ਤਾਂ ਜੋ ਨੇਚਰ ਫੈਸਟ-2026 ਨੂੰ ਸਫਲ, ਸੁਰੱਖਿਅਤ ਅਤੇ ਯਾਦਗਰ ਬਣਾਇਆ ਜਾ ਸਕੇ।ਉਨ੍ਹਾਂ ਨੇ ਕਿਹਾ ਕਿ ਨੇਚਰ ਫੈਸਟ ਦਾ ਉਦੇਸ਼ ਵਾਤਾਵਰਣ ਸੁਰੱਖਿਆ ਦੇ ਪ੍ਰਤੀ ਜਾਗਰੂਕਤਾ ਵਧਾਉਣਾ, ਸਥਾਨਕ ਸੱਭਿਆਚਾਰ ਨੂੰ ਉਤਸ਼ਾਹਿਤ ਕਰਨਾ ਅਤੇ ਜ਼ਿਲ੍ਹੇ ਦੀ ਚੰਗੀ ਭਾਵਨਾ ਨੂੰ ਮਜ਼ਬੂਤ ਕਰਨਾ ਹੈ। ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਨਿਕਾਸ ਕੁਮਾਰ, ਵਧੀਕ ਡਿਪਟੀ ਕਮਿਸ਼ਨਰ (ਜ) ਅਮਰਬੀਰ ਕੌਰ ਭੁੱਲਰ, ਕਮਿਸ਼ਨਰ ਨਗਰ ਨਿਗਮ ਜਯੋਤੀ ਬਾਲਾ ਮੱਟੂ, ਐਸਡੀਐਮ ਮੁਕੇਰੀਆਂ ਓਇਸ਼ੀ ਮੰਡਲ, ਐਸ.ਡੀ.ਐਮ ਹੁਸ਼ਿਆਰਪੁਰ ਗੁਰਸਿਮਰਨਜੀਤ ਕੌਰ, ਐਸ.ਪੀ ਨਵਨੀਤ ਕੌਰ, ਆਰ.ਟੀ.ਓ ਅਮਨਦੀਪ ਕੌਰ ਅਤੇ ਸਹਾਇਕ ਕਮਿਸ਼ਨਰ ਪਰਮਪ੍ਰੀਤ ਸਿੰਘ ਸਮੇਤ ਹੋਰ ਵਿਭਾਗਾਂ ਦੇ ਅਧਿਕਾਰੀ ਮੌਜੂਦ ਸਨ।



# ਮੋਰਿੰਡਾ ਫਤਿਹ ਦਿਵਸ ਸਮਾਗਮ ਅੱਜ

**ਮੋਰਿੰਡਾ (ਨਿਹਾਲ ਸਿੰਘ ਕਲਸੀ)**- ਮੋਰਿੰਡਾ ਫ਼ਤਹਿ ਦਿਵਸ ਸਬੰਧੀ ਧਾਰਮਿਕ ਸਮਾਗਮ 12 ਫਰਵਰੀ ਨੂੰ ਗੁਰਦੁਆਰਾ ਸ੍ਰੀ ਸ਼ਹੀਦ ਗੰਜ ਸਾਹਿਬ ਮੋਰਿੰਡਾ ਵਿਖੇ ਕਰਵਾਇਆ ਜਾ ਰਿਹਾ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆ ਗੁਰਦੁਆਰਾ ਸਾਹਿਬ ਦੇ ਮੈਨੇਜਰ ਦਲਵੀਰ ਸਿੰਘ ਮੂੰਡੀਆਂ ਨੇ ਦੱਸਿਆ ਕਿ ਇਹ ਧਾਰਮਿਕ ਸਮਾਗਮ ਗੁਰਦੁਆਰਾ ਸ਼ਹੀਦ ਗੰਜ ਸਾਹਿਬ ਮੋਰਿੰਡਾ ਵਿਖੇ ਕਰਵਾਏ ਜਾ ਰਹੇ ਹਨ । ਮੋਰਿੰਡਾ ਫ਼ਤਹਿ ਦਿਵਸ ਦੀਆਂ ਤਿਆਰੀਆਂ ਜ਼ੋਰਾਂ ਉਤੇ ਚੱਲ ਰਹੀਆਂ ਹਨ। ਇਸ ਸਮਾਗਮ ਸਬੰਧੀ ਗੁਰਦੁਆਰਾ ਸਾਹਿਬ ਵਿੱਚ ਸ੍ਰੀ ਅਖੰਡ ਪਾਠ ਸਾਹਿਬ ਅਰੰਭ ਕਰਵਾਏ ਗਏ। ਉਹਨਾਂ ਦੱਸਿਆ ਕਿ 12 ਫਰਵਰੀ ਨੂੰ 10 ਵਜੇ ਸਵੇਰੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪੈਣਗੇ।ਉਪਰੰਤ ਢਾਡੀ ਦਰਬਾਰ ਸਜਾਇਆ ਜਾਵੇਗਾ। ਜਿਸ ਵਿੱਚ ਪ੍ਰਸਿੱਧ ਢਾਡੀ ਸਵਰਨ ਸਿੰਘ ਢੰਗਰਾਲੀ ਆਪਣੇ ਜਥੇ ਸਮੇਤ ਫਤਿਹ ਦਿਵਸ ਸਬੰਧੀ ਪ੍ਰਸੰਗ ਸੁਣਾ ਕੇ ਸੰਗਤਾਂ ਨੂੰ ਨਿਹਾਲ ਕਰਨਗੇ। ਇਹਨਾਂ ਤੋਂ ਇਲਾਵਾ ਢਾਡੀ ਬਲਵੀਰ ਸਿੰਘ ਰਸੀਲਾ ਦਾ ਜੱਥਾ ਦਿੱਲੀ ਫ਼ਤਹਿ ਤੇ ਢਾਡੀ ਗੁਰਨਾਮ ਸਿੰਘ ਮੋਹੀ ਦਾ ਜੱਥਾ ਸਰਹਿੰਦ ਫ਼ਤਹਿ ਦੀ ਗਾਥਾ ਨਾਲ ਸੰਗਤਾਂ ਨੂੰ ਨਿਹਾਲ ਕਰੇਗਾ। ਸਮਾਗਮ ਮੋਰਿੰਡਾ ਦੇ ਇਸ ਮਹਾਨ ਇਤਿਹਾਸ ਨਾਲ ਲੋਕਾਂ ਨੂੰ ਜੋੜਨ ਦੇ ਉਪਰਾਲੇ ਦੀ ਸ਼ੁਰੂਆਤ ਹੈ। ਇਹ ਸਮਾਗਮ ਉਹਨਾਂ ਸਿੰਘਾਂ, ਸ਼ਹੀਦਾਂ ਦੀ ਯਾਦ ਕਰਵਾਏਗਾ ਜਿਹਨਾਂ ਦੀ ਯਾਦ ਵਿੱਚ ਸਥਾਨਕ ਗੁਰਦੁਆਰਾ ਸ਼ਹੀਦ ਗੰਜ ਸਾਹਿਬ ਬਣਿਆ ਹੋਇਆ ਹੈ।ਇਸ ਸਮੇਂ ਮੋਰਿੰਡਾ ਫ਼ਤਹਿ ਦਿਵਸ ਦੇ ਮੁੱਖ ਸੂਤਰਧਾਰ ਰਣ ਸਿੰਘ ਸਿੰਘ ਤੇ ਦਲ ਸਿੰਘ ਪਿੰਡ ਘੜੂੰਆਂ ਦੇ ਖ਼ਾਨਦਾਨੀ ਵਾਰਸਾਂ ਨੂੰ ਵਿਸ਼ੇਸ਼ ਤੌਰ ਤੇ ਸਨਮਾਨਤ ਕੀਤਾ ਜਾਵੇਗਾ।ਸਭਾ ਦੇ ਸ੍ਰਪਰਸਤ ਕੁਲਵੀਰ ਸਿੰਘ ਨੇ ਸਮੂਹ ਇਲਾਕਾ ਨਿਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਇਸ ਸਮਾਗਮ ਵਿੱਚ ਹਾਜ਼ਰ ਹੋ ਕੇ ਸ਼ਹੀਦਾਂ ਨੂੰ ਸ਼ਰਧਾਂਜਲੀਆਂ ਭੇਟ ਕਰਨ। ਸ੍ਰੀ ਅਖੰਡ ਪਾਠ ਸਾਹਿਬ ਦੀ ਅਰੰਭਤਾ ਅਰਦਾਸ ਮੌਕੇ ਮੋਰਿੰਡਾ ਦੀਆਂ ਨਾਮਵਰ ਸ਼ਖ਼ਸੀਅਤਾਂ , ਫੈਡਰੇਸ਼ਨ ਦੇ ਸ੍ਰਪਰਸਤ ਕੁਲਵੀਰ ਸਿੰਘ ਸੋਨੂੰ, ਦਲਜੀਤ ਸਿੰਘ,ਵਿਕਰਮਜੀਤ ਸਿੰਘ , ਭੁਪਿੰਦਰ ਸਿੰਘ ਸਿੰਘ , ਅਵਤਾਰ ਸਿੰਘ, ਸਹਿਤਕਾਰ ਸੁਰਿੰਦਰ ਸਿੰਘ ਰਸੂਲਪੁਰ, ਹਰਵਿੰਦਰ ਸਿੰਘ , ਗੁਰਵਿੰਦਰ ਸਿੰਘ,ਸੁਖਵਿੰਦਰ ਸਿੰਘ, ਜਗਜੀਤ ਸਿੰਘ, ਜਗਵਿੰਦਰ ਸਿੰਘ ਆਦਿ ਹਾਜ਼ਰ ਸਨ।



# ਨੈਤਿਕ ਸਿੱਖਿਆ ਇਮਤਿਹਾਨ 'ਚ ਵਿਦਿਆਰਥੀਆਂ ਨੇ ਮੱਲਾਂ ਮਾਰੀਆਂ



**ਜੇਜੋਂ ਦੋਆਬਾ, (ਨਿਰਮਲ ਸਿੰਘ ਮੁੱਗੋਵਾਲ)**- ਗੁਰੂ ਗੋਬਿੰਦ ਸਿੰਘ ਸਟੱਡੀ ਸਰਕਲ ਹੁਸ਼ਿਆਰਪੁਰ ਜ਼ੋਨ ਵੱਲੋਂ ਵੱਖ ਵੱਖ ਸਕੂਲਾਂ ਦੇ ਵਿਦਿਆਰਥੀਆਂ ਦਾ ਨੈਤਿਕ ਸਿੱਖਿਆ ਇਮਤਿਹਾਨ 2025 ਕਰਵਾਇਆ ਗਿਆ ਜਿਸ ਵਿੱਚ ਕੁੱਲ 100 ਬੱਚਿਆਂ ਨੇ ਹਿੱਸਾ ਲਿਆ। ਇਸ ਇਮਤਿਹਾਨ ਵਿੱਚ ਸੰਤ ਰਾਮ ਸਿੰਘ ਪਬਲਿਕ ਸਕੂਲ ਤਾਜੇਵਾਲ ਦੇ ਬੱਚਿਆਂ ਸੁਖਮੀਤ ਕੌਰ, ਅਰਸ਼ਪ੍ਰੀਤ ਕੌਰ, ਦੀਕਸ਼ਾ ਰਾਣਾ, ਰਾਧਿਕਾ ਅਤੇ ਲਵਪ੍ਰੀਤ ਕੌਰ ਨੇ ਪਹਿਲਾ ਸਥਾਨ ਪ੍ਰਾਪਤ ਕੀਤਾ। ਇਸੇ ਤਰ੍ਹਾਂ ਵੱਖ-ਵੱਖ ਕਲਾਸਾਂ ਵਿੱਚੋਂ ਪ੍ਰਭਦੀਪ ਸਿੰਘ, ਬਨਿਸ਼ਾ ,ਅਮਨ ਭਰਮੋਤਾ, ਗੁਰਸਰਨਪ੍ਰੀਤ ਕੌਰ, ਗੁਰਜੋਤ ਕੌਰ, ਪਰਨੀਤ ਕੌਰ ਅਤੇ ਬੰਦਨਾ ਨੇ ਦੂਜਾ ਸਥਾਨ ਪ੍ਰਾਪਤ ਕੀਤਾ। ਇਸੇ ਤਰ੍ਹਾਂ ਵੱਖ-ਵੱਖ ਕਲਾਸਾਂ ਦੇ ਵਿਦਿਆਰਥੀਆਂ ਵਿੱਚੋਂ ਹਰਸਿਮਰਤ ਕੌਰ, ਗੁਰਸਿਮਰਨ ਕੌਰ, ਬਵਨੀਤ ਕੌਰ, ਪੂਰਵੀ, ਸਿਮਰਨਜੀਤ ਕੌਰ ਅਤੇ ਹਰਸ਼ਦੀਪ ਕੌਰ ਨੇ ਤੀਜਾ ਸਥਾਨ ਪ੍ਰਾਪਤ ਕੀਤਾ। ਪਹਿਲਾ ਦੂਜਾ ਅਤੇ ਤੀਜਾ ਸਥਾਨ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਨੂੰ ਨਗਦ ਇਨਾਮ ਅਤੇ ਮਮੈਂਟੋ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਸੰਤ ਮਹਾਂਵੀਰ ਸਿੰਘ ਤਾਜੇਵਾਲ, ਸਰਦਾਰ ਬਲਵੀਰ ਸਿੰਘ, ਲੰਬੜਦਾਰ ਜਸਪਾਲ ਸਿੰਘ, ਮੈਨੇਜਰ ਨਰਵੀਰ ਸਿੰਘ, ਪ੍ਰਿੰਸੀਪਲ ਅੰਜਨਾ ਅਤੇ ਸਕੂਲ ਦਾ ਸਮੂਹ ਸਟਾਫ ਹਾਜ਼ਰ ਸੀ।

# ਮਹਾਂ-ਸ਼ਿਵਰਾਤਰੀ 'ਤੇ ਸ਼ੋਭਾ ਯਾਤਰਾ 14 ਨੂੰ

**ਜਲੰਧਰ (ਲਖ਼ਵਿੰਦਰ ਆਧੀ)** ਸ਼ਿਵ ਸ਼ਕਤੀ ਮੰਦਰ ਅਨੂਪ ਨਗਰ ਦੀ ਪ੍ਰਬੰਧਕ ਕਮੇਟੀ ਵੱਲੋਂ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਮਹਾਂ ਸ਼ਿਵਰਾਤਰੀ ਦਾ ਤਿਉਹਾਰ ਬੜੀ ਸ਼ਰਧਾ ਭਾਵਨਾ ਨਾਲ ਮਨਾਇਆ ਜਾ ਰਿਹਾ ਹੈ। ਪੰਡਿਤ ਜੈਪ੍ਰਕਾਸ਼ ਭੱਟ ਨੇ ਦੱਸਿਆ ਕਿ ਮਹਾਂ ਸ਼ਿਵਰਾਤਰੀ ਦੇ ਤਿਉਹਾਰ ਨੂੰ ਸਮਰਪਤ ਭਰਵਾਤ ਫੇਰੀਆਂ ਕੱਢੀਆਂ ਜਾ ਰਹੀਆਂ ਹਨ ਤੇ ਸੰਗਤਾਂ ਵਿਚ ਭਾਰੀ ਉਤਸ਼ਾਹ ਪਾਇਆ ਜਾ ਰਿਹਾ ਹੈ ਤੇ ਲੋਕਾਂ ਵੱਲੋਂ ਭਰਵਾਂ ਸਵਾਗਤ ਕੀਤਾ ਗਿਆ। ਉਨ੍ਹਾਂ ਦੱਸਿਆ ਕਿ 14 ਫਰਵਰੀ ਨੂੰ ਸ਼ੋਭਾ ਯਾਤਰਾ ਕੱਢੀ ਜਾਵੇਗੀ ਤੇ 15 ਫਰਵਰੀ ਨੂੰ ਵਿਸ਼ਾਲ ਲੰਗਰ ਭੰਡਾਰਾਂ ਲਗਾਇਆ ਜਾਵੇਗਾ। ਇਸ ਮੌਕੇ ਤੇ ਕਮੇਟੀ ਦੇ ਪ੍ਰਧਾਨ ਬਾਂਸੀ ਲਾਲ, ਬਿਦਰ,ਸੰਜੇ ਚੌਧਰੀ,ਅਰਜਨ,ਪੂਰਨ, ਸੰਜੇ, ਬਿੱਟੂ, ਪ੍ਰਮਿਲਾ ਦੇਵੀ, ਪੂਨਮ ਆਦਿ ਹੋਰ ਵੀ ਬਹੁਤ ਸਾਰੇ ਸ਼ਰਧਾਲੂਆਂ ਹਾਜ਼ਰ ਸਨ।



# ਸ੍ਰੀ ਗੁਰੂ ਰਵਿਦਾਸ ਮਹਾਰਾਜ ਦਾ ਪ੍ਰਕਾਸ਼ ਪੁਰਬ ਮਨਾਇਆ

**ਹੁਸ਼ਿਆਰਪੁਰ (ਓ ਪੀ ਰਾਣਾ)**- ਪਿੰਡ ਮਾਨਾ ਹਲਕਾ ਚੱਬੇਵਾਲ ਵਿਖੇ ਸ੍ਰੀ ਗੁਰੂ ਰਵਿਦਾਸ ਨੌਜਵਾਨ ਸਭਾ ਜ਼ਿਲ੍ਹਾ ਹੁਸ਼ਿਆਰਪੁਰ ਤੇ ਸਮੂਹ ਸੰਗਤ ਵਲੋਂ ਸ੍ਰੀ ਗੁਰੂ ਰਵਿਦਾਸ ਮਹਾਰਾਜ ਦੇ ਪ੍ਰਕਾਸ਼ ਦਿਹਾੜੇ ਹਰਭਜਨ ਸਿੰਘ ਦੀ ਪ੍ਰਧਾਨਗੀ ਹੇਠ ਦੇਸ਼ ਵਿਦੇਸ਼ ਤੇ ਇਲਾਕਾ ਨਿਵਾਸੀ ਸੰਗਤਾਂ ਦੇ ਸਹਿਯੋਗ ਨਾਲ ਸ਼ਰਧਾ ਪੂਰਵਕ ਮਨਾਏ ਗਏ। ਇਸ ਮੌਕੇ ਜਾਣਕਾਰੀ ਸਾਂਝੀ ਕਰਦਿਆਂ ਪ੍ਰਧਾਨ ਹਰਭਜਨ ਸਿੰਘ ਨੇ ਦੱਸਿਆ ਕਿ ਗੁਰੂ ਰਵਿਦਾਸ ਮਹਾਰਾਜ ਜੀ ਦੇ ਪ੍ਰਕਾਸ਼ ਦਿਹਾੜੇ ਦੀਆਂ ਖੁਸ਼ੀਆਂ ਵਿੱਚ ਪ੍ਰਭਾਤ ਫੇਰੀਆਂ ਵੀ ਕੱਢੀਆ ਗਈਆਂ। ਸ੍ਰੀ ਗੁਰੂ ਗ੍ਰੰਥ ਸਹਿਬ ਜੀ ਦੀ ਛਤਰਛਾਇਆ ਹੇਠ ਤੇ ਪੰਜ ਪਿਆਰਿਆਂ ਦੀ ਅਗਵਾਈ ਵਿਚ ਵਿਸ਼ਾਲ ਨਗਰ ਕੀਰਤਨ ਸਜਾਏ ਗਏ, ਨਗਰ ਕੀਰਤਨ ਸੰਗਤਾਂ ਦੇ ਭਾਰੀ ਇਕੱਠ ਦੇ ਨਾਲ ਨਗਰ ਮਾਨਾ ਦੀ ਪਰਿਕਰਮਾ ਦੌਰਾਨ ਸ੍ਰੀ ਕਲਗੀਧਰ ਗੁਰਦਵਾਰਾ ਸਾਹਿਬ ਵਿਖੇ ਨਿੱਘਾ ਸਵਾਗਤ ਕੀਤਾ ਗਿਆ ਤੇ ਨਾਲ ਹੀ ਸੰਗਤਾਂ ਨੂੰ ਕੜਾਹ ਪ੍ਰਸ਼ਾਦਿ ਅਤੇ ਲੰਗਰ ਛਕਾਏ ਗਏ। ਇਸੇ ਤਰਾਂ ਪਿੰਡ ਢੱਕੋਵਾਲ ਦੀ ਸਮੂਹ ਸੰਗਤ ਅਤੇ ਗੁਰੂ ਘਰ ਦੀ ਕਮੇਟੀ ਨੇ ਵੀ ਨਗਰ ਕੀਰਤਨ ਦਾ ਨਿੱਘਾ ਸਵਾਗਤ ਕੀਤਾ ਤੇ ਸੰਗਤਾਂ ਗੁਰੂ ਕੇ ਲੰਗਰ ਅਤੁੱਟ ਵਰਤਾਏ ।ਰਾਗੀ ਜਥਿਆਂ ਵਲੋਂ ਰਸਭਿੰਨਾ ਕੀਰਤਨ ਕਰਕੇ ਸੰਗਤਾਂ ਨੂੰ ਨਿਹਾਲ ਕੀਤਾ ।ਗੁਰੂ ਦੀਆਂ ਲਾਡਲੀਆਂ ਸੰਗਤਾਂ ਦਾ ਭਾਰੀ ਇਕੱਠ ਅਤੇ ਸ਼ਰਧਾਭਾਵਨਾ ਦੇਖਣ ਨੂੰ ਮਿਲੀ। ਉਨ੍ਹਾਂ ਦੱਸਿਆ ਕਿ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਤੋਂ ਉਪਰੰਤ ਪੰਜਾਬ ਦੇ ਮਸ਼ਹੂਰ ਢਾਡੀ ਜਥਾ ਭਾਈ ਤਰਸੇਮ ਸਿੰਘ ਮੋਰਾਂਵਾਲੀ ਵਲੋਂ ਗੁਰੂ ਸਾਹਿਬਾਨਾਂ ਦੀ ਬਾਣੀ ਦੇ ਨਾਲ ਜੋੜਦੇ ਹੋਏ ਕ੍ਰਾਂਤੀਕਾਰੀ ਵਿਚਾਰਾਂ ਨਾਲ ਸੰਗਤਾਂ ਨੂੰ ਨਿਹਾਲ ਕੀਤਾ ਤੇ ਹਰਭਜਨ ਸਿੰਘ ਪ੍ਰਧਾਨ ਦੀ ਅਗਵਾਈ ਹੇਠ ਗੁਰੂਘਰ ਕਮੇਟੀ ਮੈਂਬਰਾਂ ਨੇ ਦਾਨੀ ਸੱਜਣਾ ਨੂੰ ਸਿਰਪਾਓ ਤੇ ਗੁਰੂ ਰਵਿਦਾਸ ਮਹਾਰਾਜ ਦੇ ਸੁੰਦਰ ਸਰੂਪ ਭੇਟ ਕਰਕੇ ਸਨਮਾਨਿਤ ਕੀਤਾ। ਸੰਗਤਾਂ ਲਈ ਗੁਰੂ ਕੇ ਲੰਗਰ ਅਤੁੱਟ ਵਰਤਾਏ ਗਏ। ਇਸ ਮੌਕੇ ਐਡਵੋਕੇਟ ਪਲਵਿੰਦਰ ਮਾਨਾ, ਜਸਬੀਰ ਸਿੰਘ ਬੰਗੜ, ਡਾਕਟਰ ਸਰਵਣ ਸਿੰਘ ਹੈੱਡ ਗ੍ਰੰਥੀ, ਸਤਪਾਲ ਪਾਲ ਸਿੰਘ ਖਾਲਸਾ ਗ੍ਰੰਥੀ, ਪ੍ਰਦੀਪ ਕੁਮਾਰ ਉਪ ਪ੍ਰਧਾਨ, ਬਾਬੂ ਰੌਸ਼ਨ ਲਾਲ ਜਨਰਲ ਸਕੱਤਰ, ਹਰਮੇਸ਼ ਲਾਲ ਖਜਾਨਚੀ, ਸਾਬਕਾ ਸਰਪੰਚ ਠੇਕੇਦਾਰ ਬਲਬੀਰ ਸਿੰਘ ਸੀਨੀਅਰ ਮੈਂਬਰ, ਹਰਿਅਵਤਾਰ ਸਿੰਘ ਯੂ ਐੱਸ ਏ, ਰਾਜ ਕੁਮਾਰ ਉਪ ਖਜਾਨਚੀ, ਤਰਸੇਮ ਲਾਲ ਮੈਂਬਰ, ਲੰਬੜਦਾਰ ਬਲਵਿੰਦਰ ਸਿੰਘ, ਸਤੀਸ਼ ਕੁਮਾਰ ਸਾਬਕਾ ਸਰਪੰਚ, ਗੁਰਮੀਤ ਸਿੰਘ, ਜਗਦੀਪ , ਧਨਪਤ, ਸਵਿੰਦਰ ਕੌਰ ਸਾਬਕਾ ਸਰਪੰਚ, ਸੁਰਿੰਦਰ ਕੌਰ ਸਾਬਕਾ ਸਮਿਤੀ ਮੈਂਬਰ, ਮਨਦੀਪ ਕੌਰ ਸਾਬਕਾ ਪੰਚ, ਰਾਜਵਿੰਦਰ ਕੌਰ ਪੰਚ, ਸੁਰਿੰਦਰ ਕੌਰ, ਲਖਵਿੰਦਰ ਕੌਰ, ਬੀਬੀ ਬਚਨਕੌਰ, ਸਵਰਨ ਕੌਰ, ਮੁਸਕਾਨ, ਨੇਹਾ ਨਿਸ਼ਾ, ਬਿੰਦਰ, ਮੰਨਤ, ਸੀਤਲ ਕੌਰ, ਮਨਜੀਤ ਕੌਰ ਤੇ ਵੱਡੀ ਗਿਣਤੀ ਵਿੱਚ ਸੰਗਤ ਹਾਜਰ ਸੀ।



# ਐੱਸ ਡੀ ਕਾਲਜ ਫਾਰ ਵੂਮੈਨ ਦਾ ਸਾਲਾਨਾ ਫੇਟ ਮੇਲਾ ਸੰਪੰਨ




**ਸੁਲਤਾਨਪੁਰ ਲੋਧੀ, (ਹਨੀ)**- ਐੱਸ ਡੀ ਕਾਲਜ ਫਾਰ ਵੂਮੈਨ ਵਿਖੇ ਪ੍ਰਿੰਸੀਪਲ ਡਾ. ਵੰਦਨਾ ਸ਼ੁਕਲਾ ਦੀ ਅਗਵਾਈ ਵਿਚ ਸਲਾਨਾ ਫੇਟ ਮੇਲੇ ਦਾ ਆਯੋਜਨ ਬੜੀ ਧੂਮਧਾਮ ਨਾਲ ਕੀਤਾ ਗਿਆ। ਕਾਲਜ ਦੀ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਰਾਕੇਸ਼ ਕੁਮਾਰ ਧੀਰ ਸਮਾਗਮ ਵਿਚ ਬਤੌਰ ਮੁੱਖ ਮਹਿਮਾਨ ਵੱਜੋਂ ਸ਼ਾਮਲ ਹੋਏ, ਜਿਨ੍ਹਾਂ ਦਾ ਸਟਾਫ਼ ਮੈਂਬਰਾਂ ਤੇ ਵਿਦਿਆਰਥਣਾਂ ਵੱਲੋਂ ਜ਼ੋਰਦਾਰ ਸਵਾਗਤ ਕੀਤਾ ਗਿਆ। ਇਸ ਦੌਰਾਨ ਵਿਦਿਆਰਥਣਾਂ ਦੇ ਮਨੋਰੰਜਨ ਲਈ ਖਾਣ ਪੀਣ ਤੇ ਗੇਮਜ਼ ਦੇ ਸਟਾਲਾਂ ਦਾ ਆਯੋਜਨ ਵੱਡੇ ਪੱਧਰ 'ਤੇ ਕੀਤਾ ਗਿਆ, ਜਦਕਿ ਮਾਡਲਿੰਗ ਰਾਹੀਂ ਫੇਟ ਕੁਈਨ ਦਰਮਿਆਨ ਹੋਇਆ ਮੁਕਾਬਲਾ ਖਿੱਚ ਦਾ ਕੇਂਦਰ ਰਿਹਾ। ਮਾਡਲਿੰਗ ਸ਼ੋਅ 'ਚ ਵਿਦਿਆਰਥਣਾਂ ਵੱਡੀ ਗਿਣਤੀ ਵਿਚ ਹਿੱਸਾ ਲਿਆ। ਵੱਖ ਵੱਖ ਰਾਊਂਡ 'ਚੋਂ ਗੁਜ਼ਰਦਿਆਂ ਅਮਨਦੀਪ ਕੌਰ ਫੇਟ ਕੁਈਨ ਦੇ ਖ਼ਿਤਾਬ 'ਤੇ ਕਬਜ਼ਾ ਕਰਨ 'ਚ ਸਫ਼ਲ ਰਹੀ । ਰਿਤਿਕਾ ਫਸਟ ਰਨਰ ਅੱਪ, ਤਵਿੰਦਰਜੀਤ ਕੌਰ ਮਿਸ ਕਾਨਫੀਡੈਂਸ, ਨੰਦਿਨੀ ਸ਼ਰਮਾ ਮਿਸ ਬਿਊਟੀਫੁਲ ਸਮਾਈਲ, ਮਨਮੀਤ ਕੌਰ ਮਿਸ ਸਿੰਪਲੀਸਿਟੀ ਤੇ ਰਣਜੀਤ ਕੌਰ ਮਿਸ ਬਿਊਟੀਫੁਲ ਡਰੈਸ ਦਾ ਖਿਤਾਬ ਹਾਸਲ ਕਰਨ 'ਚ ਸਫ਼ਲ ਰਹੀ। ਸਮਾਗਮ ਦੇ ਅੰਤ ਵਿਚ ਲੱਕੀ ਡਰਾਅ ਤੇ ਫੇਟ ਕੁਈਨ ਸਮੇਤ ਜੇਤੂ ਵਿਦਿਆਰਥਣਾਂ ਨੂੰ ਸਨਮਾਨਤ ਕੀਤਾ ਗਿਆ। ਮੰਚ ਸੰਚਾਲਨ ਰਾਜਬੀਰ ਕੌਰ ਵੱਲੋਂ ਕੀਤਾ ਗਿਆ। ਜਨਰਲ ਸੈਕਟਰੀ ਮੁਕੇਸ਼ ਕੁਮਾਰ, ਮੈਨੇਜਰ ਉਮਾ ਦੱਤ ਸ਼ਰਮਾ, ਸ਼ਸ਼ੀਕਾਂਤ ਚੋਪੜਾ, ਅਸ਼ੋਕ ਗੁਜਰਾਲ, ਬਲਦੇਵ ਰਾਜ ਵਧਵਾ, ਕਮਲ ਕਿਸ਼ੋਰ ਚਾਵਲਾ, ਰਵਿੰਦਰ ਠਾਕੁਰ, ਪਵਨ ਕੁਮਾਰ, ਪ੍ਰਿੰਸੀਪਲ ਰੂਬੀ ਭਗਤ, ਪ੍ਰਿੰਸੀਪਲ ਕਰਨਜੀਤ ਸਿੰਘ, ਮੈਡਮ ਰਜਿੰਦਰ ਕੌਰ, ਰਜਨੀ ਬਾਲਾ, ਅਰਪਣਦੀਪ ਕੌਰ, ਹਰਲੀਨ ਕੌਰ, ਜਸਵਿੰਦਰ ਕੌਰ, ਕਸ਼ਮੀਰ ਕੌਰ, ਸੁਨੀਤਾ ਕਲੇਰ, ਮਨਦੀਪ ਕੌਰ, ਰਾਜਵਿੰਦਰ ਕੌਰ, ਗੀਟਾ ਮਸੀਹ, ਸੋਨਮ, ਸੋਨੀਆ, ਸਲਵਿੰਦਰ ਕੌਰ, ਰਾਜੀਵ ਕੁਮਾਰ, ਸ਼ਕਤੀ ਕੁਮਾਰ ਆਦਿ ਸਟਾਫ਼ ਮੈਂਬਰ, ਵੱਡੀ ਗਿਣਤੀ ਵਿਚ ਵਿਦਿਆਰਥਣਾਂ ਅਤੇ ਵੱਖ ਵੱਖ ਸਕੂਲਾਂ ਦੇ ਵਿਦਿਆਰਥੀਆਂ ਫੇਟ ਮੇਲੇ ਦਾ ਆਨੰਦ ਮਾਣਿਆ।

# ਐੱਸ ਸੀ/ਬੀ ਸੀ ਇੰਪਲਾਈਜ਼ ਵੈੱਲਫ਼ੇਅਰ ਫੈਡਰੇਸ਼ਨ ਵੱਲੋਂ ਹੜਤਾਲ ਨੂੰ ਸਮਰਥਨ ਦੇਣ ਦਾ ਐਲਾਨ

**ਦਸੂਹਾ (ਕਰਨੈਲ ਮਾਂਗਟ)**- ਗਜ਼ਟਿਡ ਤੇ ਨਾਨ ਗਜ਼ਟਿਡ ਐੱਸ ਸੀ ਬੀ ਸੀ ਇੰਪਲਾਈਜ਼ ਵੈਲਫ਼ੇਅਰ ਫੈਡਰੇਸ਼ਨ ਪੰਜਾਬ ਦੀ ਜ਼ਿਲ੍ਹਾ ਪੱਧਰੀ ਹੰਗਾਮੀ ਮੀਟਿੰਗ ਸ੍ਰੀ ਗੁਰੂ ਰਵਿਦਾਸ ਭਵਨ ਦਸੂਹਾ ਵਿਖੇ ਜ਼ਿਲ੍ਹਾ ਪ੍ਰਧਾਨ ਬਲਦੇਵ ਸਿੰਘ ਧੁੱਗਾ ਤੇ ਤਹਿਸੀਲ ਪ੍ਰਧਾਨ ਬਲਜੀਤ ਸਿੰਘ ਦੀ ਅਗਵਾਈ ਹੇਠ ਹੋਈ । ਇਸ ਮੀਟਿੰਗ ਵਿੱਚ ਸੂਬਾ ਚੇਅਰਮੈਨ ਜਸਬੀਰ ਸਿੰਘ ਪਾਲ ਅਤੇ ਸੂਬਾ ਪ੍ਰਧਾਨ ਕੁਲਵਿੰਦਰ ਸਿੰਘ ਬੋਦਲ ਨੇ ਉਚੇਚੇ ਤੌਰ ਤੇ ਸ਼ਮੂਲੀਅਤ ਕੀਤੀ । ਇਸ ਮੌਕੇ ਤੇ ਚੇਅਰਮੈਨ ਜਸਬੀਰ ਸਿੰਘ ਪਾਲ ਨੇ ਮਿਡ ਡੇ ਮੀਲ ਵਰਕਰਾਂ ਵੱਲੋਂ 12 ਫ਼ਰਵਰੀ ਨੂੰ ਕੀਤੀ ਜਾ ਰਹੀ ਦੇਸ਼ ਵਿਆਪੀ ਹੜਤਾਲ ਦਾ ਸਮਰਥਨ ਕਰਨ ਦਾ ਐਲਾਨ ਕੀਤਾ ਅਤੇ ਵੱਧ ਤੋਂ ਵੱਧ ਲੋਕਾਂ ਨੂੰ ਇਸ ਸੰਘਰਸ਼ ਦਾ ਹਿੱਸਾ ਬਣਨ ਲਈ ਅਪੀਲ ਕੀਤੀ। ਉਨ੍ਹਾਂ ਕਿਹਾ ਕਿ ਕੇਂਦਰ ਸਰਕਾਰ ਅਤੇ ਰਾਜ ਸਰਕਾਰਾਂ ਮਿਡ ਡੇ ਮੀਲ ਵਰਕਰਾਂ,ਆਂਗਣਵਾੜੀ ਵਰਕਰਾਂ, ਆਸ਼ਾ ਵਰਕਰਾਂ ਅਤੇ ਆਊਟ ਸੋਰਸਿੰਗ ਅਧੀਨ ਭਰਤੀ ਕੀਤੇ ਗਏ ਕਾਮਿਆਂ ਦਾ ਲਗਾਤਾਰ ਆਰਥਿਕ ਅਤੇ ਸਮਾਜਿਕ ਸ਼ੋਸ਼ਣ ਕਰ ਰਹੀ ਹੈ ।ਮਿਡ ਡੇ ਮੀਲ ਵਰਕਰਾਂ ਪਾਸੋਂ ਨਿਗੂਣੇ ਜਿਹੇ ਮਾਣ ਭੱਤੇ ਤੇ ਸਕੂਲਾਂ ਵਿੱਚ ਖਾਣਾ ਤਿਆਰ ਕਰਨ ਲਈ ਚਾਰ ਪੰਜ ਘੰਟੇ ਕੰਮ ਲਿਆ ਜਾਂਦਾ ਹੈ ।ਉਨ੍ਹਾਂ ਸਰਕਾਰ ਨੂੰ ਪੁਰਜ਼ੋਰ ਅਪੀਲ ਕੀਤੀ ਕਿ ਇਹਨਾਂ ਵਰਕਰਾਂ ਦਾ ਮਾਣਭੱਤਾ ਘੱਟੋ ਘੱਟ ਸੱਤ ਸੌ ਰੁਪਏ ਪ੍ਰਤੀ ਦਿਨ ਨਿਰਧਾਰਿਤ ਕੀਤਾ ਜਾਵੇ ਅਤੇ ਮਹਿੰਗਾਈ ਦਰ ਅਨੁਸਾਰ ਹਰ ਸਾਲ ਇਸ ਵਿੱਚ ਵਾਧਾ ਵੀ ਕੀਤਾ ਜਾਵੇ। ਇਸ ਮੌਕੇ ਤਹਿਸੀਲ ਮੁਕੇਰੀਆਂ ਦੇ ਪ੍ਰਧਾਨ ਲਖਵੀਰ ਸਿੰਘ, ਤਹਿਸੀਲ ਹੁਸ਼ਿਆਰਪੁਰ ਦੇ ਪ੍ਰਧਾਨ ਜਰਨੈਲ ਸਿੰਘ, ਬਲਾਕ ਪ੍ਰਧਾਨ ਦਸੂਹਾ ਗੁਰਜਿੰਦਰ ਸਿੰਘ ਪਾਲ, ਸੁਰਿੰਦਰ ਕੁਮਾਰ, ਤਲਵਾੜਾ ਤੋਂ ਗੁਰਦਰਸ਼ਨ ਸਿੰਘ, ਭੂੰਗਾ ਤੋਂ ਜਸਵੀਰ ਸਿੰਘ, ਜਸਪਾਲ ਸਿੰਘ, ਟਾਂਡਾ ਤੋਂ ਰਿੰਕੂ ਭਾਟੀਆ, ਸੁਖਵੀਰ ਸਿੰਘ, ਮੁਕੇਰੀਆਂ ਤੋਂ ਜੈਲ ਸਿੰਘ, ਸੁਰੇਸ਼ ਕੁਮਾਰ, ਬੁੱਲੋਵਾਲ ਤੋਂ ਸੁਖਦੇਵ ਭਾਟੀਆ, ਹੁਸ਼ਿਆਰਪੁਰ ਤੋਂ ਪ੍ਰਭਜੋਤ ਸਿੰਘ,ਲਖਵਿੰਦਰ ਰਾਮ, ਅੰਬੇਡਕਰ ਮਿਸ਼ਨ ਕਲੱਬ ਦੇ ਇੰਚਾਰਜ ਯੋਧਾ ਮੱਲ ਪਾਲ, ਸਥਾਨਕ ਯੂਨਿਟ ਦੇ ਮੈਂਬਰ ਲੈਕਚਰਾਰ ਬਲਵੀਰ ਸਿੰਘ, ਜਗਦੀਪ ਸਿੰਘ ਰੋਮੀ, ਲੈਕਚਰਾਰ ਦਲਜੀਤ ਸਿੰਘ, ਲੈਕਚਰਾਰ ਕਸ਼ਮੀਰ ਸਿੰਘ, ਜਸਵੀਰ ਸਿੰਘ ਬੋਦਲ, ਬਲਵਿੰਦਰ ਸਿੰਘ ਅਤੇ ਸੰਤੋਖ਼ ਸਿੰਘ ਪੰਡੋਰੀ ਅਰਾਈਆਂ ਸਮੇਤ ਹੋਰ ਮੈਂਬਰ ਹਾਜ਼ਰ ਸਨ ।



# ਬਜ਼ੁਰਗਾਂ ਲਈ ਸਿਹਤ ਤੇ ਸਹਾਇਤਾ ਕੈਂਪ ਲਗਾਇਆ

**ਡੇਰਾਬੱਸੀ (ਵਿਨੈ ਕੁਮਾਰ ਜੈਨ)**- ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀਆਂ ਹਦਾਇਤਾਂ ਦੀ ਪਾਲਣਾ ਵਿੱਚ ਅਤੇ ਸਮਾਜਿਕ ਸੁਰੱਖਿਆ, ਇਸਤਰੀ ਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਦੀ ਅਗਵਾਈ ਹੇਠ ਪੰਜਾਬ ਵਿੱਚ ਚੱਲ ਰਹੀ ਸਾਡੇ ਬਜ਼ੁਰਗ ਸਾਡਾ ਮਾਣ ਮੁਹਿੰਮ ਤਹਿਤ ਸ੍ਰੀ ਰਾਮ ਮੰਦਰ, ਡੇਰਾਬੱਸੀ ਵਿਖੇ ਬਜ਼ੁਰਗਾਂ ਦੀ ਸਿਹਤ ਅਤੇ ਲੋੜਾਂ ਸਬੰਧੀ ਵਿਸ਼ੇਸ਼ ਕੈਂਪ ਲਗਾਇਆ ਗਿਆ।ਇਸ ਕੈਂਪ ਵਿੱਚ ਡੇਰਾਬੱਸੀ ਦੇ ਵਿਧਾਇਕ ਕੁਲਜੀਤ ਸਿੰਘ ਰੰਧਾਵਾ ਨੇ ਮੁੱਖ ਤੌਰ 'ਤੇ ਪਹੁੰਚ ਕੇ ਸ਼ਿਰਕਤ ਕੀਤੀ ਤੇ ਬਜ਼ੁਰਗਾਂ ਨਾਲ ਗੱਲਬਾਤ ਕਰਦਿਆਂ ਸਰਕਾਰ ਵੱਲੋਂ ਚਲਾਈਆਂ ਜਾ ਰਹੀਆਂ ਭਲਾਈ ਯੋਜਨਾਵਾਂ ਬਾਰੇ ਜਾਣਕਾਰੀ ਦਿੱਤੀ। ਉਨ੍ਹਾਂ ਇਸ ਮੌਕੇ ਭਰੋਸਾ ਦਿਵਾਇਆ ਕਿ ਭਗਵੰਤ ਸਿੰਘ ਮਾਨ ਸਰਕਾਰ ਬਜ਼ੁਰਗਾਂ ਦੀ ਸਾਂਭ ਸੰਭਾਲ ਲਈ ਵਿਸ਼ੇਸ਼ ਯਤਨ ਕਰ ਰਹੀ ਹੈ, ਜਿਸ ਤਹਿਤ ਇਨ੍ਹਾਂ ਕੈਂਪਾਂ ਤੋਂ ਇਲਾਵਾ ਉਨ੍ਹਾਂ ਲਈ ਯੋਗਾ ਸੈਸ਼ਨ, ਛੋਟੇ ਪੱਧਰ ਦੇ ਖੇਡ ਤੇ ਹੋਰ ਮੁਕਾਬਲੇ ਵੀ ਕਰਵਾਏ ਜਾ ਰਹੇ ਹਨ।ਜ਼ਿਲ੍ਹਾ ਸਮਾਜਿਕ ਸੁਰੱਖਿਆ ਅਫ਼ਸਰ ਨਵਦੀਪ ਕੌਰ ਸਿੱਧੂ ਨੇ ਦੱਸਿਆ ਕਿ ਸਮਾਜਿਕ ਸੁਰੱਖਿਆ, ਇਸਤਰੀ ਅਤੇ ਬਾਲ ਵਿਕਾਸ ਵਿਭਾਗ ਵੱਲੋਂ ਲਗਾਏ ਇਸ ਕੈਂਪ ਵਿੱਚ ਬਜ਼ੁਰਗਾਂ ਦੀ ਮੁਫ਼ਤ ਸਿਹਤ ਜਾਂਚ ਕੀਤੀ ਗਈ ਅਤੇ ਹਰ ਤਰ੍ਹਾਂ ਦੀਆਂ ਲੋੜੀਂਦੀਆਂ ਦਵਾਈਆਂ ਪ੍ਰਦਾਨ ਕੀਤੀਆਂ ਗਈਆਂ। ਜਿਨ੍ਹਾਂ ਮਰੀਜ਼ਾਂ ਨੂੰ ਆਪ੍ਰੇਸ਼ਨ ਦੀ ਲੋੜ ਸੀ, ਉਨ੍ਹਾਂ ਦੀ ਰਜਿਸਟ੍ਰੇਸ਼ਨ ਕੀਤੀ ਗਈ।ਇਸ ਤੋਂ ਇਲਾਵਾ ਲੋੜਵੰਦ ਬਜ਼ੁਰਗਾਂ ਨੂੰ ਐਨਕਾਂ, ਵਾਕਿੰਗ ਸਟਿਕ, ਕਾਲਰ ਆਦਿ ਵੰਡੇ ਗਏ ਅਤੇ ਹੋਰ ਸਹਾਇਕ ਉਪਕਰਨ ਮੁਹੱਈਆ ਕਰਵਾਉਣ ਲਈ ਮਰੀਜ਼ਾਂ ਦੇ ਨਾਂਅ ਦਰਜ ਕੀਤੇ ਗਏ। ਕੈਂਪ ਦੌਰਾਨ ਯੋਗ ਬਜ਼ੁਰਗਾਂ ਦੀਆਂ ਪੈਨਸ਼ਨਾਂ ਲਗਾਈਆਂ ਗਈਆਂ, ਸੀਨੀਅਰ ਸਿਟੀਜ਼ਨ ਕਾਰਡਾਂ ਲਈ ਅਰਜ਼ੀਆਂ ਭਰਵਾਈਆਂ ਗਈਆਂ ਤੇ ਉਨ੍ਹਾਂ ਨੂੰ ਕਾਨੂੰਨੀ ਸਹਾਇਤਾ ਪ੍ਰਦਾਨ ਕਰਨ ਬਾਰੇ ਤੇ ਬੈਂਕ ਫਰਾਡਾਂ ਤੋਂ ਬਚਣ ਲਈ ਵੀ ਜਾਣਕਾਰੀ ਕੀਤੀ ਗਈ।




# ਪ੍ਰਕਾਸ਼ ਉਤਸਵ ਨੂੰ ਸਮਰਪਤ ਸਾਲਾਨਾ ਸਮਾਗਮ

**ਬਲਾਚੌਰ (ਜਸਵਿੰਦਰ ਬੈਂਸ)**- ਗੁਰਦੁਆਰਾ ਪ੍ਰਭੂ ਨਿਵਾਸ ਕਸਬਾ ਭੱਦੀ ਵਿਖੇ ਸ੍ਰੀ ਗੁਰੂ ਰਵਿਦਾਸ ਮਹਾਰਾਜ ਦੇ ਪ੍ਰਕਾਸ਼ ਉਤਸਵ ਨੂੰ ਸਮਰਪਤ ਸਾਲਾਨਾ ਸਮਾਗਮ ਸਮੂਹ ਸੰਗਤਾਂ ਦੇ ਸਹਿਯੋਗ ਨਾਲ ਮੁੱਖ ਸੇਵਾਦਾਰ ਸੰਤ ਪ੍ਰੇਮ ਸਿੰਘ ਦੀ ਅਗਵਾਈ ਹੇਠ ਸ਼ਰਧਾ ਤੇ ਸਤਿਕਾਰ ਸਹਿਤ ਕਰਵਾਇਆ ਗਿਆ। ਇਸ ਅੱਠ ਦਿਨਾਂ ਸਮਾਗਮ ਦੌਰਾਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਅਖੰਡ ਪਾਠਾਂ ਦੀ ਲੜੀ ਦੇ ਭੋਗ ਪਾਉਣ ਉਪਰੰਤ ਭਾਈ ਅਮਰਜੀਤ ਸਿੰਘ ਧੌਲ, ਗਿਆਨੀ ਸ਼ਿੰਗਾਰਾ ਸਿੰਘ ਅਤੇ ਵੱਖ ਵੱਖ ਸੰਤਾਂ ਮਹਾਂਪੁਰਸ਼ਾਂ, ਢਾਡੀ ਜਥਿਆਂ ਅਤੇ ਕੀਰਤਨੀ ਜਥਿਆਂ ਵੱਲੋਂ ਸੰਗਤਾਂ ਨੂੰ ਆਪਣੇ ਪ੍ਰਵਚਨਾਂ ਨਾਲ ਨਿਹਾਲ ਕੀਤਾ ਗਿਆ। ਸੰਤ ਪ੍ਰੇਮ ਸਿੰਘ ਵੱਲੋਂ ਸਮੁੱਚੀਆਂ ਸੰਗਤਾਂ ਨੂੰ ਗੁਰੂ ਰਵਿਦਾਸ ਮਹਾਰਾਜ ਦੇ ਪ੍ਰਕਾਸ਼ ਉਤਸਵ ਦੀ ਵਧਾਈ ਦਿੱਤੀ ਗਈ ਤੇ ਉਨ੍ਹਾਂ ਗੁਰੂਆਂ ਦੇ ਦੱਸੇ ਮਾਰਗ ਤੇ ਚੱਲ ਕੇ ਆਪਣਾ ਜੀਵਨ ਸਫਲ ਬਣਾਉਣ ਦੀ ਪ੍ਰੇਰਣਾ ਦਿੱਤੀ। ਸਮਾਗਮ ਦੌਰਾਨ ਸੰਗਤਾਂ ਨੂੰ ਗੁਰੂ ਦਾ ਅਤੁੱਟ ਲੰਗਰ ਵਰਤਾਇਆ ਗਿਆ। ਸੰਤ ਪ੍ਰੇਮ ਸਿੰਘ ਵੱਲੋਂ ਸਮੁੱਚੇ ਪਤਵੰਤਿਆਂ ਅਤੇ ਸਹਿਯੋਗੀਆਂ ਨੂੰ ਵਿਸ਼ੇਸ਼ ਤੌਰ ਤੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਮੇਜਰ ਸਿੰਘ ਸੈਕਟਰੀ ਬਛੌੜੀ, ਸੁੱਚਾ ਸਿੰਘ ਮਹਿਤਪੁਰ, ਹਰਦੀਪ ਸਿੰਘ ਮਹਿਤਪੁਰ, ਹਰਵਿੰਦਰ ਸਿੰਘ ਖਾਲਸਾ ਮਹਿੰਦਪੁਰ, ਜਥੇਦਾਰ ਬਲਵੀਰ ਸਿੰਘ ਘਮੌਰ, ਸੇਵਕ ਜਥਾ ਭਾਈ ਘਨਈਆ ਦਲ ਜਾਡਲਾ ਦੇ ਜਥੇਦਾਰ ਸਰਦਾਰ ਤੇਜਪਾਲ ਸਿੰਘ, ਹਰਦੀਪ ਸਿੰਘ ਮਹਿਤਪੁਰ, ਹਰਨੇਕ ਸਿੰਘ ਧੌਲ, ਕਰਨ ਸਿੰਘ ਭੱਦੀ, ਸੰਤ ਹਰਚਰਨ ਸਿੰਘ ਖਾਲਸਾ ਰਾਮਦਾਸਪੁਰ, ਭਾਈ ਰਜਿੰਦਰ ਸਿੰਘ ਰਹਿਪਾ, ਹਰਿਦੁਆਰ ਤੋਂ ਸੰਤ ਮੰਡਲੀ ਸਮੇਤ ਇਲਾਕੇ ਦੀਆਂ ਸੰਗਤਾਂ ਹਾਜ਼ਰ ਸਨ।



# ਅਨੁਸੂਚਿਤ ਜਾਤੀ ਕਮਿਸ਼ਨ ਨੇ ਸਕੂਲ ਮੁਖੀ ਦੀ ਬਦਲੀ ਕਰਕੇ ਜਾਂਚ ਮੁਕੰਮਲ ਕਰਨ ਦੇ ਕੀਤੇ ਹੁਕਮ

**ਲੁਧਿਆਣਾ (ਸਤੀਸ਼ ਸਚਦੇਵਾ)**-ਪੰਜਾਬ ਰਾਜ ਅਨੁਸੂਚਿਤ ਜਾਤੀ ਕਮਿਸ਼ਨ ਵੱਲੋਂ 9 ਫਰਵਰੀ ਨੂੰ ਡਾਇਰੈਕਟਰ ਸਕੂਲ ਸਿੱਖਿਆ ਨੂੰ ਪੱਤਰ ਭੇਜ ਕੇ ਸਰਕਾਰੀ ਮਾਡਲ ਪ੍ਰਾਇਮਰੀ ਸਕੂਲ ਮੋਤੀ ਨਗਰ (ਜ਼ਿਲ੍ਹਾ ਲੁਧਿਆਣਾ) ਦੇ ਹੈੱਡ ਟੀਚਰ ਦੀ ਤੁਰੰਤ ਪ੍ਰਭਾਵ ਨਾਲ ਬਦਲੀ ਕਰਨ ਦੇ ਹੁਕਮ ਜਾਰੀ ਕੀਤੇ ਗਏ ਹਨ, ਤਾਂ ਜੋ ਸਕੂਲ ਦੀ ਹੀ ਇੱਕ ਮਹਿਲਾ ਅਧਿਆਪਕਾ ਵੱਲੋਂ ਲਗਾਏ ਗਏ ਗੰਭੀਰ ਇਲਜ਼ਾਮਾਂ, ਤੰਗ ਪ੍ਰੇਸ਼ਾਨ ਅਤੇ ਬਦਨਾਮ ਕਰਨ ਦੇ ਗੰਭੀਰ ਦੋਸ਼ਾਂ ਵਾਲੇ ਮਾਮਲੇ ਵਿੱਚ ਜਾਂਚ ਨੂੰ ਪ੍ਰਭਾਵਿਤ ਹੋਣ ਤੋਂ ਰੋਕਿਆ ਜਾ ਸਕੇ। ਇਸ ਮਸਲੇ ਨੂੰ ਲੈ ਕੇ ਡੈਮੋਕ੍ਰੇਟਿਕ ਟੀਚਰਜ਼ ਫਰੰਟ ਪੰਜਾਬ (ਜ਼ਿਲ੍ਹਾ ਲੁਧਿਆਣਾ), 6635 ਈਟੀਟੀ ਅਧਿਆਪਕ ਯੂਨੀਅਨ ਲੁਧਿਆਣਾ ਅਤੇ 4161 ਮਾਸਟਰ ਕਾਡਰ ਯੂਨੀਅਨ ਵੱਲੋਂ ਪੀੜਤ ਅਧਿਆਪਕਾ ਲਈ ਇਨਸਾਫ਼ ਦੀ ਮੰਗ ਲਈ ਸਕੂਲ ਮੁਖੀ ਨੂੰ ਤਬਦੀਲ ਕਰਕੇ ਗੁੱਟ-ਏ ਮਹਿਲਾ ਅਧਿਕਾਰੀਆਂ ਤੋਂ ਨਿਰਪੱਖ ਜਾਂਚ ਕਰਵਾਕੇ ਬਣਦੀ ਕਾਰਵਾਈ ਕਰਨ ਦੀ ਮੰਗ ਕੀਤੀ ਜਾ ਰਹੀ ਹੈ।ਇਸ ਸਬੰਧੀ ਗੱਲਬਾਤ ਕਰਦੇ ਹੋਏ ਜੱਥੇਬੰਦੀਆਂ ਦੇ ਆਗੂਆਂ ਰਮਨਜੀਤ ਸਿੰਘ ਸੰਧੂ, ਰੁਪਿੰਦਰਪਾਲ ਸਿੰਘ ਗਿੱਲ, ਪਰਮਿੰਦਰ ਸਿੰਘ ਮਲੋਟ ਅਤੇ ਜਸਵਿੰਦਰ ਸਿੰਘ ਐਤੀਆਣਾ ਨੇ ਦੱਸਿਆ ਕਿ ਜ਼ਿਲ੍ਹਾ ਸਿੱਖਿਆ ਅਫ਼ਸਰ ਲੁਧਿਆਣਾ ਦਫਤਰ ਦੇ ਪਿਛਲੇ ਸਮੇਂ ਵਿੱਚ ਜਾਰੀ ਆਫੀਸ਼ਲ ਪੱਤਰਾਂ ਅਨੁਸਾਰ ਸਬੰਧਤ ਸਕੂਲ ਮੁਖੀ 'ਤੇ ਪਹਿਲਾਂ ਵੀ ਕਈ ਗੰਭੀਰ ਮਾਮਲਿਆਂ ਵਿੱਚ ਦੋਸ਼ ਲੱਗਦੇ ਰਹੇ ਹਨ, ਪਰ ਹਰ ਵਾਰ ਉਹ ਆਪਣੇ ਪ੍ਰਭਾਵ ਦੀ ਵਰਤੋਂ ਕਰਕੇ ਬਚ ਜਾਂਦਾ ਰਿਹਾ ਹੈ। ਇਸ ਮਾਮਲੇ ਵਿੱਚ ਵੀ ਉਸ ਵੱਲੋਂ ਆਪਣੇ ਖਿਲਾਫ ਹੋਈ ਸ਼ਿਕਾਇਤ ਤੋਂ ਬੁਖਲਾ ਕੇ ਪੀੜਤ ਅਧਿਆਪਕਾ ਨੂੰ ਮੀਡੀਆ ਵਿੱਚ ਨਿੱਜੀ ਤੌਰ 'ਤੇ ਬਦਨਾਮ ਕਰਨ, ਉਸ ਦੀ ਹਮਾਇਤ ਵਿੱਚ ਖੜ੍ਹਨ ਵਾਲਿਆਂ ਖਿਲਾਫ ਸਾਜ਼ਿਸ਼ੀ ਬਿਆਨਬਾਜ਼ੀ ਤੇ ਝੂਠੀਆਂ ਸ਼ਿਕਾਇਤਾਂ ਕਰਨ, ਆਪਣੇ ਪ੍ਰਭਾਵ ਦੀ ਵਰਤੋਂ ਕਰਕੇ ਸਬੂਤ ਮਿਟਾਉਣ ਅਤੇ ਉੱਚ ਅਧਿਕਾਰੀਆਂ ਦੀ ਮਨਜ਼ੂਰੀ ਤੋਂ ਬਿਨਾਂ ਹੀ ਸਕੂਲ ਦੇ ਲੌਗ ਬੁੱਕ ਤੇ ਮਹੂਏ ਦੀ ਦੁਰਵਰਤੋਂ ਕਰਕੇ ਕੁੱਝ ਮੀਡੀਆ ਅਦਾਰਿਆਂ ਨੂੰ ਬੇਵਜ੍ਹਾ ਦੇ ਅਣ-ਅਧਿਕਾਰਤ ਨੋਟਿਸ ਭੇਜ ਕੇ ਪੀੜਤ ਦੀ ਆਵਾਜ਼ ਦਬਾਉਣ ਦੇ ਯਤਨ ਕੀਤੇ ਗਏ ਹਨ, ਪ੍ਰੰਤੂ ਉਹ ਪੀੜਤਾ ਨੂੰ ਇਨਸਾਫ਼ ਦਿਵਾਉਣ ਲਈ ਬਣਦੀ ਜਥੇਬੰਦਕ ਭੂਮਿਕਾ ਪੂਰੀ ਨਿਰਭਤਾ ਨਾਲ ਨਿਭਾਉਣੀ ਜਾਰੀ ਰੱਖਣ ਲਈ ਦ੍ਰਿੜ੍ਹ ਹਨ।ਇਸ ਮੌਕੇ ਪੀੜਤ ਅਧਿਆਪਕਾ ਨਰਿੰਦਰ ਪਾਲ ਕੌਰ ਨੇ ਪੰਜਾਬ ਰਾਜ ਅਨੁਸੂਚਿਤ ਜਾਤੀ ਕਮਿਸ਼ਨ ਦੇ ਫੈਸਲੇ 'ਤੇ ਤਸੱਲੀ ਪ੍ਰਗਟ ਕਰਦੇ ਹੋਏ ਦੱਸਿਆ ਕਿ ਸਕੂਲ ਦੇ ਹੈੱਡ ਟੀਚਰ ਵੱਲੋਂ ਉਸ ਖਿਲਾਫ ਪਿਛਲੇ ਲੰਮੇ ਸਮੇਂ ਤੋਂ ਜਾਤੀਆਂ ਤੇ ਨਸਲੀ ਟਿੱਪਣੀਆਂ ਰਾਹੀਂ ਨਫ਼ਰਤ ਦਾ ਪ੍ਰਗਟਾਵਾ ਕੀਤਾ ਜਾਂਦਾ ਰਿਹਾ ਹੈ।28 ਅਤੇ 29 ਨਵੰਬਰ 2025 ਨੂੰ ਸਕੂਲ ਵਿੱਚ ਹਾਜ਼ਰ ਹੋਣ ਦੇ ਬਾਵਜੂਦ ਉਸ ਨੂੰ ਸਟਾਫ ਰਜਿਸਟਰ ਵਿੱਚ ਅਣ ਅਧਿਕਾਰਿਤ ਤੌਰ 'ਤੇ ਹਾਜ਼ਰੀ ਪਾਉਣ ਤੋਂ ਰੋਕਿਆ ਗਿਆ ਅਤੇ ਜਲੀਲ ਕੀਤਾ ਗਿਆ, ਜਿਸ ਦੇ ਦਸਤੀ ਸਬੂਤ ਮੌਜੂਦ ਹਨ।ਇਸ ਤੋਂ ਪਹਿਲਾਂ ਹੈੱਡ ਟੀਚਰ ਵੱਲੋਂ ਆਨੇ ਬਹਾਨੇ ਹਰ ਸਾਲ 2200 ਰੁਪਏ ਅਤੇ ਸਕੂਲ ਦੀ ਸਫਾਈ ਦੇ ਨਾਮ 'ਤੇ 300 ਰੁਪਏ ਹਰ ਮਹੀਨੇ ਦਬਾਅ ਅਧੀਨ ਲਏ ਜਾਂਦੇ ਰਹੇ ਸਨ, ਜਿਸ ਦੀਆਂ ਸਲਿੱਪਾਂ ਵੀ ਮੌਜੂਦ ਹਨ। ਹੈੱਡ ਟੀਚਰ ਵੱਲੋਂ ਵਾਰ ਵਾਰ ਮਾਨਸਿਕ ਤੰਗ ਕਰਨਾ ਬੰਦ ਨਾ ਕਰਨ 'ਤੇ ਇਹ ਫੰਡ ਦੇਣ ਤੋਂ ਇਨਕਾਰ ਕਰਨ ਤੋਂ ਬਾਅਦ ਉਸ ਵੱਲੋਂ 19 ਦਸੰਬਰ ਤੋਂ 21 ਜਨਵਰੀ 2026 ਦਰਮਿਆਨ ਮੇਰੇ ਇਕੱਲੀ ਲਈ ਬਾਥਰੂਮ ਨੂੰ ਜਿੰਦਰਾ ਲਗਾ ਦਿੱਤਾ ਅਤੇ ਸਕੂਲ ਵਿੱਚਲੇ ਸਫ਼ਾਈ ਕਰਮਚਾਰੀਆਂ ਨੂੰ ਮੇਰੀ ਜਮਾਤ ਦੀ ਸਫ਼ਾਈ ਕਰਨ ਤੋਂ ਵੀ ਮਨ੍ਹਾ ਕਰ ਦਿੱਤਾ ਗਿਆ, ਜਿਸ ਦੇ ਆਡੀਓ, ਵੀਡੀਓ ਅਤੇ ਤਸਵੀਰਾਂ ਦੇ ਰੂਪ ਵਿੱਚ ਸਬੂਤ ਵੀ ਮੌਜੂਦ ਹਨ।ਇਸ ਤਰ੍ਹਾਂ ਮੇਰੇ ਲਈ ਸਕੂਲ ਵਿੱਚ ਅਪਮਾਨਜਨਕ ਮਾਹੌਲ ਬਣਾਉਂਦੇ ਹੋਏ ਇੱਕ ਔਰਤ ਵਜੋਂ ਮੇਰੀ ਇੱਜ਼ਤ ਅਤੇ ਸੁਰੱਖਿਆ ਨੂੰ ਪ੍ਰਭਾਵਿਤ ਕੀਤਾ ਗਿਆ। ਅਧਿਆਪਕਾ ਨੇ ਪੰਜਾਬ ਸਰਕਾਰ ਅਤੇ ਉੱਚ ਸਿੱਖਿਆ ਅਧਿਕਾਰੀਆਂ ਤੋਂ ਮੰਗ ਕੀਤੀ ਕਿ ਮੋਤੀ ਨਗਰ ਸਕੂਲ ਦੇ ਹੈੱਡ ਟੀਚਰ ਦੀ ਲੁਧਿਆਣਾ ਜ਼ਿਲ੍ਹੇ ਤੋਂ ਬਾਹਰ ਪ੍ਰਬੰਧਕੀ ਬਦਲੀ ਕਰਕੇ ਕੰਮ ਵਾਲੀ ਜਗ੍ਹਾ 'ਤੇ ਜਿਨਸੀ ਸ਼ੋਸ਼ਣ ਰੋਕਣ ਦੇ ਕਾਨੂੰਨ 2013 ਅਤੇ ਅਨੁਸੂਚਿਤ ਜਾਤੀ/ਅਨੁਸੂਚਿਤ ਜਨਜਾਤੀ (ਅੱਤਿਆਚਾਰ ਰੋਕੂ) ਐਕਟ ਅਨੁਸਾਰ ਤੇਜ਼ ਮਾਪਦੰਡਾਂ ਅਨੁਸਾਰ ਨਿਰਪੱਖ ਜਾਂਚ ਕੀਤੀ ਜਾਵੇ ਅਤੇ ਉਸ ਨੂੰ ਬਣਦਾ ਇਨਸਾਫ਼ ਦਿੱਤਾ ਜਾਵੇ।ਅਧਿਆਪਕ ਆਗੂਆਂ ਨੇ ਦੱਸਿਆ ਕਿ ਸਮੁੱਚੀਆਂ ਜਨਤਕ, ਜਮਹੂਰੀ ਅਤੇ ਇਨਸਾਫ਼ ਪਸੰਦ ਜਥੇਬੰਦੀਆਂ ਨੂੰ ਪੀੜਤ ਅਧਿਆਪਕਾ ਲਈ ਇਨਸਾਫ਼ ਦੇ ਹੱਕ ਵਿੱਚ ਆਵਾਜ਼ ਬੁਲੰਦ ਕਰਨ ਲਈ 16 ਫਰਵਰੀ ਨੂੰ ਈਸੜੂ ਭਵਨ ਲੁਧਿਆਣਾ ਵਿਖੇ ਸਾਂਝੀ ਮੀਟਿੰਗ ਦਾ ਸੱਦਾ ਦਿੱਤਾ ਜਾ ਰਿਹਾ ਹੈ।

## ਆਲ ਇੰਡੀਆ ਹਿਊਮਨ ਰਾਈਟਸ ਐਸੋਸੀਏਸ਼ਨ ਨੇ ਬਜ਼ੁਰਗਾਂ ਨੂੰ ਪੈਨਸ਼ਨ ਤੇ ਰਾਸ਼ਨ ਦਿੱਤਾ



**ਜਗਰਾਉਂ (ਸੰਜੀਵ ਅਰੋੜਾ, ਅਮਿਤ ਖੰਨਾ)**-ਆਲ ਇੰਡੀਆ ਹਿਊਮਨ ਰਾਈਟਸ ਐਸੋਸੀਏਸ਼ਨ ਜਗਰਾਉਂ ਵੱਲੋਂ ਮਾ: ਰਾਜ ਕੁਮਾਰ ਗੋਇਲ ਦੀ ਯਾਦ 'ਚ ਪੈਨਸ਼ਨ ਤੇ ਰਾਸ਼ਨ ਵੰਡ ਸਮਾਰੋਹ ਕੀਤਾ। ਇਸ 192ਵੇਂ ਪੈਨਸ਼ਨ ਵੰਡ ਸਮਾਰੋਹ 'ਚ ਮੁੱਖ ਮਹਿਮਾਨ ਡਾ: ਵਿਵੇਕ ਗੋਇਲ ਵੱਲੋਂ ਆਪਣੇ ਪਿਤਾ ਦੀ ਯਾਦ 'ਚ 25 ਬਜ਼ੁਰਗਾਂ ਨੂੰ ਪੈਨਸ਼ਨ ਤੇ ਰਾਸ਼ਨ ਵੰਡਿਆ। ਗੈਸਟ ਆਫ ਆਨਰ ਮੰਜ਼ਰ ਸਿੰਘ ਛੀਨਾ ਵੱਲੋਂ 25 ਬਜ਼ੁਰਗਾਂ ਲਈ ਆਟੇ ਦੀਆਂ ਥੈਲੀਆਂ ਦੀ ਸੇਵਾ ਕੀਤੀ ਗਈ। ਇੱਥੇ ਜ਼ਿਕਰਯੋਗ ਹੈ ਕਿ ਡਾ: ਗੋਇਲ ਪਰਿਵਾਰ ਵੱਲੋਂ ਪਿਛਲੇ 7-8 ਸਾਲਾਂ ਤੋਂ ਪੈਨਸ਼ਨ ਦੀ ਸੇਵਾ ਵੀ ਕੀਤੀ ਜਾ ਰਹੀ ਹੈ। ਸਟੇਜ ਦੀ ਭੂਮਿਕਾ ਕਰਦਿਆਂ ਰਾਜਨ ਬਾਂਸਲ ਨੇ ਡਾ: ਵਿਵੇਕ ਗੋਇਲ ਦੇ ਇਸ ਰਾਸ਼ਨ ਤੇ ਪੈਨਸ਼ਨ ਦੇ ਨੇਕ ਉਪਰਾਲੇ ਦੀ ਸ਼ਲਾਘਾ ਕਰਦੇ ਦੱਸਿਆ ਕਿ ਮਾ: ਰਾਜ ਕੁਮਾਰ ਗੋਇਲ ਇੱਕ ਜਿੰਦਾ ਦਿਲ, ਮਿਹਨਤੀ ਵਿਅਕਤੀ ਸਨ। ਡਾ: ਵਿਵੇਕ ਗੋਇਲ ਤੇ ਮੰਜ਼ਰ ਸਿੰਘ ਛੀਨਾ ਨੇ ਸੰਸਥਾ ਦਾ ਤਹਿ ਦਿਲੋਂ ਧੰਨਵਾਦ ਕੀਤਾ ਕਿ ਉਨ੍ਹਾਂ ਨੂੰ ਇਸ ਸੇਵਾ ਦਾ ਮੌਕਾ ਦਿੱਤਾ। ਪ੍ਰਧਾਨ ਮਨਜਿੰਦਰਪਾਲ ਸਿੰਘ ਹਨੀ ਨੇ ਸਮੂਹ ਹਾਜ਼ਰ ਗੈਸਟ, ਮੈਂਬਰਾਂ ਤੇ ਬਜ਼ੁਰਗਾਂ ਨੂੰ ਜੀ ਆਇਆਂ ਆਖਿਆ ਤੇ ਧੰਨਵਾਦ ਕੀਤਾ। ਇਸ ਮੌਕੇ ਜੁਆਇੰਟ ਸੈਕਟਰੀ ਜਸਪਾਲ ਸਿੰਘ, ਜੁਆਇੰਟ ਸੈਕਟਰੀ ਰਜਨੀਸ਼ਪਾਲ ਸਿੰਘ, ਪ੍ਰੋਜੈਕਟ ਡਾਇਰੈਕਟਰ ਵਿੱਕੀ ਔਲਖ, ਕੌਂਸਲਰ ਵਿਕਰਮ ਜੱਸੀ, ਪਬਲੀਸਿਟੀ ਅਫਸਰ ਆਸ਼ੀਸ਼ ਕਪੂਰ, ਨਵਦੀਪ ਬਾਵਾ, ਅੰਛਰੂ ਸਿੰਗਲਾ, ਐਡਵੋਕੇਟ ਬੀ. ਕੇ. ਗੋਇਲ, ਦੀਪਕ ਸੇਠੀ, ਡੀ ਕੇ ਸ਼ਰਮਾ ਤੇ ਏਸ਼ਲੇ ਮਾਨਵ ਨੇ ਬਜ਼ੁਰਗਾਂ ਦੀ ਸੇਵਾ ਕੀਤੀ ਅਤੇ ਆਸ਼ੀਰਵਾਦ ਲਿਆ।

## ਰਜਬਾਹੇ 'ਤੇ ਪੁਲ ਲੋਕਾਂ ਲਈ ਬਣਿਆ ਮੁਸੀਬਤਾਂ ਦਾ ਸਬੱਬ



**ਲਹਿਰਾਗਾਗਾ (ਗੀਤਵਾਲ)**-ਨੇੜਲੇ ਪਿੰਡ ਰੋੜੇਵਾਲਾ ਵਿਖੇ ਕੋਟੜਾ ਰਜਬਾਹਾ 'ਤੇ ਜੋ ਪੁਲ ਬਣਾਇਆ ਗਿਆ ਹੈ ਉਹ ਲੋਕਾਂ ਲਈ ਸਹੂਲਤ ਦੀ ਥਾਂ ਮੁਸੀਬਤਾਂ ਦਾ ਸਬੱਬ ਬਣ ਰਿਹਾ ਹੈ ਕਿਉਂਕਿ ਇਸ ਪੁਲ ਉਤੇ ਢਾਲ ਦੇਣ ਦੀ ਥਾਂ ਇਕਦਮ ਉਚਾਈ ਕਰ ਦਿੱਤੀ ਹੈ, ਜਿਸ ਨਾਲ ਵਾਹਨਾਂ ਨੂੰ ਅੱਗੋਂ ਆ ਰਹੇ ਵਹੀਕਲ ਦਾ ਪਤਾ ਨਹੀਂ ਚੱਲਦਾ ਅਤੇ ਕਈ ਨੀਵੀਆਂ ਗੱਡੀਆਂ ਦਾ ਹਿੱਸਾ ਵੀ ਪੁਲ ਦੀ ਢੱਡਰੀ ਉਤੇ ਲੱਗਣ ਦਾ ਡਰ ਬਣਿਆ ਰਹਿੰਦਾ ਹੈ।ਇਸ ਮੁਸ਼ਕਲ ਸਬੰਧੀ ਪਿੰਡ ਰੋੜੇਵਾਲਾ ਦੇ ਤਾਰਾ ਸਿੰਘ, ਬੀਰਾ ਸਿੰਘ, ਜੱਗੀ ਸਿੰਘ, ਹਰਮੇਲ ਸਿੰਘ, ਸਾਬਕਾ ਮੈਂਬਰ ਮਿੱਠੂ ਸਿੰਘ, ਜੀਤ ਸਿੰਘ, ਬਹਾਦਰ ਸਿੰਘ, ਪ੍ਰੀਤ ਸਿੰਘ, ਕਾਲਾ ਸਿੰਘ, ਡਾਕਟਰ ਜਗਸੀਰ ਸਿੰਘ ਆਦਿ ਨੇ ਦੱਸਿਆ ਕਿ ਠੇਕੇਦਾਰ ਵੱਲੋਂ ਬਣਾਏ ਇਸ ਪੁਲ ਦੀ ਢਾਲ ਦੂਰ ਦੇਣੀ ਬਣਦੀ ਸੀ ਜੋ ਦਿੱਤੀ ਨਹੀਂ ਗਈ, ਜਿਸ ਕਾਰਨ ਇਹ ਪੁਲ ਇਕਦਮ ਉੱਚਾ ਕਰ ਦਿੱਤਾ ਗਿਆ ਹੈ।ਉਪਰੋਕਤ ਵਿਅਕਤੀਆਂ ਨੇ ਦੱਸਿਆ ਕਿ ਸਰਕਾਰ ਨੇ ਇਹ ਪੁਲ ਲੋਕਾਂ ਦੀ ਸਹੂਲਤ ਲਈ ਬਣਾਇਆ ਹੈ ਪ੍ਰੰਤੂ ਇਹ ਪੁਲ ਬਣਨ ਨਾਲ ਸਾਡੀਆਂ ਮੁਸ਼ਕਲਾਂ ਵਧ ਗਈਆਂ ਹਨ ਕਿਉਂਕਿ ਬਲਦ ਰੇੜ੍ਹੀ ਜਾਂ ਕੋਈ ਹੋਰ ਛੋਟਾ ਸਾਧਨ ਇਸ ਪੁਲ 'ਤੇ ਚੜ੍ਹ ਨਹੀਂ ਸਕਦਾ।ਜੇਕਰ ਚੜ੍ਹ ਜਾਂਦਾ ਹੈ ਤਾਂ ਇਕਦਮ ਥੱਲੇ ਨਿਵਾਣ ਹੋਣ ਕਾਰਨ ਖੇਤਾਂ ਜਾਂ ਖਤਾਨਾਂ ਵਿੱਚ ਉਤਰਨ ਦਾ ਡਰ ਨਿਰੰਤਰ ਬਣਿਆ ਰਹਿੰਦਾ ਹੈ।ਆਗੂਆਂ ਨੇ ਮੰਗ ਕੀਤੀ ਕਿ ਇਸ ਪੁਲ ਦੇ ਦੋਵੇਂ ਪਾਸੇ 200 ਫੁੱਟ ਤੱਕ ਲੇਬਲ ਬਣਾ ਕੇ ਢਾਲ ਇਕਸਾਰ ਕੀਤੀ ਜਾਵੇ ਅਤੇ ਇਸ ਦੀ ਚੜ੍ਹਾਈ ਖਤਮ ਕੀਤੀ ਜਾਵੇ।

## ਪੰਜਾਬ ਕਿਸਾਨ ਯੂਨੀਅਨ ਜ਼ਿਲ੍ਹਾ ਇਕਾਈ ਦੀ ਮੀਟਿੰਗ



**ਮਾਨਸਾ (ਆਤਮਾ ਸਿੰਘ ਪਮਾਰ)**-ਪੰਜਾਬ ਕਿਸਾਨ ਯੂਨੀਅਨ ਜ਼ਿਲ੍ਹਾ ਕਮੇਟੀ ਦੀ ਮੀਟਿੰਗ ਜ਼ਿਲ੍ਹਾ ਪ੍ਰਧਾਨ ਰਾਮਫਲ ਚੱਕ ਅਲੀਸ਼ੇਰ ਦੀ ਪ੍ਰਧਾਨਗੀ ਹੇਠ ਫਫੜੇ ਭਾਈ ਕੇ ਵਿਖੇ ਹੋਈ। ਟਰੈਕਟਰ ਮਾਰਚ ਦੇ ਰਿਵਿਊ ਉਪਰੰਤ 12 ਫਰਵਰੀ ਦੀ ਟਰੇਡ ਯੂਨੀਅਨਾਂ ਤੇ ਮੁਲਾਜ਼ਮਾਂ ਦੀ ਦੇਸ਼ ਵਿਆਪੀ ਹੜਤਾਲ ਵਿੱਚ ਸ਼ਮੂਲੀਅਤ ਲਈ ਡਿਊਟੀਆਂ ਤੈਅ ਕਰਦਿਆਂ ਵੱਖ ਵੱਖ ਬਲਾਕਾਂ 'ਚ ਰੋਡ ਮਾਰਚ ਕਰਦਿਆਂ 'ਬਾਰਾਂ ਹੱਟਾਂ ਚੌਕ' ਮਾਨਸਾ ਵਿਖੇ ਇਕੱਤਰ ਹੋ ਕੇ ਸ਼ਹਿਰ ਵਿੱਚ ਦੀ ਹੁੰਦਿਆਂ ਕਚਹਿਰੀ 'ਚ ਮਾਰਚ ਦੀ ਸਮਾਪਤੀ ਹੋਵੇਗੀ।ਸੰਯੁਕਤ ਕਿਸਾਨ ਮੋਰਚੇ ਦੇ ਸੱਦੇ ਤਹਿਤ 22 ਫਰਵਰੀ ਨੂੰ ਪੰਜਾਬ ਤੇ ਕੇਂਦਰ ਸਰਕਾਰ ਖ਼ਿਲਾਫ਼ ਧਰਨੇ ਪ੍ਰਦਰਸ਼ਨ ਕੀਤੇ ਜਾਣਗੇ, ਜਿਸ ਦੀ ਲੜੀ ਤਹਿਤ ਮਾਨਸਾ ਵਿੱਚ ਵਿਧਾਇਕ ਗੁਰਪ੍ਰੀਤ ਬਣਾਂਵਾਲੀ, ਬੁਢਲਾਡਾ ਵਿੱਚ ਐੱਮ ਐੱਲ ਏ ਬੁੱਧ ਰਾਮ ਤੇ ਸਰਦੂਲਗੜ੍ਹ ਵਿਖੇ ਬੀ ਜੇ ਪੀ ਦੇ ਆਗੂ ਦੇ ਘਰ ਅੱਗੇ ਧਰਨੇ ਦਿੱਤੇ ਜਾਣਗੇ।26 ਫਰਵਰੀ ਨੂੰ ਦਰਖ਼ਤਾਂ ਦੇ ਮਸਲੇ ਨੂੰ ਲੈ ਕੇ ਵਣ ਵਿਭਾਗ ਦਫਤਰ ਮਾਨਸਾ ਵਿਖੇ ਵੀ ਧਰਨਾ ਦਿੱਤਾ ਜਾਵੇਗਾ। ਮੀਟਿੰਗ ਦੌਰਾਨ ਗੁਰਨਾਮ ਸਿੰਘ ਭੀਖੀ, ਗੋਰਾ ਸਿੰਘ ਭੈਣੀਬਾਘਾ, ਭੋਲਾ ਸਿੰਘ ਸਮਾਓਂ, ਗੁਰਮੇਲ ਸਿੰਘ ਮਾਨਸਾ, ਨਰਿੰਦਰ ਕੌਰ ਬੁਰਜ ਹਮੀਰਾ, ਜਗਤਾਰ ਸਿੰਘ ਸਹਾਰਨਾ, ਅਮੋਲਕ ਸਿੰਘ ਖੀਵਾ, ਮੱਖਣ ਮਾਨ, ਛੱਜੂ ਸਿੰਘ ਸਰਪੰਚ, ਗੋਰਾ ਸਿੰਘ ਤਲਵੰਡੀ ਅਕਲੀਆ ਤੇ ਬਲਦੇਵ ਸਿੰਘ ਸਮਾਓਂ ਤੋਂ ਇਲਾਵਾ ਜ਼ਿਲ੍ਹੇ ਦੇ ਵਰਕਰ ਹਾਜ਼ਰ ਸਨ।

## ਉਮਰਾ ਦੀ ਟੀਮ ਨੇ ਜਿੱਤਿਆ ਹਾਕੀ ਮੁਕਾਬਲਾ




**ਦਿੜ੍ਹਬਾ (ਜਸਵੀਰ ਲਾਡੀ)**-ਪਿੰਡ ਭਾਈ ਸ੍ਰੀ ਮੂਲ ਚੰਦ ਸਾਹਿਬ ਸਪੋਰਟਸ ਕਲੱਬ ਛਾਜਲੀ ਵੱਲੋਂ ਤਿੰਨ ਰੋਜ਼ਾ ਹਾਕੀ ਟੂਰਨਾਮੈਂਟ ਛਾਜਲੀ ਸਕੂਲ ਦੇ ਘਾਹ ਵਾਲੇ ਗਰਾਊਂਡ 'ਤੇ ਕਰਾਇਆ ਗਿਆ।ਟੂਰਨਾਮੈਂਟ ਦੇ ਗੋਲਡ ਸਪਾਂਸਰ ਕਾਲਾ ਗੁੱਜਰ, ਵਿੱਕੀ ਖੀਪਲ, ਗੁਰਮੁੱਖ ਕਨੇਡਾ ਨੇ ਹਰ ਸਾਲ ਦੀ ਤਰ੍ਹਾਂ ਇਸ ਟੂਰਨਾਮੈਂਟ ਨੂੰ ਸਫ਼ਲ ਕਰਨ ਲਈ ਵੱਡਾ ਯੋਗਦਾਨ ਪਾਇਆ ਹੈ।ਵੱਖ ਵੱਖ ਮਹਿਕਮਿਆਂ ਦੀਆਂ 16 ਟੀਮਾਂ ਨੇ ਭਾਗ ਲਿਆ।ਟੂਰਨਾਮੈਂਟ ਦੇ ਪਹਿਲੇ ਦਿਨ ਮਹੰਤ ਸ੍ਰੀ ਅੰਮ੍ਰਿਤ ਬਨ ਵੱਡਾ ਡੇਰਾ ਛਾਜਲੀ ਨੇ ਸ਼ਿਰਕਤ ਕੀਤੀ।ਟੂਰਨਾਮੈਂਟ ਦੇ ਦੂਜੇ ਦਿਨ ਪੰਜਾਬ ਦੇ ਖਜ਼ਾਨਾ ਮੰਤਰੀ ਹਰਪਾਲ ਸਿੰਘ ਚੀਮਾ ਨੇ ਹਾਜ਼ਰੀ ਲਵਾਈ।ਹਰਪਾਲ ਸਿੰਘ ਚੀਮਾ ਨੇ ਖਿਡਾਰੀਆਂ ਤੇ ਦਰਸ਼ਕਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਇਹ ਗਰਾਊਂਡ ਆਉਣ ਵਾਲੇ ਸਮੇਂ ਵਿੱਚ ਸੰਸਾਰਪੁਰ ਪਿੰਡ ਵਾਂਗ ਵੱਡੇ ਓਲੰਪੀਅਨ ਪੈਦਾ ਕਰੇਗੀ।ਛੋਟੀਆਂ ਬੱਚੀਆਂ ਦੀ ਹਾਕੀ ਵਿੱਚ ਦਿਸ ਰਹੀ ਪ੍ਰਤਿਭਾ ਦੀ ਪ੍ਰਸ਼ੰਸਾ ਕਰਦਿਆਂ ਕਿਹਾ ਕਿ ਇਨ੍ਹਾਂ ਅੰਦਰ ਬੇਹੱਦ ਸ਼ਕਤੀ ਹੈ।ਉਨ੍ਹਾਂ ਦੱਸਿਆ ਕਿ ਛੋਟੇ ਐਸਟਰੋ ਟਰਫ ਦੀ ਮਨਜ਼ੂਰੀ ਮਿਲ ਚੁੱਕੀ ਹੈ, ਜਿਸ ਦਾ ਕੰਮ 15 ਦਿਨਾਂ ਦੇ ਅੰਦਰ ਇਸ ਦਾ ਕੰਮ ਸ਼ੁਰੂ ਹੋ ਜਾਵੇਗਾ।ਜਲਦੀ ਹੀ ਵੱਡੇ ਐਸਟ੍ਰੋਟਰਫ ਵੀ ਬਣਾਇਆ ਜਾਵੇਗਾ।ਵਿੱਤ ਮੰਤਰੀ ਨੇ ਨੌਜਵਾਨਾਂ ਨੂੰ ਕਿਹਾ ਕਿ ਗਰਾਊਂਡ ਹੀ ਇੱਕ ਪ੍ਰਭਾਵਸ਼ਾਲੀ ਸਾਧਨ ਹੈ, ਜੋ ਨੌਜਵਾਨਾਂ ਨਸਿਆ ਤੋਂ ਦੂਰ ਰੱਖ ਸਕਦਾ ਹੈ।ਟੂਰਨਾਮੈਂਟ ਦੇ ਤੀਜੇ ਦਿਨ ਸ਼੍ਰੋਮਣੀ ਅਕਾਲੀ ਦਲ (ਮੁੜ ਸੁਰਜੀਤੀ) ਦੇ ਸਾਬਕਾ ਖਜ਼ਾਨਾ ਮੰਤਰੀ ਪਰਮਿੰਦਰ ਸਿੰਘ ਢੀਂਡਸਾ ਨੇ ਆਉਣਾ ਸੀ, ਪਰ ਖ਼ਾਸ ਰੁਝੇਵੇਂ ਕਾਰਨ ਨਹੀਂ ਆ ਸਕੇ।ਉਨ੍ਹਾਂ ਦੇ ਦੀ ਥਾਂ ਅਮਰਵੀਰ ਚੈਰੀ ਤੇ ਕਰਨ ਘੁਮਾਣ ਕਨੇਡਾ ਵਿਸ਼ੇਸ਼ ਤੌਰ 'ਤੇ ਪਹੁੰਚੇ।ਫ਼ਾਈਨਲ ਉਮਰਾ ਤੇ ਮੇਜ਼ਬਾਨ ਟੀਮ ਛਾਜਲੀ ਵਿੱਚ ਫਸਵਾਂ ਮੁਕਾਬਲਾ ਰਿਹਾ ।ਮੈਚ ਦੌਰਾਨ ਕੋਈ ਟੀਮ ਗੋਲ ਨਾ ਕਰ ਸਕੀ, ਜਿਸ ਕਰਕੇ ਦੋਹਾਂ ਟੀਮਾਂ ਨੂੰ ਪਲੈਨਟੀ ਸਟਰਾਈਕ ਦੇ ਪੰਜ-ਪੰਜ ਮੌਕੇ ਦਿੱਤੇ ਗਏ, ਜਿਸ ਵਿੱਚ ਉਮਰਾ ਦੀ ਟੀਮ ਜੇਤੂ ਰਹੀ ਤੇ ਇੱਕ ਲੱਖ ਦਾ ਇਨਾਮ ਪ੍ਰਾਪਤ ਕੀਤਾ।ਮੇਜ਼ਬਾਨ ਟੀਮ ਛਾਜਲੀ ਨੇ 71000/- ਦਾ ਦੂਜਾ ਇਨਾਮ ਪ੍ਰਾਪਤ ਕੀਤਾ।

## ਕਿਸਾਨਾਂ ਨੇ ਟਰੰਪ, ਮੋਦੀ ਤੇ ਮਾਨ ਦੇ ਪੁਤਲੇ ਸਾੜੇ

**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਪਿੰਡ ਰਾਏਸਰ ਵਿਖੇ ਭਾਰਤੀ ਕਿਸਾਨ ਯੂਨੀਅਨ ਡਕੌਂਦਾ (ਧਨੇਰ) ਵੱਲੋਂ ਸੰਯੁਕਤ ਕਿਸਾਨ ਮੋਰਚੇ ਦੇ ਸੱਦੇ 'ਤੇ ਮੁਕਤ ਵਪਾਰ ਸਮਝੌਤੇ ਅਤੇ ਖੇਤੀ ਸੰਬੰਧੀ ਨੀਤੀਆਂ ਦੇ ਵਿਰੋਧ 'ਚ ਤਿੱਖਾ ਰੋਸ ਪ੍ਰਦਰਸ਼ਨ ਕਰਦਿਆਂ ਡੋਨਲਡ ਟਰੰਪ, ਨਰਿੰਦਰ ਮੋਦੀ ਤੇ ਭਗਵੰਤ ਮਾਨ ਦੇ ਪੁਤਲੇ ਫੂਕੇ ਗਏ।ਕਿਸਾਨ ਆਗੂਆਂ ਨੇ ਮੰਗ ਕੀਤੀ ਕਿ ਖੇਤੀਬਾੜੀ, ਲੋਕ ਵਿਰੋਧੀ ਫ਼ੈਸਲੇ ਵਾਪਸ ਲਏ ਜਾਣ। ਨਹੀਂ ਤਾਂ ਸੰਘਰਸ਼ ਨੂੰ ਹੋਰ ਤੇਜ਼ ਕੀਤਾ ਜਾਵੇਗਾ।ਜ਼ਿਲ੍ਹਾ ਆਗੂ ਜਗਰਾਜ ਸਿੰਘ ਹਰਦਾਸਪੁਰਾ, ਗੁਰਦੇਵ ਸਿੰਘ ਮਾਂਗੇਵਾਲ ਨੇ ਕਿਹਾ ਕਿ ਮੁਕਤ ਵਪਾਰ ਸਮਝੌਤਾ ਲਾਗੂ ਹੋਣ ਨਾਲ ਕਪਾਹ, ਮੱਕੀ, ਸੋਇਆਬੀਨ ਅਤੇ ਡੇਅਰੀ ਉਤਪਾਦ ਵਿਦੇਸ਼ਾਂ ਤੋਂ ਭਾਰਤੀ ਬਾਜ਼ਾਰਾਂ ਵਿੱਚ ਆਉਣਗੇ, ਜਿਸ ਨਾਲ ਖੇਤੀਬਾੜੀ ਤੇ ਡੇਅਰੀ ਖੇਤਰ ਤਬਾਹ ਹੋ ਸਕਦਾ ਹੈ।ਉਨ੍ਹਾਂ ਕਿਹਾ ਕਿ ਪਹਿਲਾਂ ਹੀ ਕਰਜ਼ੇ ਦੇ ਬੋਝ ਹੇਠ ਦੱਬੇ ਕਿਸਾਨ-ਮਜ਼ਦੂਰਾਂ ਲਈ ਇਹ ਫੈਸਲਾ ਹੋਰ ਮਾਰੂ ਸਾਬਤ ਹੋਵੇਗਾ।ਆਗੂਆਂ ਨੇ ਕਿਹਾ ਕਿ ਬਿਜਲੀ ਸੋਧ ਬਿਲ ਤੇ ਬੀਜ ਸੋਧ ਬਿੱਲ 2025 ਲਾਗੂ ਹੋਣ ਨਾਲ ਕਿਸਾਨਾਂ ਦੇ ਉਜਾੜੇ ਦਾ ਖਤਰਾ ਵਧੇਗਾ।ਕਿਸਾਨ ਆਗੂਆਂ ਨੇ ਕਿਹਾ ਕਿ ਕਿਸਾਨ ਜਥੇਬੰਦੀਆਂ ਦੇ ਆਗੂਆਂ, ਵਰਕਰਾਂ ਨੂੰ ਨਜਾਇਜ਼ ਹਿਰਾਸਤ 'ਚ ਰੱਖਣਾ ਲੋਕਤੰਤਰ 'ਤੇ ਹਮਲਾ ਹੈ।ਜਥੇਬੰਦੀ ਨੇ ਮੰਗ ਕੀਤੀ ਕਿ ਗ੍ਰਿਫ਼ਤਾਰ ਕੀਤੇ ਆਗੂਆਂ, ਵਰਕਰਾਂ ਨੂੰ ਬਿਨਾਂ ਸ਼ਰਤ ਰਿਹਾ ਕੀਤਾ ਜਾਵੇ।ਉਨ੍ਹਾਂ ਸ਼ਪੱਸ਼ਟ ਕੀਤਾ ਕਿ ਜੇਕਰ ਕੋਈ ਹੱਲ ਨਾ ਕੀਤਾ ਤਾਂ ਵੱਡਾ ਸੰਘਰਸ਼ ਕੀਤਾ ਜਾਵੇਗਾ।

## ਮੋਗਾ ਰੈਲੀ ਦੀਆਂ ਤਿਆਰੀਆਂ ਨੂੰ ਲੈ ਕੇ ਮੀਟਿੰਗ



**ਧੂਰੀ (ਮੋਹਿਤ ਗਰਗ, ਮਨੋਹਰ ਸੱਗੂ, ਬਿੰਨੀ ਗਰਗ)**-ਆਮ ਆਦਮੀ ਪਾਰਟੀ ਦੇ ਰਾਸ਼ਟਰੀ ਕਨਵੀਨਰ ਅਰਵਿੰਦ ਕੇਜਰੀਵਾਲ ਅਤੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ 16 ਫ਼ਰਵਰੀ ਨੂੰ ਜ਼ਿਲ੍ਹਾ ਮੋਗਾ ਦੇ ਪਿੰਡ ਕਿੱਲੀ ਚਹਿਲਾਂ ਵਿਖੇ ਇੱਕ ਵਿਸ਼ਾਲ ਰੈਲੀ ਕੀਤੀ ਜਾ ਰਹੀ ਹੈ।ਇਸ ਰੈਲੀ ਵਿੱਚ ਧੂਰੀ ਹਲਕੇ ਤੋਂ ਵੱਧ ਤੋਂ ਵੱਧ ਸ਼ਮੂਲੀਅਤ ਯਕੀਨੀ ਬਣਾਉਣ ਲਈ ਪੰਜਾਬ ਲਘੂ ਉਦਯੋਗ ਵਿਕਾਸ ਨਿਗਮ ਦੇ ਚੇਅਰਮੈਨ ਅਤੇ ਮੁੱਖ ਮੰਤਰੀ ਕੈਂਪ ਆਫਿਸ ਧੂਰੀ ਦੇ ਇੰਚਾਰਜ ਦਲਵੀਰ ਸਿੰਘ ਢਿੱਲੋਂ ਵੱਲੋਂ ਪਾਰਟੀ ਦੇ ਅਹੁਦੇਦਾਰਾਂ ਅਤੇ ਕਾਰਕੁੰਨਾਂ ਨਾਲ ਇੱਕ ਵਿਸ਼ੇਸ਼ ਮੀਟਿੰਗ ਕੀਤੀ ਗਈ।ਮੀਟਿੰਗ ਦੌਰਾਨ ਵਿਚਾਰ-ਵਟਾਂਦਰਾ ਕਰਦਿਆਂ ਦਲਵੀਰ ਸਿੰਘ ਢਿੱਲੋਂ ਨੇ ਕਿਹਾ ਕਿ ਇਹ ਰੈਲੀ ਪੰਜਾਬ ਦੀ ਸਿਆਸਤ ਵਿੱਚ ਇੱਕ ਨਵਾਂ ਇਤਿਹਾਸ ਸਿਰਜੇਗੀ।ਉਨ੍ਹਾਂ ਨੇ ਪਾਰਟੀ ਦੀ ਨਸ਼ਿਆਂ ਵਿਰੁੱਧ ਮੁਹਿੰਮ ਦੇ ਕਾਰਕੁੰਨਾਂ ਅਤੇ ਵਿਧਾਨ ਸਭਾ ਦੇ ਬਲਾਕ ਕੋਆਰਡੀਨੇਟਰਾਂ ਨੂੰ ਹਦਾਇਤ ਕੀਤੀ ਕਿ ਪਿੰਡ-ਪਿੰਡ ਜਾ ਕੇ ਲੋਕਾਂ ਨੂੰ ਸਰਕਾਰ ਦੀਆਂ ਲੋਕ-ਪੱਖੀ ਨੀਤੀਆਂ ਬਾਰੇ ਜਾਗਰੂਕ ਕੀਤਾ ਜਾਵੇ ਅਤੇ ਰੈਲੀ ਵਿੱਚ ਪਹੁੰਚਣ ਲਈ ਪ੍ਰੇਰਿਤ ਕੀਤਾ ਜਾਵੇ।ਉਨ੍ਹਾਂ ਭਰੋਸਾ ਜਤਾਇਆ ਕਿ ਧੂਰੀ ਹਲਕੇ ਤੋਂ ਹਜ਼ਾਰਾਂ ਦੀ ਗਿਣਤੀ ਵਿੱਚ ਵਰਕਰ ਮੋਗਾ ਰੈਲੀ ਦਾ ਹਿੱਸਾ ਬਣਨਗੇ।ਇਸ ਮੌਕੇ ਐਡਵੋਕੇਟ ਹੈਪੀ ਗਰਗ, ਅਨਿਲ ਮਿੱਤਲ, ਨਰੇਸ਼ ਸਿੰਗਲਾ, ਜਸਪਾਲ ਸਿੰਘ ਭੁੱਲਰ, ਹਰਪ੍ਰੀਤ ਸਿੰਘ ਗਿੱਲ ਅਤੇ ਜਸਵਿੰਦਰ ਸਿੰਘ ਖੁਰਮੀ ਵਿਸ਼ੇਸ਼ ਤੌਰ 'ਤੇ ਹਾਜ਼ਰ ਹੋਏ।ਸਾਰੇ ਆਗੂਆਂ ਨੇ ਇੱਕਸੁਰ ਵਿੱਚ ਰੈਲੀ ਦੀ ਸਫਲਤਾ ਲਈ ਦਿਨ-ਰਾਤ ਮਿਹਨਤ ਕਰਨ ਦਾ ਅਹਿਦ ਲਿਆ।

## ਬੀ ਬੀ ਏ ਵਿਦਿਆਰਥੀਆਂ ਦੀਆਂ ਚੋਣਾਂ ਨਾਲ ਯੂ ਜੀ ਪਲੇਸਮੈਂਟ ਰਿਕਾਰਡ ਹੋਰ ਮਜ਼ਬੂਤ




**ਸ੍ਰੀ ਫ਼ਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਦੇ ਟ੍ਰੇਨਿੰਗ ਐਂਡ ਪਲੇਸਮੈਂਟ ਸੈੱਲ ਵੱਲੋਂ ਲਰਨਿੰਗ ਰੂਟਸ ਪ੍ਰਾਈਵੇਟ ਲਿਮਿਟਡ, ਗੁਰੂਗ੍ਰਾਮ ਦੁਆਰਾ ਇੱਕ ਆਨ-ਕੈਂਪਸ ਪਲੇਸਮੈਂਟ ਡਰਾਈਵ ਦਾ ਆਯੋਜਨ ਕੀਤਾ ਗਿਆ। ਇਸ ਡਰਾਈਵ ਵਿੱਚ ਫਾਈਨਲ-ਈਅਰ ਬੀ.ਬੀ.ਏ. ਵਿਦਿਆਰਥੀਆਂ ਲਈ ?6 ਲੱਖ ਸਾਲਾਨਾ ਦਾ ਪ੍ਰਭਾਵਸ਼ਾਲੀ ਪੈਕੇਜ ਪੇਸ਼ ਕੀਤਾ ਗਿਆ, ਜੋ ਯੂ.ਜੀ. ਪੱਧਰ 'ਤੇ ਇੱਕ ਮਹੱਤਵਪੂਰਨ ਉਪਲਬਧੀ ਹੈ।ਰੁਜ਼ਗਾਰ ਯੋਗਤਾ ਵਧਾਉਣ ਦੀ ਆਪਣੀ ਵਚਨਬੱਧਤਾ ਨੂੰ ਮਜ਼ਬੂਤ ਕਰਦਿਆਂ ਯੂਨੀਵਰਸਿਟੀ ਨੇ ਹਾਲੀਆ ਵਰ੍ਹਿਆਂ ਵਿੱਚ ਵਿਦਿਆਰਥੀਆਂ ਨੂੰ 14 ਲੱਖ ਸਾਲਾਨਾ ਤੱਕ ਦੇ ਉੱਚ-ਮੁੱਲ ਪਲੇਸਮੈਂਟ ਆਫਰ ਪ੍ਰਾਪਤ ਕਰਨ ਯੋਗ ਬਣਾਇਆ ਹੈ, ਜਿਸ ਨਾਲ ਇਸ ਦੀ ਮਜ਼ਬੂਤ ਉਦਯੋਗਿਕ ਸਾਂਝ ਅਤੇ ਕਰੀਅਰ-ਕੇਂਦਰਿਤ ਦ੍ਰਿਸ਼ਟੀ ਸਪਸ਼ਟ ਝਲਕਦੀ ਹੈ।ਇਸ ਪਲੇਸਮੈਂਟ ਡਰਾਈਵ ਵਿੱਚ ਕਾਮਰਸ ਅਤੇ ਮੈਨੇਜਮੈਂਟ ਵਿਭਾਗਾਂ ਦੇ ਵਿਦਿਆਰਥੀਆਂ ਨੇ ਉਤਸ਼ਾਹਪੂਰਵਕ ਭਾਗ ਲਿਆ।ਚੁਣੇ ਗਏ ਵਿਦਿਆਰਥੀ ਜੈਸਮੀਨ ਕੌਰ ਤੇ ਗੁਰਸ਼ਨ ਕੌਰ ਹੁਣ ਬਿਜ਼ਨਸ ਡਿਵੈਲਪਮੈਂਟ, ਲੀਡ ਜਨਰੇਸ਼ਨ, ਕਰੀਅਰ ਤੇ ਐਜੂਕੇਸ਼ਨ ਕਾਉਂਸਲਿੰਗ, ਕਲਾਇੰਟ ਇੰਟਰੈਕਸ਼ਨ ਅਤੇ ਐਂਡ-ਟੂ-ਐਂਡ ਸੇਲਜ਼ ਓਪਰੇਸ਼ਨ ਵਰਗੀਆਂ ਜ਼ਿੰਮੇਵਾਰੀਆਂ ਸੰਭਾਲਣਗੇ, ਜਿਨ੍ਹਾਂ ਨਾਲ ਉਨ੍ਹਾਂ ਨੂੰ ਅਸਲ ਕਾਰਪੋਰੇਟ ਮਾਹੌਲ ਦਾ ਕੀਮਤੀ ਤਜਰਬਾ ਪ੍ਰਾਪਤ ਹੋਵੇਗਾ।ਯੂਨੀਵਰਸਿਟੀ ਦੇ ਵਾਈਸ-ਚਾਂਸਲਰ ਪ੍ਰੋ. (ਡਾ.) ਪ੍ਰਿਤਪਾਲ ਸਿੰਘ ਨੇ ਕਿਹਾ ਕਿ ਮਜ਼ਬੂਤ ਪਲੇਸਮੈਂਟ ਨਤੀਜੇ ਯੂਨੀਵਰਸਿਟੀ ਦੀ ਗੁਣਵੱਤਾ ਵਾਲੀ ਸਿੱਖਿਆ ਤੇ ਉਦਯੋਗਾਂ ਨਾਲ ਬਣੇ ਗਹਿਰੇ ਸਬੰਧਾਂ ਦੇ ਪ੍ਰਮਾਣ ਹਨ।ਉਨ੍ਹਾਂ ਵਿਦਿਆਰਥੀਆਂ ਨੂੰ ਸਫਲ ਪੇਸ਼ਾਵਰ ਭਵਿੱਖ ਲਈ ਤਿਆਰ ਕਰਨ ਦੇ ਯੂਨੀਵਰਸਿਟੀ ਦੇ ਸੰਕਲਪ ਨੂੰ ਦੁਹਰਾਇਆ।

## 138 ਪਰਵਾਰਾਂ ਦੇ ਸਿਹਤ ਬੀਮਾ ਕਾਰਡ ਅਪਲਾਈ

**ਗਿੱਦੜਬਾਹਾ (ਜਸਵੰਤ ਗਿੱਲ ਛੱਤਿਆਣਾ)**-ਮੁੱਖ ਮੰਤਰੀ ਸਿਹਤ ਯੋਜਨਾ ਤਹਿਤ ਆਮ ਆਦਮੀ ਪਾਰਟੀ ਦੇ ਯੂਥ ਆਗੂ ਐਡਵੋਕੇਟ ਗੌਰਵ ਜੈਨ ਚੀਨੂੰ ਵੱਲੋਂ ਆਪਣੇ ਦਫ਼ਤਰ ਵਿਖੇ ਵਿਧਾਇਕ ਹਰਦੀਪ ਸਿੰਘ ਡਿੰਪੀ ਢਿੱਲੋਂ ਦੀ ਰਹਿਨੁਮਾਈ ਹੇਠ 138 ਪਰਵਾਰਾਂ ਦੇ ਸਿਹਤ ਬੀਮਾ ਕਾਰਡ ਅਪਲਾਈ ਕਰਾਏ ਗਏ।

ਐਡਵੋਕੇਟ ਗੌਰਵ ਜੈਨ ਨੇ ਦੱਸਿਆ ਕਿ ਸੇਵਾ ਕੇਂਦਰ ਤੇ ਨਗਰ ਕੌਂਸਲ ਗਿੱਦੜਬਾਹਾ ਦੇ ਕ੍ਰਮਚਾਰੀਆਂ ਦੇ ਸਹਿਯੋਗ ਨਾਲ ਸ਼ਹਿਰ ਦੇ ਵੱਖ-ਵੱਖ ਵਾਰਡਾਂ ਨਾਲ ਸਬੰਧਤ 138 ਪਰਵਾਰਾਂ ਦੇ ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਅਧੀਨ ਬੀਮਾ ਕਾਰਡ ਬਣਾਉਣ ਲਈ ਪ੍ਰਕ੍ਰਿਆ ਪੂਰੀ ਕੀਤੀ ਗਈ ਅਤੇ ਇਨ੍ਹਾਂ ਪਰਵਾਰਾਂ ਦੇ ਕਾਰਡ ਜਲਦੀ ਹੀ ਉਨ੍ਹਾਂ ਤੱਕ ਪੁੱਜਦੇ ਹੋ ਜਾਣਗੇ।ਉਨ੍ਹਾਂ ਕਿਹਾ ਕਿ ਇਹ ਯੋਜਨਾ ਗਰੀਬ ਅਤੇ ਮੱਧ ਵਰਗ ਪਰਿਵਾਰਾਂ ਲਈ ਵੱਡੀ ਰਾਹਤ ਸਾਬਤ ਹੋ ਰਹੀ ਹੈ ਤੇ ਭਵਿੱਖ ਵਿੱਚ ਵੀ ਵੱਧ ਤੋਂ ਵੱਧ ਲੋਕਾਂ ਨੂੰ ਇਸ ਦਾ ਲਾਭ ਦਿਵਾਉਣ ਲਈ ਯਤਨ ਜਾਰੀ ਰਹਿਣਗੇ।

## 'ਅਪਰੇਸ਼ਨ ਪ੍ਰਹਾਰ 2' ਤਹਿਤ ਪੁਲਸ ਵੱਲੋਂ ਫਲੈਗ




**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)**

ਸੂਬਾ ਸਰਕਾਰ ਵੱਲੋਂ ਮਾੜੇ ਅਨਸਰਾਂ ਖਿਲਾਫ਼ ਸ਼ੁਰੂ ਕੀਤੀ ਗਈ ਮੁਹਿੰਮ ਦੇ ਚੱਲਦਿਆਂ ਪੰਜਾਬ ਪੁਲਸ ਵੱਲੋਂ ਚਲਾਏ ਜਾ ਰਹੇ ਅਪਰੇਸ਼ਨ ਪ੍ਰਹਾਰ 2 ਤਹਿਤ ਪਾਤੜਾਂ ਪੁਲਸ ਵੱਲੋਂ ਡੀਐਸਪੀ ਇੰਦਰਪਾਲ ਸਿੰਘ ਚੌਹਾਨ ਦੀ ਅਗਵਾਈ ਵਿੱਚ ਸ਼ਹਿਰ ਵਿੱਚ ਫਲੈਗ ਮਾਰਚ ਕੱਢਿਆ ਗਿਆ। ਇਸ ਫਲੈਗ ਮਾਰਚ ਦੌਰਾਨ ਸਬ ਡਵੀਜ਼ਨ ਪਾਤੜਾਂ ਅਧੀਨ ਆਉਂਦੇ ਵੱਖ-ਵੱਖ ਪੁਲਸ ਥਾਣਿਆਂ ਅਤੇ ਚੌਂਕੀਆਂ ਦੇ ਵੱਡੀ ਗਿਣਤੀ ਵਿੱਚ ਮੁਲਾਜ਼ਮਾਂ ਨੇ ਹਿੱਸਾ ਲਿਆ।ਫਲੈਗ ਮਾਰਚ ਦਿੱਲੀ ਸੰਗਰੂਰ ਕੌਮੀ ਮੁੱਖ ਮਾਰਗ ਉੱਤੇ ਸ਼ਹਿਰ ਦੇ ਸ਼ਹੀਦ ਭਗਤ ਸਿੰਘ ਚੌਂਕ ਤੋਂ ਸ਼ੁਰੂ ਹੋ ਕੇ ਸ਼ਹੀਦ ਊਧਮ ਸਿੰਘ ਚੌਂਕ ਸੰਗਰੂਰ ਰੋਡ ਕੈਂਚੀਆਂ ਪਾਤੜਾਂ ਬਾਈਪਾਸ ਤੋਂ ਹੁੰਦਾ ਹੋਇਆ ਕਾਹਨਗੜ੍ਹ ਪੁਲ ਹੇਠੋਂ ਹੋ ਕੇ ਵਾਪਸ ਚੌਂਕ ਵਿੱਚ ਆ ਕੇ ਖਤਮ ਹੋਇਆ।ਰੋਸ ਮਾਰਚ ਦੀ ਅਗਵਾਈ ਕਰ ਰਹੇ ਡੀਐਸਪੀ ਪਾਤੜਾਂ ਇੰਦਰਪਾਲ ਸਿੰਘ ਚੌਹਾਨ ਨੇ ਦੱਸਿਆ ਕਿ ਪੰਜਾਬ ਸਰਕਾਰ ਅਤੇ ਪੁਲਿਸ ਦੇ ਉੱਚ ਅਧਿਕਾਰੀਆਂ ਦੀਆਂ ਹਦਾਇਤਾਂ ਉੱਤੇ ਸੂਬੇ ਵਿੱਚ ਅਮਨ ਕਾਨੂੰਨ ਦੀ ਰਾਖੀ ਲਈ ਗੈਂਗਸਟਰਾਂ ਅਤੇ ਹੋਰ ਮਾੜੇ ਅਨਸਰਾਂ ਖਿਲਾਫ਼ ਸ਼ੁਰੂ ਕੀਤੀ ਗਈ ਮੁਹਿੰਮ ਅਧੀਨ ਲੋਕਾਂ ਦੇ ਦਿਲਾਂ ਵਿੱਚੋਂ ਡਰ ਖਤਮ ਕਰਨ ਦੇ ਮਕਸਦ ਨਾਲ ਫਲੈਗ ਮਾਰਚ ਕੱਢਿਆ ਗਿਆ ਹੈ।

ਉਹਨਾਂ ਦੱਸਿਆ ਕਿ ਪੰਜਾਬ ਪੁਲਿਸ ਸੂਬੇ ਦੀ ਅਮਨ ਸ਼ਾਂਤੀ ਦੀ ਬਹਾਲੀ ਅਤੇ ਮਾੜੇ ਅਨਸਰਾਂ ਉੱਤੇ ਤਿੱਖੀ ਨਜ਼ਰ ਰੱਖ ਰਹੀ ਹੈ।ਉਹਨਾਂ ਦੱਸਿਆ ਕਿ ਆਪਰੇਸ਼ਨ ਪ੍ਰਹਾਰ 2 ਤਹਿਤ ਇਲਾਕੇ ਵਿੱਚੋਂ ਛੇ ਵਿਅਕਤੀਆਂ ਨੂੰ ਗ੍ਰਿਫਤਾਰ ਕੀਤਾ ਜਾ ਚੁੱਕਿਆ ਹੈ। ਮਾੜੇ ਅਨਸਰਾਂ ਨੂੰ ਸਖਤ ਚਤਾਵਨੀ ਦਿੰਦਿਆ ਉਹਨਾਂ ਕਿਹਾ ਕਿ ਗਲਤ ਕੰਮ ਕਰਨ ਵਾਲੇ ਕਿਸੇ ਵੀ ਵਿਅਕਤੀ ਨੂੰ ਬਖਸ਼ਿਆ ਨਹੀਂ ਜਾਵੇਗਾ। ਨਸ਼ਿਆਂ ਵਿਰੁੱਧ ਚੱਲ ਰਹੀ ਲੜਾਈ ਦੀ ਗੱਲ ਕਰਦਿਆਂ ਉਹਨਾਂ ਨਸ਼ਾ ਤਸਕਰਾਂ ਨੂੰ ਸਖਤ ਚੇਤਾਵਨੀ ਦਿੱਤੀ।ਇਸ ਮੌਕੇ ਥਾਣਾ ਮੁਖੀ ਪਾਤੜਾਂ ਹਰਪ੍ਰੀਤ ਸਿੰਘ ਅਤੇ ਸਿਟੀ ਪੁਲਿਸ ਚੌਂਕੀ ਇੰਚਾਰਜ ਲਵਦੀਪ ਸਿੰਘ ਆਦਿ ਹਾਜ਼ਰ ਸਨ।

## ਯੂਨੀਵਰਸਿਟੀ ਕਾਲਜ ਆਫ਼ ਨਰਸਿੰਗ ਵਿਖੇ 25ਵਾਂ ਸਹੁੰ ਚੁੱਕ ਸਮਾਗਮ



**ਫ਼ਰੀਦਕੋਟ (ਐਲਿਗਜੈਂਡਰ ਡਿਸੂਜਾ)**

ਬਾਬਾ ਫ਼ਰੀਦ ਯੂਨੀਵਰਸਿਟੀ ਆਫ਼ ਹੈਲਥ ਸਾਇੰਸਿਜ਼ ਦੇ ਅਧੀਨ ਚੱਲ ਰਹੇ ਯੂਨੀਵਰਸਿਟੀ ਕਾਲਜ ਆਫ਼ ਨਰਸਿੰਗ, ਫ਼ਰੀਦਕੋਟ ਵਿਖੇ ਬੀ.ਐਸ.ਸੀ. ਨਰਸਿੰਗ ਭਾਗ ਪਹਿਲਾ (ਬੈਚ 2025-26) ਦੇ ਨਵੇਂ ਦਾਖ਼ਲ ਹੋਏ ਵਿਦਿਆਰਥੀਆਂ ਲਈ 25ਵਾਂ ਸਹੁੰ ਚੁੱਕ ਸਮਾਗਮ ਕਰਵਾਇਆ ਗਿਆ।ਕਾਲਜ ਦੇ ਪ੍ਰਿੰਸੀਪਲ ਡਾ. ਹਰਦੀਪ ਕੌਰ ਮੱਲ ਦੀ ਅਗਵਾਈ ਹੇਠ ਹੋਏ ਇਸ ਸਮਾਗਮ ਵਿੱਚ ਨਵੇਂ ਵਿਦਿਆਰਥੀਆਂ ਨੇ ਹੱਥਾਂ ਵਿੱਚ ਮੋਮਬੱਤੀਆਂ ਫੜ ਕੇ ਨਰਸਿੰਗ ਕਿੱਤੇ ਪ੍ਰਤੀ ਵਫ਼ਾਦਾਰ ਰਹਿਣ ਦੀ ਸਹੁੰ ਚੁੱਕੀ।ਸਮਾਗਮ ਵਿੱਚ ਡਾ. ਦੀਪਕ ਜੌਨ ਭੱਟੀ (ਡੀਨ ਕਾਲਜਿਜ਼) ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਉਨ੍ਹਾਂ ਵਿਦਿਆਰਥੀਆਂ ਨੂੰ ਆਪਣੀ ਡਿਊਟੀ ਪੂਰੀ ਤਨਦੇਹੀ, ਇਮਾਨਦਾਰੀ ਅਤੇ ਸਮਰਪਣ ਭਾਵਨਾ ਨਾਲ ਨਿਭਾਉਣ ਲਈ ਪ੍ਰੇਰਿਤ ਕੀਤਾ। ਵਿਸ਼ੇਸ਼ ਮਹਿਮਾਨ ਵਜੋਂ ਪਹੁੰਚੇ ਡਾ. ਨੀਤੂ ਕੁੱਕੜ (ਮੈਡੀਕਲ ਸੁਪਰਡੈਂਟ, ਗੁਰੂ ਗੋਬਿੰਦ ਸਿੰਘ ਮੈਡੀਕਲ ਹਸਪਤਾਲ) ਨੇ ਕਿਹਾ ਕਿ ਪੜ੍ਹਾਈ ਦੇ ਨਾਲ-ਨਾਲ ਮਰੀਜ਼ਾਂ ਪ੍ਰਤੀ ਸੰਵੇਦਨਾ ਰੱਖਣਾ ਹੀ ਇੱਕ ਸਫ਼ਲ ਨਰਸ ਦੀ ਅਸਲ ਪਛਾਣ ਹੈ। ਪ੍ਰਿੰਸੀਪਲ ਡਾ. ਹਰਦੀਪ ਕੌਰ ਮੱਲ ਨੇ ਵਿਦਿਆਰਥੀਆਂ ਨੂੰ ਨਰਸਿੰਗ ਕਿੱਤੇ ਦੀ ਮਰਿਆਦਾ ਬਣਾਈ ਰੱਖਣ ਦੀ ਸਹੁੰ ਚੁਕਾਈ । ਇਸ ਮੌਕੇ ਵਾਇਸ ਪ੍ਰਿੰਸੀਪਲ ਹੇਮੰਤ ਕੁਮਾਰ ਸੈਣੀ, ਅਨਿਲ ਕੁਮਾਰ, ਕਲਾਸ ਇੰਚਾਰਜ ਐਨਾ ਜੈਕਬ, ਜੈਸਮੀਨ ਕੌਰ ਅਤੇ ਸਮੂਹ ਫੈਕਲਟੀ ਮੈਂਬਰ ਹਾਜ਼ਰ ਸਨ।

## ਹਲਕਾ ਜਲਾਲਾਬਾਦ ਵਿਖੇ 5 ਕਰੋੜ 46 ਲੱਖ ਦੀ ਲਾਗਤ ਨਾਲ ਬਣੇਗਾ ਨਵਾਂ ਪੁਲ : ਵਿਧਾਇਕ ਜਲਾਲਾਬਾਦ



**ਫਾਜ਼ਿਲਕਾ/ਜਲਾਲਾਬਾਦ (ਬਲਵਿੰਦਰ ਸਿੰਘ/ਰਣਬੀਰ ਕੌਰ)**-ਮੰਡੀ ਰੋੜਾਂਵਾਲੀ ਨੂੰ ਜਾਣ ਵਾਲੀ ਚੰਦਬਾਨ ਡਰੇਨ ਜਿਸ ਨੂੰ ਜਲਾਲਾਬਾਦ ਮੌਜਮ ਡਰੇਨ ਕਿਹਾ ਜਾਂਦਾ ਹੈ। ਜਲਾਲਾਬਾਦ ਮੌਜਮ ਡਰੇਨ ਜਿਸ ਦੀ ਚੱਕ ਖੇੜੇਵਾਲੀ ਤੋਂ ਪਾਲੀ ਵਾਲਾ ਦੀ ਕਨੈਕਟੀ ਨਹੀਂ ਸੀ ਤੇ ਚੱਕ ਖੇੜੇ ਵਾਲੇ ਤੋਂ ਪਾਲੀ ਵਾਲਾ ਪਹੁੰਚਣ ਲਈ ਲਗਭਗ 9 ਕਿਲੋਮੀਟਰ ਘੁੰਮ ਕੇ ਜਾਣਾ ਪੈਂਦਾ ਸੀ। ਹੁਣ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਸਿੰਚਾਈ ਮੰਤਰੀ ਬਰਿੰਦਰ ਗੋਇਲ ਦੀ ਅਗਵਾਈ ਹੇਠ ਜਲਾਲਾਬਾਦ ਵਿਖੇ ਇਨ੍ਹਾ ਪਿੰਡਾਂ ਨੂੰ ਜੋੜਨ ਲਈ 5 ਕਰੋੜ 46 ਲੱਖ ਦੀ ਲਾਗਤ ਨਾਲ ਨਵਾਂ ਪੁਲ ਮਨਜ਼ੂਰ ਕੀਤਾ ਗਿਆ ਹੈ। ਇਹ ਪ੍ਰਗਟਾਵਾ ਜਲਾਲਾਬਾਦ ਦੇ ਵਿਧਾਇਕ ਜਗਦੀਪ ਕੰਬੋਜ ਗੋਲਡੀ ਨੇ ਪੱਤਰਕਾਰਾਂ ਨੂੰ ਸੰਬੋਧਨ ਕਰਨ ਮੌਕੇ ਕੀਤਾ। ਉਨ੍ਹਾਂ ਦੱਸਿਆ ਕਿ ਦਾਣਾ ਮੰਡੀ ਜੈਮਲਵਾਲਾ ਜੋ ਕਿ ਚੱਕ ਖੇੜੇ ਵਾਲੇ ਪਿੰਡ ਨੂੰ ਲੱਗਦੀ ਸੀ ਤੇ ਪਿੰਡ ਦੇ ਲੋਕਾਂ ਨੂੰ ਆਪਣੀ ਫਸਲ ਲੈ ਕੇ ਜਾਣ ਲਈ ਵੀ ਘੁੰਮ ਕੇ ਜਾਣਾ ਪੈਂਦਾ ਸੀ ਤੇ ਇਸ ਪੁਲ ਦੇ ਬਣਨ ਨਾਲ ਇਨਾ ਪਿੰਡਾਂ ਦੇ ਲੋਕਾਂ ਨੂੰ ਬਹੁਤ ਫਾਇਦਾ ਹੋਵੇਗਾ। ਉਨ੍ਹਾਂ ਅੱਗੇ ਦੱਸਿਆ ਕਿ ਫਿਰੋਜ਼ਪੁਰ ਫਾਜ਼ਿਲਕਾ ਮੇਨ ਰੋਡ 86 ਕਰੋੜ 86 ਲੱਖ ਦੀ ਲਾਗਤ ਨਾਲ ਬਣੇਗਾ ਤੇ ਇਸ ਦਾ ਵਰਕ ਆਡਰ ਜਲਦੀ ਹੀ ਕੱਟਿਆ ਜਾ ਰਿਹਾ ਹੈ। ਇਹ ਰੋਡ 25 ਫਰਵਰੀ ਤੱਕ ਬਣਨੀ ਸ਼ੁਰੂ ਹੋ ਜਾਵੇਗੀ। ਉਹਨਾਂ ਇਹ ਵੀ ਦੱਸਿਆ ਕਿ ਜਲਾਲਾਬਾਦ ਸਿਵਲ ਹਸਪਤਾਲ ਵਿਖੇ ਵੈਂਟੀਲੇਟਰ ਵਰਗੀਆਂ ਮਸ਼ੀਨਾਂ ਲੱਗ ਗਈਆਂ ਹਨ ਤੇ ਹੋਰ ਵੀ ਲੈਪੋਥਰੈਪੀ ਆਦਿ ਮਸ਼ੀਨਾਂ ਜਲਦੀ ਹੀ ਹਸਪਤਾਲ ਵਿਖੇ ਲੱਗ ਜਾਣਗੀਆਂ। ਉਹਨਾਂ ਕਿਹਾ ਕਿ ਸਾਡੀ ਪੰਜਾਬ ਸਰਕਾਰ ਵੱਲੋਂ ਸਕੂਲ ਆਫ ਐਮੀਨੈਂਸ ਵੀ ਬਣਾਏ ਗਏ ਹਨ ਜੋ ਕਿ ਕਾਫੀ ਸਲਾਹੁਣ ਯੋਗ ਕੰਮ ਹਨ। ਉਹਨਾਂ ਕਿਹਾ ਕਿ ਜਲਾਲਾਬਾਦ ਬਾਈਪਾਸ ਦਾ ਟੈਂਡਰ ਲੱਗ ਗਿਆ ਤੇ ਜਲਦੀ ਹੀ ਇਹ ਬਾਈਪਾਸ ਬਣ ਕੇ ਤਿਆਰ ਹੋਵੇਗਾ ਤੇ ਇਸ ਬਾਈਪਾਸ ਦਾ ਨਾਮ ਸ਼ਹੀਦ ਊਧਮ ਸਿੰਘ ਮਾਰਗ ਦੇ ਨਾਂ 'ਤੇ ਰੱਖਿਆ ਜਾਵੇਗਾ। ਇਸ ਬਾਈਪਾਸ ਬਣਨ ਨਾਲ ਜਲਾਲਾਂਵਾਦ ਹਲਕੇ ਦੀ ਨੁਹਾਰ ਬਦਲੇਗੀ। ਇਸ ਮੌਕੇ ਚੇਅਰਮੈਨ ਦੇਵਰਾਜ ਸ਼ਰਮਾ ਸਮੇਤ ਆਪ ਆਗੂ ਆਦਿ ਹਾਜ਼ਰ ਸਨ!

## ਬੀ ਐੱਸ ਟ੍ਰੇਨਿੰਗ ਸੈਂਟਰ 'ਚ ਕੈਲੰਡਰ ਰਿਲੀਜ਼



**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਸ਼੍ਰੋਮਣੀ ਕਮੇਟੀ ਮੈਂਬਰ ਸੰਤ ਬਲਵੀਰ ਸਿੰਘ ਘੁੰਨਸ ਵੱਲੋਂ ਬੀ ਐਸ ਟ੍ਰੇਨਿੰਗ ਸੈਂਟਰ ਦੇ ਐਮ ਡੀ ਬਲਦੇਵ ਸਿੰਘ ਗਾਗੇਵਾਲ ਦੁਆਰਾ ਤਿਆਰ ਕੀਤਾ ਨਵਾਂ ਕੈਲੰਡਰ ਜਾਰੀ ਕੀਤਾ ਗਿਆ।ਸੰਤ ਘੁੰਨਸ ਨੇ ਪ੍ਰਬੰਧਕਾਂ ਨੂੰ ਵਧਾਈ ਦਿੰਦਿਆ ਕਿਹਾ ਕਿ ਸਿੱਖਿਆ ਸੰਸਥਾਵਾਂ ਨੌਜਵਾਨ ਪੀੜ੍ਹੀ ਨੂੰ ਸਹੀ ਦਿਸ਼ਾ ਦੇਣ ਚ ਅਹਿਮ ਭੂਮਿਕਾ ਨਿਭਾਉਂਦੀਆਂ ਹਨ। ਉਨ੍ਹਾਂ ਕਿਹਾ ਕਿ ਅੱਜ ਦੇ ਸਮੇਂ ਵਿੱਚ ਟ੍ਰੇਨਿੰਗ ਸੈਂਟਰਾਂ ਦੀ ਲੋੜ ਹੋਰ ਵੱਧ ਗਈ ਹੈ ਤਾਂ ਜੋ ਨੌਜਵਾਨ ਆਪਣੀ ਕਾਬਲੀਅਤ ਨੂੰ ਨਿਖਾਰ ਕੇ ਰੁਜ਼ਗਾਰ ਦੇ ਵਧੀਆ ਮੌਕੇ ਹਾਸਲ ਕਰ ਸਕਣ। ਉਨ੍ਹਾਂ ਬੀ ਐਸ ਟ੍ਰੇਨਿੰਗ ਦੇ ਉਪਰਾਲੇ ਦੀ ਸ਼ਲਾਘਾ ਕਰਦਿਆਂ ਆਸ ਜਤਾਈ ਕਿ ਇਹ ਸੰਸਥਾ ਖੇਤਰ ਦੇ ਨੌਜਵਾਨਾਂ ਲਈ ਲਾਭਕਾਰੀ ਸਾਬਤ ਹੋਵੇਗੀ। ਬੀ ਐਸ ਟ੍ਰੇਨਿੰਗ ਦੇ ਐਮ ਡੀ ਬਲਦੇਵ ਸਿੰਘ ਗਾਗੇਵਾਲ ਨੇ ਧੰਨਵਾਦ ਕਰਦਿਆ ਕਿਹਾ ਕਿ ਸੰਸਥਾ ਦਾ ਮੁੱਖ ਮਕਸਦ ਨੌਜਵਾਨਾਂ ਨੂੰ ਤਕਨੀਕੀ ਤੇ ਪ੍ਰੈਕਟੀਕਲ ਸਿਖਲਾਈ ਦੇ ਕੇ ਉਨ੍ਹਾਂ ਨੂੰ ਖੁਦਮੁਖਤਿਆਰ ਬਣਾਉਣਾ ਹੈ।ਉਨ੍ਹਾਂ ਭਰੋਸਾ ਦਿੱਤਾ ਕਿ ਭਵਿੱਖ ਵਿੱਚ ਹੋਰ ਵੀ ਨਵੇਂ ਕੋਰਸ ਸ਼ੁਰੂ ਕਰਕੇ ਵਿਦਿਆਰਥੀਆਂ ਨੂੰ ਵਧੀਆ ਮੌਕੇ ਮੁਹੱਈਆ ਕਰਾਏ ਜਾਣਗੇ।

## ਦੇਸ਼-ਵਿਆਪੀ ਹੜਤਾਲ 'ਚ ਸ਼ਾਮਲ ਹੋਣਗੇ ਥਰਮਲ ਮੁਲਾਜ਼ਮ



**ਲਹਿਰਾ ਮੁਹੱਬਤ (ਭੀਮ ਸੈਨ ਹਦਵਾਰੀਆ)**

ਇੰਪਲਾਈਜ਼ ਜੁਆਇੰਟ ਫੋਰਮ, ਬਿਜਲੀ ਮੁਲਾਜ਼ਮ ਏਕਤਾ ਮੰਚ ਅਤੇ ਜੇ ਈ ਐਸੋਸ਼ੀਏਸ਼ਨ, ਗਰਿਡ ਸਬ ਸਟੇਸ਼ਨ ਇੰਪਲਾਇਜ ਯੂਨੀਅਨ, ਪਾਵਰਕਾਮ ਦੀਆਂ 16 ਤੋਂ ਵੱਧ ਜਥੇਬੰਦੀਆਂ ਦੇ ਸਾਂਝੇ ਧੜੇ ਅਤੇ ਸਹਿਯੋਗੀ ਕਿਸਾਨ, ਮਜ਼ਦੂਰ ਤੇ ਮੁਲਾਜ਼ਮ ਜਥੇਬੰਦੀਆ ਦੇ ਸੱਦੇ 'ਤੇ ਬਿਜਲੀ ਮੁਲਾਜ਼ਮਾਂ ਨੇ ਥਰਮਲ ਲਹਿਰਾ ਮੁਹੱਬਤ ਦੇ ਮੇਨ ਗੇਟ 'ਤੇ ਰੈਲੀ ਕਰਕੇ ਮੋਦੀ ਸਰਕਾਰ ਵੱਲੋਂ ਵੱਖ-ਵੱਖ ਸੂਬਿਆਂ ਦੇ ਬਿਜਲੀ ਬੋਰਡਾਂ ਨੂੰ ਨਿੱਜੀ ਹੱਥਾਂ 'ਚ ਦੇਣ ਲਈ ਬਿਜਲੀ ਬਿੱਲ-2025 ਨੂੰ ਲੋਕ ਸਭਾ 'ਚ ਪਾਸ ਕਰਾਉਣ ਵਿਰੁੱਧ 12 ਫਰਵਰੀ ਦੀ ਦੇਸ਼ ਵਿਆਪੀ ਹੜਤਾਲ ਵਿੱਚ ਵੱਡੀ ਗਿਣਤੀ ਵਿੱਚ ਸ਼ਾਮਲ ਹੋਣ ਦਾ ਐਲਾਨ ਕਰਦਿਆਂ ਨਾਅਰੇਬਾਜ਼ੀ ਕੀਤੀ।

ਰੈਲੀ ਦੌਰਾਨ ਲਖਵੰਤ ਸਿੰਘ ਬਾਡੀ, ਰਜਿੰਦਰ ਸਿੰਘ ਨਿੰਮਾ, ਰਘਬੀਰ ਸਿੰਘ ਸੈਣੀ, ਰਵੀਪਾਲ ਸਿੰਘ ਸਿੱਧੂ, ਗਰਿਡ ਸਬ-ਸਟੇਸ਼ਨ ਜਥੇਬੰਦੀ ਵੱਲੋਂ ਰਣਜੀਤ ਸਿੰਘ, ਜੀ.ਐਚ.ਟੀ.ਪੀ. ਕੰਟਰੈਕਟਰ ਵਰਕਰ ਯੂਨੀਅਨ (ਏਟਕ) ਦੇ ਪ੍ਰਧਾਨ ਸੁਖਵਿੰਦਰ ਸਿੰਘ ਤੇ ਸਹਾਇਕ ਸਕੱਤਰ ਗੁਰਸੇਵਕ ਸਿੰਘ ਨੇ ਸੰਬੋਧਨ ਕਰਦਿਆ ਕਿਹਾ ਕਿ ਮੋਦੀ ਸਰਕਾਰ ਜਦੋਂ ਦੀ ਹੋਂਦ ਵਿੱਚ ਆਈ ਹੈ, ਉਸ ਸਮੇਂ ਤੋਂ ਹੀ ਦੇਸ਼ ਦੇ ਲਾਭ ਕਮਾਉਣ ਵਾਲੇ ਪਬਲਿਕ ਅਦਾਰੇ ਜਿਵੇਂ ਬਿਜਲੀ, ਏਅਰਲਾਈਨ, ਰੇਲਵੇ, ਸੜਕਾਂ, ਖਣਿਜ ਪਦਾਰਥ, ਟੈਲੀਕਾਮ, ਬੈਕਿੰਗ ਸੈਕਟਰ, ਤੇਲ ਪਦਾਰਥਾਂ ਆਦਿ ਦਾ ਨਿੱਜੀਕਰਨ ਤੇਜੀ ਨਾਲ ਕੀਤਾ ਜਾ ਰਿਹਾ ਹੈ। ਦੇਸ਼ ਵਿੱਚ ਪ੍ਰਚੱਲਤ ਲੇਬਰ ਕਾਨੂੰਨਾਂ ਨੂੰ ਖਤਮ ਕਰਕੇ ਚਾਰ ਨਵੇਂ ਕਾਨੂੰਨ ਬਣਾ ਦਿੱਤੇ ਹਨ। ਲੇਬਰ ਕਾਨੂੰਨ ਨਾਲ ਪ੍ਰਾਈਵੇਟ ਕੰਪਨੀਆਂ 12-12 ਘੰਟੇ ਕੰਮ ਲੈ ਕੇ ਨਿਗੂਣੀ ਤਨਖਾਹ ਦੇ ਕੇ ਸੋਸ਼ਣ ਕਰਨਗੀਆਂ। ਥਰਮਲ ਮੁਲਾਜ਼ਮ ਜਥੇਬੰਦੀਆਂ ਪਿਛਲੇ 20-20 ਸਾਲਾਂ ਤੋਂ ਥਰਮਲ ਪਲਾਂਟਾ ਵਿੱਚ ਕੰਮ ਕਰਦੇ ਆਊਟਸੋਰਸਿੰਗ ਕਾਮਿਆਂ ਨੂੰ ਪੱਕੇ ਕਰਾਉਣ ਲਈ ਸੰਘਰਸ਼ ਕਰ ਰਹੀਆਂ ਹਨ, ਪਰ ਦੂਜੇ ਪਾਸੇ ਸਰਕਾਰੀ ਅਦਾਰੇ ਖਤਮ ਕੀਤੇ ਜਾ ਰਹੇ ਹਨ। ਦੇਸ਼ ਦੇ ਨੌਜਵਾਨ ਬੇਰੁਜ਼ਗਾਰ ਹੋਣ ਕਰਕੇ ਨਸ਼ਿਆਂ ਵੱਲ ਵਧ ਰਹੇ ਹਨ। ਥਰਮਲ ਆਗੂਆਂ ਨੇ ਥਰਮਲ ਪਲਾਂਟਾਂ ਵਿੱਚ ਕੰਮ ਕਰਦੇ ਆਊਟਸੋਰਸਿੰਗ ਕਾਮਿਆਂ ਨੂੰ ਪੱਕੇ ਕਰਨ, ਪੁਰਾਣੀ ਪੈਨਸ਼ਨ ਸਕੀਮ ਬਹਾਲ ਕਰਨ, ਡੀ ਏ ਦਾ ਬਕਾਇਆ ਰਿਲੀਜ਼ ਕਰਨ, ਬੀਜ ਬਿਲ, ਸ੍ਰੀ ਰਾਮ ਜੀ ਸਕੀਮ ਵਾਪਸ ਲੈਣ ਅਤੇ ਪਾਵਰਕਾਮ ਜਥੇਬੰਦੀਆਂ ਦੀ 14 ਜਨਵਰੀ ਨੂੰ ਮੈਨਜਮੈਂਟ ਨਾਲ ਮੰਗਾਂ 'ਤੇ ਹੋਈਆਂ ਸਹਿਮਤੀਆਂ ਲਾਗੂ ਕਰਨ ਦੀ ਮੰਗ ਕੀਤੀ।

## 14 ਨੂੰ ਸਿਵਲ ਹਸਪਤਾਲ 'ਚ ਲੱਗੇਗਾ ਕੈਂਪ

**ਜਲਾਲਾਬਾਦ (ਨਿਸ਼ਾ ਸ਼ਰਮਾ)**-ਪੰਜਾਬ ਸਰਕਾਰ ਵੱਲੋਂ 'ਸਾਡੇ ਬਜ਼ੁਰਗ ਸਾਡਾ ਮਾਣ' ਮੁਹਿੰਮ ਤਹਿਤ ਲਗਾਏ ਜਾ ਰਹੇ ਕੈਂਪਾਂ ਦੀ ਲਗਾਤਾਰਤਾ 'ਚ 14 ਫਰਵਰੀ ਨੂੰ ਸਿਵਲ ਹਸਪਤਾਲ ਜਲਾਲਾਬਾਦ(ਬਾਬਾ ਫਰੀਦ) ਵਿਖੇ ਕੈਂਪ ਲਗਾਇਆ ਜਾਵੇਗਾ। ਇਹ ਜਾਣਕਾਰੀ ਵਿਧਾਇਕ ਜਲਾਲਾਬਾਦ ਸ੍ਰੀ ਜਗਦੀਪ ਕੰਬੋਜ ਗੋਲਡੀ ਵੱਲੋਂ ਦਿੱਤੀ ਗਈ। ਉਨ੍ਹਾਂ ਕਿਹਾ ਕਿਸਾਡੇ ਬਜ਼ੁਰਗ ਸਾਡਾ ਮਾਣ ਹਨ ਅਤੇ ਬਜ਼ੁਰਗਾਂ ਦੀ ਦੇਖਭਾਲ, ਸਤਿਕਾਰ ਤੇ ਸੇਵਾ ਕਰਨਾ ਸਾਡਾ ਸਾਰਿਆਂ ਦਾ ਮੁੱਢਲਾ ਫ਼ਰਜ਼ ਹੈ।

ਉਨ੍ਹਾਂ ਕਿਹਾ ਕਿ ਸਾਡੇ ਬਜ਼ੁਰਗ ਸਾਡਾ ਮਾਣ ਤਹਿਤ ਬਜ਼ੁਰਗ ਨਾਗਰਿਕਾਂ ਨੂੰ ਸੁਖਾਵੇ ਮਾਹੌਲ ਵਿਚ ਵੱਖ-ਵੱਖ ਸੇਵਾਵਾਂ ਇਕ ਛੱਤ ਹੇਠ ਦੇਣ ਲਈ ਲੜੀਵਾਰ ਕੈਂਪ ਲਗਾਏ ਜਾ ਰਹੇ ਹਨ।ਉਨ੍ਹਾਂ ਜ਼ਿਲ੍ਹੇ ਦੇ ਬਜ਼ੁਰਗ ਨਾਗਰਿਕਾਂ ਨੂੰ ਕੈਂਪ ਦਾ ਵੱਧ ਤੋਂ ਵੱਧ ਫਾਇਦਾ ਲੈਣ ਦੀ ਅਪੀਲ ਕੀਤੀ ਗਈ।ਜ਼ਿਲ੍ਹਾ ਸਮਾਜਿਕ ਸੁਰੱਖਿਆ ਅਫ਼ਸਰ ਸ਼੍ਰੀ ਨਵੀਨ ਗਡਵਾਲ ਨੇ ਦੱਸਿਆ ਕਿ 14 ਫਰਵਰੀ ਨੂੰ ਸਿਵਲ ਹਸਪਤਾਲ ਜਲਾਲਾਬਾਦ (ਬਾਬਾ ਫ਼ਰੀਦ) ਵਿਖੇ ਕੈਂਪ ਸਵੇਰੇ 9.00 ਵਜੇ ਤੋਂ ਬਾਅਦ ਦੁਪਹਿਰ 3 ਵਜੇ ਤੱਕ ਲਾਇਆ ਜਾਵੇਗਾ।

## ਬਾਬਾ ਫ਼ਰੀਦ 'ਵਰਸਿਟੀ ਵੱਲੋਂ 20 ਰੋਜ਼ਾ ਇੰਡਕਸ਼ਨ ਟ੍ਰੇਨਿੰਗ ਪ੍ਰੋਗਰਾਮ ਦਾ ਆਗਾਜ਼



**ਫਰੀਦਕੋਟ (ਐਲਿਗਜੈਂਡਰ ਡਿਸੂਜਾ)**-ਬਾਬਾ ਫਰੀਦ ਯੂਨੀਵਰਸਿਟੀ ਆਫ ਹੈਲਥ ਸਾਇੰਸਿਜ਼, ਫਰੀਦਕੋਟ ਵੱਲੋਂ ਸਿਹਤ ਵਿਭਾਗ ਦੇ ਨਵ-ਨਿਯੁਕਤ ਸਟਾਫ ਨੂੰ ਪੇਸ਼ੇਵਰ ਹੁਨਰ ਵਿੱਚ ਮਾਹਰ ਬਣਾਉਣ ਲਈ ਇੰਡਕਸ਼ਨ ਟ੍ਰੇਨਿੰਗ ਪ੍ਰੋਗਰਾਮ ਦੀ ਸ਼ੁਰੂਆਤ ਕੀਤੀ ਗਈ ਹੈ। ਇਹ ਪ੍ਰੋਗਰਾਮ ਯੂਨੀਵਰਸਿਟੀ ਦੇ ਵਾਈਸ ਚਾਂਸਲਰ ਡਾ. ਰਾਜੀਵ ਸੂਦ, ਰਜਿਸਟ੍ਰਾਰ ਅਰਵਿੰਦ ਕੁਮਾਰ ਅਤੇ ਮੈਡੀਕਲ ਸੁਪਰਿੰਟੈਂਡੈਂਟ ਡਾ. ਨੀਤੂ ਕੁੱਕੜ ਦੀ ਰਹਿਨੁਮਾਈ ਹੇਠ ਉਲੀਕਿਆ ਗਿਆ ਹੈ, ਜਿਸ ਦਾ ਮੁੱਖ ਮਕਸਦ ਮਰੀਜ਼ਾਂ ਨੂੰ ਉੱਚ-ਪੱਧਰੀ ਸਿਹਤ ਸੇਵਾਵਾਂ ਮੁਹੱਈਆ ਕਰਵਾਉਣਾ ਹੈ। ਤਿੰਨ ਬੈਚਾਂ ਵਿੱਚ 150 ਕਰਮਚਾਰੀ ਲੈਣਗੇ ਸਿਖਲਾਈ। ਇਹ ਟ੍ਰੇਨਿੰਗ ਪ੍ਰੋਗਰਾਮ 9 ਫਰਵਰੀ ਤੋਂ 28 ਫਰਵਰੀ 2026 ਤੱਕ ਜਾਰੀ ਰਹੇਗਾ।ਇਸ ਵਿੱਚ ਕੁੱਲ 150 ਸਟਾਫ ਮੈਂਬਰਾਂ ਨੂੰ ਸ਼ਾਮਲ ਕੀਤਾ ਗਿਆ ਹੈ, ਜਿਨ੍ਹਾਂ ਨੂੰ 50-50 ਦੇ ਤਿੰਨ ਬੈਚਾਂ ਵਿੱਚ ਵੰਡਿਆ ਗਿਆ ਹੈ।ਹਰ ਬੈਚ ਨੂੰ ਇੱਕ ਹਫ਼ਤੇ ਦੀ ਸਖ਼ਤ ਸਿਧਾਂਤਕ ਅਤੇ ਵਿਹਾਰਕ (ਪ੍ਰੈਕਟੀਕਲ) ਸਿਖਲਾਈ ਦਿੱਤੀ ਜਾਵੇਗੀ।ਪ੍ਰੋਗਰਾਮ ਦੇ ਪਹਿਲੇ ਦਿਨ ਪ੍ਰਿੰਸੀਪਲ ਡਾ. ਹਰਦੀਪ ਕੌਰ ਮਲ ਨੇ 'ਮਰੀਜ਼ਾਂ ਦੇ ਅਧਿਕਾਰਾਂ' ਬਾਰੇ ਅਹਿਮ ਜਾਣਕਾਰੀ ਸਾਂਝੀ ਕੀਤੀ।ਵਿੰਗ ਕਮਾਂਡਰ ਡਾ. ਉਰਵਾਸ਼ੀ ਨੇ ਮਰੀਜ਼ਾਂ ਅਤੇ ਉਨ੍ਹਾਂ ਦੇ ਪਰਵਾਰਾਂ ਨਾਲ ਪ੍ਰਭਾਵਸ਼ਾਲੀ ਸੰਚਾਰ ਅਤੇ ਹਮਦਰਦੀ ਭਰੇ ਵਿਵਹਾਰ ਬਾਰੇ ਸੈਸ਼ਨ ਲਿਆ।ਇਸ ਸਿਖਲਾਈ ਦੌਰਾਨ ਮਨਪ੍ਰੀਤ ਕੌਰ, ਸ਼ਾਮਿੰਦਰ ਕੌਰ, ਹਰਪ੍ਰੀਤ ਕੌਰ, ਜਸਮੀਨ ਕੌਰ, ਹਰਮੀਤ ਕੌਰ ਅਤੇ ਜਸਕੀਰਨ ਕੌਰ ਨੇ ਬਤੌਰ ਟ੍ਰੇਨਰ ਸੇਵਾਵਾਂ ਨਿਭਾਈਆਂ।ਪ੍ਰੋਗਰਾਮ ਦਾ ਸਫਲ ਸੰਚਾਲਨ ਐਸੋਸੀਏਟ ਪ੍ਰੋਫੈਸਰ ਡਾ. ਮੰਦੀਪ ਕੌਰ ਅਤੇ ਅਸਿਸਟੈਂਟ ਪ੍ਰੋਫੈਸਰ ਗੁਰਬੀਰ ਕੌਰ ਵੱਲੋਂ ਕੀਤਾ ਗਿਆ।ਅੰਤ ਵਿੱਚ ਪ੍ਰਿੰਸੀਪਲ ਡਾ. ਹਰਦੀਪ ਕੌਰ ਨੇ ਨਵੇਂ ਸਟਾਫ ਨੂੰ ਪ੍ਰੇਰਿਤ ਕਰਦਿਆਂ ਕਿਹਾ ਕਿ ਅਜਿਹੀਆਂ ਟ੍ਰੇਨਿੰਗਾਂ ਸਿਹਤ ਪ੍ਰਣਾਲੀ ਦੇ ਮਿਆਰ ਨੂੰ ਉੱਚਾ ਚੁੱਕਣ ਵਿੱਚ ਮੀਲ ਦਾ ਪੱਥਰ ਸਾਬਤ ਹੁੰਦੀਆਂ ਹਨ।

## ਟੌਹੜਾ ਕਬੱਡੀ ਕੱਪ ਦੀ ਸਾਲ 2026-27 ਲਈ ਹੋਈ ਸਾਲਾਨਾ ਚੋਣ



**ਨਾਭਾ (ਵਰਿੰਦਰ ਵਰਮਾ)**-ਪੰਥ ਰਤਨ ਜਥੇਦਾਰ ਗੁਰਚਰਨ ਸਿੰਘ ਟੌਹੜਾ ਦੀ ਯਾਦ ਵਿਚ ਹੋਣ ਵਾਲੇ ਸਲਾਨਾ ਟੌਹੜਾ ਕਬੱਡੀ ਕੱਪ ਦੀ ਚੋਣ ਅੱਜ ਕੋਹਿਨੂਰ ਫਾਰਮ ਸਕਰਾਲੀ ਵਿਖੇ ਸਤਵਿੰਦਰ ਸਿੰਘ ਟੌਹੜਾ ਮੈਂਬਰ ਸ਼੍ਰੋਮਣੀ ਕਮੇਟੀ ਦੀ ਪ੍ਰਧਾਨਗੀ ਹੇਠ ਹੋਈ, ਜਿਸ ਵਿਚ ਪਿਛਲੇ ਸਾਲ ਦੀਆਂ ਗਤੀਵਿਧੀਆਂ ਦਾ ਲੇਖਾ ਜੋਖਾ ਅਤੇ ਇਸ ਸਾਲ ਕਰਵਾਉਣ ਵਾਲੇ ਪ੍ਰੋਗਰਾਮਾਂ ਦੀ ਰੂਪ-ਰੇਖਾ ਸਬੰਧੀ ਵਿਚਾਰ ਵਟਾਂਦਰਾ ਵੀ ਕੀਤਾ ਗਿਆ।

ਇਸ ਤੋਂ ਇਲਾਵਾ ਨਵੇਂ ਅਹੁਦੇਦਾਰਾਂ ਦੀ ਚੋਣ ਸਰਵ-ਸੰਮਤੀ ਨਾਲ ਕੀਤੀ ਗਈ, ਜਿਸ ਵਿਚ ਮੈਨੇਜਰ ਅਮਰੀਕ ਸਿੰਘ ਰੋਹਟਾ ਨੂੰ ਸਾਲ 2026-27 ਲਈ ਪ੍ਰਧਾਨ, ਇੰਡਸਟਰਲਿਸਟ ਰਾਜਵਿੰਦਰ ਸਿੰਘ ਭੰਗੂ ਨੂੰ ਸੀਨੀਅਰ ਮੀਤ ਪ੍ਰਧਾਨ, ਪ੍ਰੀਤ ਬਤਰਾ ਨੂੰ ਜਨਰਲ ਸਕੱਤਰ ਅਤੇ ਗੁਰਜੀਤ ਸਿੰਘ ਨੂੰ ਮੀਤ ਪ੍ਰਧਾਨ, ਕਾਨੂੰਨੀ ਸਲਾਹਕਾਰ ਲਈ ਐਡਵੋਕੇਟ ਸੁਖਬੀਰ ਸਿੰਘ ਖਾਂਸੀਆ ਨੂੰ ਚੁਣਿਆ ਗਿਆ।ਇਸ ਤਰ੍ਹਾ ਵਿਦੇਸ਼ ਦੀ ਯੂਨਿਟ ਲਈ ਵੀ ਅਹੁਦੇਦਾਰ ਨਾਮਜ਼ਦ ਕੀਤੇ ਗਏ, ਜਿਸ ਵਿਚ ਸਤਵਿੰਦਰ ਸਿੰਘ ਸ਼ੇਰਗਿਲ ਨੂੰ ਪ੍ਰਧਾਨ ਇੰਗਲੈਂਡ ਯੂਨਿਟ, ਰੁਪਿੰਦਰ ਸਿੰਘ ਗਿੱਲ ਨੂੰ ਪ੍ਰਧਾਨ ਅਤੇ ਜਗਵਿੰਦਰ ਸਿੰਘ ਸ਼ੇਰਗਿਲ ਨੂੰ ਸੀਨੀਅਰ ਮੀਤ ਪ੍ਰਧਾਨ ਕੈਨੇਡਾ ਯੂਨਿਟ, ਫਤਿਹ ਸਿੰਘ ਮਾਨ ਨੂੰ ਪ੍ਰਧਾਨ ਆਸਟਰੇਲੀਆ ਯੂਨਿਟ, ਅਰਪਨਦੀਪ ਸਿੰਘ ਨੂੰ ਪ੍ਰਧਾਨ ਨਿਊਜੀਲੈਂਡ ਯੂਨਿਟ, ਸੁਖਵਿੰਦਰ ਸਿੰਘ ਨੂੰ ਪ੍ਰਧਾਨ ਅਮਰੀਕਾ ਯੂਨਿਟ, ਇਕਬਾਲ ਸਿੰਘ ਜਰਮਨ ਨੂੰ ਪ੍ਰਧਾਨ ਯੂਰਪ ਯੂਨਿਟ ਨਾਮਜ਼ਦ ਕੀਤਾ ਗਿਆ। ਇਸ ਤੋਂ ਇਲਾਵਾ ਇਨ੍ਹਾਂ ਨੂੰ ਬਾਕੀ ਅਹੁਦੇਦਾਰ ਬਣਾਉਣ ਦੇ ਅਧਿਕਾਰ ਵੀ ਸੌਂਪੇ ਗਏ ਹਨ। ਇਸ ਮੌਕੇ ਟੌਹੜਾ ਕਬੱਡੀ ਕੱਪ ਕਰਵਾਉਣ ਲਈ ਅਤੇ ਖਿਡਾਰੀਆਂ ਨਾਲ ਤਾਲਮੇਲ ਕਰਨ ਲਈ ਇਕ ਕਮੇਟੀ ਵੀ ਬਣਾਈ ਗਈ, ਜਿਸ ਵਿਚ ਬਬਲੀ ਨਾਭਾ, ਲੈਕਚਰਾਰ ਗੁਰਪ੍ਰੀਤ ਸਿੰਘ ਜਿੰਦਲਪੁਰ, ਪੀਟੀ ਕਰਮਜੀਤ ਸਿੰਘ ਟੌਹੜਾ, ਕੁਲਦੀਪ ਸਿੰਘ ਘੜ੍ਹਕੀ, ਜਗਤਾਰ ਸਿੰਘ ਸਿੱਧੂ, ਕੋਚ ਗੁਰਪ੍ਰੀਤ ਦਿੱਤੂਪੁਰ, ਖਿਡਾਰੀ ਫੰਤ ਮਟੋਰੜਾ, ਸੁਖੀ ਇਛੇਵਾਲ, ਭੁਪਿੰਦਰ ਡਕਾਲਾ ਕਬੱਡੀ ਖਿਡਾਰੀ ਚੁਣੇ ਗਏ, ਜੋ ਕਿ ਖਿਡਾਰੀਆਂ ਤੇ ਕੋਚਾਂ ਨਾਲ ਮਿਲਕੇ ਖੇਡਣ ਵਾਲੀ ਟੀਮਾਂ ਦੀ ਚੋਣ ਕਰਨਗੇ।ਇਸ ਮੌਕੇ ਰਣਧੀਰ ਸਿੰਘ ਢੀਂਡਸਾ, ਡਾ. ਪ੍ਰਦੀਪ ਕੁੰਦਰਾ, ਜਸਪਾਲ ਸਿੰਘ ਕਲਿਆਣ ਸਾਬਕਾ ਚੇਅਰਮੈਨ ਜਿਲਾ ਪਰਿਸ਼ਦ ਪਟਿਆਲਾ, ਹਰਬੰਸ ਸਿੰਘ ਭੂਰਾ ਗਿਲ, ਮਲਕੀਤ ਸਿੰਘ ਵਜੀਦੜੀ, ਮਾਸਟਰ ਜਸਪਾਲ ਸਿੰਘ ਧਾਰੋਕੀ, ਬਹਾਦਰ ਸਿੰਘ ਟੌਹੜਾ, ਹਰਭਜਨ ਸਿੰਘ ਟੌਹੜਾ, ਅੰਗਰੇਜ ਸਿੰਘ ਸਰਪੰਚ ਆਸੇਵਾਲ, ਮਹਿੰਗਾ ਸਿੰਘ ਭੜੀ, ਜਸਪ੍ਰੀਤ ਸਿੰਘ ਟਿਵਾਣਾ ਇਟਲੀ, ਰਣਧੀਰ ਸਿੰਘ ਸਰਪੰਚ ਰਾਏਮਲ ਮਾਜਰੀ, ਗੁਰਵਿੰਦਰ ਸਿੰਘ ਵੈਦਵਾਨ, ਹਰਿੰਦਰ ਸਿੰਘ ਸਰਪੰਚ ਭੜੀ, ਲਖਵਿੰਦਰ ਸਿੰਘ ਖੱਟੜਾ, ਅਮਰਿੰਦਰ ਸਿੰਘ ਸਰਪੰਚ ਖੋਖ, ਗੁਰਧਿਆਨ ਸਿੰਘ ਸਰਪੰਚ ਕਾਲਸਨਾ, ਅਮਨਦੀਪ ਸਿੰਘ ਸਰਪੰਚ ਵਜੀਦੜੀ, ਸਤਗੁਰ ਸਿੰਘ ਨਿਰਮਾਣਾ, ਜਥੇਦਾਰ ਪਿਆਰਾ ਸਿੰਘ ਮੋਹਲਗਵਾਰਾ, ਜਥੇਦਾਰ ਹਰਮੇਲ ਸਿੰਘ ਗੋਬਿੰਦਪੁਰਾ, ਜਗਤਾਰ ਸਿੰਘ ਮਾਜਰੀ ਅਕਾਲੀਆਂ, ਮਾਸਟਰ ਅੰਮ੍ਰਿਤਪਾਲ ਸਿੰਘ ਕਮੇਲੀ, ਭਗਵੰਤ ਸਿੰਘ ਮੂੰਡਖੇੜਾ, ਬੇਅੰਤ ਸਿੰਘ ਲੌਟ, ਭਗਵੰਤ ਸਿੰਘ ਰਾਏਸਲ, ਨਿਸ਼ਾਨ ਸਿੰਘ ਸਹੋਲੀ, ਮਨਮੋਹਣ ਸਿੰਘ ਟੌਹੜਾ, ਨਿਰਮਲ ਸਿੰਘ ਟੌਹੜਾ, ਸੰਤ ਸਿੰਘ ਅਤੇ ਹੋਰ ਵੱਡੀ ਗਿਣਤੀ ਵਿਚ ਮੈਂਬਰ ਹਾਜਰ ਸਨ।

## ਮੁੱਖ ਮੰਤਰੀ ਸਿਹਤ ਯੋਜਨਾ ਤਹਿਤ ਰਜਿਸਟ੍ਰੇਸ਼ਨ ਜਾਰੀ



**ਫ਼ਾਜ਼ਿਲਕਾ (ਨਿਸ਼ਾ ਸ਼ਰਮਾ)**-ਪੰਜਾਬ ਸਰਕਾਰ ਵੱਲੋਂ ਲੋਕਾਂ ਨੂੰ ਬਿਹਤਰ ਸਿਹਤ ਸਹੂਲਤਾਂ ਪ੍ਰਦਾਨ ਕਰਨ ਦੇ ਉਦੇਸ਼ ਨਾਲ ਸ਼ੁਰੂ ਕੀਤੀ ਗਈ ਮੁੱਖ ਮੰਤਰੀ ਸਿਹਤ ਯੋਜਨਾ ਤਹਿਤ ਜ਼ਿਲ੍ਹੇ ਵਿੱਚ ਮੁੱਖ ਮੰਤਰੀ ਸਿਹਤ ਯੋਜਨਾ ਦੇ ਕਾਰਡ ਬਣ ਰਹੇ ਹਨ।ਇਸੇ ਤਹਿਤ ਪਿੰਡ ਜੋਧਾ ਭੈਣੀ, ਢਾਣੀ ਫੂਲਾ ਸਿੰਘ ਤੇ ਸਰਕਾਰੀ ਪ੍ਰਾਇਮਰੀ ਸਮਾਰਟ ਸਕੂਲ ਬੱਘੇ ਕੇ ਉਤਾੜ ਤੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਲੜਕੇ ਵਿਖੇ ਮੁੱਖ ਮੰਤਰੀ ਸਿਹਤ ਯੋਜਨਾ ਦੇ ਕੈਂਪ ਲਾਏ ਗਏ, ਜਿਨ੍ਹਾਂ ਦਾ ਜਾਇਜ਼ਾ ਲੈਣ ਫਾਜ਼ਿਲਕਾ ਦੇ ਡਿਪਟੀ ਕਮਿਸ਼ਨਰ ਅਮਰਪ੍ਰੀਤ ਕੌਰ ਸੰਧੂ ਪਹੁੰਚੇ।ਇਸ ਮੌਕੇ ਉਨ੍ਹਾਂ ਨਾਲ ਵਧੀਕ ਡਿਪਟੀ ਕਮਿਸ਼ਨਰ (ਜਨ.) ਮਨਦੀਪ ਕੌਰ, ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਸੁਭਾਸ਼ ਚੰਦਰ ਤੇ ਐੱਸ ਡੀ ਐਮ ਜਲਾਲਾਬਾਦ ਕੰਵਰਜੀਤ ਸਿੰਘ ਮਾਨ ਵੀ ਮੌਜੂਦ ਸਨ।ਡਿਪਟੀ ਕਮਿਸ਼ਨਰ ਨੇ ਮੁੱਖ ਮੰਤਰੀ ਸਿਹਤ ਯੋਜਨਾ ਤਹਿਤ ਲੱਗੇ ਕੈਂਪਾਂ ਵਿੱਚ ਮੌਜੂਦ ਅਧਿਕਾਰੀਆਂ ਨੂੰ ਸਖਤ ਨਿਰਦੇਸ਼ ਦਿੱਤੇ ਕਿ ਹਰੇਕ ਯੋਗ ਲਾਭਪਾਤਰੀ ਦਾ ਮੁੱਖ ਮਤਰੀ ਸਿਹਤ ਯੋਜਨਾ ਦਾ ਕਾਰਡ ਬਣਵਾਇਆ ਜਾਵੇ ਤੇ ਇਸ ਕਾਰਡ ਤੇ ਮਿਲਣ ਵਾਲੇ ਸਿਹਤ ਲਾਭਾਂ ਬਾਰੇ ਵੱਧ ਤੋਂ ਵੱਧ ਲੋਕਾਂ ਨੂੰ ਜਾਗਰੂਕ ਕੀਤਾ ਜਾਵੇ ਤਾਂ ਜੋ ਲੋਕ ਮੁੱਖ ਮੰਤਰੀ ਸਿਹਤ ਯੋਜਨਾ ਦੇ ਕਾਰਡ ਦੀ ਵਰਤੋਂ ਕਰਕੇ ਆਪਣਾ ਇਲਾਜ ਕਰਵਾ ਸਕਣ।ਉਨ੍ਹਾਂ ਕੈਂਪ ਵਿੱਚ ਮੌਜੂਦ ਪਰਵਾਰਾਂ ਦੇ ਮੈਂਬਰਾਂ ਨੂੰ ਕਿਹਾ ਕਿ ਇਸ ਮੁੱਖ ਮੰਤਰੀ ਸਿਹਤ ਯੋਜਨਾ ਦੇ ਕਾਰਡ ਤੇ ਹਰੇਕ ਪਰਿਵਾਰ ਦਾ ਸਾਲਾਨਾ 10 ਲੱਖ ਰੁਪਏ ਦਾ ਸਰਕਾਰੀ ਤੇ ਮਨਜ਼ੂਰਸ਼ੁਦਾ ਪ੍ਰਾਈਵੇਟ ਹਸਪਤਾਲ ਵਿੱਚ ਮੁਫ਼ਤ ਇਲਾਜ ਹੋਵੇਗਾ।ਇਸ ਲਈ ਉਹ ਪੰਜਾਬ ਸਰਕਾਰ ਵੱਲੋਂ ਸ਼ੁਰੂ ਇਸ ਸਕੀਮ ਦਾ ਵੱਧ ਤੋਂ ਵੱਧ ਲਾਭ ਉਠਾਉਣ।

# 17 ਨੂੰ ਦਫਤਰੀ ਮੁਲਾਜ਼ਮ ਮੋਹਾਲੀ ਵਿਖੇ ਡੀ ਪੀ ਆਈ ਦਫਤਰ ਦਾ ਕਰਨਗੇ ਘਿਰਾਓ

ਧਾਰੀਵਾਲ, (ਮਨਦੀਪ ਵਿੱਕੀ)- ਐਲੀਮੈਂਟਰੀ ਟੀਚਰਜ਼ ਯੂਨੀਅਨ ਪੰਜਾਬ ਜ਼ਿਲ੍ਹਾ ਗੁਰਦਾਸਪੁਰ ਦੇ ਪ੍ਰਧਾਨ ਅਸ਼ਵਨੀ ਫੱਜੂਪੁਰ ਅਤੇ ਦਫਤਰੀ ਕਰਮਚਾਰੀ ਯੂਨੀਅਨ ਦੇ ਆਗੂ ਵਿਨੈ ਕੁਮਾਰ ਨੇ ਕਿਹਾ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਕੈਬਨਿਟ ਵੱਲੋਂ 08/09/2025 ਫੈਸਲਾ ਲੈਣ ਅਤੇ ਉਸ ਤੋਂ ਬਾਅਦ ਵਿੱਤ ਮੰਤਰੀ ਹਰਪਾਲ ਚੀਮਾ ਵੱਲੋਂ ਸਿੱਖਿਆ ਵਿਭਾਗ ਦੇ ਅਧਿਕਾਰੀਆ ਨੂੰ ਨਿਰਦੇਸ਼ ਜਾਰੀ ਕਰਨ ਦੇ 6 ਮਹੀਨੇ ਬੀਤਣ ਤੇ ਵੀ ਫੈਸਲੇ 'ਤੇ ਕੋਈ ਕਾਰਵਾਈ ਨਾ ਹੋਣਾ ਸੂਬੇ ਦੀ ਸਰਕਾਰ ਦੀ ਕਾਰਗੁਜ਼ਾਰੀ ਦਾ ਮੁਲਾਜ਼ਮ ਵਿਰੋਧੀ ਚਿਹਰਾ ਸਾਫ ਸਾਫ ਦਰਸਾਉਂਦਾ ਹੈ ਕਿ ਸਮੱਗਰਾ ਸਿੱਖਿਆ ਅਭਿਆਨ ਤਹਿਤ ਕੰਮ ਕਰਦੇ ਦਫਤਰੀ ਮੁਲਾਜ਼ਮਾਂ ਨੂੰ ਰੈਗੂਲਰ ਕਰਨ ਸਬੰਧੀ ਕੈਬਨਿਟ ਮੀਟਿੰਗ ਵਿੱਚ ਫੈਸਲਾ ਲੈਣ ਦੇ ਬਾਵਜੂਦ ਵੀ ਛੇ ਮਹੀਨਿਆਂ ਵਿੱਚ ਸਿੱਖਿਆ ਵਿਭਾਗ ਦੀ ਅਫਸਰਸ਼ਾਹੀ ਵੱਲੋਂ ਕੋਈ ਠੋਸ ਕਾਰਵਾਈ ਨਹੀਂ ਕੀਤੀ ਗਈ। ਇਸ ਦੇ ਨਾਲ ਹੀ ਕੈਬਨਿਟ ਮੀਟਿੰਗ ਦੌਰਾਨ ਮੁੱਖ ਮੰਤਰੀ ਭਗਵੰਤ ਮਾਨ ਅਤੇ ਕੈਬਨਿਟ ਮੀਟਿੰਗ ਤੋਂ ਬਾਅਦ ਵਿੱਚ ਮੰਤਰੀ ਹਰਪਾਲ ਸਿੰਘ ਚੀਮਾ, ਸਿੱਖਿਆ ਮੰਤਰੀ ਹਰਜੋਤ ਬੈਂਸ ਨੇ ਕਈ ਵਾਰ ਅਧਿਕਾਰੀਆਂ ਨੂੰ ਤਨਖਾਹਾਂ ਨਾ ਘਟਾਉਣ ਅਤੇ ਠੋਸ ਫੈਸਲਾ ਲੈਣ ਦੀ ਹਦਾਇਤ ਕੀਤੀ, ਪ੍ਰੰਤੂ ਸਿੱਖਿਆ ਵਿਭਾਗ ਦੇ ਅਧਿਕਾਰੀਆਂ ਵੱਲੋਂ ਸਰਕਾਰ ਦੇ ਹੁਕਮਾਂ ਨੂੰ ਅਣਗੌਲਿਆਂ ਕੀਤਾ ਗਿਆ। ਤਤਕਾਲੀ ਸਕੱਤਰ ਸਕੂਲ ਸਿੱਖਿਆ ਵੱਲੋਂ ਸਬੰਧਤ ਕਰਮਚਾਰੀਆਂ ਦੀ ਜਥੇਬੰਦੀ ਨਾਲ 10/10/2025 ਨੂੰ ਮੀਟਿੰਗ ਕੀਤੀ ਗਈ ਜਿਸ ਦੌਰਾਨ ਉਨ੍ਹਾਂ ਨਾਲ ਹੋਈ ਵਿਚਾਰ ਚਰਚਾ





ਅਨੁਸਾਰ ਕਰਮਚਾਰੀਆਂ ਨੂੰ 01-04 2018 ਤੋਂ ਅਧਿਆਪਕਾਂ ਦੀ ਤਰਜ਼ 'ਤੇ ਰੈਗੂਲਰ ਕਰਨ, ਤਨਖਾਹਾਂ ਨਾ ਘਟਾਉਣ ਸਬੰਧੀ ਗੱਲਬਾਤ ਹੋਈ ਸੀ, ਜਿਸ ਦੌਰਾਨ ਉਨ੍ਹਾਂ ਨੂੰ ਬੇਨਤੀ ਪੱਤਰ ਵੀ ਦਿੱਤਾ ਗਿਆ ਸੀ। ਪ੍ਰੰਤੂ 5 ਮਹੀਨੇ ਬੀਤਣ 'ਤੇ 01-04-2018 ਤੋਂ ਰੈਗੂਲਰ ਆਰਡਰ ਦੇਣ ਜਾਂ ਤਨਖਾਹਾਂ ਸਬੰਧੀ ਫੈਸਲਾ ਲੈਣ ਦੀ ਫਾਈਲ ਸਿੱਖਿਆ ਸਕੱਤਰ ਦਫਤਰ ਦੇ ਇਕ ਟੇਬਲ ਤੋਂ ਦੂਜੇ ਟੇਬਲ 'ਤੇ ਹੀ ਚੱਕਰ ਕੱਟ ਰਹੀ ਹੈ। ਸਾਲ 2018 ਦੌਰਾਨ ਸਿੱਖਿਆ ਵਿਭਾਗ ਦੇ 8886 ਅਧਿਆਪਕਾਂ ਨੂੰ ਸਰਕਾਰ ਵੱਲੋਂ ਰੈਗੂਲਰ ਕਰਨ ਸਮੇਂ ਦਫਤਰੀ ਕਰਮਚਾਰੀਆਂ ਨੂੰ ਅਣਗੌਲਿਆਂ ਕੀਤਾ ਗਿਆ ਸੀ। ਦਫਤਰੀ ਮੁਲਾਜ਼ਮਾਂ ਵੱਲੋਂ ਸਰਕਾਰ ਦੇ ਇਸ ਵਿਤਕਰੇ ਖਿਲਾਫ ਮਾਨਯੋਗ ਅਦਾਲਤ ਦਾ ਦਰਵਾਜ਼ਾ ਖੜਕਾਇਆ ਗਿਆ ਅਤੇ ਅਦਾਲਤ ਵੱਲੋਂ ਸਰਕਾਰ ਨੂੰ ਦਫਤਰੀ ਮੁਲਾਜ਼ਮਾਂ ਨਾਲ ਕੀਤੇ ਵਿਤਕਰੇ 'ਤੇ ਪੂਰੀ ਝਾੜ ਪਾਈ ਅਤੇ ਉਸ ਸਮੇਂ ਦੇ ਤੱਤਕਾਲੀ ਸਕੱਤਰ ਸਕੂਲ ਸਿੱਖਿਆ ਵੱਲੋਂ ਅਦਾਲਤ ਵਿੱਚ ਪੇਸ਼ ਹੋ ਕੇ ਮੰਨਿਆ ਕਿ ਇਹ ਵਿਭਾਗੀ ਗਲਤੀ ਹੈ, ਇਸਨੂੰ ਦਰੁਸਤ ਕਰਕੇ ਅਧਿਆਪਕਾਂ ਦੀ ਤਰਜ਼ ਤੇ ਸਮਾਨਤਾ ਦੇ ਅਧਿਕਾਰ ਅਨੁਸਾਰ ਦਫਤਰੀ ਕਰਮਚਾਰੀਆਂ ਨੂੰ ਰੈਗੂਲਰ ਕੀਤਾ ਜਾਵੇਗਾ। ਪਰ ਫਿਰ ਵੀ ਰੈਗੂਲਰ ਦਾ ਨੋਟੀਫਿਕੇਸ਼ਨ ਕਰਨ ਸਮੇਂ ਅਦਾਲਤ ਦੀਆਂ ਕੀਤੀਆਂ ਟਿੱਪਣੀਆਂ ਨੂੰ ਦਰਕਿਨਾਰ ਕਰਦੇ ਹੋਏ ਫੈਸਲੇ ਨੂੰ ਤੋੜ ਮਰੋੜ ਕੇ ਕੀਤਾ ਗਿਆ ਜੋ ਕਿ ਅੱਜ ਤੱਕ ਲਾਗੂ ਨਹੀਂ ਹੋਇਆ। ਪ੍ਰੈੱਸ ਨੂੰ ਜਾਣਕਾਰੀ ਦਿੰਦੇ ਹੋਏ ਐਲੀਮੈਂਟਰੀ ਟੀਚਰਜ ਯੂਨੀਅਨ ਪੰਜਾਬ ਜ਼ਿਲ੍ਹਾ ਗੁਰਦਾਸਪੁਰ ਦੇ ਪ੍ਰਧਾਨ ਅਸ਼ਵਨੀ ਫੱਜੂਪੁਰ ਅਤੇ ਕਰਮਚਾਰੀ ਯੂਨੀਅਨ ਦੇ ਆਗੂ ਵਿਨੈ ਕੁਮਾਰ ਨੇ ਕਿਹਾ ਕਿ ਅਕਾਲੀ ਦਲ ਅਤੇ ਕਾਂਗਰਸ ਦੀ ਤੱਤਕਾਲੀ ਸਰਕਾਰਾਂ ਨੇ ਕੱਚੇ ਮੁਲਾਜ਼ਮਾਂ ਦੀ ਜਵਾਨੀ ਰੋਲ ਕੇ ਰੱਖ ਦਿੱਤੀ ਅਤੇ ਹੁਣ ਆਮ ਆਦਮੀ ਪਾਰਟੀ ਦੀ ਸਰਕਾਰ ਵੀ ਕੱਚੇ ਮੁਲਾਜ਼ਮਾਂ ਦੇ ਭਵਿੱਖ ਨੂੰ ਰੋਲਣ 'ਤੇ ਤੁਲੀ ਹੋਈ ਹੈ।

ਆਗੂਆਂ ਨੇ ਦੱਸਿਆ ਕਿ ਸਰਕਾਰ ਮੁਲਾਜ਼ਮਾਂ ਨਾਲ ਮੀਟਿੰਗਾਂ ਦੌਰਾਨ ਮੰਗਾਂ 'ਤੇ ਸਹਿਮਤੀ ਕਰਦੀ ਹੈ,ਪਰ ਮੰਗਾਂ ਲਾਗੂ ਨਹੀਂ ਹੋ ਰਹੀਆਂ ਜਿਸ ਕਰਕੇ ਸਮੂਹ ਮੁਲਾਜ਼ਮ ਵਰਗ ਵਿੱਚ ਸਰਕਾਰ ਪ੍ਰਤੀ ਭਾਰੀ ਰੋਸ ਹੈ। ਆਗੂਆਂ ਨੇ ਕਿਹਾ ਕਿ ਦਫਤਰੀ ਮੁਲਾਜ਼ਮ 01-04-2018 ਤੋਂ ਰੈਗੂਲਰ ਆਰਡਰ ਦੇਣ ਦੀ ਮੰਗ, ਤਨਖਾਹਾਂ ਨਾ ਘਟਾਉਣ ਦੀ ਮੰਗ ਅਤੇ ਮਿਡ-ਡੇ-ਮੀਲ ਦਫਤਰੀ ਮੁਲਾਜ਼ਮਾਂ ਨੂੰ ਵੀ ਨਾਲ ਲੈ ਕੇ 17 ਫਰਵਰੀ ਨੂੰ ਮੋਹਾਲੀ ਵਿਖੇ ਡੀ.ਪੀ.ਆਈ ਦਫਤਰ ਦਾ ਘਿਰਾਓ ਕੀਤਾ ਜਾਵੇਗਾ ਅਤੇ ਮੰਗਾਂ ਸਬੰਧੀ ਠੋਸ ਕਾਰਵਾਈ ਨਾ ਹੋਣ ਦੀ ਸੂਰਤ ਵਿੱਚ ਮੁੱਖ ਮੰਤਰੀ ਪੰਜਾਬ ਦੇ ਨਿਵਾਸ ਸਥਾਨ ਚੰਡੀਗੜ੍ਹ ਵੱਲ ਮਾਰਚ ਕਰਨਗੇ। ਪ੍ਰਧਾਨ ਅਸ਼ਵਨੀ ਫੱਜੂਪੁਰ ਨੇ ਕਿਹਾ ਐਲੀਮੈਂਟਰੀ ਟੀਚਰਜ ਯੂਨੀਅਨ ਪੰਜਾਬ ਇਨ੍ਹਾਂ ਮੁਲਾਜ਼ਮਾਂ ਦੇ ਸੰਘਰਸ਼ ਦੀ ਪੁਰਜ਼ੋਰ ਹਮਾਇਤ ਕਰਦੀ ਹੈ।

# ਕੇਂਦਰ ਨੇ ਚਾਰ ਲੇਬਰ ਕੋਡ ਬਣਾ ਕੇ ਮਜ਼ਦੂਰਾਂ ਨਾਲ ਧਰੋਹ ਕਮਾਇਆ: ਦੇਵੀ ਕੁਮਾਰੀ

ਤਰਨ ਤਾਰਨ (ਪ੍ਰਿਤਪਾਲ ਸਿੰਘ)-12 ਫਰਵਰੀ ਨੂੰ ਭਾਰਤ ਪੱਧਰ ਦੀ ਹੋ ਰਹੀ ਹੜਤਾਲ ਸਬੰਧੀ ਵਿਸ਼ੇਸ਼ ਇਕੱਤਰਤਾ ਪਿੰਡ ਕਿਰਤੋਵਾਲ ਕਲਾਂ ਵਿਖੇ ਸਾਥੀ ਸਰਵਣ ਸਿੰਘ ਦੀ ਪ੍ਰਧਾਨਗੀ ਹੇਠ ਹੋਈ।ਮੀਟਿੰਗ ਨੂੰ ਸੰਬੋਧਨ ਕਰਦਿਆਂ ਪੰਜਾਬ ਖੇਤ ਮਜ਼ਦੂਰ ਸਭਾ ਦੀ ਸੂਬਾ ਜਨਰਲ ਸਕੱਤਰ ਕਾਮਰੇਡ ਦੇਵੀ ਕੁਮਾਰੀ ਸਰਹਾਲੀ ਕਲਾਂ, ਜ਼ਿਲ੍ਹਾ ਸਕੱਤਰ ਕਾਮਰੇਡ ਸੁਖਦੇਵ ਸਿੰਘ ਕੋਟ ਧਰਮਚੰਦ ਕਲਾਂ ਨੇ ਕਿਹਾ ਕਿ ਕੇਂਦਰ ਦੀ ਭਾਜਪਾ ਸਰਕਾਰ ਵੱਲੋਂ ਲੋਕ ਵਿਰੋਧੀ ਨੀਤੀਆਂ ਨੂੰ ਲਾਗੂ ਕਰਨ ਦਾ ਸਿਲਸਿਲਾ ਲਗਾਤਾਰ ਜਾਰੀ ਹੈ।ਸਰਕਾਰ ਨੇ ਮਜ਼ਦੂਰਾਂ ਦੇ ਹੱਕ ਵਿੱਚ ਜਾਂਦੇ ਲੇਬਰ ਕਾਨੂੰਨ ਖਤਮ ਕਰਕੇ ਚਾਰ ਲੇਬਰ ਕੋਡ ਬਣਾ ਕੇ ਮਜ਼ਦੂਰਾਂ ਨਾਲ ਧਰੋਹ ਕਮਾਇਆ ਹੈ।



ਮਨਰੇਗਾ ਕਾਨੂੰਨ ਕੁੱਝ ਹੱਦ ਤੱਕ ਗਰੀਬਾਂ ਦੇ ਚੁੱਲ੍ਹੇ ਤਪਦੇ ਰੱਖਣ ਵਿਚ ਮਦਦ ਕਰਦਾ ਸੀ।ਕੇਂਦਰ ਸਰਕਾਰ ਨੇ ਮਨਰੇਗਾ ਦਾ ਨਾਂਅ ਬਦਲਣ ਦੇ ਬਹਾਨੇ ਗਰੀਬਾਂ ਦੇ ਹੱਕਾਂ 'ਤੇ ਡਾਕਾ ਮਾਰਿਆ ਹੈ।ਇਸ ਤੋਂ ਇਲਾਵਾ ਬਿਜਲੀ ਸੋਧ ਬਿੱਲ, ਬੀਜ ਬਿੱਲ ਅਤੇ ਮੁਕਤ ਵਪਾਰ ਸਮਝੌਤਾ ਆਦਿ ਮਜ਼ਦੂਰਾਂ ਅਤੇ ਕਿਸਾਨਾਂ ਵਿਰੁੱਧ ਵੱਡੇ ਧੱਕੇ ਕੀਤੇ ਹਨ।ਇਨ੍ਹਾਂ ਧੱਕੇਸ਼ਾਹੀਆਂ ਵਿਰੁੱਧ 12 ਫਰਵਰੀ ਨੂੰ ਕੇਂਦਰੀ ਯੂਨੀਅਨ ਦੇ ਸੱਦੇ 'ਤੇ ਕੀਤੀ ਜਾ ਰਹੀ ਹੜਤਾਲ ਵਿੱਚ ਪੰਜਾਬ ਖੇਤ ਮਜ਼ਦੂਰ ਸਭਾ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕਰੇਗੀ।ਸਰਹਾਲੀ ਕਲਾਂ ਨੇ ਕਿਹਾ ਕਿ ਸੰਯੁਕਤ ਕਿਸਾਨ ਮੋਰਚਾ, ਮਜ਼ਦੂਰ, ਮੁਲਾਜ਼ਮ ਜਥੇਬੰਦੀਆਂ, ਨੌਜਵਾਨ, ਵਿਦਿਆਰਥੀ ਅਤੇ ਔਰਤਾਂ ਦੀਆਂ ਜਥੇਬੰਦੀਆਂ ਵੱਲੋਂ ਕਾਰਪੋਰੇਟ ਪੱਖੀ ਅਤੇ ਆਮ ਲੋਕਾਂ ਦੇ ਵਿਰੁੱਧ ਚਾਲਾਂ ਦਾ ਮੂੰਹ ਤੋੜ ਜਵਾਬ ਦੇਣ ਲਈ ਭਾਜਪਾ ਆਗੂਆਂ ਅਤੇ ਆਮ ਆਦਮੀ ਪਾਰਟੀ ਦੇ ਮੰਤਰੀਆਂ ਅਤੇ ਵਿਧਾਇਕਾਂ ਦੇ ਘਰਾਂ ਅੱਗੇ ਧਰਨੇ ਦਿੱਤੇ ਜਾਣਗੇ।

ਮੀਟਿੰਗ ਵਿੱਚ ਹੋਰਨਾਂ ਤੋਂ ਇਲਾਵਾ ਨਛੱਤਰ ਸਿੰਘ ਬੱਗਾ, ਮੰਗਲ ਸਿੰਘ, ਗੁਰਮੀਤ ਸਿੰਘ, ਸੁਖਦੇਵ ਸਿੰਘ, ਸੋਨਾ ਸਿੰਘ, ਸਰਬਜੀਤ ਕੌਰ ਆਦਿ ਨੇ ਸੰਬੋਧਨ ਕੀਤਾ।

## ਜ਼ਰੂਰੀ ਮੁਰੰਮਤ ਕਾਰਨ ਅੱਜ ਬਿਜਲੀ ਬੰਦ ਰਹੇਗੀ : ਐੱਸ ਡੀ ਓ

ਪੱਟੀ (ਸ਼ਮਸ਼ੇਰ ਸਿੰਘ ਯੋਧਾ)-ਉਪ ਮੰਡਲ ਸ਼ਹਿਰੀ ਪੱਟੀ ਦੇ ਐੱਸਡੀਓ ਰਾਜਬੀਰ ਸਿੰਘ ਢਿੱਲੋਂ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ 11 ਕੇਵੀ ਸਰਕੂਲਰ ਰੋਡ ਫੀਡਰ ਦੀ ਜ਼ਰੂਰੀ ਮੁਰੰਮਤ ਦੇ ਚਲਦੇ 11 ਫਰਵਰੀ ਨੂੰ ਸਵੇਰੇ 10 ਵਜੇ ਤੋਂ ਸ਼ਾਮ 6 ਵਜੇ ਤੱਕ ਬਿਜਲੀ ਸਪਲਾਈ ਬੰਦ ਰਹੇਗੀ ਜਿਸ ਕਾਰਨ ਸਰਹਾਲੀ ਰੋਡ, ਸ਼ਹੀਦ ਭਗਤ ਸਿੰਘ ਸਕੂਲ ਵਾਲੀ ਸਾਈਡ, ਬਰੜਾਂ ਵਾਲਾ ਮੁਹੱਲਾ, ਡਾ. ਕਰਤਾਰ ਸਿੰਘ ਵਾਲੀ ਗਲੀ, ਤਾਰਾਂ ਵਾਲਾ ਸਕੂਲ, ਕਹੀਆਂ ਵਾਲਾ ਚੌਕ ਅਤੇ ਸ਼ਾਹ ਮਦਾਰ ਆਦਿ ਇਲਾਕਿਆਂ ਦੀ ਬਿਜਲੀ ਸਪਲਾਈ ਪ੍ਰਭਾਵਿਤ ਰਹੇਗੀ।ਬਿਜਲੀ ਵਿਭਾਗ ਵੱਲੋਂ ਖਪਤਕਾਰਾਂ ਨੂੰ ਹੋਣ ਵਾਲੀ ਅਸੁਵਿਧਾ ਲਈ ਖੇਦ ਪ੍ਰਗਟ ਕਰਦਿਆਂ ਸਹਿਯੋਗ ਦੀ ਅਪੀਲ ਕੀਤੀ ਗਈ ਹੈ।



## ਖੇਮਕਾ ਨੇ ਗਊਸ਼ਾਲਾ ਦੀ ਸਮੱਸਿਆ ਹੱਲ ਕਰਨ ਦਾ ਦਿੱਤਾ ਭਰੋਸਾ

ਛੇਹਰਟਾ, (ਮਨੋਜ ਕੁਮਾਰ)-ਸਮਾਜ ਸੇਵਕ ਅਨੁਜ ਖੇਮਕਾ ਨੇ ਦੱਸਿਆ ਕਿ ਕੁਝ ਦਿਨ ਪਹਿਲਾਂ ਉਨ੍ਹਾਂ ਨੇ ਘਿਓ ਮੰਡੀ, ਗਊਸ਼ਾਲਾ ਸਬੰਧੀ ਆਵਾਜ਼ ਉਠਾਈ ਸੀ। ਉਨ੍ਹਾਂ ਦੱਸਿਆ ਕਿ ਗਊਸ਼ਾਲਾ ਵਿਚ ਗਊਆਂ ਨੂੰ ਚਾਰਾ ਨਾ ਮਿਲਣ ਸਬੰਧੀ ਗਊਸ਼ਾਲਾ ਪ੍ਰਧਾਨ ਸੰਤੋਸ਼ ਗੁਪਤਾ ਤੇ ਟਰੱਸਟੀ ਮੈਂਬਰਾਂ ਨਾਲ ਮੰਗਲਵਾਰ ਨੂੰ ਗਊਸ਼ਾਲਾ ਵਿਚ ਹੀ ਮੀਟਿੰਗ ਹੋਈ। ਅਨੁਜ ਖੇਮਕਾ ਨੇ ਦੱਸਿਆ ਕਿ ਟਰੱਸਟੀ ਮੈਂਬਰਾਂ ਨੂੰ ਭਰੋਸਾ ਦਿਵਾਇਆ ਕਿ ਜੋ ਵੀ ਸਮੱਸਿਆ ਜਾਂ ਕਮੀ ਹੈ, ਉਸ ਨੂੰ ਹੱਲ ਕੀਤਾ ਜਾਵੇਗਾ। ਪ੍ਰਧਾਨ ਸੰਤੋਸ਼ ਗੁਪਤਾ ਨੇ ਅਨੁਜ ਖੇਮਕਾ ਤੇ ਉਨ੍ਹਾਂ ਦੀ ਟੀਮ ਨੂੰ ਭਰੋਸਾ ਦਿਵਾਇਆ ਕਿ ਜੋ ਵੀ ਸਮੱਸਿਆ ਆਵੇਗੀ, ਉਨ੍ਹਾਂ (ਅਨੁਜ ਖੇਮਕਾ) ਨਾਲ ਸਾਂਝੀ ਕੀਤੀ ਜਾਵੇਗੀ ਤਾਂ ਜੋ ਉਸ ਨੂੰ ਹੱਲ ਕੀਤਾ ਜਾ ਸਕੇ। ਇਸ ਮੌਕੇ ਸੁਨੀਲ ਨਈਅਰ, ਸ਼ਾਮ ਲਾਲ, ਮੁਕੇਸ਼ ਕੁਮਾਰ, ਰਾਜਨ ਝਾਅ, ਗੁੱਲੂ, ਲਵ ਭੱਟੀ, ਮਨੂੰ ਭੱਟੀ, ਆਦਿਲ, ਸਤੀਸ਼ ਸ਼ਰਮਾ, ਨਵਲ ਸੇਠ, ਰਾਹੁਲ ਬਜਾਜ, ਵਿਕਰਮ ਜੋਸ਼ੀ, ਸਮਾਜ ਸੇਵਕ ਅਸ਼ਵਨੀ ਜੋਸ਼ੀ ਵੀ ਮੌਜੂਦ ਸਨ।



## ਹੁਣ ਤੱਕ ਪੁਲਸ ਵੱਲੋਂ 22 ਨੌਜਵਾਨ ਗ੍ਰਿਫਤਾਰ : ਡੀ ਐੱਸ ਪੀ

ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)-ਪੰਜਾਬ ਪੁਲਸ ਵੱਲੋਂ ਸ਼ੁਰੂ ਕੀਤੀ ਗਈ ਆਪ੍ਰੇਸ਼ਨ ਪਰਹਾਰ-2 ਗੈਂਗਸਟਰਾਂ ਦੇ ਖਿਲਾਫ ਦੂਜੀ ਮੁਹਿਮ ਤਹਿਤ ਡੇਰਾ ਬਾਬਾ ਨਾਨਕ ਵਿਖੇ ਡੀਐੱਸਪੀ ਸਮੀਰ ਸਿੰਘ ਮਾਨ ਅਤੇ ਸਬ ਇੰਸਪੈਕਟਰ ਕੈਲਾਸ਼ ਚੰਦਰ ਦੀ ਅਗਵਾਈ ਹੇਠ ਵੱਖ-ਵੱਖ ਸੰਵੇਦਨਸ਼ੀਲ ਥਾਵਾਂ 'ਤੇ ਸਰਚ ਅਭਿਆਨ ਚਲਾਇਆ ਗਿਆ ਤੇ ਸ਼ੱਕੀ ਵਿਅਕਤੀਆਂ ਦੀ ਚੈਕਿੰਗ ਕੀਤੀ ਗਈ।ਇਸ ਮੌਕੇ ਡੇਰਾ ਬਾਬਾ ਨਾਨਕ ਦੇ ਬੱਸ ਸਟੈਂਡ ਵਿਖੇ ਪੱਤਰਕਾਰਾਂ ਨਾਲ ਗੱਲਬਾਤ ਦੌਰਾਨ ਡੀਐੱਸਪੀ ਸਮੀਰ ਸਿੰਘ ਮਾਨ ਨੇ ਦੱਸਿਆ ਕਿ ਗੈਂਗਸਟਰਾਂ ਖਿਲਾਫ ਪੂਰੇ ਪੰਜਾਬ ਵਿੱਚ ਆਪ੍ਰੇਸ਼ਨ ਪਰਹਾਰ-2 ਚੱਲ ਰਿਹਾ ਹੈ ਜਿਸ ਦੇ ਤਹਿਤ ਐੱਸਐੱਸਪੀ ਬਟਾਲਾ ਡਾ. ਮਹਿਤਾਬ ਸਿੰਘ ਦੇ ਦਿਸ਼ਾ ਨਿਰਦੇਸ਼ਾਂ ਉਪਰ ਡੇਰਾ ਬਾਬਾ ਨਾਨਕ ਵਿਖੇ ਸ਼ੱਕੀ ਥਾਵਾਂ ਉਪਰ ਚੈਕਿੰਗ ਕੀਤੀ ਗਈ ਹੈ ਤੇ ਸ਼ੱਕੀ ਵਿਅਕਤੀਆਂ ਦੇ ਪਰੂਫ ਆਧਾਰ ਕਾਰਡ ਵਗੈਰਾ ਚੈੱਕ ਕੀਤੇ ਗਏ ।ਉਨ੍ਹਾਂ ਦੱਸਿਆ ਕਿ ਹੁਣ ਤੱਕ ਡੇਰਾ ਬਾਬਾ ਨਾਨਕ ਵਿੱਚ ਵੱਖ-ਵੱਖ ਮੁਕੱਦਮਿਆ ਵਿੱਚ ਲੋੜੀਂਦੇ 22 ਨੌਜਵਾਨਾਂ ਨੂੰ ਗ੍ਰਿਫਤਾਰ ਕੀਤਾ ਗਿਆ ਹੈ।ਇਹ ਆਪਰੇਸ਼ਨ ਮਾੜੇ ਅਨਸਰਾਂ ਦੇ ਖਿਲਾਫ ਇਸ ਤਰ੍ਹਾਂ ਹੀ ਜਾਰੀ ਰਹੇਗਾ।



## ਗਰੀਬ ਪਰਵਾਰ ਦੀਆਂ ਦੋ ਦੁਧਾਰੂ ਮੱਝਾਂ ਚੋਰੀ

ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)-ਪਿੰਡ ਭਰੋ ਹਾਰਨੀ ਵਿੱਚ ਚੋਰੀ ਦੀ ਇੱਕ ਵਾਰਦਾਤ ਨੂੰ ਅੰਜਾਮ ਦਿੰਦਿਆਂ ਇੱਕ ਗਰੀਬ ਪਰਿਵਾਰ ਦੀਆਂ ਦੋ ਦੁਧਾਰੂ ਮੱਝਾਂ ਚੋਰੀ ਕਰ ਲਈਆਂ ਗਈਆਂ। ਮਦਨ ਲਾਲ ਪੁੱਤਰ ਜਰੂ ਰਾਮ ਨੇ ਦੱਸਿਆ ਕਿ ਮੰਗਲਵਾਰ ਦੀ ਸ਼ਾਮ ਨੂੰ ਆਪਣੇ ਘਰ ਤੋਂ ਥੋੜ੍ਹੀ ਦੂਰ ਪਸ਼ੂਆਂ ਦੀ ਹਵੇਲੀ ਵਿੱਚ ਪਸ਼ੂਆਂ ਨੂੰ ਚਾਰਾ ਪਾ ਕੇ ਆਪਣੇ ਘਰ ਸੌਣ ਲਈ ਚਲਿਆ ਗਿਆ। ਬੁੱਧਵਾਰ ਤੜਕਸਾਰ ਜਦੋਂ ਉਹ ਆਪਣੀ ਹਵੇਲੀ ਵਿੱਚ ਆਇਆ ਤਾਂ ਉਸਨੇ ਦੇਖਿਆ ਕਿ ਉਸਦੀ ਹਵੇਲੀ ਵਿੱਚ ਉਸ ਦੀਆਂ ਦੋ ਕੀਮਤੀ ਮੱਝਾਂ ਗਾਇਬ ਸਨ। ਉਸ ਨੇ ਮੱਝਾਂ ਦੇ ਬਾਰੇ ਪਿੰਡ ਅਤੇ ਆਸ ਪਾਸ ਦੇ ਪਿੰਡਾਂ ਵਿੱਚ ਪੁੱਛ ਪੜਤਾਲ ਕੀਤੀ ਪਰ ਉਸ ਨੂੰ ਕਿਤੇ ਵੀ ਉਸ ਦੀਆਂ ਮੱਝਾਂ ਨਹੀਂ ਲੱਭੀਆਂ। ਮਦਨ ਲਾਲ ਨੇ ਦੱਸਿਆ ਕਿ ਮੱਝਾਂ ਚੋਰੀ ਹੋਣ ਨਾਲ ਉਸ ਨੂੰ ਲੱਖਾਂ ਰੁਪਏ ਦਾ ਨੁਕਸਾਨ ਹੋਇਆ ਹੈ।

## ਕੁੱਲ ਹਿੰਦ ਖੇਤ ਮਜ਼ਦੂਰ ਯੂਨੀਅਨ ਜ਼ਿਲ੍ਹਾ ਪਠਾਨਕੋਟ ਦਾ ਅਜਲਾਸ ਸੰਪੰਨ

ਪਠਾਨਕੋਟ (ਦਵਿੰਦਰ ਸਿੰਘ)-ਕੁੱਲ ਹਿੰਦ ਖੇਤ ਮਜ਼ਦੂਰ ਯੂਨੀਅਨ ਜ਼ਿਲ੍ਹਾ ਪਠਾਨਕੋਟ ਦਾ ਅਜਲਾਸ ਪਿੰਡ ਐਮਾ ਵਿਖੇ ਹੋਇਆ ਜਿਸ ਦੀ ਪ੍ਰਧਾਨਗੀ ਜਗਦੀਸ਼ ਰਾਜ, ਲੇਖ ਰਾਜ, ਰਾਮ ਸਰਨ ਨੇ ਕੀਤੀ ਜਿਸ ਵਿਚ ਕਾ. ਪਰਸ਼ੋਤਮ ਕੁਮਾਰ ਨੇ ਆਏ ਹੋਏ ਸਾਥੀਆਂ ਦਾ ਸਵਾਗਤ ਕੀਤਾ ਅਤੇ ਅਜਲਾਸ ਸੂਬਾਈ ਆਗੂ ਗੁਰਮੇਸ਼ ਸਿੰਘ ਦੇ ਭਾਸ਼ਣ ਨਾਲ ਸ਼ੁਰੂਆਤ ਕੀਤੀ।ਜ਼ਿਲ੍ਹਾ ਜਨਰਲ ਸਕੱਤਰ ਨੇ ਪਿਛਲੇ ਕੰਮ ਦੀ ਰਿਪੋਰਟ ਪੇਸ਼ ਕੀਤੀ।ਇਸ ਮੌਕੇ 15 ਮੈਂਬਰੀ ਕਮੇਟੀ ਚੁਣੀ ਗਈ ਜਿਸ ਵਿਚੋਂ 7 ਮੈਂਬਰੀ ਕਮੇਟੀ ਚੁਣੀ ਗਈ ਜਿਸ ਵਿੱਚ ਰਾਮ ਸਰਨ ਪ੍ਰਧਾਨ ਅਤੇ ਜਨਰਲ ਸਕੱਤਰ ਪਰਸ਼ੋਤਮ ਕੁਮਾਰ, ਜਗਦੀਸ਼ ਰਾਜ ਕੈਸ਼ੀਅਰ ਚੁਣੇ ਗਏ।ਸੀਨੀਅਰ ਮੀਤ ਪ੍ਰਧਾਨ ਲੇਖ ਰਾਜ ਐਮਾ ਮੀਤ ਪ੍ਰਧਾਨ ਰਾਮ ਲਾਲ ਤਰੇਤੀ, ਸਕੱਤਰ ਰੁਲਦਾ ਰਾਮ ਅਤੇ ਸਹਾਇਕ ਸਕੱਤਰ ਓਮ ਪ੍ਰਕਾਸ਼ ਚੁਣੇ ਗਏ। ਕਾ. ਗੁਰਮੇਸ਼ ਸਿੰਘ ਨੇ ਕਿਹਾ ਕਿ ਇਹ ਸਾਰੇ ਕਾਨੂੰਨ ਮਜ਼ਦੂਰ ਕਿਸਾਨ ਵਿਰੋਧੀ ਹਨ ਅਤੇ ਕਾਰਪੋਰੇਟ ਘਰਾਣਿਆਂ ਦਾ ਪੱਖ ਪੂਰਦੇ ਹਨ।



ਉਨ੍ਹਾਂ ਕਿਹਾ ਕਿ ਇਨ੍ਹਾਂ ਕਾਨੂੰਨਾਂ ਦੇ ਖਾਤਮੇ ਤਕ ਲੜਾਂਗੇ।ਇਸ ਮੌਕੇ ਕੇਵਲ ਕਾਲੀਆ, ਪਰਸ਼ੋਤਮ ਕੁਮਾਰ ਨੇ ਕਿਸਾਨ ਸਭਾ ਵੱਲੋਂ, ਕਾ. ਸੁਧਾ ਰਾਣੀ ਨੇ ਇਸਤਰੀ ਸਭਾ ਵੱਲੋਂ, ਕਾ. ਸਹਿਗਲ ਨੇ ਸੀਟੂ ਵੱਲੋਂ ਭਰਾਤਰੀ ਸੰਦੇਸ਼ ਦਿੱਤਾ।ਕਾ. ਸਹਿਗਲ ਨੇ ਅੱਜ ਦੀ ਟ੍ਰੇਡ ਯੂਨੀਅਨਾਂ ਦੀ ਹੜਤਾਲ ਦੀ ਰੈਲੀ ਅਤੇ ਮੁਜ਼ਾਹਰੇ ਵਿੱਚ ਸ਼ਾਮਲ ਹੋਣ ਦਾ ਸੱਦਾ ਦਿੱਤਾ।

## ਸੜਕ ਕੰਢੇ ਇਕ ਪਾਸੇ ਲੱਗੀਆਂ ਡਬਲ ਪੀਲੀਆਂ ਪੱਟੀਆਂ ਦੁਕਾਨਦਾਰਾਂ ਲਈ ਬਣੀਆਂ ਸਿਰਦਰਦੀ ਦਾ ਕਾਰਨ

ਗੁਰਦਾਸਪੁਰ, (ਜਨਕ ਮਹਾਜਨ)-ਗੁਰਦਾਸਪੁਰ ਸ਼ਹਿਰ ਵਿਖੇ ਟਰੈਫਿਕ ਸਮੱਸਿਆ ਦਿਨ-ਬ-ਦਿਨ ਵਧਦੀ ਜਾ ਰਹੀ ਹੈ। ਖਾਸ ਕਰਕੇ ਲਾਈਬ੍ਰੇਰੀ ਚੌਕ ਤੋਂ ਹਨੂੰਮਾਨ ਚੌਕ ਤੱਕ ਸਵੇਰ ਅਤੇ ਸ਼ਾਮ ਸਮੇਂ ਟਰੈਫਿਕ ਦਾ ਰਸ਼ ਜ਼ਿਆਦਾ ਵੇਖਣ ਨੂੰ ਮਿਲਦਾ ਹੈ।

ਕੁਝ ਸਾਲ ਪਹਿਲਾਂ ਟਰੈਫਿਕ ਨੂੰ ਸੁਚਾਰੂ ਤਰੀਕੇ ਨਾਲ ਚਲਾਉਣ ਵਾਸਤੇ ਲੋਕ ਨਿਰਮਾਣ ਵਿਭਾਗ ਵੱਲੋਂ ਲਾਈਬ੍ਰੇਰੀ ਚੌਕ ਤੋਂ ਹਨੂੰਮਾਨ ਚੌਕ ਤੱਕ ਸੜਕ ਵਿਚਕਾਰ ਇੱਕ ਸਫੇਦ ਪੱਟੀ ਅਤੇ ਸੜਕ ਦੇ ਦੋਵੇਂ ਕੰਡਿਆਂ ਤੇ ਇਕ-ਇਕ ਪੀਲੀ ਪੱਟੀ ਲਗਾਈ ਗਈ ਸੀ ਜਿਸ ਨਾਲ ਆਮ ਲੋਕ ਪੀਲੀ ਪੱਟੀ ਦੇ ਅੰਦਰ ਹੀ ਆਪਣੇ ਵਹੀਕਲ ਕਾਰਾਂ ਆਦਿ ਪਾਰਕ ਕਰਦੇ ਸਨ ਅਤੇ ਉਲੰਘਣਾ ਕਰਨ ਵਾਲੇ ਵਹੀਕਲਾਂ ਦਾ ਟਰੈਫਿਕ ਪੁਲਿਸ ਵਲੋਂ ਚਲਾਨ ਕੀਤਾ ਜਾਂਦਾ ਸੀ। ਇਸ ਨਾਲ ਗਲਤ ਕਾਰ ਪਾਰਕਿੰਗ ਕਾਫੀ ਹੱਦ ਤੱਕ ਘੱਟ ਗਈ ਸੀ ਅਤੇ ਲੋਕ ਵੀ ਕਿਸੇ ਦੁਕਾਨ ਅੱਗੇ ਆਪਣੀ ਕਾਰ ਆਦਿ ਪਾਰਕ ਕਰਨ ਤੋਂ ਗੁਰੇਜ਼ ਕਰਦੇ ਸਨ।

ਹੁਣ ਥੋੜਾ ਸਮਾਂ ਪਹਿਲਾਂ ਹੀ ਲੋਕ ਨਿਰਮਾਣ ਵਿਭਾਗ ਵੱਲੋਂ ਇਸ ਸੜਕ 'ਤੇ ਨਵੇਂ ਸਿਰ ਤੋਂ ਲੁੱਕ ਆਦਿ ਪਾਈ ਗਈ ਸੀ ਤਾਂ ਜੋ ਸੜਕ ਦੀ ਟੁੱਟ ਭੱਜ ਠੀਕ ਹੋ ਸਕੇ ਪਰ ਹੈਰਾਨੀ ਦੀ ਗੱਲ ਹੈ ਕਿ ਹੁਣ ਇਸ ਸੜਕ 'ਤੇ ਲਾਇਬ੍ਰੇਰੀ ਚੌਕ ਤੋਂ ਡਾਕਟਰ ਪੀ. ਕੇ. ਮਹਾਜਨ ਹਸਪਤਾਲ ਤੱਕ ਸੜਕ ਵਿਚਕਾਰ ਇਕ ਸਫੈਦ ਤੇ ਸੜਕ ਦੇ ਦੋਵੇਂ ਕੰਢਿਆਂ 'ਤੇ ਪਹਿਲਾਂ ਵਾਂਗ ਪੀਲੀਆਂ ਪੱਟੀਆਂ ਲਗਾਈਆਂ ਗਈਆਂ ਹਨ ਪਰ ਸਮਝ ਤੋਂ ਬਾਹਰ ਹੈ ਕਿ ਡਾਕਟਰ ਪੀ. ਕੇ. ਮਹਾਜਨ ਤੋਂ ਅੱਗੇ ਸ਼੍ਰੀ ਹਨੂੰਮਾਨ ਮੰਦਰ ਤੱਕ ਸੜਕ ਵਿਚਕਾਰ ਇਕ ਸਫੈਦ ਪੱਟੀ ਲਗਾਈ ਗਈ ਹੈ ਪਰ ਸੜਕ ਦੇ ਇਕ ਕੰਢੇ 'ਤੇ ਇਕ ਪੀਲੀ ਪੱਟੀ ਜਦਕਿ ਦੂਜੇ ਕੰਢੇ ਤੇ ਦੋ ਪੀਲੀਆਂ ਪੱਟੀਆਂ ਨੇੜੇ-ਨੇੜੇ ਲਗਾ ਦਿੱਤੀਆਂ ਗਈਆਂ ਹਨ ਜੋ ਸਮਝ ਤੋਂ ਬਾਹਰ ਹੈ। ਜਦੋਂ ਇਸ ਸਬੰਧੀ ਲੋਕ ਨਿਰਮਾਣ ਵਿਭਾਗ ਦੇ ਐੱਸਡੀਓ ਲਵਜੀਤ ਸਿੰਘ ਨਾਲ ਗੱਲਬਾਤ ਕੀਤੀ ਤਾਂ ਉਨ੍ਹਾਂ ਕਿਹਾ ਕਿ ਇਹ ਸਮੱਸਿਆ ਉਨ੍ਹਾਂ ਦੇ ਧਿਆਨ ਵਿੱਚ ਹੈ ਅਤੇ ਉਹ ਜਲਦੀ ਹੀ ਇਹ ਵਾਧੂ ਪੀਲੀ ਪਟੀ ਮਿਟਵਾ ਦੇਣਗੇ ਅਤੇ ਵਹਕੀਲ ਪਾਰਕ ਕਰਨ ਵਾਲੇ ਲੋਕਾਂ ਦੀ ਗਲਤਫਹਿਮੀ ਦੂਰ ਹੋ ਜਾਵੇਗੀ।



## ਬੀ ਕੇ ਯੂ ਉਗਰਾਹਾਂ ਦੀ ਮੀਟਿੰਗ ਹੋਈ

ਝਬਾਲ (ਹਰਜਿੰਦਰ ਸਿੰਘ ਸੋਨੀ)-ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਜਥੇਬੰਦੀ ਨੇ ਜ਼ਿਲ੍ਹਾ ਤਰਨ ਤਾਰਨ ਦੀਆਂ ਬਲਾਕਾ ਨੇ ਮੀਟਿੰਗ ਗੁਰਦੁਆਰਾ ਸਾਹਿਬ ਜੀ ਵਿਖੇ ਰੱਖੀ ਤੇ ਮਤੇ ਪਾਸ ਕੀਤੇ ਗਏ। ਮੀਟਿੰਗ ਵਿੱਚ ਹਰ ਇੱਕ ਮੈਂਬਰ ਨੂੰ ਸ਼ਾਮਲ ਹੋਣ ਲਈ ਕਿਹਾ ਗਿਆ। ਮੀਟਿੰਗ ਮਹੀਨੇ ਦੀ ਹਰ 2 ਤਰੀਕ ਨੂੰ ਕੀਤੀ ਜਾਂਦੀ ਹੈ।ਇਸ ਮੌਕੇ ਜ਼ਿਲ੍ਹਾ ਪ੍ਰਧਾਨ ਸ੍:ਗੁਰਬਾਜ ਸਿੰਘ ਸਿੱਧਵਾਂ, ਸੀਨੀਅਰ ਮੀਤ ਪ੍ਰਧਾਨ ਸ੍:ਦਲੇਰ ਸਿੰਘ ਰਾਜੋਕੇ,ਜ਼ਿਲ੍ਹਾ ਸਕੱਤਰ ਸੁਖਬੀਰ ਸਿੰਘ ਗੱਗੋਬੂਹਾ,ਜ਼ਿਲ੍ਹਾ ਸਲਾਹਕਾਰ ਦਿਲਬਾਗ ਸਿੰਘ ਐਮਾ,ਜ਼ਿਲ੍ਹਾ ਆਗੂ ਤਰਸੇਮ ਸਿੰਘ ਕੋਹਾੜਕਾ,ਬਲਾਕ ਖੰਡੂਰ ਸਾਹਿਬ ਜੀ ਦੇ ਪ੍ਰਧਾਨ ਸੁਲੱਖਣ ਸਿੰਘ ਮੰਡਾਲਾ,ਬਲਾਕ ਗੰਡੀਵਿੰਡ ਪ੍ਰਧਾਨ ਧਿਆਨ ਸਿੰਘ ਫੌਜੀ, ਬਲਾਕ ਭਿੱਖੀਵਿੰਡ ਦੇ ਪ੍ਰਧਾਨ ਇੰਦਰਜੀਤ ਸਿੰਘ ਮਾੜੀ ਮੇਘਾ,ਜ਼ਿਲ੍ਹਾ ਆਗੂ ਕਰਮਜੀਤ ਸਿੰਘ ਸਭਰਾ,ਪ੍ਰਧਾਨ ਹਰਪ੍ਰੀਤ ਸਿੰਘ ਐਮਾ, ਪ੍ਰਧਾਨ ਨਿਰਵੈਲ ਸਿੰਘ ਪੰਜਵੜ੍ਹ,ਝੰਡਾ ਸਿੰਘ ਪੰਜਵੜ੍ਹ,ਸਰਪੰਚ ਮਨਜੀਤ ਸਿੰਘ ਪੰਜਵੜ੍ਹ, ਜ਼ਿਲ੍ਹਾ ਖਜ਼ਾਨਚੀ ਹਰਦੀਪ ਸਿੰਘ ਜੌੜਾ, ਜ਼ਿਲ੍ਹਾ ਆਗੂ ਭੁਪਿੰਦਰ ਸਿੰਘ ਠੱਠੀਆਂ, ਬਾਬਾ ਬਲਜਿੰਦਰ ਸਿੰਘ ਬਾਬਾ ਕਾਲਾ ਝਬਾਲ,ਬਲਾਕ ਵਲਟੋਹਾ ਪ੍ਰਧਾਨ ਪ੍ਰਿਥੀਪਾਲ ਸਿੰਘ ਦੂਹਲ,ਹਰਜਿੰਦਰ ਸਿੰਘ ਨੰਬਰਦਾਰ ਮੰਨਣ,ਸੁਖਵੰਤ ਸਿੰਘ ਮੰਨਣ,ਸਰਵਨ ਸਿੰਘ ਮੰਨਣ ਤੋਂ ਇਲਾਵਾ ਸੈਂਕੜੇ ਕਿਸਾਨ ਆਗੂ ਹਾਜ਼ਰ ਸਨ।




# ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਵੱਲੋਂ ਗੁਰਦਾਸਪੁਰ ਵਿਖੇ ਸੈਮੀਨਾਰ ਦਾ ਆਯੋਜਨ

ਗੁਰਦਾਸਪੁਰ, (ਜਨਕ ਮਹਾਜਨ)-ਚੰਡੀਗੜ੍ਹ ਯੂਨੀਵਰਸਿਟੀ ਦੇ ਵਿਦਿਆਰਥੀਆਂ ਨੂੰ ਸਾਲ 2025 ਵਿੱਚ 10 ਹਜ਼ਾਰ ਤੋਂ ਵੱਧ 1300 ਕੰਪਨੀਆਂ ਵੱਲੋਂ ਨੌਕਰੀਆਂ ਦਿੱਤੀਆਂ ਗਈਆਂ ਹਨ ਜਦਕਿ ਪਿਛਲੇ ਦੋ ਸਾਲਾਂ ਵਿੱਚ 62 ਵਿਦਿਆਰਥੀਆਂ ਨੂੰ ਮੋਹਰੀ ਕੰਪਨੀਆਂ ਵਿਚ ਨੌਕਰੀਆਂ ਮਿਲੀਆਂ ਹਨ ਜਿਸ ਵਿੱਚ ਖਾਸ ਕਰਕੇ ਮਾਝਾ ਖੇਤਰ ਦੇ 200 ਵਿਦਿਆਰਥੀ ਸ਼ਾਮਿਲ ਹਨ। ਇਹ ਜਾਣਕਾਰੀ ਸਾਂਝੀ ਕਰਦੇ ਹੋਏ ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਚਾਂਸਲਰ ਦੇ ਸਲਾਹਕਾਰ ਪ੍ਰੋਫੈਸਰ ਆਰ. ਐੱਸ. ਬਾਵਾ ਨੇ ਗੁਰਦਾਸਪੁਰ ਵਿਖੇ ਦੱਸਿਆ ਕਿ ਯੂਨੀਵਰਸਿਟੀ ਨੇ 2025-26 ਸੈਸ਼ਨ ਦੌਰਾਨ ਸੀ. ਯੂ. ਸੀ. ਡੀ. ਵੱਲੋਂ 250 ਕਰੋੜ ਦੇ ਵਜ਼ੀਫੇ ਮੁਹੱਈਆ ਕਰਵਾਏ ਹਨ ਜਿਸ ਦਾ ਲਾਭ 116626 ਵਿਦਿਆਰਥੀਆਂ ਨੇ ਲਿਆ ਹੈ। ਉਨ੍ਹਾਂ ਦੱਸਿਆ ਕਿ ਪਿਛਲੇ ਸਾਲਾਂ ਵਿੱਚ ਗੁਰਦਾਸਪੁਰ ਦੇ ਮਾਝਾ ਖੇਤਰ ਦੇ 2 ਹਜ਼ਾਰ 62 ਵਿਦਿਆਰਥੀਆਂ ਜਿਨ੍ਹਾਂ ਨੇ ਚੰਡੀਗੜ੍ਹ ਯੂਨੀਵਰਸਿਟੀ ਵਿੱਚੋਂ ਸਿੱਖਿਆ ਹਾਸਿਲ ਕੀਤੀ, ਉਨ੍ਹਾਂ ਨੂੰ ਵੱਡੀਆਂ ਕੰਪਨੀਆਂ ਵਿੱਚ ਨੌਕਰੀਆਂ ਮਿਲੀਆਂ ਹਨ। ਜਦਕਿ 2024 ਵਿੱਚ 752 ਵਿਦਿਆਰਥੀ ਤੇ 2025 ਵਿੱਚ 1310 ਵਿਦਿਆਰਥੀਆਂ ਨੂੰ ਨੌਕਰੀਆਂ ਮਿਲੀਆਂ ਹਨ। ਉਨ੍ਹਾਂ ਦੱਸਿਆ ਕਿ ਚੰਡੀਗੜ੍ਹ ਯੂਨੀਵਰਸਿਟੀ ਵੱਲੋਂ ਚਲਾਏ ਜਾ ਰਹੇ ਐੱਨਸੀਸੀ ਵਿੰਗ ਦੇ 42 ਵਿਦਿਆਰਥੀਆਂ ਨੇ ਭਾਰਤੀ ਫੌਜ ਦੀਆਂ ਤਿੰਨ ਵਿੰਗਾਂ ਵਿੱਚ ਕਮਿਸ਼ਨ ਹਸਿਲ ਕੀਤੀ ਹੈ। ਇਸ ਤੋਂ ਇਲਾਵਾ 2012 ਵਿੱਚ ਚੰਡੀਗੜ੍ਹ ਯੂਨੀਵਰਸਿਟੀ ਮੋਹਾਲੀ ਕੈਂਪਸ ਦੀ ਸਥਾਪਨਾ ਤੋਂ ਬਾਅਦ ਭਾਰਤ ਦੇ 29 ਸੂਬਿਆਂ ਤੇ ਕੇਂਦਰ ਸ਼ਾਸਿਤ ਪ੍ਰਦੇਸ਼ਾਂ ਦੇ 1 ਲੱਖ 30 ਹਜ਼ਾਰ ਵਿਦਿਆਰਥੀਆਂ ਨੇ ਵਜ਼ੀਫਾ ਸਕੀਮ ਦਾ ਲਾਭ ਲਿਆ। ਉਨ੍ਹਾਂ ਦੱਸਿਆ ਕਿ ਕਿਊ. ਐੱਸ. ਵਰਲਡ ਯੂਨੀਵਰਸਿਟੀ ਰੈਂਕਿੰਗ 2026 ਵਿੱਚ 104 ਮੁਲਕਾਂ ਦੇ 1500 ਸਿੱਖਿਅਤ ਅਦਾਰਿਆਂ ਵਿੱਚ ਹਾਰਵਰਡ ਯੂਨੀਵਰਸਿਟੀ ਆਫ ਸਪੋਰਟ, ਸਟੈਂਡ ਫੋਰਡ ਯੂਨੀਵਰਸਿਟੀ, ਕੈਂਬਰਿਜ ਯੂਨੀਵਰਸਿਟੀ ਤੇ ਐਪੀਰੀਅਲ ਕਾਲਜ ਲੰਡਨ ਵਰਗੇ ਗਲੋਬਲ ਸ਼ਾਮਿਲ ਹਨ ਜਿਸ ਵਿੱਚ ਚੰਡੀਗੜ੍ਹ ਯੂਨੀਵਰਸਿਟੀ ਨੇ ਵਧੀਆ ਕਾਰਗੁਜ਼ਾਰੀ ਦਿਖਾਈ ਹੈ। ਪ੍ਰੋਫੈਸਰ ਬਾਵਾ ਨੇ ਦੱਸਿਆ ਕਿ ਚੰਡੀਗੜ੍ਹ ਯੂਨੀਵਰਸਿਟੀ ਦੇ ਨਾਂਅ 20 ਹਜ਼ਾਰ ਜਿਆਦਾ ਖੋਜ ਪ੍ਰਕਾਸ਼ਨ ਹਨ ਤੇ 5519 ਤੋਂ ਵਧੇਰੇ ਪੇਟੈਂਟ ਫਾਈਲ ਕੀਤੇ ਹਨ, ਜਿਨ੍ਹਾਂ ਵਿੱਚੋਂ 5212 ਪੇਟੈਂਟ ਪ੍ਰਕਾਸ਼ਿਤ ਹੋਏ ਹਨ। ਉਨ੍ਹਾਂ ਨੇ ਗੁਰਦਾਸਪੁਰ ਵਾਸੀਆਂ ਨੂੰ ਅਪੀਲ ਕੀਤੀ ਗਈ ਉਹ ਆਪਣੇ ਬੱਚਿਆਂ ਦੇ ਭਵਿੱਖ ਨੂੰ ਮੁੱਖ ਰੱਖਦੇ ਹੋਏ ਚੰਡੀਗੜ੍ਹ ਯੂਨੀਵਰਸਿਟੀ ਵੱਲੋਂ ਚਲਾਏ ਜਾ ਰਹੇ ਵੱਖ-ਵੱਖ ਕੋਰਸਾਂ ਵਿੱਚ ਦਾਖਲ ਕਰਵਾਉਣ।



# ਹੈੱਲਥ ਸਕਿੱਲ ਡਿਵੈਲਪਮੈਂਟ ਸੈਂਟਰ ਵੱਲੋਂ ਹੁਨਰਮੰਦਾਂ ਨੂੰ ਸਰਟੀਫਿਕੇਟ ਤਕਸੀਮ

ਫਰੀਦਕੋਟ (ਐਲਿਗਜ਼ੈਂਡਰ ਡਿਸੂਜ਼ਾ): ਮੁੱਖ ਮੰਤਰੀ ਭਗਵੰਤ ਮਾਨ ਅਤੇ ਕੈਬਨਿਟ ਮੰਤਰੀ ਅਮਨ ਅਰੋੜਾ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਨੌਜਵਾਨਾਂ ਨੂੰ ਹੁਨਰਮੰਦ ਬਣਾ ਕੇ ਰੁਜ਼ਗਾਰ ਦੇ ਕਾਬਿਲ ਬਣਾਉਣ ਅਤੇ ਨਸ਼ਿਆਂ ਵਰਗੀਆਂ ਅਲਾਮਤਾਂ ਤੋਂ ਦੂਰ ਰੱਖਣ ਲਈ ਵਿੱਢੀ ਗਈ ਮੁਹਿੰਮ ਤਹਿਤ ਇੱਕ ਵਿਸ਼ੇਸ਼ ਪ੍ਰੋਗਰਾਮ ਉਲੀਕਿਆ ਗਿਆ।ਬਾਬਾ ਫਰੀਦ ਯੂਨੀਵਰਸਿਟੀ ਆਫ ਹੈਲਥ ਸਾਇੰਸਿਜ਼ ਫਰੀਦਕੋਟ ਦੇ ਹੈਲਥ ਸਕਿੱਲ ਡਿਵੈਲਪਮੈਂਟ ਸੈਂਟਰ ਵੱਲੋਂ ਪੰਜਾਬ ਸਕਿੱਲ ਡਿਵੈਲਪਮੈਂਟ ਮਿਸ਼ਨ ਤਹਿਤ ਟ੍ਰੇਨਿੰਗ ਮੁਕੰਮਲ ਕਰਨ ਵਾਲੇ ਵਿਦਿਆਰਥੀਆਂ ਲਈ ਸਰਟੀਫਿਕੇਟ ਵੰਡ ਸਮਾਰੋਹ ਕਰਵਾਇਆ ਗਿਆ।ਇਸ ਸਮਾਰੋਹ ਦੌਰਾਨ ਪੰਚਕਰਮਾ ਟੈਕਨੀਸ਼ੀਅਨ ਦੇ ਇੱਕ ਬੈਚ (13 ਵਿਦਿਆਰਥੀ) ਅਤੇ ਜਨਰਲ ਡਿਊਟੀ ਅਸਿਸਟੈਂਟ (741) ਦੇ ਦੋ ਬੈਚਾਂ (ਕੁੱਲ 24 ਵਿਦਿਆਰਥੀ) ਨੂੰ ਕੋਰਸ ਮੁਕੰਮਲ ਹੋਣ ਤੇ ਸਰਟੀਫਿਕੇਟ ਦਿੱਤੇ ਗਏ।ਯੂਨੀਵਰਸਿਟੀ ਦੇ ਮਾਨਯੋਗ ਵਾਈਸ ਚਾਂਸਲਰ ਪ੍ਰੋ. (ਡਾ.) ਰਾਜੀਵ ਸੂਦ ਨੇ ਵਿਦਿਆਰਥੀਆਂ ਨੂੰ ਸਰਟੀਫਿਕੇਟ ਤਕਸੀਮ ਕਰਦਿਆਂ ਉਨ੍ਹਾਂ ਦੇ ਉਜਵਲ ਭਵਿੱਖ ਦੀ ਕਾਮਨਾ ਕੀਤੀ।ਡਾ. ਰਾਜੀਵ ਸੂਦ ਨੇ ਸੰਬੋਧਨ ਕਰਦਿਆਂ ਕਿਹਾ ਕਿ ਇਹ ਕੋਰਸ ਅੰਤਰਰਾਸ਼ਟਰੀ ਮਿਆਰਾਂ ਅਨੁਸਾਰ ਤਿਆਰ ਕੀਤੇ ਗਏ ਹਨ। ਉਨ੍ਹਾਂ ਦੱਸਿਆ ਕਿ ਇਹ ਸਿਖਲਾਈ ਪ੍ਰਾਪਤ ਵਿਦਿਆਰਥੀ ਸਰਕਾਰੀ ਤੇ ਨਿੱਜੀ ਖੇਤਰ ਤੋਂ ਇਲਾਵਾ ਸਵੈ-ਰੁਜ਼ਗਾਰ ਅਤੇ ਵਿਦੇਸ਼ਾਂ ਵਿੱਚ ਵੀ ਮਰੀਜ਼ਾਂ ਦੀ ਸੇਵਾ ਕਰਕੇ ਵਧੀਆ ਰੁਜ਼ਗਾਰ ਹਾਸਲ ਕਰ ਸਕਦੇ ਹਨ।ਪ੍ਰਿੰਸੀਪਲ ਡਾ. ਜਸਬੀਰ ਕੌਰ ਨੇ ਕਿਹਾ ਕਿ 100 ਫੀਸਦੀ ਨਤੀਜਿਆਂ ਨਾਲ ਇਹ ਮਿਸ਼ਨ ਰੰਗਲੇ ਪੰਜਾਬ ਦੇ ਸੁਪਨੇ ਨੂੰ ਸਾਕਾਰ ਕਰਨ ਵਿੱਚ ਅਹਿਮ ਸਿੱਧ ਹੋ ਰਿਹਾ ਹੈ।ਨੋਡਲ ਅਫਸਰ ਡਾ. ਅਰਚਨਾ ਸ਼ਾਹੀ ਬਜਾਜ ਨੇ ਦੱਸਿਆ ਕਿ 4.0 ਸਕੀਮ ਅਧੀਨ ਨਵੇਂ ਦਾਖ਼ਲੇ ਸ਼ੁਰੂ ਹੋ ਚੁੱਕੇ ਹਨ ਜਿਵੇਂ ਕਿ ਜੈਰੀਆਟ੍ਰਿਕ ਕੇਅਰਗਿਵਰ, ਪੰਚਕਰਮਾ ਅਸਿਸਟੈਂਟ ਮਹਿਲਾਵਾਂ ਲਈ ਐਂਟਰਪ੍ਰਨਿਊਰਸ਼ਿਪ ਡਿਵੈਲਪਮੈਂਟ ਪ੍ਰੋਗਰਾਮ ਖਾਸ ਕਰਕੇ।ਇਹ ਸਾਰੇ ਕੋਰਸ ਪੂਰੀ ਤਰ੍ਹਾਂ ਮੁਫ਼ਤ ਹਨ।ਇਸ ਮੌਕੇ ਮੈਡੀਕਲ ਸੁਪਰਿੰਟੈਂਡੈਂਟ ਡਾ. ਨੀਤੂ ਕੁਕੜ, ਕੋਰਸ ਕੋਆਰਡੀਨੇਟਰ ਡਾ. ਅਨੁਭਵ, ਮਿਸ ਹਰਪ੍ਰੀਤ ਕੌਰ ਅਤੇ ਡਾ. ਸੁਮਰੀਨ ਭਾਟੀਆ ਸਮੇਤ ਹੋਰ ਸਟਾਫ਼ ਮੈਂਬਰ ਵੀ ਹਾਜ਼ਰ ਸਨ।ਚਾਹਵਾਨ ਉਮੀਦਵਾਰ ਸਾਦਿਕ ਰੋਡ ਸਥਿਤ ਹੈਲਥ ਸਕਿੱਲ ਡਿਵੈਲਪਮੈਂਟ ਸੈਂਟਰ ਵਿਖੇ ਸੰਪਰਕ ਕਰ ਸਕਦੇ ਹਨ।



# 14 ਨੂੰ ਕੰਪਿਊਟਰ ਅਧਿਆਪਕਾਂ ਦੀ ਸੰਗਰੂਰ ਵਿਖੇ ਹੋਵੇਗੀ ਵਿਸ਼ਾਲ ਰੈਲੀ

ਮਾਨਸਾ (ਆਤਮਾ ਸਿੰਘ ਪਮਾਰ)-ਕੰਪਿਊਟਰ ਅਧਿਆਪਕ ਯੂਨੀਅਨ ਜ਼ਿਲ੍ਹਾ ਮਾਨਸਾ ਦੇ ਪ੍ਰਧਾਨ ਸੱਤ ਪ੍ਰਤਾਪ ਸਿੰਘ ਭੀਖੀ ਤੇ ਜਨਰਲ ਸਕੱਤਰ ਮਲਕੀਤ ਸਿੰਘ ਨੇਂ ਇੱਕ ਪ੍ਰੈੱਸ ਨੋਟ ਜਾਰੀ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਦੁਆਰਾ ਕੰਪਿਊਟਰ ਅਧਿਆਪਕਾਂ ਦੀਆਂ ਹੱਕੀ ਮੰਗਾਂ ਦੀ ਲਗਾਤਾਰ ਅਣਦੇਖੀ ਕੀਤੇ ਜਾਣ ਖ਼ਿਲਾਫ਼ ਜੱਥੇਬੰਦੀ ਵੱਲੋਂ ਸੂਬ ਪ੍ਰਧਾਨ.ਗੁਰਵਿੰਦਰ ਸਿੰਘ ਤਰਨਤਾਰਨ ਦੀ ਅਗਵਾਈ 'ਚ ਸੰਗਰੂਰ ਵਿਖੇ ਹੱਕਾਂ ਦੀ ਪੂਰਤੀ ਲਈ ਰੈਲੀ ਕੀਤੀ ਜਾ ਰਹੀ ਹੈ।ਰੈਲੀ ਦੌਰਾਨ ਸਮੁੱਚੇ ਪੰਜਾਬ 'ਚੋਂ ਕੰਪਿਊਟਰ ਅਧਿਆਪਕ ਸ਼ਮੂਲੀਅਤ ਕਰਨਗੇ ਤੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਦੀ ਕੋਠੀ ਦਾ ਘਿਰਾਉ ਕੀਤਾ ਜਾਵੇਗਾ।ਸੀਨੀਅਰ ਮੀਤ ਪ੍ਰਧਾਨ ਜਗਰਾਜ ਸਿੰਘ, ਮੀਤ ਪ੍ਰਧਾਨ ਲਖਵੀਰ ਸਿੰਘ, ਰਣਜੀਤ ਕੁਮਾਰ ਤੇ ਕੈਸ਼ੀਅਰ ਨਿਤੇਸ਼ ਕੁਮਾਰ ਨੇ ਕਿਹਾ ਕਿ ਸਰਕਾਰ ਬਣਨ ਤੋਂ ਪਹਿਲਾਂ ਆਮ ਆਦਮੀ ਪਾਰਟੀ ਦੇ ਮੁੱਖ ਨੇਤਾਵਾਂ ਨੇ ਸਾਡੇ ਨਾਲ ਵਾਅਦਾ ਕੀਤਾ ਸੀ ਕਿ ਸਰਕਾਰ ਬਣਨ ਸਾਰ ਪਹਿਲ ਦੇ ਆਧਾਰ 'ਤੇ ਕੰਪਿਊਟਰ ਅਧਿਆਪਕਾਂ ਦੀਆਂ ਮੰਗਾਂ ਦਾ ਹੱਲ ਕੀਤਾ ਜਾਵੇਗਾ ਪਰੰਤੂ ਅਫਸੋਸ ਲਗਭਗ ਚਾਰ ਸਾਲ ਬੀਤ ਜਾਣ ਦੇ ਬਾਵਜੂਦ ਸਰਕਾਰ ਨੇਂ ਸਾਡੀ ਕੋਈ ਬਾਤ ਨਹੀਂ ਪੁੱਛੀ ਜਿਸ ਕਾਰਨ ਕੰਪਿਊਟਰ ਅਧਿਆਪਕਾਂ 'ਚ ਗੁੱਸੇ ਦੀ ਲਹਿਰ ਦੌੜ ਗਈ ਹੈ।





ਜੱਥੇਬੰਦੀ ਦੇ ਫੈਸਲੇ ਅਨੁਸਾਰ 14 ਫਰਵਰੀ ਨੂੰ ਮੁੱਖ ਮੰਤਰੀ ਦੇ ਸ਼ਹਿਰ ਸੰਗਰੂਰ ਵਿਖੇ ਹੱਕ ਪ੍ਰਾਪਤੀ ਰੈਲੀ 'ਚ ਵੱਡੇ ਪੱਧਰ ਤੇ ਸ਼ਮੂਲੀਅਤ ਕਰਕੇ ਆਪਣੀਆਂ ਹੱਕੀ ਮੰਗਾਂ ਦੀ ਪੂਰਤੀ ਲਈ ਰੋਸ ਪ੍ਰਦਰਸ਼ਨ ਅਤੇ ਕੋਠੀ ਦਾ ਘਿਰਾਓ ਵੀ ਕੀਤਾ ਜਾਵੇਗਾ।

# ਪਸਨਾਵਾਲ ਵਿਖੇ ਆਯੂਰਵੈਦਿਕ ਤੇ ਹੋਮਿਓਪੈਥਿਕ ਮੁਫ਼ਤ ਆਯੂਸ਼ ਕੈਂਪ ਲਗਾਇਆ

ਧਾਰੀਵਾਲ, (ਮਨਦੀਪ ਵਿੱਕੀ)- ਆਯੂਰਵੈਦਾ ਵਿਭਾਗ ਪੰਜਾਬ ਦੇ ਡਾਇਰੈਕਟਰ ਡਾ.ਰਮਨ ਖੰਨਾ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਆਯੂਸ ਹੈਲਥ ਐਂਡ ਵੈੱਲਨੈੱਸ ਸੈਂਟਰ ਪਿੰਡ ਪਸਨਾਵਾਲ ਵਿਖੇ ਸੈਂਟਰ ਦੇ ਏਐੱਮਓ ਡਾਕਟਰ ਵਰੁਣ ਕੁਮਾਰ ਅਤੇ ਸਟਾਫ ਦੇ ਪ੍ਰਬੰਧਾਂ ਹੇਠ ਆਯੂਰਵੈਦਿਕ ਅਤੇ ਹੋਮਿਓਪੈਥਿਕ ਮੁਫ਼ਤ ਆਯੂਸ਼ ਕੈਂਪ ਲਗਾਇਆ ਗਿਆ। ਕੈਂਪ ਦਾ ਉਦਘਾਟਨ ਵਿਸ਼ੇਸ਼ ਤੌਰ 'ਤੇ ਪਹੁੰਚੇ ਜ਼ਿਲ੍ਹਾ ਆਯੂਰਵੈਦਿਕ ਅਤੇ ਯੂਨਾਨੀ ਅਫਸਰ ਗੁਰਦਾਸਪੁਰ ਡਾ. ਹਰਿੰਦਰ ਸਿੰਘ ਦੁਆਰਾ ਕੀਤਾ ਗਿਆ।

ਇਸ ਮੌਕੇ ਡਾਕਟਰ ਹਰਿੰਦਰ ਸਿੰਘ ਨੇ ਲੋਕਾਂ ਨੂੰ ਆਯੂਰਵੈਦਾ ਬਾਰੇ ਜਾਗਰੂਕ ਕੀਤਾ ਅਤੇ ਤੰਦਰੁਸਤ ਰਹਿਣ ਲਈ ਸੰਤੁਲਿਤ ਅਹਾਰ ਲੈਣ ਅਤੇ ਵੱਧ ਤੋਂ ਵੱਧ ਮੌਸਮੀ ਫਲ ਅਤੇ ਸਬਜ਼ੀਆਂ ਖਾਣ ਲਈ ਪ੍ਰੇਰਿਤ ਕੀਤਾ।

ਕੈਂਪ ਦੇ ਇੰਚਾਰਜ ਏਐੱਮਓ ਡਾਕਟਰ ਵਰੁਣ ਕੁਮਾਰ ਨੇ ਦੱਸਿਆ ਕਿ ਕੈਂਪ ਦੌਰਾਨ ਵੱਖ-ਵੱਖ ਬਿਮਾਰੀਆਂ ਤੋਂ ਪੀੜਤ 806 ਮਰੀਜ਼ਾਂ ਦੀ ਜਾਂਚ ਕਰਕੇ ਮੁਫਤ ਦਵਾਈਆਂ ਦਿੱਤੀਆਂ ਗਈਆਂ। ਕੈਂਪ 'ਚ ਡਾਕਟਰ ਮਿਨਾਕਸ਼ੀ ਅਤੇ ਡਾਕਟਰ ਨੀਤੂ ਅੱਗਰਵਾਲ ਵਲੋਂ 544 ਮਰੀਜ਼ਾਂ ਦੀ ਜਾਂਚ ਕਰਕੇ ਆਯੂਰਵੈਦਿਕ ਦਵਾਈਆਂ ਦਿੱਤੀਆਂ ਤੇ ਇਲਾਜ ਲਈ ਜਾਗਰੂਕ ਕੀਤਾ ਅਤੇ ਕਮਿਊਨਿਟੀ ਸਿਹਤ ਕੇਂਦਰ (ਸੀਐਚਸੀ) ਧਾਰੀਵਾਲ ਦੇ ਹੋਮਿਓਪੈਥੀ ਅਫਸਰ ਡਾਕਟਰ ਅਮਰਿੰਦਰ ਸਿੰਘ ਕਲੇਰ ਅਤੇ ਡਾਕਟਰ ਭਗਵਾਨ ਦਾਸ ਵਲੋਂ 262 ਮਰੀਜ਼ਾਂ ਦੀ ਜਾਂਚ ਕਰਕੇ ਹੋਮਿਓਪੈਥਿਕ ਦਵਾਈਆਂ ਦਿੱਤੀਆਂ ਅਤੇ ਇਲਾਜ ਲਈ ਨੁਕਤੇ ਦੱਸੇ।



ਕੈਂਪ ਦੌਰਾਨ ਆਯੁਰਵੈਦਿਕ ਉਪਵੈਦ ਚਰਨਜੀਤ ਕੌਰ ਅਤੇ ਨੇਹਾ ਵਲੋਂ ਆਯੂਰਵੈਦਿਕ ਦਵਾਈਆਂ ਵੰਡੀਆਂ ਗਈਆਂ ਅਤੇ ਹੋਮਿਓਪੈਥਿਕ ਡਿਸਪੈਂਸਰ ਰਾਜ ਕੁਮਾਰ ਅਤੇ ਬਲਜਿੰਦਰ ਸਿੰਘ ਵਲੋਂ ਹੋਮਿਓਪੈਥਿਕ ਦਵਾਈਆਂ ਵੰਡੀਆਂ ਗਈਆਂ।

ਇਸ ਮੌਕੇ ਯੋਗਾ ਇੰਸਟੈਕਟਰ ਹਰਪਾਲ ਸਿੰਘ, ਨਵਦੀਪ ਕੌਰ ਅਤੇ ਪਾਰਟ ਟਾਈਮ ਸੇਵਿਕਾ ਬਲਜਿੰਦਰ ਕੌਰ ਨੇ ਵੀ ਕੈਂਪ ਵਿੱਚ ਸਹਾਇਕ ਵਜੋਂ ਸੇਵਾਵਾਂ ਨਿਭਾਈਆਂ। ਇਸ ਮੌਕੇ ਪਿੰਡ ਦੀ ਸਰਪੰਚ ਸਤਿੰਦਰ ਕੌਰ, ਸਾਬਕਾ ਸਰਪੰਚ ਗੁਰਨਾਮ ਸਿੰਘ, ਸਾਬਕਾ ਫੌਜੀ ਹਰਜਿੰਦਰ ਸਿੰਘ ਅਤੇ ਹੋਰ ਪਤਵੰਤੇ ਵੀ ਹਾਜ਼ਰ ਸਨ।

# ਮਾਰਕੀਟ ਕਮੇਟੀ ਧਾਰੀਵਾਲ ਦੇ ਸਕੱਤਰ ਜਗਰੂਪ ਸਿੰਘ ਦੀ ਸੇਵਾ-ਮੁਕਤੀ 'ਤੇ ਸ਼ਾਨਦਾਰ ਵਿਦਾਇਗੀ ਪਾਰਟੀ

ਧਾਰੀਵਾਲ, (ਮਨਦੀਪ ਵਿੱਕੀ)-ਪੰਜਾਬ ਮੰਡੀ ਬੋਰਡ ਵਿੱਚ 34 ਸਾਲ ਪੂਰੀ ਇਮਾਨਦਾਰੀ, ਲਗਨ ਅਤੇ ਮਿਹਨਤ ਨਾਲ ਸੇਵਾਵਾਂ ਨਿਭਾਉਣ ਮਗਰੋਂ ਸੇਵਾ ਮੁਕਤ ਹੋਏ ਮਾਰਕੀਟ ਕਮੇਟੀ ਧਾਰੀਵਾਲ ਦੇ ਸਕੱਤਰ ਜਗਰੂਪ ਸਿੰਘ ਨੂੰ ਸਮੂਹ ਸਟਾਫ ਅਤੇ ਆੜ੍ਹਤੀ ਭਾਈਚਾਰੇ ਵੱਲੋਂ ਨਿੱਘੀ ਵਿਦਾਇਗੀ ਪਾਰਟੀ ਦਿੱਤੀ ਗਈ। ਇਸ ਸਬੰਧੀ ਮਾਰਕੀਟ ਕਮੇਟੀ ਧਾਰੀਵਾਲ ਦੇ ਚੇਅਰਮੈਨ ਭੁਪਿੰਦਰ ਸਿੰਘ ਰਿੰਕਾ ਖੁੰਡਾ ਦੀ ਅਗਵਾਈ ਹੇਠ ਪ੍ਰਭਾਵਸ਼ਾਲੀ ਵਿਦਾਇਗੀ ਪਾਰਟੀ ਸਮਾਗਮ ਹੋਇਆ। ਸਮਾਗਮ ਵਿੱਚ ਜ਼ਿਲ੍ਹਾ ਮੰਡੀ ਬੋਰਡ ਅਫਸਰ ਗੁਰਦਾਸਪੁਰ ਜਸਵਿੰਦਰ ਸਿੰਘ ਰਿਆੜ ਅਤੇ ਉਪ ਜ਼ਿਲ੍ਹਾ ਮੰਡੀ ਅਫਸਰ ਵਿਜੇ ਕੁਮਾਰ ਨੇ ਵਿਸ਼ੇਸ਼ ਤੌਰ 'ਤੇ ਸਮੂਲੀਅਤ ਕੀਤੀ। ਸਮਾਗਮ ਵਿੱਚ ਮਾਰਕੀਟ ਕਮੇਟੀ ਦਾ ਸਮੂਹ ਸਟਾਫ ਅਤੇ ਆੜ੍ਹਤੀ ਭਾਈਚਾਰੇ ਤੋਂ ਇਲਾਵਾ ਹੋਰ ਵੀ ਅਹਿਮ ਸ਼ਖਸੀਅਤਾਂ ਸ਼ਾਮਲ ਹੋਈਆਂ ਅਤੇ ਸਕੱਤਰ ਜਗਰੂਪ ਸਿੰਘ ਨੂੰ ਯਾਦਗਾਰੀ ਤੋਹਫੇ ਭੇਟ ਕੀਤੇ ਗਏ। ਇਸ ਮੌਕੇ ਜ਼ਿਲ੍ਹਾ ਮੰਡੀ ਬੋਰਡ ਅਫਸਰ ਗੁਰਦਾਸਪੁਰ ਜਸਵਿੰਦਰ ਸਿੰਘ ਰਿਆੜ ਨੇ ਕਿਹਾ ਕਿ ਸਕੱਤਰ ਜਗਰੂਪ ਸਿੰਘ ਵਿਭਾਗ ਵਿੱਚ ਪੂਰੀ ਇਮਾਨਦਾਰੀ ਤੇ ਜ਼ਿੰਮੇਵਾਰੀ ਨਾਲ ਸੇਵਾਂਵਾਂ ਨਿਭਾ ਕੇ ਬੇਦਾਗ ਸੇਵਾ ਮੁਕਤ ਹੋਏ ਹਨ ਅਤੇ ਵਧਾਈ ਪਾਤਰ ਹਨ। ਇਸ ਮੌਕੇ ਨਗਰ ਕੌਂਸਲ ਦੇ ਪ੍ਰਧਾਨ ਅਸ਼ਵਨੀ ਦੁੱਗਲ ਅਤੇ ਵਾਈਸ ਪ੍ਰਧਾਨ ਦੀਪਕ ਕੁਮਾਰ ਰਿੰਟੂ ਨੇ ਕਿਹਾ ਸਕੱਤਰ ਜਗਰੂਪ ਸਿੰਘ ਵੱਲੋਂ ਮਾਰਕੀਟ ਕਮੇਟੀ ਧਾਰੀਵਾਲ ਵਿੱਚ ਨਿਭਾਈਆਂ ਸੇਵਾਵਾਂ ਕਾਬਲ-ਏ-ਤਾਰੀਫ ਹਨ। ਉਨ੍ਹਾਂ ਕਿਹਾ ਸਕੱਤਰ ਜਗਰੂਪ ਸਿੰਘ ਵਲੋਂ ਸ਼ਹਿਰ ਧਾਰੀਵਾਲ ਵਿੱਚੋਂ ਪੱਕੇ ਤੌਰ 'ਤੇ ਦਾਣਾ ਮੰਡੀ ਕੋਲ ਸਬਜ਼ੀ ਮੰਡੀ ਸਿਫਟ ਕਰਵਾਉਣ ਦਾ ਉਪਰਾਲਾ ਉਨ੍ਹਾਂ ਦੀ ਦੂਰ ਅੰਦੇਸੀ ਸੋਚ ਦਾ ਨਤੀਜਾ ਹੈ, ਜਿਸ ਸਦਕਾ ਸ਼ਹਿਰ ਵਾਸੀਆਂ ਨੂੰ ਵੱਡੀ ਰਾਹਤ ਮਿਲੀ ਹੈ। ਇਸ ਮੌਕੇ ਲੇਖਾਕਾਰ ਰਮਨਦੀਪ ਸਿੰਘ ਟਾਂਡਾ, ਲੇਖਾਕਾਰ ਗੁਰਦੀਪ ਸਿੰਘ ਧਾਰੀਵਾਲ, ਸਾਬਕਾ ਸਕੱਤਰ ਸੀ.ਪੀ.ਸਿੰਘ ਰੰਧਾਵਾ, ਲੇਖਾਕਾਰ ਪਰਮਜੀਤ ਸਿੰਘ ਬਟਾਲਾ, ਗੁਰਵਿੰਦਰ ਸਿੰਘ ਹੈਪੀ ਨਾਨੋਵਾਲ, ਗੁਰਪ੍ਰੀਤ ਸਿੰਘ ਸੇਖਵਾਂ, ਅਮਰਜੀਤ ਸਿੰਘ, ਅਮਨਪ੍ਰੀਤ ਸਿੰਘ, ਹਰਜਿੰਦਰ ਸਿੰਘ ਬਟਾਲਾ, ਸੇਵਾਮੁਕਤ ਮੈਨੇਜਰ ਸੁਰਜੀਤ ਸਿੰਘ ਚਾਹਲ, ਆੜ੍ਹਤੀ ਰੂਪ ਸਿੰਘ, ਆੜ੍ਹਤੀ ਸੁਭਾਸ਼ ਜੰਬਾ, ਆੜ੍ਹਤੀ ਤਰਲੋਕ ਸਿੰਘ, ਆੜ੍ਹਤੀ ਰੋਬਿਨ ਵੋਹਰਾ ਆਦਿ ਤੋਂ ਇਲਾਵਾ ਸਕੱਤਰ ਜਗਰੂਪ ਸਿੰਘ ਦੇ ਪਰਿਵਾਰਕ ਮੈਂਬਰ ਅਤੇ ਰਿਸ਼ਤੇਦਾਰ ਵੀ ਹਾਜ਼ਰ ਸਨ।



# ਅੰਮ੍ਰਿਤਸਰ ਦੌਰੇ ਦੌਰਾਨ ਸੁਨੀਲ ਜਾਖੜ ਦਾ ਨਿੱਘਾ ਸਵਾਗਤ

ਛੇਹਰਟਾ/ਖਾਸਾ, (ਮਨੋਜ ਕੁਮਾਰ/ਸ਼ਸ਼ਪਾਲ ਸਿੰਘ)- ਮੰਗਲਵਾਰ ਨੂੰ ਭਾਜਪਾ ਦੇ ਸੂਬਾ ਪ੍ਰਧਾਨ ਸੁਨੀਲ ਜਾਖੜ ਆਪਣੇ ਅੰਮ੍ਰਿਤਸਰ ਦੌਰੇ ਦੌਰਾਨ ਭਗਵਾਨ ਵਾਲਮੀਕਿ ਤੀਰਥ ਵਿਖੇ ਵੀ ਨਤਮਤਕ ਹੋਏ। ਇਸ ਮੌਕੇ ਹਲਕਾ ਪੱਛਮੀ ਤੋਂ ਭਾਜਪਾ ਦੇ ਸੀਨੀਅਰ ਆਗੂ ਐਡਵੋਕੇਟ ਡਾ. ਸੁਸ਼ੀਲ ਦੇਵਗਨ ਤੇ ਉਨ੍ਹਾਂ ਦੀ ਟੀਮ ਨੇ ਸੂਬਾ ਪ੍ਰਧਾਨ ਦਾ ਨਿੱਘਾ ਸਵਾਗਤ ਕੀਤਾ। ਇਸ ਮੌਕੇ ਐਡਵੋਕੇਟ ਡਾ. ਸੁਸ਼ੀਲ ਦੇਵਗਨ ਨੇ ਕਿਹਾ ਕਿ ਸੂਬਾ ਪ੍ਰਧਾਨ ਸੁਨੀਲ ਜਾਖੜ ਦੀ ਅਗਵਾਈ ਵਿਚ ਭਾਜਪਾ ਪੰਜਾਬ ਵਿਚ ਲਗਾਤਾਰ ਮਜ਼ਬੂਤ ਹੋ ਰਹੀ ਹੈ। ਉਨ੍ਹਾਂ ਕਿਹਾ ਕਿ ਪੰਜਾਬ ਦੇ ਲੋਕ ਬੜੀ ਬੇਸਬਰੀ ਨਾਲ ਚੋਣਾਂ ਦੀ ਉਡੀਕ ਕਰ ਰਹੇ ਹਨ ਤੇ ਉਹ ਚਾਹੁੰਦੇ ਹਨ ਕਿ ਸੂਬੇ ਦੇ ਵਿਕਾਸ ਲਈ ਇਸ ਵਾਰ ਇਥੇ ਵੀ ਭਾਜਪਾ ਦੀ ਸਰਕਾਰ ਬਣੇ।



ਉਨ੍ਹਾਂ ਕਿਹਾ ਕਿ ਪੰਜਾਬ ਦਾ ਵਿਕਾਸ ਉਸ ਸਮੇਂ ਹੀ ਹੋਇਆ ਸੀ, ਜਦੋਂ ਸੂਬੇ ਵਿਚ ਭਾਜਪਾ ਦੀ ਗਠਜੋੜ ਵਾਲੀ ਸਰਕਾਰ ਸੀ। ਉਨ੍ਹਾਂ ਕਿਹਾ ਕਿ ਉਸ ਤੋਂ ਬਾਅਦ ਪੰਜ ਸਾਲ ਕਾਂਗਰਸ ਤੇ ਹੁਣ ਪਿਛਲੇ ਚਾਰ ਸਾਲ ਤੋਂ ਆਮ ਆਦਮੀ ਪਾਰਟੀ ਦੀ ਸਰਕਾਰ ਹੈ, ਪਰ ਪੰਜਾਬ ਵਿਚ ਵਿਕਾਸ ਬਿਲਕੁਲ ਠੱਪ ਹੋ ਕੇ ਰਹਿ ਗਿਆ। ਅਮਨ-ਕਾਨੂੰਨ ਦੀ ਹਾਲਤ ਬਹੁਤ ਵਿਗੜ ਚੁੱਕੀ ਹੈ ਅਤੇ ਆਏ ਦਿਨ ਅਪਰਾਧੀਆਂ ਵੱਲੋਂ ਕਤਲ ਤੇ ਲੁੱਟਾਂ-ਖੋਹਾਂ ਦੀਆਂ ਵਾਰਦਾਤਾਂ ਨੂੰ ਅੰਜਾਮ ਦਿੱਤਾ ਜਾ ਰਿਹਾ ਹੈ। ਸੂਬੇ ਦੇ ਲੋਕ ਬਹੁਤ ਸਹਿਮੇ ਹੋਏ ਹਨ। ਲੋਕ ਇਸ ਸਰਕਾਰ ਤੋਂ ਛੇਤੀ ਤੋਂ ਛੇਤੀ ਛੁਟਕਾਰਾ ਚਾਹੁੰਦੇ ਹਨ। ਉਨ੍ਹਾਂ ਉਮੀਦ ਪ੍ਰਗਟਾਈ ਕਿ ਪੰਜਾਬ ਵਿਚ ਵੀ ਇਸ ਵਾਰ ਕਮਲ ਖਿੜੇਗਾ ਤੇ ਲੋਕਾਂ ਦੀ ਸਮੱਸਿਆਵਾਂ ਹੱਲ ਹੋਣਗੀਆਂ। ਇਸ ਮੌਕੇ ਸਾਬਕਾ ਵਿਧਾਇਕ ਅਮਰਪਾਲ ਸਿੰਘ ਬੋਨੀ ਅਜਨਾਲਾ, ਪਵਨਦੀਪ ਸਿੰਘ, ਡਾ. ਦੁਰਗਾਦਾਸ, ਅਤੁਲ ਸ਼ਰਮਾ, ਵਿਸ਼ਾਲ ਸ਼ਰਮਾ, ਖੰਡਵਾਲਾ ਮੰਡਲ ਪ੍ਰਧਾਨ ਸੰਨੀ, ਵਿੱਕੀ ਰੀਕੋ ਤੇ ਸ਼ੇਖਰ ਵੀ ਮੌਜੂਦ ਸਨ।

# 5 ਪਿਸਤੌਲਾਂ ਸਮੇਤ 2 ਗ੍ਰਿਫ਼ਤਾਰ

ਛੇਹਰਟਾ, ਅੰਮ੍ਰਿਤਸਰ (ਮਨੋਜ ਕੁਮਾਰ, ਜਸਬੀਰ ਸਿੰਘ ਪੱਟੀ) :ਅੰਮ੍ਰਿਤਸਰ ਕਮਿਸ਼ਨਰੇਟ ਪੁਲਸ ਨੇ ਹਥਿਆਰਾਂ ਦੀ ਤਸਕਰੀ ਕਰਨ ਵਾਲੇ ਮਾਡਿਊਲ ਦਾ ਪਰਦਾਫਾਸ਼ ਕਰਕੇ 5 ਆਧੁਨਿਕ ਪਿਸਤੌਲਾਂ ਸਮੇਤ ਕਰਕੇ 2 ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕੀਤਾ ਹੈ। ਡੀਜੀਪੀ ਗੌਰਵ ਯਾਦਵ ਨੇ ਦੱਸਿਆ ਕਿ ਗ੍ਰਿਫ਼ਤਾਰ ਕੀਤੇ ਗਏ ਵਿਅਕਤੀਆਂ ਦੀ ਪਛਾਣ ਰੋਹਿਤ ਅਰੋੜਾ (25), ਜੋ ਕਿ ਗਿੱਲਵਾਲੀ ਗੇਟ ਦਾ ਰਹਿਣ ਵਾਲਾ ਹੈ ਤੇ ਪਿੰਡ ਮੀਰਾਂਕੋਟ ਕਲਾਂ ਵਾਸੀ ਹਰਪ੍ਰੀਤ ਸਿੰਘ ਉਰਫ਼ ਹੈਪੀ (24) ਵਜੋਂ ਹੋਈ ਹੈ। ਬਰਾਮਦ ਕੀਤੇ ਗਏ ਪਿਸਤੌਲਾਂ ਵਿਚ ਤਿੰਨ 9 ਐੱਮ.ਐੱਮ. ਗਲੌਕ ਤੇ ਦੋ .30 ਬੋਰ ਪਿਸਤੌਲ ਸ਼ਾਮਲ ਹਨ। ਡੀ. ਜੀ. ਪੀ. ਗੌਰਵ ਯਾਦਵ ਨੇ ਕਿਹਾ ਕਿ ਮੁਲਜ਼ਮ ਸੋਸ਼ਲ ਮੀਡੀਆ ਪਲੇਟਫਾਰਮਾਂ ਰਾਹੀਂ ਪਾਕਿਸਤਾਨ ਅਧਾਰਤ ਤਸਕਰਾਂ ਦੇ ਸੰਪਰਕ ਵਿਚ ਸਨ। ਉਨ੍ਹਾਂ ਕਿਹਾ ਕਿ ਹਥਿਆਰਾਂ ਦੀ ਖੇਪਾਂ ਡਰੋਨਾਂ ਰਾਹੀਂ ਭੇਜੀਆਂ ਜਾ ਰਹੀਆਂ ਸਨ ਤੇ ਮੁਲਜ਼ਮ ਆਪਣੇ ਹੈਂਡਲਰਾਂ ਦੇ ਨਿਰਦੇਸ਼ਾਂ 'ਤੇ ਇਨ੍ਹਾਂ ਨੂੰ ਅੱਗੇ ਸਪਲਾਈ ਕਰਦੇ ਸਨ। ਪੁਲਸ ਕਮਿਸ਼ਨਰ ਅੰਮ੍ਰਿਤਸਰ ਗੁਰਪ੍ਰੀਤ ਸਿੰਘ ਭੁੱਲਰ ਨੇ ਦੱਸਿਆ ਕਿ ਰੋਹਿਤ ਅਰੋੜਾ ਗੈਂਗਸਟਰ ਸੋਨੂੰ ਕੰਗਲਾ ਦਾ ਨਜ਼ਦੀਕੀ ਸਾਥੀ ਹੈ। ਉਨ੍ਹਾਂ ਕਿਹਾ ਕਿ ਤਲਾਸ਼ੀ ਦੌਰਾਨ ਮੁਲਜ਼ਮ ਦੇ ਕਬਜ਼ੇ ਵਿਚੋਂ ਤਿੰਨ ਪਿਸਤੌਲ ਜਿਸ ਵਿਚ ਇਕ ਗਲੌਕ ਪਿਸਤੌਲ ਤੇ ਦੋ .30 ਬੋਰ ਪਿਸਤੌਲ ਸ਼ਾਮਲ ਹਨ, ਬਰਾਮਦ ਕੀਤੇ ਗਏ। ਰੋਹਿਤ ਅਰੋੜਾ ਵੱਲੋਂ ਕੀਤੇ ਗਏ ਖੁਲਾਸਿਆਂ ਦੇ ਆਧਾਰ 'ਤੇ ਮੁਲਜ਼ਮ ਹਰਪ੍ਰੀਤ ਸਿੰਘ ਉਰਫ਼ ਹੈਪੀ ਨੂੰ ਗ੍ਰਿਫ਼ਤਾਰ ਕਰ ਲਿਆ ਗਿਆ।



# ਸੰਯੁਕਤ ਕਿਸਾਨ ਮੋਰਚੇ ਦਾ ਵਫਦ ਡਿਪਟੀ ਕਮਿਸ਼ਨਰ ਨੂੰ ਮਿਲਿਆ

## * ਭਲਕ ਦਾ ਖੰਡ ਮਿੱਲ ਸੇਰੋਂ ਲੱਗਣ ਵਾਲਾ ਪੱਕਾ ਮੋਰਚਾ ਹਾਲ ਦੀ ਘੜੀ ਮੁਲਤਵੀ

ਵਲਟੋਹਾ (ਰਣਜੀਤ ਸਿੰਘ ਵਲਟੋਹਾ)-ਕਿਸਾਨ ਮੋਰਚਾ ਜ਼ਿਲ੍ਹਾ ਤਰਨ ਤਾਰਨ ਵਿੱਚ ਕੰਮ ਕਰਦੀਆਂ ਵੱਖ-ਵੱਖ ਕਿਸਾਨ ਜਥੇਬੰਦੀਆਂ ਦੀ ਜ਼ਿਲ੍ਹਾ ਆਗੂਆਂ ਦਾ ਇੱਕ ਵਫਦ ਡਿਪਟੀ ਕਮਿਸ਼ਨਰ ਤਰਨ ਤਾਰਨ ਸ਼੍ਰੀ ਰਾਹੁਲ ਨੂੰ ਉਨ੍ਹਾਂ ਦੇ ਦਫਤਰ ਵਿਖੇ ਮਿਲਿਆ। ਇਹ ਵਫਦ ਕੁਝ ਦਿਨ ਪਹਿਲਾਂ ਵੀ ਡਿਪਟੀ ਕਮਿਸ਼ਨਰ ਦੇ ਧਿਆਨ ਵਿੱਚ ਸ਼ੂਗਰ ਮਿਲ ਸ਼ੇਰੋਂ ਦੀ ਜ਼ਮੀਨ ਦੀ ਮਾਲਕੀ ਬਦਲਣ ਵਿਰੁੱਧ ਰੋਸ ਪ੍ਰਗਟ ਕਰਨ ਲਈ ਉਨ੍ਹਾਂ ਨੂੰ ਦਫਤਰ ਮਿਲਿਆ ਸੀ ਅਤੇ ਲੰਬੀ ਚਰਚਾ ਤੋਂ ਬਾਅਦ ਡਿਪਟੀ ਕਮਿਸ਼ਨਰ ਵੱਲੋਂ ਅੱਜ ਦਾ ਮੁੜ ਸਮਾਂ ਦਿੱਤਾ ਗਿਆ ਸੀ। ਮੀਟਿੰਗ ਵਿੱਚ ਜਮਹੂਰੀ ਕਿਸਾਨ ਸਭਾ, ਬੀਕੇਯੂ ਏਕਤਾ ਉਗਰਾਹਾਂ, ਕਿਰਤੀ ਕਿਸਾਨ ਯੂਨੀਅਨ, ਕੁੱਲ ਹਿੰਦ ਕਿਸਾਨ ਸਭਾ 1936, ਕੌਮੀ ਕਿਸਾਨ ਯੂਨੀਅਨ, ਆਜ਼ਾਦ ਕਿਸਾਨ ਸੰਘਰਸ਼ ਕਮੇਟੀ ਟਾਂਡਾ ਆਦਿ ਜਥੇਬੰਦੀਆਂ ਨੇ ਭਾਗ ਲਿਆ। ਮੀਟਿੰਗ ਵਿੱਚ ਖੰਡ ਮਿੱਲ ਸੇਰੋਂ ਦੀ ਮਾਲਕੀ 'ਚ ਕਿਸਾਨਾਂ ਦੇ 60% ਸ਼ੇਅਰਾਂ ਦੀ ਚਰਚਾ ਕੀਤੀ ਗਈ।ਜ਼ਮੀਨ ਐਕਵਾਇਰ ਕਰਨ ਸਮੇਂ ਮਕਸਦ ਲੋਕ ਹਿੱਤ ਸੀ ਜਿਹੜਾ ਕਿ ਹੁਣ ਮੁਨਾਫਾ ਹੋ ਗਿਆ ਹੈ।ਹਜ਼ਾਰਾਂ ਮੁਲਾਜ਼ਮਾਂ ਨੂੰ ਰੁਜ਼ਗਾਰ ਮੁਹੱਈਆ ਕਰਵਾਇਆ ਜਾਂਦਾ ਸੀ।ਅਸਿੱਧਾ ਰੁਜ਼ਗਾਰ ਵੀ ਲੋਕਾਂ ਨੂੰ ਮਿਲਦਾ ਸੀ।ਇਸ ਦੇ ਨਾਲ ਹੀ ਮੌਜੂਦਾ ਸਰਕਾਰ ਵੱਲੋਂ ਲਿਆਂਦੀ ਗਈ ਤਜਵੀਜ਼ਤ ਖੇਤੀ ਨੀਤੀ ਵਿੱਚ ਬਦਲਵੀਂ ਖੇਤੀ ਦਾ ਸੁਝਾਅ ਦਿੱਤਾ ਗਿਆ ਹੈ।ਗੰਨੇ ਦੀ ਖੇਤੀ ਨਾਲ ਮੰਗ ਇਲਾਕੇ ਵਿੱਚ ਹੜ੍ਹ ਪੀੜਤ ਕਿਸਾਨਾਂ ਲਈ ਇਹ ਵੱਡੀ ਰਾਹਤ ਹੋ ਸਕਦੀ ਹੈ।ਕਣਕ ਝੋਨੇ ਤੋਂ ਬਾਅਦ ਇਹ ਵੀ ਪੱਕੀ ਕੀਮਤ ਮਿਲਣ ਵਾਲੀ ਖੇਤੀ ਹੈ।ਤਰਨਤਾਰਨ ਜ਼ਿਲ੍ਹੇ ਵਿੱਚ ਇੱਕ ਵੀ ਉਦਯੋਗਿਕ ਇਕਾਈ ਨਹੀਂ ਜੋ ਸਰਕਾਰ ਵੱਲੋਂ ਚਲਾਈ ਜਾ ਰਹੀ ਹੋਵੇ।ਗੰਨਾ ਅਜਿਹੀ ਫ਼ਸਲ ਹੈ ਕਿ ਇਸਦਾ ਕੋਈ ਵੇਸਟ ਬੇਕਾਰ ਨਹੀਂ ਜਾਂਦਾ।ਲੰਬੀ ਵਿਚਾਰ ਚਰਚਾ ਤੋਂ ਬਾਅਦ ਜ਼ਿਲ੍ਹਾ ਪ੍ਰਸ਼ਾਸਨ ਦਾ ਇਹ ਸੁਝਾਅ ਮੰਨ ਲਿਆ ਗਿਆ ਕਿ 13 ਫਰਵਰੀ ਵਾਲਾ ਪੱਕੇ ਮੋਰਚੇ ਦਾ ਸੱਦਾ ਹਾਲ ਦੀ ਘੜੀ ਮੁਲਤਵੀ ਕੀਤਾ ਜਾਂਦਾ ਹੈ।ਸੰਯੁਕਤ ਕਿਸਾਨ ਮੋਰਚਾ ਜ਼ਿਲ੍ਹਾ ਤਰਨਤਾਰਨ ਅਗਲੀ ਮੀਟਿੰਗ ਕਰਕੇ ਅਗਲੇ ਐਕਸ਼ਨ ਪਲਾਨ ਦਾ ਐਲਾਨ ਕਰੇਗਾ।



ਮੀਟਿੰਗ ਵਿੱਚ ਹੋਰਨਾਂ ਤੋਂ ਇਲਾਵਾ ਮੇਹਰ ਸਿੰਘ ਸਖੀਰਾ, ਮਨਜੀਤ ਸਿੰਘ ਬੱਗੂ ਕੋਟ ਮੁਹੰਮਦ ਖਾਂ, ਨਛੱਤਰ ਸਿੰਘ ਮੁਗਲਚੱਕ, ਰਤਨ ਸਿੰਘ ਢੰਡ, ਜਗਜੀਤ ਸਿੰਘ ਝੀਤਾ, ਤਰਸੇਮ ਸਿੰਘ ਲੁਹਾਰ, ਦਵਿੰਦਰ ਸੋਹਲ, ਹਰਗੋਬਿੰਦ ਸਿੰਘ ਆਦਿ ਹਾਜ਼ਰ ਸਨ।

# 450 ਪੁਲਸ ਮੁਲਾਜ਼ਮਾਂ ਦੀ ਤਾਇਨਾਤੀ, 63 ਗ੍ਰਿਫ਼ਤਾਰ : ਏ ਡੀ ਜੀ ਪੀ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਏ ਡੀ ਜੀ ਪੀ ਇੰਟਰਨਲ ਸਿਕਿਓਰਿਟੀ ਸ਼ਿਵ ਕੁਮਾਰ ਵਰਮਾ ਨੇ ਐੱਸ ਐੱਸ ਪੀ ਸੰਦੀਪ ਕੁਮਾਰ ਮਲਿਕ ਦੀ ਮੌਜੂਦਗੀ ਵਿਚ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਦੱਸਿਆ ਕਿ ਜ਼ਿਲ੍ਹੇ ਵਿਚ ਆਪ੍ਰੇਸ਼ਨ ਪ੍ਰਹਾਰ 2.0 ਦੀ ਸ਼ੁਰੂਆਤ ਕਰ ਦਿੱਤੀ ਗਈ ਹੈ ਜੋ 12 ਫਰਵਰੀ ਤੱਕ ਚੱਲੇਗਾ। ਉਨ੍ਹਾਂ ਦੱਸਿਆ ਕਿ ਇਸ ਤੋਂ ਪਹਿਲਾਂ 20 ਤੋਂ 22 ਜਨਵਰੀ ਤੱਕ ਚਲਾਏ ਗਏ ਅਪਰੇਸ਼ਨ ਪ੍ਰਹਾਰ 1.0 ਦੌਰਾਨ ਸ਼ਾਨਦਾਰ ਸਫਲਤਾ ਮਿਲੀ ਸੀ, ਜਿਸਦੇ ਸਕਾਰਾਤਮਕ ਨਤੀਜੇ ਸਾਹਮਣੇ ਆਏ। ਇਸੇ ਲੜੀ ਵਿੱਚ ਆਪ੍ਰੇਸ਼ਨ ਪ੍ਰਹਾਰ 2.0 ਹੁਣ ਵਧੇਰੇ ਮਜ਼ਬੂਤ ਯੋਜਨਾਬੰਦੀ ਅਤੇ ਰਣਨੀਤੀ ਨਾਲ ਚਲਾਇਆ ਜਾ ਰਿਹਾ ਹੈ। ਏ ਡੀ ਜੀ ਪੀ ਵਰਮਾ ਨੇ ਕਿਹਾ ਕਿ ਇਸ ਮੁਹਿੰਮ ਲਈ 450 ਪੁਲਸ ਕਰਮਚਾਰੀ ਤਾਇਨਾਤ ਕੀਤੇ ਗਏ ਹਨ ਤੇ 60 ਵਿਸ਼ੇਸ਼ ਟੀਮਾਂ



ਬਣਾਈਆਂ ਗਈਆਂ ਹਨ, ਜੋ ਵੱਖ-ਵੱਖ ਥਾਣਿਆਂ ਅਤੇ ਸਬ-ਡਵੀਜ਼ਨਾਂ ਅਧੀਨ ਲਗਾਤਾਰ ਛਾਪੇਮਾਰੀ ਕਰ ਰਹੀਆਂ ਹਨ। ਉਨ੍ਹਾਂ ਕਿਹਾ ਕਿ ਮੁਹਿੰਮ ਦੌਰਾਨ ਬੱਸ ਅੱਡਿਆਂ, ਹੋਟਲਾਂ, ਢਾਬਿਆਂ ਅਤੇ ਹੋਰ ਜਨਤਕ ਥਾਵਾਂ 'ਤੇ ਵੀ ਸਖ਼ਤ ਜਾਂਚ ਕੀਤੀ ਜਾ ਰਹੀ ਹੈ, ਤਾਂ ਜੋ ਸ਼ੱਕੀ ਗਤੀਵਿਧੀਆਂ 'ਤੇ ਸਖ਼ਤ ਨਿਗਰਾਨੀ ਰੱਖੀ ਜਾ ਸਕੇ। ਹੁਣ ਤੱਕ ਜ਼ਿਲ੍ਹਾ ਪੁਲਿਸ ਨੇ 300 ਤੋਂ ਵੱਧ ਥਾਵਾਂ 'ਤੇ ਛਾਪੇਮਾਰੀ ਕੀਤੀ ਹੈ, ਜਦੋਂ ਕਿ 125 ਸ਼ੱਕੀ ਅਪਰਾਧੀਆਂ ਨੂੰ ਰਾਉਂਡਅਪ ਕੀਤਾ ਗਿਆ ਹੈ। ਅਪਰੇਸ਼ਨ ਦੌਰਾਨ 3 ਘੋਸ਼ਿਤ ਅਪਰਾਧੀਆਂ ਸਮੇਤ ਕੁੱਲ 63 ਅਪਰਾਧੀਆਂ ਨੂੰ ਗਿਫ਼ਤਾਰ ਕੀਤਾ ਗਿਆ ਹੈ। ਇਸ ਤੋਂ ਇਲਾਵਾ ਪੁਲਿਸ ਨੇ 01 ਪਿਸਤੌਲ (30 ਬੋਰ), 01 ਦੇਸੀ ਪਿਸਤੌਲ, 14 ਜ਼ਿੰਦਾ ਕਾਰਤੂਸ, 09 ਮੋਟਰਸਾਈਕਲ ਅਤੇ 35 ਨਸ਼ੀਲੀਆਂ ਗੋਲੀਆਂ ਬਰਾਮਦ ਕੀਤੀਆਂ ਹਨ।

# ਕਿੱਕ ਬਾਕਸਿੰਗ ਕੱਪ 2026 'ਚ ਲੌਂਗੀਆ ਤੇ ਮੁਸਕਾਨ ਨੇ ਗੋਲਡ ਮੈਡਲ ਕੀਤਾ ਹਾਸਲ

**ਬੰਗਾ (ਅਵਤਾਰ ਕਲੇਰ)**- 5ਵਾਂ ਇੰਡੀਅਨ ਓਪਨ ਇੰਟਰਨੈਸ਼ਨਲ ਕਿੱਕ ਬਾਕਸਿੰਗ ਕੱਪ 2026 ਵਿੱਚ 4 ਫਰਵਰੀ ਤੋਂ 8 ਫਰਵਰੀ ਤੱਕ ਨਵੀਂ ਦਿੱਲੀ ਵਿਚ ਹੋਇਆ ਜਿਸ ਵਿੱਚ



ਵੱਖ ਵੱਖ ਦੇਸ਼ਾਂ ਤੋਂ ਖਿਡਾਰੀ ਖੇਡਣ ਆਏ ਹੋਏ ਸਨ ਜਿਨ੍ਹਾਂ ਨੇ ਖੇਡਾਂ ਵਿੱਚ ਭਾਗ ਲਿਆ ਉਨ੍ਹਾਂ ਦੇ ਵੱਟ ਵੱਖ ਵੱਖ ਸਨ । ਇਸ ਤਰ੍ਹਾਂ ਪੰਜਾਬ ਤੋਂ ਹਰਸਿਮਰਨ ਸਿੰਘ ਲੌਂਗੀਆ 81 ਕਿਲੋ ਭਾਰ ਅਤੇ ਮੁਸਕਾਨ 60 ਕਿਲੋ ਭਾਰ ਵਿੱਚ ਕਿੱਕ ਬਾਕਸਿੰਗ ਇੰਟਰਨੈਸ਼ਨਲ ਕੱਪ ਲਈ ਫਾਈਟ ਲੜੀ ਅਤੇ ਦੋਵੇਂ ਜਾਣੇ ਆਪਣੀ ਆਪਣੀ ਫਾਈਟ ਵਿੱਚ ਜਿੱਤ ਪ੍ਰਾਪਤ ਕਰਕੇ ਗੋਲਡ ਮੈਡਲ ਹਾਸਲ ਕੀਤੇ। ਇਸ ਸਮੇਂ ਇਨ੍ਹਾਂ ਦੇ ਕੋਚ ਮਨਜੀਤ ਸਿੰਘ ਲੌਂਗੀਆ ਨੂੰ ਵਧਾਈਆਂ ਦਿੱਤੀਆਂ । ਇਨ੍ਹਾਂ ਦੋਵੇਂ ਖਿਡਾਰੀਆਂ ਤੇ ਸਾਨੂੰ ਬਹੁਤ ਮਾਣ ਹੈ ਜਿਹਨਾਂ ਨੇ ਆਪਣੇ ਪੰਜਾਬ ਦਾ ਮਾਣ, ਜਿਨ੍ਹਾਂ ਨੇ ਇੰਡੀਆ ਦਾ ਮਾਣ, ਆਪਣੀ ਯੂਨੀਵਰਸਿਟੀ ਦਾ ਮਾਣ, ਜਿਨ੍ਹਾਂ ਨੇ ਆਪਣੇ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਦਾ ਮਾਣ ਵਧਾਉਣ ਵਿੱਚ ਕੋਈ ਕਸਰ ਨਹੀਂ ਛੱਡੀ। ਇਹ ਖਿਡਾਰੀ ਪਿੰਡ ਗੋਬਿੰਦਪੁਰ ਤੇ ਪਿੰਡ ਸੱਲ੍ਹ ਕਲਾਂ ਦੇ ਰਹਿਣ ਵਾਲੇ ਹਨ। ਇਹ ਜਾਣਕਾਰੀ ਡਾ. ਅੰਬੇਡਕਰ ਹਾਈ ਸਕੂਲ ਦੇ ਹੈਡ ਮਾਸਟਰ ਤੇ ਕੋਚ ਮਨਜੀਤ ਸਿੰਘ ਲੌਂਗੀਆਂ ਨੇ ਦਿੱਤੀ।

# ਫਿਲਮ 'ਲਾਲ ਸਲਾਮ' ਨੂੰ ਰਿਲੀਜ਼ ਕਰਨ ਦੀ ਇਜਾਜ਼ਤ ਦੇਣ ਦੀ ਮੰਗ

**ਜਲੰਧਰ (ਲਖਵਿੰਦਰ ਸਿੰਘ ਆਸੀ)**- ਪੰਜਾਬ ਪ੍ਰੈਸ ਕਲੱਬ ਜਲੰਧਰ ਵਿਖੇ ਪੰਜਾਬੀ ਫੀਚਰ ਫਿਲਮ ਲਾਲ ਸਲਾਮ ਦੀ ਰਿਲੀਜ਼ ਹੋਣ ਤੇ ਸੈਂਸਰ ਬੋਰਡ ਵੱਲੋਂ ਰੋਕ ਲਾਉਣ ਸਬੰਧੀ ਪ੍ਰੈਸ ਕਾਨਫਰੰਸ ਕੀਤੀ ਗਈ। ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਫਿਲਮ ਦੇ ਪ੍ਰੋਡਿਊਸਰ ਤੇ ਲੇਖਕ ਬਲਕਾਰ ਸਿੰਘ ਨੇ ਦੱਸਿਆ ਕਿ ਫਿਲਮ ਲਾਲ ਸਲਾਮ ਇਕ ਮਈ 2026 ਨੂੰ ਸਾਰੇ ਸੰਸਾਰ ਵਿੱਚ(ਮਈ ਡੇ ) ਮਜ਼ਦੂਰ ਦਿਵਸ ਤੇ ਰਿਲੀਜ਼ ਹੋਣੀ ਸੀ ।ਪਰ ਫਿਲਮ ਨੂੰ ਸੈਂਸਰ ਬੋਰਡ ਨੇ ਸਾਰਟੀਫਿਕੇਟ ਦੇਣ ਤੋਂ ਇਨਕਾਰ ਕਰ ਦਿੱਤਾ ਤੇ ਫਿਲਮ ਨੂੰ ਰਿਲੀਜ਼ ਹੋਣ ਤੇ ਰੋਕ ਲਗਾ ਦਿੱਤੀ ਹੈ।ਬਲਕਾਰ ਸਿੰਘ ਨੇ ਪੱਤਰਕਾਰਾਂ ਨੂੰ ਸਾਰੇ ਸਬੂਤ ਦਿਖਾਉਂਦਿਆਂ ਹੋਇਆ ਦੱਸਿਆ ਕਿ ਫਿਲਮ ਲਾਲ ਸਲਾਮ ਲਈ ਸੈਂਸਰ ਸਰਟੀਫਿਕੇਟ ਲੈਣ ਲਈ ਉਹ ਪਿਛਲੇ ਇੱਕ ਸਾਲ ਤੋਂ ਉਪਰ ਸੰਘਰਸ਼ ਕਰ ਰਹੇ ਹਨ। ਉਨ੍ਹਾਂ ਨੇ ਦੱਸਿਆ ਕਿ ਫਿਲਮ ਲਾਲ ਸਲਾਮ ਸਾਲ 2024 ਦੇ ਅਖੀਰ ਵਿੱਚ ਬਣ ਕੇ ਪੂਰੀ ਤਰ੍ਹਾਂ ਤਿਆਰ ਸੀ ਅਤੇ ਸਾਲ 2025 ਦੇ ਸ਼ੁਰੂਆਤ ਵਿੱਚ ਹੀ ਸੈਂਸਰ ਸਰਟੀਫਿਕੇਟ ਲੈਣ ਲਈ ਯਤਨ ਆਰੰਭ ਕਰ ਦਿੱਤੇ, ਪਹਿਲਾਂ ਫਿਲਮ ਸੈਂਸਰ ਬੋਰਡ ਸਰਟੀਫਿਕੇਟ ਦਿੱਲੀ ਨੂੰ ਜਮਾ ਕਰਾਈ ਗਈ, ਲੱਗਭਗ ਦੋ ਮਹੀਨਿਆਂ ਦੇ ਇੰਤਜ਼ਾਰ ਤੋਂ ਬਾਅਦ ਫਿਲਮ ਦੀ ਸਕ੍ਰੀਨਿੰਗ ਹੋਈ ਪਰ ਦਿੱਲੀ ਸੈਂਸਰ ਬੋਰਡ ਦੀ ਟੀਮ ਕੋਈ ਫੈਸਲਾ ਨਾ ਲੈ ਸਕੀ ਤੇ ਉਹਨਾਂ ਫਿਲਮ ਆਰ ਸੀ (ਰਿਵਾਈਜ਼ਿੰਗ ਕਮੇਟੀ) ਵਿੱਚ ਪਾ ਦਿੱਤੀ ਮਤਲਬ ਕਿ



ਫਿਲਮ ਨੂੰ ਦੁਬਾਰਾ ਤੋਂ ਸੈਂਸਰ ਬੋਰਡ ਫਿਲਮ ਸਰਟੀਫਿਕੇਟ ਮੁੰਬਈ ਵਿਖੇ ਦੇਖਣਗੇ ਤੇ ਫਿਲਮ ਨਿਰਮਾਤਾ ਨੂੰ ਦੁਬਾਰਾ ਸੈਂਸਰ ਫੀਸ ਭਰਨ ਲਈ ਆਰਡਰ ਲਾ ਦਿੱਤਾ।ਮੁੰਬਈ ਸੈਂਸਰ ਬੋਰਡ ਨੂੰ ਫਿਲਮ ਸਕ੍ਰੀਨਿੰਗ ਲਈ ਭੇਜੀ ਗਈ ਅਤੇ ਮਿਤੀ 13/6/25 ਨੂੰ ਦੁਬਾਰਾ ਫੀਸ ਭਰੀ ਗਈ ਪਰ ਮੁੰਬਈ ਸੈਂਸਰ ਬੋਰਡ ਨੇ ਫਿਲਮ ਨੂੰ ਸਕਰੀਨਿੰਗ ਦਾ ਟਾਈਮ ਨਾ ਦੇ ਕੇ ਕਈ ਮਹੀਨੇ ਲਟਕਾਈ ਰੱਖਿਆ, ਸੈਂਕੜੇ ਫੋਨ ਕਾਲ ਤੇ ਈ ਮੇਲ ਕਰਨ ਤੋਂ ਬਾਅਦ ਅਖੀਰ ਮਿਤੀ 3/12/25 ਨੂੰ ਫਿਲਮ ਦੀ ਸਕਰੀਨਿੰਗ ਹੋਈ ਅਤੇ ਫਿਲਮ ਦੇ ਰਿਜ਼ਲਟ ਨੂੰ ਫਿਰ ਰੋਕ ਲਿਆ ਲਗਭਗ ਦੋ ਮਹੀਨੇ ਦੀ ਖੱਜਲ ਖੁਆਰੀ ਬਾਅਦ ਮਿਤੀ 29/1/26 ਨੂੰ ਇਕ ਪੱਤਰ ਜਾਰੀ ਕਰਕੇ ਫਿਲਮ ਦੀ ਰਿਲੀਜ਼ਿੰਗ ਉੱਪਰ ਰੋਕ ਲਾ ਦਿੱਤੀ। ਹੁਣ ਫਿਲਮ ਲਾਲ ਸਲਾਮ ਦੇ ਲੀਗਲੀ ਸਲਾਹਕਾਰ ਐਡਵੋਕੇਟ ਕਪਿਲ ਬਤਰਾ ਸੈਂਸਰ ਬੋਰਡ ਆਫ ਫਿਲਮ ਸਰਟੀਫਿਕੇਟ ਮੁੰਬਈ ਨੂੰ ਲੀਗਲ ਨੋਟਿਸ ਭੇਜ ਦਿੱਤਾ ਹੈ ਅਤੇ ਸੈਂਸਰ ਬੋਰਡ ਨੂੰ ਫਿਲਮ ਉੱਪਰ ਦੁਬਾਰਾ ਵਿਚਾਰ ਕਰਨ ਲਈ ਕਿਹਾ ਹੈ, ਅਗਰ ਸੈਂਸਰ ਬੋਰਡ ਆਪਣਾ ਫੈਸਲਾ ਨਹੀਂ ਬਦਲਦਾ ਤਾਂ ਮਾਨਯੋਗ ਹਾਈਕੋਰਟ ਚੰਡੀਗੜ੍ਹ ਵਿਖੇ ਅਪੀਲ ਕੀਤੀ ਜਾਏਗੀ। ਇਸ ਮੌਕੇ ਤੇ ਸਹਿ ਨਿਰਮਾਤਾ ਦਲਵਿੰਦਰ ਸਿੰਘ ਕੰਗ, ਵਿਨੋਦ ਕੁਮਾਰ, ਨਿਰਦੇਸ਼ਕ ਟੀ,ਜੇ, ਟੀਮ ਜਸ਼ਨ, ਐਡਵੋਕੇਟ ਕਪਿਲ ਬਤਰਾ, ਫਿਲਮ ਦੇ ਕਲਾਕਾਰ ਸਾਹਿਬ ਸਿੰਘ,ਭੱਟੂ ਸ਼ਾਹ ਅਤੇ ਵਿਸ਼ੇਸ਼ ਤੌਰ ਤੇ ਪਹੁੰਚੇ ਬਾਈ ਅਮਰਦੀਪ ਗਿੱਲ, ਦਰਸ਼ਨ ਔਲਖ,ਟਾਈਗਰ ਹਰਮੀਤ ਸਿੰਘ,ਮਨੀ ਬੋਪਾਰਾਏ, ਨੇ ਪ੍ਰੈਸ ਨੂੰ ਸੰਬੋਧਨ ਕੀਤਾ। ਇਸ ਮੌਕੇ 'ਤੇ ਹਾਜ਼ਰ ਫਿਲਮ ਜਗਤ ਨਾਲ ਜੁੜੀਆਂ ਸ਼ਖ਼ਸੀਅਤਾਂ ਨੇ ਫਿਲਮ ਲਾਲ ਸਲਾਮ ਨੂੰ ਰਿਲੀਜ਼ ਕਰਨ ਦੀ ਇਜਾਜ਼ਤ ਦੇਣ ਦੀ ਮੰਗ ਕੀਤੀ ਹੈ।

## ਲਾਇਨ ਕਲੱਬ ਤੇ ਭਾਰਤ ਵਿਕਾਸ ਪ੍ਰੀਸ਼ਦ ਨੇ ਵੰਡੀਆਂ ਜਰਸੀਆਂ

**ਬਿਲਗਾ (ਵਿਜੇ ਕੁਮਾਰ)**- ਭਾਰਤ ਵਿਕਾਸ ਪ੍ਰੀਸ਼ਦ ਤੇ ਲਾਇਨ ਕਲੱਬ ਬਿਲਗਾ ਵੱਲੋਂ ਸਰਕਾਰੀ ਮਿਡਲ ਸਕੂਲ (ਲੜਕੀਆਂ) ਦੀਆਂ ਛੋਟੀਆਂ ਬੱਚੀਆਂ ਨੂੰ ਤਰਸੇਮ ਲਾਲ ਸ਼ਰਮਾ ਦੀ ਨਿੱਘੀ ਯਾਦ ਵਿਚ ਜਰਸੀਆਂ ਵੰਡੀਆ ਗਈਆਂ । ਪ੍ਰਧਾਨ ਜਸਕੀਰਤ ਸਿੰਘ ਅਤੇ ਭੁਪਿੰਦਰ ਕੈਂਥ ਨੇ ਦੱਸਿਆ ਕਿ ਬਿਲਗਾ ਦੀਆਂ ਸੰਸਥਾਵਾਂ ਸਮਾਜ ਭਲਾਈ ਲਈ ਇਸ ਤਰ੍ਹਾਂ ਦੇ ਕੰਮ ਕਰਦੀਆਂ ਰਹਿੰਦੀਆਂ ਹਨ । ਇਸ ਮੌਕੇ ਤੇ ਵਿਜੇ ਅਰੋੜਾ ਵਲੋਂ ਬੱਚਿਆਂ ਨੂੰ ਬਿਸਕੁਟ ਵੀ ਵੰਡੇ ਗਏ । ਪ੍ਰਿੰਸੀਪਲ ਰਵੀ ਸ਼ਰਮਾ ਨੇ ਆਏ ਹੋਏ ਸਾਰੇ ਮਹਿਮਾਨਾਂ ਦਾ ਧੰਨਵਾਦ ਕੀਤਾ ਅਤੇ ਕਿਹਾ ਜਲਦੀ ਹੀ ਇਨ੍ਹਾਂ ਸੰਸਥਾਵਾਂ ਵੱਲੋਂ ਫੁੱਲਾਂ ਅਤੇ ਫਲਾਂ ਵਾਲੇ ਪੌਦੇ ਵੰਡੇ ਜਾਣਗੇ । ਇਸ ਮੌਕੇ ਤੇ ਤੀਰਥ ਰਾਮ ਮਿੱਠੜਾ, ਪ੍ਰਿੰਸੀਪਲ ਸੰਜੀਵ ਗੁਜਰਾਲ, ਬਲਜੀਤ ਔਜਲਾ, ਬਲਬੀਰ ਸਿੰਘ, ਬਲਵਿੰਦਰ ਸਿੰਘ, ਵਿਜੇ ਬਾਵਾ, ਪੁਸ਼ਕਰ ਅਰੋੜਾ, ਮਨਜਿੰਦਰ ਸਿੰਘ ਜੌਹਲ, ਵਿਜੇ ਅਰੋੜਾ, ਨਿਰਮਲ ਕੌਰ ਅਤੇ ਮੀਨਾ ਕੁਮਾਰੀ ਅਤੇ ਹੋਰ ਵਿਸ਼ੇਸ਼ ਮਹਿਮਾਨਾਂ ਨੇ ਸ਼ਿਰਕਤ ਕੀਤੀ ।

# ਸਰਕਾਰੀ ਮਿਡਲ ਸਮਾਰਟ ਸਕੂਲ ਸਿਆਣਾ 'ਚ ਮਾਪੇ-ਅਧਿਆਪਕ ਮਿਲਣੀ ਹੋਈ

**ਬਲਾਚੌਰ (ਜਸਵਿੰਦਰ ਬੈਂਸ)**- ਸਿੱਖਿਆ ਵਿਭਾਗ ਦੀਆਂ ਹਦਾਇਤਾਂ ਅਨੁਸਾਰ ਮਾਪੇ-ਅਧਿਆਪਕ ਮਿਲਣੀ ਅਤੇ ਮਾਪਿਆਂ ਦੀ ਭਾਗੀਦਾਰੀ ਟ੍ਰੇਨਿੰਗ ਕੀਤੀ ਗਈ। ਜਿਸ ਵਿੱਚ ਸਕੂਲ ਐਸ ਐਮ ਸੀ ਚੇਅਰਪਰਸਨ




ਚਰਨਜੀਤ ਕੌਰ ਤੇ ਸਮੂਹ ਐਸ ਐਮ ਸੀ ਮੈਂਬਰ, ਵਿਦਿਆਰਥੀਆਂ ਦੇ ਸਮੂਹ ਮਾਪੇ , ਸਕੂਲ ਦੇ ਪਹਿਲੇ ਪੜ੍ਹ ਚੁੱਕੇ ਵਿਦਿਆਰਥੀ ਅਤੇ ਪਿੰਡ ਦੇ ਪਤਵੰਤੇ ਜਿਹਨਾਂ ਵਿੱਚ ਰਾਧੇ ਸ਼ਾਮ ਨਗਰ ਕੌਂਸਲਰ ਆਦਿ ਸ਼ਾਮਲ ਹੋਏ। ਨਗਰ ਕੌਂਸਲਰ ਰਾਧੇ ਸ਼ਾਮ ਜੀ ਅਤੇ ਸਕੂਲ ਐਸ ਐਮ ਸੀ ਚੇਅਰਪਰਸਨ ਚਰਨਜੀਤ ਕੌਰ ਨੂੰ ਫੁੱਲਾਂ ਦਾ ਗੁਲਦਸਤਾ ਦੇ ਕੇ ਸਵਾਗਤ ਕੀਤਾ ਗਿਆ। ਮਨੋਜ ਕੁਮਾਰ ਸਕੂਲ ਇੰਚਾਰਜ ਨੇ ਸਰਕਾਰ ਦੁਆਰਾ ਸਿੱਖਿਆ ਦੇ ਖੇਤਰ ਵਿੱਚ ਕੀਤੇ ਬੇਮਿਸਾਲ ਕੰਮਾਂ ਬਾਰੇ ਦੱਸਿਆ। ਸਕੂਲ ਵਿੱਚ ਲਗਾਏ ਜਾਂਦੇ ਵਿੱਦਿਅਕ ਮੇਲਿਆਂ, ਮਿਸ਼ਨ ਸਮਰੱਥ, ਐਸ ਐਮ ਸੀ ਪ੍ਰੋਗਰਾਮ, ਬੱਚਿਆਂ ਦੀ ਹਾਜ਼ਰੀ, ਬੱਚਿਆਂ ਨੂੰ ਵੱਧ ਤੋਂ ਮਿਹਨਤ ਕਰਨ ਲਈ ਅਤੇ 2026-27 ਵਿੱਚ ਵੱਧ ਤੋਂ ਵੱਧ ਦਾਖਲੇ ਲਈ ਵੀ ਪ੍ਰੇਰਿਤ ਕੀਤਾ ਗਿਆ। ਰਣਵੀਰ ਸਿੰਘ ਅਤੇ ਸੰਜੀਵ ਕੁਮਾਰ ਸਕੂਲ ਅਧਿਆਪਕ ਨੇ ਦੱਸਿਆ ਕਿ ਬੱਚਿਆਂ ਦੇ ਉੱਜਵਲ ਭਵਿੱਖ ਲਈ ਮਾਪਿਆਂ ਨੂੰ ਸਕਾਰਾਤਮਕ ਭੂਮਿਕਾ ਨਿਭਾਉਣੀ ਪਵੇਗੀ ਕਿਉਂਕਿ ਜ਼ਿਆਦਾ ਸਮਾਂ ਬੱਚਾ ਆਪਣੇ ਮਾਪਿਆਂ ਕੋਲ ਹੀ ਰਹਿੰਦਾ ਹੈ। ਅੰਤ ਵਿੱਚ ਮਾਪਿਆਂ ਤੋਂ ਫੀਡਬੈਕ ਵੀ ਲਈ ਗਈ। ਸਕੂਲ ਵਿੱਚ ਲਾਇਬ੍ਰੇਰੀ ਕਿਤਾਬਾਂ ਦਾ ਸਟਾਲ ਅਤੇ ਸਾਇੰਸ ਅਤੇ ਸਮਾਜਿਕ ਵਿਗਿਆਨ ਦੇ ਚਾਰਟ ਤੇ ਮਾਡਲਾਂ ਦੀ ਪ੍ਰਦਰਸ਼ਨੀ ਵੀ ਲਗਾਈ ਗਈ। ਮੀਟਿੰਗ ਵਿੱਚ ਇੰਦਰਜੀਤ ਕੌਰ, ਧਰਮਿੰਦਰ ਕੁਮਾਰ, ਬਾਲ ਕ੍ਰਿਸ਼ਨ, ਜਗੀਰ ਕੌਰ, ਪਿੰਕੀ ਦੇਵੀ, ਮਮਤਾ ਆਦਿ ਮਾਪਿਆਂ ਤੋਂ ਇਲਾਵਾ ਸਕੂਲ ਦੇ ਦੋਨੋ ਮਿਡ ਡੇਅ ਮੀਲ ਵਰਕਰ ਵੀ ਹਾਜ਼ਰ ਸਨ।

# ਗੁਰੂ ਰਾਮਦਾਸ ਲੰਗਰ ਸੇਵਾ ਦੀਆਂ ਗੱਡੀਆਂ ਦਾ ਸਰਕਾਰੀ ਟੈਕਸ ਮਾਫ ਕਰਨ ਲਈ ਦਿੱਤਾ ਮੰਗ ਪੱਤਰ

**ਹੁਸ਼ਿਆਰਪੁਰ, ਮੇਹਟਿਆਣਾ (ਬਲਬੀਰ ਸਿੰਘ ਸੈਣੀ, ਜਗਤਾਰ ਸਿੰਘ)**- ਧੰਨ ਗੁਰੂ ਰਾਮਦਾਸ ਲੰਗਰ ਸੇਵਾ, ਸਥਾਨ ਪੁਰਹੀਰਾਂ ਚੰਡੀਗੜ੍ਹ ਬਾਈਪਾਸ ਰੋਡ ਹੁਸ਼ਿਆਰਪੁਰ ਦੇ ਮੁੱਖ ਸੇਵਾਦਾਰ ਸ੍ਰੀ ਗੁਰਲਿਆਕਤ ਸਿੰਘ ਬਰਾੜ ਵਲੋਂ ਕੁਲਵੰਤ ਸਿੰਘ ਸੈਣੀ ਜੱਲੋਵਾਲ, ਬਲਵੀਰ ਸਿੰਘ ਸ਼ੇਰਗੜ੍ਹ ਦੇ ਨਾਲ ਮਿਲ ਕੇ ਡਿਪਟੀ ਕਮਿਸ਼ਨਰ ਹੁਸ਼ਿਆਰਪੁਰ ਨੂੰ ਇੱਕ ਪੱਤਰ ਦਿੰਦੇ ਹੋਏ ਬੇਨਤੀ ਕੀਤੀ ਹੈ ਕਿ ਉਪਰੋਕਤ ਸਥਾਨ ਵਲੋਂ ਸਾਰੇ ਪੰਜਾਬ ਵਿਚ ਜਿੰਨੇ ਵੀ ਸਰਕਾਰੀ ਹਸਪਤਾਲਾ ਵਿਚ ਲੰਗਰ ਦੀ



ਸੇਵਾ ਫ੍ਰੀ ਕੀਤੀ ਜਾਂਦੀ ਹੈ ਜਿਸ ਦੇ ਵਿਚ ਤਕਰੀਬਨ 29 ਬਲੈਰੋ ਮਹਿੰਦਰਾ ਗੱਡੀਆਂ ਅਤੇ 1 ਟਰੱਕ ਨਿਰੰਤਰ ਸੇਵਾ ਵਿਚ ਚਲਾਏ ਜਾ ਰਹੇ ਹਨ ਜੋ ਕਿ ਬਿਲਕੁਲ ਲੋਕਾਂ ਦੀ ਸੇਵਾ ਲਈ ਹੈ। ਇਸ ਵਿਚ ਕੋਈ ਵੀ ਆਮਦਨ ਦਾ ਸਾਧਨ ਨਹੀਂ ਹੈ। ਇਹ ਉਪਰੋਕਤ ਗੱਡੀਆਂ ਸਿਰਫ ਲੰਗਰ ਸੇਵਾ ਲਈ ਹੀ ਵਰਤੀਆਂ ਜਾਂਦੀਆ ਹਨ। ਸਾਡੇ ਵੱਲੋਂ ਬੇਨਤੀ ਹੈ ਕਿ ਉਨ੍ਹਾਂ ਦੇ ਸਾਰੇ ਟੈਕਸ ਜੋ ਸਰਕਾਰ ਦੁਆਰਾ ਲਏ ਜਾਂਦੇ ਹਨ ਉਹ ਮੁਆਫ ਕੀਤੇ ਜਾਣ ਤਾਂ ਜੋ ਉਨ੍ਹਾਂ ਪੈਸਿਆਂ ਦੀ ਸੇਵਾ ਹੋਰ ਵੱਧ ਹੋ ਸਕੇ। ਇਹ ਪੱਤਰ ਡਿਪਟੀ ਕਮਿਸ਼ਨਰ ਹੁਸ਼ਿਆਰਪੁਰ ਮੌਕੇ ਤੇ ਨਾ ਹੋਣ ਕਰਕੇ ਵਧੀਕ ਡਿਪਟੀ ਕਮਿਸ਼ਨਰ (ਜਨਰਲ) ਅਮਰਬੀਰ ਕੌਰ ਭੁੱਲਰ ਨੂੰ ਯੋਗ ਕਾਰਵਾਈ ਹਿੱਤ ਦਿੱਤਾ ਗਿਆ ਅਤੇ ਇਹ ਵੀ ਫੈਸਲਾ ਲਿਆ ਗਿਆ ਕਿ ਇਹ ਪੱਤਰ ਹੁਸ਼ਿਆਰਪੁਰ ਦੇ ਸਾਰੇ ਐੱਮ ਐੱਲ ਏਜ਼ ਨੂੰ ਦਿੱਤਾ ਜਾਵੇਗਾ ਤੇ ਇਸ ਪੱਤਰ ਰਾਹੀਂ ਪੁਰਜ਼ੋਰ ਅਪੀਲ ਕੀਤੀ ਜਾਂਦੀ ਹੈ ਕਿ ਸੇਵਾ ਨੂੰ ਦੇਖਦੇ ਹੋਏ ਉਨ੍ਹਾਂ ਦਾ ਸਾਰਾ ਸਰਕਾਰੀ ਟੈਕਸ ਮੁਆਫ ਕੀਤਾ ਜਾਵੇ।

## ਸੂਰਜਕੁੰਡ ਝੂਲਾ ਹਾਦਸੇ ਨੂੰ ਲੈ ਕੇ ਸਰਕਾਰ ਬੇਹੱਦ ਗੰਭੀਰ : ਮੁੱਖ ਮੰਤਰੀ

**ਚੰਡੀਗੜ੍ਹ, (ਕ੍ਰਿਸ਼ਨ ਗਰਗ)**- ਹਰਿਆਣਾ ਦੇ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਹਰਿਆਣਾ ਸਰਕਾਰ ਝੂਲਾ ਸੇਫਟੀ ਪੋਲਿਸੀ ਬਨਾਉਣਗੇ। ਇਹ ਦੇਸ਼ ਵਿੱਚ ਆਪਣੀ ਤਰ੍ਹਾ ਦੀ ਪਹਿਲੀ ਨੀਤੀ ਹੋਵੇਗੀ, ਜਿਸ ਦਾ ਉਦੇਸ਼ ਝੂਲਾ ਅਤੇ ਮਨੋਰੰਜਨ ਸਾਧਨਾਂ ਨੂੰ ਪੂਰੀ ਤਰ੍ਹਾ ਸੁਰੱਖਿਅਤ ਬਨਾਉਣਾ ਹੈ। ਇਸ ਪੋਲਿਸੀ ਨਾਲ ਨਾ ਸਿਰਫ ਲੋਕਾਂ ਦੀ ਸੁਰੱਖਿਆ ਯਕੀਨੀ ਹੋਵੇਗੀ।ਮੁੱਖ ਮੰਤਰੀ ਮੰਗਲਵਾਰ ਨੂੰ ਹਰਿਆਣਾ ਨਿਵਾਸ 'ਤੇ ਪੱਤਰਕਾਰਾਂ ਨਾਲ ਰੁਬਰੂ ਹੋ ਰਹੇ ਸਨ। ਉਨ੍ਹਾਂ ਨੇ ਸੂਰਜਕੁੰਡ ਵਿੱਚ ਹੋਏ ਹਾਦਸੇ ਨੂੰ ਮੰਦਭਾਗੀ ਦੱਸਦੇ ਹੋਏ ਕਿਹਾ ਕਿ ਇਸ ਹਾਦਸੇ ਨੂੰ ਸਰਕਾਰ ਬੇਹੱਦ ਗੰਭੀਰਤਾ ਨਾਲ ਲੈ ਰਹੀ ਹੈ।

## ਕਿਸਾਨ ਕਮੇਟੀ ਦੋਆਬਾ ਨੇ ਮੋਦੀ ਤੇ ਟਰੰਪ ਦੇ ਫੂਕੇ ਪੁਤਲੇ

**ਮੇਹਟੀਆਣਾ/ਹੁਸ਼ਿਆਰਪੁਰ (ਜਗਤਾਰ ਸਿੰਘ ਭੁੰਗਰਨੀ, ਬੀ ਐੱਸ ਸੈਣੀ)**- ਹਰਬੰਸ ਸਿੰਘ ਸੰਘਾ ਦੀ ਅਗਵਾਈ ਵਿੱਚ ਕਿਸਾਨ ਕਮੇਟੀ ਦੋਆਬਾ ਵੱਲੋਂ ਪਿੰਡ ਕਾਹਰੀ ਵਿੱਚ ਪ੍ਰਧਾਨ ਮੰਤਰੀ ਮੋਦੀ ਤੇ ਟਰੰਪ ਦੇ ਪੁਤਲੇ ਫੂਕੇ ਗਏ। ਇਹ ਸੱਦਾ ਐਸ ਕੇ ਐਮ ਵਲੇ ਸਾਰੇ ਦੇਸ਼ ਵਿੱਚ ਕਿਸਾਨਾਂ ਨੂੰ ਮੋਦੀ ਤੇ ਟਰੰਪ ਦੇ ਪੁਤਲੇ ਫੂਕੇ ਜਾਣ ਦਾ ਸੱਦਾ ਦਿੱਤਾ ਗਿਆ ਸੀ। ਉਸੇ ਦੀ ਲੜੀ ਵਜੋਂ



ਹੁਸ਼ਿਆਰਪੁਰ ਦੇ ਪਿੰਡ ਕਾਹਰੀ ਦੋਨਾਂ ਲੋਕ ਵਿਰੋਧੀ ਆਗੂਆਂ ਦੇ ਪੁਤਲੇ ਫੂਕੇ ਗਏ ।ਕਿਸਾਨਾਂ ਦੇ ਇਕੱਠ ਨੂੰ ਸੰਬੋਧਨ ਕਰਦਿਆਂ ਕਿਸਾਨ ਆਗੂ ਹਰਬੰਸ ਸਿੰਘ ਸੰਘਾ ਨੇ ਕਿਹਾ ਕਿ ਕੇਂਦਰ ਸਰਕਾਰ ਨੇ ਕਿਸਾਨਾਂ ਨਾਲ ਕੀਤੇ ਵਾਅਦਿਆਂ ਤੋਂ ਭੱਜ ਚੁੱਕੀ ਹੈ। ਕੇਂਦਰੀ ਮੰਤਰੀ ਝੂਠ ਬੋਲ ਰਹੇ ਹਨ ਕਿ ਕਿਸਾਨ ਦੇ ਹਿਤ ਸੁਰਖਿਅਤ ਹਨ,ਅਨਾਜ ਦੀ ਜਗ੍ਹਾ ਉਨ੍ਹਾਂ ਦੇ ਬਣੇ ਪਰੋਡਕਟ ਅਮਰੀਕਾ ਤੋਂ ਲਿਆਂਦੇ ਜਾਣਗੇ।ਇਸੇ ਤਰ੍ਹਾਂ ਦੁੱਧ ਤੋਂ ਬਣੀਆਂ ਚੀਜ਼ਾਂ ਸਾਡੇ ਦੇਸ਼ ਵਿੱਚ ਆਉਣਗੀਆਂ। ਜਿਸ ਨਾਲ ਕਿਸਾਨਾਂ ਦੇ ਡੇਅਰੀ ਦਾ ਧੰਦਾ ਵੀ ਚੌਪਟ ਹੋ ਜਾਵੇਗਾ।ਹਰਬੰਸ ਸਿੰਘ ਸੰਘਾ ਨੇ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਅੱਦ ਹੁਸ਼ਿਆਰਪੁਰ ਬੱਸ ਅੱਡਾ ਅੱਗੇ ਵਿਖੇ ਕੀਤੀ ਜਾ ਰਹੀ ਰੈਲੀ ਵਿੱਚ ਸ਼ਾਮਲ ਹੋਣ।

# ਡਰੱਗ ਹਾਟਸਪੌਟਸ 'ਚ ਨਸ਼ਿਆਂ ਖਿਲਾਫ਼ ਕਾਰਵਾਈ ਕਰਨ ਦੇ ਨਿਰਦੇਸ਼

**ਜਲੰਧਰ (ਸੁਰਿੰਦਰ ਕੁਮਾਰ)**- ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਉਪ ਮੰਡਲ ਮੈਜਿਸਟ੍ਰੇਟਸ ਨੂੰ ਆਪੋ-ਆਪਣੇ ਅਧਿਕਾਰ ਖੇਤਰ ਵਿੱਚ ਪੈਂਦੇ ਡਰੱਗ ਹਾਟਸਪੌਟਸ ਵਿੱਚ ਨਸ਼ਿਆਂ ਖਿਲਾਫ਼ ਵਿਆਪਕ ਤੇ



ਪ੍ਰਭਾਵਸ਼ਾਲੀ ਕਾਰਵਾਈ ਅਮਲ ਵਿੱਚ ਲਿਆਉਣ ਦੇ ਨਿਰਦੇਸ਼ ਦਿੱਤੇ ਤਾਂ ਜੋ ਉਥੋਂ ਨਸ਼ਿਆਂ ਨੂੰ ਪੂਰੀ ਤਰ੍ਹਾਂ ਖਤਮ ਕੀਤਾ ਜਾ ਸਕੇ। ਇਥੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਨਾਰਕੋ ਕੋਆਰਡੀਨੇਸ਼ਨ ਸੈਂਟਰ (ਐਨਕੋਰਡ) ਮਕੈਨਿਜ਼ਮ ਦੀ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਡਿਪਟੀ ਕਮਿਸ਼ਨਰ ਨੇ ਕਿਹਾ ਕਿ ਅਜਿਹੀਆਂ ਥਾਂਵਾ 'ਤੇ ਨਸ਼ਿਆਂ ਖਿਲਾਫ਼ ਕਾਨੂੰਨੀ ਕਾਰਵਾਈ ਦੇ ਨਾਲ-ਨਾਲ ਲੋਕਾਂ ਖਾਸ ਕਰਕੇ ਨੌਜਵਾਨਾਂ ਨੂੰ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਬਾਰੇ ਜਾਗਰੂਕ ਕੀਤਾ ਜਾਵੇ। ਡਾ. ਅਗਰਵਾਲ ਨੇ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰੱਖਣ ਲਈ ਖੇਡਾਂ, ਸੱਭਿਆਚਾਰਕ ਗਤੀਵਿਧੀਆਂ ਅਤੇ ਹੋਰ ਉਸਾਰੂ ਸਰਗਰਮੀਆਂ ਨੂੰ ਉਤਸ਼ਾਹਿਤ ਕਰਨ 'ਤੇ ਵੀ ਜ਼ੋਰ ਦਿੱਤਾ। ਉਨ੍ਹਾਂ ਕਿਹਾ ਕਿ ਨਸ਼ਾ ਸਿਰਫ਼ ਕਾਨੂੰਨ ਵਿਵਸਥਾ ਦੀ ਸਮੱਸਿਆ ਨਹੀਂ ਹੈ, ਸਗੋਂ ਸਮਾਜਿਕ ਬੁਰਾਈ ਵੀ ਹੈ, ਜਿਸ ਨਾਲ ਨਜਿੱਠਨ ਲਈ ਸਾਂਝੇ ਅਤੇ ਬਹੁ-ਪੱਖੀ ਉਪਰਾਲਿਆਂ ਦੀ ਲੋੜ ਹੈ। ਇਸ ਦੌਰਾਨ ਡਿਪਟੀ ਕਮਿਸ਼ਨਰ ਨੇ ਵੱਖ-ਵੱਖ ਵਿਭਾਗਾਂ ਵੱਲੋਂ ਨਸ਼ਿਆਂ ਖਿਲਾਫ਼ ਕੀਤੀ ਜਾ ਰਹੀ ਕਾਰਵਾਈ ਦਾ ਜਾਇਜ਼ਾ ਵੀ ਲਿਆ। ਸਕੂਲਾਂ ਵਿੱਚ ਨਸ਼ਿਆਂ ਖਿਲਾਫ਼ ਕਰਵਾਈਆਂ ਜਾ ਰਹੀਆਂ ਜਾਗਰੂਕਤਾ ਗਤੀਵਿਧੀਆਂ ਦੀ ਸਮੀਖਿਆ ਕਰਦਿਆਂ ਉਨ੍ਹਾਂ ਕਿਹਾ ਕਿ ਇਹ ਗਤੀਵਿਧੀਆ ਲਗਾਤਾਰ ਚੱਲਦੀਆਂ ਰਹਿਣੀਆਂ ਚਾਹੀਦੀਆਂ ਹਨ ਤਾਂ ਜੋ ਵਿਦਿਆਰਥੀਆਂ ਨੂੰ ਇਸ ਅਲਾਮਤ ਤੋਂ ਦੂਰ ਰੱਖਿਆ ਜਾ ਸਕੇ।

# ਸੂਬੇ 'ਚ ਖੇਡ ਸਹੂਲਤਾਂ ਨੂੰ ਮਿਲ ਰਿਹੈ ਹੁਲਾਰਾ : ਜਿੰਪਾ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਵਿਧਾਇਕ ਬ੍ਰਮ ਸ਼ੰਕਰ ਜਿੰਪਾ ਨੇ ਪਿੰਡ ਬਸੀ ਜਮਾਲ ਖਾਂ ਵਿਚ 21 ਲੱਖ ਰੁਪਏ ਦੀ ਲਾਗਤ ਨਾਲ ਬਣਨ ਵਾਲੇ ਆਧੁਨਿਕ ਖੇਡ ਪਾਰਕ ਦੇ ਨਿਰਮਾਣ ਕਾਰਜ ਦੀ ਸ਼ੁਰੂਆਤ



ਕਰਵਾਈ। ਇਸ ਮੌਕੇ ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਪਿੰਡਾਂ ਵਿੱਚ ਖੇਡ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਲਈ ਵਚਨਬੱਧ ਹੈ, ਤਾਂ ਜੋ ਨੌਜਵਾਨਾਂ ਨੂੰ ਬਿਹਤਰ ਸਹੂਲਤਾਂ ਮਿਲ ਸਕਣ ਅਤੇ ਉਨ੍ਹਾਂ ਨੂੰ ਸਕਾਰਾਤਮਕ ਦਿਸ਼ਾ ਵਿੱਚ ਅੱਗੇ ਵਧਣ ਦਾ ਮੌਕਾ ਮਿਲ ਸਕੇ। ਵਿਧਾਇਕ ਜਿੰਪਾ ਨੇ ਕਿਹਾ ਕਿ ਪ੍ਰਸਤਾਵਿਤ ਖੇਡ ਪਾਰਕ ਵਿੱਚ ਫੁੱਟਬਾਲ ਅਤੇ ਵਾਲੀਬਾਲ ਲਈ ਆਧੁਨਿਕ ਮੈਦਾਨ, ਬੱਚਿਆਂ ਲਈ ਸੁਰੱਖਿਅਤ ਅਤੇ ਆਕਰਸ਼ਕ ਖੇਡ ਮੈਦਾਨ, ਸਾਫ਼ ਪਖਾਨੇ ਅਤੇ ਹੋਰ ਜ਼ਰੂਰੀ ਸਹੂਲਤਾਂ ਵਿਕਸਤ ਕੀਤੀਆਂ ਜਾਣਗੀਆਂ। ਇਸ ਨਾਲ ਪਿੰਡ ਦੇ ਬੱਚਿਆਂ ਅਤੇ ਨੌਜਵਾਨਾਂ ਨੂੰ ਖੇਡ ਅਭਿਆਸ ਲਈ ਢੁਕਵੀਂ ਜਗ੍ਹਾ ਪ੍ਰਦਾਨ ਹੋਵੇਗੀ ਅਤੇ ਉਨ੍ਹਾਂ ਦੇ ਹੁਨਰ ਨੂੰ ਨਿਖਾਰਨ ਵਿੱਚ ਮਦਦ ਮਿਲੇਗੀ।ਉਨ੍ਹਾਂ ਕਿਹਾ ਕਿ ਖੇਡਾਂ ਨੂੰ ਉਤਸ਼ਾਹਿਤ ਕਰਨ ਨਾਲ ਨਾ ਸਿਰਫ਼ ਨੌਜਵਾਨਾਂ ਦੇ ਸਰੀਰਕ ਅਤੇ ਮਾਨਸਿਕ ਵਿਕਾਸ ਵਿੱਚ ਮਦਦ ਮਿਲਦੀ ਹੈ ਸਗੋਂ ਉਨ੍ਹਾਂ ਨੂੰ ਨਸ਼ੇ ਵਰਗੀਆਂ ਸਮਾਜਿਕ ਬੁਰਾਈਆਂ ਤੋਂ ਦੂਰ ਰੱਖਣ ਵਿੱਚ ਵੀ ਮਦਦ ਮਿਲਦੀ ਹੈ। ਉਨ੍ਹਾਂ ਭਰੋਸਾ ਦਿੱਤਾ ਕਿ ਵਿਕਾਸ ਕਾਰਜਾਂ ਦੀ ਗੁਣਵੱਤਾ ਅਤੇ ਸਮੇਂ ਸਿਰ ਮੁਕੰਮਲਤਾ ਨੂੰ ਯਕੀਨੀ ਬਣਾਇਆ ਜਾਵੇਗਾ ਤਾਂ ਜੋ ਪਿੰਡ ਵਾਸੀ ਇਨ੍ਹਾਂ ਸਹੂਲਤਾਂ ਦਾ ਲਾਭ ਜਲਦੀ ਪ੍ਰਾਪਤ ਕਰ ਸਕਣ। ਇਸ ਮੌਕੇ ਸਰਪੰਚ ਜਤਿੰਦਰ ਪਾਲ ਸਿੰਘ, ਸੁਖਵਿੰਦਰ ਸਿੰਘ, ਜਗਤਾਰ ਸਿੰਘ, ਨੰਬਰਦਾਰ ਤਲਵਿੰਦਰ ਸਿੰਘ ਬਿੰਦੀ, ਨਿਰਮਲ ਸਿੰਘ ਅਤੇ ਹੀਰਾ ਸਿੰਘ ਸਮੇਤ ਹੋਰ ਪਤਵੰਤੇ ਵਿਅਕਤੀ ਮੌਜੂਦ ਸਨ। ਸਾਰਿਆਂ ਨੇ ਇਸ ਪਹਿਲਕਦਮੀ ਦਾ ਸਵਾਗਤ ਕੀਤਾ ਅਤੇ ਵਿਧਾਇਕ ਦਾ ਧੰਨਵਾਦ ਕੀਤਾ।

# ਸਕੂਲ 'ਚੋਂ ਕਣਕ ਤੇ ਗੈਸ ਸਿਲੰਡਰ ਚੋਰੀ




**ਅੱਡਾ ਸਰਾਂ (ਜਸਵੀਰ ਕਾਜਲ)**- ਅੱਡਾ ਸਰਾਂ ਨਜਦੀਕ ਪਿੰਡ ਕੰਧਾਲਾ ਜੱਟਾਂ ਵਿਖੇ ਸਰਕਾਰੀ ਐਲੀਮੈਂਟਰੀ ਸਮਾਰਟ ਸਕੂਲ ਵਿੱਚ ਚੋਰੀ ਹੋਣ ਦਾ ਸਮਾਚਾਰ ਪ੍ਰਾਪਤ ਹੋਇਆ। ਇਸ ਸੰਬੰਧੀ ਸਕੂਲ ਦੀ ਮੁੱਖ ਅਧਿਆਪਕ ਲੱਜਿਆ ਰਾਣੀ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਜਦੋਂ ਅਸੀਂ ਸਕੂਲ ਰੋਜ਼ਾਨਾ ਦੀ ਤਰ੍ਹਾਂ ਆਏ ਤਾਂ ਸਕੂਲ ਵਿੱਚ ਚੋਰੀ ਹੋਈ ਸੀ ਤੇ ਚੋਰਾਂ ਵਲੋਂ ਸਕੂਲ ਦੇ ਕਮਰਿਆਂ ਦੇ ਤਾਲਿਆ ਨੂੰ ਤੋੜਿਆ ਹੋਇਆ ਸੀ ਤੇ ਸਕੂਲ ਦੀ ਰਸੋਈ ਦੇ ਤਾਲੇ ਤੋੜ ਕੇ ਚੋਰਾਂ ਨੇ 2 ਕੁਇੰਟਲ ਕਣਕ ਤੇ ਇਕ ਭਰਿਆ ਗੈਸ ਸਲੰਡਰ ਚੋਰੀ ਕਰ ਕੇ ਲੈ ਗਏ ਤੇ ਸਕੂਲ ਵਿੱਚ ਲੱਗੇ ਕੈਮਰਿਆਂ ਨੂੰ ਤੋੜਿਆ ਹੋਇਆ ਸੀ। ਇਸ ਚੋਰੀ ਸੰਬੰਧੀ ਪੁਲਸ ਨੂੰ ਵੀ ਸੂਚਿਤ ਕੀਤਾ ਗਿਆ ਹੈ । ਜਾਣਕਾਰੀ ਦੇਣ ਮੌਕੇ ਮੈਡਮ ਸਤਵਿੰਦਰ ਕੌਰ, ਮੈਡਮ ਕੁਲਦੀਪ ਕੌਰ, ਕਮਲਜੀਤ ਕੌਰ ਤੋਂ ਇਲਾਵਾ ਰਾਜਵੀਰ ਕੌਰ, ਰਾਣੋ, ਬਲਵੀਰ ਕੌਰ, ਮਨਜੀਤ ਕੌਰ ਆਦਿ ਹਾਜ਼ਰ ਸਨ।

## ਹਵੇਲੀ 'ਚ ਅੱਗ ਲੱਗਣ ਨਾਲ ਮੱਝ, ਗਾਂ ਤੇ ਵੱਛੇ ਦੀ ਮੌਤ

**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**- ਨਜ਼ਦੀਕੀ ਪਿੰਡ ਭਗਤੂਪੁਰ 'ਚ ਦੇਰ ਰਾਤ ਇਕ ਗਰੀਬ ਪਰਵਾਰ ਦੀ ਹਵੇਲੀ ਵਿਚ ਬਿਜਲੀ ਦੀਆ ਤਾਰਾ ਸ਼ਾਰਟ ਹੋਣ ਨਾਲ ਅੱਗ ਲੱਗਣ ਨਾਲ ਇਕ ਗਾਂ ਉਸ ਦਾ ਛੋਟਾਂ ਵੱਛਾ, ਇਕ ਮੱਝ ਦੀ ਮੌਤ ਹੋਣ ਜਾਣ ਦੀ ਖ਼ਬਰ ਪ੍ਰਾਪਤ ਹੋਈ ਹੈ ।ਪ੍ਰਾਪਤ ਜਾਣਕਾਰੀ ਅਨੁਸਾਰ ਹਰਨੇਕ ਸਿੰਘ ਪੁੱਤਰ ਜੋਗਿੰਦਰ ਸਿੰਘ ਨਿਵਾਸੀ ਭਗਤੂਪੁਰ ਉਨ੍ਹਾਂ ਦੇ ਸਾਥੀ ਕਸ਼ਮੀਰ ਸਿੰਘ, ਅੰਮ੍ਰਿਤਪਾਲ ਸਿੰਘ, ਜੋਗਿੰਦਰ ਸਿੰਘ, ਮੇਜਰ ਸਿੰਘ, ਅਮਨਦੀਪ ਕੁਮਾਰ, ਸੋਹਣ ਲਾਲ, ਰੇਸ਼ਮ ਲਾਲ, ਵਰਿੰਦਰ ਕੁਮਾਰ, ਕੁਲਵਰਨ ਸਿੰਘ ਆਦਿ ਨੇ ਦੱਸਿਆ ਕਿ ਸ਼ਾਮ 8 ਕੁ ਵਜੇ ਦੇ ਕਰੀਬ ਉਹ ਆਪਣੇ ਪਸ਼ੂ ਹਵੇਲੀ ਦੇ ਅੰਦਰ ਕਮਰੇ ਵਿਚ ਬੰਨ੍ਹ ਕੁ ਚੱਲੇ ਗਏ, ਉਨ੍ਹਾਂ ਨੂੰ ਪੌਣੇ 9 ਕੁ ਵਜੇ ਦੇ ਕਰੀਬ ਗੁਆਂਢ ਵਿਚੋਂ ਦੱਸਿਆ ਕਿ ਉਨ੍ਹਾਂ ਦੀ



ਹਵੇਲੀ ਦੇ ਅੰਦਰ ਪਸ਼ੂਆਂ ਵਾਲੇ ਕਮਰੇ ਵਿਚ ਅੱਗ ਲੱਗੀ ਹੋਈ ਹੈ ਤਾਂ ਮੌਕੇ ਤੇ ਉਨ੍ਹਾਂ ਨੇ ਤੇ ਆਢ ਗੁਆਂਢ ਨੇ ਜੱਦੋ ਜਹਿਦ ਨਾਲ ਅੱਗ ਉੱਪਰ ਕਾਬੂ ਪਾਇਆ, ਪਰ ਕਮਰੇ ਅੰਦਰ ਬਿਜਲੀ ਦੀਆਂ ਤਾਰਾ ਸ਼ਾਰਟ ਹੋਣ ਨਾਲ ਅੱਗ ਅੰਦਰ ਪਏ ਬਾਲਣ ਨੂੰ ਲੱਗ ਗਈ, ਜਿਸ ਨਾਲ ਕਮਰੇ ਵਿਚ ਬੇ ਹਿਸਾਬਾਂ ਧੂੰਏ ਨਾਲ ਕਮਰੇ ਅੰਦਰ ਇਕ 10 ਦਿਨ ਪਹਿਲਾ ਸੂਈ ਗਾਂ ਉਸ ਦਾ ਛੋਟਾ ਵੱਛਾ, ਇਕ ਮੱਝ ਨੂੰ ਬਾਹਰ ਕੱਢਿਆ ਜਿਨ੍ਹਾਂ ਦੀ ਮੌਤ ਹੋ ਗਈ, ਜਿਸ ਨਾਲ ਗਰੀਬ ਪਰਵਾਰ ਲਗਭਗ ਦੋ ਲੱਖ ਰੁਪਏ ਦਾ ਨੁਕਸਾਨ ਹੋ ਗਿਆ ।

## ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਤਹਿਤ ਬੱਸ ਅੰਮ੍ਰਿਤਸਰ ਲਈ ਰਵਾਨਾ



**ਡੇਰਾਬੱਸੀ (ਵਿਨੈ ਕੁਮਾਰ ਜੈਨ)**- ਡੇਰਾਬੱਸੀ ਦੇ ਵਿਧਾਇਕ ਕੁਲਜੀਤ ਸਿੰਘ ਰੰਧਾਵਾ ਵੱਲੋਂ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਤਹਿਤ ਅੱਜ ਪਿੰਡ ਭਗਵਾਨਪੁਰ ਤੋਂ ਸ਼ਰਧਾਲੂਆਂ ਦੀ ਇੱਕ ਵਿਸ਼ੇਸ਼ ਬੱਸ ਨੂੰ ਅੰਮ੍ਰਿਤਸਰ ਲਈ ਰਵਾਨਾ ਕੀਤਾ ਗਿਆ। ਇਸ ਮੌਕੇ ਉਨ੍ਹਾਂ ਯਾਤਰੀਆਂ ਨੂੰ ਸ਼ੁਭਕਾਮਨਾਵਾਂ ਦਿੰਦਿਆਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠਲੀ ਪੰਜਾਬ ਸਰਕਾਰ ਵੱਲੋਂ ਬਜ਼ੁਰਗਾਂ ਨੂੰ ਧਾਰਮਿਕ ਸਥਾਨਾਂ ਦੇ ਦਰਸ਼ਨ ਕਰਵਾਉਣ ਲਈ ਇਹ ਇੱਕ ਮਹੱਤਵਪੂਰਨ ਅਤੇ ਲੋਕ-ਹਿਤੈਸ਼ੀ ਉਪਰਾਲਾ ਹੈ।ਉਨ੍ਹਾਂ ਦੱਸਿਆ ਕਿ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਤਹਿਤ ਮਾਨ ਸਰਕਾਰ ਬਜ਼ੁਰਗਾਂ ਨੂੰ ਮੁਫ਼ਤ ਧਾਰਮਿਕ ਸਥਾਨਾਂ ਦੀ ਯਾਤਰਾ ਕਰਵਾ ਰਹੀ ਹੈ ਤੇ ਯਾਤਰਾ ਦੌਰਾਨ ਉਨ੍ਹਾਂ ਦੀ ਸਿਹਤ, ਸੁਰੱਖਿਆ ਅਤੇ ਹੋਰ ਸਹੂਲਤਾਂ ਦਾ ਵਿਸ਼ੇਸ਼ ਧਿਆਨ ਰੱਖਿਆ ਜਾ ਰਿਹਾ ਹੈ। ਇਸ ਯੋਜਨਾ ਰਾਹੀਂ ਬਜ਼ੁਰਗਾਂ ਨੂੰ ਆਧਿਆਤਮਿਕ ਤੌਰ 'ਤੇ ਜੋੜਨ ਤੇ ਉਨ੍ਹਾਂ ਨੂੰ ਆਤਮਿਕ ਸ਼ਾਂਤੀ ਦਾ ਅਨੁਭਵ ਕਰਵਾਉਣ ਦਾ ਉਦੇਸ਼ ਹੈ। ਇਸ ਯਾਤਰਾ ਤਹਿਤ ਲੋਕ ਸ੍ਰੀ ਦਰਬਾਰ ਸਾਹਿਬ, ਦੁਰਗਿਆਣਾ ਮੰਦਰ, ਭਗਵਾਨ ਵਾਲਮੀਕ ਤੀਰਥ ਸਥਲ ਰਾਮ ਤੀਰਥ, ਜਲ੍ਹਿਆਂਵਾਲਾ ਵਾਲਾ ਬਾਗ ਤੇ ਵਾਹਗਾ ਬਾਰਡਰ ਜਾਣਗੇ। ਯਾਤਰੀਆਂ ਦੇ ਰਹਿਣ ਸਹਿਣ ਅਤੇ ਖਾਣ ਪੀਣ ਦਾ ਪ੍ਰਬੰਧ ਪੰਜਾਬ ਸਰਕਾਰ ਵੱਲੋਂ ਕੀਤਾ ਗਿਆ ਹੈ।

# ਵਿੱਤੀ ਮੰਗਾਂ 'ਤੇ ਸਰਕਾਰ ਖ਼ਿਲਾਫ਼ ਇੱਕਜੁੱਟ ਹੋਈਆਂ ਮੁਲਾਜ਼ਮ ਜਥੇਬੰਦੀਆਂ

**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**- ਪੰਜਾਬ ਦੇ ਮੁਲਾਜ਼ਮਾਂ ਦੀਆਂ ਪ੍ਰਮੁੱਖ ਵਿੱਤੀ ਮੰਗਾਂ ਪੰਜਾਬ ਪੇ-ਸਕੇਲ, ਪੁਰਾਣੀ ਪੈਨਸ਼ਨ ਤੇ ਜਾਮ ਕੀਤੇ ਭੱਤੇ ਜਿਵੇਂ ਪੇਂਡੂ ਭੱਤਾ, ਮਹਿੰਗਾਈ ਭੱਤੇ (ਡੀ.ਏ), ਸਾਲਾਨਾ ਪ੍ਰਵੀਨਤਾ ਤਰੱਕੀ (ਏ.ਸੀ.ਪੀ.), ਬਾਰਡਰ ਭੱਤਾ ਆਦਿ

**• 15 ਦੀ ਸੰਗਰੂਰ ਰੈਲੀ ਲਈ ਵਿੱਢੀ ਮੁਹਿੰਮ**

ਦੀ ਬਹਾਲੀ ਲਈ ਨਵ ਗਠਿਤ 'ਪੁਰਾਣੇ ਸਕੇਲ, ਪੈਨਸ਼ਨ ਅਤੇ ਭੱਤੇ ਬਹਾਲੀ ਮੋਰਚਾ ਪੰਜਾਬ' ਵੱਲੋਂ 15 ਫਰਵਰੀ ਨੂੰ ਸੰਗਰੂਰ ਵਿਖੇ ਉਲੀਕੀ ਵਿਸ਼ਾਲ ਰੈਲੀ ਦੀ ਤਿਆਰੀ ਲਈ



ਜਥੇਬੰਦੀਆਂ ਵਲੋਂ ਤਿਆਰੀ ਮੁਹਿੰਮ ਵਿੱਢ ਦਿੱਤੀ ਗਈ ਹੈ ਤੇ ਲਾਮਬੰਦੀ ਸ਼ੁਰੂ ਕਰ ਦਿੱਤੀ ਗਈ ਹੈ। ਇਸ ਸੰਬੰਧੀ ਜਾਣਕਾਰੀ ਦਿੰਦਿਆਂ ਡੈਮੋਕ੍ਰੈਟਿਕ ਟੀਚਰਜ਼ ਫਰੰਟ ਦੇ ਸੂਬਾ ਜੁਆਇੰਟ ਸਕੱਤਰ ਮੁਕੇਸ਼ ਗੁਜਰਾਤੀ, ਜ਼ਿਲ੍ਹਾ ਪ੍ਰਧਾਨ ਸੁਖਦੇਵ ਡਾਨਸੀਵਾਲ, ਪੁਰਾਣੀ ਪੈਨਸ਼ਨ ਪ੍ਰਾਪਤੀ ਫਰੰਟ ਦੇ ਦੋਆਬਾ ਜੋਨ ਕਨਵੀਨਰ ਇੰਦਰ ਸੁਖਦੀਪ ਸਿੰਘ ਓਢਰਾ, ਜ਼ਿਲ੍ਹਾ ਪ੍ਰਧਾਨ ਮਨਜੀਤ ਸਿੰਘ ਦਸੂਹਾ, ਪੰਜਾਬ ਸਟੇਟ ਵੈਟਨਰੀ ਇੰਸਪੈਕਟਰ ਐਸੋਸੀਏਸ਼ਨ ਦੇ ਸੂਬਾਈ ਆਗੂ ਹਰਜੋਧ ਸਿੰਘ, 5994 ਅਧਿਆਪਕ ਯੂਨੀਅਨ ਦੇ ਆਗੂ ਕੁਲਵਿੰਦਰ ਬਰੇਟਾ ਤੇ ਜਾਨਕੀ ਦਾਸ ਅਤੇ 6635 ਈ ਟੀ ਟੀ ਯੂਨੀਅਨ ਦੇ ਆਗੂ ਮੈਡਮ ਅੰਜੂ ਮਾਹਿਲਪੁਰ ਨੇ ਦੱਸਿਆ ਕਿ ਪਿਛਲੇ ਲੰਮੇ ਸਮੇਂ ਤੋਂ ਪੰਜਾਬ ਦੇ ਮੁਲਾਜ਼ਮ ਅਤੇ ਅਧਿਆਪਕ ਆਪਣੇ ਅਹਿਮ ਮਸਲਿਆਂ ਲਈ ਲਗਾਤਾਰ ਸੰਘਰਸ਼ ਕਰ ਰਹੇ ਹਨ ਪਰ ਸਰਕਾਰ ਵੱਲੋਂ ਇਨ੍ਹਾਂ ਨੂੰ ਹੱਲ ਕਰਨ ਵਿੱਚ ਕੋਈ ਦਿਲਚਸਪੀ ਨਹੀਂ ਦਿਖਾਈ ਜਾ ਰਹੀ। ਇਨ੍ਹਾਂ ਮਸਲਿਆਂ ਵਿੱਚ ਪ੍ਰਮੁੱਖ ਰੂਪ ਵਿੱਚ 20 ਜੁਲਾਈ 2021 ਤੋਂ ਬਾਅਦ ਭਰਤੀ ਹੋਏ ਮੁਲਾਜ਼ਮਾਂ ਤੇ ਥੋਪੇ ਨਵੇਂ ਸਕੇਲ ਰੱਦ ਕਰਕੇ ਪੁਰਾਣੇ ਸਕੇਲ (ਛੇਵੇਂ ਤਨਖਾਹ ਕਮਿਸ਼ਨ ਤਹਿਤ) ਬਹਾਲ ਕਰਵਾਉਣੇ, ਇਸੇ ਤਰ੍ਹਾਂ ਪੁਰਾਣੀ ਪੈਨਸ਼ਨ ਦੀ ਮੰਗ, ਜਿਸਦਾ ਕਿ ਸਰਕਾਰ ਵੱਲੋਂ ਨੋਟੀਫਿਕੇਸ਼ਨ ਵੀ ਕੀਤਾ ਹੋਇਆ ਹੈ ਪਰ ਅਜੇ ਤੱਕ ਲਾਗੂ ਨਹੀਂ ਹੋਇਆ। ਇਸਤੋਂ ਇਲਾਵਾ ਪੇਂਡੂ ਭੱਤੇ ਸਮੇਤ ਕੱਟੇ ਗਏ 37 ਭੱਤੇ ਤੇ ਏ ਸੀ ਪੀ ਪ੍ਰਮੁੱਖ ਮੰਗਾਂ ਹਨ, ਜਿਨ੍ਹਾਂ ਦੀ ਬਹਾਲੀ ਲਈ 'ਪੁਰਾਣੇ ਸਕੇਲ, ਪੈਨਸ਼ਨ ਤੇ ਭੱਤੇ ਬਹਾਲੀ ਮੋਰਚਾ ਪੰਜਾਬ' ਵੱਲੋਂ 15 ਫਰਵਰੀ ਨੂੰ ਸੰਗਰੂਰ ਵਿਖੇ ਵਿਸ਼ਾਲ ਰੈਲੀ ਕੀਤੀ ਜਾਵੇਗੀ ਜਿਸ ਵਿੱਚ ਪੂਰੇ ਪੰਜਾਬ ਤੋਂ ਅਧਿਆਪਕ ਤੇ ਮੁਲਾਜ਼ਮ ਭਰਵੀਂ ਸ਼ਮੂਲੀਅਤ ਕਰਨਗੇ। ਮੀਟਿੰਗ ਵਿੱਚ ਸ਼ਾਮਲ ਜ਼ਿਲ੍ਹਾ ਆਗੂਆਂ ਬਲਜੀਤ ਸਿੰਘ ਮਹਿਮੋਵਾਲ, ਪ੍ਰਵੀਨ ਸ਼ੇਰਪੁਰ, ਡਾ. ਸੰਜੀਵ ਕਲਸੀ, ਮੈਡਮ ਜਸਵਿੰਦਰ ਕੌਰ ਸੰਗਰੂਰ, ਰਜਿੰਦਰ ਹੇਜਮਾਂ ਅਤੇ ਜਸਮੀਤ ਸਿੰਘ ਮਠਾਰੂ ਆਦਿ ਆਗੂਆਂ ਨੇ ਦੱਸਿਆ ਕਿ 15 ਫਰਵਰੀ ਨੂੰ ਸੰਗਰੂਰ ਵਿਖੇ ਹੋਣ ਵਾਲੀ ਰੈਲੀ ਲਈ ਜਿਲਾ ਹੁਸ਼ਿਆਰਪੁਰ ਦੇ ਹਰੇਕ ਬਲਾਕ 'ਚੋਂ ਬੱਸ ਚਲਾਉਣ ਦਾ ਫੈਸਲਾ ਕੀਤਾ ਗਿਆ ਹੈ ਤੇ ਇਸ ਰੈਲੀ ਦੀ ਤਿਆਰੀ ਲਈ ਜ਼ਿਲ੍ਹੇ ਵਿੱਚ ਲਾਮਬੰਦੀ ਮੁਹਿੰਮ ਵਿੱਢੀ ਜਾ ਚੁੱਕੀ ਹੈ। ਇਸ ਮੌਕੇ ਵਰਿੰਦਰ ਸੈਣੀ, ਰਾਕੇਸ਼ ਕੁਮਾਰ, ਨਿਰਮਲ ਸਿੰਘ ਨਿਹਾਲਪੁਰ, ਸੰਦੀਪ ਸਿੰਘ ਲਾਂਬੜਾ, ਗੁਰਪਾਲ ਸਿੰਘ ਮੱਛਰੀਵਾਲ, ਜਸਵਿੰਦਰ ਝਿੰਗੜ, ਰਾਜਨ ਕੁਮਾਰ, ਦਲਜਿੰਦਰ ਸਿੰਘ ਜਲੋਟਾ, ਬਲਬੀਰ ਸਿੰਘ ਧਾਮੀ, ਬਲਕਾਰ ਸਿੰਘ ਪੁਰੀਕਾ, ਨੰਦ ਰਾਮ, ਸੋਮ ਪਾਲ ਅਤੇ ਨਰੇਸ਼ ਕੁਮਾਰ ਆਦਿ ਆਗੂ ਵੀ ਹਾਜ਼ਰ ਸਨ।

# ਹੜਤਾਲ ਨੂੰ ਸਫ਼ਲ ਬਣਾਉਣ ਲਈ ਪੇਂਡੂ ਮਜ਼ਦੂਰ ਯੂਨੀਅਨ ਦੀ ਮੀਟਿੰਗ



**ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)**- 12 ਫਰਵਰੀ ਦੀ ਆਮ ਹੜਤਾਲ ਨੂੰ ਸਫਲ ਬਣਾਉਣ ਲਈ ਪੇਂਡੂ ਮਜ਼ਦੂਰ ਯੂਨੀਅਨ ਦੀ ਮੀਟਿੰਗ ਮਹਿਤਪੁਰ ਵਿੱਚ ਹੋਈ ਜਿਸ ਵਿੱਚ ਵੱਖ-ਵੱਖ ਪਿੰਡਾਂ ਤੋਂ ਆਏ ਮਨਰੇਗਾ ਵਰਕਰਾਂ, ਉਸਾਰੀ ਮਜ਼ਦੂਰ, ਖੇਤ ਮਜ਼ਦੂਰਾਂ, ਸਫਾਈ ਮਜ਼ਦੂਰਾਂ ਆਸ਼ਾ ਵਰਕਰਾਂ ਇਹ ਆਗੂਆਂ ਨੇ ਹਿੱਸਾ ਲਿਆ। ਇਸ ਮੌਕੇ ਪੇਂਡੂ ਮਜ਼ਦੂਰ ਯੂਨੀਅਨ ਦੇ ਸੂਬਾ ਪ੍ਰਧਾਨ ਤਰਸੇਮ ਪੀਟਰ ਸੰਬੋਧਨ ਕਰਦਿਆਂ ਕਿਹਾ ਕਿ ਸਥਾਨਕ ਮੁੱਦਿਆਂ ਨੂੰ ਰਾਸ਼ਟਰੀ ਮੁੱਦਿਆਂ ਨਾਲ ਜੋੜ ਕੇ ਦੇਸ਼ ਪੱਧਰ ਤੇ ਕੀਤੀ ਜਾ ਰਹੀ ਹੜਤਾਲ ਵਿੱਚ ਪੇਂਡੂ ਕਾਮੇ ਨੂੰ ਆਪਣਾ ਵੱਡਾ ਯੋਗਦਾਨ ਪਾਉਣ ਦੀ ਲੋੜ ਹੈ। ਸਰਕਾਰ ਨੇ ਕੇਂਦਰ ਸਰਕਾਰ ਦੇ ਨਕਸ਼ੇ ਕਦਮ ਤੇ ਚੱਲਦਿਆਂ ਪੰਜਾਬ ਵਿੱਚ ਵੱਡੇ ਪੱਧਰ ਤੇ ਪ੍ਰੀ-ਪੇਡ ਮੀਟਰ ਲਾਏ ਜਾ ਰਹੇ ਹਨ। ਇਸ ਦਾ ਸਭ ਤੋਂ ਪਹਿਲਾ ਸ਼ਿਕਾਰ ਮੁਲਾਜ਼ਮ ਹੋਣਗੇ ਜਿਹੜੇ ਘੱਟੋ ਘੱਟ ਉਜਰਤ ਤੋਂ ਵੀ ਘੱਟ ਤਨਖਾਹ, ਜਾਂ ਮਾਨ ਭੱਤੇ ਤੇ ਕੰਮ ਕਰਦੇ ਹਨ। ਮਜ਼ਦੂਰਾਂ ਨੂੰ ਪਹਿਲਾਂ ਹੀ ਹਜ਼ਾਰਾਂ ਰੁਪਏ ਦੇ ਬਿਜਲੀ ਬਿੱਲਾਂ ਭੇਜੇ ਜਾ ਰਹੇ ਹਨ। ਮਜ਼ਦੂਰਾਂ ਦੇ ਘਰਾਂ ਦੇ ਕੁਨੈਕਸ਼ਨ ਵੱਡੇ ਪੱਧਰ ਤੇ ਕੱਟੇ ਜਾ ਰਹੇ ਹੈ। ਪਿੰਡਾਂ ਵਿੱਚ ਮਜ਼ਦੂਰ ਇਸ ਦਾ ਜਥੇਬੰਦਕ ਵਿਰੋਧ ਕਰ ਰਹੇ ਹਨ। ਇਸ ਮੌਕੇ ਯੂਨੀਅਨ ਦੇ ਆਗੂ ਕਸ਼ਮੀਰ ਮੰਡਿਆਲਾ, ਵਿਜੇ ਬਾਠ, ਬਖਸ਼ੋ ਰਾਣੀ, ਹਰਵਿੰਦਰ ਕੌਰ, ਸੋਮਾ ਰਾਣੀ, ਬਖਸ਼ੋ ਮੰਡਿਆਲਾ, ਜਸਵਿੰਦਰ ਕੌਰ ਨੇ ਆਪਣੇ ਆਪਣੇ ਵਿਚਾਰ ਰੱਖਦਿਆਂ 12 ਫਰਵਰੀ ਦੀ ਹੜਤਾਲ ਨੂੰ ਸਫਲ ਬਣਾਉਣ ਲਈ ਕਿਰਤੀਆਂ ਤੱਕ ਪਹੁੰਚ ਕਰਨ ਦਾ ਸੱਦਾ ਦਿੱਤਾ।

## ਜਸਕਰਨ ਸਿੰਘ ਬੰਦੇਸ਼ਾ ਨੇ ਅਹੁਦਾ ਸੰਭਾਲਿਆ

**ਚੰਡੀਗੜ੍ਹ, (ਗੁਰਜੀਤ ਬਿੱਲਾ)**- ਜਸਕਰਨ ਸਿੰਘ ਬੰਦੇਸ਼ਾ ਨੇ ਪੰਜਾਬ ਲਘੂ ਉਦਯੋਗ ਤੇ ਨਿਰਯਾਤ ਨਿਗਮ ਦੇ ਵਾਈਸ ਚੇਅਰਮੈਨ ਵਜੋਂ ਰਸਮੀ ਤੌਰ 'ਤੇ ਅਹੁਦਾ ਸੰਭਾਲ ਲਿਆ ਹੈ। ਇਸ ਮੌਕੇ ਮਾਣਯੋਗ ਮੰਤਰੀ ਸੰਜੀਵ ਅਰੋੜਾ ਮੁੱਖ ਮਹਿਮਾਨ ਵਜੋਂ ਸ਼ਾਮਿਲ ਹੋਏ।

# ਗੁਰਮਤਿ ਸਮਾਗਮ 17 ਨੂੰ

**ਜੇਜੋਂ ਦੋਆਬਾ, (ਨਿਰਮਲ ਸਿੰਘ ਮੁੱਗੋਵਾਲ)**- ਸੱਚਖੰਡ ਵਾਸੀ ਮਹਾਂਪੁਰਖ ਸ੍ਰੀਮਾਨ ਸੰਤ ਬਾਬਾ ਹਾਕਮ ਸਿੰਘ ਜੀ ਪੀਰ ਬਾਲਾ ਸਾਹਿਬ ਵਾਲਿਆਂ ਦੀ ਯਾਦ ਵਿੱਚ ਪਹਿਲਾਂ ਗੁਰਮਤਿ ਸਮਾਗਮ 17 ਫਰਵਰੀ ਨੂੰ ਗੁਰਦੁਆਰਾ ਪੀਰ ਬਾਲਾ ਸਾਹਿਬ ਜੀ ਪਾਤਸ਼ਾਹੀ ਪਹਿਲੀ ਪਿੰਡ ਫਤਿਹਪੁਰ ਕੋਠੀ ਜ਼ਿਲ੍ਹਾ ਹੁਸ਼ਿਆਰਪੁਰ ਵਿਖੇ ਕਰਵਾਇਆ ਜਾ ਰਿਹਾ ਹੈ। ਇਸ ਸੰਬੰਧੀ ਜਾਣਕਾਰੀ ਦਿੰਦਿਆਂ ਸੰਤ ਬਾਬਾ ਸੁੱਖਾ ਸਿੰਘ ਜੀ ਮੁੱਖ ਸੇਵਾਦਾਰ ਗੁਰਦੁਆਰਾ ਪੀਰ ਬਾਲਾ ਸਾਹਿਬ, ਸਮੂਹ ਸੇਵਾਦਾਰ ਅਤੇ ਸਮੂਹ ਸਾਧ ਸੰਗਤ ਗੁਰਦੁਆਰਾ ਪੀਰਬਾਲਾ ਸਾਹਿਬ ਜੀ ਪਿੰਡ ਫਤਿਹਪੁਰ ਕੋਠੀ ਨੇ ਦੱਸਿਆ ਕਿ ਇਸ ਮੌਕੇ 17 ਫਰਵਰੀ ਦਿਨ ਮੰਗਲਵਾਰ ਨੂੰ ਸਭ ਤੋਂ ਪਹਿਲਾਂ ਸ੍ਰੀ ਆਖੰਡ ਪਾਠ ਸਾਹਿਬ ਜੀ ਦੇ ਪਾਠ ਦੇ ਭੋਗ ਪੈਣਗੇ। ਉਪਰੰਤ ਧਾਰਮਿਕ ਦੀਵਾਨ ਸਜਾਏ ਜਾਣਗੇ। ਇਸ ਮੌਕੇ ਭਾਈ ਸਾਹਿਬ ਭਾਈ ਪਿੰਦਰਪਾਲ ਸਿੰਘ ਜੀ ਪੰਥ ਪ੍ਰਸਿੱਧ ਕਥਾਵਾਚਕ, ਭਾਈ ਗੁਰਜੰਟ ਸਿੰਘ 'ਬੈਂਕਾ' ਪੰਥ ਪ੍ਰਸਿੱਧ ਕਵੀਸ਼ਰ ਜਥਾ ਤੇ ਭਾਈ ਸਾਹਿਬ ਭਾਈ ਰਵਿੰਦਰ ਸਿੰਘ ਜੀ ਹਜ਼ੂਰੀ ਰਾਗੀ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਸੰਗਤਾਂ ਨੂੰ ਕਥਾ ਕੀਰਤਨ ਰਾਹੀਂ ਸ੍ਰੀਮਾਨ ਸੰਤ ਬਾਬਾ ਹਾਕਮ ਸਿੰਘ ਮਹਾਰਾਜ ਜੀ ਦੇ ਪਰਉਪਕਾਰੀ ਕਾਰਜਾਂ ਤੋਂ ਜਾਣੂ ਕਰਵਾਉਂਦੇ ਹੋਏ ਉਸ ਸਰਬ ਸ਼ਕਤੀਮਾਨ ਪਰਮਾਤਮਾ ਨਾਲ ਜੋੜਨਗੇ, ਜੋ ਇਸ ਬ੍ਰਹਿਮੰਡ ਦੇ ਕਣ-ਕਣ ਵਿੱਚ ਮੌਜੂਦ ਹੋ ਕੇ ਸਭਨਾ ਜੀਵਾਂ ਦੀ ਪ੍ਰਤਿਪਾਲਣਾ ਕਰ ਰਿਹਾ ਹੈ। ਸਮਾਗਮ ਵਿੱਚ ਜਥੇਦਾਰ ਬਾਬਾ ਨਾਗਰ ਸਿੰਘ ਜੀ ਮਿਸ਼ਲ ਸ਼ਹੀਦਾਂ ਤਰਨਾ ਦਲ ਹਰੀਆਂ ਬੇਲਾਂ ਵਾਲੇ ਵੀ ਵਿਸ਼ੇਸ਼ ਤੌਰ ਤੇ ਸ਼ਿਰਕਤ ਕਰਨਗੇ। ਗੁਰੂ ਕੇ ਲੰਗਰ ਅਤੁੱਟ ਚੱਲਣਗੇ।

# ਟ੍ਰੈਫਿਕ ਨਿਯਮਾਂ ਦੀ ਉਲੰਘਣਾ ਕਰਨ ਵਾਲਿਆਂ ਨੂੰ ਬਖਸ਼ਿਆ ਨਹੀਂ ਜਾਵੇਗਾ : ਇੰਸਪੈਕਟਰ ਕੁਲਵੰਤ ਸਿੰਘ

**ਟਾਂਡਾ ਉੜਮੁੜ (ਜਸਵਿੰਦਰ ਸੰਧੂ, ਓਂਕਾਰ ਸਿੰਘ)**- ਆਏ ਦਿਨ ਟ੍ਰੈਫਿਕ ਨਿਯਮਾਂ ਦੀਆਂ ਉਲੰਘਣਾ ਕਰਨ ਕਾਰਨ ਰੋਡ ਐਕਸੀਡੈਂਟਾਂ ਵਿੱਚ ਵਾਧਾ ਹੋ ਰਿਹਾ ਹੈ ਜਿਸ ਸਦਕਾ ਜਿੱਥੇ ਵਾਹਨਾਂ ਦਾ ਨੁਕਸਾਨ ਹੋ ਜਾਂਦਾ ਹੈ, ਉੱਥੇ ਕੋਈ ਅਣਸੁਖਾਵੀਂ ਘਟਨਾ ਵੀ ਵਾਪਰ ਜਾਂਦੀ ਹੈ। ਦੋਪਹੀਆ ਵਾਹਨ ਚਾਲਕਾਂ ਵੱਲੋਂ ਹੈਲਮਟ ਨਾ ਪਾਉਣ ਕਾਰਨ ਜਦੋਂ ਉਨ੍ਹਾਂ ਦਾ ਕਿਸੇ ਵਾਹਨ ਨਾਲ ਐਕਸੀਡੈਂਟ ਹੋ ਜਾਂਦਾ ਹੈ ਤਾਂ ਉਨ੍ਹਾਂ ਦੇ ਡਿੱਗਣ ਨਾਲ ਸਿਰ ਵਿੱਚ ਚੋਟ ਲੱਗ ਜਾਂਦੀ ਹੈ ਜੋ ਕਿ ਕਈ ਵਾਰ ਜਾਨਲੇਵਾ ਸਾਬਤ ਹੋ ਜਾਂਦੀ ਹੈ। ਪੁਲਸ ਪ੍ਰਸ਼ਾਸਨ ਵੱਲੋਂ ਕਈ ਵਾਰ ਹਦਾਇਤਾਂ ਦੇਣ ਦੇ ਬਾਵਜੂਦ ਜਿਹੜੇ ਦੁਪਹੀਆ ਵਾਹਨ ਚਾਲਕ ਟਰੈਫਿਕ ਨਿਯਮਾਂ ਦੀ ਪਾਲਣਾ ਨਹੀਂ ਕਰ ਰਹੇ ਉਨ੍ਹਾਂ ਖਿਲਾਫ਼ ਸਖਤ ਕਾਨੂੰਨੀ ਕਾਰਵਾਈ ਕੀਤੀ ਜਾ ਰਹੀ ਹੈ।ਉਪਰੋਕਤ ਸ਼ਬਦਾਂ ਦਾ ਪ੍ਰਗਟਾਵਾ ਸਥਾਨਕ ਪੱਤਰਕਾਰਾਂ ਨਾਲ ਕਰਦੇ ਹੋਏ ਟ੍ਰੈਫਿਕ ਇੰਚਾਰਜ ਇੰਸਪੈਕਟਰ ਕੁਲਵੰਤ ਸਿੰਘ ਨੇ ਕਿਹਾ ਕਿ ਆਮ ਜਨਤਾ ਨੂੰ



ਵਾਰ-ਵਾਰ ਇਹ ਅਪੀਲਾਂ ਕੀਤੀਆਂ ਜਾਂਦੀਆਂ ਹਨ ਕਿ ਟ੍ਰੈਫਿਕ ਨਿਯਮਾਂ ਦੀ ਪਾਲਨ ਕਰਦੇ ਹੋਏ ਆਪਣੀਆਂ ਗੱਡੀਆਂ ਪਾਰਕਿੰਗ ਸਥਾਨ 'ਤੇ ਲਗਾਈਆਂ ਜਾਣ ਤਾਂ ਜੋ ਆਮ ਜਨਤਾ ਨੂੰ ਕਿਸੇ ਵੀ ਪ੍ਰਕਾਰ ਦੀਆਂ ਪਰੇਸ਼ਾਨੀਆਂ ਦਾ ਸਾਹਮਣਾ ਨਾ ਕਰਨਾ ਪਵੇ। ਉਨ੍ਹਾਂ ਕਿਹਾ ਕਿ ਜਿਹੜੇ ਵੀ ਕਾਰ ਚਾਲਕ ਬਾਜ਼ਾਰਾਂ ਵਿੱਚ ਆਪਣੀਆਂ ਗੱਡੀਆਂ ਖੜ੍ਹੀਆਂ ਕਰ ਦਿੰਦੇ ਹਨ ਉਨ੍ਹਾਂ ਦੇ ਚਲਾਨ ਕਰ ਦਿੱਤੇ ਜਾਂਦੇ ਹਨ ਤਾਂ ਜੋ ਅਗਾਂਹ ਤੋਂ ਕੋਈ ਵੀ ਟ੍ਰੈਫਿਕ ਵਿੱਚ ਵਿਘਨ ਪਾਉਣ ਦੇ ਯਤਨ ਨਾ ਕਰ ਸਕੇ। ਇੰਸ: ਕੁਲਵੰਤ ਸਿੰਘ, ਏ.ਐਸ.ਆਈ ਦਰਸ਼ਨ ਸਿੰਘ ਅਤੇ ਏ.ਐਸ.ਆਈ ਜਸਵਿੰਦਰ ਸਿੰਘ ਨੇ ਕਿਹਾ ਕਿ ਦੋਪਹੀਆ ਵਾਹਨ ਚਾਲਕਾਂ ਦਾ ਹੈਲਮਟ ਪਾਉਣਾ ਜ਼ਰੂਰੀ ਕਰਵਾਉਣ ਲਈ ਰੋਜ਼ਾਨਾ ਟਾਂਡਾ ਇਲਾਕੇ ਵਿੱਚ ਨਾਕਾਬੰਦੀ ਕੀਤੀ ਜਾਂਦੀ ਹੈ। ਉਨ੍ਹਾਂ ਕਿਹਾ ਕਿ ਨਾਕੇ ਦੌਰਾਨ ਜਿਨ੍ਹਾਂ ਵਾਹਨ ਚਾਲਕਾਂ ਨੇ ਹੈਲਮਟ ਨਹੀਂ ਪਾਇਆ ਹੋਇਆ ਸੀ ਉਨ੍ਹਾਂ ਖਿਲਾਫ਼ ਕਾਨੂੰਨੀ ਕਾਰਵਾਈ ਕਰਦੇ ਹੋਏ ਉਨ੍ਹਾਂ ਦੇ ਚਲਾਨ ਕੱਟੇ ਗਏ ਹਨ। ਅਗਾਂਹ ਤੋਂ ਹੈਲਮਟ ਪਾਉਣ ਦੀਆਂ ਸਖ਼ਤ ਹਦਾਇਤਾਂ ਕੀਤੀਆਂ ਗਈਆਂ ਹਨ। ਉਨ੍ਹਾਂ ਚੇਤਾਵਨੀ ਦਿੰਦੇ ਹੋਏ ਕਿਹਾ ਕਿ ਟ੍ਰੈਫਿਕ ਨਿਯਮਾਂ ਦੀਆਂ ਉਲੰਘਣਾ ਕਰਨ ਵਾਲਿਆਂ ਨੂੰ ਕਿਸੇ ਵੀ ਕੀਮਤ ਤੇ ਬਖਸ਼ਿਆ ਨਹੀਂ ਜਾਵੇਗਾ।

# 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਤਹਿਤ ਐੱਸ ਡੀ ਐੱਮ ਫਿਲੌਰ ਵੱਲੋਂ ਮੀਟਿੰਗ

**ਫਿਲੌਰ, (ਨਿਰਮਲ)**- ਪੰਜਾਬ ਸਰਕਾਰ ਵੱਲੋਂ ਚਲਾਈ ਨਸ਼ੇ ਖਿਲਾਫ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਕਮਿਊਨਿਟੀ ਹਾਲ ਫਿਲੌਰ ਵਿਖੇ ਮੀਟਿੰਗ ਐਸ ਡੀ ਐਮ ਫਿਲੌਰ ਨਵਦੀਪ ਸਿੰਘ ਦੀ ਅਗਵਾਈ ਹੇਠ



ਹੋਈ। ਫਿਲੌਰ ਤੇ ਰੁੜਕਾ ਬਲਾਕ ਦੇ ਪਿੰਡਾਂ ਦੇ ਪੰਚਾਂ ਸਰਪੰਚਾਂ ਤੇ ਆਮ ਆਦਮੀ ਪਾਰਟੀ ਵੱਲੋਂ ਨਿਯਕੁਤ ਕੀਤੇ ਬਲਾਕ ਪ੍ਰਧਾਨਾ ਨੇ ਭਾਗ ਲਿਆ । ਇਸ ਮੌਕੇ ਨਵਦੀਪ ਸਿੰਘ ਐਸ ਡੀ ਐਮ, ਭਾਰਤ ਮਸੀਹ ਡੀ ਐਸ ਪੀ ਫਿਲੌਰ ਨੇ ਇਲਾਕੇ ਦੇ ਮੋਹਤਬਰਾਂ ਪੰਚਾ ਸਰਪੰਚਾਂ ਬਲਾਕ ਪ੍ਰਧਾਨਾਂ ਨੂੰ ਅਪੀਲ ਕੀਤੀ ਕਿ ਤੁਹਾਡੇ ਸਹਿਯੋਗ ਤੋਂ ਬਿਨਾਂ ਨਸ਼ੇ ਦਾ ਖਾਤਮਾ ਨਹੀਂ ਹੋਵੇਗਾ ਤੁਸੀਂ ਸਾਨੂੰ ਸਹਿਯੋਗ ਦਿਓ ਤਾ ਜੋ ਪੰਜਾਬ ਵਿੱਚੋਂ ਨਸ਼ਾ ਖਤਮ ਕੀਤਾ ਜਾਵੇ। ਉਨ੍ਹਾਂ ਕਿਹਾ ਕਿ ਤੁਹਾਡੀ ਦਿੱਤੀ ਹੋਈ ਸੂਚਨਾ ਗੁਪਤ ਰੱਖੀ ਜਾਵੇਗੀ। ਇਸ ਮੌਕੇ ਮੋਹਤਬਰਾ ਨੇ ਕਿਹਾ ਕਿ ਸਾਡੇ ਪਿੰਡਾਂ ਚ ਸ਼ਰੇਆਮ ਨਸ਼ਾ ਵਿਕਦਾ ਹੈ ਜਿਸ ਤੇ ਕੋਈ ਵੀ ਕਾਰਵਾਈ ਨਹੀਂ ਕਰਦਾ। ਉਨ੍ਹਾਂ ਕਿਹਾ ਕਿ ਜੇਕਰ ਕੋਈ ਵਿਅਕਤੀ ਨਸ਼ਾ ਕਰਦਾ ਹੈ ਉਸ ਨੂੰ ਨਸ਼ਾ ਕੇਂਦਰ ਵਿੱਚ ਦਾਖਲ ਕਰਵਾ ਕੇ ਫਰੀ ਨਸ਼ਾ ਛੁਡਵਾਇਆ ਜਾਵੇ। ਉਨ੍ਹਾਂ ਕਿਹਾ ਕਿ ਰੁਜਗਾਰ ਲਈ ਵੱਖ ਵੱਖ ਕੋਰਸਾਂ ਲਈ ਟ੍ਰੇਨਿੰਗ ਦਿੱਤੀ ਜਾਵੇਗੀ ਤਾਂ ਜੋ ਨਸ਼ਾ ਛੱਡ ਕੇ ਨੌਜਵਾਨ ਆਪਣਾ ਰੁਜ਼ਗਾਰ ਕਰ ਸਕੇ। ਇਸ ਮੌਕੇ ਆਮ ਆਦਮੀ ਪਾਰਟੀ ਦੇ ਬਲਾਕ ਪ੍ਰਧਾਨਾ ਵੱਲੋਂ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ 16 ਫਰਵਰੀ ਨੂੰ ਬਠਿੰਡਾ ਵਿਖੇ ਸੂਬਾ ਸੂਬਾ ਪੱਧਰੀ ਨਸ਼ਿਆਂ ਖਿਲਾਫ ਜਾਗਰੂਤ ਰੈਲੀ ਕੀਤੀ ਜਾਵੇਗੀ। ਇਸ ਮੌਕੇ ਰਾਮਪਾਲ ਸਿੰਘ ਰਾਣਾ ਬੀਡੀਓ ਰੁੜਕਾ, ਯਾਦਵਿੰਦਰ ਫਿਲੌਰ, ਡਾਟਰ ਅਸ਼ਨੀ ਕੁਮਾਰ ਸ਼ਾਹਪੁਰੀ ਸਰਪੰਚ ਪਿੰਡ ਸ਼ਾਹਪੁਰ, ਹਰਜਿੰਦਰ ਕੁਮਾਰ ਰੀਡਰ ਡੀ ਐੱਸ ਪੀ ਫਿਲੌਰ, ਤੇ ਰੁੜਕਾ ਬਲਾਕ ਫਿਲੌਰ ਬਲਾਕ ਦੇ ਪੰਚ ਸਰਪੰਚ, ਬਲਾਕ ਪ੍ਰਧਾਨ ਆਦਿ ਹਾਜ਼ਰ ਸਨ।

## ਜਨਮ ਦਿਨ ਮੁਬਾਰਕ



ਹਰਸਿਮਰਨ ਕੌਰ
ਬਰਨਾਲਾ



ਮੰਨਤ, ਹੁਸ਼ਿਆਰਪੁਰ




ਅਵਿਤਾਜ ਸਿੰਘ
ਗੁਰਦਾਸਪੁਰ